6-MAY-PAGE-1.qxd 5/5/2025 10:57 PM Page 1


ਮੰਗਲਵਾਰ, 6 ਮਈ, 2025

24 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 73

ਅੰਕ/NO. : 335

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • TUESDAY, 6 MAY, 2025

ਜਲੰਧਰ



'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV



ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਡੈਮ ਸੇਫਟੀ ਐਕਟ ਰੱਦ ਕਰਨ ਦਾ ਮਤਾ ਪਾਸ



**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਨੇ ਸੋਮਵਾਰ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ ਬੀ ਐੱਮ ਬੀ) ਦੇ ਫੈਸਲੇ ਸਮੇਤ ਪਾਣੀਆਂ ਦੇ ਮਾਮਲਿਆਂ ਨੂੰ ਲੈ ਕੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ। ਭਾਰਤੀ ਜਨਤਾ ਪਾਰਟੀ ਦੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਮਤੇ ਵਿੱਚ 'ਭਾਜਪਾ' ਸ਼ਬਦ ਹੋਣ 'ਤੇ ਇਤਰਾਜ਼ ਕੀਤਾ, ਪਰ ਆਖਰ ਉਨ੍ਹਾ ਵੀ ਇਸ ਮਤੇ 'ਤੇ ਸਹਿਮਤੀ ਦੇ ਦਿੱਤੀ। ਇਸ ਮਤੇ ਜ਼ਰੀਏ ਡੈਮ ਸੇਫਟੀ ਐਕਟ 2021 ਨੂੰ ਵੀ ਰੱਦ ਕਰ ਦਿੱਤਾ ਗਿਆ ਹੈ। ਇਸ ਦੌਰਾਨ ਕਾਂਗਰਸੀ ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਨੇ ਮਸ਼ਵਰਾ ਦਿੱਤਾ ਕਿ ਸੂਬਾ ਸਰਕਾਰ ਆਪਣਾ ਡੈਮ ਸੇਫਟੀ ਐਕਟ ਲੈ ਕੇ ਆਵੇ, ਜਿਸ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਸਵੀਕਾਰ ਕਰ ਲਿਆ। ਸਦਨ ਨੇ ਸਰਬਸੰਮਤੀ ਨਾਲ ਕਿਹਾ ਕਿ ਹਰਿਆਣਾ ਨੂੰ ਦੇਣ ਲਈ ਪੰਜਾਬ ਕੋਲ ਪਾਣੀ ਦੀ ਇੱਕ ਬੂੰਦ ਵੀ ਫਾਲਤੂ ਨਹੀਂ। ਇਸ ਤੋਂ ਪਹਿਲਾਂ ਪੰਜਾਬ ਵਿਧਾਨ ਸਭਾ ਦਾ ਸਪੈਸ਼ਲ ਸੈਸ਼ਨ ਸ਼ੁਰੂ ਹੋਣ ਮੌਕੇ ਹਰਿਆਣਾ ਨੂੰ ਵਾਧੂ ਪਾਣੀ ਦੇਣ ਖਿਲਾਫ ਮਤਾ ਲਿਆਂਦਾ ਗਿਆ। ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਮਤਾ ਪੇਸ਼ ਕਰਦਿਆਂ ਕਿਹਾ ਕਿ ਹਰਿਆਣਾ ਨੂੰ ਇਨਸਾਨੀਅਤ ਨਾਤੇ 4000 ਕਿਊਸਿਕ ਪਾਣੀ ਜਾਰੀ ਰਹੇਗਾ ਤੇ ਇਸ ਤੋਂ ਇਲਾਵਾ ਇੱਕ ਵੀ ਬੂੰਦ ਫਾਲਤੂ ਨਹੀਂ ਦਿੱਤੀ ਜਾਵੇਗੀ। ਉਨ੍ਹਾ ਮੰਗ ਕੀਤੀ ਕਿ ਨਦੀਆਂ ਦੇ ਪਾਣੀ ਦੇ ਬਟਵਾਰੇ ਲਈ ਨਵੀਂ ਸੰਧੀ ਕੀਤੀ ਜਾਵੇ। ਉਨ੍ਹਾ ਪੇਸ਼ ਮਤੇ ਵਿੱਚ ਡੈਮ ਸੇਫਟੀ ਐਕਟ 2021 ਨੂੰ ਪੰਜਾਬ ਦੇ ਅਧਿਕਾਰਾਂ 'ਤੇ ਹਮਲਾ ਦੱਸਿਆ ਅਤੇ ਇਸ ਐਕਟ ਨੂੰ ਫੌਰੀ ਰੱਦ ਕਰਨ ਲਈ ਕਿਹਾ। ਪੇਸ਼ ਮਤੇ ਵਿੱਚ ਬੀ ਬੀ ਐੱਮ ਬੀ ਵੱਲੋਂ ਬੁਲਾਈ ਮੀਟਿੰਗ ਨੂੰ ਗੈਰਕਾਨੂੰਨੀ ਦੱਸਿਆ। ਇਹ ਵੀ ਕਿਹਾ ਕਿ ਬੀ ਬੀ ਐੱਮ ਬੀ ਕੋਈ ਵੀ ਗੈਰਕਾਨੂੰਨੀ ਫੈਸਲਾ ਲੈਣ ਤੋਂ ਗੁਰੇਜ਼ ਕਰੇ। ਗੋਇਲ ਨੇ ਕਿਹਾ ਕਿ ਬੀ ਬੀ ਐੱਮ ਬੀ ਪੰਜਾਬ ਨਾਲ ਥਾਣੇਦਾਰਾਂ ਵਰਗਾ ਵਿਹਾਰ ਕਰ ਰਿਹਾ। ਆਏ ਦਿਨ ਮੀਟਿੰਗਾਂ ਕਰਕੇ ਗੈਰਕਾਨੂੰਨੀ ਫੈਸਲਾ ਕਰ ਰਿਹਾ ਹੈ। ਪੰਜਾਬ ਨੇ ਮਤੇ ਰਾਹੀਂ ਯਮੁਨਾ ਦੇ ਪਾਣੀ 'ਚੋਂ ਹਿੱਸਾ ਮੰਗਿਆ। ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਮਤੇ ਦੀ ਹਮਾਇਤ ਕੀਤੀ। ਉਨ੍ਹਾ ਬੀ ਬੀ ਐੱਮ ਬੀ ਤੇ ਡੈਮ ਸੇਫਟੀ ਐਕਟ ਰੱਦ ਕਰਨ ਦੀ ਮੰਗ ਵੀ ਕੀਤੀ। ਭਾਜਪਾ ਦੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਮਤੇ ਵਿੱਚ ਕੇਂਦਰ ਦਾ ਜ਼ਿਕਰ ਹੋਣ 'ਤੇ ਇਤਰਾਜ਼ ਕੀਤਾ। ਵਿਧਾਨ ਸਭਾ 'ਚ ਅਹਿਮ ਮਤੇ 'ਤੇ ਬਹਿਸ ਮੌਕੇ ਅਕਾਲੀ ਦਲ ਦੀ ਵਿਧਾਇਕਾ ਗਨੀਵ ਕੌਰ ਮਜੀਠੀਆ ਸਦਨ 'ਚੋਂ ਗੈਰਹਾਜ਼ਰ ਰਹੀ। ਵਿਸ਼ੇਸ਼ ਅਜਲਾਸ ਪਹਿਲਗਾਮ ਦਹਿਸ਼ਤੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀਆਂ ਦੇਣ ਨਾਲ ਸ਼ੁਰੂ ਹੋਇਆ। ਸਦਨ ਨੇ 22 ਅਪਰੈਲ ਨੂੰ ਹੋਏ ਪਹਿਲਗਾਮ ਦਹਿਸ਼ਤੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਦਨ ਬੇਸ਼ੱਕ ਮਾਸੂਮ ਸੈਲਾਨੀਆਂ 'ਤੇ ਹੋਈ ਹਿੰਸਾ ਦੀ ਨਿੰਦਾ ਕਰਦਾ ਹੈ ਅਤੇ ਸਦਨ ਨੂੰ ਉਮੀਦ ਹੈ ਕਿ ਕੇਂਦਰ ਅਤੇ ਜੰਮੂ-ਕਸ਼ਮੀਰ ਸਰਕਾਰ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਆਪਣੀ ਪੂਰੀ ਤਾਕਤ ਨਾਲ ਕੋਸ਼ਿਸ਼ਾਂ ਕਰਨਗੀਆਂ ਅਤੇ ਇਹ ਯਕੀਨੀ ਬਣਾਉਣਗੀਆਂ ਕਿ ਅਜਿਹੀਆਂ ਭਿਆਨਕ ਘਟਨਾਵਾਂ ਮੁੜ ਨਾ ਵਾਪਰਨ। ਇੱਕ ਦਿਨ ਦਾ ਵਿਸ਼ੇਸ਼ ਅਜਲਾਸ ਬੀ ਬੀ ਐੱਮ ਬੀ ਵੱਲੋਂ 30 ਅਪਰੈਲ ਨੂੰ ਜਾਰੀ ਕੀਤੇ ਗਏ ਹੁਕਮ 'ਤੇ ਚਰਚਾ ਕਰਨ ਲਈ ਬੁਲਾਇਆ ਗਿਆ ਸੀ, ਜਿਸ ਵਿੱਚ ਪੰਜਾਬ ਨੂੰ ਹਰਿਆਣਾ ਨੂੰ ਕੁੱਲ 8500 ਕਿਊਸਿਕ ਵਾਧੂ ਪਾਣੀ ਦੇਣ ਲਈ ਕਿਹਾ ਗਿਆ ਹੈ, ਜਦੋਂ ਕਿ ਪੰਜਾਬ ਭਾਖੜਾ ਡੈਮ ਤੋਂ ਗੁਆਂਢੀ ਸੂਬੇ ਨੂੰ 4000 ਕਿਊਸਿਕ ਵਾਧੂ ਪਾਣੀ ਦੇ ਰਿਹਾ ਸੀ। ਸੂਬੇ ਨੇ ਹਰਿਆਣਾ ਦੀ 4500 ਕਿਊਸਿਕ ਹੋਰ ਪਾਣੀ ਦੇਣ ਦੀ ਮੰਗ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ। ਸੂਬੇ ਦੀਆਂ ਸਾਰੀਆਂ ਵਿਰੋਧੀ ਸਿਆਸੀ ਪਾਰਟੀਆਂ ਪਹਿਲਾਂ ਹੀ ਇਸ ਮੁੱਦੇ 'ਤੇ ਸੂਬਾ ਸਰਕਾਰ ਦਾ ਸਮਰਥਨ ਕਰ ਚੁੱਕੀਆਂ ਹਨ। ਵਿਸ਼ੇਸ਼ ਅਜਲਾਸ ਦੌਰਾਨ ਸਦਨ ਨੇ ਪੰਜਾਬ ਦੇ ਸਾਬਕਾ ਸੰਸਦ ਮੈਂਬਰ ਮਾਸਟਰ ਭਗਤ ਰਾਮ ਅਤੇ ਸਾਬਕਾ ਮੰਤਰੀ ਰਣਧੀਰ ਸਿੰਘ ਚੀਮਾ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ। ਸਾਰੇ ਵਿਧਾਇਕਾਂ ਵੱਲੋਂ ਵਿਛੜੀਆਂ ਰੂਹਾਂ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ।

# ਅੰਤਮ ਜਿੱਤ ਚੇਤੰਨ ਮਜ਼ਦੂਰ ਜਮਾਤ ਦੀ ਹੋਵੇਗੀ : ਜਗਰੂਪ

## ਫਾਸ਼ੀਵਾਦ ਦੇ ਵਰਤਾਰੇ ਦੇ ਫੈਲਦੇ ਪੰਜੇ ਖਿਲਾਫ ਚੁਕੰਨੇ ਹੋਣ ਦੀ ਲੋੜ : ਭੰਡਾਲ





**ਜਲੰਧਰ** : ਕਾਰਲ ਮਾਰਕਸ ਦੇ 207ਵੇਂ ਜਨਮ ਦਿਹਾੜੇ ਮੌਕੇ ਭਾਈ ਸੰਤੋਖ ਸਿੰਘ 'ਕਿਰਤੀ' ਭਾਸ਼ਣ ਲੜੀ ਤਹਿਤ ਸੋਮਵਾਰ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ 'ਮਾਰਕਸਵਾਦ ਦੀ ਪ੍ਰਸੰਗਕਤਾ' ਅਤੇ 'ਫਾਸ਼ੀਵਾਦ ਦਾ ਉਭਾਰ' ਵਿਸ਼ੇ 'ਤੇ ਗੰਭੀਰ ਵਿਚਾਰ-ਚਰਚਾ ਕਰਵਾਈ ਗਈ। ਵਿਚਾਰ-ਚਰਚਾ ਮੌਕੇ ਮੰਚ 'ਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਅਤੇ ਦੋਵੇਂ ਮੁੱਖ ਬੁਲਾਰੇ ਕਮੇਟੀ ਮੈਂਬਰ ਜਗਰੂਪ ਅਤੇ ਹਰਵਿੰਦਰ ਭੰਡਾਲ ਹਾਜ਼ਰ ਸਨ। ਵਿਚਾਰ-ਚਰਚਾ ਦਾ ਆਗਾਜ਼ ਆਜ਼ਾਦੀ ਸੰਗਰਾਮ 'ਚ ਇਤਿਹਾਸਕ ਘਟਨਾਵਾਂ ਅਤੇ ਨਾਇਕਾਂ ਬਾਰੇ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਵੱਲੋਂ ਰੋਸ਼ਨੀ ਪਾਉਣ ਨਾਲ ਹੋਇਆ।

ਕਾਰਲ ਮਾਰਕਸ ਦੇ ਜਨਮ ਦਿਹਾੜੇ 'ਤੇ 'ਮਾਰਕਸਵਾਦ ਦੀ ਪ੍ਰਸੰਗਕਤਾ' ਵਿਸ਼ੇ 'ਤੇ ਬੋਲਦੇ ਹੋਏ ਕਮੇਟੀ ਮੈਂਬਰ ਜਗਰੂਪ ਨੇ ਕਿਹਾ ਕਿ ਮਾਰਕਸਵਾਦ ਦੀ ਪ੍ਰਸੰਗਕਤਾ ਕਿਸੇ ਤਰ੍ਹਾਂ ਦੀ ਸੰਦੇਹ ਦਾ ਮਾਮਲਾ ਨਹੀਂ। ਇਸ ਦੀ ਪ੍ਰਸੰਗਕਤਾ ਨੇ ਦੁਨੀਆ ਭਰ 'ਚ ਆਪਣੀ ਪ੍ਰਮਾਣਿਕਤਾ ਦਾ ਸਿੱਕਾ ਜਮਾਇਆ। ਰੂਹਾਨੀ ਗ਼ੁਲਾਮੀ ਤੋਂ ਮੁਕਤੀ ਦਾ ਮਾਰਗ ਦਰਸ਼ਕ ਹੋਣਾ ਮਾਰਕਸਵਾਦ ਦੀ ਪ੍ਰਸੰਗਕਤਾ ਹੈ। ਉਹਨਾਂ ਨੇ ਪਦਾਰਥ ਨੂੰ ਪ੍ਰਥਮ ਥਾਂ ਮੰਨਦਿਆਂ ਗਤੀ ਨੂੰ ਪ੍ਰਮੁਖਤਾ ਦੇਣ ਵਾਲਿਆਂ ਦੀ ਆਲੋਚਨਾ ਕੀਤੀ।

ਉਹਨਾ ਕਿਹਾ ਕਿ ਸਿਰਫ਼ ਵਿਆਖਿਆ ਤੱਕ ਸੀਮਤ ਰਹਿਣਾ ਮਾਰਕਸੀ ਦ੍ਰਿਸ਼ਟੀ ਨਹੀਂ, ਮਾਰਕਸ ਅਤੇ ਏਂਗਲਜ਼ ਨੇ ਬਦਲਾਓ ਦਾ ਸਿਧਾਂਤ ਉਘਾੜ ਕੇ ਸਾਹਮਣੇ ਲਿਆਂਦਾ। ਸਮਾਜ ਦੀ ਸਿਰਫ਼ ਵਿਆਖਿਆ ਕਾਫ਼ੀ ਨਹੀਂ, ਅਸਲ ਨੁਕਤਾ ਤਾਂ ਇਸ ਨਿਜ਼ਾਮ ਨੂੰ ਬਦਲਣ ਦਾ ਹੈ। ਗਿਆਨ, ਵਿਗਿਆਨ, ਖੋਜ ਦਾ ਆਪਣਾ ਥਾਂ ਹੋ ਸਕਦੈ, ਪਰ ਹਰੇਕ ਨੂੰ ਮਾਰਕਸੀ ਵਿਚਾਰਧਾਰਾ ਦੇ ਵਿਦਵਾਨਾਂ ਦਾ ਥਾਂ ਦੇ ਦੇਣਾ ਕਦਾਚਿਤ ਠੀਕ ਨਹੀਂ। ਚੇਤਨ ਮਜ਼ਦੂਰ ਜਮਾਤ ਅਜਿਹੀ ਤਾਕਤ ਹੈ, ਜਿਹੜੀ ਜਿੱਤ ਦੇ ਮਾਰਗ ਖੋਲ੍ਹਦੀ ਹੈ। ਪਦਾਰਥਵਾਦ ਅਤੇ ਮਾਰਕਸੀ ਦ੍ਰਿਸ਼ਟੀ ਨੇ ਨਵੇਂ ਵਿਚਾਰ ਸਾਹਮਣੇ ਲਿਆਂਦੇ ਕਿ ਇਤਿਹਾਸ, ਰਾਜੇ ਰਾਣੀਆਂ ਦੇ ਰਾਜ ਦਾ ਨਾਂਅ ਨਹੀਂ ਹੁੰਦਾ, ਸਗੋਂ ਲੋਕਾਂ ਦੁਆਰਾ ਸਿਰਜਿਆ ਇਤਿਹਾਸ ਹੀ ਹਕੀਕੀ ਇਤਿਹਾਸ ਹੁੰਦਾ ਹੈ।

ਉਹਨਾ ਕਿਹਾ ਕਿ ਸਰਮਾਇਆ ਬਹੁਤ ਵੱਡੀ ਤਾਕਤ ਹੋਣ ਦੇ ਬਾਵਜੂਦ ਚੇਤਨ ਪ੍ਰੋਲੇਤਾਰੀ ਨਾਲੋਂ ਤਾਕਤਵਰ ਨਹੀਂ। ਮੋੜਾਂ-ਘੋੜਾਂ, ਜਿੱਤਾਂ-ਹਾਰਾਂ ਵਿਚੀਂ ਹੁੰਦੇ ਹੋਏ ਅਵੱਸ਼ ਹੀ ਅੰਤਿਮ ਫ਼ਤਿਹ ਚੇਤਨ ਮਜ਼ਦੂਰ ਜਮਾਤ ਪਾਏਗੀ। ਮਾਰਕਸ ਦੇ ਹੁੰਦਿਆਂ ਮਾਰਕਸ ਨੂੰ ਸਰਮਾਏਦਾਰੀ ਦੇਸ਼ ਨਿਕਾਲਾ ਦਿੰਦੀ ਰਹੀ। ਅੱਜ ਸਰਮਾਏਦਾਰੀ ਮਾਰਕਸਵਾਦ ਨੂੰ ਦੇਸ਼ ਨਿਕਾਲਾ ਦੇਣ ਲਈ • ਬਾਕੀ ਸਫਾ 2 'ਤੇ

## ਪਾਕਿਸਤਾਨ ਵੱਲੋਂ ਪ੍ਰਮਾਣੂ ਹਮਲੇ ਦੀ ਧਮਕੀ

**ਮਾਸਕੋ** : ਪਾਕਿਸਤਾਨ ਦੇ ਰੂਸ ਵਿਚਲੇ ਰਾਜਦੂਤ ਨੇ ਚੇਤਾਵਨੀ ਦਿੱਤੀ ਹੈ ਕਿ ਜੇ ਭਾਰਤ ਨੇ ਉਨ੍ਹਾ ਦੇ ਮੁਲਕ ਉਤੇ ਹਮਲਾ ਕੀਤਾ ਜਾਂ ਇਸ ਦੇ ਅਹਿਮ ਪਾਣੀ ਦੇ ਵਹਾਅ ਵਿੱਚ ਵਿਘਨ ਪਾਉਣ ਦੀ ਕੋਸ਼ਿਸ਼ ਕੀਤੀ ਤਾਂ ਪਾਕਿਸਤਾਨ ਪੂਰੀ ਤਾਕਤ ਨਾਲ ਜਵਾਬ ਦੇਵੇਗਾ, ਜਿਸ ਵਿੱਚ ਪ੍ਰਮਾਣੂ ਹਮਲਾ ਵੀ ਸ਼ਾਮਲ ਹੈ। ਪਾਕਿਸਤਾਨੀ ਰਾਜਦੂਤ ਮੁਹੰਮਦ ਖਾਲਿਦ ਜਮਾਲੀ ਨੇ ਰੂਸ ਦੀ ਸਰਕਾਰੀ ਖਬਰ ਏਜੰਸੀ ਨੂੰ ਦਿੱਤੀ ਇੱਕ ਇੰਟਰਵਿਊ ਦੌਰਾਨ ਕਿਹਾ, 'ਅਸੀਂ ਤਾਕਤ ਦੇ ਪੂਰੇ ਸਪੈਕਟਰਮ ਦੀ ਵਰਤੋਂ ਕਰਾਂਗੇ, ਰਵਾਇਤੀ ਅਤੇ ਪ੍ਰਮਾਣੂ ਦੋਵੇਂ ਤਰੀਕਿਆਂ ਨਾਲ।'

# ਆਵਾਜਾਈ ਰੋਕੀ ਤਾਂ ਸਖਤ ਕਾਰਵਾਈ ਕਰਾਂਗੇ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਵਿੱਚ ਸੜਕੀ ਤੇ ਰੇਲ ਆਵਾਜਾਈ ਰੋਕਣ ਦਾ ਐਲਾਨ ਕਰਨ ਵਾਲੀਆਂ ਜਥੇਬੰਦੀਆਂ ਨੂੰ ਤਾੜਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਨੇ ਕਿਹਾ ਕਿ ਸੂਬੇ ਦੇ ਵਿਕਾਸ ਵਿੱਚ ਵਿਘਨ ਪਾ ਕੇ ਆਮ ਲੋਕਾਂ ਨੂੰ ਤੰਗ-ਪ੍ਰੇਸ਼ਾਨ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇੱਥੋਂ ਜਾਰੀ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਜਮਹੂਰੀਅਤ ਵਿੱਚ ਵਿਰੋਧ ਪ੍ਰਦਰਸ਼ਨ ਕਰਨ ਦੇ ਹੋਰ ਵੀ ਬਹੁਤ ਸਾਰੇ ਢੰਗ-ਤਰੀਕੇ ਹਨ, ਪਰ ਸਿਰਫ ਆਵਾਜਾਈ ਵਿੱਚ ਰੁਕਾਵਟ ਪਾ ਕੇ ਸੂਬੇ ਦੇ ਵਿਕਾਸ ਨੂੰ ਪਟੜੀ ਤੋਂ ਲਾਹੁਣ ਦੀ ਕਾਰਵਾਈ ਨੂੰ ਸਹਿਣ ਨਹੀਂ ਕੀਤਾ ਜਾ ਸਕਦਾ। ਉਨ੍ਹਾ ਕਿਹਾ ਕਿ ਅਜਿਹੇ ਧਰਨੇ-ਪ੍ਰਦਰਸ਼ਨਾਂ ਦਾ ਖਮਿਆਜ਼ਾ ਪੰਜਾਬ ਵਾਸੀਆਂ ਖਾਸ ਕਰਕੇ ਕਿਰਤੀ ਲੋਕਾਂ ਨੂੰ ਭੁਗਤਣਾ ਪੈਂਦਾ ਹੈ, ਜੋ ਰੋਜ਼ਮਰ੍ਹਾ ਦੇ ਕੰਮਕਾਜ ਕਰਕੇ ਸਖ਼ਤ ਮਿਹਨਤ ਨਾਲ ਆਪਣੇ ਪਰਵਾਰਾਂ ਨੂੰ ਪਾਲਦੇ ਹਨ। ਸੜਕਾਂ ਬੰਦ ਹੋਣ ਨਾਲ ਕਈ ਵਾਰ ਮਰੀਜ਼ਾਂ ਨੂੰ ਸਮੇਂ ਸਿਰ ਹਸਪਤਾਲ ਪਹੁੰਚਾਉਣ ਵਿੱਚ ਮੁਸ਼ਕਲ ਪੇਸ਼ ਆਉਂਦੀ ਹੈ। ਪੰਜਾਬ ਵਿੱਚ ਕਣਕ ਦੀ ਖਰੀਦ ਚੱਲ ਰਹੀ ਹੈ ਅਤੇ ਫਸਲ ਦੀ ਢੋਆ-ਢੁਆਈ ਲਈ ਰੇਲ ਸੇਵਾ ਦਾ ਬਹਾਲ ਰਹਿਣਾ ਬਹੁਤ ਜ਼ਰੂਰੀ ਹੈ, ਜਿਸ ਕਰਕੇ ਆਵਾਜਾਈ ਰੋਕਣ ਦਾ ਫੈਸਲਾ ਸੂਬੇ ਦੇ ਹਿੱਤਾਂ ਨੂੰ ਢਾਹ ਲਾਉਂਦਾ ਹੈ।ਮਾਨ ਨੇ ਕਿਹਾ ਕਿ ਆਮ ਲੋਕਾਂ ਨੂੰ ਤੰਗ-ਪ੍ਰੇਸ਼ਾਨ ਕਰਨ ਵਾਲੇ ਅਤੇ ਰੋਜ਼ਾਨਾ ਦੇ ਕੰਮਕਾਜ ਵਿੱਚ ਵਿਘਨ ਪਾਉਣ ਵਾਲੇ ਕੋਈ ਵੀ ਐਲਾਨ, ਧਰਨੇ-ਪ੍ਰਦਰਸ਼ਨ ਜਾਂ ਹੜਤਾਲਾਂ ਨੂੰ ਪੰਜਾਬ ਤੇ ਪੰਜਾਬੀਆਂ ਦੇ ਵਿਰੁੱਧ ਮੰਨਿਆ ਜਾਵੇਗਾ। ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਅਜਿਹੀਆਂ ਕਾਰਵਾਈਆਂ ਨੂੰ ਅੰਜ਼ਾਮ ਦੇਣ ਵਾਲਿਆਂ ਨੂੰ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ।


## ਦਹਿਸ਼ਤਗਰਦਾਂ ਦੇ ਟਿਕਾਣੇ ਤੋਂ ਪੰਜ ਬਾਰੂਦੀ ਸੁਰੰਗਾਂ ਬਰਾਮਦ

ਜੰਮੂ : ਸੁਰੱਖਿਆ ਬਲਾਂ ਨੇ ਜੰਮੂ-ਕਸ਼ਮੀਰ ਦੇ ਪੁਣਛ ਜ਼ਿਲ੍ਹੇ ਦੇ ਜੰਗਲੀ ਖੇਤਰ ਵਿੱਚ ਦਹਿਸ਼ਤਗਰਦਾਂ ਦੀ ਪਨਾਹਗਾਹ ਦਾ ਪਰਦਾ ਫਾਸ਼ ਕਰਦਿਆਂ ਪੰਜ ਬਾਰੂਦੀ ਸੁਰੰਗਾਂ (ਆਈ ਈ ਡੀ) ਅਤੇ ਦੋ ਵਾਇਰਲੈੱਸ ਸੈੱਟ ਬਰਾਮਦ ਕੀਤੇ ਹਨ। ਅਧਿਕਾਰੀਆਂ ਨੇ ਕਿਹਾ ਕਿ ਅੱਧਾ ਕਿੱਲੋ ਤੋਂ ਪੰਜ ਕਿੱਲੋ ਵਜ਼ਨੀ ਆਈ ਈ ਡੀ ਮੌਕੇ 'ਤੇ ਹੀ ਨਸ਼ਟ ਕਰ ਦਿੱਤੀ ਗਈ। ਸੁਰੱਖਿਆ ਬਲਾਂ ਨੇ ਦਹਿਸ਼ਤਗਰਦਾਂ ਦੀ ਪੈੜ ਨੱਪ ਕੇ ਸਰਹੱਦੀ ਜ਼ਿਲ੍ਹੇ ਵਿੱਚ ਧਮਾਕੇ ਕਰਨ ਦੀਆਂ ਯੋਜਨਾਵਾਂ ਨੂੰ ਨਾਕਾਮ ਬਣਾਉਣ ਦਾ ਦਾਅਵਾ ਕੀਤਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਐਤਵਾਰ ਦੇਰ ਸ਼ਾਮ ਸੂਰਨਕੋਟ ਦੇ ਮਰਹੋਟੇ ਖੇਤਰ ਦੇ ਸੁਰਨਥਲ ਵਿੱਚ ਫੌਜ ਅਤੇ ਜੰਮੂ-ਕਸ਼ਮੀਰ ਪੁਲਸ ਦੇ ਵਿਸ਼ੇਸ਼ ਗਰੁੱਪ ਨੇ ਸਾਂਝੇ ਸਰਚ ਅਪਰੇਸ਼ਨ ਦੌਰਾਨ ਇਸ ਟਿਕਾਣੇ ਦਾ ਪਰਦਾ ਫਾਸ਼ ਕੀਤਾ।

## ਪੁਤਿਨ ਤੇ ਮੋਦੀ ਵਿਚਾਲੇ ਗੱਲਬਾਤ

**ਨਵੀਂ ਦਿੱਲੀ** : ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਸੋਮਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਫੋਨ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਪਹਿਲਗਾਮ ਅੱਤਵਾਦੀ ਹਮਲੇ ਦੇ ਦੋਸ਼ੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ ਅਤੇ ਉਨ੍ਹਾ ਇਸ ਭਿਆਨਕ ਹਮਲੇ ਦੀ ਸਖ਼ਤ ਨਿੰਦਾ ਕੀਤੀ। ਵਿਦੇਸ਼ ਮੰਤਰਾਲੇ ਅਨੁਸਾਰ ਪੁਤਿਨ ਨੇ ਮੋਦੀ ਨੂੰ ਇਹ ਵੀ ਕਿਹਾ ਕਿ ਰੂਸ ਅੱਤਵਾਦ ਵਿਰੁੱਧ ਭਾਰਤ ਦੀ ਲੜਾਈ ਦਾ ਪੂਰਾ ਸਮਰਥਨ ਕਰਦਾ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਮੋਦੀ ਅਤੇ ਪੁਤਿਨ ਨੇ ਭਾਰਤ-ਰੂਸ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਭਾਈਵਾਲੀ ਨੂੰ ਹੋਰ ਡੂੰਘਾ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਈ। ਪ੍ਰਧਾਨ ਮੰਤਰੀ ਨੇ ਰੂਸੀ ਰਾਸ਼ਟਰਪਤੀ ਨੂੰ ਜਿੱਤ ਦਿਵਸ ਦੀ 80ਵੀਂ ਵਰ੍ਹੇਗੰਢ ਦੇ ਜਸ਼ਨ 'ਤੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਮੋਦੀ ਨੇ ਪੁਤਿਨ ਨੂੰ ਸਾਲ ਦੇ ਅੰਤ ਵਿੱਚ ਭਾਰਤ ਵਿੱਚ ਹੋਣ ਵਾਲੇ ਭਾਰਤ-ਰੂਸ ਸਾਲਾਨਾ ਸੰਮੇਲਨ ਲਈ ਸੱਦਾ ਵੀ ਦਿੱਤਾ।

## ਰੱਖਿਆ ਸਕੱਤਰ ਨਾਲ ਮੋਦੀ ਦੀ ਮੀਟਿੰਗ



**ਨਵੀਂ ਦਿੱਲੀ** : ਪਹਿਲਗਾਮ ਦਹਿਸ਼ਤੀ ਹਮਲੇ ਮਗਰੋਂ ਬਣੇ ਹਾਲਾਤ 'ਤੇ ਨਜ਼ਰਸਾਨੀ ਤੇ ਅਗਲੇਰੀ ਰਣਨੀਤੀ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਨਾਲ ਗੱਲਬਾਤ ਕੀਤੀ। ਇਹ ਮੀਟਿੰਗ ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਉਸ ਟਿੱਪਣੀ ਤੋਂ ਇੱਕ ਦਿਨ ਬਾਅਦ ਹੋਈ, ਜਿਸ ਵਿੱਚ ਉਨ੍ਹਾ ਕਿਹਾ ਸੀ, 'ਤੁਹਾਨੂੰ ਉਹ ਜਵਾਬ ਮਿਲੇਗਾ, ਜਿਸ ਦੀ ਤੁਸੀਂ ਮੰਗ ਕਰ ਰਹੇ ਹੋ।'

## ਲਗਾਤਾਰ ਗਿਆਰ੍ਹਵੀਂ ਰਾਤ ਗੋਲੀਬਾਰੀ

**ਜੰਮੂ** : ਪਾਕਿਸਤਾਨੀ ਫੌਜਾਂ ਨੇ ਲਗਾਤਾਰ ਗਿਆਰ੍ਹਵੀਂ ਰਾਤ ਐਤਵਾਰ ਕੰਟਰੋਲ ਰੇਖਾ ਦੇ ਨਾਲ ਅੱਠ ਮੂਹਰਲੇ ਸੈਕਟਰਾਂ ਵਿੱਚ ਬਿਨਾਂ ਕਿਸੇ ਭੜਕਾਹਟ ਦੇ ਫਾਇਰਿੰਗ ਕੀਤੀ, ਜਿਸ ਦਾ ਭਾਰਤੀ ਫੌਜ ਨੇ ਮੂੰਹ ਤੋੜਵਾਂ ਜਵਾਬ ਦਿੱਤਾ। 4 ਤੇ 5 ਮਈ ਦੀ ਦਰਮਿਆਨੀ ਰਾਤ ਨੂੰ ਪਾਕਿਸਤਾਨੀ ਫੌਜ ਦੀਆਂ ਚੌਕੀਆਂ ਤੋਂ ਐੱਲ ਓ ਸੀ ਦੇ ਨਾਲ ਕੁਪਵਾੜਾ, ਬਾਰਾਮੂਲਾ, ਪੁਣਛ, ਰਾਜੌਰੀ, ਮੇਂਧੜ, ਨੌਸ਼ਹਿਰਾ, ਸੁੰਦਰਬਨੀ ਤੇ ਅਖਨੂਰ ਸੈਕਟਰਾਂ ਵਿੱਚ ਫਾਇਰਿੰਗ ਕੀਤੀ ਗਈ।

# ਟਰੰਪ ਹੁਣ ਫਿਲਮਾਂ ਵਾਲਿਆਂ ਮਗਰ ਪਿਆ

**ਨਿਊ ਯਾਰਕ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਮਰੀਕਾ ਤੋਂ ਬਾਹਰ ਬਣੀਆਂ ਫਿਲਮਾਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਹੀ ਹੈ। ਉਨ੍ਹਾ ਆਪਣੇ ਟਰੁੱਥ ਸੋਸ਼ਲ ਪਲੇਟਫਾਰਮ 'ਤੇ ਇੱਕ ਪੋਸਟ 'ਚ ਕਿਹਾ ਕਿ ਉਨ੍ਹਾ ਵਣਜ ਵਿਭਾਗ ਅਤੇ ਅਮਰੀਕੀ ਵਪਾਰ ਪ੍ਰਤੀਨਿਧੀ ਦੇ ਦਫਤਰ ਨੂੰ 'ਸਾਡੇ ਮੁਲਕ ਵਿੱਚ ਆਉਣ ਵਾਲੀ ਕਿਸੇ ਵੀ ਅਤੇ ਸਾਰੀਆਂ ਫਿਲਮਾਂ, ਜੋ ਵਿਦੇਸ਼ੀ ਧਰਤੀ ਉਤੇ ਬਣੀਆਂ ਹੋਣ, ਉਤੇ 100 ਫੀਸਦੀ ਟੈਰਿਫ ਲਗਾਉਣ ਦਾ ਅਧਿਕਾਰ ਦਿੱਤਾ ਹੈ।' ਉਨ੍ਹਾ ਕਿਹਾ, 'ਅਮਰੀਕਾ ਵਿੱਚ ਫਿਲਮ ਸਨਅਤ ਬਹੁਤ ਤੇਜ਼ੀ ਨਾਲ ਮੌਤ ਦੇ ਮੂੰਹ ਜਾ ਰਹੀ ਹੈ।' ਨਾਲ ਹੀ ਉਨ੍ਹਾ ਸ਼ਿਕਾਇਤ ਕੀਤੀ ਕਿ ਦੂਜੇ ਮੁਲਕ ਫਿਲਮ ਨਿਰਮਾਤਾਵਾਂ ਅਤੇ ਸਟੂਡੀਓਜ਼ ਨੂੰ ਅਮਰੀਕਾ ਤੋਂ ਦੂਰ ਖਿੱਚਣ ਲਈ ਹਰ ਤਰ੍ਹਾਂ ਦੀਆਂ ਹੱਲਾਸ਼ੇਰੀਆਂ ਦੀ ਪੇਸ਼ਕਸ਼ ਕਰ ਰਹੇ ਹਨ।

ਉਂਜ ਇਹ ਫੌਰੀ ਤੌਰ 'ਤੇ ਸਾਫ਼ ਨਹੀਂ ਹੋ ਸਕਿਆ ਕਿ ਕੌਮਾਂਤਰੀ ਨਿਰਮਾਣ 'ਤੇ ਅਜਿਹਾ ਕੋਈ ਟੈਰਿਫ ਕਿਵੇਂ ਲਾਗੂ ਕੀਤਾ ਜਾ ਸਕਦਾ ਹੈ। ਵੱਡੀਆਂ ਅਤੇ ਛੋਟੀਆਂ ਦੋਵਾਂ ਫਿਲਮਾਂ ਦਾ ਅਮਰੀਕਾ ਅਤੇ ਦੂਜੇ ਦੇਸ਼ਾਂ ਵਿੱਚ ਨਿਰਮਾਣ ਸ਼ਾਮਲ ਕਰਨਾ ਆਮ ਗੱਲ ਹੈ। ਮਸਲਨ, ਆਉਣ ਵਾਲੀ 'ਮਿਸ਼ਨ ਇੰਪੌਸੀਬਲ—ਦ ਫਾਈਨਲ ਰਿਕੋਨਿੰਗ' ਵਰਗੀਆਂ ਵੱਡੇ ਬਜਟ ਵਾਲੀਆਂ ਫਿਲਮਾਂ ਦੁਨੀਆ ਭਰ ਵਿੱਚ ਸ਼ੂਟ ਕੀਤੀਆਂ ਜਾਂਦੀਆਂ ਹਨ। ਵਰ੍ਹਿਆਂ ਤੋਂ ਪ੍ਰੋਤਸਾਹਨ ਪ੍ਰੋਗਰਾਮਾਂ ਨੇ ਫਿਲਮਾਂ ਦੀ ਸ਼ੂਟਿੰਗ ਦੇ ਸਥਾਨ ਨੂੰ ਪ੍ਰਭਾਵਤ ਕੀਤਾ ਹੈ, ਜਿਸ ਨਾਲ ਫਿਲਮ ਨਿਰਮਾਣ ਕੈਲੀਫੋਰਨੀਆ ਤੋਂ ਬਾਹਰ ਅਤੇ ਕੈਨੇਡਾ ਤੇ ਯੂ ਕੇ ਵਰਗੇ ਅਨੁਕੂਲ ਟੈਕਸ ਹੱਲਾਸ਼ੇਰੀ ਵਾਲੇ ਹੋਰ ਰਾਜਾਂ ਅਤੇ ਦੇਸ਼ਾਂ ਵਿੱਚ ਵਧਦਾ ਜਾ ਰਿਹਾ ਹੈ। ਚੀਨ ਨੇ ਵੀ ਆਪਣੇ ਘਰੇਲੂ ਫਿਲਮ ਨਿਰਮਾਣ ਨੂੰ ਵਧਾ ਦਿੱਤਾ ਹੈ, ਜਿਸ ਦੇ ਨਤੀਜੇ ਵਜੋਂ ਐਨੀਮੇਟਿਡ ਬਲਾਕਬਸਟਰ 'ਨੇ ਜ਼ਾ 2' ਨੇ ਇਸ ਸਾਲ 2 ਅਰਬ ਤੋਂ ਵੱਧ ਅਮਰੀਕੀ ਡਾਲਰ ਦੀ ਕਮਾਈ ਕੀਤੀ, ਪਰ ਇਹ ਗੱਲ ਵੀ ਹੈ ਕਿ ਇਸ ਨੇ ਇਹ ਕਮਾਈ ਮੁੱਖ ਤੌਰ 'ਤੇ ਲਗਭਗ ਪੂਰੀ ਤਰ੍ਹਾਂ ਚੀਨ ਵਿੱਚੋਂ ਹੀ ਕੀਤੀ ਹੈ। ਉੱਤਰੀ ਅਮਰੀਕਾ ਮਹਾਂਦੀਪ (ਜਿਸ ਵਿੱਚ ਅਮਰੀਕਾ, ਕੈਨੇਡਾ ਤੇ ਮੈਕਸੀਕੋ ਵਰਗੇ ਮੁਲਕ ਆਉਂਦੇ ਹਨ) ਵਿੱਚ ਇਸ ਨੇ ਸਿਰਫ 2.09 ਕਰੋੜ ਡਾਲਰ ਦੀ ਹੀ ਕਮਾਈ ਕੀਤੀ।

## ਪਟੀਸ਼ਨਰ ਨੂੰ ਝਾੜਿਆ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਜੰਮੂ-ਕਸ਼ਮੀਰ ਦੇ ਦੂਰ-ਦੁਰਾਡੇ ਪਹਾੜੀ ਇਲਾਕਿਆਂ 'ਚ ਪਹਿਲਗਾਮ ਅੱਤਵਾਦੀ ਹਮਲੇ ਦੇ ਮੱਦੇਨਜ਼ਰ ਸੈਲਾਨੀਆਂ ਦੀ ਸੁਰੱਖਿਆ ਦੀ ਮੰਗ ਕਰਨ ਵਾਲੀ ਇੱਕ ਲੋਕ ਹਿੱਤ ਪਟੀਸ਼ਨ ਖਾਰਜ ਕਰ ਦਿੱਤੀ। ਜਸਟਿਸ ਸੂਰੀਆ ਕਾਂਤ ਤੇ ਜਸਟਿਸ ਐੱਨ ਕੋਟੀਸ਼ਵਰ ਸਿੰਘ ਦੀ ਬੈਂਚ ਨੇ ਲੋਕ ਹਿੱਤ ਪਟੀਸ਼ਨ ਦਾਇਰ ਕਰਨ ਲਈ ਵਕੀਲ ਵਿਸ਼ਾਲ ਤਿਵਾੜੀ ਦੀ ਖਿਚਾਈ ਕੀਤੀ ਤੇ ਕਿਹਾ ਕਿ ਇਹ ਬਿਨਾਂ ਕਿਸੇ ਜਨਤਕ ਮਕਸਦ ਦੇ ਸਿਰਫ ਪ੍ਰਚਾਰ ਲਈ ਲਿਆਂਦੀ ਗਈ ਹੈ। ਜਸਟਿਸ ਸੂਰੀਆ ਕਾਂਤ ਨੇ ਪਟੀਸ਼ਨਰ ਨੂੰ ਕਿਹਾ, 'ਤੁਸੀਂ ਇਸ ਤਰ੍ਹਾਂ ਦੀ ਲੋਕ ਹਿੱਤ ਪਟੀਸ਼ਨ ਕਿਉਂ ਦਾਇਰ ਕੀਤੀ ਹੈ? ਤੁਹਾਡਾ ਅਸਲ ਮਕਸਦ ਕੀ ਹੈ? ਕੀ ਤੁਸੀਂ ਮੁੱਦੇ ਦੀ ਸੰਵੇਦਨਸ਼ੀਲਤਾ ਨੂੰ ਨਹੀਂ ਸਮਝਦੇ? ਮੈਨੂੰ ਲੱਗਦਾ ਹੈ ਕਿ ਤੁਸੀਂ ਚਾਹੁੰਦੇ ਹੋ ਕਿ ਇਹ ਲੋਕ ਹਿੱਤ ਪਟੀਸ਼ਨ ਦਾਇਰ ਕਰਨ ਲਈ ਤੁਹਾਨੂੰ ਕੁਝ ਮਿਸਾਲੀ ਡੰਨ ਲਾਇਆ ਜਾਵੇ।'

# ਯੂਟਿਊਬ ਚੈਨਲ ਬਲਾਕ ਕਰਨ 'ਤੇ ਕੇਂਦਰ ਨੂੰ ਨੋਟਿਸ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਯੂਟਿਊਬ ਚੈਨਲ '4ਪੀ ਐੱਮ' 'ਤੇ ਰੋਕ ਲਗਾਉਣ ਦੇ ਆਦੇਸ਼ ਨੂੰ ਰੱਦ ਕਰਨ ਦੀ ਪਟੀਸ਼ਨ 'ਤੇ ਕੇਂਦਰ ਅਤੇ ਹੋਰ ਪੱਖਾਂ ਤੋਂ ਜਵਾਬ ਮੰਗ ਲਿਆ। ਜਸਟਿਸ ਬੀ ਆਰ ਗਵਈ ਅਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਬੈਂਚ ਨੇ ਅਰਜ਼ੀ 'ਤੇ ਸੁਣਵਾਈ ਕਰਨ ਲਈ ਸਹਿਮਤੀ ਜਤਾਈ ਅਤੇ ਕੇਂਦਰ ਸਮੇਤ ਹੋਰ ਪੱਖਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ।

ਯੂਟਿਊਬ ਚੈਨਲ ਦੇ ਸੰਚਾਲਕ ਸੰਜੈ ਸ਼ਰਮਾ ਵੱਲੋਂ ਦਾਇਰ ਕੀਤੀ ਗਈ ਪਟੀਸ਼ਨ ਵਿੱਚ ਕੇਂਦਰ ਨੂੰ ਦਿੱਤੇ ਗਏ ਸੰਬੰਧਤ ਹੁਕਮ ਦੇ ਕਾਰਨ ਅਤੇ ਰਿਕਾਰਡ (ਜੇ ਕੋਈ ਹੈ) ਸਮੇਤ ਹੁਕਮ ਪੇਸ਼ ਕਰਨ ਲਈ ਕਿਹਾ ਗਿਆ ਹੈ। ਇਸ ਵਿੱਚ ਇਹ ਵੀ ਅਪੀਲ ਕੀਤੀ ਗਈ ਹੈ ਕਿ ਹੁਕਮਾਂ ਨੂੰ ਰੱਦ ਕੀਤਾ ਜਾਵੇ, ਕਿਉਂਕਿ ਇਹ ਮਨਮਾਨੀ ਅਤੇ ਅਸੰਵਿਧਾਨਕ ਹੈ। ਸੰਜੈ ਸ਼ਰਮਾ ਵੱਲੋਂ ਸੀਨੀਅਰ ਵਕੀਲ ਕਪਿਲ ਸਿਬਲ ਨੇ ਕਿਹਾ ਕਿ ਚੈਨਲ ਨੂੰ ਬਲਾਕ ਕਰਨ ਤੋਂ ਪਹਿਲਾਂ ਉਨ੍ਹਾਂ ਨੂੰ ਕੋਈ ਨੋਟਿਸ ਨਹੀਂ ਦਿੱਤਾ ਗਿਆ। ਉਨ੍ਹਾ ਕਿਹਾ, 'ਪੂਰਾ ਚੈਨਲ ਬਿਨਾਂ ਕਿਸੇ ਕਾਰਨ ਦੇ ਬਲਾਕ ਕਰ ਦਿੱਤਾ ਗਿਆ। ਇਹ ਪਹਿਲੀ ਨਜ਼ਰ ਵਿੱਚ ਹੀ ਅਸੰਵਿਧਾਨਕ ਲੱਗਦਾ ਹੈ।' ਬੈਂਚ ਨੇ ਨੋਟਿਸ ਜਾਰੀ ਕਰਦੇ ਹੋਏ ਕਿਹਾ ਕਿ ਅਗਲੇ ਹਫਤੇ ਇਸ ਮਾਮਲੇ ਦੀ ਸੁਣਵਾਈ ਕੀਤੀ ਜਾਵੇਗੀ। ਅਰਜ਼ੀ ਵਿਚ ਜਾਣਕਾਰੀ ਤੱਕ ਪਹੁੰਚ ਨੂੰ ਰੋਕਣ ਦੀ ਪ੍ਰਕਿਰਿਆ ਅਤੇ ਸੁਰੱਖਿਆ ਉਪਾਵਾਂ ਨਾਲ ਸੰਬੰਧਤ 2009 ਦੇ ਆਈ ਟੀ ਨਿਯਮਾਂ ਦੇ ਨਿਯਮ 16 ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਹੈ। ਨਿਯਮ 16 ਅਨੁਸਾਰ ਮਿਲੀਆਂ ਸਾਰੀਆਂ ਅਰਜ਼ੀਆਂ, ਸ਼ਿਕਾਇਤਾਂ ਅਤੇ ਉਨ੍ਹਾਂ 'ਤੇ ਕੀਤੀ ਕਾਰਵਾਈ ਬਾਰੇ ਸਖਤ ਰਾਜ਼ਦਾਰੀ ਬਣਾਈ ਰੱਖਣੀ ਹੁੰਦੀ ਹੈ।

# ਅਪਾਹਜਾਂ ਦਾ ਮਜ਼ਾਕ ਉਡਾਉਣ 'ਤੇ ਕੋਰਟ 'ਚ ਤਲਬ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਇੱਕ ਐੱਨ ਜੀ ਓ ਦੀ ਪਟੀਸ਼ਨ 'ਤੇ 'ਇੰਡੀਆਜ਼ ਗੌਟ ਲੇਟੈਂਟ' ਦੇ ਹੋਸਟ ਸਮਯ ਰੈਨਾ ਸਮੇਤ ਪੰਜ ਸੋਸ਼ਲ ਮੀਡੀਆ ਪ੍ਰਭਾਵਕਾਂ ਦੀ ਕੋਰਟ 'ਚ ਮੌਜੂਦਗੀ ਦਾ ਹੁਕਮ ਦਿੱਤਾ। ਪਟੀਸ਼ਨ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਉਨ੍ਹਾਂ ਆਪਣੇ ਸ਼ੋਅ 'ਤੇ ਇਕ ਸਪਾਈਨਲ ਮਸਕੂਲਰ ਐਟਰੋਫੀ (ਐੱਸ ਐੱਮ ਏ) ਵਾਲੇ ਵਿਅਕਤੀਆਂ ਦਾ ਮਜ਼ਾਕ ਉਡਾਇਆ। ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਐੱਨ ਕੋਟੀਸ਼ਵਰ ਸਿੰਘ ਦੀ ਬੈਂਚ ਨੇ ਮੁੰਬਈ ਪੁਲਸ ਕਮਿਸ਼ਨਰ ਨੂੰ ਕਿਹਾ ਕਿ ਉਹ ਪੰਜ ਵਿਅਕਤੀਆਂ ਦੀ ਕੋਰਟ 'ਚ ਮੌਜੂਦਗੀ ਯਕੀਨੀ ਬਣਾਉਣ ਲਈ ਨੋਟਿਸ ਜਾਰੀ ਕਰਨ, ਨਹੀਂ ਤਾਂ ਜ਼ਬਰਦਸਤੀ ਕਾਰਵਾਈ ਕੀਤੀ ਜਾਵੇਗੀ।

ਬੈਂਚ ਨੇ ਐੱਨ ਜੀ ਓ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਅਪਰਾਜਿਤਾ ਸਿੰਘ ਨੂੰ ਕਿਹਾ, 'ਇਹ ਬਹੁਤ ਹੀ ਨੁਕਸਾਨਦੇਹ ਅਤੇ ਮਨੋਬਲ ਨੂੰ ਢਾਹ ਲਾਉਣ ਵਾਲਾ ਹੈ। ਅਜਿਹੇ ਕਾਨੂੰਨ ਹਨ, ਜੋ ਇਨ੍ਹਾਂ ਲੋਕਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਦੀ ਕੋਸ਼ਿਸ਼ ਕਰਦੇ ਹਨ ਅਤੇ ਉਧਰ ਇੱਕ ਘਟਨਾ ਨਾਲ ਸਾਰੀ ਕੋਸ਼ਿਸ਼ ਖਤਮ ਹੋ ਜਾਂਦੀ ਹੈ। ਤੁਹਾਨੂੰ ਕਾਨੂੰਨ ਦੇ ਅੰਦਰ ਕੁਝ ਸੁਧਾਰਨ ਵਾਲੀ (ਹੱਲ ਕੱਢਣ ਵਾਲੀ) ਅਤੇ ਦੰਡਕਾਰੀ ਕਾਰਵਾਈ ਬਾਰੇ ਸੋਚਣਾ ਪਏਗਾ।' ਬੈਂਚ ਨੇ ਕਿਹਾ ਕਿ ਕਿਸੇ ਨੂੰ ਵੀ ਬੋਲਣ ਦੀ ਆਜ਼ਾਦੀ ਦੇ ਅਧਿਕਾਰ ਦੀ ਆੜ ਹੇਠ ਕਿਸੇ ਨੂੰ ਵੀ ਨੀਵਾਂ ਦਿਖਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਇਸ ਦੌਰਾਨ ਅਪਾਹਜਾਂ ਅਤੇ ਦੁਰਲੱਭ ਵਿਕਾਰਾਂ ਵਾਲੇ ਲੋਕਾਂ ਬਾਰੇ ਸੋਸ਼ਲ ਮੀਡੀਆ ਸਮਗਰੀ 'ਤੇ ਦਿਸ਼ਾ-ਨਿਰਦੇਸ਼ ਬਣਾਉਣ 'ਤੇ ਵਿਚਾਰ ਕੀਤਾ ਜਾਏ। ਐੱਨ ਜੀ ਓ ਨੇ ਮੌਜੂਦਾ ਕਾਨੂੰਨੀ ਢਾਂਚੇ ਵਿੱਚ ਕਮੀਆਂ ਦਾ ਹਵਾਲਾ ਦਿੱਤਾ ਸੀ ਅਤੇ ਬੈਂਚ ਨੂੰ ਆਨਲਾਈਨ ਸਮਗਰੀ 'ਤੇ ਦਿਸ਼ਾ-ਨਿਰਦੇਸ਼ ਤਿਆਰ ਕਰਨ ਦੀ ਅਪੀਲ ਕੀਤੀ ਸੀ।

## ਜਸਟਿਸ ਵਰਮਾ ਬਾਰੇ ਰਿਪੋਰਟ ਚੀਫ ਜਸਟਿਸ ਹਵਾਲੇ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਦੇ ਤੱਤਕਾਲੀ ਜੱਜ ਜਸਟਿਸ ਯਸ਼ਵੰਤ ਵਰਮਾ ਦੀ ਰਿਹਾਇਸ਼ ਤੋਂ ਨਕਦੀ ਮਿਲਣ ਦੇ ਦੋਸ਼ਾਂ ਦੀ ਜਾਂਚ ਲਈ ਸੁਪਰੀਮ ਕੋਰਟ ਵੱਲੋਂ ਨਿਯੁਕਤ ਤਿੰਨ ਜੱਜਾਂ ਦੇ ਪੈਨਲ ਨੇ ਆਪਣੀ ਜਾਂਚ ਰਿਪੋਰਟ ਭਾਰਤ ਦੇ ਚੀਫ ਜਸਟਿਸ ਸੰਜੀਵ ਖੰਨਾ ਨੂੰ ਸੌਂਪ ਦਿੱਤੀ ਹੈ, ਜਿਹੜੇ ਅਗਲੀ ਬਣਦੀ ਕਾਰਵਾਈ ਕਰਨਗੇ। ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ ਜਸਟਿਸ ਜਸਟਿਸ ਸ਼ੀਲ ਨਾਗੂ, ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਚੀਫ ਜਸਟਿਸ ਜਸਟਿਸ ਜੀ ਐੱਸ ਸੰਧਾਵਾਲੀਆ ਅਤੇ ਕਰਨਾਟਕ ਹਾਈ ਕੋਰਟ ਦੇ ਜਸਟਿਸ ਅਨੂ ਸ਼ਿਵਰਾਮਨ 'ਤੇ ਆਧਾਰਤ ਪੈਨਲ ਨੇ 3 ਮਈ ਨੂੰ ਰਿਪੋਰਟ ਨੂੰ ਅੰਤਮ ਰੂਪ ਦਿੱਤਾ ਸੀ। ਰਿਪੋਰਟ ਵਿੱਚ ਜਸਟਿਸ ਵਰਮਾ ਦੀ ਲੁਟੀਅਨਜ਼ ਦਿੱਲੀ ਸਥਿਤ ਰਿਹਾਇਸ਼ 'ਤੇ 14 ਮਾਰਚ ਨੂੰ ਰਾਤ 11.35 ਵਜੇ ਅੱਗ ਲੱਗਣ ਤੋਂ ਬਾਅਦ ਕਥਿਤ ਤੌਰ 'ਤੇ ਨਕਦੀ ਮਿਲਣ ਦੇ ਵਿਵਾਦ ਸੰਬੰਧੀ ਪੈਨਲ ਦੇ ਨਤੀਜੇ ਸ਼ਾਮਲ ਹਨ।

# ਲਾਲ ਕਿਲ੍ਹੇ 'ਤੇ ਦਾਅਵਾ ਖਾਰਜ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਇੱਕ ਔਰਤ ਦੀ ਪਟੀਸ਼ਨ ਨੂੰ ਰੱਦ ਕਰ ਦਿੱਤਾ, ਜਿਸ ਨੇ ਮੁਗਲ ਬਾਦਸ਼ਾਹ ਬਹਾਦਰ ਸ਼ਾਹ ਜ਼ਫਰ-ਦੂਜੇ ਦੇ ਪੜਪੋਤੇ ਦੀ ਵਿਧਵਾ ਹੋਣ ਦਾ ਦਾਅਵਾ ਕਰਦਿਆਂ ਕਾਨੂੰਨੀ ਵਾਰਿਸ ਹੋਣ ਦੇ ਨਾਤੇ ਲਾਲ ਕਿਲ੍ਹੇ ਦਾ ਕਬਜ਼ਾ ਦੇਣ ਦੀ ਮੰਗ ਕੀਤੀ ਸੀ। ਚੀਫ ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਸੰਜੇ ਕੁਮਾਰ ਦੀ ਬੈਂਚ ਨੇ ਸ਼ੁਰੂ ਵਿੱਚ ਹੀ ਪਟੀਸ਼ਨ ਨੂੰ ਗਲਤ ਧਾਰਨਾ ਅਤੇ ਯੋਗਤਾਹੀਣ ਕਰਾਰ ਦਿੱਤਾ ਅਤੇ ਦਿੱਲੀ ਹਾਈ ਕੋਰਟ ਦੇ ਹੁਕਮਾਂ ਵਿਰੁੱਧ ਦਾਇਰ ਪਟੀਸ਼ਨ 'ਤੇ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ।

ਬੈਂਚ ਨੇ ਪਟੀਸ਼ਨਰ ਸੁਲਤਾਨਾ ਬੇਗਮ ਦੇ ਵਕੀਲ ਨੂੰ ਪਟੀਸ਼ਨ ਵਾਪਸ ਲੈਣ ਦੀ ਇਜਾਜ਼ਤ ਨਹੀਂ ਦਿੱਤੀ। ਵਕੀਲ ਨੇ ਕਿਹਾ, 'ਪਟੀਸ਼ਨਕਰਤਾ ਦੇਸ਼ ਦੇ ਪਹਿਲੀ ਆਜ਼ਾਦੀ ਘੁਲਾਟੀਏ ਦੀ ਪਰਵਾਰਕ ਮੈਂਬਰ ਹੈ।' ਚੀਫ ਜਸਟਿਸ ਨੇ ਕਿਹਾ ਕਿ ਜੇ ਦਲੀਲਾਂ 'ਤੇ ਵਿਚਾਰ ਕੀਤਾ ਜਾਂਦਾ ਹੈ ਤਾਂ 'ਸਿਰਫ ਲਾਲ ਕਿਲ੍ਹਾ ਕਿਉਂ, ਫਿਰ ਆਗਰਾ, ਫਤਿਹਪੁਰੀ ਸੀਕਰੀ ਆਦਿ ਦੇ ਕਿਲ੍ਹੇ ਕਿਉਂ ਨਹੀਂ।' ਦਿੱਲੀ ਹਾਈ ਕੋਰਟ ਦੀ ਡਵੀਜ਼ਨ ਬੈਂਚ ਨੇ ਪਿਛਲੇ ਸਾਲ 13 ਦਸੰਬਰ ਨੂੰ ਹਾਈ ਕੋਰਟ ਦੇ ਇੱਕ ਸਿੰਗਲ ਜੱਜ ਦੇ ਦਸੰਬਰ 2021 ਦੇ ਫੈਸਲੇ ਵਿਰੁੱਧ ਬੇਗਮ ਦੀ ਅਪੀਲ ਨੂੰ ਖਾਰਜ ਕਰ ਦਿੱਤਾ ਸੀ, ਇਹ ਨੋਟ ਕਰਦੇ ਹੋਏ ਕਿ ਚੁਣੌਤੀ ਢਾਈ ਸਾਲਾਂ ਤੋਂ ਵੱਧ ਦੀ ਦੇਰੀ ਤੋਂ ਬਾਅਦ ਦਾਇਰ ਕੀਤੀ ਗਈ ਸੀ। ਬੇਗਮ ਨੇ ਕਿਹਾ ਕਿ ਉਹ ਆਪਣੀ ਖਰਾਬ ਸਿਹਤ ਅਤੇ ਆਪਣੀ ਧੀ ਦੇ ਦੇਹਾਂਤ ਕਾਰਨ ਅਪੀਲ ਦਾਇਰ ਨਹੀਂ ਕਰ ਸਕੀ। ਹਾਲਾਂਕਿ 20 ਦਸੰਬਰ 2021 ਨੂੰ ਸਿੰਗਲ ਜੱਜ ਨੇ ਬੇਗਮ ਦੀ ਕਬਜ਼ੇ ਦੀ ਮੰਗ ਕਰਦੀ ਪਟੀਸ਼ਨ ਨੂੰ ਇਹ ਕਹਿ ਕੇ ਖਾਰਜ ਕਰ ਦਿੱਤਾ ਸੀ ਕਿ 150 ਸਾਲਾਂ ਤੋਂ ਵੱਧ ਸਮੇਂ ਬਾਅਦ ਅਦਾਲਤ ਵਿੱਚ ਆਉਣ ਵਿੱਚ ਬੇਲੋੜੀ ਦੇਰੀ ਦਾ ਕੋਈ ਜਾਇਜ਼ ਕਾਰਨ ਨਹੀਂ ਹੈ।

## ਅੱਜ-ਨਾਮਾ

ਪਾਣੀ ਮੁੱਦੇ 'ਤੇ ਗਿਆ ਅਜਲਾਸ ਕਰਿਆ,
ਚਰਚਾ ਪਾਣੀਆਂ ਦੀ ਭਰਵੀਂ ਹੋਈ ਬੇਲੀ।
ਆਪਣਾ ਪੱਖ ਫਿਰ ਸਾਰਿਆਂ ਪੇਸ਼ ਕੀਤਾ,
ਆਪਣੀ ਘਾਟ ਫਿਰ ਗਈ ਲੁਕੋਈ ਬੇਲੀ।
ਇਕੱਠੇ ਚੱਲਣ ਦੀ ਗੱਲ ਵੀ ਗਈ ਕੀਤੀ,
ਕਰ ਗਏ ਦੂਜੇ ਦੀ ਨਾਲ ਬਦਖੋਈ ਬੇਲੀ।
ਆਪਣੇ ਉੱਪਰ ਸੀ ਕਿਸੇ ਦੇ ਦਾਗ ਲੱਗਾ,
ਧੋਣਾ ਉਹਦਾ ਵੀ ਜਾਂਦੇ ਸਨ ਧੋਈ ਬੇਲੀ।
ਬਣੀ ਦਿੱਸੀ ਕੁੜੱਤਣ ਸੀ ਜਿਸ ਤਰ੍ਹਾਂ ਦੀ,
ਸੋਚਣੀ ਸਾਂਝੀ ਦੀ ਕੋਈ ਨਾ ਆਸ ਬੇਲੀ।
ਕਰ ਕੇ ਆਖਰ ਨੂੰ ਸਾਰਿਆਂ ਚਾਂਦਮਾਰੀ,
ਕਰ'ਤਾ ਮਤਾ ਇਕੱਠਾ ਬੱਸ ਪਾਸ ਬੇਲੀ।

-ਤੀਸ ਮਾਰ ਖਾਂ

# 20 ਦੀ ਹੜਤਾਲ ਦੀ ਤਿਆਰੀ ਲਈ 16 ਨੂੰ ਜ਼ਿਲ੍ਹਿਆਂ ਤੇ ਅਹਿਮ ਕੇਂਦਰਾਂ 'ਚ ਸਾਂਝੀਆਂ ਵਿਸ਼ਾਲ ਮੀਟਿੰਗਾਂ



**ਪਟਿਆਲਾ** : ਐਤਵਾਰ ਜਲੰਧਰ ਵਿਖੇ 20 ਮਈ ਦੀ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਅਤੇ ਸੰਯੁਕਤ ਕਿਸਾਨ ਮੋਰਚੇ ਦੁਆਰਾ ਸਮਰਥਤ ਦੇਸ਼-ਵਿਆਪੀ ਹੜਤਾਲ ਨੂੰ ਪੰਜਾਬ ਵਿੱਚ ਪੂਰੀ ਤਰ੍ਹਾਂ ਸਫਲ ਬਣਾਉਣ ਦੀ ਵਿਉਂਤਬੰਦੀ ਕਰਨ ਲਈ ਪੰਜਾਬ ਦੀਆਂ ਸੂਬਾਈ ਟਰੇਡ ਯੂਨੀਅਨਾਂ, ਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀ ਇੱਕ ਉੱਚ ਪੱਧਰੀ ਮੀਟਿੰਗ ਕੀਤੀ ਗਈ ਮੀਟਿੰਗ ਵਿੱਚ ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਪੰਜਾਬ ਸੀਟੂ ਦੇ ਜਨਰਲ ਸਕੱਤਰ ਚੰਦਰ ਸ਼ੇਖਰ ਅਤੇ ਪ੍ਰਧਾਨ ਮਹਾਂ ਸਿੰਘ ਰੋੜੀ , ਸੀ ਟੀ ਯੂ ਪੰਜਾਬ ਦੇ ਜਨਰਲ ਸਕੱਤਰ ਨੱਥਾ ਸਿੰਘ ਅਤੇ ਪ੍ਰਧਾਨ ਦੇਵ ਰਾਜ ਵਰਮਾ, ਏਕਟੂ ਦੇ ਪ੍ਰਧਾਨ ਰਾਜਵਿੰਦਰ ਰਾਣਾ ਅਤੇ ਇਫਟੂ ਦੇ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੰਯੁਕਤ ਕਿਸਾਨ ਮੋਰਚੇ ਵੱਲੋਂ ਜੋਗਿੰਦਰ ਸਿੰਘ ਉਗਰਾਹਾਂ, ਬਲਬੀਰ ਸਿੰਘ ਰਾਜੇਵਾਲ, ਬੂਟਾ ਸਿੰਘ ਬੁਰਜਗਿੱਲ, ਬਲਦੇਵ ਸਿੰਘ ਨਿਹਾਲਗੜ੍ਹ, ਰਮਿੰਦਰ ਪਟਿਆਲਾ, ਰੁਲਦੂ ਸਿੰਘ ਮਾਨਸਾ ਅਤੇ ਸਤਨਾਮ ਸਿੰਘ ਤੋਂ ਇਲਾਵਾ ਮੁਲਾਜਮ ਫੈਡਰੇਸ਼ਨਾਂ ਦੇ ਜਗਦੀਸ਼ ਸਿੰਘ ਚਾਹਲ, ਸਤੀਸ਼ ਰਾਣਾ, ਜਰਮਨਜੀਤ ਸਿੰਘ ਤੇ ਗਗਨਦੀਪ ਸਿੰਘ ਭੁੱਲਰ ਆਦਿ ਪ੍ਰਮੁੱਖ ਆਗੂ ਸ਼ਾਮਲ ਸਨ।

ਮੀਟਿੰਗ ਵਿੱਚ 20 ਮਈ ਦੀ ਦੇਸ਼-ਵਿਆਪੀ ਹੜਤਾਲ ਲਈ ਕੇਂਦਰੀ ਸੰਗਠਨਾਂ ਵੱਲੋਂ ਸੰਘਰਸ਼ ਲਈ ਤਹਿ ਕੀਤੇ 17 ਮੁੱਦਿਆਂ 'ਤੇ ਚਰਚਾ ਕੀਤੀ ਗਈ ਅਤੇ ਫੈਸਲਾ ਕੀਤਾ ਕਿ ਇਸ ਹੜਤਾਲ ਦੀ ਤਿਆਰੀ ਅਤੇ ਸਫਲਤਾ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਅਤੇ ਕਾਰਪੋਰੇਟ ਘਰਾਣਿਆਂ ਪੱਖੀ ਲੋਟੂ ਨੀਤੀਆਂ ਦਾ ਪੰਜਾਬ ਦੇ ਮਿਹਨਤਕਸ਼ ਅਤੇ ਪੀੜਤ ਵਰਗ ਦੇ ਲੋਕ ਠੋਕਵਾਂ ਉਤਰ ਦੇਣਗੇ ਅਤੇ ਜ਼ੋਰਦਾਰ ਤਰੀਕੇ ਨਾਲ ਸਾਰੇ ਸਰਕਾਰੀ, ਅਰਧ ਸਰਕਾਰੀ ਅਦਾਰੇ, ਲਗਾਤਾਰ ਸੰਘਰਸ਼ ਕਰ ਰਹੇ ਕਿਸਾਨ, ਖੇਤ ਮਜ਼ਦੂਰ ਅਤੇ ਦਰਮਿਆਨਾ ਅਤੇ ਛੋਟਾ ਵਪਾਰੀ ਵਰਗ ਆਦਿ ਇਕੱਠੇ ਹੋ ਕੇ ਲਾਮਿਸਾਲ ਤਰੀਕੇ ਨਾਲ ਪੰਜਾਬ ਬੰਦ ਕਰ ਦੇਣਗੇ।ਆਗੂਆਂ ਦੱਸਿਆ ਕਿ ਮੁਕਤ ਵਪਾਰ ਸਮਝੌਤਿਆਂ ਰਾਹੀਂ ਮੋਦੀ ਸਰਕਾਰ ਟਰੰਪ ਦੇ ਦਬਾਅ ਥੱਲੇ ਸਨਅਤ, ਖੇਤੀ ਅਤੇ ਪ੍ਰਚੂਨ ਵਪਾਰ ਵਿਰੋਧੀ ਸਮਝੌਤਿਆਂ 'ਤੇ ਦਸਤਖਤ ਕਰਨ ਦੇ ਸੰਕੇਤ ਦੇ ਰਹੀ ਹੈ, ਜਿਸ ਨਾਲ ਖੇਤੀ ਸਨਅਤ ਅਤੇ ਛੋਟਾ ਵਪਾਰੀ ਵਰਗ ਬੁਰੀ ਤਰ੍ਹਾਂ ਪ੍ਰਭਾਵਤ ਹੋਵੇਗਾ। ਇਹ ਧੰਦੇ ਕਰਨ ਵਾਲਿਆਂ ਨੂੰ ਉਜੜਨ ਲਈ ਮਜਬੂਰ ਕਰ ਦਿੱਤਾ ਜਾਵੇਗਾ। ਇਸੇ ਤਰ੍ਹਾਂ ਮੋਦੀ ਸਰਕਾਰ ਮਜ਼ਦੂਰ ਵਿਰੋਧੀ 4 ਲੇਬਰ ਕੋਡਜ਼ ਨੂੰ ਲਾਗੂ ਕਰਨ ਜਾ ਰਹੀ ਹੈ, ਜਿਸ ਦਾ ਸਭ ਤੋਂ ਵੱਧ ਅਸਰ ਟਰੇਡ ਯੂਨੀਅਨਾਂ ਅਤੇ ਮਜ਼ਦੂਰਾਂ ਦੇ ਹਰ ਕਿਸਮ ਦੇ ਅਧਿਕਾਰ ਖੁੱਸਣ ਦੇ ਰੂਪ ਵਿੱਚ ਪਵੇਗਾ। ਇਸੇ ਤਰ੍ਹਾਂ ਹੋਰ ਮੰਗਾਂ ਜਿਵੇਂ ਪਬਲਿਕ ਸੈਕਟਰ ਦੇ ਅਦਾਰਿਆਂ ਦਾ ਤੇਜ਼ੀ ਨਾਲ ਨਿੱਜੀਕਰਨ, ਕੰਟੈਕਟ/ ਆਊਟਸੋਰਸ ਵਰਕਰ ਪੱਕੇ ਕਰਨਾ, ਘੱਟੋ-ਘੱਟ ਉਜਰਤ 26000 ਪ੍ਰਤੀ ਮਹੀਨਾ ਕਰਨਾ, ਸਕੀਮ ਵਰਕਰਾਂ ਨੂੰ ਰੈਗੂਲਰ ਕਰਨਾ, ਬੇਰੁਜ਼ਗਾਰੀ, ਮਹਿੰਗਾਈ, ਖੇਤ ਮਜ਼ਦੂਰਾਂ ਦੇ ਮਸਲੇ, ਪੁਰਾਣੀ ਪੈਨਸ਼ਨ ਬਹਾਲ ਕਰਨਾ, ਨਰੇਗਾ ਅਧੀਨ ਕੰਮ 200 ਦਿਨ ਅਤੇ ਇਸ ਨੂੰ ਸ਼ਹਿਰਾਂ ਵਿੱਚ ਵੀ ਲਾਗੂ ਕਰਨਾ ਆਦਿ ਹੜਤਾਲ ਦੇ ਮੁੱਖ ਮੁੱਦੇ ਹਨ।ਮੀਟਿੰਗ ਵਿੱਚ ਇਹ ਵੀ ਤਹਿ ਕੀਤਾ ਗਿਆ ਕਿ 16 ਮਈ ਨੂੰ ਸਾਰੇ ਪੰਜਾਬ ਦੇ ਜ਼ਿਲ੍ਹਿਆਂ ਅਤੇ ਮਹੱਤਵਪੂਰਨ ਸੈਂਟਰਾਂ 'ਤੇ ਕਿਸਾਨਾਂ ਅਤੇ ਟਰੇਡ ਯੂਨੀਅਨ ਆਗੂਆਂ ਵੱਲੋਂ ਸਾਂਝੀਆਂ ਵਿਸ਼ਾਲ ਮੀਟਿੰਗ ਕਰਕੇ ਤਿਆਰੀਆਂ ਨੂੰ ਅੰਤਮ ਛੂਹਾਂ ਦਿੱਤੀਆ ਜਾਣਗੀਆਂ।

## ਕੌਮੀ ਇਨਸਾਫ ਮੋਰਚਾ ਵੱਲੋਂ 15 ਨੂੰ ਦਿੱਤੇ ਜਾਣਗੇ ਚਿਤਾਵਨੀ ਪੱਤਰ : ਗਿੱਲ, ਰਣਸੀਂਹ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਵਿਖੇ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਤੇ ਬੂਟਾ ਸਿੰਘ ਰਣਸੀਂਹ ਯੂਨਾਇਟਡ ਅਕਾਲੀ ਦਲ ਦੀ ਅਗਵਾਈ ਵਿੱਚ ਮੋਗਾ ਵਿਖੇ ਗੁਰਦੁਆਰਾ ਬੀਬੀ ਕਾਹਨ ਕੌਰ ਵਿਖੇ 15 ਮਈ ਨੂੰ ਮੋਗਾ ਜ਼ਿਲ੍ਹੇ ਦੀਆਂ ਚਾਰਾਂ ਤਹਿਸੀਲਾਂ ਧਰਮਕੋਟ, ਮੋਗਾ, ਨਿਹਾਲ ਸਿੰਘ ਵਾਲਾ ਤੇ ਬਾਘਾ ਪੁਰਾਣਾ ਦੇ ਐੱਸ ਡੀ ਐੱਮ ਰਾਹੀਂ ਰਾਸ਼ਟਰਪਤੀ ਤੇ ਗਵਰਨਰ ਦੇ ਨਾਂ 'ਤੇ ਚਿਤਾਵਨੀ ਪੱਤਰ ਦੇਣ ਲਈ ਕਿਸਾਨ ਜਥੇਬੰਦੀਆਂ ਤੇ ਸਿੱਖ ਨੌਜਵਾਨਾਂ ਦੀਆਂ ਡਿਊਟੀਆਂ ਲਾਈਆਂ ਗਈਆਂ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਬਲਜਿੰਦਰ ਸਿੰਘ ਸ਼ੇਰੇ ਵਾਲਾ ਮੁੱਖ ਬੁਲਾਰਾ ਬੀਕੇਯੂ ਖੋਸਾ, ਬਲਕਰਨ ਸਿੰਘ ਬਰਾੜ ਬੀਕੇਯੂ ਲੱਖੋਵਾਲ, ਗੁਰਜੀਤ ਸਿੰਘ ਢਿੱਡਰ ਯੂਥ ਆਗੂ, ਬੀਕੇਯੂ ਤੋਤੇਵਾਲ, ਗੁਰਲਾਭ ਸਿੰਘ ਧਰਮਕੋਟ, ਕੁਲਜੀਤ ਸਿੰਘ ਰੌਂਤਾ ਬੀਕੇਯੂ ਤੋਤੇਵਾਲ, ਰਣਯੋਧ ਸਿੰਘ ਕੋਰ ਕਮੇਟੀ ਮੈਂਬਰ ਬੀਕੇਯੂ ਤੋਤੇਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੀਟਿੰਗ ਵਿੱਚ ਕੌਮੀ ਇਨਸਾਫ ਮੋਰਚੇ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ ਤੇ ਬੰਦੀ ਸਿੰਘਾਂ ਦੀ ਰਿਹਾਈ, ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਤੇ ਸਿੱਖੀ ਨਾਲ ਸਬੰਧਤ ਮਸਲਿਆਂ 'ਤੇ ਗੰਭੀਰਤਾ ਨਾਲ ਵਿਚਾਰ ਕੀਤੇ ਗਏ ਅਤੇ 15 ਮਈ ਨੂੰ ਸਵੇਰੇ 11 ਵਜੇ ਤਹਿਸੀਲ ਧਰਮਕੋਟ, ਮੋਗਾ, ਬਾਘਾ ਪੁਰਾਣਾ ਤੇ ਨਿਹਾਲ ਸਿੰਘ ਵਾਲਾ ਵਿਖੇ ਕਿਸਾਨ ਮਜ਼ਦੂਰ, ਸਿੱਖ, ਧਾਰਮਿਕ, ਨਿਹੰਗ ਸਿੰਘ ਜਥੇਬੰਦੀਆਂ ਨੂੰ ਪਹੁੰਚਣ ਦੀ ਅਪੀਲ ਕੀਤੀ ਗਈ ਹੈ। ਇਸ ਮੌਕੇ ਮਹਿਲ ਸਿੰਘ ਕੋਟ ਈਸੇ ਖਾਂ ਬੀਕੇਯੂ ਤੋਤੇਵਾਲ, ਚੰਦਨਦੀਪ ਰੌਂਤਾ ਬੀਕੇਯੂ ਤੋਤੇਵਾਲ, ਕੁਲਵੰਤ ਸਿੰਘ ਜੋਗੇਵਾਲ, ਬਿੰਦਰ ਸਿੰਘ ਢਿੱਲਵਾਂ, ਹਰਚਰਨ ਸਿੰਘ ਚੂਹੜ ਚੱਕ, ਨਛੱਤਰ ਸਿੰਘ ਚੂਹੜ ਚੱਕ, ਹਰਪ੍ਰੀਤ ਧੱਲੇਕੇ, ਪ੍ਰਿਤਪਾਲ ਸਿੰਘ ਗਲੋਟੀ, ਬਿੰਦਰ ਸਿੰਘ ਸ਼ੇਰਪੁਰ ਤਾਇਬਾਂ, ਜਗਤਾਰ ਸਿੰਘ ਮੋਗਾ, ਕੁਲਵੰਤ ਸਿੰਘ ਵੱਡਾ ਘਰ, ਜਸਵੰਤ ਸਿੰਘ ਵੱਡਾ ਘਰ ਤੇ ਤਲਵਿੰਦਰ ਗਿੱਲ ਬੀਕੇਯੂ ਤੋਤੇਵਾਲ ਹਾਜ਼ਰ ਸਨ।

## ਮ. ਪ. ਕੇਡਰ ਦੀਆਂ ਮੰਗਾਂ ਹੱਲ ਕਰਨ ਦੇ ਭਰੋਸੇ ਤੋਂ ਬਾਅਦ 8 ਦਾ ਰੋਸ ਮੁਜ਼ਾਹਰਾ ਰੱਦ



**ਮਲੋਟ (ਗੁਰਮੀਤ ਸਿੰਘ ਮੱਕੜ)**
ਫਾਜ਼ਿਲਕਾ ਜ਼ਿਲ੍ਹੇ ਦੇ ਸਾਥੀ ਦੀ ਗਲਤ ਬਦਲੀ 'ਤੇ ਪਿਛਲੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਰੋਸ ਵਜੋਂ ਮਲਟੀਪਰਪਜ਼ ਹੈਲਥ ਇੰਪਲਾਈਜ਼ ਮੇਲ ਫੀਮੇਲ ਯੂਨੀਅਨ ਪੰਜਾਬ ਵੱਲੋਂ ਸਿਹਤ ਵਿਭਾਗ ਦੇ ਮੁੱਖ ਦਫਤਰ ਸੈਕਟਰ 34ਏ ਚੰਡੀਗੜ੍ਹ ਵਿਖੇ 8 ਮਈ ਨੂੰ ਨੁਮਾਇੰਦਾ ਰੋਸ ਮੁਜ਼ਾਹਰੇ ਦਾ ਐਲਾਨ ਕੀਤਾ ਸੀ। ਇਹ ਮੰਗਾਂ ਦੇ ਨਿਪਟਾਰੇ ਲਈ ਡਾਇਰੈਕਟਰ ਸਿਹਤ ਸੇਵਾਵਾਂ ਪਰਿਵਾਰ ਭਲਾਈ ਡਾ. ਜਸਮਿੰਦਰ ਨੇ ਜਥੇਬੰਦੀ ਦੇ ਆਗੂਆਂ ਨੂੰ ਗੱਲਬਾਤ ਲਈ ਬੁਲਾਇਆ। ਇਸ ਮੌਕੇ ਉਨ੍ਹਾਂ ਜਥੇਬੰਦੀ ਦੇ ਸੂਬਾਈ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਸੂਬਾਈ ਆਗੂ ਰਣਦੀਪ ਸਿੰਘ ਫਤਿਹਗੜ੍ਹ, ਸੁਖਜਿੰਦਰ ਸਿੰਘ ਫਾਜ਼ਿਲਕਾ, ਜਗਤਾਰ ਸਿੰਘ ਪਟਿਆਲਾ, ਰਵਿੰਦਰ ਸ਼ਰਮਾ, ਬਲਜੀਤ ਸਿੰਘ ਪਟਿਆਲਾ, ਜਸਬੀਰ ਸਿੰਘ ਸਮੇਤ ਹੋਰ ਆਗੂਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ ਸਬੰਧੀ ਚਰਚਾ ਕੀਤੀ। ਇਸ ਮੌਕੇ ਡਾਇਰੈਕਟਰ ਸਿਹਤ ਸੇਵਾਵਾਂ ਨੇ ਸੁਖਜਿੰਦਰ ਸਿੰਘ ਐੱਮ. ਪੀ. ਡਬਲਯੂ ਮੇਲ ਦੀ ਬਦਲੀ ਰੱਦ ਕਰਨ ਸਮੇਤ ਫੀਮੇਲ ਕੇਡਰ ਦੀਆਂ ਕੁੱਝ ਪਦਉੱਨਤੀਆਂ ਦੀ ਲਿਸਟ ਜਾਰੀ ਕੀਤੀ ਤੇ ਨਵੀਆਂ ਪਦਉੱਨਤੀਆਂ ਦਾ ਰਿਕਾਰਡ ਦੁਬਾਰਾ ਮੰਗਣ ਲਈ ਪੱਤਰ ਜਾਰੀ ਕੀਤਾ। ਮਲਟੀਪਰਪਜ਼ ਟ੍ਰੇਨਿੰਗ ਸੈਂਟਰ ਸਰਕਾਰੀ ਮੁੜ ਚਾਲੂ ਕਰਨ ਸਮੇਤ ਨਵੀਆਂ ਪੋਸਟਾਂ 270 ਭਰਨ ਦੀ ਮਨਜ਼ੂਰੀ ਨੂੰ ਬਾਬਾ ਫਰੀਦ ਯੂਨੀਵਰਸਿਟੀ ਭੇਜਿਆ ਜਾ ਰਿਹਾ ਹੈ। ਇਸੇ ਤਰ੍ਹਾਂ ਬਰਾਬਰ ਕੰਮ ਬਰਾਬਰ ਤਨਖਾਹ ਦੇ ਮਾਨਯੋਗ ਹਾਈਕੋਰਟ ਦੇ ਫੈਸਲੇ ਸਬੰਧੀ ਜਲਦੀ ਫੈਸਲਾ ਲਿਆ ਜਾ ਰਿਹਾ ਹੈ। ਇਸੇ ਤਰ੍ਹਾਂ ਸਰਕਾਰ ਨਾਲ ਸਬੰਧਤ ਮੰਗਾਂ ਮਲਟੀਪਰਪਜ਼ ਕੇਡਰ ਨਾਮ ਬਦਲੀ, ਬੰਦ ਕੀਤੇ ਭੱਤੇ ਮੁੜ ਚਾਲੂ ਕਰਨ ਸਮੇਤ ਆਬਾਦੀ ਦੇ ਹਿਸਾਬ ਨਾਲ ਨਵੀਆਂ ਪੋਸਟਾਂ ਕਾਇਮ ਕਰਨ ਸਬੰਧੀ ਸਰਕਾਰ ਪੱਧਰ 'ਤੇ ਮਹਿਕਮੇ ਵੱਲੋਂ ਠੋਸ ਸਿਫਾਰਸ ਭੇਜੀ ਹੋਈ ਹੈ, ਇਸ ਦੀ ਪੈਰਵੀ ਕੀਤੀ ਜਾ ਰਹੀ ਹੈ। ਇਸ ਮੌਕੇ ਡਾਇਰੈਕਟਰ ਸਿਹਤ ਸੇਵਾਵਾਂ ਨੇ ਕਿਹਾ ਕਿ ਉਹ ਉਨ੍ਹਾਂ ਦੀਆਂ ਮੰਗਾਂ ਦੇ ਹੱਲ ਲਈ ਸਬੰਧੀ ਸਿਹਤ ਮੰਤਰੀ, ਸਿਹਤ ਸਕੱਤਰ ਨਾਲ ਲਗਾਤਾਰ ਤਾਲਮੇਲ ਵਿੱਚ ਹਨ, ਜਲਦੀ ਹੀ ਜਥੇਬੰਦੀ ਦੇ ਆਗੂਆਂ ਨੂੰ ਦੁਬਾਰਾ ਗੱਲਬਾਤ ਲਈ ਵੀ ਸੱਦਿਆ ਜਾਵੇਗਾ। ਕੁੱਝ ਮੰਗਾਂ ਦੇ ਹੱਲ ਤੇ ਮਿਲੇ ਭਰੋਸੇ ਦੇ ਆਧਾਰ 'ਤੇ ਜਥੇਬੰਦੀ ਨੇ 8 ਮਈ ਦਾ ਰੋਸ ਮੁਜ਼ਾਹਰਾ ਰੱਦ ਕਰ ਦਿੱਤਾ ਤੇ ਕਿਹਾ ਕਿ ਜੇਕਰ ਬਾਕੀ ਮੰਗਾਂ ਦਾ ਹੱਲ ਨਾ ਹੋਇਆ ਤਾਂ ਦੁਬਾਰਾ ਸੰਘਰਸ਼ ਦਾ ਪ੍ਰੋਗਰਾਮ ਉਲੀਕਿਆ ਜਾਵੇਗਾ। ਇਸ ਮੌਕੇ ਸੁਪਰਡੈਂਟ ਤੇਜ਼ਪਿੰਦਰ ਸਿੰਘ, ਗੁਲਸ਼ਨ ਵਰਮਾ, ਪੀ ਏ ਪਰਮਿੰਦਰ ਸਿੰਘ, ਡੀਲਿੰਗ ਸੁਖਵਿੰਦਰ ਸਿੰਘ ਸਮੇਤ ਜਥੇਬੰਦੀ ਦੇ ਆਗੂ ਅਵਤਾਰ ਸਿੰਘ ਗੰਢੂਆ, ਬਲਜਿੰਦਰ ਬਰਨਾਲਾ, ਨਿਗਾਹੀ ਰਾਮ ਮਲੇਰਕੋਟਲਾ, ਦਲਜੀਤ ਢਿੱਲੋਂ ਸਮੇਤ ਹੋਰ ਹਾਜ਼ਰ ਸਨ। ਸੁਖਜੀਤ ਸਿੰਘ ਆਲਮਵਾਲਾ ਨੇ ਜਥੇਬੰਦੀ ਵੱਲੋਂ ਲਏ ਫੈਸਲੇ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਮਲਟੀਪਰਪਜ਼ ਕੇਡਰ ਦੀ ਸਭ ਤੋਂ ਜੁਝਾਰੂ ਜਥੇਬੰਦੀ ਮ. ਪ. ਹੈਲਥ ਇੰਪਲਾਈਜ਼ ਯੂਨੀਅਨ ਮੇਲ ਫੀਮੇਲ ਪੰਜਾਬ ਹਮੇਸ਼ਾ ਕੇਡਰ ਦੀਆਂ ਮੰਗਾਂ ਲਈ ਯਤਨਸ਼ੀਲ ਰਹਿੰਦੀ ਹੈ। ਇਸ ਮੌਕੇ ਜਗਸੀਰ ਸਿੰਘ ਮੁਕਤਸਰ ਜ਼ਿਲ੍ਹਾ ਪ੍ਰਧਾਨ, ਭਗਵਾਨ ਦਾਸ ਮੁਕਤਸਰ, ਗੁਰਵਿੰਦਰ ਸਿੰਘ ਮੁਕਤਸਰ, ਬਲਵਿੰਦਰ ਕੌਰ ਮੁਕਤਸਰ, ਜਸਵਿੰਦਰ ਸਿੰਘ ਬਲਾਕ ਪ੍ਰਧਾਨ ਆਲਮਵਾਲਾ ਮ.ਪ.ਹ. ਇਮ. ਯੂਨੀਅਨ ਮੇਲ/ਫੀਮੇਲ, ਹਰਮਿੰਦਰ ਸਿੰਘ ਬਲਾਕ ਪ੍ਰਧਾਨ ਆਦਿ ਆਗੂ ਹਾਜ਼ਰ ਸਨ।

## ਮਿਹਨਤ ਹੀ ਸਫ਼ਲਤਾ ਦੀ ਕੁੰਜੀ : ਹਰਚੰਦ ਸਿੰਘ ਬਰਸਟ

### ਪਟਿਆਲਾ ਸੋਸ਼ਲ ਵੈੱਲਫੇਅਰ ਸੋਸਾਇਟੀ ਵੱਲੋਂ ਸਨਮਾਨ ਸਮਾਰੋਹ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪਟਿਆਲਾ ਸੋਸ਼ਲ ਵੈੱਲਫੇਅਰ ਸੋਸਾਇਟੀ ਵੱਲੋਂ ਸਰਕਾਰੀ ਮਹਿੰਦਰਾ ਕਾਲਜ ਪਟਿਆਲਾ ਵਿਖੇ ਅਧਿਆਪਕਾਂ, ਡਾਕਟਰਾਂ ਤੇ ਸਮਾਜ ਦੀ ਭਲਾਈ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕਰਨ ਲਈ ਵਿਸ਼ੇਸ਼ ਸਨਮਾਨ ਸਮਾਰੋਹ ਕੀਤਾ ਗਿਆ। ਸਮਾਰੋਹ ਵਿੱਚ ਸ੍ਰ. ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਤੇ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ (ਆਪ) ਪੰਜਾਬ ਵੱਲੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ।ਇਸ ਦੌਰਾਨ ਅਧਿਆਪਕਾਂ, ਡਾਕਟਰਾਂ ਤੇ ਹੋਰ ਮਾਣਯੋਗ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ।ਇਸ ਦੇ ਨਾਲ ਹੀ ਯੂਪੀਐੱਸਸੀ ਦੀ ਪ੍ਰੀਖਿਆ ਪਾਸ ਕਰਨ ਵਾਲੇ ਲਾਰਸਨ ਸਿੰਗਲਾ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸ੍ਰ. ਬਰਸਟ ਨੇ ਲਾਰਸਨ ਸਿੰਗਲਾ ਤੇ ਉਨ੍ਹਾਂ ਦੇ ਪਰਿਵਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਲਾਰਸਨ ਸਿੰਗਲਾ ਨੇ ਯੂਪੀਐੱਸਸੀ ਦੀ ਪ੍ਰੀਖਿਆ ਪਾਸ ਕਰਕੇ ਨੌਜਵਾਨਾਂ ਨੂੰ ਪ੍ਰੇਰਿਤ ਕੀਤਾ ਹੈ।ਉਨ੍ਹਾਂ ਕਿਹਾ ਕਿ ਮਿਹਨਤ ਹੀ ਕਾਮਯਾਬੀ ਦੀ ਕੁੰਜੀ ਹੈ ਤੇ ਨੌਜਵਾਨਾਂ ਨੂੰ ਆਪਣਾ ਟੀਚਾ ਨਿਰਧਾਰਤ ਕਰਕੇ ਉਸ ਨੂੰ ਹਾਸਲ ਕਰਨ ਲਈ ਪੂਰੀ ਮਿਹਨਤ ਕਰਨੀ ਚਾਹੀਦੀ ਹੈ, ਤਾਂ ਜੋ ਉਹ ਕਾਮਯਾਬ ਹੋ ਕੇ ਸਮਾਜ ਦੀ ਭਲਾਈ ਵਿੱਚ ਆਪਣਾ ਯੋਗਦਾਨ ਪਾ ਸਕਣ।ਉਨ੍ਹਾਂ ਸਾਰਿਆਂ ਨੂੰ ਸਮਾਜ ਦੀ ਭਲਾਈ ਲਈ ਅੱਗੇ ਆ ਕੇ ਵਿਸ਼ੇਸ਼ ਯੋਗਦਾਨ ਦੇਣ ਦੀ ਅਪੀਲ ਕੀਤੀ।ਇਸ ਮੌਕੇ ਉਨ੍ਹਾਂ ਪਟਿਆਲਾ ਸੋਸ਼ਲ ਵੈੱਲਫੇਅਰ ਸੋਸਾਇਟੀ ਵੱਲੋਂ ਸਮਾਜ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਵੀ ਸ਼ਲਾਘਾ ਕੀਤੀ।ਅੰਤ ਵਿੱਚ ਸੁਸਾਇਟੀ ਮੈਂਬਰਾਂ ਵੱਲੋਂ ਸ੍ਰ. ਬਰਸਟ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮਨਜੀਤ ਸਿੰਘ ਨਾਰੰਗ ਆਈ.ਏ.ਐੱਸ. ਰਿਟ., ਵਿਜੇ ਕੁਮਾਰ ਗੋਇਲ ਪ੍ਰਧਾਨ ਪਟਿਆਲਾ ਸੋਸ਼ਲ ਵੈੱਲਫੇਅਰ ਸੋਸਾਇਟੀ, ਡਾ. ਪ੍ਰਸ਼ੋਤਮ ਗੋਇਲ ਜਨਰਲ ਸਕੱਤਰ, ਅਜੀਤ ਸਿੰਘ ਭੱਟੀ, ਹਰਬੰਸ ਬਾਂਸਲ, ਡਾ. ਅਨਿਲ ਗੋਇਲ, ਡਾ. ਰੀਨਾ ਗੋਇਲ, ਸੰਤੋਸ਼ ਸਿੰਗਲਾ, ਬਲਰਾਜ ਸ਼ਰਮਾ, ਡਾ. ਅਮ੍ਰਿਤ ਸਮਰਾ, ਪ੍ਰੋ. ਸੰਦੀਪ, ਡਾ. ਮਨਮੋਹਨ, ਤਰਸੇਮ ਮਿੱਤਲ ਸਮੇਤ ਹੋਰ ਲੋਕ ਵੀ ਮੌਜੂਦ ਰਹੇ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਯੂਨਿਟ ਦਾ ਗਠਨ, ਰਾਜੇਸ਼ ਲੀਹਲ ਪ੍ਰਧਾਨ ਨਿਯੁਕਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਭਾਰਤ ਵਿਕਾਸ ਪ੍ਰੀਸ਼ਦ ਪੱਛਮ ਪੰਜਾਬ ਦੀ ਮੀਟਿੰਗ ਮਾਛੀਵਾੜਾ ਸਾਹਿਬ ਵਿਖੇ ਹੋਈ, ਜਿਸ ਵਿੱਚ ਲੁਧਿਆਣਾ ਤੋਂ ਡਾ. ਰਾਜੇਂਦਰ ਪ੍ਰਸਾਦ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਵਿੱਚ ਮਾਛੀਵਾੜਾ ਵਿਖੇ ਭਾਰਤ ਵਿਕਾਸ ਪ੍ਰੀਸ਼ਦ ਦੀ ਨਵੀਂ ਯੂਨਿਟ ਦਾ ਗਠਨ ਕੀਤਾ ਗਿਆ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਡਾ. ਰਜਿੰਦਰ ਪ੍ਰਸਾਦ ਨੇ ਦੱਸਿਆ ਕਿ ਰਾਜੇਸ਼ ਲੀਹਲ ਨੂੰ ਯੂਨਿਟ ਦਾ ਪ੍ਰਧਾਨ, ਰਮੇਸ਼ ਸ਼ਰਮਾ ਸਕੱਤਰ ਤੇ ਮਦਨ ਸ਼ਰਮਾ ਨੂੰ ਖਜ਼ਾਨਚੀ ਨਿਯੁਕਤ ਕੀਤਾ। ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪੁੱਜੇ ਸੀਨੀਅਰ ਆਗੂ ਡਾ. ਸੰਦੀਪ ਸਿੰਘ ਨੇਗੀ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਲੋੜਵੰਦ ਸਮਾਜ ਦਾ ਪੱਧਰ ਉੱਚਾ ਚੁੱਕਣ ਲਈ ਸਮਰੱਥ ਲੋਕਾਂ ਨੂੰ ਅੱਗੇ ਆ ਕੇ ਸਮਾਜ ਦੀ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਜਗਮੋਹਨ, ਅਨਿਸ਼ ਗੁਪਤਾ, ਰਾਜਿੰਦਰ ਸਿੰਘ ਨੇਗੀ ਸ਼ਾਮਲ ਸਨ। ਮਾਛੀਵਾੜਾ ਯੂਨਿਟ ਦੇ ਪ੍ਰਧਾਨ ਰਾਜੇਸ਼ ਲੀਹਲ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਭਾਰਤ ਵਿਕਾਸ ਪ੍ਰੀਸ਼ਦ ਮਾਛੀਵਾੜਾ ਯੂਨਿਟ ਦੇ ਸਾਰੇ ਮੈਂਬਰ ਆਪਣਾ ਤਨ, ਮਨ, ਧਨ ਨਾਲ ਸਮਾਜ ਦੀ ਸੇਵਾ ਭਾਵਨਾ ਨਾਲ ਕੰਮ ਕਰਨਗੇ ਤੇ ਹਰ ਲੋੜਵੰਦਾਂ, ਅੰਗਹੀਣ (ਦਿਵਿਯਾਂਗ) ਲੋਕਾਂ ਦੀ ਮੱਦਦ ਨੂੰ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰਨਗੇ। ਇਸ ਮੌਕੇ ਉਪ ਪ੍ਰਧਾਨ (ਸੇਵਾ) ਜਸਵੀਰ ਸਿੰਘ ਅਲਬੇਲਾ, ਉਪ ਪ੍ਰਧਾਨ (ਵਾਤਾਵਰਣ) ਰਾਜ ਕੁਮਾਰ ਸੂਹੀ, ਉਪ ਪ੍ਰਧਾਨ (ਸੰਸਕਾਰ) ਅਸ਼ੋਕ ਮਨੋਚਾ, ਉਪ ਪ੍ਰਧਾਨ (ਸੰਪਰਕ) ਅਜੇ ਰਾਣਾ, ਖੇਡ ਸਕੱਤਰ ਜੀਤ ਰਾਮ ਫੁੱਟਬਾਲ ਕੋਚ, ਸੰਗਠਨ ਸਕੱਤਰ ਕੁਲਦੀਪ ਸਿੰਘ, ਸਰਵਣ ਸਿੰਘ, (ਧਾਰਮਿਕ ਸਮਾਗਮ) ਜਗਦੀਪ ਸਿੰਘ, ਰਣਵੀਰ ਸਿੰਘ ਰਾਹੀ, (ਸਲਾਹਕਾਰ ਬੋਰਡ) ਸੂਬੇਦਾਰ ਗੁਰਚਰਨ ਸਿੰਘ, ਡਾ. ਨਿਰਮਲ ਸਿੰਘ, ਮਨਧੀਰ ਠਾਕੁਰ ਆਦਿ ਅਹੁਦੇਦਾਰ ਹਾਜ਼ਰ ਸਨ।

## ਨਸ਼ੇ 'ਚ ਫਸੀ ਜਵਾਨੀ ਨੂੰ ਮੁੱਖ ਧਾਰਾ 'ਚ ਲਿਆਉਣਾ ਸਾਡਾ ਫ਼ਰਜ਼ : ਐੱਸ ਐੱਚ ਓ

### ਨਸ਼ੇੜੀਆਂ ਪ੍ਰਤੀ ਹਮਦਰਦੀ ਤੇ ਸਮਗਲਰਾਂ ਖਿਲਾਫ ਕਾਰਵਾਈ ਦੀ ਸ਼ਲਾਘਾ ਤੇ ਚਰਚਾ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਸਰਕਾਰ ਵੱਲੋਂ ਪੁਲਸ ਦੇ ਸਹਿਯੋਗ ਦੁਆਰਾ ਚਲਾਈ 'ਯੁੱਧ ਨਸ਼ਾ ਵਿਰੁੱਧ' ਮੁਹਿੰਮ ਤਹਿਤ ਮੋਗਾ ਜ਼ਿਲ੍ਹੇ ਵਿੱਚ ਜ਼ਿਲ੍ਹਾ ਪੁਲਸ ਮੁਖੀ ਅਜੇ ਗਾਂਧੀ ਆਈ ਪੀ ਐੱਸ ਦੇ ਦਿਸ਼ਾ ਨਿਰਦੇਸ਼ਾਂ ਤੇ ਡੀ ਐੱਸ ਪੀ ਅਨਵਰ ਅਲੀ ਦੀ ਰਹਿਨੁਮਾਈ ਹੇਠ ਪੁਲਸ ਥਾਣਾ ਨਿਹਾਲ ਸਿੰਘ ਵਾਲਾ ਵੱਲੋਂ ਇਲਾਕੇ ਵਿੱਚ ਪੂਰੀ ਮੁਸ਼ਤੈਦੀ ਨਾਲ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਆਰੰਭੀ ਹੋਈ ਹੈ।ਨਿਹਾਲ ਸਿੰਘ ਵਾਲਾ ਥਾਣਾ ਦੇ ਮੁਖੀ ਪੂਰਨ ਸਿੰਘ ਧਾਲੀਵਾਲ ਦੀ ਦੇਖ ਰੇਖ ਹੇਠ ਥਾਣਾ ਨਿਹਾਲ ਸਿੰਘ ਵਾਲਾ ਪੁਲਸ ਤੇ ਪੁਲਸ ਚੌਕੀ ਦੀਨਾ ਸਾਹਿਬ, ਬਿਲਾਸਪੁਰ ਦੀ ਪੁਲਸ ਪਾਰਟੀ ਵੱਲੋਂ ਯੁੱਧ ਨਸ਼ਾ ਵਿਰੁੱਧ ਤਹਿਤ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਉੱਪਰ ਪਰਚੇ ਵੀ ਦਰਜ ਕੀਤੇ ਜਾ ਰਹੇ ਹਨ।ਦੂਜੇ ਪਾਸੇ ਐੱਸ ਐੱਚ ਓ ਪੂਰਨ ਸਿੰਘ ਧਾਲੀਵਾਲ ਵੱਲੋਂ ਕੁੱਝ ਨਸ਼ਾ ਕਰਨ ਵਾਲੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚੋਂ ਬਾਹਰ ਲਿਆ ਕੇ ਜੇਲ੍ਹ, ਥਾਣੇ ਦੀ ਬਜਾਏ ਨਵੀਂ ਜ਼ਿੰਦਗੀ ਦਾ ਰਾਹ ਦਿਖਾਉਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਜ਼ਿਕਰਯੋਗ ਹੈ ਕਿ ਉਨ੍ਹਾਂ ਵੱਖ ਵੱਖ ਥਾਣਿਆਂ 'ਚ ਆਪਣੀ ਡਿਊਟੀ ਦੌਰਾਨ ਕਈ ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਹੈ।ਉਨ੍ਹਾਂ ਦੀ ਸਮਾਜ ਤੇ ਲੋਕ-ਪੱਖੀ ਸੋਚ ਕਾਰਨ ਜਨਤਾ ਵਿੱਚ ਉਨ੍ਹਾਂ ਦਾ ਚੰਗਾ ਸਤਿਕਾਰ ਤੇ ਰੁਤਬਾ ਬਣਿਆ ਹੋਇਆ ਹੈ।ਲੋਕ ਬੇਝਿਜਕ ਉਨ੍ਹਾਂ ਕੋਲ ਆਪਣੀ ਫ਼ਰਿਆਦ ਦੁੱਖ ਦਸਦੇ ਹਨ।ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਮਾਣੂੰਕੇ ਦੇ ਮੇਜਰ ਸਿੰਘ, ਗੁਰਪ੍ਰੀਤ ਸਿੰਘ, ਦੀਨਾ ਸਾਹਿਬ ਦੇ ਰਾਜਪਾਲ ਸਿੰਘ ਤੇ ਸਰਬਜੀਤ ਸਿੰਘ ਨੂੰ ਨਸ਼ਾ ਛੁਡਾਊ ਕੇਂਦਰ ਜਨੇਰ ਵਿਖੇ ਨਸ਼ਾ ਛੁਡਾਉਣ ਲਈ ਭਰਤੀ ਕਰਵਾਇਆ ਹੈ।ਇਸ ਦਿਆਨਤਦਾਰੀ ਭਰੀ ਕਾਰਵਾਈ ਦੀ ਸ਼ਲਾਘਾ ਤੇ ਚਰਚਾ ਹਰ ਪਾਸੇ ਕੀਤੀ ਜਾ ਰਹੀ ਹੈ। ਐੱਸ ਐੱਚ ਓ ਪੂਰਨ ਸਿੰਘ ਨੇ ਨੌਜਵਾਨਾਂ ਨੂੰ ਨਸ਼ਾ ਛੁਡਾਓ ਕੇਂਦਰ ਵਿੱਚ ਭੇਜਣ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਪੁਲਸ ਜਨਤਾ ਦੀ ਹਮਦਰਦ ਵੀ ਹੈ ਤੇ ਮਿੱਤਰ ਵੀ।ਸਮਾਜ ਵਿਰੋਧੀ ਤੇ ਭੈੜੇ ਅਨਸਰਾਂ ਖਿਲਾਫ਼ ਸਖ਼ਤੀ ਕਰਨੀ ਬਣਦੀ ਵੀ ਹੈ।ਅਸੀਂ ਚਾਹੁੰਦੇ ਹਾਂ ਕਿ ਸਾਡੀ ਜਵਾਨੀ ਕੁਰਾਹੇ ਨਾ ਪਵੇ। ਉਸ ਦੀ ਦੇਸ਼ ਨੂੰ ਲੋੜ ਹੈ।ਅੱਜ ਦੀ ਜਵਾਨੀ ਸਾਡੇ ਦੇਸ਼ ਦਾ ਭਵਿੱਖ ਹੈ, ਵਾਰਿਸ ਹੈ।ਉਨ੍ਹਾਂ ਕਿਹਾ ਕਿ ਜਿੱਥੇ ਪੁਲਸ ਵੱਲੋਂ ਨਸ਼ਿਆਂ ਦੀ ਸਪਲਾਈ ਬੰਦ ਕੀਤੀ ਜਾ ਰਹੀ ਹੈ, ਉੱਥੇ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਖਿਲਾਫ਼ ਸਖ਼ਤ ਕਾਰਵਾਈ ਵੀ ਕੀਤੀ ਜਾ ਰਹੀ ਹੈ।ਪੁਲਸ ਲੋਕਾਂ ਦੀ ਜਾਨ ਤੇ ਮਾਲ ਦੀ ਸੁਰੱਖਿਆ ਤੇ ਲਾਅ ਐਂਡ ਆਰਡਰ ਨੂੰ ਸਥਿਰ ਰੱਖਣ ਲਈ ਵਚਨਵੱਧ ਹੈ।ਅਸੀਂ ਆਪਣੀ ਡਿਊਟੀ ਤਨਦੇਹੀ ਅਤੇ ਦਲੇਰੀ ਤੇ ਹਿੰਮਤ ਨਾਲ ਨਿਭਾਅ ਰਹੇ ਹਾਂ ਤੇ ਨਸ਼ੇ ਦੀ ਦਲਦਲ ਵਿੱਚ ਫਸੀ ਜਵਾਨੀ ਨੂੰ ਮੁੱਖ ਧਾਰਾ ਵਿੱਚ ਲਿਆਉਣਾ ਸਾਡਾ ਫ਼ਰਜ਼ ਹੈ।ਐੱਸ ਐੱਚ ਓ ਪੂਰਨ ਸਿੰਘ ਨੇ ਕਿਹਾ ਕਿ ਚੜ੍ਹਦੀ ਜਵਾਨੀ ਤੇ ਨਸ਼ੇੜੀਆਂ ਨੂੰ ਸੁਧਰਨ ਦਾ ਮੌਕਾ ਵੀ ਦੇਣਾ ਚਾਹੀਦਾ ਹੈ।ਰੰਗਲਾ ਪੰਜਾਬ ਬਣਾਉਣ ਲਈ ਲੋਕਾਂ ਦਾ ਸਹਿਯੋਗ ਜ਼ਰੂਰੀ ਹੈ। ਲੋਕਾਂ ਦੇ ਸਹਿਯੋਗ ਨਾਲ ਹੀ ਅੱਤਵਾਦ 'ਤੇ ਕਾਬੂ ਪਾਇਆ ਗਿਆ ਸੀ ਤੇ ਹੁਣ ਲੋਕਾਂ ਦੇ ਸਹਿਯੋਗ ਨਾਲ ਹੀ ਨਸ਼ਿਆਂ ਦੀ ਦਲਦਲ 'ਚੋਂ ਜਵਾਨੀ ਨੂੰ ਬਚਾ ਸਕਾਂਗੇ।

## ਜਥੇਦਾਰ ਕੁਲਦੀਪ ਸਿੰਘ ਗੜਗੱਜ ਹਨੀ ਫੱਤਣਵਾਲਾ ਦੇ ਗ੍ਰਹਿ ਪੁੱਜੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸ਼੍ਰੀ ਮੁਕਤਸਰ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਦੇ ਗ੍ਰਹਿ ਵਿਖੇ ਪੁੱਜੇ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ, ਹਨੀ ਫੱਤਣਵਾਲਾ ਤੇ ਸ਼ੂਗਰ ਮਿੱਲ ਫਰੀਦਕੋਟ ਦੇ ਸਾਬਕਾ ਚੇਅਰਮੈਨ ਮਨਜੀਤ ਸਿੰਘ ਫੱਤਣਵਾਲਾ ਵੱਲੋਂ ਸਵਾਗਤ ਕੀਤਾ ਗਿਆ।

ਇਸ ਮੌਕੇ ਫੱਤਣਵਾਲਾ ਪਰਿਵਾਰ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸਿਰੋਪਾ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਉਹ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ 'ਤੇ 40 ਮੁਕਤਿਆਂ ਦੀ ਲਸਾਨੀ ਸ਼ਹਾਦਤ ਨੂੰ ਪ੍ਰਣਾਮ ਕਰਨ ਲਈ ਆਏ ਹਨ।ਉਨ੍ਹਾਂ ਕਿਹਾ ਕਿ ਦੁਨੀਆ ਭਰ ਦੀਆਂ ਗੁਰੂ ਨਾਨਕ ਨਾਮ ਲੇਵਾ, ਪੰਜ ਪਿਆਰਿਆਂ, ਚਾਰ ਸਾਹਿਬਜ਼ਾਦਿਆਂ ਤੋਂ ਬਾਅਦ ਅਰਦਾਸ ਵਿੱਚ 40 ਮੁਕਤਿਆਂ ਦੀ ਯਾਦ ਵਿੱਚ ਜੁੜਦੇ ਹਨ।ਇਹ ਧਰਤੀ ਬਹੁਤ ਮੁਬਾਰਕ ਹੈ ਤੇ ਦੁਨੀਆ ਦੇ ਕਿਸੇ ਵੀ ਹਿੱਸੇ ਵਿੱਚ ਰਹਿਣ ਵਾਲਾ ਸਿੱਖ ਸਿਜਦਾ ਕਰਦਾ ਹੈ।ਉਨ੍ਹਾਂ ਕਿਹਾ ਕਿ ਖਿਦਰਾਣੇ ਦੀ ਢਾਬ 'ਤੇ ਮਾਝੇ ਦੇ 40 ਸਿੰਘ ਸੱਚੇ ਪਾਤਸ਼ਾਹ ਦੀ ਭਾਲ ਵਿੱਚ ਏਥੇ ਪੁੱਜੇ ਅਤੇ ਜ਼ੁਲਮ ਖਿਲਾਫ ਹੋਈ ਜੰਗ ਵਿੱਚ ਸ਼ਹੀਦੀਆਂ ਪ੍ਰਾਪਤ ਕੀਤੀਆਂ, ਜਿਸ ਤੋਂ ਬਾਅਦ ਗੁਰੂ ਸਾਹਿਬਾਨ ਨੇ ਇਨ੍ਹਾਂ ਨੂੰ ਮੁਕਤਿਆਂ ਦਾ ਖਿਤਾਬ ਦਿੱਤਾ।ਉਨ੍ਹਾ ਕਿਹਾ ਕਿ ਕਿਸੇ ਵੀ ਕਾਰਨ ਅਸੀਂ ਗੁਰੂ ਤੋਂ ਦੂਰ ਹੋਏ ਹਾਂ ਤਾਂ ਸਾਨੂੰ ਗੁਰੂ ਦੀ ਸ਼ਰਨ ਵਿੱਚ ਆਉਣਾ ਚਾਹੀਦਾ ਹੈ।ਇਸ ਮੌਕੇ ਰੋਜ਼ੀ ਬਰਕੰਦੀ ਤੇ ਹਨੀ ਫੱਤਣਵਾਲਾ ਨੂੰ ਵੀ ਸਿਰੋਪਾ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਪਰਿਵਾਰ ਵੱਲੋਂ ਸਾਬਕਾ ਵਿਧਾਇਕ ਹਰਚੰਦ ਸਿੰਘ ਫੱਤਣਵਾਲਾ ਤੇ ਗੁਰਰਾਜ ਸਿੰਘ ਫੱਤਣਵਾਲਾ ਦੀਆਂ ਯਾਦਾਂ ਨੂੰ ਵੀ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਸਾਂਝਾ ਕੀਤਾ ਗਿਆ।

ਇਸ ਮੌਕੇ ਵਿਜੈ ਸਿੰਘ, ਜਸਬੀਰ ਸਿੰਘ, ਗੁਰਬੀਰ ਸਿੰਘ ਔਲਖ, ਰਾਮ ਸਿੰਘ ਪੱਪੀ ਸਾਬਕਾ ਕੌਂਸਲਰ, ਇਕਬਾਲ ਸਿੰਘ ਸੰਗੂਧੌਣ, ਸੰਜੀਵ ਧੂੜੀਆ ਕੌਂਸਲਰ, ਬੱਬੀ ਮੱਤਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੰਥਿਕ ਆਗੂ ਹਾਜ਼ਰ ਸਨ।

## ਮੋਹੀ ਭੀਖੀ ਦਾ ਕਾਵਿ ਸੰਗ੍ਰਹਿ 'ਧੁਖਦੀਆਂ ਰੂਹਾਂ' ਲੋਕ ਅਰਪਣ



**ਭੀਖੀ (ਗੁਰਿੰਦਰ ਸਿੰਘ ਔਲਖ)**-ਨਵਯੁਗ ਸਾਹਿਤ ਕਲਾ ਮੰਚ ਭੀਖੀ ਵੱਲੋਂ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ ਵਿਖੇ ਮੋਹੀ ਭੀਖੀ ਦਾ ਪਲੇਠਾ ਕਾਵਿ ਸੰਗ੍ਰਹਿ 'ਧੁਖਦੀਆਂ ਰੂਹਾਂ' ਲੋਕ ਅਰਪਣ ਕੀਤਾ ਗਿਆ।ਮੰਚ ਦੇ ਪ੍ਰਧਾਨ ਕਹਾਣੀਕਾਰ ਭੁਪਿੰਦਰ ਫ਼ੌਜੀ ਤੇ ਸਕੱਤਰ ਐੱਸ. ਅਮਰੀਕ ਭੀਖੀ ਨੇ ਕਿਹਾ ਕਿ ਨੌਜਵਾਨ ਸ਼ਾਇਰ ਮੋਹੀ ਭੀਖੀ ਦਾ ਇਹ ਪਲੇਠਾ ਸੰਗ੍ਰਹਿ ਹੈ, ਜੋ ਲੇਖਕ ਦੇ ਅੰਦਰ ਪਣਪਦੇ ਬਲਬਲਿਆਂ ਨੂੰ ਕਿਤਾਬੀ ਰੂਪ ਦਿੱਤਾ ਗਿਆ ਹੈ।ਮੋਹੀ ਦੇ ਅੰਦਰ ਬਹੁਤ ਕੁੱਝ ਹੈ, ਜੋ ਅੰਗੜਾਈ ਲੈ ਰਿਹਾ ਹੈ ਜੋ ਕਵਿਤਾਵਾਂ ਦੇ ਰੂਪ ਵਿੱਚ ਬਾਹਰ ਨਿਕਲ ਰਿਹਾ ਹੈ।ਭਵਿੱਖ ਵਿੱਚ ਮੋਹੀ ਤੋਂ ਚੰਗੀਆਂ ਕਵਿਤਾਵਾਂ ਦੀ ਆਸ ਕੀਤੀ ਜਾ ਸਕਦੀ ਹੈ।ਮੰਚ ਇਸ ਕਿਤਾਬ ਲਈ ਉਸ ਨੂੰ ਵਧਾਈ ਦਿੰਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਲਾਜਪੱਤ ਰਿਸ਼ੀ, ਇੰਜ. ਲੱਖਾ ਸਿੰਘ, ਅਵਤਾਰ ਡਿਜੀਟਲ, ਰਾਮ ਅਕਲੀਆ, ਜਸਬੀਰ ਪੇਂਟਰ, ਸ਼ਾਇਰ ਹਰਵਿੰਦਰ ਭੀਖੀ, ਬਿੰਦੂ ਆਰਟਿਸਟ, ਜਸਬੀਰ ਸੀਰਾ, ਮਨਪ੍ਰੀਤ ਮਿੱਤਲ, ਗੌਰਵ ਗਰਗ, ਮਨੀ ਰੁਪਾਲ ਆਦਿ ਹਾਜ਼ਰ ਸਨ।

## ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਜ਼ੀਰਾ ਪੁਲਸ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਇਕ ਵਿਅਕਤੀ ਨੂੰ 115 ਖੁੱਲ੍ਹੀਆਂ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ।

ਜਾਣਕਾਰੀ ਦਿੰਦੇ ਹੋਏ ਐੱਸ ਆਈ/ਐੱਸ ਐੱਚ ਓ ਬਲਜਿੰਦਰ ਸਿੰਘ ਨੇ ਦੱਸਿਆ ਕਿ ਗੁਪਤ ਸੂਚਨਾ ਦੇ ਆਧਾਰ 'ਤੇ ਇਕ ਵਿਅਕਤੀ ਗੁਰਪ੍ਰੀਤ ਸਿੰਘ ਉਰਫ ਕਰਮਜੀਤ ਸਿੰਘ ਉਰਫ ਕਰਮਾ ਚੌਲ ਪੁੱਤਰ ਕੇਵਲ ਸਿੰਘ ਵਾਸੀ ਸਮਾਧੀ ਮੁਹੱਲਾ ਜ਼ੀਰਾ ਪਾਸੋਂ 115 ਖੁੱਲ੍ਹੀਆਂ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਲੋਕ-ਪੱਖੀ ਸੇਵਾਵਾਂ ਬਦਲੇ ਬੈਂਕ ਮੈਨੇਜਰ ਰੰਧਾਵਾ ਦਾ ਸਨਮਾਨ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸਥਾਨਕ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਵੱਲੋਂ ਸਥਾਨਕ ਆਈ.ਡੀ.ਬੀ.ਆਈ. ਬੈਂਕ ਵਿਖੇ ਬਤੌਰ ਮੈਨੇਜਰ ਸੇਵਾਵਾਂ ਨਿਭਾ ਚੁੱਕੇ ਗੁਰਬੀਰ ਸਿੰਘ ਰੰਧਾਵਾ ਦਾ ਬੀਡੀਪੀਓ ਧੂਰੀ ਲੈਫ. ਕਰਨਲ ਜਸਵਿੰਦਰ ਸਿੰਘ ਬੱਗਾ ਵੱਲੋਂ ਸਨਮਾਨ ਕੀਤਾ ਗਿਆ। ਦੱਸਣਯੋਗ ਹੈ ਕਿ ਸ੍ਰੀ ਰੰਧਾਵਾ ਨੇ ਧੂਰੀ ਬਰਾਂਚ ਵਿਖੇ ਬਤੌਰ ਮੈਨੇਜਰ ਸੇਵਾਵਾਂ ਨਿਭਾਉਂਦਿਆਂ ਜਿੱਥੇ ਬੈਂਕ ਦੇ ਗਾਹਕਾਂ ਨੂੰ ਖੱਜਲ ਖੁਆਰੀ ਰਹਿਤ ਵਧੀਆ ਸੇਵਾਵਾਂ ਦਿੱਤੀਆਂ, ਉਥੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਗਜੀਤ ਸਿੰਘ ਰੰਧਾਵਾ ਮੀਮਸਾ, ਕੁਲਵਿੰਦਰ ਸਿੰਘ ਰੰਧਾਵਾ, ਹਰਪ੍ਰੀਤ ਸਿੰਘ ਪਟਵਾਰੀ, ਜਸਵੀਰ ਸਿੰਘ, ਰਣਜੀਤ ਸਿੰਘ ਆਦਿ ਹਾਜ਼ਰ ਸਨ।

## ਜ਼ਿਲ੍ਹਾ ਪ੍ਰੈੱਸ ਕਲੱਬ ਵੱਲੋਂ ਪ੍ਰੈੱਸ ਆਜ਼ਾਦੀ ਦਿਵਸ 'ਤੇ ਸੈਮੀਨਾਰ

### ਪ੍ਰਸ਼ਾਸਨ ਤੇ ਸਮਾਜ ਨੂੰ ਸ਼ੀਸ਼ਾ ਦਿਖਾਉਣ 'ਚ ਪ੍ਰੈੱਸ ਦੀ ਅਹਿਮ ਭੂਮਿਕਾ : ਸਿਵਲ ਸਰਜਨ ■ ਨਿੱਡਰ ਪੱਤਰਕਾਰੀ ਰਾਹੀਂ ਹੀ ਮਨੁੱਖੀ ਅਧਿਕਾਰਾਂ ਦੀ ਰਾਖੀ ਸੰਭਵ : ਧਾਲੀਵਾਲ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**
ਜ਼ਿਲ੍ਹਾ ਪ੍ਰੈੱਸ ਕਲੱਬ (ਪ੍ਰਿੰਟ ਮੀਡੀਆ) ਵੱਲੋਂ ਸਥਾਨਕ ਬਾਬਾ ਬੰਦਾ ਬਹਾਦਰ ਕਾਲਜ ਆਫ ਨਰਸਿੰਗ ਵਿਖੇ ਪ੍ਰੈੱਸ ਆਜ਼ਾਦੀ ਦਿਵਸ ਮੌਕੇ ਇੱਕ ਸੈਮੀਨਾਰ ਕੀਤਾ ਗਿਆ।ਇਸ ਸੈਮੀਨਾਰ 'ਚ ਮੁੱਖ ਬੁਲਾਰੇ ਵਜੋਂ ਯੂਸੀਪੀਆਈ ਦੇ ਸਾਬਕਾ ਕੌਮੀ ਪ੍ਰਧਾਨ ਸੁੱਖ ਇੰਦਰ ਸਿੰਘ ਧਾਲੀਵਾਲ, ਮੁੱਖ ਮਹਿਮਾਨ ਡੀਐੱਸਪੀ ਹੈੱਡਕੁਆਰਟਰ ਸ਼ਮਸ਼ੇਰ ਸਿੰਘ ਸ਼ੇਰਗਿੱਲ ਤੇ ਵਿਸ਼ੇਸ਼ ਮਹਿਮਾਨ ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਤੇ ਬਾਬਾ ਬੰਦਾ ਬਹਾਦਰ ਕਾਲਜ ਆਫ ਨਰਸਿੰਗ ਦੇ ਚੇਅਰਮੈਨ ਪੁਨੀਤ ਇੰਦਰ ਬਾਵਾ ਨੇ ਸ਼ਿਰਕਤ ਕੀਤੀ, ਜਦਕਿ ਸੈਮੀਨਾਰ ਦੀ ਪ੍ਰਧਾਨਗੀ ਕਲੱਬ ਦੇ ਪ੍ਰਧਾਨ ਅਮਿਤ ਸ਼ਰਮਾ ਤੇ ਚੇਅਰਮੈਨ ਜਸਵੰਤ ਸਿੰਘ ਪੁਰਬਾ ਵੱਲੋਂ ਬਾਖੂਬੀ ਨਿਭਾਈ ਗਈ ਅਤੇ ਸਟੇਜ ਸਕੱਤਰ ਦੀ ਭੂਮਿਕਾ ਬਾਬਾ ਬੰਦਾ ਬਹਾਦਰ ਕਾਲਜ ਆਫ ਨਰਸਿੰਗ ਦੀ ਵਿਦਿਆਰਥਣ ਸ਼ਿਵਾਨੀ ਦੁਆਰਾ ਬਾਖੂਬੀ ਨਿਭਾਈ ਗਈ।

ਸੈਮੀਨਾਰ ਦੀ ਸ਼ੁਰੂਆਤ ਕਲੱਬ ਦੇ ਚੇਅਰਮੈਨ ਜਸਵੰਤ ਸਿੰਘ ਪੁਰਬਾ ਦੁਆਰਾ ਆਏ ਹੋਏ ਮਹਿਮਾਨਾਂ ਨੂੰ 'ਜੀ ਆਇਆਂ ਨੂੰ' ਕਿਹਾ ਗਿਆ।ਉਪਰੰਤ ਕਲੱਬ ਦੇ ਪ੍ਰਧਾਨ ਅਮਿਤ ਸ਼ਰਮਾ ਨੇ ਪ੍ਰੈੱਸ ਆਜ਼ਾਦੀ ਦਿਵਸ ਬਾਰੇ ਦੱਸਿਆ ਕਿ ਅੱਜ ਦਾ ਦਿਨ ਸਾਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋਣਾ ਸਿਖਾਉਂਦਾ ਹੈ, ਕਿਉਂਕਿ ਜੇਕਰ ਪ੍ਰੈੱਸ ਆਜ਼ਾਦ ਰਹੇਗੀ, ਤਾਂ ਇਹ ਆਮ ਲੋਕਾਂ ਦੇ ਮਸਲੇ ਉਠਾਉਂਦੀ ਰਹੇਗੀ ਤੇ ਸਰਕਾਰਾਂ ਅਤੇ ਪ੍ਰਸ਼ਾਸਨ ਦੁਆਰਾ ਉਨ੍ਹਾਂ ਦਾ ਹੱਲ ਹੁੰਦਾ ਰਹੇਗਾ, ਪਰ ਅਫਸੋਸ ਅਖ਼ਬਾਰਾਂ ਦੀ ਆਜ਼ਾਦੀ ਤੇ ਬੀਤੇ ਕਈ ਸਾਲਾਂ ਤੋਂ ਗ੍ਰਹਿਣ ਲਗਦਾ ਦਿਖਾਈ ਦੇ ਰਿਹਾ ਹੈ।

ਇਸ ਦੌਰਾਨ ਪੱਤਰਕਾਰ ਸੂਰਜ ਪ੍ਰਕਾਸ਼ ਚੌਧਰੀ ਨੇ ਸਬੰਧਤ ਵਿਸ਼ੇ 'ਤੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਪ੍ਰੈੱਸ ਲੋਕਾਂ, ਸਰਕਾਰਾਂ ਤੇ ਪ੍ਰਸ਼ਾਸਨ ਤੱਕ ਆਪਣੇ ਵਿਚਾਰ ਪਹੁੰਚਾਉਣ ਦਾ ਇੱਕ ਸ਼ਕਤੀਸ਼ਾਲੀ ਮਾਧਿਅਮ ਹੈ।ਪ੍ਰਿੰਟ ਮੀਡੀਆ ਦੁਆਰਾ ਸਾਨੂੰ ਨਵੀ ਦਿਸ਼ਾ ਮਿਲਦੀ ਹੈ।ਇਸ ਨੂੰ ਆਜ਼ਾਦ ਰੱਖਣ ਦੀ ਕੋਸ਼ਿਸ਼ ਕਰਦੇ ਹੋਏ ਇਸ ਦੀ ਚੰਗੀ ਵਰਤੋਂ ਕਰਨੀ ਚਾਹੀਦੀ ਹੈ।ਮੁੱਖ ਬੁਲਾਰੇ ਸੁੱਖ ਇੰਦਰ ਸਿੰਘ ਧਾਲੀਵਾਲ ਨੇ ਕਲੱਬ ਵੱਲੋਂ ਪ੍ਰੈੱਸ ਆਜ਼ਾਦੀ ਦਿਵਸ ਨੂੰ ਮਨਾਉਣ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਨਿੱਡਰ ਪੱਤਰਕਾਰਤਾ ਦੁਆਰਾ ਹੀ ਮਨੁੱਖੀ ਅਧਿਕਾਰਾਂ ਦੀ ਰਾਖੀ ਸੰਭਵ ਹੈ, ਮਹੱਤਵਪੂਰਨ ਇਹ ਹੈ ਕਿ ਲੋਕਤੰਤਰ 'ਚ ਬਹੁਤ ਸਾਰੀਆਂ ਤਾਕਤਾਂ ਪ੍ਰੈੱਸ 'ਤੇ ਕਬਜ਼ਾ ਕਰਨਾ ਚਾਹੁੰਦੀਆਂ ਹਨ, ਪਰ ਜੇਕਰ ਅਜਿਹਾ ਹੁੰਦਾ ਹੈ ਤਾਂ ਆਮ ਲੋਕਾਂ ਦੀ ਆਵਾਜ਼ ਬੁਲੰਦ ਕਰਨ ਦਾ ਸਭ ਤੋਂ ਵੱਡਾ ਸਾਧਨ ਬੰਦ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਪੱਤਰਕਾਰਾਂ ਦੁਆਰਾ ਹਰ ਇਕ ਖੇਤਰ 'ਚ ਵੱਖ-ਵੱਖ ਮੁੱਦੇ ਉਠਾਏ ਜਾਂਦੇ ਰਹੇ ਹਨ ਤੇ ਲੋਕਾਂ ਨੂੰ ਇਨਸਾਫ਼ ਦਿਵਾਉਣ ਦੀ ਕੋਸ਼ਿਸ਼ ਵੀ ਕਰਦੇ ਰਹੇ ਹਨ, ਉੱਥੇ ਆਮ ਲੋਕਾਂ ਦਾ ਵੀ ਫਰਜ਼ ਬਣਦਾ ਹੈ ਕਿ ਉਹ ਉਨ੍ਹਾਂ ਦਾ ਸਮਰਥਨ ਕਰਨ। ਵਿਸ਼ੇਸ਼ ਮਹਿਮਾਨ ਸਿਵਲ ਸਰਜਨ ਫਰੀਦਕੋਟ ਡਾ. ਚੰਦਰਸ਼ੇਖਰ ਕੱਕੜ ਨੇ ਪੱਤਰਕਾਰਾਂ ਨਾਲ ਆਪਣੇ ਤਜ਼ਰਬੇ ਸਾਂਝੇ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਤੇ ਸਮਾਜ ਨੂੰ ਸ਼ੀਸ਼ਾ ਦਿਖਾਉਣ 'ਚ ਪ੍ਰੈੱਸ ਬਹੁਤ ਵਧੀਆ ਭੂਮਿਕਾ ਨਿਭਾ ਰਹੀ ਹੈ, ਸਾਨੂੰ ਸਿਰਫ਼ ਖ਼ਬਰਾਂ ਹੀ ਨਹੀਂ ਪੜ੍ਹਨੀਆਂ ਚਾਹੀਦੀਆਂ, ਸਗੋਂ ਉਨ੍ਹਾਂ ਦੀ ਸਮੀਖਿਆ ਵੀ ਕਰਨੀ ਚਾਹੀਦੀ ਹੈ।ਸਾਨੂੰ ਸੱਚੀਆਂ ਤੇ ਝੂਠੀਆਂ ਖ਼ਬਰਾਂ ਵਿੱਚ ਫ਼ਰਕ ਜਾਣਨਾ ਚਾਹੀਦਾ ਹੈ, ਤਾਂ ਜੋ ਅਸੀਂ ਇਹ ਫੈਸਲਾ ਕਰ ਸਕੀਏ ਕਿ ਸਾਨੂੰ ਜੋ ਸਿਖਾਇਆ ਜਾ ਰਿਹਾ ਹੈ, ਉਹ ਸਹੀ ਹੈ ਜਾਂ ਨਹੀਂ।ਮੁੱਖ ਮਹਿਮਾਨ ਡੀਐੱਸਪੀ ਸ਼ਮਸ਼ੇਰ ਸਿੰਘ ਸ਼ੇਰਗਿੱਲ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਜ਼ਿਲ੍ਹਾ ਫਰੀਦਕੋਟ ਇੱਕ ਮਹੱਤਵਪੂਰਨ ਜ਼ਿਲ੍ਹਾ ਹੈ, ਜਿਸ ਵਿੱਚ ਪ੍ਰੈੱਸ ਦੀ ਜ਼ਿੰਮੇਵਾਰੀ ਆਪਣੀ ਡਿਊਟੀ ਗੰਭੀਰਤਾ ਨਾਲ ਨਿਭਾਉਣ ਦੀ ਹੈ, ਪ੍ਰੈੱਸ ਸਾਡੇ ਲੋਕਤੰਤਰ ਦਾ ਚੌਥਾ ਥੰਮ੍ਹ ਹੈ।ਪੱਤਰਕਾਰ ਆਮ ਲੋਕਾਂ, ਸਰਕਾਰਾਂ, ਪੁਲਸ ਤੇ ਪ੍ਰਸ਼ਾਸਨ ਵਿਚਕਾਰ ਇੱਕ ਪੁਲ ਦਾ ਕੰਮ ਕਰਦਾ ਹੈ, ਜਿੱਥੇ ਉਹ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਸ਼ਾਸਨ ਕੋਲ ਲੈ ਕੇ ਜਾਂਦੇ ਹਨ, ਉੱਥੇ ਉਹ ਸਰਕਾਰ ਤੇ ਪ੍ਰਸ਼ਾਸਨ ਦਾ ਸੰਦੇਸ਼ ਵੀ ਲੋਕਾਂ ਤੱਕ ਪਹੁੰਚਾਉਂਦੇ ਹਨ।ਉਨ੍ਹਾਂ ਕਿਹਾ ਕਿ ਪ੍ਰੈੱਸ ਦੀ ਸਾਡੇ ਸਮਾਜ ਵਿੱਚ ਮਹੱਤਵਪੂਰਨ ਭੂਮਿਕਾ ਹੈ।ਉਨ੍ਹਾਂ ਨੇ ਮੌਜੂਦ ਵਿਦਿਆਰਥੀਆਂ ਨੂੰ ਕਿਹਾ ਕਿ ਸਾਨੂੰ ਅਖ਼ਬਾਰ ਤੋਂ ਬਹੁਤ ਕੁਝ ਸਿੱਖਣ ਨੂੰ ਮਿਲਦਾ ਹੈ ਤੇ ਹਰ ਤਰ੍ਹਾਂ ਦੀ ਜਾਣਕਾਰੀ ਮਿਲਦੀ ਹੈ।ਇਸ ਲਈ, ਜੇਕਰ ਅਸੀਂ ਕਿਸੇ ਵੀ ਖੇਤਰ ਵਿੱਚ ਸਫਲ ਹੋਣਾ ਚਾਹੁੰਦੇ ਹਾਂ ਤਾਂ ਸਾਨੂੰ ਅਖ਼ਬਾਰ ਪੜ੍ਹਨੇ ਚਾਹੀਦੇ ਹਨ।ਇਸ ਦੌਰਾਨ ਕਾਲਜ ਵਿੱਖੇ ਪ੍ਰੈੱਸ ਆਜ਼ਾਦੀ ਦਿਵਸ 'ਤੇ ਕਰਵਾਏ ਗਏ ਪੋਸਟਰ ਮੁਕਾਬਲੇ 'ਚ ਬਾਬਾ ਬੰਦਾ ਬਹਾਦਰ ਕਾਲਜ ਆਫ ਨਰਸਿੰਗ ਦੀਆਂ ਵਿਦਿਆਰਥਣਾਂ 'ਚੋਂ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਕਲੱਬ ਵੱਲੋਂ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਵੀ ਭੇਟ ਕੀਤੇ ਗਏ।ਅੰਤ ਵਿੱਚ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਦੀਪ ਚਾਵਲਾ ਨੇ ਸਾਰਿਆਂ ਦਾ ਧੰਨਵਾਦ ਕੀਤਾ।

## ਸ਼ਾਂਤੀ ਵਿੱਦਿਆ ਸਕੂਲ ਵਿਖੇ 9ਵੀਂ ਜ਼ਿਲ੍ਹਾ ਵੁਸ਼ੂ ਚੈਂਪੀਅਨਸ਼ਿਪ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-9ਵੀਂ ਜ਼ਿਲ੍ਹਾ ਫਿਰੋਜ਼ਪੁਰ ਵੁਸ਼ੂ ਸਬ ਜੂਨੀਅਰ, ਜੂਨੀਅਰ, ਸੀਨੀਅਰ ਚੈਂਪੀਅਨਸ਼ਿਪ 2025 ਜ਼ਿਲ੍ਹਾ ਐਮੇਚਿਓਰ ਵੁਸ਼ੂ ਐਸੋਸੀਏਸ਼ਨ ਫਿਰੋਜ਼ਪੁਰ ਵੱਲੋਂ ਸ਼ਾਂਤੀ ਵਿੱਦਿਆ ਮੰਦਰ ਸਕੂਲ, ਫਿਰੋਜ਼ਪੁਰ ਵਿਖੇ ਕੀਤੀ ਗਈ, ਜਿਸ ਵਿੱਚ ਫਿਰੋਜ਼ਪੁਰ ਦੇ 15 ਸਕੂਲਾਂ ਤੇ ਕਲੱਬਾਂ ਦੇ 80 ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ ਤੇ ਸ਼ਾਂਤੀ ਵਿੱਦਿਆ ਮੰਦਰ ਸਕੂਲ ਨੇ ਪਹਿਲਾ ਸਥਾਨ ਤੇ ਕੇ-10 ਮਾਰਸ਼ਲ ਆਰਟਸ ਐਂਡ ਫਿਟਨੈੱਸ ਕਲੱਬ ਨੇ ਦੂਜਾ ਸਥਾਨ ਤੇ ਸ਼ਕਤੀ ਬਾਕਸਿੰਗ ਕਲੱਬ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਟੂਰਨਾਮੈਂਟ ਦਾ ਉਦਘਾਟਨ ਡਾਇਰੈਕਟਰ ਐੱਸ.ਵੀ.ਐੱਮ. ਸਕੂਲ ਮੋਹਿਤ ਗਰਗ ਨੇ ਕੀਤਾ ਤੇ ਸਮਾਪਤੀ ਸਮਾਰੋਹ ਅਸ਼ੋਕ ਬਹਿਲ ਰੈੱਡ ਕਰਾਸ ਸਕੱਤਰ ਫਿਰੋਜ਼ਪੁਰ, ਸੁਨੀਲ ਸ਼ਰਮਾ (ਸੇਵਾਮੁਕਤ ਡਿਪਟੀ ਸਪੋਰਟਸ ਪੰਜਾਬ, ਡਾ. ਸਤਿੰਦਰ ਸਿੰਘ (ਨੈਸ਼ਨਲ ਐਵਾਰਡੀ), ਕੋਆਰਡੀਨੇਟਰ ਅਸ਼ੋਕ ਸ਼ਰਮਾ ਨੇ ਕੀਤਾ। ਇਸ ਮੌਕੇ ਜਨਰਲ ਸਕੱਤਰ ਕ੍ਰਿਸ਼ਨ ਕੁਮਾਰ, ਕੈਸ਼ੀਅਰ ਗੁਰਵੀਰ ਸਿੰਘ, ਸਲਾਹਕਾਰ ਅਵਤਾਰ ਸਿੰਘ, ਕੋਚ ਪਾਰੁਲ ਮਹਿਤਾ, ਕੋਚ ਦੀਪੂ ਗਿੱਲ, ਕੋਚ ਵਿਸ਼ਾਲ ਕੰਬੋਜ, ਕੋਚ ਸ਼ਿਵਮ, ਕੋਚ ਜਸ਼ਨ ਦੀਪ ਸਿੰਘ, ਕੋਚ ਰਾਹੁਲ, ਕੋਚ ਸਾਹਿਲ, ਕੋਚ ਗੁਰਸਾਹਿਬ ਸਿੰਘ, ਕੋਚ ਬਲਵੀਰ ਮੌਜੂਦ ਸਨ।

## ਲੁਟੇਰਿਆਂ ਨਾਲ ਮੁਕਾਬਲੇ 'ਚ ਦੋ ਲੁਟੇਰੇ ਤੇ ਏ ਐੱਸ ਆਈ ਫੱਟੜ

**ਬਠਿੰਡਾ (ਬਖਤੌਰ ਢਿੱਲੋਂ)**-ਬਠਿੰਡਾ ਨਹਿਰ ਦੇ ਕੋਲ ਲੁਟੇਰਿਆਂ ਤੇ ਪੁਲਸ ਦਰਮਿਆਨ ਹੋਏ ਮੁਕਾਬਲੇ ਵਿੱਚ ਦੋ ਲੁਟੇਰੇ ਤੇ ਇੱਕ ਏ ਐੱਸ ਆਈ ਫੱਟੜ ਹੋ ਗਏ। ਤਿੰਨਾਂ ਜ਼ਖਮੀਆਂ ਨੂੰ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਲੁਟੇਰਿਆਂ ਦੀ ਆਪਣੇ ਇੱਕ ਦੋਸਤ ਰੋਹਿਤ ਦੇ ਪਰਸਰਾਮ ਸਥਿਤ ਘਰ ਵਿੱਚ ਲੁਕੇ ਹੋਣ ਦੀ ਸੂਚਨਾ ਮਿਲਣ 'ਤੇ ਥਾਣਾ ਸੀ ਆਈ ਏ ਅਤੇ ਥਾਣਾ ਕੈਂਟ ਦੀ ਇੱਕ ਪਾਰਟੀ ਨੇ ਛਾਪਾ ਮਾਰਿਆ ਤਾਂ ਉੱਥੇ ਲੁਕੇ ਲੁਟੇਰੇ ਅਮਰਜੀਤ ਸਿੰਘ ਵਾਸੀ ਕੋਠੇ ਅਮਰਪੁਰਾ ਬਠਿੰਡਾ ਨੇ ਰਿਵਾਲਵਰ ਨਾਲ ਪੁਲਸ ਪਾਰਟੀ 'ਤੇ ਫਾਇਰ ਕੀਤਾ, ਜਿਸ ਨਾਲ ਏ ਐੱਸ ਆਈ ਸੁਖਪ੍ਰੀਤ ਸਿੰਘ ਲੱਤ ਵਿੱਚ ਗੋਲੀ ਲੱਗਣ ਸਦਕਾ ਫੱਟੜ ਹੋ ਗਿਆ ਅਤੇ ਦੋਸ਼ੀ ਭੱਜਣ ਵਿੱਚ ਸਫ਼ਲ ਹੋ ਗਏ। ਇਸ ਉਪਰੰਤ ਜ਼ਿਲ੍ਹਾ ਭਰ ਵਿੱਚ ਪੁਲਸ ਨੂੰ ਚੌਕਸ ਕਰਕੇ ਕਥਿਤ ਲੁਟੇਰਿਆਂ ਦੀ ਭਾਲ ਸ਼ੁਰੂ ਕੀਤੀ ਗਈ। ਦੇਰ ਰਾਤ ਨਹਿਰ ਦੇ ਨਜ਼ਦੀਕ ਉਨ੍ਹਾਂ ਦਾ ਪਤਾ ਲੱਗਣ 'ਤੇ ਜਦ ਘੇਰਾ ਪਾਇਆ ਤਾਂ ਅਮਰਜੀਤ ਸਿੰਘ ਨੇ ਮੁੜ ਪੁਲਸ ਪਾਰਟੀ 'ਤੇ ਰਿਵਾਲਵਰ ਨਾਲ ਗੋਲੀਆਂ ਚਲਾਈਆਂ। ਦੂਜੇ ਪਾਸਿਓਂ ਪੁਲਸ ਵੱਲੋਂ ਚਲਾਈਆਂ ਗੋਲੀਆਂ ਨਾਲ ਅਮਰਜੀਤ ਸਿੰਘ ਤੇ ਰਾਜੀਵ ਵਾਸੀ ਗੁਰੂ ਗੋਬਿੰਦ ਸਿੰਘ ਨਗਰ ਬਠਿੰਡਾ ਲੱਤਾਂ ਵਿੱਚ ਗੋਲੀਆਂ ਲੱਗਣ ਨਾਲ ਫੱਟੜ ਹੋ ਗਏ। ਜ਼ਿਲ੍ਹਾ ਪੁਲਸ ਮੁਖੀ ਸ੍ਰੀਮਤੀ ਅਵਨੀਤ ਕੌਂਡਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 2 ਮਈ ਨੂੰ ਰਿਲਾਇੰਸ ਮਾਲ ਦੇ ਨਜ਼ਦੀਕ ਦੋ ਲੁਟੇਰਿਆਂ ਨੇ ਪਿਸਤੌਲ ਦੀ ਨੋਕ 'ਤੇ ਇੱਕ ਵਾਈਨ ਸ਼ਾਪ 'ਤੇ ਲੁੱਟ ਖੋਹ ਕੀਤੀ ਸੀ, ਜਿਨ੍ਹਾਂ ਦੀ ਬਾਅਦ ਵਿੱਚ ਸ਼ਨਾਖਤ ਉਕਤ ਅਮਰਜੀਤ ਸਿੰਘ ਤੇ ਰਾਜੀਵ ਵਜੋਂ ਹੋਈ ਸੀ। ਬੀਤੀ ਰਾਤ ਉਨ੍ਹਾਂ ਦੇ ਆਪਣੇ ਦੋਸਤ ਰੋਹਿਤ ਦੇ ਘਰ ਲੁਕੇ ਹੋਣ ਦਾ ਪਤਾ ਲੱਗਣ 'ਤੇ ਪੁਲਸ ਪਾਰਟੀ ਨੇ ਛਾਪਾ ਮਾਰਿਆ ਸੀ। ਬਾਅਦ ਵਿੱਚ ਨਹਿਰ ਕੋਲ ਲੁਟੇਰਿਆਂ ਨਾਲ ਮੁਕਾਬਲਾ ਹੋਇਆ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਕੋਲੋਂ ਵਰਤਿਆ ਗਿਆ ਰਿਵਾਲਵਰ ਵੀ ਬਰਾਮਦ ਕਰ ਲਿਆ ਗਿਆ ਹੈ। ਤਫ਼ਤੀਸ਼ 'ਚ ਪਤਾ ਲੱਗੇਗਾ ਕਿ ਉਨ੍ਹਾਂ ਨੇ ਪਹਿਲਾਂ ਕਿਹੜੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਹੈ।

## ਪੰਜਾਬੀ ਸਾਹਿਤ ਸਭਾ ਦੀ ਮਾਸਿਕ ਇਕੱਤਰਤਾ



**ਬਠਿੰਡਾ (ਬਖ਼ਤੌਰ ਢਿੱਲੋਂ)**-ਪੰਜਾਬੀ ਸਾਹਿਤ ਸਭਾ ਬਠਿੰਡਾ ਦੀ ਮਾਸਿਕ ਇਕੱਤਰਤਾ ਸਭਾ ਦੇ ਪ੍ਰਧਾਨ ਜਸਪਾਲ ਮਾਨਖੇੜਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਰਚਨਾਵਾਂ ਦਾ ਭਖਵਾਂ ਦੌਰ ਚੱਲਿਆ, ਜਿਸ ਦਾ ਆਗਾਜ਼ ਜਸਵਿੰਦਰ ਸੁਰਗੀਤ ਦੀ ਕਹਾਣੀ 'ਬੀਬੀ ਜੀ ਇੱਕ ਮੌਕਾ' ਨਾਲ ਹੋਇਆ। ਬਲਵਿੰਦਰ ਸਿੰਘ ਭੁੱਲਰ ਨੇ 'ਸ਼ੀਸ਼ਾ ਸੱਚ ਬੋਲਦਾ ਹੈ' ਤੇ ਰਮੇਸ਼ ਗਰਗ ਨੇ 'ਮਜ਼ਦੂਰ ਦਿਵਸ' ਮਿੰਨੀ ਕਹਾਣੀਆਂ ਪੇਸ਼ ਕੀਤੀਆਂ। ਮਨਜੀਤ ਸਿੰਘ ਜੀਤ ਨੇ ਸਵੈ ਜੀਵਨੀ 'ਯਾਦਾਂ ਦੀਆਂ ਉਦਾਸ ਗਲੀਆਂ' ਦਾ ਇੱਕ ਚੈਪਟਰ ਪੜ੍ਹਿਆ, ਦਮਜੀਤ ਦਰਸ਼ਨ ਨੇ ਮਰਹੂਮ ਸਾਹਿਤਕਾਰ ਭੂਰਾ ਸਿੰਘ ਕਲੇਰ ਦਾ ਕਾਵਿ ਚਿੱਤਰ ਸਰੋਤਿਆਂ ਦੇ ਰੂਬਰੂ ਕੀਤਾ। ਅਮਨਦੀਪ ਕੌਰ ਮਾਨੇ ਦੇ ਦੋ ਕਵਿਤਾਵਾਂ, ਤੇਰਾ ਸਿੰਘ ਪ੍ਰੇਮੀ ਤੇ ਕਮਲ ਬਠਿੰਡਾ ਨੇ ਇੱਕ ਇੱਕ ਕਵਿਤਾ ਪੇਸ਼ ਕੀਤੀ। ਹਰਬੰਸ ਲਾਲ ਗਰਗ ਨੇ ਇੱਕ ਗੀਤ, ਜਸਪਾਲ ਮਾਨਖੇੜਾ ਨੇ ਕਾਵਿ ਕਥਾ ਤੇ ਰਣਬੀਰ ਰਾਣਾ ਤੇ ਕੁਲਦੀਪ ਬੰਗੀ ਨੇ ਗ਼ਜ਼ਲਾਂ ਪੇਸ਼ ਕੀਤੀਆਂ। ਰਚਨਾਵਾਂ ਤੇ ਭਖਵੀਂ ਚਰਚਾ ਕੀਤੀ ਗਈ ਤੇ ਸੁਝਾਅ ਦਿੱਤੇ ਗਏ, ਚਰਚਾ ਵਿੱਚ ਕਾ: ਜਰਨੈਲ ਭਾਈਰੂਪਾ, ਲਛਮਣ ਮਲੂਕਾ, ਦਮਜੀਤ ਦਰਸ਼ਨ, ਬਲਵਿੰਦਰ ਸਿੰਘ ਭੁੱਲਰ, ਜਸਪਾਲ ਮਾਨਖੇੜਾ ਨੇ ਹਿੱਸਾ ਲਿਆ। ਮੀਟਿੰਗ ਵਿੱਚ ਅਮਰਜੀਤ ਸਿੰਘ ਸਿੱਧੂ ਤੇ ਅਮਰ ਸਿੰਘ ਸਿੱਧੂ ਨੇ ਵੀ ਭਾਗ ਲਿਆ। ਇਸ ਮੌਕੇ ਨਵ-ਨਿਯੁਕਤ ਕਾਲਜ ਅਧਿਆਪਕਾਂ ਨੂੰ ਜੀ ਆਇਆਂ ਕਹਿਣ ਲਈ ਟੀਚਰਜ਼ ਹੋਮ ਨਾਲ ਮਿਲ ਕੇ ਸਮਾਗਮ ਕੀਤੇ ਜਾਣ ਦਾ ਵੀ ਫੈਸਲਾ ਕੀਤਾ ਗਿਆ।

## ਸੀਨੀਅਰ ਸਿਟੀਜ਼ਨ ਵੈੱਲਫੇਅਰ ਸੁਸਾਇਟੀ ਦੀ ਮੀਟਿੰਗ

**ਜਲਾਲਾਬਾਦ (ਜੀਤ ਕੁਮਾਰ)**-ਸੀਨੀਅਰ ਸਿਟੀਜਨ ਵੈੱਲਫੇਅਰ ਸੁਸਾਇਟੀ ਜਲਾਲਾਬਾਦ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸ਼ਗਨ ਲਾਲ ਡੂਮੜਾ ਦੀ ਪ੍ਰਧਾਨਗੀ ਹੇਠ ਸਥਾਨਕ ਆਰੀਆ ਸਮਾਜ ਮੰਦਿਰ ਵਿਖੇ ਹੋਈ। ਇਸ ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਦੇਵ ਰਾਜ ਸ਼ਰਮਾ ਚੇਅਰਮੈਨ ਮਾਰਕਿਟ ਕਮੇਟੀ ਜਲਾਲਾਬਾਦ ਨੇ ਕਿਹਾ ਕਿ ਇਸ ਸਮੇਂ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆ ਵਿਰੁੱਧ ਵੱਡੇ ਪੱਧਰ 'ਤੇ ਚਲਾਇਆ ਜਾ ਰਿਹਾ ਹੈ। ਇਸ ਲਈ ਸੀਨੀਅਰ ਸਿਟੀਜਨ ਹੋਣ ਦੇ ਨਾਤੇ ਆਪਣਾ ਸਭ ਦਾ ਫਰਜ ਬਣਦਾ ਹੈ ਕਿ ਜਿੱਥੇ ਪਿੰਡਾਂ ਦੀਆਂ ਪੰਚਾਇਤਾਂ ਕਮੇਟੀਆਂ ਬਣਾ ਕੇ, ਯੂਥ ਕਲੱਬਾਂ, ਸਮਾਜ ਸੇਵੀ ਸੰਸਥਾਵਾਂ, ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਚੱਲ ਰਹੀ ਲੜਾਈ ਵਿੱਚ ਸਰਕਾਰ ਦਾ ਸਾਥ ਦੇ ਰਹੀਆਂ ਹਨ, ਉਥੇ ਸਿਟੀਜਨ ਵੱਲੋਂ ਵੀ ਜਾਗਰੂਕਤਾ ਅਭਿਆਨ ਚਲਾਇਆ ਜਾਵੇਗਾ। ਇਸ ਮੌਕੇ ਕਸ਼ਮੀਰ ਸਿੰਘ ਚਾਵਲਾ, ਡਾ. ਤਿਲਕ ਰਾਜ ਕੁਮਾਰ, ਰਮੇਸ਼ ਵਧਵਾ, ਅਸ਼ੋਕ ਮੌਂਜੀ, ਕਵਿੰਦਰ ਭਠੇਜਾ, ਕੇਦਾਰ ਨਾਥ ਨਾਗਪਾਲ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਰਾਜੇਸ਼ ਕੁਮਾਰ ਛਾਬੜਾ, ਸੁਖਵਿੰਦਰ ਸਿੰਘ ਦਾਬੜਾ, ਰਮਨ ਕੁਮਾਰ ਗਗਨੇਜਾ, ਓਮ ਪ੍ਰਕਾਸ਼ ਮੱਕੜ, ਅਵਿਨਾਸ਼ ਡੋਡਾ, ਸੁਰਿੰਦਰ ਕੁਮਾਰ ਛਾਬੜਾ, ਸੁਭਾਸ਼ ਕੁਮਾਰ, ਕੇ. ਜੀ. ਸ਼ਰਮਾ, ਚੰਦਰ ਸ਼ੇਖਰ ਗੁੰਬਰ, ਰਾਜ ਕੁਮਾਰ ਹਾਜ਼ਰ ਸਨ।

...ਸ.ਫ਼ਾ 1 ਦੇ ਬਾਕੀ

### ਅੰਤਮ ਜਿੱਤ ਚੇਤੰਨ ਮਜ਼ਦੂਰ...

ਹੋਰ ਵੀ ਵੱਧ ਸਰਗਰਮ ਹੈ।

ਜਗਰੂਪ ਨੇ ਕਿਹਾ ਕਿ ਇੱਕ ਵੰਨਗੀ ਉਹ ਵੀ ਹੈ, ਜਿਹੜੀ ਇਹ ਢੰਡੋਰਾ ਪਿੱਟਦੀ ਹੈ ਕਿ ਮਾਰਕਸਵਾਦ ਤਾਂ ਵੇਲਾ ਵਿਹਾ ਚੁੱਕਿਆ ਹੈ। ਉਹਨਾਂ ਕਿਹਾ ਕਿ ਕੀ ਕਦੀ 'ਸੱਚ' ਵੀ ਵੇਲਾ ਵਿਹਾ ਸਕਦਾ ਹੈ? ਕਦੀ ਨਹੀਂ। ਸਰਮਾਏਦਾਰੀ ਨੂੰ ਅੰਦਰੋਂ ਅਸਲ 'ਚ ਇਹ ਭੈਅ ਵੱਢ-ਵੱਢ ਕੇ ਖਾ ਰਿਹਾ ਹੈ ਕਿ ਜੇਕਰ ਮਜ਼ਦੂਰ ਜਮਾਤ ਅਤੇ ਸਮੂਹ ਮਿਹਨਤਕਸ਼ ਲੋਕਾਂ ਨੂੰ ਮਾਰਕਸੀ ਸੂਝ-ਬੂਝ ਆ ਗਈ ਤਾਂ ਉਹ ਲੁੱਟ ਅਤੇ ਜਬਰ 'ਤੇ ਅਧਾਰਤ ਰਾਜ-ਭਾਗ ਨੂੰ ਮੂਲੋਂ ਪਲਟਾ ਦੇਣਗੇ। ਸੰਕਟਗ੍ਰਸਤ ਸਰਮਾਏਦਾਰੀ ਲੋਕਾਂ ਉਪਰ ਬੋਝ ਲੱਦਣ ਲੱਗੀ ਇਕ ਮੋੜ 'ਤੇ ਫਸ ਜਾਂਦੀ ਹੈ ਤੇ ਉਹ ਹੋਰ ਮੰਡੀਆਂ ਹੜੱਪਣ ਲਈ ਨਿਹੱਕੀਆਂ ਜੰਗਾਂ ਦਾ ਸਹਾਰਾ ਲੈਂਦੀ ਹੈ।

'ਫਾਸ਼ੀਵਾਦ ਦਾ ਉਭਾਰ' ਵਿਸ਼ੇ 'ਤੇ ਬੋਲਦੇ ਹੋਏ ਕਮੇਟੀ ਮੈਂਬਰ ਹਰਵਿੰਦਰ ਭੰਡਾਲ ਨੇ ਕਿਹਾ ਕਿ ਫਾਸ਼ੀਵਾਦ ਦੇ ਨਵੇਂ ਰੂਪਾਂ, ਸਾਡੇ ਮੁਲਕ ਅੰਦਰ ਇਸ ਦੇ ਹੱਲੇ ਬਾਰੇ ਸਮਝਣਾ ਬਹੁਤ ਜ਼ਰੂਰੀ ਹੈ, ਕਿਉਂਕਿ ਆਪਣੀ ਜਮਾਤ ਦੇ ਸੇਵਾਦਾਰ ਹਰ ਹਾਕਮ ਦਾ ਜਾਬਰ ਹੋਣਾ ਸੁਭਾਵਕ ਹੈ, ਪਰ ਫਾਸ਼ੀਵਾਦ ਦਾ ਆਪਣਾ ਵਿਸ਼ੇਸ਼ ਚਰਿੱਤਰ ਹੈ ਕਿ ਇਹ ਲੋਕਾਂ ਨੂੰ ਲੋਕਾਂ ਨਾਲ ਲੜਾਉਣ ਅਤੇ ਭੀੜਤੰਤਰ ਪੈਦਾ ਕਰਨ ਦਾ ਕੰਮ ਕਰਦਾ ਹੈ ਅਤੇ ਹਰ ਤਰ੍ਹਾਂ ਦੇ ਵੱਖਰੇ ਵਿਚਾਰਾਂ ਨੂੰ ਤਹਿਸ-ਨਹਿਸ ਕਰਨ ਲਈ ਜ਼ੁਲਮ ਦੀ ਇੰਤਹਾ ਕਰਦਾ ਹੈ।

ਉਹਨਾ ਕਿਹਾ ਕਿ ਸਰਮਾਏਦਾਰੀ ਸੰਕਟ ਜਦੋਂ ਸਿਖਰਾਂ ਛੋਹ ਜਾਂਦਾ ਹੈ ਤਾਂ ਉਹ ਅਜਿਹੇ ਮੋੜ 'ਤੇ ਘਿਰ ਜਾਂਦਾ ਹੈ, ਜਿੱਥੋਂ ਨਿਕਲਣ ਦਾ ਉਸ ਕੋਲ ਰਾਹ ਨਹੀਂ ਰਹਿੰਦਾ। ਇਸ ਹਾਲਤ ਵਿੱਚ ਵਿਦਰੋਹ ਅਤੇ ਜਮਾਤੀ ਸੰਘਰਸ਼ ਪੈਦਾ ਹੁੰਦੇ ਨੇ। ਹਰਵਿੰਦਰ ਭੰਡਾਲ ਨੇ ਜ਼ੋਰ ਦੇ ਕੇ ਕਿਹਾ ਕਿ ਫਾਸ਼ੀਵਾਦ ਦੇ ਵਰਤਾਰੇ ਦੇ ਫੈਲਦੇ ਪੰਜੇ ਬਾਰੇ ਸਾਨੂੰ ਚੌਕੰਨੇ ਹੋਣ ਦੀ ਲੋੜ ਹੈ, ਨਹੀਂ ਤਾਂ ਬਹੁਤ ਹੀ ਭਿਆਨਕ ਹਾਲਾਤ ਸਾਡੇ ਸਾਹ ਨੱਪਣ ਲਈ ਅੱਗੇ ਵਧਣਗੇ। ਉਹਨਾ ਕਿਹਾ ਕਿ ਅੰਧਰਾਸ਼ਟਰਵਾਦ ਦੀ ਧੁੰਦ ਪੈਦਾ ਕਰਕੇ ਲੋਕਾਂ ਉਪਰ ਕਹਿਰ ਦੀ ਅੱਗ ਵਰ੍ਹਾਉਣ ਵਾਲੇ ਆਪ ਬਰੀ ਹੋ ਕੇ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਪਾਸੇ ਕਰਕੇ ਆਪਣਾ ਉੱਲੂ ਸਿੱਧਾ ਕਰਦਾ ਹੈ ਫਾਸ਼ੀਵਾਦ। ਉਹਨਾ ਕਿਹਾ ਕਿ ਇਹ ਵੀ ਹਕੀਕਤ ਹੈ ਕਿ ਫਾਸ਼ੀਵਾਦ ਲੋਕਾਂ ਨਾਲੋਂ ਤਾਕਤਵਰ ਨਹੀਂ ਹੁੰਦਾ, ਪਰ ਲੋੜ ਹੁੰਦੀ ਹੈ ਲੋਕਾਂ ਨੂੰ ਚੇਤਨ ਹੋ ਕੇ ਸੰਘਰਸ਼ ਕਰਨ ਦੀ। ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਨੇ ਕਿਹਾ ਕਿ ਮਾਰਕਸਵਾਦ ਦੀ ਪ੍ਰਸੰਗਕਤਾ ਅਤੇ ਫਾਸ਼ੀਵਾਦ ਦੀਆਂ ਚੁਣੌਤੀਆਂ ਮਹੱਤਵਪੂਰਨ ਵਿਸ਼ਿਆਂ ਉਪਰ ਹੋਈ ਮੁੱਲਵਾਨ ਚਰਚਾ ਅਜੋਕੇ ਸਮੇਂ ਦੇ ਮਘਦੇ ਮੁੱਦਿਆਂ ਉਪਰ ਧਿਆਨ ਖਿੱਚਣ ਵਿੱਚ ਸਫ਼ਲ ਰਹੀ ਹੈ। ਉਹਨਾ ਕਿਹਾ ਕਿ ਕਾਰਲ ਮਾਰਕਸ ਦੇ ਜਨਮ ਦਿਹਾੜੇ 'ਤੇ ਅਜਿਹੀ ਚਰਚਾ ਆਪਣੇ-ਆਪ 'ਚ ਹੋਰ ਵੀ ਮਹੱਤਵ ਰੱਖਦੀ ਹੈ।

ਸਮਾਗਮ 'ਚ ਕਮੇਟੀ ਦੇ ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਵਿੱਤ ਸਕੱਤਰ ਸੀਤਲ ਸਿੰਘ ਸੰਘਾ, ਕਮੇਟੀ ਮੈਂਬਰ ਸੁਰਿੰਦਰ ਕੁਮਾਰੀ ਕੋਛੜ, ਗੁਰਮੀਤ ਸਿੰਘ, ਡਾ. ਸੈਲੇਸ਼, ਪ੍ਰਗਟ ਸਿੰਘ ਜਾਮਾਰਾਏ, ਵਿਜੈ ਬੰਬੇਲੀ, ਹਰਮੇਸ਼ ਮਾਲੜੀ, ਐਡਵੋਕੇਟ ਰਾਜਿੰਦਰ ਮੰਡ, ਬਲਬੀਰ ਕੌਰ ਬੰਡਾਲਾ ਅਤੇ ਜਾਣੇ-ਪਹਿਚਾਣੇ ਪੱਤਰਕਾਰ ਸਤਨਾਮ ਸਿੰਘ ਮਾਣਕ, ਮਹਿੰਦਰ ਸਿੰਘ ਫੁੱਗਲਾਣਾ, ਸੰਤੋਖ ਸਿੰਘ ਸੰਧੂ, ਗਿਆਨ ਸੈਦਪੁਰੀ, ਕੁਲਦੀਪ ਸਿੰਘ ਭੋਲਾ, ਸੁਖਵਿੰਦਰ ਬਾਗਪੁਰ, ਪਰਮਜੀਤ ਸਮਰਾਏ, ਹੰਸ ਰਾਜ ਪੱਬਵਾਂ ਅਤੇ ਬਿਹਾਰੀ ਲਾਲ ਛਾਬੜਾ ਆਦਿ ਹਾਜ਼ਰ ਸਨ। ਸਮਾਗਮ ਦਾ ਮੰਚ ਸੰਚਾਲਨ ਕਮੇਟੀ ਮੈਂਬਰ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕੀਤਾ।

## 'ਸੰਵਿਧਾਨ ਬਚਾਓ' ਰੈਲੀ 'ਚ ਹਲਕੇ ਤੋਂ ਵੱਡੇ ਕਾਫ਼ਲੇ ਨਾਲ ਹੋਵਾਂਗੇ ਸ਼ਾਮਲ : ਮਹੇਸ਼ਇੰਦਰ, ਧਰਮਪਾਲ

### ਕੋਆਰਡੀਨੇਟਰ ਸੁਖਪਾਲ ਭੁੱਲਰ ਨੇ ਰੈਲੀ ਸੰਬੰਧੀ ਕੀਤਾ ਵਿਚਾਰ-ਵਟਾਂਦਰਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਹਲਕਾ ਬਾਘਾ ਪੁਰਾਣਾ ਦੇ ਸਾਬਕਾ ਵਿਧਾਇਕ ਮਹੇਸ਼ਇੰਦਰ ਸਿੰਘ ਨਿਹਾਲ ਸਿੰਘ ਵਾਲਾ ਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਧਰਮਪਾਲ ਸਿੰਘ ਡੀਪੀ ਨਾਲ ਸੰਗਰੂਰ ਵਿਖੇ ਕਾਂਗਰਸ ਪਾਰਟੀ ਵੱਲੋਂ ਕੀਤੀ ਜਾ ਰਹੀ ਸੰਵਿਧਾਨ ਬਚਾਓ ਰੈਲੀ ਸਬੰਧੀ ਰੈਲੀ ਦੇ ਇੰਚਾਰਜ ਸਾਬਕਾ ਵਿਧਾਇਕ ਸੁਖਪਾਲ ਸਿੰਘ ਭੁੱਲਰ ਵੱਲੋਂ ਰੈਲੀ ਨੂੰ ਸਫਲ ਬਣਾਉਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਸੰਗਰੂਰ ਵਿਖੇ ਸੂਬਾ ਕਾਂਗਰਸ ਹਾਈ ਕਮਾਂਡ ਵੱਲੋਂ 11 ਮਈ ਨੂੰ ਕੀਤੀ ਜਾ ਰਹੀ 'ਸੰਵਿਧਾਨ ਬਚਾਓ' ਰੈਲੀ ਨੂੰ ਲੈ ਕੇ ਬੀਤੇ ਦਿਨ ਪਿਉ-ਪੁੱਤ ਦੀ ਜੋੜੀ ਮਹੇਸ਼ਇੰਦਰ ਸਿੰਘ ਨਿਹਾਲ ਸਿੰਘ ਵਾਲਾ ਤੇ ਧਰਮਪਾਲ ਸਿੰਘ ਡੀਪੀ ਦੇ ਨਾਲ ਰੈਲੀ ਇੰਚਾਰਜ ਵੱਲੋਂ ਵਿਸ਼ੇਸ਼ ਮੀਟਿੰਗ ਕੀਤੀ ਗਈ। ਉਨ੍ਹਾਂ ਮਹੇਸ਼ਇੰਦਰ ਸਿੰਘ ਨਿਹਾਲ ਸਿੰਘ ਵਾਲਾ ਤੇ ਧਰਮਪਾਲ ਸਿੰਘ ਡੀਪੀ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਪੰਜਾਬ ਪੱਧਰੀ ਰੈਲੀ 'ਚ ਪਾਰਟੀ ਦੇ ਵਰਕਰਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਕਰਵਾਉਣ ਲਈ ਹਲਕੇ ਦੇ ਪਿੰਡ-ਪਿੰਡ ਮੀਟਿੰਗਾਂ ਕਰਨ ਲਈ ਆਖਿਆ।

ਸੁਖਪਾਲ ਸਿੰਘ ਭੁੱਲਰ ਨੇ ਕਿਹਾ ਕਿ ਜਿਸ ਤਰ੍ਹਾਂ ਨਾਲ ਭਾਜਪਾ ਦੇਸ਼ ਦੇ ਸੰਵਿਧਾਨ 'ਚ ਮਨਭਾਉਂਦਾ ਬਦਲਾਅ ਕਰਨ ਲਈ ਤਰਕੀਬਾਂ ਘੜ ਰਹੀ ਹੈ, ਇਹ ਦੇਸ਼ ਲਈ ਵੱਡਾ ਖਤਰਾ ਹੈ।ਅਜਿਹੀਆਂ ਤਰਕੀਬਾਂ ਤੋਂ ਲੋਕਾਂ ਨੂੰ ਸੁਚੇਤ ਕਰਨਾ ਬੇਹੱਦ ਜ਼ਰੂਰੀ ਹੈ।ਕਾਂਗਰਸ ਪਾਰਟੀ ਵੱਲੋਂ ਕੀਤੀਆਂ ਜਾ ਰਹੀਆਂ 'ਸੰਵਿਧਾਨ ਬਚਾਓ' ਬੈਨਰ ਹੇਠਲੀਆਂ ਰੈਲੀਆਂ ਦਾ ਮੁੱਖ ਮਕਸਦ ਇਹੀ ਹੈ।ਪਿਉ-ਪੁੱਤ ਦੀ ਜੋੜੀ ਮਹੇਸ਼ਇੰਦਰ ਸਿੰਘ ਤੇ ਧਰਮਪਾਲ ਸਿੰਘ ਡੀਪੀ ਨੇ ਮੋਗਾ ਜ਼ਿਲ੍ਹੇ ਦੇ ਕੋਆਰਡੀਨੇਟਰ ਸੁਖਪਾਲ ਸਿੰਘ ਭੁੱਲਰ ਨੂੰ ਵਿਸ਼ਵਾਸ ਦੁਆਇਆ ਕਿ ਪਾਰਟੀ ਦੇ ਇਸ ਮਿਸ਼ਨ ਦੀ ਪੂਰਤੀ ਲਈ ਉਹ ਦਿਨ-ਰਾਤ ਇੱਕ ਕਰਨਗੇ ਤੇ ਸੂਬਾ ਪੱਧਰੀ ਸੰਗਰੂਰ ਰੈਲੀ ਤੋਂ ਇਲਾਵਾ ਹੋਰਨਾਂ ਰੈਲੀਆਂ ਵਿੱਚ ਵੀ ਬਾਘਾ ਪੁਰਾਣਾ ਹਲਕੇ ਤੋਂ ਵੱਡੇ ਕਾਫਲੇ ਨਾਲ ਸ਼ਮੂਲੀਅਤ ਕਰਨਗੇ।ਇਸ ਮੌਕੇ ਮਹੇਸ਼ਇੰਦਰ ਸਿੰਘ ਨਿਹਾਲ ਸਿੰਘ ਵਾਲਾ ਨੇ ਕਿਹਾ ਕਿ 'ਸੰਵਿਧਾਨ ਬਚਾਓ' ਰੈਲੀ 'ਸੰਵਿਧਾਨ' ਨਾਲ ਛੇੜ-ਛਾੜ ਕਰਨ ਵਾਲਿਆਂ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗੀ।ਉਨ੍ਹਾਂ ਕਿਹਾ ਕਿ ਹਲਕਾ ਬਾਘਾ ਪੁਰਾਣਾ ਤੋਂ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਇਸ ਰੈਲੀ ਵਿਚ ਸ਼ਾਮਲ ਹੋਣਗੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**
ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

CMYK

6-May-PAGE-3.qxd 5/5/2025 11:13 PM Page 1



# ਐੱਨ ਐੱਚ ਏ ਤੋਂ ਸਤਿਆ ਕਿਸਾਨ ਸੁਸਾਈਡ ਨੋਟ ਤੇ ਜ਼ਹਿਰ ਦੀ ਸ਼ੀਸ਼ੀ ਲੈ ਕੇ ਛੱਤ 'ਤੇ ਜਾ ਚੜ੍ਹਿਆ!

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਬਲਾਕ ਕਾਹਨੂੰਵਾਨ ਦੇ ਪਿੰਡ ਧੰਦਲ ਦੇ ਇੱਕ ਕਿਸਾਨ ਪਰਿਵਾਰ ਦੇ ਮਾਲਕ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਧੱਕੇਸ਼ਾਹੀ ਕਰਨ ਦੇ ਖਿਲਾਫ ਸਮੇਤ ਪਰਿਵਾਰ ਸੁਸਾਈਡ ਨੋਟ ਅਤੇ ਜ਼ਹਿਰ ਦੀ ਬੋਤਲ ਲੈ ਕੇ ਘਰ ਦੀ ਛੱਤ ਉਤੇ ਡੇਰਾ ਲਗਾ ਲਿਆ।ਆਪਣੇ ਘਰ ਦੇ ਮਾਲਕ ਦੀ ਇਹ ਹਾਲਤ ਦੇਖ ਕੇ ਤੁਰੰਤ ਘਰ ਦੇ ਮੈਂਬਰਾਂ ਨੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਅਤੇ ਪ੍ਰਸ਼ਾਸਨ ਨਾਲ ਰਾਬਤਾ ਕੀਤਾ।ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਮੌਕੇ 'ਤੇ ਪਹੁੰਚ ਗਏ ਪਰ ਘਰ ਦੇ ਮਾਲਕ ਨੂੰ ਬਚਾਉਣ ਲਈ ਸਮਝਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਜਾਂ ਨੈਸ਼ਨਲ ਹਾਈਵੇ ਅਥਰਟੀ ਦਾ ਕੋਈ ਮੁਲਾਜ਼ਮ ਨਹੀਂ ਬਹੁੜਿਆ।ਇਸ ਮੌਕੇ ਮਰਹੂਮ ਕੁਲਦੀਪ ਸਿੰਘ ਦੀ ਵਿਧਵਾ ਗੁਰਮੀਤ ਕੌਰ ਨੇ ਦੱਸਿਆ ਕਿ ਉਸ ਦੇ ਤਿੰਨ ਬੇਟੇ ਹਨ ਜਿਨ੍ਹਾਂ ਵਿੱਚੋਂ ਇੱਕ ਵਿਦੇਸ਼ ਵਿੱਚ ਰਹਿੰਦਾ, ਦੋ ਘਰ ਵਿੱਚ ਖੇਤੀ ਕਰਦੇ ਹਨ।ਉਸ ਨੇ ਦੱਸਿਆ ਕਿ ਉਨ੍ਹਾਂ ਦਾ ਘਰ ਅਤੇ ਜ਼ਮੀਨ ਨੈਸ਼ਨਲ ਹਾਈਵੇ ਅਥਾਰਟੀ ਦੀ ਸੜਕ ਵਿੱਚ ਆ ਗਈ ਹੈ ਪਰ ਅਜੇ ਤੱਕ ਉਨ੍ਹਾਂ ਨੂੰ ਯੋਗ ਮੁਆਵਜ਼ਾ ਨਹੀਂ ਦਿੱਤਾ ਗਿਆ ਜਿਸ ਕਰਕੇ ਉਨ੍ਹਾਂ ਦਾ ਪੁੱਤਰ ਕਾਬਲ ਸਿੰਘ ਸਰਕਾਰ ਤੋਂ ਖਫਾ ਹੋ ਕੇ ਜ਼ਹਿਰ ਦੀ ਸ਼ੀਸ਼ੀ ਲੈ ਕੇ ਆਪਣੀ ਜੀਵਨ ਲੀਲਾ ਖਤਮ ਕਰਨ ਲਈ ਛੱਤ 'ਤੇ ਬੈਠਾ ਹੈ।ਇਸ ਮੌਕੇ ਘਰ ਦੇ ਮਾਲਕ ਕਾਬਲ ਸਿੰਘ ਨੇ ਕਿਹਾ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਨੈਸ਼ਨਲ ਹਾਈਵੇ ਅਥਾਰਟੀ ਤੋਂ ਇਲਾਵਾ ਹਾਈਕੋਰਟ ਵਿੱਚ ਵੀ ਆਪਣੀ ਅਪੀਲ ਕਰ ਚੁੱਕੇ ਹਨ ਪਰ ਉਨ੍ਹਾਂ ਦੀ ਅਜੇ ਤੱਕ ਕਿਤੇ ਸੁਣਵਾਈ ਨਹੀਂ ਹੋਈ।ਕਾਬਲ ਸਿੰਘ ਦੇ ਭਰਾ ਗੁਰਦੇਵ ਸਿੰਘ ਨੇ ਦੱਸਿਆ ਕਿ ਜੇਕਰ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਉਸ ਦੇ ਘਰ ਅਤੇ ਜ਼ਮੀਨ ਦਾ ਬਣਦਾ



ਮੁਆਵਜ਼ਾ ਨਾ ਦਿੱਤਾ ਤਾਂ ਉਸ ਦਾ ਪੂਰਾ ਪਰਿਵਾਰ ਵੀ ਸੁਸਾਈਡ ਕਰਨ ਤੋਂ ਪਿੱਛੇ ਨਹੀਂ ਹਟੇਗਾ ਅਤੇ ਇਸ ਲਈ ਸਾਰੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਨੈਸ਼ਨਲ ਹਾਈਵੇ ਅਥਾਰਟੀ ਦੀ ਹੋਵੇਗੀ।ਇਸ ਮੌਕੇ ਕਿਸਾਨ ਆਗੂ ਗੁਰਮੁੱਖ ਸਿੰਘ ਖਾਨ ਮਾਲੱਕ, ਰਣਜੀਤ ਸਿੰਘ ਕੋਟ ਧੰਦਲ ਅਤੇ ਲਖਵਿੰਦਰ ਸਿੰਘ ਕਾਲਾ ਬਾਲਾ ਨੇ ਕਿਹਾ ਕਿ ਜੇਕਰ ਇਸ ਪਰਿਵਾਰ ਦਾ ਕੋਈ ਨੁਕਸਾਨ ਹੋਇਆ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਰੇਲਾਂ ਰੋਕਣ ਅਤੇ ਸੜਕਾਂ ਰੋਕਣ ਤੋਂ ਗੁਰੇਜ਼ ਨਹੀਂ ਕਰੇਗੀ। ਇੱਥੇ ਗੌਰਤਲਬ ਹੈ ਕਿ ਸੱਤ ਘੰਟੇ ਬਾਅਦ ਵੀ ਜ਼ਿਲ੍ਹਾ ਪ੍ਰਸ਼ਾਸਨ ਜਾਂ ਨੈਸ਼ਨਲ ਹਾਈਵੇ ਅਥਾਰਟੀ ਦਾ ਕੋਈ ਅਧਿਕਾਰੀ ਸੰਬੰਧਿਤ ਪਰਿਵਾਰ ਦੀ ਮਦਦ ਜਾਂ ਮੁਆਵਜ਼ੇ ਦੀ ਉਮੀਦ ਲੈ ਕੇ ਨਹੀਂ ਬਹੁੜਿਆ ਜਿਸ ਕਰਕੇ ਇਲਾਕੇ ਦੇ ਲੋਕਾਂ ਵਿੱਚ ਰੋਸ ਦੀ ਲਹਿਰ ਪਾਈ ਜਾ ਰਹੀ ਹੈ।ਕਿਸਾਨ ਆਗੂਆਂ ਨੇ ਕਾਬਲ ਸਿੰਘ ਨੂੰ ਕਿਹਾ ਕਿ ਸੁਸਾਈਡ ਕਿਸੇ ਮਸਲੇ ਦਾ ਹੱਲ ਨਹੀਂ ਹੈ, ਕਿਸਾਨ ਜਥੇਬੰਦੀ ਉਸ ਦੀ ਜ਼ਮੀਨ ਅਤੇ ਮਕਾਨ ਦਾ ਮੁਆਵਜ਼ਾ ਦਿਵਾਉਣ ਲਈ ਆਖਰੀ ਦਮ ਤੱਕ ਲੜਾਈ ਲੜੇਗੀ।

# ਦਿੱਲੀ ਗੁਰਦੁਆਰਾ ਚੋਣਾਂ ਲਈ 42 ਵਰ੍ਹਿਆਂ ਪਿੱਛੋਂ ਨਵੀਆਂ ਵੋਟਰ ਸੂਚੀਆਂ ਦਾ ਕੰਮ ਸ਼ੁਰੂ

**ਅੰਮ੍ਰਿਤਸਰ, ਦਿੱਲੀ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਜਨਵਰੀ 2026 'ਚ ਨਿਰਧਾਰਤ ਦਿੱਲੀ ਗੁਰਦੁਆਰਾ ਚੋਣਾਂ ਲਈ ਫੋਟੋ ਸਹਿਤ ਨਵੀਆਂ ਵੋਟਰ-ਸੂਚੀਆਂ ਬਣਾਉਣ ਦਾ ਕੰਮ ਦਿੱਲੀ ਸਰਕਾਰ ਦੇ ਗੁਰਦੁਆਰਾ ਚੋਣ ਡਾਇਰੈਕਟੋਰੇਟ ਰਾਹੀਂ ਛੇਤੀ ਆਰੰਭ ਕੀਤਾ ਜਾ ਰਿਹਾ ਹੈ। ਇਸ ਸਬੰਧ 'ਚ ਜਾਣਕਾਰੀ ਦਿੰਦਿਆ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ 'ਤੇ ਦਿੱਲੀ ਗੁਰਦੁਆਰਾ ਚੋਣਾਂ ਮਾਮਲਿਆਂ ਦੇ ਜਾਣਕਾਰ ਇੰਦਰ ਮੋਹਨ ਸਿੰਘ ਨੇ ਦੱਸਿਆ ਕਿ ਮੌਜੂਦਾ ਇਸਤੇਮਾਲ ਕੀਤੀ ਜਾ ਰਹੀਆਂ ਵੋਟਰ-ਸੂਚੀਆ 42 ਵਰ੍ਹੇ ਪਹਿਲਾਂ ਸਾਲ 1983 'ਚ ਘਰ-ਘਰ ਜਾ ਕੇ ਬਣਾਈਆਂ ਗਈਆਂ ਸਨ। ਉਨ੍ਹਾਂ ਦਸਿਆ ਕਿ ਹਾਲਾਂਕਿ ਦਿੱਲੀ ਗੁਰਦੁਆਰਾ ਐਕਟ 'ਚ ਹਰ 4 ਸਾਲ ਬਾਅਦ ਨਿਰਧਾਰਤ ਗੁਰਦੁਆਰਾ ਚੋਣਾਂ ਤੋਂ ਪਹਿਲਾਂ ਨਵੀਆਂ ਵੋਟਰ-ਸੂਚੀਆਂ ਬਣਾਉਣ ਦਾ ਜ਼ਿਕਰ ਕੀਤਾ ਗਿਆ ਹੈ, ਪਰੰਤੂ ਸਾਲ 1983 ਤੋਂ ਬਾਅਦ ਨੇਪਰੇ ਚੜ੍ਹੀਆਂ ਸਾਲ 1995, 2002, 2007, 2013, 2017 'ਤੇ 2021 ਦੀਆਂ ਦਿੱਲੀ ਗੁਰਦੁਆਰਾ ਚੋਣਾਂ 'ਚ 1983 'ਚ ਬਣੀਆਂ ਪੁਰਾਣੀਆਂ ਵੋਟਰ-ਸੂਚੀਆਂ ਨੂੰ ਹੀ ਹਰ ਵਾਰ ਸਮੇਂ ਦੀ ਘਾਟ ਦਾ ਹਵਾਲਾ ਦੇਕੇ ਮਾਮੂਲੀ ਸੋਧਾਂ ਕਰਕੇ ਇਸਤੇਮਾਲ ਕੀਤਾ ਜਾਂਦਾ ਰਿਹਾ ਹੈ। ਇੰਦਰ ਮੋਹਨ ਸਿੰਘ ਨੇ ਦੱਸਿਆ ਕਿ ਜਿਥੇ ਫੋਟੋ ਸਹਿਤ ਨਵੀਆਂ ਵੋਟਰ-ਸੂਚੀਆਂ ਬਣਨ ਨਾਲ ਸਾਲ 2026 'ਚ ਹੋਣ ਵਾਲੀਆਂ ਦਿੱਲੀ ਗੁਰਦੁਆਰਾ ਚੋਣਾਂ ਪਾਰਦਰਸ਼ੀ 'ਤੇ ਸੁਚੱਜੇ ਢੰਗ ਨਾਲ ਕਰਵਾਉਣ 'ਚ ਮਦਦ ਮਿਲੇਗੀ, ਉਥੇ ਦਿੱਲੀ 'ਚ ਸਿੱਖਾਂ ਦੀ ਆਬਾਦੀ ਦੀ ਸਹੀ ਗਿਣਤੀ ਦਾ ਵੀ ਪਤਾ ਲਗ ਸਕੇਗਾ। ਇੰਦਰ ਮੋਹਨ ਸਿੰਘ ਨੇ ਦਿੱਲੀ ਨਿਵਾਸੀ 18 ਵਰ੍ਹਿਆਂ ਤੋਂ ਵੱਧ ਸਾਰੇ ਯੋਗ ਸਿੱਖਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਫੋਟੋ ਸਹਿਤ ਵੋਟ ਜ਼ਰੂਰ ਬਣਾਉਣ ਅਤੇ ਇਸ ਸਬੰਧ 'ਚ ਦਿੱਲੀ ਦੇ ਵੱਖ-ਵੱਖ ਗੁਰਦੁਆਰਿਆਂ 'ਚ ਸਥਿਤ 16 ਜੋਨਲ ਦਫਤਰਾਂ 'ਚ ਤਾਇਨਾਤ ਸਰਕਾਰੀ ਅਮਲੇ ਨੂੰ ਪੂਰਾ ਸਹਿਯੋਗ ਦੇਣ।

# ਈ ਟੀ ਓ ਸਿਵਲ ਹਸਪਤਾਲ ਵਿਖੇ ਗੋਲੀ ਨਾਲ ਜ਼ਖ਼ਮੀ ਹੋਈ ਲੜਕੀ ਦਾ ਪਤਾ ਲੈਣ ਪੁੱਜੇ



**ਜੰਡਿਆਲਾ ਗੁਰੂ (ਹਰਿੰਦਰਪਾਲ ਸਿੰਘ)**

ਪਿਛਲੇ ਦਿਨੀਂ ਜੰਡਿਆਲਾ ਗੁਰੂ ਵਿਖੇ ਕੁੱਝ ਅਣਪਛਾਤੇ ਲੋਕਾਂ ਵਲੋਂ ਫਾਇਰਿੰਗ ਕੀਤੀ ਗਈ ਸੀ, ਜਿਸ ਵਿੱਚ ਦੁਕਾਨ ਦੇ ਕੰਮ ਕਰਨ ਵਾਲੀ ਇਕ ਲੜਕੀ ਜਿਸਦਾ ਨਾਮ ਕੋਮਲ ਪ੍ਰੀਤ ਕੌਰ ਪੁੱਤਰੀ ਚਰਨਜੀਤ ਸਿੰਘ ਉਮਰ 22 ਸਾਲ ਨੂੰ ਗੋਲੀ ਲੱਗਣ ਨਾਲ ਉਹ ਜ਼ਖ਼ਮੀ ਹੋ ਗਈ ਸੀ, ਦਾ ਪਤਾ ਲੈਣ ਲਈ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈਟੀਓ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਪੁੱਜੇ।ਕੈਬਨਿਟ ਮੰਤਰੀ ਨੇ ਡਾਕਟਰਾਂ ਕੋਲੋਂ ਲੜਕੀ ਦਾ ਹਾਲ ਚਾਲ ਜਾਣਿਆ ਅਤੇ ਕਿਹਾ ਕਿ ਇਸ ਲੜਕੀ ਦੇ ਇਲਾਜ ਵਿੱਚ ਕਿਸੇ ਕਿਸਮ ਦੀ ਕੋਈ ਪਰੇਸ਼ਾਨੀ ਨਾ ਆਉਣ ਦਿੱਤੀ ਜਾਵੇ।ਕੈਬਨਿਟ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਵੱਲੋਂ ਗੋਲਾਬਾਰੀ ਕੀਤੀ ਗਈ ਹੈ, ਉਨ੍ਹਾਂ ਦੋਸ਼ੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਪੁਲਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਜਲਦ ਤੋਂ ਜਲਦ ਇਨ੍ਹਾਂ ਦੋਸ਼ੀਆਂ ਨੂੰ ਕਾਬੂ ਕੀਤਾ ਜਾਵੇ ਅਤੇ ਬਣਦੀ ਕਾਰਵਾਈ ਕੀਤੀ ਜਾਵੇ। ਸ: ਈ.ਟੀ.ਓ. ਨੇ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਕਾਨੂੰਨ ਦੀ ਉਲੰਘਣਾ ਨਹੀਂ ਕਰਨ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ ਵਿੱਚ ਪੁਲਸ ਦੀ ਗਸ਼ਤ ਨੂੰ ਵਧਾਉਣ ਦੇ ਨਿਰਦੇਸ਼ ਦੇ ਦਿੱਤੇ ਗਏ ਹਨ।ਇਸ ਮੌਕੇ ਉਨ੍ਹਾਂ ਦੀ ਧਰਮ ਪਤਨੀ ਸੁਰਿੰਦਰ ਕੌਰ ਵੀ ਉਨ੍ਹਾਂ ਦੇ ਨਾਲ ਸਨ।

# ਦੁਬਈ 'ਚ ਮਰੇ ਪ੍ਰਦੀਪ ਦੇ ਮਾਪਿਆਂ ਦਾ ਦੁੱਖ ਵੰਡਾਉਣ ਡਾ. ਉਬਰਾਏ ਉਨ੍ਹਾਂ ਦੇ ਘਰ ਪਹੁੰਚੇ

## ਭੈਣ ਦੇ ਵਿਆਹ ਲਈ ਦਿੱਤੇ 2 ਲੱਖ ਰੁਪਏ, ਮਾਪਿਆਂ ਲਈ ਸ਼ੁਰੂ ਕੀਤੀ 5 ਹਜ਼ਾਰ ਮਹੀਨਾ ਪੈਨਸ਼ਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਹਰੇਕ ਦੁਖੀ ਦੇ ਦੁੱਖ ਨੂੰ ਆਪਣਾ ਦੁੱਖ ਸਮਝ ਕੇ ਉਸ ਦੀ ਹਰ ਸੰਭਵ ਮਦਦ ਕਰਨ ਵਾਲੇ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸਰਪ੍ਰਸਤ ਡਾ. ਐੱਸ. ਪੀ. ਸਿੰਘ ਉਬਰਾਏ ਅੰਮ੍ਰਿਤਸਰ ਨਾਲ ਸਬੰਧਿਤ ਪ੍ਰਦੀਪ ਸਿੰਘ, ਜਿਸ ਦੀ ਦੁਬਈ 'ਚ ਹੋਏ ਇੱਕ ਭਿਆਨਕ ਸੜਕ ਹਾਦਸੇ ਦੌਰਾਨ ਦਰਦਨਾਕ ਮੌਤ ਹੋ ਗਈ ਸੀ, ਦੇ ਮਾਪਿਆਂ ਨਾਲ ਦੁੱਖ ਸਾਂਝਾ ਕਰਨ ਲਈ ਉਚੇਚੇ ਤੌਰ ਤੇ ਉਸ ਦੇ ਘਰ ਪਹੁੰਚੇ ਜਿੱਥੇ ਇਕਲੌਤੇ ਪੁੱਤ ਦੇ ਵਿਛੋੜੇ 'ਚ ਵਿਲਕਦੇ ਮਾਪਿਆਂ ਦਾ ਦੁੱਖ ਵੇਖ ਡਾ. ਉਬਰਾਏ ਵੀ ਭਾਵੁਕ ਹੋ ਗਏ। ਇਸ ਦੌਰਾਨ ਗੱਲਬਾਤ ਕਰਦਿਆਂ ਡਾ. ਐੱਸ. ਪੀ. ਸਿੰਘ ਓਬਰਾਏ ਨੇ ਭਰੇ ਮਨ ਨਾਲ ਦੱਸਿਆ ਮਾਪਿਆਂ ਦਾ ਇਕਲੌਤਾ ਪੁੱਤ ਪ੍ਰਦੀਪ ਵੀ ਬਿਹਤਰ ਭਵਿੱਖ ਲਈ ਕਰੀਬ 6 ਮਹੀਨੇ ਪਹਿਲਾਂ ਹੀ ਦੁਬਈ ਗਿਆ ਸੀ ਬੀਤੀ 10 ਅਪ੍ਰੈਲ ਨੂੰ ਦੁਬਈ 'ਚ ਵਾਪਰੇ ਇੱਕ ਸੜਕ ਹਾਦਸੇ ਦੌਰਾਨ ਲੱਗੀ ਗੰਭੀਰ ਸੱਟਾਂ ਕਾਰਨ ਉਸਦੀ ਦਰਦਨਾਕ ਮੌਤ ਹੋ ਗਈ ਸੀ। ਉਨ੍ਹਾਂ ਵੱਲੋਂ ਭਾਰਤੀ ਦੂਤਾਵਾਸ ਦੇ ਸਹਿਯੋਗ ਨਾਲ ਸਾਰੀ ਲੋੜੀਂਦੀ ਕਾਗਜ਼ੀ ਕਾਰਵਾਈ ਮੁਕੰਮਲ ਕਰਵਾ ਕੇ ਪ੍ਰਦੀਪ ਦਾ ਮ੍ਰਿਤਕ ਸਰੀਰ ਕੁਝ ਦਿਨ ਪਹਿਲਾਂ ਭਾਰਤ ਭੇਜਿਆ ਸੀ। ਡਾ. ਉਬਰਾਏ ਨੇ ਦੱਸਿਆ ਕਿ ਉਨ੍ਹਾਂ ਪ੍ਰਦੀਪ ਦੀ ਵੱਡੀ ਭੈਣ ਦੇ ਵਿਆਹ ਲਈ 2 ਲੱਖ ਰੁਪਏ ਦਾ ਚੈੱਕ ਉਸ ਦੇ ਪਰਿਵਾਰ ਨੂੰ ਦੇਣ ਤੋਂ ਇਲਾਵਾ ਉਸ ਦੇ ਮਾਪਿਆਂ ਦੀ ਗੁਜ਼ਾਰੇ ਨੂੰ ਵੇਖਦਿਆਂ ਘਰ ਦੇ ਗੁਜ਼ਾਰੇ ਲਈ 5 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਵੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਉਹ ਇਸ ਦੁੱਖੀ ਪਰਿਵਾਰ ਦਾ ਘਾਟਾ ਤਾਂ ਨਹੀਂ ਪੂਰਾ ਕਰ ਸਕਦੇ ਪਰ ਇਸ ਔਖੇ ਵੇਲੇ ਆਪਣੇ ਵੱਲੋਂ ਹਰ ਸੰਭਵ ਮਦਦ ਕਰਨਾ ਆਪਣਾ ਇਨਸਾਨੀ ਫਰਜ਼ ਸਮਝਦੇ ਹਨ। ਇਸ ਮੌਕੇ ਉਨ੍ਹਾਂ ਨਾਲ ਟਰੱਸਟ ਦੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਜ਼ਿਲ੍ਹਾ ਜਨਰਲ ਸਕੱਤਰ ਮਨਪ੍ਰੀਤ ਸੰਧੂ, ਨਵਜੀਤ ਸਿੰਘ ਘਈ ਤੇ ਸੁਖਚੈਨ ਸਿੰਘ ਹੇਰ ਤੋਂ ਇਲਾਵਾ ਹਰਜੀਤ ਸਿੰਘ ਅਤੇ ਰਣਜੀਤ ਸਿੰਘ ਆਦਿ ਵੀ ਮੌਜੂਦ ਸਨ।

# ਸਾਇੰਸ ਤੇ ਕੰਪਿਊਟਰ ਵਿਸ਼ੇ ਦੀਆਂ ਪ੍ਰੀਖਿਆਵਾਂ 'ਚ ਸ਼ਾਨਦਾਰ ਮੱਲਾਂ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ ਸੈਸ਼ਨ 2024-25 'ਚ ਸਾਇੰਸ ਓਲੰਪੀਅਡ ਫਾਊਂਡੇਸ਼ਨ ਨਵੀਂ ਦਿੱਲੀ ਵੱਲੋਂ ਕਰਵਾਈਆਂ ਗਈਆਂ ਸਾਇੰਸ ਅਤੇ ਕੰਪਿਊਟਰ ਵਿਸ਼ੇ ਦੀਆਂ ਪ੍ਰੀਖਿਆਵਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਮੈਥ ਵਿਸ਼ੇ ਵਿੱਚ ਕੁੱਲ 241 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 62 ਵਿਦਿਆਰਥੀਆਂ ਨੇ ਗੋਲਡ ਮੈਡਲ ਪ੍ਰਾਪਤ ਕੀਤੇ। ਕੰਪਿਊਟਰ ਵਿਸ਼ੇ ਵਿੱਚ ਕੁੱਲ 114 ਵਿਦਿਆਰਥੀਆਂ ਨੇ ਭਾਗ ਲਿਆ ਜਿਨ੍ਹਾਂ ਵਿੱਚੋਂ 43 ਵਿਦਿਆਰਥੀਆਂ ਨੇ ਗੋਲਡ ਮੈਡਲ, 24 ਵਿਦਿਆਰਥੀਆਂ ਨੇ ਗੋਲਡ ਮੈਡਲ ਆਫ਼ ਐਕਸੀਲੈਂਸ, 19 ਵਿਦਿਆਰਥੀਆਂ ਨੇ ਗੋਲਡ ਮੈਡਲ ਆਫ਼ ਡਿਸਟਿੰਕਸ਼ਨ ਪ੍ਰਾਪਤ ਕੀਤੇ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਜਵਾ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਇਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਉਨ੍ਹਾਂ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਮਿਹਨਤ ਕਰਕੇ ਜ਼ਿੰਦਗੀ ਵਿੱਚ ਬੁਲੰਦੀਆਂ ਨੂੰ ਛੂਹਣ ਦਾ ਆਸ਼ੀਰਵਾਦ ਦਿੱਤਾ।



# ਸੱਚਰ ਨੇ ਭੀਲੋਵਾਲ 'ਚ ਕੀਤੀ ਸੰਵਿਧਾਨ ਬਚਾਓ ਰੈਲੀ ਸੰਬੰਧੀ ਮੀਟਿੰਗ



**ਤਰਸਿੱਕਾ, (ਤਰਲੋਕ ਸਿੰਘ ਸਾਧਪੁਰ)**

ਕਾਂਗਰਸ ਹਾਈਕਮਾਂਡ ਵੱਲੋਂ ਸੰਵਿਧਾਨ ਬਚਾਓ ਮੁਹਿੰਮ ਨੂੰ ਤੇਜ਼ ਕਰਦਿਆਂ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਨੇਤਾ ਵਿਰੋਧੀ ਧਿਰ ਪ੍ਰਤਾਪ ਸਿੰਘ ਬਾਜਵਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਜੀਠਾ ਹਲਕੇ ਵਿੱਚ ਹੋਣ ਵਾਲੀ ਸੰਵਿਧਾਨ ਬਚਾਓ ਰੈਲੀ ਨੂੰ ਕਾਮਯਾਬ ਬਣਾਉਣ ਲਈ ਹਲਕੇ ਦੇ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਹੈ ਜਿਸ ਤਹਿਤ ਭੀਲੋਵਾਲ ਵਿੱਚ ਪ੍ਰਭਾਵਸ਼ਾਲੀ ਮੀਟਿੰਗ ਕੀਤੀ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਅਤੇ ਆਮ ਲੋਕਾਂ ਨੇ ਹਿੱਸਾ ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੱਚਰ ਨੇ ਕਿਹਾ ਕਿ ਹੋਣ ਵਾਲੀ ਰੈਲੀ ਵਿੱਚ ਜਿੱਥੇ ਕੇਂਦਰ ਦੀ ਮੋਦੀ ਸਰਕਾਰ ਦੀਆਂ ਨਾਕਾਮੀਆਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ ਉਥੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਝੂਠੇ ਵਾਅਦਿਆਂ ਦਾ ਵੀ ਪਰਦਾਫਾਸ਼ ਕਰਾਂਗੇ ਜਿਸ ਵਿੱਚ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪ੍ਰਤਾਪ ਸਿੰਘ ਬਾਜਵਾ ਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਸ਼ਾਮਲ ਹੋਵੇਗੀ। ਇਸ ਮੌਕੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ, ਬਲਾਕ ਕਾਂਗਰਸ ਦੇ ਪ੍ਰਧਾਨ ਨਵਤੇਜਪਾਲ ਸਿੰਘ, ਸੁਖਬੀਰ ਸਿੰਘ ਬੋਪਾਰਾਏ, ਤਿਲਮਿਲ ਸਿੰਘ ਸਾਧਪੁਰ, ਸਵਿੰਦਰ ਸਿੰਘ ਸਰਪੰਚ ਚਾਟੀਵਿੰਡ, ਸੁਰਜੀਤ ਸਿੰਘ ਬਾਠ ਮੀਡੀਆ ਇੰਚਾਰਜ, ਰਵਿੰਦਰ ਸਿੰਘ ਮੈਂਬਰ, ਸਤਨਾਮ ਸਿੰਘ, ਕਾਬਲ ਸਿੰਘ ਫੌਜੀ, ਪਰਮਜੀਤ ਲੰਬੜਦਾਰ, ਜੈਮਲ ਸਿੰਘ ਲੰਬੜਦਾਰ, ਕਾਬਲ ਸਿੰਘ, ਬਲਜੀਤ ਸਿੰਘ, ਮਨਜਿੰਦਰ, ਰਾਜੂ, ਹਰਦੀਪ ਸਿੰਘ, ਅਨੂਪ ਸਿੰਘ, ਗੁਰਜੀਤ ਸਿੰਘ, ਸਕੱਤਰ ਸਿੰਘ, ਮੰਗਲ ਸਿੰਘ, ਡਾ. ਬਲਕਾਰ ਸਿੰਘ, ਜਸਪਾਲ ਸਿੰਘ ਲੰਬੜਦਾਰ, ਅਸ਼ੋਕ ਕੁਮਾਰ, ਗੁਰਮੇਜ ਸਿੰਘ ਆਗੂ ਹਾਜ਼ਰ ਸਨ।

# ਲੋਕ ਅਦਾਲਤ ਨੂੰ ਲੈ ਕੇ ਸੈਸ਼ਨ ਜੱਜ ਵੱਲੋਂ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ



**ਪਠਾਨਕੋਟ (ਦਵਿੰਦਰ ਸਿੰਘ)**

ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਚੇਅਰਮੈਨ-ਕਮ-ਜ਼ਿਲ੍ਹਾ ਅਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਦੀ ਅਗਵਾਈ ਵਿੱਚ 10 ਮਈ ਨੂੰ ਲੱਗਣ ਵਾਲੀ ਨੈਸ਼ਨਲ ਲੋਕ ਅਦਾਲਤ ਨੂੰ ਲੈ ਕੇ ਜ਼ਿਲਾ ਪਠਾਨਕੋਟ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸੈਸ਼ਨ ਜੱਜ ਵੱਲੋਂ ਮੀਟਿੰਗ ਕੀਤੀ ਗਈ। ਜ਼ਿਲਾ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਨੇ ਕਿਹਾ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਕੇਸ ਲਗਵਾਉਣੇ ਚਾਹੀਦੇ ਹਨ ਤਾਂ ਜੋ ਲੋਕਾਂ ਨੂੰ ਸਸਤਾ ਅਤੇ ਸੌਖਾ ਨਿਆਂ ਪ੍ਰਾਪਤ ਹੋ ਸਕੇ। ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਦੇ ਫੈਸਲੇ ਦੀ ਫਿਰ ਕਿਤੇ ਵੀ ਅਪੀਲ ਨਹੀਂ ਕੀਤੀ ਜਾ ਸਕਦੀ। ਇਸ ਦਾ ਫੈਸਲਾ ਆਖਰੀ ਫੈਸਲਾ ਹੁੰਦਾ ਹੈ।ਇਸ ਵਿੱਚ ਲੱਗੀ ਹੋਈ ਕੋਰਟ ਫੀਸ ਵੀ ਵਾਪਸ ਕਰ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਕਿਸੇ ਵੀ ਪਾਰਟੀ ਦੀ ਹਾਰ ਨਹੀਂ ਹੁੰਦੀ ਬਲਕਿ ਦੋਵੇਂ ਹੀ ਪਾਰਟੀਆਂ ਕੇਸ ਜਿੱਤ ਕੇ ਜਾਂਦੀਆਂ ਹਨ। ਇਸ ਲਈ ਸਾਨੂੰ ਨੈਸ਼ਨਲ ਲੋਕ ਅਦਾਲਤ ਵਿੱਚ ਆਪਣਾ ਕੇਸ ਲਵਾ ਕੇ ਭਾਈਚਾਰੇ ਦੀ ਭਾਵਨਾ ਵਿਕਸਿਤ ਕਰਨੀ ਚਾਹੀਦੀ ਹੈ।ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਘਰੇਲੂ ਝਗੜੇ, ਚੈੱਕ ਬਾਊਂਸ ਕੇਸ, ਛੋਟੇ ਕ੍ਰਿਮੀਨਲ ਕੇਸ, ਦੁਰਘਟਨਾ ਮੁਆਵਜ਼ਾ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਵੇਗਾ। ਇਸ ਮੌਕੇ ਸੀਜੇਐੱਮ-ਕਮ-ਸਕੱਤਰ ਰੁਪਿੰਦਰ ਸਿੰਘ, ਤਹਿਸੀਲਦਾਰ ਦਿਵਿਆ ਸਿੰਘਲਾ, ਬੀਡੀਪੀਓ ਪਠਾਨਕੋਟ ਜਗਤਾਰ ਸਿੰਘ, ਪੰਚਾਇਤ ਅਫਸਰ ਸੁਜਾਨਪੁਰ ਅਨਿਲ ਕੁਮਾਰ, ਲੇਬਰ ਅਧਿਕਾਰੀ ਅਮਿਤ ਸ਼ਰਮਾ, ਬੈਂਕਾਂ ਅਤੇ ਇੰਸ਼ੋਰੈਂਸ ਕੰਪਨੀਆਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਸ਼ਾਮਿਲ ਸਨ।

# ਜੰਡਿਆਲਾ ਪ੍ਰੈੱਸ ਕਲੱਬ ਦੀ ਮੀਟਿੰਗ 'ਚ ਕਲੱਬ ਦੇ ਸ਼ਨਾਖ਼ਤੀ ਕਾਰਡ ਵੰਡੇ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**

ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਜੰਡਿਆਲਾ ਪੈੱਸ ਕਲੱਬ (ਰਜਿ. )ਦੀ ਅਹਿਮ ਮੀਟਿੰਗ ਚੇਅਰਮੈਨ ਸੁਨੀਲ ਦੇਵਗਨ ਪੀਟੀਸੀ ਨਿਊਜ਼ ਅਤੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ



ਦੀ ਅਗਵਾਈ ਹੇਠ ਜੰਡਿਆਲਾ ਗੁਰੂ ਵਿਖੇ ਅਲਾਈਵ ਗਾਰਡਨ ਵਿਖੇ ਹੋਈ, ਜਿਸ ਵਿੱਚ ਪੱਤਰਕਾਰਾਂ ਨੂੰ ਆਪਣੀ ਡਿਊਟੀ ਨਿਭਾਉਂਦਿਆਂ ਆ ਰਹੀ ਦਰਵੇਸ਼ ਮੁਸ਼ਕਲਾਂ ਸੰਬੰਧੀ ਵਿਚਾਰ ਵਿਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ ਅਤੇ ਚੇਅਰਮੈਨ ਸੁਨੀਲ ਦੇਵਗਨ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਇਹ ਕਲੱਬ ਪਿਛਲੇ ਲੰਮੇ ਸਮੇਂ ਤੋਂ ਚੱਲਦਾ ਆ ਰਿਹਾ ਹੈ ਅਤੇ ਇਸ ਕਲੱਬ ਦੇ ਸਾਰੇ ਮੈਂਬਰ ਸਾਹਿਬਾਨ ਆਪਣੇ ਇਕ ਪਰਿਵਾਰ ਵਾਂਗ ਰਹਿੰਦੇ ਹਨ। ਇਸ ਮੌਕੇ ਉਨ੍ਹਾਂ ਕਿਹਾ ਕਿ ਅਸੀਂ ਕਲੱਬ ਦੇ ਕਿਸੇ ਵੀ ਮੈਂਬਰ ਤੇ ਭੀੜ ਬਣਨ ਤੇ ਸਾਰੇ ਕਲੱਬ ਦੇ ਮੈਂਬਰ ਉਸ ਮੈਂਬਰ ਨਾਲ ਮੋਢੇ ਨਾਲ ਮੋਢਾ ਲਾ ਕੇ ਖੜਾਂਗੇ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਕਲੱਬ ਪਹਿਲਾਂ ਲੋੜਵੰਦ ਵਿਅਕਤੀਆਂ ਦੀ ਮੀਡੀਆ ਦੇ ਮਾਧਿਅਮ ਰਾਹੀਂ ਉਨ੍ਹਾਂ ਦੀ ਆਵਾਜ਼ ਸਰਕਾਰੇ ਦਰਬਾਰੇ ਪਹੁੰਚਾਉਂਦਾ ਸੀ। ਹੁਣ ਵੀ ਇਸੇ ਤਰ੍ਹਾਂ ਨਿਰਸਵਾਰਥ ਹੋ ਕੇ ਜਨਤਾ ਦੀ ਸੇਵਾ ਵਿਚ ਹਾਜ਼ਰ ਰਾਹਾਂਗੇ।ਇਸ ਦੌਰਾਨ ਸਮੂਹ ਕਲੱਬ ਮੈਂਬਰਾਂ ਨੂੰ ਜੰਡਿਆਲਾ ਪ੍ਰੈੱਸ ਕਲਬ ਦੇ ਸ਼ਨਾਖ਼ਤੀ ਕਾਰਡ ਵੰਡੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਵੰਤ ਸਿੰਘ ਵਿਰਦੀ ਸੀਨੀਅਰ ਮੀਤ ਪ੍ਰਧਾਨ, ਹਰਿੰਦਰਪਾਲ ਸਿੰਘ ਮੀਤ ਪ੍ਰਧਾਨ, ਮੁਨੀਸ਼ ਕੁਮਾਰ ਮੀਤ ਪ੍ਰਧਾਨ, ਪਰਦੀਪ ਜੈਨ ਜਨਰਲ ਸੈਕਟਰੀ, ਵਰੁਣ ਸੋਨੀ, ਸੋਨੂੰ ਮਿਗਲਾਨੀ, ਸੁਖਦੇਵ ਸਿੰਘ ਟਾਂਗਰਾ, ਕੰਵਲਜੀਤ ਸਿੰਘ ਤਰਸਿੱਕਾ, ਸਚਿਨ ਸ਼ਰਮਾ ਅੰਮ੍ਰਿਤਸਰ, ਇੰਦਰਜੀਤ ਮਹਿਤਾ, ਰਾਕੇਸ਼ ਕੁਮਾਰ, ਨਰਿੰਦਰ ਸੂਰੀ, ਪਿੰਕੂ ਆਨੰਦ ਆਦਿ ਹਾਜ਼ਰ ਸਨ।

# ਖ਼ਾਲਸਾ ਕਾਲਜ ਚਵਿੰਡਾ ਦੇਵੀ ਦੇ ਵਿਦਿਆਰਥੀ 'ਵਰਸਿਟੀ ਪ੍ਰੀਖਿਆਵਾਂ 'ਚ ਛਾਏ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**—ਖ਼ਾਲਸਾ ਕਾਲਜ ਚਵਿੰਡਾ ਦੇਵੀ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਵੱਖ-ਵੱਖ ਇਮਤਿਹਾਨਾਂ ਦੇ ਐਲਾਨੇ ਨਤੀਜਿਆਂ 'ਚ ਸ਼ਾਨਦਾਰ ਸਥਾਨ ਪ੍ਰਾਪਤ ਕਰਕੇ ਕਾਲਜ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੇਵ ਸਿੰਘ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਅਧਿਆਪਕ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ।ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਲਜ ਦੇ ਬੀ. ਏ. ਸਮੈਸਟਰ ਚੌਥਾ ਦਾ ਨਤੀਜਾ ਸ਼ਾਨਦਾਰ ਅਤੇ ਸੌ ਪ੍ਰਤੀਸ਼ਤ ਰਿਹਾ।ਉਨ੍ਹਾਂ ਕਿਹਾ ਕਿ ਵਿਦਿਆਰਥਣਾਂ ਸੁਮਨਦੀਪ ਕੌਰ ਅਤੇ ਸੁਖਮਨਦੀਪ ਕੌਰ ਨੇ 70% ਲੈ ਕੇ ਪਹਿਲਾ ਸਥਾਨ, ਵਿਦਿਆਰਥੀ ਵਿਸ਼ਵਜੀਤ ਸਿੰਘ ਨੇ 69.5% ਲੈ ਕੇ ਦੂਜਾ ਅਤੇ ਵਿਦਿਆਰਥਣ ਸਿਮਰਨਜੀਤ ਕੌਰ ਨੇ 68.6% ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ।ਉਨ੍ਹਾਂ ਕਿਹਾ ਕਿ ਲੜਕੀਆਂ ਤੋਂ ਇਲਾਵਾ ਇਸ ਸਾਲ ਲੜਕਿਆਂ ਨੇ ਵੀ ਚੰਗੇ ਅੰਕ ਪ੍ਰਾਪਤ ਕਰਕੇ ਅੱਵਲ ਸਥਾਨ ਹਾਸਲ ਕੀਤੇ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ 'ਚ ਹੋਰ ਮਿਹਨਤ ਅਤੇ ਲਗਨ ਨਾਲ ਅਗਾਂਹ ਵੱਧਦੇ ਰਹਿਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਏ ਜੀ ਸੀ ਈਕੋ ਕਲੱਬ ਨੇ ਕੈਂਪਸ 'ਚ ਹਫ਼ਤਾ ਭਰ ਸੈਨੀਟੇਸ਼ਨ ਡਰਾਈਵ ਚਲਾਈ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਅੰਮ੍ਰਿਤਸਰ ਗਰੁੱਪ ਆਫ਼ ਕਾਲਜਿਜ਼ ਦੇ ਈਕੋ ਕਲੱਬ ਨੇ ਕੈਂਪਸ ਵਿੱਚ ਇੱਕ ਹਫ਼ਤਾ ਭਰ ਸੈਨੀਟੇਸ਼ਨ ਡਰਾਈਵ ਸਫਲਤਾਪੂਰਵਕ ਚਲਾਈ ਤਾਂ ਜੋ ਸਟਾਫ ਅਤੇ ਵਿਦਿਆਰਥੀਆਂ ਵਿੱਚ ਵਾਤਾਵਰਣ ਸਥਿਰਤਾ ਅਤੇ ਸਫਾਈ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਸਕੇ।ਇਸ ਡਰਾਈਵ ਵਿੱਚ ਦਿਲਚਸਪ ਅਤੇ ਿ ਵ ਿ ਦ ਅ ਕ ਗਤੀਵਿਧੀਆਂ ਸ਼ਾਮਲ



ਸਨ, ਜਿਸ ਵਿੱਚ ਕੈਂਪਸ ਨੂੰ ਸਾਫ਼-ਸੁਥਰਾ ਅਤੇ ਹਰਾ-ਭਰਾ ਰੱਖਣ ਲਈ ਇੱਕ ਸਹੁੰ-ਚੁੱਕ ਸਮਾਰੋਹ, ਰੋਲ ਪਲੇ, ਪੋਸਟਰ ਬਣਾਉਣ ਦੇ ਮੁਕਾਬਲੇ, ਭੋਜਨ ਸੁਰੱਖਿਆ ਅਤੇ ਸੈਨੀਟੇਸ਼ਨ ਪ੍ਰਦਰਸ਼ਨ, ਕੁਦਰਤ-ਪਾਲਣ-ਪੋਸ਼ਣ ਗਤੀਵਿਧੀਆਂ, ਦਸਤਾਵੇਜ਼ੀ ਸਕ੍ਰੀਨਿੰਗ ਅਤੇ ਜਾਗਰੂਕਤਾ ਸੈਸ਼ਨ ਸ਼ਾਮਲ ਸਨ।ਕੂੜੇ ਨੂੰ ਵੱਖ ਕਰਨ ਅਤੇ ਇਸਦੇ ਪ੍ਰਭਾਵਸ਼ਾਲੀ ਪ੍ਰਬੰਧਨ ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ, ਜਿਸ ਵਿੱਚ ਟਿਕਾਊ ਅਭਿਆਸਾਂ ਦੀ ਜ਼ਰੂਰਤ ਨੂੰ ਉਜਾਗਰ ਕੀਤਾ ਗਿਆ।ਇਸ ਮੁਹਿੰਮ ਵਿੱਚ ਟੀਮ ਏਜੀਸੀ ਈਕੋ ਕਲੱਬ ਵੱਲੋਂ ਉਤਸ਼ਾਹੀ ਭਾਗੀਦਾਰੀ ਦੇਖੀ ਗਈ, ਜਿਸਨੇ ਪਹਿਲਕਦਮੀ ਨੂੰ ਸਫਲ ਬਣਾਉਣ ਲਈ ਬਹੁਤ ਜੋਸ਼ ਅਤੇ ਵਚਨਬੱਧਤਾ ਨਾਲ ਯੋਗਦਾਨ ਪਾਇਆ।ਉਨ੍ਹਾਂ ਦੇ ਸਮੂਹਿਕ ਯਤਨਾਂ ਨੇ ਕੈਂਪਸ ਦੇ ਵਾਤਾਵਰਣ ਨੂੰ ਵਧਾਇਆ ਅਤੇ ਆਪਣੇ ਭਾਈਚਾਰੇ ਵਿੱਚ ਈਕੋ-ਚੇਤਨਾ ਅਤੇ ਸਫਾਈ ਨੂੰ ਉਤਸ਼ਾਹਿਤ ਕਰਨ ਲਈ ਏਜੀਸੀ ਦੇ ਸਮਰਪਣ ਨੂੰ ਹੋਰ ਮਜ਼ਬੂਤ ਕੀਤਾ।

# ਪ੍ਰਿੰਸੀਪਲ ਦਵਿੰਦਰ ਸਿੰਘ ਦੇ ਅਕਾਲ ਚਲਾਣੇ 'ਤੇ ਦੁੱਖ਼ ਦਾ ਪ੍ਰਗਟਾਵਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਅੰਮ੍ਰਿਤਸਰ ਵਿਕਾਸ ਮੰਚ ਵਲੋਂ ਪ੍ਰਿੰਸੀਪਲ ਦਵਿੰਦਰ ਸਿੰਘ ਦੇ ਅਕਾਲ ਚਲਾਣੇ 'ਤੇ ਦੁੱਖ਼ ਦਾ ਪ੍ਰਗਟਾਵਾ ਕੀਤਾ ਗਿਆ ਹੈ। ਪ੍ਰੈੱਸ ਨੂੰ ਜਾਰੀ ਇਕ ਸਾਂਝੇ ਬਿਆਨ ਵਿਚ ਮੰਚ ਦੇ ਸਰਪ੍ਰਸਤ ਪ੍ਰੋਫ਼ੈਸਰ ਮੋਹਨ ਸਿੰਘ, ਡਾ. ਚਰਨਜੀਤ ਸਿੰਘ ਗੁਮਟਾਲਾ, ਮਨਮੋਹਨ ਸਿੰਘ ਬਰਾੜ, ਪ੍ਰਿਸੀਪਲ ਕੁਲਵੰਤ ਸਿੰਘ ਅਣਖੀ, ਹਰਦੀਪ ਸਿੰਘ ਚਾਹਲ, ਇੰਜ.ਹਰਜਾਪ ਸਿੰਘ ਔਜਲਾ, ਪ੍ਰਧਾਨ ਸੁਰਿੰਦਰਜੀਤ ਸਿੰਘ ਬਿੱਟੂ, ਜਨਰਲ ਸਕੱਤਰ ਯੋਗੇਸ਼ ਕਾਮਰਾ ਤੇ ਮੈਂਬਰਾਨ ਵੱਲੋਂ ਜਾਰੀ ਇਕ ਸਾਂਝੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਉਹ ਬਹੁਤ ਹੀ ਮਿਲਾਪੜੇ ਸੁਭਾਅ ਦੇ ਮਾਲਕ ਸਨ। ਉਨ੍ਹਾਂ ਨੇ ਖਾਲਸਾ ਕਾਲਜ ਅੰਮ੍ਰਿਤਸਰ ਤੋਂ ਐੱਮ. ਏ. ਅੰਗਰੇਜ਼ੀ ਅਤੇ ਪੋਲੀਟੀਕਲ ਸਾਇੰਸ ਦੀ ਡਿਗਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਵੱਖ-ਵੱਖ ਸਕੂਲਾਂ ਵਿਚ 36 ਸਾਲ ਨੌਕਰੀ ਕੀਤੀ ਤੇ ਉਹ 1995 ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਾਂਵਾਲਾ 'ਤੋਂ ਬਤੌਰ ਪ੍ਰਿੰਸੀਪਲ ਸੇਵਾ ਮੁਕਤ ਹੋਇ। ਉਨ੍ਹਾਂ ਦਾ ਇਕ ਬੇਟਾ ਰਵਿੰਦਰ ਸਿੰਘ ਕੈਨੇਡਾ ਦਾ ਸਿਟੀਜ਼ਨ ਹੈ ਤੇ ਦੂਸਰਾ ਡਾ. ਗੁਰਵਿੰਦਰ ਸਿੰਘ ਹੱਡੀਆਂ ਦਾ ਮਾਹਿਰ ਡਾਕਟਰ ਹੈ। ਉਨ੍ਹਾਂ ਨੇ ਗੌਰਮਿੰਟ ਟੀਚਰਜ਼ ਯੂਨੀਅਨ ਵਿਚ ਵੀ ਵੱਖ-ਵੱਖ ਅਹੁਦਿਆਂ ਤੇ ਸੇਵਾ ਨਿਭਾਈ। ਉਹ ਇਕ ਚੰਗੇ ਸਮਾਜ ਸੇਵੀ ਵੀ ਸਨ। ਉਨ੍ਹਾਂ ਨੇ ਅੰਮ੍ਰਿਤਸਰ ਦੀ ਨਾਮੀ ਸਮਾਜਸੇਵੀ ਸੰਸਥਾ ਅੰਮ੍ਰਿਤਸਰ ਵਿਕਾਸ ਮੰਚ 23 ਫ਼ਰਵਰੀ 2002 ਦੀ ਮੈਂਬਰਸ਼ਿਪ ਲੈ ਕੇ ਬਤੌਰ ਮੀਤ ਪ੍ਰਧਾਨ ਸਮਾਜ ਦੀ ਸੇਵਾ ਕੀਤੀ। ਉਹ ਅੱਜ ਭਾਵੇਂ ਸਾਡੇ ਵਿੱਚ ਨਹੀਂ ਰਹੇ, ਪਰ ਉਨ੍ਹਾਂ ਵੱਲੋਂ ਵਿੱਦਿਅਕ ਤੇ ਸਮਾਜ ਲਈ ਕੀਤੇ ਚੰਗੇ ਕਾਰਜਾਂ ਲਈ ਉਨ੍ਹਾਂ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ।

# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਵੱਲੋਂ 'ਸੁਲਗਦੇ ਅਲਫ਼ਾਜ਼' ਲੋਕ ਅਰਪਿਤ

**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**

ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਮੀਟਿੰਗ ਹਾਲ, ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ।ਇਸ ਮੌਕੇ ਡਾ: ਇਕਬਾਲ ਕੌਰ ਸੌਂਧ (ਸਾ: ਚੇਅਰਪਰਸਨ ਭਗਤ ਨਾਮਦੇਵ ਚੇਅਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ) ਬਤੌਰ ਮੁੱਖ ਮਹਿਮਾਨ ਅਤੇ ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਅਤੇ ਮੀਤ ਮੈਨੇਜਰ ਭਾਈ ਸ਼ੇਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਪ੍ਰਿੰ. ਸਵਿੰਦਰ ਸਿੰਘ ਚਾਹਲ, ਸੁਰਿੰਦਰ ਕੌਰ ਚਾਹਲ, ਸ਼ਾਇਰ ਵਿਸ਼ਾਲ (ਸੰਪਾਦਕ ਮੰਤਵ), ਹਰਕੰਵਲਜੀਤ ਸਾਹਿਲ ਕੈਨੇਡਾ (ਸੰਪਾਦਕ 7 ਰੀਵਰ), ਡਾ: ਗਗਨਦੀਪ ਸਿੰਘ ਪ੍ਰਧਾਨ ਮਝੈਲਾਂ ਦੀ ਸੱਥ, ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ ਜਲੰਧਰ), ਜਸਵਿੰਦਰ ਸਿੰਘ ਢਿੱਲੋਂ (ਪ੍ਰਧਾਨ ਪੰਜਾਬੀ ਸਾਹਿਤ ਅਤੇ ਸਭਿਆਚਰਾਕ ਮੰਚ ਤਰਨ ਤਾਰਨ), ਅਵਤਾਰ ਸਿੰਘ ਗੋਇੰਦਵਾਲ (ਜਨਰਲ ਸਕੱਤਰ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ), ਸੁਖਦੇਵ ਸਿੰਘ ਭੁੱਲਰ ਸਾ: ਸੀਨੀਅਰ ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਮਾ: ਮਨਜੀਤ ਸਿੰਘ ਵੱਸੀ ਕਾਰਜਕਾਰੀ ਮੈਂਬਰ ਕੇਂਦਰੀ ਪੰਜਾਬੀ ਲੇਖਕ ਸਭਾ, ਪੰਜਾਬੀ ਸਾਹਿਤ ਸਭਾ



ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰ. ਰਘਬੀਰ ਸਿੰਘ ਸੋਹਲ ਅਤੇ ਪ੍ਰਧਾਨ ਸੰਤੋਖ ਸਿੰਘ ਗੁਰਾਇਆ ਆਦਿ ਸੁਸ਼ੋਭਿਤ ਹੋਏ।ਇਸ ਮੌਕੇ ਪ੍ਰਵਾਸੀ ਸ਼ਾਇਰ ਪ੍ਰਿੰ. ਸਵਿੰਦਰ ਸਿੰਘ ਚਾਹਲ (ਧੂਲ਼ਕਾ) ਹਾਲ ਕੈਨੇਡਾ ਦੀ ਕਾਵਿ ਪੁਸਤਕ 'ਸੁਲਗਦੇ ਅਲਫ਼ਾਜ਼' ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤੀ ਗਈ।ਸ਼ਾਇਰ ਵਿਸ਼ਾਲ ਵੱਲੋਂ ਸੰਪਾਦਿਤ ਮੈਗਜ਼ੀਨ 'ਮੰਤਵ' ਵੀ ਲੋਕ ਅਰਪਿਤ ਕੀਤਾ ਗਿਆ।ਸਭਾ ਵੱਲੋਂ ਪ੍ਰਿੰ. ਸਵਿੰਦਰ ਸਿੰਘ ਚਾਹਲ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਮੰਚ ਸੰਚਾਲਨ ਦੇ ਫਰਜ਼ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ। ਇਸ ਮੌਕੇ ਗਾਇਕ ਮੱਖਣ ਭੈਣੀਵਾਲਾ, ਹਰਜੋਤ ਸਿੰਘ ਕਾਲਾ ਰਿਆਲੀ, ਸਤਨਾਮ ਸਿੰਘ ਸੱਤਾ ਜਸਪਾਲ, ਜਸਮੇਲ ਸਿੰਘ ਜੋਧੇ, ਜਗਤਾਰ ਸਿੰਘ ਝਲਾੜੀ, ਕਾਲੇ ਸ਼ਾਹ ਟਾਂਗਰਾ, ਅਜੀਤ ਸਿੰਘ ਸਠਿਆਲਵੀ ਆਦਿ ਨੇ ਗਾਇਕੀ ਦੇ ਜੌਹਰ ਦਿਖਾਏ, ਜਦਕਿ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਨਿਰਮਲਜੀਤ ਕੌਰ, ਤਲਜਿੰਦਰ ਕੌਰ, ਹਰਜਿੰਦਰ ਸਿੰਘ ਜਿੰਦੀ ਮਠੌਲ਼ਾ, ਸੁਖਦੇਵ ਸਿੰਘ ਗੰਡਵਾਂ, ਮਨਦੀਪ ਸਿੰਘ ਬੋਪਾਰਾਏ, ਉਪਕਾਰ ਸਿੰਘ, ਨਵਦੀਪ ਸਿੰਘ ਬਦੇਸ਼ਾ, ਸਤਰਾਜ ਜਲਾਲਾਂਬਾਦੀ, ਜਸਪਾਲ ਸਿੰਘ ਧੂਲਕਾ, ਸਰਬਜੀਤ ਸਿੰਘ ਪੱਡਾ, ਮਾ: ਬਲਬੀਰ ਸਿੰਘ ਬੀਰ ਬੋਲੇਵਾਲੀਆ, ਅਜੀਤ ਸਿੰਘ ਨਬੀਪੁਰੀ, ਹਰਦੇਵ ਸਿੰਘ ਚਾਹਲ, ਸਾਹਿਬ ਸਿੰਘ, ਸੁਖਵਿੰਦਰ ਸਿੰਘ, ਜਗਦੀਪ ਸਿੰਘ, ਮਲਕੀਤ ਸਿੰਘ ਪੰਨੂੰ (ਮਝੈਲਾਂ ਦੀ ਸੱਥ), ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਬਲਵਿੰਦਰ ਸਿੰਘ ਅਠੌਲਾ, ਅਰਜਿੰਦਰ ਬੁਤਾਲਵੀ, ਬਲਦੇਵ ਸਿੰਘ ਬੁਤਾਲਾ, ਕੈਪਟਨ ਸਿੰਘ ਮਹਿਤਾ ਆਦਿ ਨੇ ਕਾਵਿ ਰਚਾਨਵਾਂ ਰਾਹੀਂ ਚੰਗਾ ਰੰਗ ਬੰਨ੍ਹਿਆ।

# ਐਕਟਿੰਗ ਪ੍ਰਿੰ. ਗੁਰਪ੍ਰਤਾਪ ਸਿੰਘ ਦੀ ਮੁਅੱਤਲੀ ਨਿੰਦਣਯੋਗ : ਵਲਟੋਹਾ, ਕੈਰੋਂ

**ਤਰਨ ਤਾਰਨ, ਝਬਾਲ (ਪ੍ਰਿਤਪਾਲ ਸਿੰਘ/ ਹਰਜਿੰਦਰ ਸਿੰਘ ਸੋਨੀ)**

ਡਾਇਰੈਕਟਰ ਸਕੂਲ ਸਿੱਖਿਆ ਸੈਕੰਡਰੀ ਦੇ ਹੁਕਮ ਅਨੁਸਾਰ ਕਾਰਜਕਾਰੀ ਪ੍ਰਿੰਸੀਪਲ ਗੁਰਪ੍ਰਤਾਪ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਇੰਦਵਾਲ ਨੂੰ ਮੁਅੱਤਲ ਕਰਨਾ ਅਤਿ ਨਿੰਦਣਯੋਗ ਫੈਸਲਾ ਹੈ। ਇਨ੍ਹਾਂ ਨੂੰ ਤੁਰੰਤ ਬਹਾਲ ਕੀਤਾ ਜਾਵੇ।ਪ੍ਰੈੱਸ ਨੂੰ ਇਹ ਬਿਆਨ ਜਾਰੀ ਕਰਦਿਆਂ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਸੂਬਾਈ ਸਲਾਹਕਾਰ ਬਲਕਾਰ ਸਿੰਘ ਵਲਟੋਹਾ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਰਜ ਸਿੰਘ ਕੈਰੋਂ ਨੇ ਕਿਹਾ ਕਿ ਸਕੂਲ ਵਿੱਚ ਸਰਕਾਰੀ ਸਮਾਗਮਾਂ ਦੌਰਾਨ ਸਕੂਲ ਵਿਦਿਆਰਥੀਆਂ ਤੋਂ ਮਦਦ ਲੈਣੀ ਕੋਈ ਗ਼ਲਤ ਕੰਮ ਨਹੀਂ ਹੈ, ਸਗੋਂ ਮਹਿਮਾਨ ਨਿਵਾਜ਼ੀ ਵਾਸਤੇ ਇਹ ਹੱਥੀਂ ਕੰਮ ਕਰਨ ਦੀ ਟ੍ਰੇਨਿੰਗ ਹੈ ਜੋ ਕਿ ਸਦੀਆਂ ਤੋਂ ਚੱਲੀ ਆ ਰਹੀ ਇੱਕ ਚੰਗੀ ਪ੍ਰੰਪਰਾ ਹੈ।ਜੇਕਰ ਪ੍ਰਿੰਸੀਪਲ ਗੁਰਪ੍ਰਤਾਪ ਸਿੰਘ ਨੇ ਬੱਚਿਆਂ ਤੋਂ ਅਜਿਹਾ ਕੰਮ ਕਰਵਾ ਕੇ ਉਨ੍ਹਾਂ ਦੀ ਥਾਂ ਗ਼ਲਤ ਬਿੱਲ ਸਕੂਲ ਫੰਡ ਵਿੱਚ ਪਾਏ ਹਨ ਤਾਂ ਉਹ ਗਲਤ ਹਨ।ਗੁਰਪ੍ਰਤਾਪ ਸਿੰਘ ਇੱਕ ਸਮਰਪਿਤ ਅਧਿਆਪਕ ਤੇ ਪ੍ਰਬੰਧਕ ਹਨ।ਉਨ੍ਹਾਂ ਦਾ ਸੇਵਾ ਦਾ ਵਧੀਆ ਰਿਕਾਰਡ ਹੈ।ਸਿੱਖਿਆ ਕ੍ਰਾਂਤੀ ਦੇ ਸਮਾਗਮਾਂ 'ਤੇ ਜਿੰਨਾ ਖਰਚ ਆ ਰਿਹਾ ਹੈ ਅਗਰ ਸਭ ਕੁੱਝ ਪੈਸੇ ਖ਼ਰਚ ਕੇ ਹੀ ਕਰਵਾਇਆ ਜਾਵੇ ਤਾਂ ਉਹ ਵੀ ਸੰਭਵ ਨਹੀਂ।ਇਸ ਕਥਿਤ ਸਾਜ਼ਿਸ਼ ਦੀ ਵੀ ਜਾਂਚ ਹੋਣੀ ਚਾਹੀਦੀ ਹੈ ਕਿ ਇਸ ਗੱਲ ਨੂੰ ਚਰਚਾ ਵਿੱਚ ਲਿਆਉਣ ਵਾਲਾ ਕੌਣ ਹੈ।ਇਸ ਸਕੂਲ ਦੀ ਕਾਇਆ ਕਲਪ ਕਰਨ ਵਿੱਚ ਗੁਰਪ੍ਰਤਾਪ ਸਿੰਘ ਦਾ ਵੱਡਾ ਰੋਲ ਹੈ, ਇਹ ਗੱਲ ਸਥਾਨਕ ਸਿੱਖਿਆ ਅਫ਼ਸਰ ਵੀ ਜਾਣਦੇ ਹੋਣਗੇ।ਮਹਿਮਾਨ ਨਿਵਾਜ਼ੀ ਅਸੀਂ ਘਰਾਂ ਵਿੱਚ, ਧਾਰਮਿਕ ਤੇ ਸਮਾਜਿਕ ਸਮਾਗਮਾਂ ਵਿੱਚ ਵੀ ਅਕਸਰ ਕਰਵਾਉਂਦੇ ਹਾਂ।ਜੇਕਰ ਉਥੇ ਗੁਨਾਹ ਨਹੀਂ ਤਾਂ ਇੱਥੇ ਕਿਉਂ? ਸਕੂਲਾਂ ਵਿੱਚ ਐੱਨਐੱਸਐੱਸ, ਸਕਾਊਟ ਗਾਈਡ ਤੇ ਐੱਨਸੀਸੀ ਦੀ ਟ੍ਰੇਨਿੰਗ ਅਜਿਹੀ ਸੇਵਾ ਲਈ ਹੁੰਦੀ ਹੈ, ਜੋ ਬਕਾਇਦਾ ਸਿਲੇਬਸ ਦਾ ਹਿੱਸਾ ਹੈ।ਸੋ ਇਸ ਕਰਕੇ ਸਿੱਖਿਆ ਮੰਤਰੀ ਨੂੰ ਵਿਸ਼ੇਸ਼ ਧਿਆਨ ਦੇ ਕੇ ਇਹ ਮੁਅੱਤਲੀ ਤੁਰੰਤ ਰੱਦ ਕਰਨੀ ਚਾਹੀਦੀ ਹੈ।ਇਸ ਮੌਕੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਸੂਬਾਈ ਸਕੱਤਰ ਗੁਰਪ੍ਰੀਤ ਸਿੰਘ ਮਾੜੀਮੇਘਾ, ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਟੌਮ ਤੇ ਜਨਰਲ ਸਕੱਤਰ ਨਰਿੰਦਰ ਨੂਰ ਨੇ ਕਿਹਾ ਕਿ ਜੇ ਇਸ ਤਰ੍ਹਾਂ ਕਰਨਾ ਹੈ ਤਾਂ ਸਰਕਾਰ ਅਧਿਆਪਕਾਂ ਤੋਂ ਸਿਰਫ਼ ਤੇ ਸਿਰਫ਼ ਪੜ੍ਹਾਉਣ ਦਾ ਕੰਮ ਲਵੇ।ਨਹੀਂ ਤਾਂ ਅਜਿਹੀਆਂ ਕਾਰਵਾਈਆਂ ਵਿਰੁੱਧ ਅਧਿਆਪਕ ਭਾਈਚਾਰੇ ਵਿੱਚ ਸਰਕਾਰ ਵਿਰੁੱਧ ਰੋਸ ਜਾਗਣਾ ਸੁਭਾਵਿਕ ਹੈ।





# ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਦਾ 134ਵਾਂ ਜਨਮ ਦਿਵਸ ਮਨਾਇਆ

**ਵੇਰਕਾ (ਰਾਣਾ)**

ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਨੂੰ ਸਮਰਪਿਤ ਇਕ ਸਾਦਾ ਤੇ ਬੜਾ ਪ੍ਰਭਾਵਸ਼ਾਲੀ ਪ੍ਰੋਗਰਾਮ ਸਮੂਹ ਜਥੇਬੰਦਕ ਸੰਗਠਨਾਂ ਦੇ ਅਹੁਦੇਦਾਰਾਂ ਵੱਲੋਂ ਸਾਂਝੇ ਤੌਰ 'ਤੇ ਡਾ. ਭੀਮ ਰਾਓ ਅੰਬੇਡਕਰ ਯਾਦਗਾਰੀ ਹਾਲ (ਨੇੜੇ ਪਿੰਗਲਵਾੜਾ, ਬੱਸ ਸਟੈਂਡ) ਅੰਮ੍ਰਿਤਸਰ ਵਿਖੇ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ ਸਰਕਾਰੀ ਸਕੂਲਾਂ ਦੇ ਬੱਚਿਆਂ ਸਮੇਤ ਵੱਖ-ਵੱਖ ਮਹਿਕਮਿਆਂ ਦੇ ਦਰਜਾ-ਬ-ਦਰਜਾ ਕਰਮਚਾਰੀਆਂ ਅਤੇ ਅਧਿਕਾਰੀਆਂ ਨੇ ਵੀ ਭਾਗ ਲਿਆ।ਇਸ ਮੌਕੇ ਉਕਤ ਪ੍ਰੋਗਰਾਮ ਦੀ ਸਮੁੱਚੀ ਅਗਵਾਈ ਪਲਵ ਸ੍ਰੇਸ਼ਠਾ ਜ਼ਿਲਾ ਸਮਾਜਿਕ ਨਿਆਂ, ਅਧਿਕਾਰਤ ਅਫ਼ਸਰ ਅੰਮ੍ਰਿਤਸਰ ਨੇ ਕੀਤੀ। ਇਸ ਦੌਰਾਨ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕਮਾਂਡੈਂਟ ਜਸਕਰਨ ਸਿੰਘ ਨੇ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਲਾਸਾਨੀ ਜੀਵਨ ਬਾਰੇ ਚਾਨਣਾ ਪਾਉਂਦੇ ਹੋਏ ਦੇਸ਼ ਭਰ ਦੇ ਸਮੂਹ ਵਰਗਾਂ ਦੀ ਭਲਾਈ ਲਈ ਉਨ੍ਹਾਂ ਵੱਲੋਂ ਕੀਤੇ ਗਏ ਅਭੁੱਲ ਕਾਰਜਾਂ ਸਬੰਧੀ ਭਰਪੂਰ ਜਾਣਕਾਰੀ ਵੀ ਦਿੱਤੀ। ਇਸ ਕਰਵਾਏ ਗਏ ਪ੍ਰੋਗਰਾਮ ਦੌਰਾਨ ਗੁਰਮੀਤ ਥਾਪਾ ਸਹਾਇਕ ਰਜਿਸਟਰਾਰ ਗੁਰੂ ਨਾਨਕ ਦੇਵ ਵਰਸਿਟੀ ਅੰਮ੍ਰਿਤਸਰ, ਕੰਵਲਜੀਤ ਸਿੰਘ ਜਿਲਾ ਸਿੱਖਿਆ ਅਫਸਰ (ਐਲੀ:) ਅੰਮ੍ਰਿਤਸਰ, ਮੈਡੀਕਲ ਅਫਸਰ ਡਾ. ਜਗਮੋਹਨ ਸਿੰਘ, ਰਜੇਸ਼ ਕੁਮਾਰ ਸਹਾਇਕ ਰਜਿਸਟਰਾਰ ਜੀਐੱਨਡੀਯੂ, ਮੋਹਿਤ ਕੁਮਾਰ ਜ਼ਿਲਾ ਪਬਲਿਕ ਸੈਨੀਟੇਸ਼ਨ ਅਫ਼ਸਰ, ਬਲਾਕ ਸਿੱਖਿਆ ਅਫਸਰ (ਐਲੀ:) ਦਿਲਬਾਗ ਸਿੰਘ, ਬੀਪੀਈਓ (ਐ: ਸਿੱ:) ਯਸ਼ਪਾਲ, ਲੈਕ: ਕਸਮੀਰ ਸਿੰਘ, ਸੀਐੱਚਟੀ ਤਜਿੰਦਰ ਸਿੰਘ ਸੋਹੀ, ਪ੍ਰੋਫੈਸਰ ਅਸ਼ਵਨੀ ਕੁਮਾਰ ਆਦਿ ਵੱਲੋਂ ਵੀ ਸੰਬੋਧਨ ਕੀਤਾ ਗਿਆ। ਉਪਰੰਤ ਬਾਬਾ ਸਾਹਿਬ ਦੇ ਜਨਮ ਦਿਵਸ ਮੌਕੇ ਸ੍ਰੀ ਪਲਵ ਸ੍ਰੇਸ਼ਠਾ ਜ਼ਿਲਾ ਸਮਾਜਿਕ ਨਿਆਂ, ਅਧਿਕਾਰਤ ਅਫਸਰ ਅਤੇ ਕੰਵਲਜੀਤ ਸਿੰਘ ਡੀਈਓ (ਐਲੀ:) ਅੰਮ੍ਰਿਤਸਰ ਵੱਲੋਂ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਰਜਿਸਟਰ ਤੇ ਪੈੱਨ ਵੰਡੇ ਗਏ। ਇਸ ਮੌਕੇ ਸਮਾਗਮ 'ਚ ਹੋਰਨਾਂ ਤੋਂ ਇਲਾਵਾ ਸਤਿੰਦਰ ਸਿੰਘ ਸਰਕਾਰੀਆ, ਕਰਨਰਾਜ ਸਿੰਘ ਗਿੱਲ, ਹਰਬਿੰਦਰ ਸਿੰਘ ਰਾਣਾ (ਖੁਸ਼ੀਪੁਰ) ਕੁਲਜੀਤ ਸਿੰਘ ਵੇਰਕਾ, ਹਰਮਨਦੀਪ ਸਿੰਘ ਛੀਨਾ, ਮੁਖਤਿਆਰ ਸਿੰਘ ਸਹੋਤਾ, ਅਮਰਿੰਦਰ ਸਿੰਘ ਛੀਨਾ, ਹਰਪਾਲ ਸਿੰਘ ਓਠੀਆ, ਅਵਤਾਰ ਸਿੰਘ ਵੇਰਕਾ, ਦਰਸ਼ਨ ਲਾਲ ਕਲੋਤਰਾ, ਅਮਰਜੀਤ ਸਿੰਘ ਵੇਰਕਾ, ਮੇਲਾ ਰਾਮ, ਬਲਬੀਰ ਸਿੰਘ ਝਾਮਕਾ, ਸੁਖਬੀਰ ਸਿੰਘ ਸੋਹੀਆ, ਮਨਜੀਤ ਸਿੰਘ, ਕਸਮੀਰ ਸਿੰਘ, ਰਾਮ ਸਿੰਘ, ਗੀਤਾ, ਦਵਿੰਦਰ ਸਿੰਘ ਲੁੱਧੜ, ਸਰਪੰਚ ਮਨਦੀਪ ਸਿੰਘ, ਕੁਲਦੀਪ ਸਿੰਘ, ਪਲਵਿੰਦਰ ਸਿੰਘ, ਸੂ: ਰਣਜੀਤ ਸਿੰਘ, ਡਾ. ਬਾਵਾ ਸਿੰਘ, ਅਮਰਪ੍ਰੀਤ ਸਿੰਘ, ਅਮਨਦੀਪ ਸਿੰਘ ਗੁਰਬਿੰਦਰ ਸਿੰਘ, ਸੁਖਦੇਵ ਸਿੰਘ, ਗੁਰਸੇਵਕ ਸਿੰਘ ਸਾਹਿਲ ਕੁਮਾਰ (ਸਾਰੇ ਜੂਨੀ:ਸਹਾਇਕ) ਜੋਗਾ ਸਿੰਘ, ਲੈਕ: ਧਰਮਿੰਦਰ ਸਿੰਘ, ਮਨਜੀਤ ਸਿੰਘ, ਵਰਿੰਦਰ ਸਿੰਘ, ਦਿਨੇਸ਼ ਕੁਮਾਰ ਭੱਲਾ, ਗੁਰਪ੍ਰੀਤ ਸਿੰਘ ਛੇਹਰਾਟਾ(ਚਾਰੇ ਸੀਐੱਚਟੀ) ਮੰਗਲ ਸਿੰਘ ਟਾਂਡਾ, ਸਾਹਿਬ ਸਿੰਘ, ਕੰਮਲਜੀਤ ਸਿੰਘ, ਨਿਰੰਜਣ ਸਿੰਘ ਆਦਿ ਵੀ ਹਾਜ਼ਰ ਸਨ।



# ਸੰਤ ਨਿਰੰਕਾਰੀ ਮਿਸ਼ਨ ਨੇ ਖ਼ੂਨਦਾਨ ਕੈਂਪ ਲਗਾਇਆ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਸੰਤ ਨਿਰੰਕਾਰੀ ਚੈਰੀਟੇਬਲ ਫ਼ਾਊਂਡੇਸ਼ਨ ਵੱਲੋਂ ਸੰਤ ਨਿਰੰਕਾਰੀ ਭਵਨ ਭਿੱਖੀਵਿੰਡ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ ਜਿਸਦਾ ਉਦਘਾਟਨ ਸੂਰਜ ਪ੍ਰਕਾਸ਼, ਸੰਯੋਜਕ, ਸੰਤ ਨਿਰੰਕਾਰੀ ਮੰਡਲ, ਅੰਮ੍ਰਿਤਸਰ ਵੱਲੋਂ ਕੀਤਾ ਗਿਆ।ਇਸ ਖ਼ੂਨਦਾਨ ਕੈਂਪ ਵਿੱਚ ਨਿਰੰਕਾਰੀ ਭੈਣਾਂ ਭਰਾਵਾਂ ਦਾ ਉਤਸ਼ਾਹ ਸ਼ਲਾਘਾਯੋਗ ਰਿਹਾ।ਸੂਰਜ ਪ੍ਰਕਾਸ਼ ਨੇ ਨਿਰੰਕਾਰੀ ਬਾਬਾ ਹਰਦੇਵ ਸਿੰਘ ਦੇ ਪ੍ਰੇਰਕ ਬਚਨ ਕਿ ਖ਼ੂਨ ਨਾਲੀਆਂ ਵਿੱਚ ਨਹੀਂ ਸਗੋਂ ਇਨਸਾਨ ਦੀਆਂ ਨਾੜੀਆਂ ਵਿੱਚ ਵਹਿਣਾ ਚਾਹੀਦਾ ਹੈ, ਨੂੰ ਯਾਦ ਕਰਦਿਆਂ ਫ਼ਰਮਾਇਆ ਕਿ ਨਿਰੰਕਾਰੀ ਮਹਾਤਮਾ ਖ਼ੂਨਦਾਨ ਕਰਕੇ ਸਮੁੱਚੀ ਮਨੁੱਖਤਾ ਨਾਲ ਆਪਣੇ ਖ਼ੂਨ ਦਾ ਰਿਸ਼ਤਾ ਕਾਇਮ ਕਰ ਰਹੇ ਹਨ। ਮਾਨਵ ਕਲਿਆਣ ਲਈ ਸੰਤ ਨਿਰੰਕਾਰੀ ਮਿਸ਼ਨ ਸਮੇਂ-ਸਮੇਂ ਤੇ ਵਿਸ਼ਵ ਭਰ ਵਿੱਚ ਖ਼ੂਨਦਾਨ ਕੈਂਪਾਂ ਦੇ ਨਾਲ-ਨਾਲ, ਰੁੱਖ ਲਗਾਉਣ, ਸਫ਼ਾਈ ਅਭਿਆਨ, ਕੁਦਰਤੀ ਕਰੋਪੀ ਵਿੱਚ ਸਹਾਇਤਾ ਲਈ ਹਮੇਸ਼ਾ ਤਤਪਰ ਰਹਿੰਦਾ ਹੈ।ਇਸ ਖ਼ੂਨਦਾਨ ਕੈਂਪ ਵਿੱਚ ਸਿਵਲ ਹਸਪਤਾਲ, ਤਰਨ ਤਾਰਨ, ਸਿਵਲ ਹਸਪਤਾਲ, ਪੱਟੀ ਅਤੇ ਸਿਵਲ ਹਸਪਤਾਲ, ਅਜਨਾਲਾ ਦੀਆਂ ਬਲੱਡ ਬੈਂਕਾਂ ਦੀਆਂ ਟੀਮਾਂ ਨੇ 264 ਯੂਨਿਟ ਖ਼ੂਨ ਇਕੱਤਰ ਕੀਤਾ।ਇਸ ਮੌਕੇ ਰਾਜੇਸ਼ ਕੁਮਾਰ, ਸਥਾਨਕ ਸੰਯੋਜਕ, ਸੁਖਜਿੰਦਰ ਸਿੰਘ, ਸਥਾਨਕ ਸੰਚਾਲਕ ਅਤੇ ਹੋਰ ਅਧਿਕਾਰੀ ਮੌਜੂਦ ਸਨ।ਨਿਰੰਕਾਰੀ ਸੇਵਾਦਲ ਨੇ ਆਪਣੀਆਂ ਸੇਵਾਵਾਂ ਬਾਖ਼ੂਬੀ ਨਿਭਾਈਆਂ।




# ਪੰਜਾਬੀ ਸਾਹਿਤ ਸਭਾ ਚੋਗਾਵਾਂ ਨੇ ਸ਼ਾਇਰ ਪ੍ਰਤਾਪ ਸਿੰਘ ਯੂਐੱਸਏ ਨਾਲ ਸੰਵਾਦ ਰਚਾਇਆ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਪੰਜਾਬੀ ਸਾਹਿਤ ਸਭਾ ਚੋਗਾਵਾਂ (ਰਜਿ.) ਵੱਲੋਂ ਬਾਬੂ ਫ਼ਿਰੋਜ਼ਦੀਨ ਸ਼ਰਫ਼ ਯਾਦਗਾਰੀ ਟਰੱਸਟ ਤੋਲਾ ਨੰਗਲ ਦੇ ਸਹਿਯੋਗ ਨਾਲ ਅਧਿਆਤਮਿਕ ਵਿਚਾਰਾਂ ਵਾਲੇ ਸ਼ਾਇਰ ਪ੍ਰਤਾਪ ਸਿੰਘ ਸੰਤਨ ਪਰਿਵਾਰ ਮੰਮਨਕੇ (ਯੂਐੱਸਏ) ਨਾਲ ਬਾਬਾ ਜਾਗੋ ਸ਼ਹੀਦ ਆਦਰਸ਼ ਸਕੂਲ ਕੋਹਾਲੀ, ਰਾਮ ਤੀਰਥ ਰੋਡ ਵਿਖੇ ਰੂ-ਬਰੂ ਪ੍ਰੋਗਰਾਮ ਤਹਿਤ ਸੰਵਾਦ ਰਚਾਇਆ ਗਿਆ।ਇਸ ਸਮਾਰੋਹ ਦੀ ਪ੍ਰਧਾਨਗੀ ਲੇਖਕ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸਕੱਤਰ ਦਿਲਜੀਤ ਸਿੰਘ ਬੇਦੀ, ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਮਜੀਠਾ ਦੇ ਸਰਪ੍ਰਸਤ ਨਿਰੰਜਣ ਸਿੰਘ ਗਿੱਲ ਅਤੇ ਲੇਖਕਾ ਹਰਜੀਤ ਕੌਰ ਔਲਖ ਨੇ ਸਾਂਝੇ ਰੂਪ ਵਿੱਚ ਕੀਤੀ।ਮੰਚ ਸੰਚਾਲਕ ਦੇ ਫਰਜ਼ ਨਿਭਾ ਰਹੇ ਸਭਾ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਨੇ ਸਭ ਤੋਂ ਪਹਿਲਾਂ ਪ੍ਰਤਾਪ ਸਿੰਘ ਯੂਐੱਸਏ ਨੂੰ ਮੰਚ ਤੇ ਆਉਣ ਦਾ ਸੱਦਾ ਦਿੱਤਾ, ਜਿਨ੍ਹਾਂ ਨੇ ਆਪਣੀ ਜ਼ਿੰਦਗੀ ਬਾਰੇ ਗੱਲਬਾਤ ਕਰਦਿਆਂ ਦੱਸਿਆ ਕਿ ਉਨਾਂ ਦਾ ਜਨਮ ਪਿੰਡ ਮੰਮਨਕੇ ਵਿਖੇ ਇੱਕ ਧਾਰਮਿਕ ਵਿਚਾਰਾਂ ਵਾਲੇ ਪਰਿਵਾਰ ਵਿੱਚ ਹੋਇਆ, ਘਰ ਵਿੱਚ ਧਾਰਮਿਕ ਮਾਹੌਲ ਹੋਣ ਕਰਕੇ ਉਨ੍ਹਾਂ ਨੂੰ ਸ਼ੁਰੂ ਤੋਂ ਹੀ ਧਾਰਮਿਕ ਪੁਸਤਕਾਂ ਪੜ੍ਹਨ ਦਾ ਸ਼ੌਕ ਸੀ।ਕਾਲਜ ਪੜ੍ਹਦੇ ਸਮੇਂ ਹੀ ਉਨ੍ਹਾਂ ਨੇ ਕਵਿਤਾ ਲਿਖਣੀ ਸ਼ੁਰੂ ਕਰ ਦਿੱਤੀ ਅਤੇ ਹੁਣ ਤੱਕ ਉਨ੍ਹਾਂ ਦੀਆਂ ਦੋ ਪੁਸਤਕਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ ਅਤੇ ਚਾਰ ਪੁਸਤਕਾਂ ਹੋਰ ਛਿਪਾਈ ਅਧੀਨ ਹਨ।ਉਨ੍ਹਾਂ ਕਿਹਾ ਕਿ ਵਿਰਸੇ ਵਿੱਚ ਮਿਲੀ ਧਾਰਮਿਕ ਸਿੱਖਿਆ ਕਾਰਨ ਉਨ੍ਹਾਂ ਦੀ ਕਵਿਤਾ ਵੀ ਧਾਰਮਿਕ ਰੰਗਤ ਵਾਲੀ ਹੈ।ਸਰੋਤਿਆਂ ਵੱਲੋਂ ਪੁੱਛੇ ਗਏ ਸੰਜੀਦਾ ਸਵਾਲਾਂ ਦੇ ਜਵਾਬ ਉਨ੍ਹਾਂ ਬਹੁਤ ਗੰਭੀਰਤਾ ਨਾਲ ਦਿੱਤੇ।ਇਸ ਸਮੇਂ ਕਰਵਾਏ ਕਵੀ ਦਰਬਾਰ ਵਿੱਚ ਜਗਰੂਪ ਸਿੰਘ ਐਮਾਂ, ਇਤਿਹਾਸਕਾਰ ਏ. ਐੱਸ. ਦਲੇਰ, ਰਾਜ ਕੁਮਾਰ ਚੌੜਾ ਬਾਜ਼ਾਰ, ਕੁਲਵੰਤ ਸਿੰਘ ਕੰਤ,



ਸੁਰਿੰਦਰ ਸਿੰਘ ਚੋਹਕਾ, ਸਤਨਾਮ ਸਿੰਘ ਜੱਸੜ, ਯੁਧਬੀਰ ਸਿੰਘ ਔਲਖ, ਡਾ. ਅਮਰਜੀਤ ਸਿੰਘ ਗਿੱਲ, ਹਰਜੀਤ ਕੌਰ ਔਲਖ, ਰਾਜ ਚੋਗਾਵਾਂ, ਲਾਡੀ ਹੁੰਦਲ, ਰਾਜਪਾਲ ਸ਼ਰਮਾ ਅਤੇ ਨਰਿੰਦਰ ਸਿੰਘ ਯਾਤਰੀ ਆਦਿ ਨੇ ਆਪਣੀਆਂ ਕਾਵਿ ਰਚਨਾਵਾਂ ਪੇਸ਼ ਕਰਕੇ ਮਹਿਫ਼ਿਲ ਨੂੰ ਕਾਵਿਕ ਰੰਗ ਪ੍ਰਦਾਨ ਕੀਤਾ।ਅੰਤ ਵਿੱਚ ਪੰਜਾਬੀ ਸਾਹਿਤ ਸਭਾ ਚੋਗਾਵਾਂ ਅਤੇ ਬਾਬੂ ਫ਼ਿਰੋਜ਼ਦੀਨ ਸ਼ਰਫ਼ ਯਾਦਗਾਰੀ ਟਰੱਸਟ ਵੱਲੋਂ ਪ੍ਰਤਾਪ ਸਿੰਘ ਯੂਐੱਸਏ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਤੇ ਸਵਿੰਦਰ ਸਿੰਘ, ਖੁਸ਼ਵੰਤ ਸਿੰਘ, ਨਰਾਇਣ ਸਿੰਘ ਆਦਿ ਨੇ ਹਾਜ਼ਰੀ ਭਰ ਕੇ ਸਮਾਰੋਹ ਨੂੰ ਭਰਪੂਰਤਾ ਬਖਸ਼ੀ।

6-May-PAGE-4.qxd 5/5/2025 11:31 PM Page 1

ਨਵਾਂ ਜ਼ਮਾਨਾ
ਮੰਗਲਵਾਰ, 6 ਮਈ 2025

# ਸ਼ਿਨਬਾਮ ਬਨਾਮ ਟਰੰਪ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਹਾਲ ਹੀ ਵਿੱਚ ਕਈ ਵਿਸਥਾਰਵਾਦੀ ਬਿਆਨ ਦਿੱਤੇ ਹਨ। ਉਸ ਨੇ ਕਿਹਾ ਕਿ ਕੈਨੇਡਾ ਅਮਰੀਕਾ ਦਾ 51ਵਾਂ ਰਾਜ ਬਣ ਜਾਵੇ ਤਾਂ ਬਹੁਤ ਫਾਇਦੇ ਵਿੱਚ ਰਹੇਗਾ। ਉਸ ਨੇ ਪਨਾਮਾ ਨਹਿਰ ਤੇ ਗ੍ਰੀਨਲੈਂਡ 'ਤੇ ਕਬਜ਼ੇ ਦੀ ਗੱਲ ਵੀ ਕਹੀ। ਉਸ ਨੇ ਇਹ ਵੀ ਕਿਹਾ ਕਿ ਉਹ ਮੈਕਸੀਕੋ ਦੀ ਖਾੜੀ ਦਾ ਨਾਂਅ ਬਦਲ ਕੇ ਅਮਰੀਕਾ ਦੀ ਖਾੜੀ ਰੱਖ ਦੇਵੇਗਾ, ਜਿਹੜਾ ਸੁਣਨ ਨੂੰ ਵੀ ਚੰਗਾ ਲੱਗਦਾ ਹੈ। ਇਨ੍ਹਾਂ ਦੇਸ਼ਾਂ ਦੇ ਆਗੂਆਂ ਨੇ ਟਰੰਪ ਨੂੰ ਠੋਕਵੇਂ ਜਵਾਬ ਦਿੱਤੇ। ਮੈਕਸੀਕੋ ਦੀ ਰਾਸ਼ਟਰਪਤੀ ਕਲਾਊਡੀਆ ਸ਼ਿਨਬਾਮ ਦਾ ਜਵਾਬ ਤਾਂ ਜ਼ਿਆਦਾ ਹੀ ਠੋਕਵਾਂ ਸੀ, ਜਿਸ ਨੇ ਕਿਹਾ ਕਿ ਅਮਰੀਕਾ ਨੂੰ ਮੈਕਸੀਕਨ ਅਮਰੀਕਾ ਕਿਹਾ ਜਾਣਾ ਚਾਹੀਦਾ ਹੈ। ਉਸ ਨੇ ਬਕਾਇਦਾ ਪ੍ਰੈੱਸ ਕਾਨਫਰੰਸ ਲਾ ਕੇ ਇਕ ਵਿਸ਼ਵ ਨਕਸ਼ਾ ਵੀ ਦਿਖਾਇਆ, ਜਿਸ ਵਿੱਚ ਅਮਰੀਕਾ ਨੂੰ ਮੈਕਸੀਕਨ ਅਮਰੀਕਾ ਦੇ ਤੌਰ 'ਤੇ ਦਰਸਾਇਆ ਗਿਆ ਹੈ। ਉਸ ਨੇ ਕਿਹਾ ਕਿ 1607 'ਚ ਅਪਾਤਜ਼ਿਨਗਾਨ (ਮੈਕਸੀਕਨ ਸ਼ਹਿਰ) ਦਾ ਸੰਵਿਧਾਨ ਮੈਕਸੀਕਨ ਅਮਰੀਕਾ ਸੀ। ਇਸ ਲਈ ਅਮਰੀਕਾ ਨੂੰ ਮੈਕਸੀਕਨ ਅਮਰੀਕਾ ਕਹਿਣ ਵਿੱਚ ਹਰਜ਼ ਨਹੀਂ ਹੋਣਾ ਚਾਹੀਦਾ।

ਜਦੋਂ ਟਰੰਪ ਨੇ ਵੱਖ-ਵੱਖ ਦੇਸ਼ਾਂ 'ਤੇ ਟੈਰਿਫ ਲਾਏ ਤਾਂ ਸ਼ਿਨਬਾਮ ਉਨ੍ਹਾਂ ਆਗੂਆਂ ਵਿੱਚ ਸ਼ਾਮਲ ਸੀ, ਜਿਨ੍ਹਾਂ ਇਸ ਦਾ ਤਿੱਖਾ ਵਿਰੋਧ ਕੀਤਾ। ਸ਼ਿਨਬਾਮ ਇਹ ਖੁਲਾਸਾ ਕਰਕੇ ਇੱਕ ਵਾਰ ਫਿਰ ਚਰਚਾ 'ਚ ਆ ਗਈ ਹੈ ਕਿ ਟਰੰਪ ਨੇ ਉਸ ਨੂੰ ਨਸ਼ਾ ਤਸਕਰੀ ਨੂੰ ਰੋਕਣ ਲਈ ਮੈਕਸੀਕੋ ਵਿੱਚ ਆਪਣੀਆਂ ਫੌਜਾਂ ਘੱਲਣ ਲਈ ਕਿਹਾ, ਪਰ ਉਸ ਨੇ ਸਾਫ ਨਾਂਹ ਕਰ ਦਿੱਤੀ। ਸ਼ਿਨਬਾਮ ਨੇ ਇੱਕ ਜਨਤਕ ਰੈਲੀ 'ਚ ਕਿਹਾ, 'ਟਰੰਪ ਨੇ ਮੈਨੂੰ ਕਿਹਾ ਕਿ ਅਸੀਂ ਨਸ਼ਾ ਤਸਕਰੀ ਰੋਕਣ ਵਿੱਚ ਤੇਰੀ ਮਦਦ ਕਿਵੇਂ ਕਰ ਸਕਦੇ ਹਾਂ? ਮੈਂ ਚਾਹੁੰਦਾ ਹਾਂ ਕਿ ਅਮਰੀਕੀ ਫੌਜ ਮੈਕਸੀਕੋ ਵਿੱਚ ਆ ਕੇ ਤੁਹਾਡੀ ਮਦਦ ਕਰੇ ਅਤੇ ਪਤਾ ਮੈਂ ਕੀ ਜਵਾਬ ਦਿੱਤਾ? ਨਹੀਂ, ਪ੍ਰਧਾਨ ਟਰੰਪ। ਮੈਕਸੀਕੋ ਦੀ ਪ੍ਰਭੂਸੱਤਾ ਸੇਲ 'ਤੇ ਨਹੀਂ ਲੱਗੀ ਹੋਈ। ਅਸੀਂ ਪ੍ਰਭੂਸੱਤਾ ਨੂੰ ਪਿਆਰ ਕਰਦੇ ਹਾਂ ਤੇ ਇਸ ਦੀ ਰਾਖੀ ਕਰਾਂਗੇ।'

ਟਰੰਪ ਨੂੰ ਦੂਜੀ ਵਾਰ ਰਾਸ਼ਟਰਪਤੀ ਬਣੇ ਨੂੰ ਅਜੇ ਸੌ ਦਿਨ ਹੀ ਹੋਏ ਹਨ, ਇਸ ਦੌਰਾਨ ਉਸ ਨੇ ਜਿਸ ਨੂੰ ਵੀ ਦੱਬਕੇ ਮਾਰੇ, ਲਗਭਗ ਸਭ ਨੇ ਠੋਕਵਾਂ ਜਵਾਬ ਦਿੱਤਾ ਹੈ। ਟੈਰਿਫ ਮਾਮਲੇ ਵਿੱਚ ਕਿਸੇ ਨੇ ਵੀ ਅਜੇ ਤੱਕ ਉਸ ਨਾਲ ਸਮਝੌਤਾ ਨਹੀਂ ਕੀਤਾ। ਸਿਰਫ ਭਾਰਤ ਦੇ ਹੀ ਸਭ ਤੋਂ ਪਹਿਲਾਂ ਸਮਝੌਤਾ ਕਰਨ ਦੀ ਚਰਚਾ ਹੈ। ਹੋਰਨਾਂ ਦੇਸ਼ਾਂ ਦੇ ਆਗੂ ਟਰੰਪ ਨੂੰ ਸਿੱਧੇ ਟੱਕਰ ਰਹੇ ਹਨ, ਪਰ ਭਾਰਤ ਦੇ ਆਗੂ ਖਾਮੋਸ਼ ਹਨ।

# ਆਵਾਰਾ ਪਸ਼ੂਆਂ ਦਾ ਮਸਲਾ

**ਕ੍ਰਿਸ਼ਨ ਸੰਦੋਹਾ**

ਸੜਕਾਂ 'ਤੇ ਹਰਲ-ਹਰਲ ਕਰਦੀ ਫਿਰਦੀ ਮੌਤ ਦਾ ਹੱਲ ਕੱਢਿਆ ਜਾਣਾ ਚਾਹੀਦਾ ਹੈ।ਪੂਰੇ ਭਾਰਤ ਅੰਦਰ ਸੜਕਾਂ 'ਤੇ ਹੋ ਰਹੇ ਹਾਦਸਿਆਂ ਵਿੱਚ ਹਰ ਸਾਲ ਲੱਖਾਂ ਲੋਕਾਂ ਦੀ ਜਾਨ ਚਲੀ ਜਾਂਦੀ ਹੈ ਅਤੇ ਕਰੋੜਾਂ ਰੁਪਏ ਦਾ ਨੁਕਸਾਨ ਹੋ ਜਾਂਦਾ ਹੈ। ਭਾਵੇਂ ਸਰਕਾਰਾਂ ਇਹਨਾਂ ਨੂੰ ਰੋਕਣ ਲਈ ਕੋਈ ਨਾ ਕੋਈ ਪ੍ਰੋਗਰਾਮ, ਸਕੀਮ, ਕਾਨੂੰਨ ਬਣਾਉਂਦੀਆਂ ਹਨ, ਉਸ 'ਤੇ ਅਮਲ ਕਰਨ ਲਈ ਸਖਤੀ ਵੀ ਕਰਦੀਆਂ ਹਨ ਅਤੇ ਇਸ ਬਾਰੇ ਵਾਹਨ ਚਾਲਕਾਂ ਨੂੰ ਜਾਣਕਾਰੀ ਵੀ ਦਿੱਤੀ ਜਾਂਦੀ ਹੈ, ਤਾਂ ਕਿ ਲੋਕਾਂ ਦੀਆਂ ਜਾਨਾਂ ਬਚ ਸਕਣ। ਫੇਰ ਵੀ ਲੱਖਾਂ ਲੋਕ ਹਰ ਰੋਜ਼ ਮਰ ਰਹੇ ਹਨ, ਇਹ ਇੱਕ ਵੱਖਰਾ ਵਿਸ਼ਾ ਹੈ। ਇਸ 'ਤੇ ਵਿਸਥਾਰ ਨਾਲ ਕਦੇ ਫੇਰ ਵਿਚਾਰ ਕਰਨ ਦੀ ਕੋਸ਼ਿਸ਼ ਕਰਾਂਗੇ। ਸਾਡਾ ਅੱਜ ਦਾ ਵਿਸ਼ਾ ਹੈ ਸੜਕਾਂ ਅਤੇ ਗਲੀ-ਮੁਹੱਲਿਆਂ ਵਿੱਚ ਹਰਲ-ਹਰਲ ਕਰਦੀ ਉਹ ਮੌਤ, ਜੋ ਅਚਾਨਕ ਹੀ ਕਿਸੇ ਨੂੰ ਵੀ ਆਪਣੀ ਲਪੇਟ ਵਿੱਚ ਲੈ ਲੈਂਦੀ ਹੈ। ਉਹ ਹੈ ਅਮਰੀਕਨ ਢੱਠੇ ਤੇ ਅਵਾਰਾ ਪਸ਼ੂ, ਜਿਨ੍ਹਾਂ ਨਾਲ ਹਰ ਰੋਜ਼ ਹੀ ਕਿਤੇ ਨਾ ਕਿਤਿਓਂ ਖਬਰ ਆ ਜਾਂਦੀ ਹੈਂ ਕਿ ਫਲਾਣੇ ਥਾਂ ਢੱਠਿਆਂ ਦੀ ਲੜਾਈ ਵਿੱਚ ਵਾਹਨ ਚਾਲਕ ਨੂੰ ਜਾਂ ਫਿਰ ਆਮ ਰਾਹ ਜਾਂਦੇ ਵਿਅਕਤੀ ਨੂੰ ਸਿੰਗਾਂ 'ਤੇ ਚੁੱਕ ਕੇ ਸੁੱਟ ਦਿੱਤਾ ਹੈ, ਹੱਡੀ, ਪਸਲੀਆਂ ਤੋੜ ਦਿੱਤੀਆਂ ਜਾਂ ਫਿਰ ਉਹ ਸਾਰੀ ਜ਼ਿੰਦਗੀ ਲਈ ਅਪਾਹਜ ਹੋ ਗਿਆ ਜਾਂ ਫਿਰ ਰੱਬ ਨੂੰ ਪਿਆਰਾ ਹੋ ਗਿਆ। ਇਸ ਤੋਂ ਇਲਾਵਾ ਕੋਈ ਵੀ ਦੁਕਾਨ, ਰੇਹੜੀ, ਸਾਇਕਲ, ਮੋਟਰਸਾਈਕਲ ਕੋਈ ਵੀ ਵਸਤੂ ਮਹਿਫੂਜ਼ ਨਹੀਂ, ਪਤਾ ਨਹੀਂ ਕਦੋਂ ਕਿਧਰੋਂ ਆ ਕੇ ਤੁਹਾਡਾ ਸਾਰਾ ਕੁਝ ਉਲਟਾ ਦੇਣ। ਆਮ ਲੋਕ ਇਹਨਾਂ ਤੋਂ ਬਹੁਤ ਪ੍ਰੇਸ਼ਾਨ ਹਨ। ਪਤਾ ਹੀ ਨਹੀਂ ਲੱਗਦਾ ਕਿ ਇਹ ਕਿਹੜੀ ਗਲੀ ਵਿੱਚੋਂ ਭੱਜਦੇ ਹੋਏ ਆ ਜਾਣ ਤੇ ਤੁਹਾਨੂੰ ਦਰੜ ਦੇਣ। ਸ਼ਹਿਰਾਂ ਵਿੱਚ ਇਹਨਾਂ ਦੀ ਵਧ ਰਹੀ ਗਿਣਤੀ ਲੋਕਾਂ ਲਈ ਭਾਰੀ ਪਰੇਸਾਨੀ ਦਾ ਕਾਰਨ ਬਣਦੀ ਜਾ ਰਹੀ ਹੈ। ਹਰ ਵਿਅਕਤੀ ਔਖਾ ਹੈ, ਪਰ ਧਰਮ ਵੀ ਆੜ ਵਿੱਚ ਡਰਦਾ ਕੁਝ ਬੋਲਦਾ ਨਹੀਂ। ਕਈ ਵਾਰ ਇਹਨਾਂ ਬਾਰੇ ਟੀ ਵੀ ਚੈਨਲਾਂ 'ਤੇ ਬਹਿਸ ਵੀ ਹੋਈ ਹੈ, ਪਰ ਹਰੇਕ ਆਗੂ ਆਪਣੀ-ਆਪਣੀ ਸੋਚ ਅਨੁਸਾਰ ਬਹਿਸ ਕਰਦਾਂ ਹੈ, ਅੱਧਾ ਘੰਟਾ ਮਗ਼ਜ਼ ਖਪਾਈ ਕਰਕੇ ਕਾਟੋ-ਕਲੇਸ਼ ਹੁੰਦਾ ਹੈ, ਪਰ ਨਤੀਜਾ ਕੁਝ ਵੀ ਨਹੀਂ ਨਿਕਲਦਾ। ਇੱਕ ਪਾਸੇ ਅਸੀਂ ਗਊ ਨੂੰ ਮਾਂ ਦਾ ਦਰਜਾ ਦਿੰਦੇ ਹਾਂ, ਪਰ ਜਦੋਂ ਉਹ ਦੁੱਧ ਦੇਣ ਤੋਂ ਹਟ ਜਾਂਦੀ ਹੈ ਤਾਂ ਉਸ ਨੂੰ ਗਲੀਆਂ ਵਿੱਚ ਗੰਦ ਵਿੱਚ ਮੂੰਹ ਮਾਰਨ ਲਈ ਬੇਸਹਾਰਾ ਛੱਡ ਦਿੰਦੇ ਹਾਂ। ਸਰਕਾਰ ਗਊ ਟੈਕਸ ਲੈਂਦੀ ਹੈ, ਜੇਕਰ ਇਸ ਦੀ ਵਰਤੋਂ ਸਹੀ ਢੰਗ ਨਾਲ ਕੀਤੀ ਜਾਵੇ ਤਾਂ ਕੁਝ ਰਾਹਤ ਮਿਲ ਸਕਦੀ ਹੈ। ਅਮਰੀਕਨ ਢੱਠਿਆਂ ਨੂੰ ਸਰਕਾਰੀ ਗਊਸ਼ਾਲਾਵਾਂ ਵਿੱਚ ਭੇਜਣਾ ਚਾਹੀਦਾ ਹੈ ਅਤੇ ਦੇਸੀ ਗਊਆਂ ਨੂੰ ਗਊਸ਼ਾਲਾਵਾਂ ਦੇ ਪ੍ਰਬੰਧਕਾਂ ਨਾਲ ਗੱਲ ਕਰਕੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਸਥਾਪਤ ਗਊਸ਼ਾਲਾਵਾਂ ਵਿੱਚ ਭੇਜਣਾ ਚਾਹੀਦਾ ਹੈ। ਲੋਕਾਂ ਨੂੰ ਰੱਬ ਦਾ ਭਾਣਾ ਮੰਨ ਕੇ ਮਰਨ ਲਈ ਨਹੀਂ ਛੱਡਣਾ ਚਾਹੀਦਾ। ਜਾਨ-ਮਾਲ ਦੀ ਰਾਖੀ ਕਰਨਾ ਸਰਕਾਰਾਂ ਦਾ ਵੀ ਫਰਜ਼ ਬਣਦਾ ਹੈ। ਸਰਕਾਰ ਨੂੰ ਹੋਰਨਾਂ ਮਸਲਿਆਂ ਵਾਂਗ ਅਸੰਬਲੀ ਵਿੱਚ ਵੀ ਇਹ ਮਸਲਾ ਵਿਚਾਰਨਾ ਚਾਹੀਦਾ ਹੈ। ਇਸ ਬਾਰੇ ਲੋਕਾਂ ਨੂੰ ਵੀ ਜਾਗਰੂਕ ਹੋਣਾ ਪਵੇਗਾ, ਉਹਨਾਂ ਨੂੰ ਵੀ ਇੱਕਠੇ ਹੋ ਕੇ ਲੋਕ ਲਹਿਰ ਉਸਾਰਨੀ ਪਵੇਗੀ। ਆਮ ਲੋਕ ਜਿਸ ਤਰ੍ਹਾਂ ਮਹਿਗਾਈ, ਚੋਣ ਵਾਅਦੇ, ਭ੍ਰਿਸ਼ਟਾਚਾਰ, ਬੇਰੁਜ਼ਗਾਰੀ, ਨੌਕਰੀਆਂ, ਗਰੀਬੀ ਆਦਿ ਬਾਰੇ ਰੌਲਾ ਪਾਉਂਦੇ ਹਨ, ਉਸੇ ਤਰ੍ਹਾਂ ਇਹਨਾਂ ਆਵਾਰਾ,ਬੇਸਹਾਰਾ ਪਸ਼ੂਆਂ ਦਾ ਮਸਲਾ ਵੀ ਆਉਣ ਵਾਲੀਆਂ ਚੋਣਾਂ ਵਿੱਚ ਮੁੱਖ ਮੁੱਦਾ ਬਣਾ ਸਕਦੇ ਹਨ। ਸਾਨੂੰ ਸਾਰਿਆਂ ਨੂੰ ਇਹਨਾਂ ਦੇ ਪੱਕੇ ਹੱਲ ਲਈ ਹੰਭਲਾ ਮਾਰਨਾ ਚਾਹੀਦਾ ਹੈ, ਇਹ ਇੱਕ ਸਮਾਜਿਕ ਮਸਲਾ ਹੈ।

**# ਸੰਪਰਕ : 98142—51990**

# ਰੇਡੀਮੇਡ ਰਿਸ਼ਤਿਆਂ ਦੇ ਦੌਰ 'ਚੋਂ ਗੁਜ਼ਰਦਿਆਂ



ਗੁਰਚਰਨ ਸਿੰਘ ਨੂਰਪੁਰ

ਅਸੀਂ ਜਿਸ ਦੌਰ ਵਿੱਚੋਂ ਗੁਜ਼ਰ ਰਹੇ ਹਾਂ, ਇਸ ਵਿੱਚ ਸਾਨੂੰ 'ਵਰਤੋ ਤੇ ਸੁੱਟੋ' ਦਾ ਪਾਠ ਪੜ੍ਹਾਇਆ ਜਾ ਰਿਹਾ ਹੈ। ਰੇਡੀਮੇਡ ਵਸਤਾਂ ਦੇ ਇਸ ਦੌਰ ਵਿੱਚ ਸਾਡੇ ਰਿਸ਼ਤੇ-ਨਾਤੇ ਰੇਡੀਮੇਡ ਜਿਹੇ ਬਣਦੇ ਜਾ ਰਹੇ ਹਨ। ਮਨੁੱਖ ਦੀ ਜ਼ਿੰਦਗੀ ਵਿੱਚੋਂ ਸਬਰ ਸੁ ਦਰ ਕਿਨਾਰ ਹੋ ਰਿਹਾ ਹੈ ਅਤੇ ਮਨੁੱਖ ਦੀ ਲਾਲਚੀ ਮਨੋਬਿਰਤੀ ਹਰ ਦਿਨ ਵੱਧ ਰਹੀ ਹੈ।

ਇੰਟਰਨੈੱਟ ਦੇ ਪ੍ਰਵੇਸ਼ ਨੇ ਮਨੁੱਖ ਨੂੰ ਦੂਰਦੁਰਾਡੇ ਅਣਜਾਣੇ ਲੋਕਾਂ ਨਾਲ ਸਾਂਝ ਬਣਾਉਣ ਦੀ ਜੁਗਤ ਦੱਸੀ ਹੈ। ਅਣਜਾਣੇ ਲੋਕਾਂ ਨਾਲ ਸਾਂਝਾਂ ਵਧਾਉਣ ਦੇ ਇਸ ਦੌਰ ਵਿੱਚ ਅਸੀਂ ਆਪਣਿਆਂ ਤੋਂ ਹਰ ਦਿਨ ਦੂਰ ਹੋ ਰਹੇ ਹਾਂ। ਬਾਜ਼ਾਰੂ ਤਾਕਤਾਂ ਨੇ ਇੰਟਰਨੈੱਟ ਰਾਹੀਂ ਮਨੁੱਖ ਦੀਆਂ ਛੁਪੀਆਂ ਲਾਲਸਾਵਾਂ ਨੂੰ ਉਜਾਗਰ ਕਰਕੇ ਕਮਾਈ ਕਰਨ ਦਾ ਜ਼ਰੀਆ ਬਣਾ ਲਿਆ ਹੈ। ਵੱਖ ਵੱਖ ਤਰ੍ਹਾਂ ਦੀਆਂ ਦਿਲਚਸਪੀਆਂ ਪੈਦਾ ਕਰਕੇ ਮਨੁੱਖ ਅੱਗੇ ਪ੍ਰੋਸੀਆਂ ਜਾ ਰਹੀਆਂ ਹਨ, ਜਿਹਨਾਂ ਦੀ ਉਸ ਅੰਦਰ ਚਾਹਤ ਹੈ। ਇਸ ਦੌਰ ਵਿੱਚ ਚੀਜ਼ਾਂ ਬੜੀ ਤੇਜ਼ੀ ਨਾਲ ਬਦਲ ਰਹੀਆਂ ਹਨ। ਤੇਜ਼ੀ ਨਾਲ ਬਦਲਦੇ ਸਮਿਆਂ ਵਿੱਚ ਸਾਡੇ ਰਿਸ਼ਤਿਆਂ ਦਾ ਤਾਣਾ-ਬਾਣਾ ਵੀ ਬੜੀ ਤੇਜ਼ੀ ਨਾਲ ਪ੍ਰਭਾਵਤ ਹੋ ਰਿਹਾ ਹੈ। ਭਵਿੱਖ ਵਿੱਚ ਇਹ ਅਮਲ ਹੋਰ ਤੇਜ਼ੀ ਨਾਲ ਵਧਣਾ ਹੈ। ਸਿੱਖਿਆ ਸਮੇਤ ਵੱਖ-ਵੱਖ ਤਰ੍ਹਾਂ ਦੇ ਹੁਨਰ ਸਿੱਖਣ ਲਈ ਨਿੱਕੇ, ਵੱਡੇ ਕੋਰਸ ਨਿਰਧਾਰਤ ਹੋ ਗਏ ਹਨ। ਗਿਆਨ ਪੈਸੇ ਨਾਲ ਖਰੀਦੇ ਜਾਣ ਦੀ ਚੀਜ਼ ਬਣ ਗਿਆ ਹੈ। ਪੈਸੇ ਦੀ ਮਨੋਬਿਰਤੀ ਸੰਵੇਦਨਾ ਅਤੇ ਭਾਵਨਾਤਮਿਕਤਾ ਨੂੰ ਪਿੱਛੇ ਕਰ ਦਿੰਦੀ ਹੈ। ਗੁਰੂ-ਚੇਲੇ ਦਾ ਰਿਸ਼ਤਾ ਹੁਣ ਬੀਤੇ ਦੀ ਬਾਤ ਬਣ ਗਿਆ ਹੈ। ਸਿੱਖਿਆ ਵੇਚਣ ਅਤੇ ਖਰੀਦਣ ਦੀ ਚੀਜ਼ ਬਣ ਗਈ ਹੈ। ਪ੍ਰਾਈਵੇਟ ਸਕੂਲਾਂ, ਕਾਲਜਾਂ ਵਿੱਚ ਕਿਉਂ ਕਿ ਫੀਸਾਂ ਹੀ ਏਨੀਆਂ ਹੁੰਦੀਆਂ ਹਨ ਕਿ ਪੜ੍ਹਨ ਵਾਲੇ ਵਿਦਿਆਰਥੀਆਂ ਅੰਦਰੋਂ ਇਹ ਅਧਿਆਪਕ ਪ੍ਰਤੀ ਸਤਿਕਾਰ ਦੀ ਭਾਵਨਾ ਨੂੰ ਪੈਦਾ ਹੀ ਨਹੀਂ ਹੋਣ ਦਿੰਦੀਆਂ। ਕਾਰਪੋਰੇਟ ਮਾਡਲ ਵਾਲੇ ਸਕੂਲ, ਕਾਲਜ ਵੱਡੇ ਕਾਰੋਬਾਰ ਹਨ, ਵਿਦਿਆਰਥੀ ਇਸ ਕਾਰੋਬਾਰ ਦੇ ਗਾਹਕ ਅਤੇ ਅਧਿਆਪਕ ਨੂੰ ਜਿਸ ਦਾ ਰੁਤਬਾ ਬਹੁਤ ਵੱਡਾ ਹੋਣਾ ਚਾਹੀਦਾ ਸੀ, ਨੂੰ ਇੱਕ ਤਰ੍ਹਾਂ ਨਾਲ ਇੱਕ ਕਰਿੰਦਾ ਬਣਾ ਦਿੱਤਾ ਗਿਆ ਹੈ। ਇਹਨਾਂ ਅਦਾਰਿਆਂ ਚੋਂ ਮਹਿੰਗੀ ਸਿੱਖਿਆ ਲੈ ਕੇ ਨਿਕਲੇ ਬੱਚੇ ਦੁਨੀਆਂ ਦੀ ਹਰ ਸ਼ੈਅ ਨੂੰ ਪੈਸੇ ਦੀ ਐਨਕ ਨਾਲ ਵੇਖਦੇ ਹਨ।

ਜੀਵਨ ਦੀਆਂ ਤਰਜੀਹਾਂ ਤੇਜ਼ੀ ਨਾਲ ਬਦਲ ਰਹੀਆਂ ਹਨ। ਹਰ ਕੋਈ ਦੂਜੇ ਤੋਂ ਵਿੰਗੇ-ਟੇਡੇ ਢੰਗ ਨਾਲ ਅੱਗੇ ਨਿਕਲ ਜਾਣ ਲਈ ਬੇਤਾਬ ਹੈ। ਮਨੁੱਖ ਅੰਦਰੋਂ ਭਰੇ ਹੋਣ ਅਤੇ ਸਬਰ ਸਹਿਜ ਨੂੰ ਛੱਡ ਕੇ ਬਾਹਰੀ ਵਿਖਾਵੇ ਲਈ ਜਿਉਣ ਲੱਗਿਆ ਹੈ। ਹਰ ਕੋਈ ਕਿਸੇ ਨਾ ਕਿਸੇ ਖੇਤਰ ਵਿੱਚ ਕੋਈ ਉੱਚਾ ਮੁਕਾਮ ਹਾਸਿਲ ਕਰੇ, ਇਹ ਕੋਈ ਮਾੜੀ ਗੱਲ ਨਹੀਂ, ਪਰ ਬੇਲੋੜੇ ਖਰਚੇ ਕਰਕੇ ਦੂਜੇ ਨਾਲੋਂ ਉੱਚੀ ਕੋਠੀ ਪਾ ਕੇ, ਕਰਜਾ ਚੁੱਕ ਕੇ ਮਹਿੰਗੀ ਗੱਡੀ ਲੈ ਕੇ ਵਿਖਾਵਾ ਕਰਨਾ ਸਮਾਜ ਵਿੱਚ ਹੋਰ ਕਈ ਤਰ੍ਹਾਂ ਦੀਆਂ ਕੁਰੀਤੀਆਂ ਦਾ ਕਾਰਨ ਬਣਦਾ ਹੈ। ਹਰ ਵਿਅਕਤੀ ਅੰਦਰ ਦੂਜੇ ਨਾਲੋਂ ਵੱਧ ਵਿਲੱਖਣ ਦਿਸਣ ਦੀ ਰੁਚੀ ਪੈਦਾ ਹੋਈ ਹੈ।

ਦੁਨੀਆ ਦੇ ਵੱਖ ਵੱਖ ਦੇਸ਼ਾਂ ਵਿੱਚ ਵਿਆਹ ਕਰਾਉਣ ਤੋਂ ਬਗੈਰ ਰਿਲੇਸ਼ਨਸ਼ਿਪ ਵਿੱਚ ਰਹਿਣ ਦਾ ਰਿਵਾਜ ਪ੍ਰਚੱਲਤ ਹੋ ਰਿਹਾ ਹੈ। ਤਲਾਕ ਦੇ ਕੇਸ ਵਧ ਰਹੇ ਹਨ। ਬਹੁਤੀ ਵਾਰ ਇਹ ਵੀ ਹੁੰਦਾ ਹੈ ਕਿ ਤਲਾਕ ਮਗਰੋਂ ਬੱਚੇ ਕਿੱਧਰ ਰਹਿਣ ਮਾਂ ਕੋਲ ਜਾਂ ਬਾਪ ਕੋਲ ਇਹ ਵੀ ਵੱਡੀ ਸਮੱਸਿਆ ਬਣਦੀ ਹੈ। ਅਜਿਹੇ ਬੱਚੇ ਜਿਹਨਾਂ ਤੋਂ ਉਹਨਾਂ ਦੀ ਮਾਂ ਜਾਂ ਬਾਪ ਦੋਹਾਂ 'ਚੋਂ ਇੱਕ ਦੂਰ ਹੋ ਜਾਂਦਾ ਹੈ, ਇਹ ਮਾਨਸਿਕ ਤੌਰ 'ਤੇ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਦੇ ਸ਼ਿਕਾਰ ਹੋ ਜਾਂਦੇ ਹਨ। ਉਹਨਾਂ ਨੂੰ ਦੁਨੀਆ ਦੇ ਲੋਕ ਧੋਖਾ ਤੇ ਫਰੇਬ ਕਰਨ ਵਾਲੇ ਪ੍ਰਤੀਤ ਹੁੰਦੇ ਹਨ। ਇਹ ਦੁਨੀਆਂ ਨਾਲੋਂ ਟੁੱਟ ਕੇ ਇੱਕ ਵੱਖਰੀ ਮਨੋਬਿਰਤੀ ਧਾਰਨ ਕਰ ਲੈਂਦੇ ਹਨ ਅਤੇ ਰਿਸ਼ਤਿਆਂ ਦੀ ਤਿਕੜਮਬਾਜ਼ੀ ਦਾ ਸਾਰੀ ਉਮਰ ਸੰਤਾਪ ਭੋਗਦੇ ਹਨ।

ਸਾਡੇ ਬਜ਼ੁਰਗ ਜੋ ਇੱਕ ਤਰ੍ਹਾਂ ਨਾਲ ਸਾਡੇ ਘਰਾਂ ਦਾ ਜਿਉਂਦਾ-ਜਾਗਦਾ ਇਤਿਹਾਸ ਹੁੰਦੇ ਹਨ, ਇਹਨਾਂ ਦੀ ਸਾਂਭ-ਸੰਭਾਲ ਕਰਨ, ਇਹਨਾਂ ਨੂੰ ਇੱਜ਼ਤ-ਮਾਣ ਦੇਣ ਵਾਲੀ ਪ੍ਰਵਿਰਤੀ ਸਮਾਜ ਵਿੱਚ ਘੱਟ ਹੋ ਰਹੀ ਹੈ। ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਬਿਰਧ ਆਸ਼ਰਮਾਂ ਦਾ ਖੁੱਲ੍ਹ ਜਾਣਾ ਇਸ ਗੱਲ ਦਾ ਸੰਕੇਤ ਹੈ। ਸਾਡੇ ਬਜ਼ੁਰਗ ਜਿਹਨਾਂ ਨੇ ਸਾਰੀ ਉਮਰ ਸਾਨੂੰ ਉਂਗਲੀ ਫੜ ਕੇ ਤੋਰਿਆ ਹੁੰਦਾ ਹੈ, ਇਸ ਜ਼ਮਾਨੇ ਦੇ ਹਾਣ ਦਾ ਬਣਾਉਣ ਵਿੱਚ ਵੱਡਾ ਰੋਲ ਅਦਾ ਕੀਤਾ ਹੁੰਦਾ ਹੈ, ਉਹ ਹੁਣ ਨਵੀਂ ਪੀੜ੍ਹੀ ਨੂੰ ਬੋਝ ਲੱਗਣ ਲੱਗ ਪਏ ਹਨ। ਮਾਨਸਿਕ ਤੌਰ 'ਤੇ ਪ੍ਰੇਸ਼ਾਨ ਇੱਕ ਬਜ਼ੁਰਗ ਨੂੰ ਉਹਦੀ ਵੱਡੀ ਉਮਰ ਦੀ ਇੱਕ ਧੀ ਡਾਕਟਰ ਕੋਲ ਲੈ ਕੇ ਆਈ। ਉਹ ਰੋ-ਰੋ ਕੇ ਦੱਸਣ ਲੱਗੀ ਕਿ ਉਸ ਦੇ ਬਾਪ ਨੂੰ ਉਸ ਦੇ ਭਰਾ ਤੇ ਭਰਜਾਈ ਨੇ ਘਰੋਂ ਬਾਹਰ ਕੱਢ ਦਿੱਤਾ ਹੈ। ਮੇਰਾ ਬਾਪ ਨਹਿਰ ਵਿੱਚ ਡੁੱਬ ਕੇ ਆਤਮਹੱਤਿਆ ਕਰਨ ਚੱਲਿਆ ਸੀ, ਐਨ ਮੌਕੇ 'ਤੇ ਪਤਾ ਲੱਗਣ 'ਤੇ ਅਸੀਂ ਇਸ ਨੂੰ ਬਚਾ ਲਿਆ। ਉਹ ਕਹਿਣ ਲੱਗੀ, "ਮੇਰਾ ਸਹੁਰਾ ਪਰਵਾਰ ਵੀ ਕੋਈ ਬਹੁਤਾ ਚੰਗਾ ਨਹੀਂ, ਪਰ ਮੈਂ ਧੀ ਹਾਂ, ਮੈਂ ਇਸ ਨੂੰ ਕਿੱਧਰ ਧੱਕਾ ਦੇ ਦਿਆਂ। ਇਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਹੈ। ਇਹ ਆਖਦਾ ਹੈ, ਜਿਸ ਘਰ ਨੂੰ ਮੈਂ ਮਿਹਨਤਾ ਕਰਕੇ ਬਣਾਇਆ, ਸਵਾਰਿਆ ਹੈ, ਉਸੇ ਘਰ ਵਿੱਚ ਹੀ ਹੁਣ ਮੈਂ ਰਹਿ ਨਹੀਂ ਸਕਦਾ, ਇਹ ਕਿਵੇਂ ਹੋ ਸਕਦਾ ਹੈ?' ਨਾਲ ਹੀ ਉਹ ਰੋ-ਰੋ ਕੇ ਆਖਣ ਲੱਗੀ, 'ਉੱਥੇ ਉਸ ਘਰ ਰਹਿ ਕੇ ਇਹ ਕਿਵੇਂ ਗੁਜ਼ਾਰਾ ਕਰੇਗਾ? ਜਿੱਥੇ ਇੱਜ਼ਤ-ਮਾਣ, ਰੋਟੀ, ਕੱਪੜਾ, ਬਿਸਤਰਾ ਮਿਲਣ ਦੀ ਬਜਾਏ ਇਸ ਨਾਲ ਕਲੇਸ਼, ਝਿੜਕਾਂ ਅਤੇ ਹਰ ਰੋਜ਼ ਘਟੀਆ ਵਿਹਾਰ ਹੁੰਦਾ ਹੈ।'

ਸੋਸ਼ਲ ਮੀਡੀਆ ਦੇ ਵਿਸਥਾਰ ਨੇ ਰਿਸ਼ਤਿਆਂ ਨੂੰ ਨਵੇਂ ਢੰਗ ਨਾਲ ਪ੍ਰਭਾਵਤ ਕਰਨਾ ਸ਼ੁਰੂ ਕੀਤਾ ਹੈ। ਮਨੁੱਖ ਹੁਣ ਮੋਬਾਇਲ ਦੀ ਸਕਰੀਨ ਰਾਹੀਂ ਦੋਸਤੀਆਂ ਅਤੇ ਰਿਸ਼ਤੇਦਾਰੀਆਂ ਬਣਾਉਣ ਲੱਗਿਆ ਹੈ। ਇੰਟਰਨੈੱਟ 'ਤੇ ਬਣੀਆਂ ਦੋਸਤੀਆਂ ਸਾਡੇ ਲਈ ਖੁਸ਼ੀ, ਗਮੀ, ਅਹਿਮੀਅਤ ਅਤੇ ਬੇਗਾਨਗੀ ਦੇ ਅਹਿਸਾਸ ਪੈਦਾ ਕਰਨ ਲੱਗੀਆਂ ਹਨ। ਸਾਡਾ ਸਮਾਜ ਇਹਨਾਂ ਵਰਤਾਰਿਆਂ ਤੋਂ ਲਗਾਤਾਰ ਪ੍ਰਭਾਵਤ ਹੋਣ ਲੱਗਾ ਹੈ। ਅਕਸਰ ਲੋਕ ਖਾਸ ਕਰ ਨੌਜਵਾਨ ਪੀੜ੍ਹੀ ਬੈਠੀ ਆਪਣੇ ਪਰਵਾਰ ਵਿੱਚ ਹੋਵੇਗੀ, ਪਰ ਚੈਟਿੰਗ (ਗੱਲਬਾਤ) ਕਿਤੇ ਹੋਰ ਨਾਲ ਹੋ ਰਹੀ ਹੋਵੇਗੀ। ਇਹ ਇੱਕ ਤਰ੍ਹਾਂ ਨਾਲ ਸਾਡੀ ਫੜੀਆਂ ਛੱਡ ਕੇ ਉਡਦੀਆਂ ਫੜਨ ਵਰਗੀ ਮਾਨਸਿਕਤਾ ਹੈ, ਇਸ ਨਾਲ ਵੀ ਸਾਡੇ ਰਿਸ਼ਤੇ ਪ੍ਰਭਾਵਤ ਹੋ ਰਹੇ ਹਨ। ਇੰਟਨੈੱਟ ਦੇ ਇਸ ਦੌਰ ਵਿੱਚ ਸਾਡੇ ਅੰਦਰ ਸ਼ੱਕ, ਤੌਖਲੇ, ਡਰ ਫਿਕਰ ਵਧ ਰਹੇ ਹਨ, ਸਹਿਜ, ਸਬਰ ਅਤੇ ਸੰਵੇਦਨਾ ਘੱਟ ਹੋ ਰਹੇ ਹਨ। ਪੰਜਾਬੀ ਸਮਾਜ ਵਿੱਚ ਪਿਛਲੇ ਅਰਸੇ ਤੋਂ ਬਾਹਰ ਜਾ ਕੇ ਵਸਣ ਦੀ ਪ੍ਰਵਿਰਤੀ ਦੇ ਬੇਸ਼ੱਕ ਹੋਰ ਬਹੁਤ ਸਾਰੇ ਕਾਰਨ ਹਨ, ਪਰ ਨਵੀਂ ਪੀੜ੍ਹੀ ਵੱਲੋਂ ਆਪਣੇ ਢੰਗ ਨਾਲ ਬਣਾਏ, ਉਸਾਰੇ ਰਿਸ਼ਤਿਆਂ ਦੀ ਇਸ ਵਿੱਚ ਬਹੁਤ ਵੱਡੀ ਭੂਮਿਕਾ ਹੈ।

ਇਹ ਵੇਖਿਆ ਗਿਆ ਹੈ ਕਿ ਜਿਹੜੇ ਪਰਵਾਰਾਂ ਵਿੱਚ ਨਿੱਕੇ ਬੱਚੇ ਤੋਂ ਲੈ ਕੇ ਬਜ਼ੁਰਗਾਂ ਤੱਕ ਇੱਕ ਵੱਡੇ ਪਰਵਾਰ ਵਿੱਚ ਰਹਿੰਦੇ ਹਨ, ਉਹ ਪਰਵਾਰ ਵਧੇਰੇ ਖੁਸ਼ਹਾਲ ਹੁੰਦੇ ਹਨ। ਜਾਪਾਨ ਵਿੱਚ ਬਜ਼ੁਰਗਾਂ ਦਾ ਬੜਾ ਸਤਿਕਾਰ ਕੀਤਾ ਜਾਂਦਾ ਹੈ, ਇੱਥੇ ਪਰਿਵਾਰਕ ਲੜਾਈ-ਝਗੜੇ ਵੀ ਘੱਟ ਹੁੰਦੇ ਹਨ। ਇੱਥੇ ਅੱਸੀ-ਅੱਸੀ ਸਾਲ ਦੇ ਬਜ਼ੁਰਗ ਵੀ ਨੌਜੁਵਾਨਾਂ ਵਾਂਗ ਕੰਮ ਕਰਦੇ ਹਨ। ਇਸ ਦਾ ਕਾਰਨ ਇਹੋ ਹੀ ਹੈ ਇੱਥੇ ਬਜੁਰਗਾਂ ਦਾ ਸਤਿਕਾਰ ਹੁੰਦਾ ਹੈ। ਬਜੁਰਗਾਂ ਦਾ ਜੀਵਨ ਵਿੱਚ ਉਤਸ਼ਾਹ ਬਣਿਆ ਰਹਿੰਦਾ ਹੈ ਅਤੇ ਉਹ ਲੰਮੀ ਉਮਰ ਭੋਗਦੇ ਹਨ।

ਪਿਛਲੇ ਅਰਸੇ ਤੋਂ ਪੰਜਾਬੀ ਸਮਾਜ ਵਿੱਚ ਬਾਹਰਲੇ ਮੁਲਕਾਂ ਨੂੰ ਜਾਣ ਅਤੇ ਉੱਥੇ ਜਾ ਕੇ ਵਸਣ ਦੀ ਇਕ ਹੋੜ ਜਿਹੀ ਲੱਗੀ ਹੋਈ ਹੈ। ਬਹੁਤੇ ਘਰਾਂ ਦੇ ਬੱਚੇ ਬਾਹਰਲੇ ਮੁਲਕਾਂ ਦਾ ਰੁਖ ਕਰ ਗਏ ਹਨ, ਮਗਰ ਘਰ ਵਿੱਚ ਰਹਿ ਗਏ ਮਾਪਿਆਂ ਕੋਲ ਉਹਨਾਂ ਨਾਲ ਰਿਸ਼ਤਾ ਫੋਨ 'ਤੇ ਗੱਲ ਕਰਨ ਤੱਕ ਸੀਮਤ ਹੋ ਕੇ ਰਹਿ ਗਿਆ ਹੈ। ਫੋਨ 'ਤੇ ਹੁੰਦੀ ਇਹ ਗੱਲ ਵੀ ਹੌਲੀ-ਹੌਲੀ ਘੱਟ ਹੋਣ ਲੱਗਦੀ ਹੈ ਤੇ ਫਿਰ ਬੱਚੇ ਆਪਣੀ ਦੁਨੀਆ ਵਿੱਚ ਪ੍ਰਵੇਸ਼ ਕਰ ਜਾਂਦੇ ਹਨ ਅਤੇ ਇਧਰ ਮਾਪਿਆਂ ਨੂੰ ਉਹਨਾਂ ਦਾ ਇਕਲਾਪਾ ਵੱਢ-ਵੱਢ ਖਾਣ ਲੱਗਦਾ ਹੈ। ਇਹੋ ਹੀ ਕਾਰਨ ਹੈ ਕਿ ਇਸ ਸਮੇਂ ਸਾਡੇ ਸਮਾਜ ਦੇ ਵੱਡੀ ਗਿਣਤੀ ਲੋਕ ਡਿਪਰੈਸ਼ਨ ਦਾ ਸਿਕਾਰ ਬਣ ਰਹੇ ਹਨ।

ਸੰਚਾਰ ਸਾਧਨਾਂ ਦੀ ਭਰਮਾਰ ਨੇ ਦੁਨੀਆ ਨੂੰ ਇੱਕ ਅਸਲੋਂ ਨਵੇਂ ਮੁਕਾਮ 'ਤੇ ਲਿਆ ਖੜਾ ਕੀਤਾ ਹੈ। ਮਨੁੱਖੀ ਸੱਭਿਅਤਾ ਦਾ ਇਤਿਹਾਸ ਦੱਸਦਾ ਹੈ ਕਿ ਮਨੁੱਖ ਦੀ ਮਨੋਬਿਰਤੀ ਹਰ ਨਵੀਂ ਚੀਜ਼ ਨੂੰ ਤਰਜੀਹ ਦਿੰਦੀ ਆਈ ਹੈ।

ਅੱਜ ਲੋੜ ਹੈ ਕਿ ਅਸੀਂ ਰਿਸ਼ਤਿਆਂ ਦੀ ਅਹਿਮੀਅਤ ਨੂੰ ਸਮਝੀਏ ਜਾਣੀਏ। ਰਿਸ਼ਤਿਆਂ ਦਾ ਮੁਲਾਂਕਣ ਪੈਸੇ ਅਤੇ ਜਾਇਦਾਦ ਦੇ ਆਧਾਰ 'ਤੇ ਕਰਨਾ ਬੰਦ ਕਰੀਏ। ਅਸੀਂ ਆਪਣਿਆਂ ਨਾਲ ਆਪਣਿਆਂ ਵਰਗਾ ਵਿਹਾਰ ਕਰੀਏ। ਜੀਵਨ ਪ੍ਰਤੀ ਬਜ਼ੁਰਗਾਂ ਦੇ ਤਜਰਬੇ ਤੋਂ ਕੁਝ ਸਿੱਖੀਏ ਅਤੇ ਉਹਨਾਂ ਦਾ ਸਤਿਕਾਰ ਕਰੀਏ। ਚੀਨ ਦਾ ਇੱਕ ਆਖਾਣ ਹੈ, 'ਸਫਲ ਹੋਣ ਲਈ ਤਿੰਨ ਬਜ਼ੁਰਗਾਂ ਦੀ ਸਲਾਹ ਲਓ।' ਇਸ ਦੇ ਨਾਲ-ਨਾਲ ਸਾਨੂੰ ਇਹ ਵੀ ਸਮਝਣ ਦੀ ਲੋੜ ਹੈ ਜਿੱਥੇ ਚਾਰ ਭਾਂਡੇ ਹੋਣ ਉੱਥੇ ਉਹ ਖੜਕਦੇ ਵੀ ਹਨ। ਜੇਕਰ ਪਰਿਵਾਰਕ ਤੌਰ 'ਤੇ ਸਾਡੇ ਵਿੱਚ ਕਿਸੇ ਨਾਲ ਕਿਹਾ-ਸੁਣੀ ਹੋਈ ਹੈ ਤਾਂ ਇਸ ਨੂੰ ਲੰਮਾ ਨਾ ਖਿੱਚਿਆ ਜਾਵੇ। ਕੁਝ ਘੰਟੇ ਦੇ ਵਕਫੇ ਮਗਰੋਂ ਹਾਲਾਤ ਨੂੰ ਸੁਖਾਵਾਂ ਬਣਾਉਣ ਦਾ ਯਤਨ ਕੀਤਾ ਜਾਣਾ ਚਾਹੀਦਾ ਹੈ। ਪਤੀ-ਪਤਨੀ ਵਿੱਚ ਹੋਇਆ ਲੜਾਈ-ਝਗੜਾ ਇੱਕ ਦਿਨ ਤੋਂ ਲੰਮਾ ਨਹੀਂ ਹੋਣਾ ਚਾਹੀਦਾ। ਆਮ ਹਾਲਤਾਂ ਵਿੱਚ ਸਾਨੂੰ ਆਪਸੀ ਝਗੜਿਆਂ ਦਾ ਵਿਸ਼ਲੇਸ਼ਣ ਕਰਦੇ ਰਹਿਣਾ ਚਾਹੀਦਾ ਹੈ ਅਤੇ ਪਰਵਾਰ ਦੇ ਹਰ ਜੀਅ ਨੂੰ ਇਸ ਗੱਲ ਲਈ ਸਹਿਮਤ ਕਰਨਾ ਚਾਹੀਦਾ ਕਿ ਆਪਣਾ ਕੋਈ ਵੀ ਲੜਾਈ-ਝਗੜਾ ਇੱਕ ਘੰਟੇ ਜਾਂ ਦੋ ਘੰਟੇ ਤੋਂ ਵੱਧ ਨਹੀਂ ਹੋਣਾ ਚਾਹੀਦਾ। ਸਾਨੂੰ ਦੂਜਿਆਂ ਨਾਲ ਚੰਗਾ ਵਿਹਾਰ ਕਰਨਾ ਚਾਹੀਦਾ ਹੈ। ਦੂਜਿਆਂ ਨਾਲ ਮਿਲਵਰਤਨ ਅਤੇ ਸਹਿਯੋਗ ਕਰਕੇ ਹੀ ਅਸੀਂ ਜੀਵਨ ਵਿੱਚ ਖੁਸ਼ਹਾਲ ਰਹਿ ਸਕਦੇ ਹਾਂ।

**# ਸੰਪਰਕ : 98550-51099**

# ਉਨਾਹਟ, ਪੈਂਹਟ ਬਨਾਮ ਫਿਫਟੀ ਨਾਈਨ-ਸਿਕਸਟੀ ਫਾਈਵ



ਬਿੰਦਰ ਸਿੰਘ ਖੁੱਡੀ ਕਲਾਂ

ਮਰੀਜ਼ਾਂ ਦੀਆਂ ਪਰਚੀਆਂ ਬਣਾ ਰਹੀ ਕੁੜੀ ਨੇ ਨਾਂਅ ਅਤੇ ਉਮਰ ਆਦਿ ਪੁੱਛਣ ਉਪਰੰਤ ਮੋਬਾਈਲ ਨੰਬਰ ਪੁੱਛਿਆ ਤਾਂ ਮੈਂ ਕਿਹਾ- ਅਠਾਨਵੇਂ ਸੱਤ ਸੌ ਛਿਆਸੀ ਜ਼ੀਰੋ ਉਨਾਹਟ, ਪੈਂਹਟ।ਉਹ ਅਠਾਨਵੇਂ ਸੱਤ ਸੌ ਛਿਆਸੀ ਅਤੇ ਜ਼ੀਰੋ ਲਿਖਣ ਉਪਰੰਤ ਮੁਸਕਰਾ ਕੇ ਨਾਲ ਵਾਲੀ ਕੁੜੀ ਨਾਲ ਘੁਸਰ-ਮੁਸਰ ਜਿਹੀ ਕਰਨ ਲੱਗੀ।ਮੈਂ ਇਹ ਸੋਚਦਿਆਂ ਕਿ ਸ਼ਾਇਦ ਇਸ ਨੂੰ ਨੰਬਰ ਚੰਗੀ ਤਰ੍ਹਾਂ ਨਹੀਂ ਸੁਣਿਆ। ਨੰਬਰ ਦੁਬਾਰਾ ਬੋਲ ਦਿੱਤਾ, ਹਾਂ-ਹਾਂ ਰਾਜੇ ਉਨਾਹਟ, ਪੈਂਹਟ।ਉਸ ਦੇ ਨਾਲ ਵਾਲੀ ਕੁੜੀ ਝਿਜਕਦਿਆਂ-ਝਿਜਕਦਿਆਂ ਬੋਲੀ, ਸਰ! ਉਨਾਹਟ, ਫਿਫਟੀ ਨਾਈਨ ? ਹੁਣ ਮੈਨੂੰ ਸਾਰੀ ਗੱਲ ਸਮਝ ਲੱਗ ਗਈ ਕਿ ਇਹ ਅੰਗਰੇਜ਼ੀ ਮਾਧਿਅਮ ਦੀਆਂ ਪੜ੍ਹੀਆਂ ਵਿਚਾਰੀਆਂ ਪੰਜਾਬੀ ਦੇ ਉਨਾਹਟ, ਪੈਂਹਟ ਨੂੰ ਸਮਝਣ ਤੋਂ ਅਸਮਰੱਥ ਹਨ।ਮੈਂ ਉਹਨਾਂ ਨੂੰ ਸਾਰਾ ਨੰਬਰ ਹੀ ਅੰਗਰੇਜ਼ੀ 'ਚ ਬੋਲ ਦਿੱਤਾ ਅਤੇ ਉਹਨਾਂ ਬਣਦੀ ਫੀਸ ਲੈ ਕੇ ਪਰਚੀ ਮੈਨੂੰ ਦੇ ਦਿੱਤੀ।

ਪਰਚੀ ਫੜ ਡਾਕਟਰ ਦੇ ਕਮਰੇ ਸਾਹਮਣੇ ਮਰੀਜ਼ਾਂ ਲਈ ਲੱਗੀਆਂ ਕੁਰਸੀਆਂ 'ਤੇ ਬੈਠਾ ਮੈਂ ਸੋਚ ਰਿਹਾ ਸੀ ਕਿ ਆਖਿਰ ਅਸੀਂ ਇਹ ਕਿਹੋ ਜਿਹਾ ਵਿੱਦਿਅਕ ਢਾਂਚਾ ਖੜ੍ਹਾ ਕਰੀ ਬੈਠੇ ਹਾਂ ਕਿ ਸਾਡੇ ਵਿਦਿਆਰਥੀ ਆਪਣੀ ਹੀ ਮਾਤ ਭਾਸ਼ਾ ਪੰਜਾਬੀ ਨੂੰ ਸਮਝਣ ਤੋਂ ਅਸਮਰਥ ਹੋਈ ਜਾ ਰਹੇ ਹਨ।ਅਜਿਹਾ ਨਹੀਂ ਕਿ ਸਾਡੇ ਵਿਦਿਆਰਥੀ ਅੰਗਰੇਜ਼ੀ ਸਮਝਦੇ ਹਨ, ਤਾਂ ਕਰਕੇ ਉਹਨਾਂ ਨੂੰ ਪੰਜਾਬੀ ਸਮਝ ਨਹੀਂ ਆਉਂਦੀ।ਬਦਕਿਸਮਤੀ ਵੱਸ ਸਾਡੇ ਬਹੁਗਿਣਤੀ ਬੱਚਿਆਂ ਨੂੰ ਆਉਂਦੀ ਅੰਗਰੇਜ਼ੀ ਵੀ ਨਹੀਂ।ਜੇਕਰ ਉਹਨਾਂ ਨਾਲ ਅੰਗਰੇਜ਼ੀ 'ਚ ਬੋਲਦੇ ਹਾਂ ਤਾਂ ਕਹਿਣਗੇ ਸਰ ਪੰਜਾਬੀ 'ਚ ਦੱਸੋ ਜੀ।ਜੇ ਪੰਜਾਬੀ ਚ ਬੋਲਦੇ ਹਾਂ ਤਾਂ ਕਹਿਣਗੇ ਅੰਗਰੇਜ਼ੀ ਚ ਦੱਸੋ ਜੀ।ਉਹਨਾਂ ਦੀ ਅੰਗਰੇਜੀ ਸ਼ਬਦਾਵਲੀ ਅਤੇ ਭਾਸ਼ਾਈ ਹੁਨਰ ਵੀ ਬੜਾ ਸੀਮਤ ਹੈ।ਸਕੂਲਾਂ ਵੱਲੋਂ ਸਿਖਾਏ ਗਿਣਵੇਂ-ਚੁਣਵੇਂ ਸ਼ਬਦ ਹੀ ਉਹਨਾਂ ਦਾ ਅੰਗਰੇਜ਼ੀ ਸੰਸਾਰ ਹੈ।ਉਹ ਇਹਨਾਂ ਸੀਮਤ ਜਿਹੇ ਸ਼ਬਦਾਂ ਦਾ ਪ੍ਰਗਟਾਵਾ ਕਰਕੇ ਹੀ ਅੰਗਰੇਜ਼ੀ ਆਉਣ ਦਾ ਭਰਮ-ਭੁਲੇਖਾ ਪਾਲੀ ਰੱਖਦੇ ਹਨ।ਅਸਲ 'ਚ ਇਹ ਭਾਸ਼ਾਈ ਕੰਗਾਲੀ ਦੀ ਅਵਸਥਾ ਹੈ।

ਪੰਜਾਬੀ ਨਾ ਸਮਝ ਸਕਣ ਵਾਲੀਆਂ ਅਜਿਹੀਆਂ ਘਟਨਾਵਾਂ ਮੇਰੇ ਨਾਲ ਦਫ਼ਤਰ ਵਿੱਚ ਵੀ ਅਕਸਰ ਵਾਪਰਦੀਆਂ ਰਹਿੰਦੀਆਂ ਹਨ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਮੇਰੇ ਦਫ਼ਤਰ ਦਾ ਕਮਰਾ ਨੰਬਰ ਚਾਰ ਸੌ ਉਨਾਹਟ ਹੈ।ਮੇਰੇ ਦਫ਼ਤਰ ਤੋਂ ਅੱਗੇ ਕਮਰਾ ਨੰਬਰ ਚਾਰ ਸੌ ਉਨੱਤਰ 'ਚ ਕਿਸੇ ਵਿਭਾਗ ਦਾ ਰਿਕਾਰਡ ਰੂਮ ਹੈ।ਕਮਰਾ ਨੰਬਰ ਚਾਰ ਸੌ ਉਨੱਤਰ 'ਚ ਜਾਣ ਵਾਲੇ ਬਹੁਤਿਆਂ ਵਿੱਚੋਂ ਖਾਸ ਕਰਕੇ ਨੌਜਵਾਨ ਪੀੜ੍ਹੀ ਮੇਰੇ ਦਫ਼ਤਰ 'ਚ ਆ ਜਾਂਦੀ ਹੈ।ਜਦੋਂ ਮੈਂ ਕਹਿੰਦਾ ਹਾਂ ਕਿ ਇਹ ਕੰਮ ਤਾਂ ਅੱਗੇ ਚਾਰ ਸੌ ਉਨੱਤਰ ਕਮਰੇ ਵਿੱਚੋਂ ਹੋਵੇਗਾ।ਤਾਂ ਉਹ ਬੜੇ ਧੜੱਲੇ ਨਾਲ ਕਹਿੰਦੇ ਨੇ, ਆਹ ਬਾਹਰ ਚਾਰ ਸੌ ਉਨੱਤਰ ਈ ਤਾਂ ਲਿਖਿਆ ਜੀ।ਜਦੋਂ ਮੈਂ ਕਹਿੰਦਾ ਹਾਂ ਕਿ ਇਹ ਉਨੱਤਰ ਨਹੀਂ, ਉਨਾਹਟ ਹੈ ਤਾਂ ਉਹ ਵਿਚਾਰੇ ਕੱਚੇ ਜਿਹੇ ਹੋਏ ਹੀਂ-ਹੀਂ ਕਰਦੇ ਬਾਹਰ ਨਿਕਲ ਜਾਂਦੇ ਹਨ, ਪਰ ਮੈਂ ਆਪਣੀ ਦਫ਼ਤਰੀ ਰਵਾਇਤ ਅਨੁਸਾਰ ਉਹਨਾਂ ਨੂੰ ਵੀ ਚਾਹ-ਪਾਣੀ ਜ਼ਰੂਰ ਪੁੱਛਦਾ ਹਾਂ।ਇਸ ਤਰ੍ਹਾਂ ਹੋਰ ਵੀ ਬਹੁਤ ਥਾਵਾਂ 'ਤੇ ਹੁੰਦਾ ਹੈ।ਤੁਹਾਡੇ ਨਾਲ ਵੀ ਇਸ ਤਰ੍ਹਾਂ ਬਹੁਤ ਵਾਰ ਹੋਇਆ ਹੋਵੇਗਾ।

ਮੇਰੇ ਵੱਲੋਂ ਜ਼ਿਕਰ ਕੀਤੀਆਂ ਇਹ ਦੋ ਘਟਨਾਵਾਂ ਮਹਿਜ਼ ਦੋ ਘਟਨਾਵਾਂ ਨਹੀਂ ਹਨ।ਸਾਡੇ ਲਈ ਬਹੁਤ ਵੱਡੇ ਸਵਾਲ ਹਨ, ਕਿ ਆਖਿਰ ਕਿਉਂ ਸਾਡੇ ਬੱਚੇ ਨਾ ਘਰ ਦੇ ਰਹੇ ਹਨ ਤੇ ਨਾ ਘਾਟ ਦੇ।ਬੱਚਿਆਂ ਨੂੰ ਅੰਗਰੇਜ਼ ਸਿਖਾਉਣ ਪ੍ਰਤੀ ਸਾਡੀ ਲਾਲਸਾ ਨੇ ਉਹਨਾਂ ਨੂੰ ਪੰਜਾਬੀ ਵੀ ਭੁਲਾ ਦਿੱਤੀ ਹੈ।ਸਾਡੇ ਵਿਦਿਆਰਥੀਆਂ ਦੀ ਹਾਲਤ ਉਸ ਕਾਂ ਵਰਗੀ ਹੋਈ ਪਈ ਹੈ, ਜੋ ਹੰਸ ਦੀ ਤੋਰ ਤੁਰਨ ਦੀ ਕੋਸ਼ਿਸ਼ ਕਰਦਾ-ਕਰਦਾ ਆਪਣੀ ਤੋਰ ਵੀ ਭੁੱਲ ਬੈਠਾ ਹੈ।ਦਰਅਸਲ ਸਾਡਾ ਵਿੱਦਿਅਕ ਢਾਂਚਾ ਪੜ੍ਹਾਈ ਨੂੰ ਬਾਲ ਮਨੋਵਿਗਿਆਨ ਅਨੁਸਾਰ ਪੜ੍ਹਾਉਣ ਦੀ ਪਹੁੰਚ ਰੱਖਣ ਦੀ ਬਜਾਏ ਸਿਰਫ ਪੜ੍ਹਾਉਣ ਦੀ ਪਹੁੰਚ ਰੱਖਦਾ ਹੈ।ਵਿੱਦਿਅਕ ਮਾਹਰਾਂ ਦਾ ਕਹਿਣਾ ਹੈ ਕਿ ਬੱਚੇ ਦੀ ਸਿੱਖਣ ਪਰਕ੍ਰਿਆ ਨੂੰ ਸਰਲ, ਸਹਿਜ ਅਤੇ ਪਰਿਪੱਕ ਬਣਾਉਣ ਲਈ ਹਰ ਬੱਚੇ ਦੀ ਮੁੱਢਲੀ ਪੜ੍ਹਾਈ ਉਸ ਦੀ ਮਾਤ ਭਾਸ਼ਾ ਵਿੱਚ ਹੋਣੀ ਲਾਜ਼ਮੀ ਹੈ।ਹੁਣ ਦੱਸੋ ਭਲਾ ਸਾਡੇ ਵਿੱਦਿਅਕ ਢਾਂਚੇ 'ਚ ਵਿੱਦਿਅਕ ਮਾਹਰ ਦੀ ਗੱਲ ਨੂੰ ਕੋਈ ਮਾਨਤਾ ਦਿੱਤੀ ਜਾ ਰਹੀ ਹੈ ? ਸਾਡਾ ਤਾਂ ਸਾਰਾ ਜ਼ੋਰ ਵਿਦਿਆਰਥੀਆਂ ਨੂੰ ਅੰਗਰੇਜ਼ੀ ਸਿਖਾਉਣ 'ਤੇ ਲੱਗਿਆ ਹੋਇਆ ਹੈ।

ਬਿਨਾਂ ਸ਼ੱਕ ਦਫਤਰਾਂ ਚ ਗੈਰ ਪੰਜਾਬੀ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਗਿਣਤੀ ਵਧਣ ਨਾਲ ਖਪਤਕਾਰਾਂ ਨੂੰ ਗੱਲਬਾਤ ਕਰਨ 'ਚ ਦਿੱਕਤ ਆਉਂਦੀ ਹੈ।ਗੱਲਬਾਤ ਦੀ ਦਿੱਕਤ ਦਾ ਨਜ਼ਾਰਾ ਬੈਂਕਾਂ, ਡਾਕਖਾਨਿਆਂ ਜਾਂ ਰੇਲਵੇ ਆਦਿ ਵਿੱਚ ਗੈਰ-ਪੰਜਾਬੀ ਕਰਮਚਾਰੀ ਅਤੇ ਪੇਂਡੂ ਪੰਜਾਬੀ ਖਪਤਕਾਰ ਦੀ ਹੋਣ ਵਾਲੀ ਗੱਲਬਾਤ ਤੋਂ ਆਮ ਵੇਖਿਆ ਜਾ ਸਕਦਾ ਹੈ, ਪਰ ਸੋਚੋ ਫਿਰ ਕੀ ਹੋਵੇਗਾ, ਜਦੋਂ ਪੰਜਾਬੀ ਅਧਿਕਾਰੀ ਅਤੇ ਕਰਮਚਾਰੀ ਹੀ ਪੰਜਾਬੀ ਸਮਝਣ ਤੋਂ ਅਸਮਰੱਥ ਹੋ ਜਾਣਗੇ।

ਸਰਕਾਰਾਂ ਨੂੰ ਆਪਣੇ ਵਿੱਦਿਅਕ ਢਾਂਚੇ ਵਿੱਚ ਇਸ ਤਰ੍ਹਾਂ ਦੀ ਤਬਦੀਲੀ ਕਰਨੀ ਚਾਹੀਦੀ ਹੈ ਕਿ ਹਰ ਪੰਜਾਬੀ ਬੱਚਾ ਪਹਿਲਾਂ ਪੰਜਾਬੀ ਸਿੱਖੇ ਅਤੇ ਫਿਰ ਹੋਰ ਭਾਸ਼ਾਵਾਂ ਦਾ ਗਿਆਨ ਹਾਸਲ ਕਰੇ।ਸਾਡਾ ਮਾਪਿਆਂ ਦਾ ਵੀ ਫ਼ਰਜ਼ ਬਣਦਾ ਹੈ ਕਿ ਅਸੀਂ ਸਾਡੇ ਬੱਚਿਆਂ ਦੀ ਪੰਜਾਬੀ ਤੋਂ ਪੈ ਰਹੀ ਦੂਰੀ ਤੇ ਉਸ ਤੋਂ ਕਈ ਗੁਣਾਂ ਜ਼ਿਆਦਾ ਫਿਕਰਮੰਦ ਹੋਈਏ, ਜਿੰਨਾ ਫਿਕਰਮੰਦ ਅਸੀਂ ਸਾਡੇ ਬੱਚਿਆਂ ਨੂੰ ਅੰਗਰੇਜ਼ੀ ਨਾ ਆਉਣ 'ਤੇ ਹੁੰਦੇ ਹਾਂ।

**# ਸੰਪਰਕ : 98786-05965**

# ਭਾਈਚਾਰੇ 'ਚ ਫੁੱਟ ਨਾ ਪਾਵੇ ਗੋਦੀ ਮੀਡੀਆ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਦੰਗਾ-ਫ਼ਸਾਦ ਜਾਂ ਅੱਤਵਾਦ ਨਾਲ ਜੁੜੀ ਹੋਈ ਹਰੇਕ ਖ਼ਬਰ ਜਾਂ ਘਟਨਾ ਨਿੰਦਣਯੋਗ ਹੁੰਦੀ ਹੈ। ਇਹ ਮਨੁੱਖਤਾ ਦਾ ਘਾਣ ਕਰਨ ਵਾਲਿਆਂ ਦੀਆਂ ਕਾਲੀਆਂ ਕਰਤੂਤਾਂ ਦੀ ਪ੍ਰਤੀਕ ਹੁੰਦੀ ਹੈ। ਅਜਿਹੀ ਹਰੇਕ ਘਟਨਾ ਨੂੰ ਜੋ ਇਨਸਾਨੀਅਤ ਨੂੰ ਸ਼ਰਮਸਾਰ ਕਰੇ, ਦੀ ਪੁਰਜ਼ੋਰ ਨਿੰਦਾ ਕੀਤੀ ਜਾਣੀ ਬਣਦੀ ਹੈ ਤੇ ਸੰਬੰਧਤ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੇ ਜਾਣ ਦੀ ਵਿਵਸਥਾ ਹੋਣੀ ਚਾਹੀਦੀ ਹੈ, ਪਰ ਬੀਤੇ ਕੁਝ ਵਰ੍ਹਿਆਂ ਤੋਂ ਹਿੰਦੁਸਤਾਨੀ ਮੀਡੀਆ ਜਗਤ ਵਿਚ 'ਗੋਦੀ ਮੀਡੀਆ' ਨਾਮਕ 'ਪਾਲਤੂ ਮੀਡੀਆ' ਅਤੇ 'ਵਿਕਾਊ ਪੱਤਰਕਾਰਾਂ ਤੇ ਐਂਕਰਾਂ' ਦੀ ਇਕ ਵੱਡੀ ਫ਼ੌਜ ਕਾਇਮ ਹੋ ਗਈ ਹੈ, ਜੋ ਆਮ ਦਰਸ਼ਕਾਂ ਤੇ ਪਾਠਕਾਂ ਨੂੰ ਸੱਚ ਦੀ ਤਸਵੀਰ ਪੇਸ਼ ਕਰਨ ਦੀ ਥਾਂ ਕੇਵਲ ਸੱਤਾਧਾਰੀ ਧਿਰ ਦੇ ਪ੍ਰਯੋਜਨਾਂ ਅਤੇ ਉਦੇਸ਼ਾਂ ਦੀ ਪੂਰਤੀ ਕਰਨ ਅਤੇ ਉਸ ਦੀਆਂ ਊਣਤਾਈਆਂ 'ਤੇ ਪਰਦੇ ਪਾਉਣ ਲਈ ਸਾਰਾ ਦਿਨ ਭੱਜ-ਦੌੜ ਕਰਦੀ ਰਹਿੰਦੀ ਹੈ ਤੇ ਆਪਣੇ 'ਸਿਆਸੀ ਆਕਾਵਾਂ' ਨੂੰ ਖ਼ੁਸ਼ ਕਰਨ ਲਈ ਭਰਮਾਊ, ਭੜਕਾਊ ਅਤੇ ਗੁੰਮਰਾਹਕੁਨ ਖ਼ਬਰਾਂ ਪੇਸ਼ ਕਰਦੀ ਹੈ।

ਬੀਤੇ ਦਿਨੀਂ ਜੰਮੂ-ਕਸ਼ਮੀਰ ਦੇ ਪਹਿਲਗਾਮ ਖਿੱਤੇ ਵਿਖੇ ਵਾਪਰੇ ਨਰਸੰਹਾਰ ਵਿਚ 28 ਨਿਰਦੋਸ਼ ਵਿਅਕਤੀਆਂ ਦੀਆਂ ਜਾਨਾਂ ਚਲੀਆਂ ਗਈਆਂ ਸਨ ਤੇ ਕਸ਼ਮੀਰ ਦੇ ਬੱਚੇ-ਬੱਚੇ ਸਮੇਤ ਹਿੰਦੁਸਤਾਨ ਦੇ ਹਰੇਕ ਬਾਸ਼ਿੰਦੇ ਨੇ ਇਸ ਅਣਮਨੁੱਖੀ ਕਾਰੇ ਦੀ ਕਰੜੀ ਨਿੰਦਾ ਕੀਤੀ ਤੇ ਕਸ਼ਮੀਰ ਸਣੇ ਦੇਸ਼ ਭਰ ਵਿਚ 'ਕੈਂਡਲ ਮਾਰਚ' ਅਤੇ 'ਰੋਸ ਮਾਰਚ' ਕੱਢੇ ਗਏ। ਹਰੇਕ ਭਾਰਤ ਵਾਸੀ ਨੇ ਚਾਹੇ ਉਹ ਕਿਸੇ ਵੀ ਧਰਮ ਜਾਂ ਜਾਤ ਨਾਲ ਸਬੰਧ ਰੱਖਦਾ ਹੋਵੇ, ਇਸ ਮਾੜੀ ਘਟਨਾ ਦੀ ਪੁਰਜ਼ੋਰ ਲਫ਼ਜ਼ਾਂ ਵਿਚ ਨਿਖੇਧੀ ਕੀਤੀ, ਪਰ ਇਸ ਦੁੱਖ ਦੀ ਘੜੀ ਵਿਚ ਵੀ ਮੀਡੀਆ ਦਾ ਇਕ ਵਰਗ 'ਹਿੰਦੂ-ਮੁਸਲਿਮ' ਕਰਦਾ ਹੋਇਆ ਦੋਹੀਂ ਹੱਥੀਂ ਨਫ਼ਰਤ ਵੰਡ ਰਿਹਾ ਸੀ। 'ਹਿੰਦੂਆਂ ਨੂੰ ਚੁਣ-ਚੁਣ ਕੇ ਮਾਰਿਆ ਜਾ ਰਿਹਾ ਸੀ' ਜਿਹੇ ਅਨੇਕਾਂ ਨਫ਼ਰਤੀ ਤੇ ਤੁਅੱਸਬੀ ਵਾਕ ਟੀ ਵੀ ਚੈਨਲਾਂ ਦੇ ਪੱਤਰਕਾਰਾਂ ਅਤੇ ਐਂਕਰਾਂ ਵੱਲੋਂ ਬੋਲੇ ਗਏ ਸਨ, ਜਿਨ੍ਹਾ ਨਾਲ ਹਿੰਦੂਆਂ ਦੇ ਜਜ਼ਬਾਤਾਂ ਨੂੰ ਭੜਕਾਇਆ ਜਾ ਰਿਹਾ ਸੀ ਤੇ ਮੁਸਲਮਾਨ ਭਾਈਚਾਰੇ ਖ਼ਿਲਾਫ਼ ਦਿਲਾਂ ਵਿਚ ਨਫ਼ਰਤ ਭਰੀ ਜਾ ਰਹੀ ਸੀ। ਨਿਰਪੱਖ ਪੱਤਰਕਾਰੀ ਦੇ ਸੰਕਲਪ ਨੂੰ ਤਿਲਾਂਜਲੀ ਦਿੰਦਿਆਂ ਹੋਇਆਂ ਨਿਰੋਲ ਪੱਖਪਾਤੀ ਪੱਤਰਕਾਰੀ ਕਰਦਾ ਹੋਇਆ 'ਗੋਦੀ ਮੀਡੀਆ' ਜਿਹੜੇ ਤੱਥ ਨਹੀਂ ਵਿਖਾਅ ਤੇ ਦੱਸ ਰਿਹਾ ਸੀ, ਉਹ ਕੁਝ ਇਸ ਤਰ੍ਹਾਂ ਸਨ:

* ਇਸ ਹੱਤਿਆ ਕਾਂਡ ਵਿਚ ਕੇਵਲ ਹਿੰਦੂ ਹੀ ਨਹੀਂ, ਸਗੋਂ ਮੁਸਲਮਾਨ ਅਤੇ ਈਸਾਈ ਭਾਈਚਾਰੇ ਨਾਲ ਸੰਬੰਧਤ ਵਿਅਕਤੀ ਵੀ ਮਾਰੇ ਗਏ ਸਨ।

* ਇਸ ਕਤਲੇਆਮ ਦੌਰਾਨ ਆਪਣੇ ਹਿੰਦੂ ਭਰਾਵਾਂ ਦੀਆਂ ਜਾਨਾਂ ਬਚਾਉਣ ਲਈ ਇੱਕ ਕਸ਼ਮੀਰੀ ਮੁਸਲਮਾਨ ਨੌਜਵਾਨ ਅੱਤਵਾਦੀਆਂ ਨਾਲ ਭਿੜ ਗਿਆ ਸੀ ਤੇ ਅੱਤਵਾਦੀ ਹੱਥੋਂ ਬੰਦੂਕ ਖੋਹਣ ਦੀ ਜੱਦੋ-ਜਹਿਦ ਵਿਚ ਆਪਣੀ ਜਾਨ ਗੁਆ ਬੈਠਾ ਸੀ।

* ਇਸ ਦੁਰਘਟਨਾ ਦੇ ਸਮੇਂ ਕਈ ਮੁਸਲਮਾਨ ਭਰਾਵਾਂ ਨੇ ਉਥੇ ਮੌਜੂਦ ਸੈਲਾਨੀਆਂ ਨੂੰ ਆਪਣੇ ਮੋਢਿਆਂ 'ਤੇ ਚੁੱਕ ਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਸੀ।

* ਗੋਲੀਬਾਰੀ ਸਮੇਂ ਆਪਣੀਆਂ ਜਾਨਾਂ ਬਚਾਉਣ ਲਈ ਇਧਰ-ਉਧਰ ਦੌੜ ਰਹੇ ਸੈਂਕੜੇ ਸੈਲਾਨੀਆਂ ਨੂੰ ਬਚਾਉਣ ਲਈ ਅਨੇਕਾਂ ਮੁਸਲਮਾਨ ਪਰਵਾਰਾਂ ਨੇ ਆਪਣੇ ਘਰਾਂ ਅਤੇ ਮਸਜਿਦਾਂ ਦੇ ਦਰਵਾਜ਼ੇ ਖੋਲ੍ਹ ਦਿੱਤੇ ਸਨ।

*ਇਸ ਭਿਆਨਕ ਹਾਦਸੇ ਤੋਂ ਬਾਅਦ ਪੂਰੇ ਕਸ਼ਮੀਰ ਵਿਚ ਰੋਸ ਜਲੂਸ ਕੱਢੇ ਗਏ ਤੇ ਘਟਨਾ ਲਈ ਜ਼ਿੰਮੇਵਾਰ ਅੱਤਵਾਦੀਆਂ ਨੂੰ ਮੌਤ ਦੀ ਸਜ਼ਾ ਦਿੱਤੇ ਜਾਣ ਦੀ ਮੰਗ ਕੀਤੀ ਗਈ ਸੀ।

* ਗੋਦੀ ਮੀਡੀਆ ਨੇ ਮੁਸਲਮਾਨ ਭਰਾਵਾਂ ਵੱਲੋਂ ਕੀਤੇ ਗਏ ਤੇ ਕੀਤੇ ਜਾ ਰਹੇ ਚੰਗੇ ਕੰਮਾਂ ਦਾ ਕੋਈ ਜ਼ਿਕਰ ਆਪਣੀ ਰਿਪੋਰਟਿੰਗ ਵਿਚ ਨਹੀਂ ਕੀਤਾ ਤੇ ਕੇਵਲ ਅਤੇ ਕੇਵਲ 'ਹਿੰਦੂ' ਤੇ 'ਮੁਸਲਿਮ' ਦਰਮਿਆਨ ਵਿੱਥ ਪਾਉਣ ਅਤੇ ਵਿੱਥ ਵਧਾਉਣ ਵਾਲੇ ਭਾਜਪਾ ਅਤੇ ਹੋਰ ਸਿਆਸੀ ਆਗੂਆਂ ਦੇ ਬਿਆਨ ਪ੍ਰਸਾਰਤ ਕੀਤੇ ਸਨ।

* ਗੋਦੀ ਮੀਡੀਆ ਇਹ ਨਹੀਂ ਦੱਸ ਰਿਹਾ ਸੀ ਕਿ ਜੇਕਰ ਪਹਿਲਗਾਮ ਵਿਖੇ ਸੈਂਕੜਿਆਂ ਦੀ ਗਿਣਤੀ ਵਿਚ ਸੈਲਾਨੀ ਮੌਜੂਦ ਸਨ ਤਾਂ ਉਥੇ ਇੱਕ ਵੀ ਸੁਰੱਖਿਆ ਮੁਲਾਜ਼ਮ ਜਾਂ ਨੀਮ ਫ਼ੌਜੀ ਦਸਤਿਆਂ ਦੇ ਮੁਲਾਜ਼ਮ ਹਾਜ਼ਰ ਕਿਉਂ ਨਹੀਂ ਸਨ? ਗੋਦੀ ਮੀਡੀਆ ਦੀ ਸੌੜੀ ਰਿਪੋਰਟਿੰਗ ਅਨੁਸਾਰ ਜੇਕਰ ਅੱਤਵਾਦੀਆਂ ਨੇ ਧਰਮ ਪੁੱਛ ਕੇ ਜਾਂ ਪੈਂਟਾਂ ਉਤਰਵਾ ਕੇ ਜਾਂ ਕਲਮਾ ਪੜ੍ਹਵਾ ਕੇ ਸੈਲਾਨੀਆਂ ਨੂੰ ਗੋਲੀਆਂ ਮਾਰੀਆਂ ਸਨ ਤਾਂ ਫਿਰ ਇਸ ਦਾ ਮਤਲਬ ਸੀ ਕਿ ਉਨ੍ਹਾਂ ਕੋਲ ਖੁੱਲ੍ਹਾ ਵਕਤ ਸੀ ਤੇ ਉਨ੍ਹਾਂ ਨੂੰ ਕਿਸੇ ਵੀ ਸੁਰੱਖਿਆ ਬਲ ਦਾ ਕੋਈ ਵੀ ਖ਼ੌਫ਼ ਨਹੀਂ ਸੀ। ਇਹ ਘਟਨਾ ਸਿੱਧਾ-ਸਿੱਧਾ ਮਾੜੇ ਸੁਰੱਖਿਆ ਪ੍ਰਬੰਧਾਂ ਦਾ ਨਤੀਜਾ ਸੀ, ਪਰ ਇਸ ਪਹਿਲੂ 'ਤੇ ਗੋਦੀ ਮੀਡੀਆ ਨੇ 'ਜ਼ੁਬਾਨ' ਤੱਕ ਵੀ ਨਹੀਂ ਖੋਲ੍ਹੀ ਸੀ।

* ਪੱਛਮੀ ਬੰਗਾਲ ਦੇ ਮੁਰਸ਼ਿਦਾਬਾਦ ਵਿਖੇ ਵਾਪਰੇ ਫ਼ਸਾਦਾਂ ਲਈ ਚੀਕ-ਚੀਕ ਕੇ ਉਥੋਂ ਦੀ ਹਾਕਮ ਮਮਤਾ ਬੈਨਰਜੀ ਨੂੰ ਜ਼ਿੰਮੇਵਾਰ ਠਹਿਰਾਉਣ ਵਾਲਾ ਗੋਦੀ ਮੀਡੀਆ ਪਹਿਲਗਾਮ ਕਾਂਡ ਲਈ ਸਥਾਨਕ ਸਰਕਾਰ ਜਾਂ ਕੇਂਦਰ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਣ ਲਈ ਇੱਕ ਲਫ਼ਜ਼ ਵੀ ਨਹੀਂ ਬੋਲ ਰਿਹਾ ਸੀ।

* ਭਲਾ ਹੋਵੇ ਆਮ ਲੋਕਾਂ ਦਾ ਤੇ ਆਮ ਕਸ਼ਮੀਰੀਆਂ ਦਾ, ਜਿਨ੍ਹਾਂ ਨੇ ਸ੍ਰੀ ਨਗਰ ਵਿਖੇ ਜਾ ਕੇ 'ਮੁਸਲਮਾਨਾਂ' ਹੱਥੋਂ 'ਹਿੰਦੂ-ਹੱਤਿਆ ਕਾਂਡ' ਕੀਤੇ ਜਾਣ ਦੀਆਂ ਗੱਲਾਂ ਵਧਾਅ-ਚੜ੍ਹਾਅ ਕੇ ਕਰਨ ਵਾਲੀ ਗੋਦੀ ਮੀਡੀਆ ਐਂਕਰ ਚਿਤਰਾ ਤ੍ਰਿਪਾਠੀ ਨੂੰ ਖ਼ਰੀਆਂ-ਖਰੀਆਂ ਸੁਣਾਉਂਦਿਆਂ ਹੋਇਆਂ ਤੇ 'ਹਿੰਦੂ-ਮੁਸਲਿਮ' ਨਾ ਕਰਨ ਦੀ ਤਾਕੀਦ ਕਰਦਿਆਂ ਹੋਇਆਂ ਉਥੋਂ ਚਲੇ ਜਾਣ ਲਈ ਮਜਬੂਰ ਕਰ ਦਿੱਤਾ ਸੀ। ਗੋਦੀ ਪੱਤਰਕਾਰਾਂ ਅਤੇ ਐਂਕਰਾਂ ਨੂੰ ਇਸ ਤਰ੍ਹਾਂ ਦਾ ਮਾਕੂਲ ਅਤੇ ਮੂੰਹ-ਤੋੜ ਜਵਾਬ ਹਰੇਕ ਸ਼ਹਿਰ ਤੇ ਹਰੇਕ ਪਿੰਡ ਵਿੱਚ ਮਿਲਣਾ ਹੀ ਚਾਹੀਦਾ ਹੈ।

* ਸੱਤਾ ਭਗਤੀ ਵਿੱਚ ਅੰਨ੍ਹੇ ਹੋਏ ਗੋਦੀ ਮੀਡੀਆ ਨੇ ਇਹ ਸਵਾਲ ਬਿਲਕੁਲ ਨਹੀਂ ਉਠਾਇਆ ਸੀ ਕਿ ਕਸ਼ਮੀਰ ਜਿਹੇ ਸੰਵੇਦਨਸ਼ੀਲ ਰਾਜ ਵਿਚ ਪੁਲਸ ਅਤੇ ਫ਼ੌਜ ਦੀ ਇੰਟੈਲੀਜੈਂਸ ਦੀ ਅਸਫ਼ਲਤਾ ਕਰਕੇ ਵਾਪਰੇ ਇਸ ਭਿਆਨਕ ਦੁਖ਼ਾਂਤ ਲਈ ਕਿੰਨੇ ਅਫ਼ਸਰਾਂ ਖ਼ਿਲਾਫ਼ ਕਾਰਵਾਈ ਕੀਤੀ ਗਈ ਸੀ?

*ਗੋਦੀ ਮੀਡੀਆ ਲੋਕਾਂ ਨੂੰ ਇਹ ਸੱਚ ਕਦੇ ਨਹੀਂ ਦੱਸਦਾ ਕਿ 'ਦੰਗਾਈ' ਜਾਂ 'ਅੱਤਵਾਦੀ' ਕੇਵਲ ਤੇ ਕੇਵਲ ਦੰਗਾਈ ਤੇ ਅੱਤਵਾਦੀ ਹੁੰਦਾ ਹੈ, ਉਸ ਦਾ ਕੋਈ ਧਰਮ ਜਾਂ ਮਜ਼ਹਬ ਨਹੀਂ ਹੁੰਦਾ। ਸੰਨ 1984 ਦੇ ਦਿੱਲੀ ਦੰਗਿਆਂ ਦੌਰਾਨ ਨਿਰਦੋਸ਼ ਸਿੱਖਾਂ ਦੇ ਕਤਲੇਆਮ ਲਈ ਜ਼ਿੰਮੇਵਾਰ ਸਾਰੇ ਆਗੂ ਇਕ ਹੀ ਧਰਮ ਨਾਲ ਸੰਬੰਧਤ ਸਨ ਤਾਂ ਕੀ ਸਿੱਖਾਂ ਨੂੰ ਉਸ ਸੰਬੰਧਤ ਧਰਮ ਦੇ ਸਾਰੇ ਲੋਕਾਂ ਨੂੰ ਮਾਰ ਦੇਣਾ ਚਾਹੀਦਾ ਸੀ ਜਾਂ ਦੇਸ਼ 'ਚੋਂ ਬਾਹਰ ਕੱਢ ਦੇਣਾ ਚਾਹੀਦਾ ਸੀ? ਨਹੀਂ,ਅਜਿਹੀ ਸੋਚ ਠੀਕ ਨਹੀਂ। ਬਿਲਕੀਸ ਬਾਨੋ ਨਾਲ ਜੋ ਵਾਪਰਿਆ ਸੀ, ਉਸ ਦੇ ਲਈ ਜ਼ਿੰਮੇਵਾਰ ਅਪਰਾਧੀ ਕਿਸ ਧਰਮ ਦੇ ਸਨ? ਕੀ ਮੁਸਲਮਾਨਾਂ ਨੂੰ ਉਨ੍ਹਾ ਅਪਰਾਧੀਆਂ ਦੇ ਧਰਮ ਵਾਲੇ ਸਾਰੇ ਲੋਕਾਂ ਨਾਲ ਨਫ਼ਰਤ ਕਰਨੀ ਚਾਹੀਦੀ ਹੈ?

* ਗੋਦੀ ਮੀਡੀਆ ਨੇ ਇਹ ਨਾ ਕਦੇ ਦੱਸਿਆ ਹੈ ਤੇ ਨਾ ਹੀ ਕਦੇ ਭਾਜਪਾ ਦੇ ਵੱਡੇ ਆਗੂਆਂ ਨੂੰ ਪੁੱਛਿਆ ਹੈ ਕਿ ਪੁਲਵਾਮਾ ਕਾਂਡ ਵਿਚ ਵਰਤਿਆ ਗਿਆ ਭਾਰੀ ਮਾਤਰਾ ਵਾਲਾ ਆਰ ਡੀ ਐਕਸ ਆਖ਼ਿਰ ਕਿੱਥੋਂ ਆਇਆ ਸੀ ਤੇ ਉਸ ਹਾਦਸੇ ਦੀ ਜਾਂਚ ਮਗਰੋਂ ਕਿਸ ਨੂੰ ਦੋਸ਼ੀ ਪਾਇਆ ਗਿਆ ਸੀ ਤੇ ਕਿਹੜੀਆਂ ਸਜ਼ਾਵਾਂ ਦਿੱਤੀਆਂ ਗਈਆਂ ਸਨ?

*ਗੋਦੀ ਮੀਡੀਆ ਸੱਤਾਧਾਰੀ ਧਿਰ ਤੋਂ ਇਹ ਸਵਾਲ ਕਦੇ ਨਹੀਂ ਪੁੱਛਦਾ ਕਿ ਪੁਲਵਾਮਾ ਅਤੇ ਪਹਿਲਗਾਮ ਹਮਲੇ ਤੋਂ ਬਾਅਦ 'ਅਟਾਰੀ' ਅਤੇ 'ਵਾਹਗਾ' ਬਾਰਡਰ ਹੀ ਕਿਉਂ ਬੰਦ ਕੀਤੇ ਜਾਂਦੇ ਹਨ, 'ਕਰਾਚੀ-ਗੁਜਰਾਤ' ਲਾਂਘਾ ਅਤੇ ਵਪਾਰ ਬੰਦ ਕਿਉਂ ਨਹੀਂ ਕੀਤਾ ਜਾਂਦਾ?

ਸਮੁੱਚੇ ਮੀਡੀਆ ਜਗਤ ਨੂੰ ਭਾਰਤ ਵਿਚ ਭਾਈਚਾਰਕ ਸਾਂਝ ਅਤੇ ਆਪਸੀ ਪ੍ਰੇਮ ਵਧਾਉਣ ਵਾਲੀਆਂ ਖ਼ਬਰਾਂ ਪ੍ਰਸਾਰਤ ਕਰਨੀਆਂ ਚਾਹੀਦੀਆਂ, ਨਾ ਕਿ ਦਿਲਾਂ ਵਿਚ ਨਫ਼ਰਤ ਭਰੀਆਂ ਵਿੱਥਾਂ ਪਾਉਣ ਦੀਆਂ ਕੋਸ਼ਿਸ਼ਾਂ ਕਰਨੀਆਂ ਚਾਹੀਦੀਆਂ ਹਨ। ਮੀਡੀਆ ਜਗਤ ਨੂੰ ਆਪਣੇ ਗਿਰੇਬਾਨ ਵਿਚ ਝਾਤੀ ਮਾਰ ਕੇ ਅਜਿਹੇ ਪੱਤਰਕਾਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ, ਜੋ ਆਪਣਾ ਪੱਤਰਕਾਰੀ ਦਾ 'ਫ਼ਰਜ਼' ਜਾਂ 'ਧਰਮ' ਨਿਭਾਉਣ ਦੀ ਥਾਂ ਸਰਕਾਰ ਦੀ ਚਾਟੁਕਾਰਿਤਾ ਵੱਲ ਵੱਧ ਧਿਆਨ ਦਿੰਦੇ ਹਨ। ਉਂਜ ਸੋਸ਼ਲ ਮੀਡੀਆ ਪਲੇਟਫ਼ਾਰਮਾਂ 'ਤੇ ਜਿਸ ਗਤੀ ਨਾਲ ਗੋਦੀ ਮੀਡੀਆ ਐਂਕਰਾਂ ਅਤੇ ਪੱਤਰਕਾਰਾਂ ਦੀ ਵੱਖ-ਵੱਖ ਸਿਆਸੀ ਪਾਰਟੀਆਂ ਦੇ ਬੁਲਾਰਿਆਂ ਵੱਲੋਂ ਭਰਵੀਂ ਬੇਇੱਜ਼ਤੀ ਕੀਤੇ ਜਾਣ ਦੇ ਵੀਡੀਓ ਪੋਸਟ ਕੀਤੇ ਜਾ ਰਹੇ ਹਨ, ਉਸ ਤੋਂ ਇਨ੍ਹਾਂ ਅਖੌਤੀ ਪੱਤਰਕਾਰਾਂ ਦੀ 'ਪੀਲੀ ਪੱਤਰਕਾਰੀ' ਦੇ ਭੇਦ ਉਜਾਗਰ ਹੋ ਰਹੇ ਹਨ। ਆਮ ਦਰਸ਼ਕਾਂ ਤੇ ਪਾਠਕਾਂ ਨੂੰ ਵੀ ਅਜਿਹੇ ਗ਼ੈਰ-ਜ਼ਿੰਮੇਵਾਰ ਪੱਤਰਕਾਰਾਂ ਦੀਆਂ ਗੱਲਾਂ ਵਿਚ ਆ ਕੇ ਜਜ਼ਬਾਤੀ ਨਹੀਂ ਹੋਣਾ ਚਾਹੀਦਾ ਤੇ ਦੇਸ਼ ਦੀ ਅਖੰਡਤਾ ਅਤੇ ਕੌਮੀ ਏਕਤਾ ਨੂੰ ਹਰ ਹਾਲ ਵਿੱਚ ਕਾਇਮ ਰੱਖਣਾ ਚਾਹੀਦਾ ਹੈ।

**# ਸੰਪਰਕ : 97816-46008**

# ਅਮਨ ਅਰੋੜਾ ਵੱਲੋਂ ਲੌਂਗੋਵਾਲ ਨੂੰ 12.09 ਕਰੋੜ ਰੁਪਏ ਦਾ ਤੋਹਫ਼ਾ

## 30 ਬਿਸਤਰਿਆਂ ਵਾਲੇ ਕਮਿਊਨਿਟੀ ਹੈੱਲਥ ਸੈਂਟਰ ਦੀ ਰੱਖੀ ਨੀਂਹ



**ਲੌਂਗੋਵਾਲ/ਸੁਨਾਮ (ਪ੍ਰਦੀਪ ਸਿੰਘ ਸੱਪਲ/ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਸਰਕਾਰ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ, ਛਪਾਈ ਤੇ ਲਿਖਣ ਸਮੱਗਰੀ, ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਅਤੇ ਰੋਜ਼ਗਾਰ ਉਤਪਤੀ ਤੇ ਸਿਖਲਾਈ ਮੰਤਰੀ ਅਮਨ ਅਰੋੜਾ ਵੱਲੋਂ ਲੌਂਗੋਵਾਲ 'ਚ ਲਗਭਗ 11 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ 30 ਬਿਸਤਰਿਆਂ ਵਾਲੇ ਕਮਿਊਨਿਟੀ ਹੈਲਥ ਸੈਂਟਰ ਦੀ ਨਵੀਂ ਇਮਾਰਤ ਦੀ ਨੀਂਹ ਰੱਖੀ। ਇਸ ਤੋਂ ਬਾਅਦ ਕੈਬਨਿਟ ਮੰਤਰੀ ਅਰੋੜਾ ਵੱਲੋਂ 38.23 ਲੱਖ ਰੁਪਏ ਦੀ ਲਾਗਤ ਨਾਲ ਲੌਂਗੋਵਾਲ ਸ਼ਹਿਰ ਵਿੱਚ ਪਾਰਕ ਤੇ 79.86 ਲੱਖ ਰੁਪਏ ਦੀ ਲਾਗਤ ਨਾਲ ਲੌਂਗੋਵਾਲ ਸ਼ਹਿਰ ਵਿੱਚ ਸੜਕਾਂ ਦੇ ਨਿਰਮਾਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ।ਇਸ ਤਰ੍ਹਾਂ ਅਮਨ ਅਰੋੜਾ ਨੇ ਪੰਜਾਬ ਸਰਕਾਰ ਵੱਲੋਂ ਕਸਬਾ ਲੌਂਗੋਵਾਲ ਨੂੰ 12.09 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੀ ਸੌਗਾਤ ਦਿੱਤੀ ਗਈ ਹੈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਜਿੱਥੇ ਪੂਰੇ ਪੰਜਾਬ ਵਿੱਚ ਵਿਕਾਸ ਦੀ ਹਨੇਰੀ ਚੱਲ ਰਹੀ ਹੈ, ਉੱਥੇ ਹਲਕਾ ਸੁਨਾਮ ਵੀ ਪਿੱਛੇ ਨਹੀਂ ਰਹੇਗਾ।ਉਨ੍ਹਾਂ ਕਿਹਾ ਕਿ ਹਸਪਤਾਲ ਦੀ ਨਵੀਂ ਇਮਾਰਤ ਦਾ ਕੰਮ ਸ਼ੁਰੂ ਹੋਣ ਨਾਲ ਅੱਜ ਇਲਾਕਾ ਲੌਂਗੋਵਾਲ ਦੇ ਲੋਕਾਂ ਦੀ ਬਹੁਤ ਵੱਡੀ ਮੰਗ ਪੂਰੀ ਹੋਣ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਹਸਪਤਾਲ ਤੇ ਹੋਰ ਵਿਕਾਸ ਕਾਰਜ ਅਗਲੇ ਡੇਢ ਸਾਲ ਵਿੱਚ ਮੁਕੰਮਲ ਹੋ ਜਾਣਗੇ, ਜਿਸ ਦਾ ਇਲਾਕੇ ਦੇ ਲੋਕਾਂ ਨੂੰ ਬਹੁਤ ਲਾਭ ਹੋਵੇਗਾ।ਇਸ ਹਸਪਤਾਲ ਵਿੱਚ ਇੱਕ ਮੁਕੰਮਲ ਹਸਪਤਾਲ ਵਾਲੀਆਂ ਸਾਰੀਆਂ ਸਹੂਲਤਾਂ ਹੋਣਗੀਆਂ।ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਤੇ ਸਟਾਫ਼ ਦੀ ਕਮੀ ਬਾਰੇ ਪੁੱਛੇ ਜਾਣ ਉੱਤੇ ਉਨ੍ਹਾਂ ਕਿਹਾ ਕਿ ਪੰਜਾਬ ਦੀ ਤ੍ਰਾਸਦੀ ਇਹ ਰਹੀ ਹੈ ਕਿ ਅੱਜ ਤੱਕ ਪਿਛਲੀਆਂ ਸਰਕਾਰਾਂ ਨੇ ਹਸਪਤਾਲਾਂ ਤੇ ਸਕੂਲਾਂ ਵਾਲੇ ਪਾਸੇ ਕਦੇ ਧਿਆਨ ਹੀ ਨਹੀਂ ਦਿੱਤਾ।

ਪਿਛਲੇ ਲੰਮੇ ਸਮੇਂ ਤੋਂ ਭਰਤੀਆਂ ਨਹੀਂ ਕੀਤੀਆਂ ਗਈਆਂ, ਪਰ ਹੁਣ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਿੱਥੇ ਨਵੇਂ ਹਸਪਤਾਲ ਖੋਲ੍ਹੇ ਜਾ ਰਹੇ ਹਨ, ਉਥੇ ਹੀ ਡਾਕਟਰਾਂ ਤੇ ਪੈਰਾ-ਮੈਡੀਕਲ ਸਟਾਫ ਦੀ ਭਰਤੀ ਵੀ ਵੱਡੇ ਪੱਧਰ ਉੱਤੇ ਕੀਤੀ ਜਾ ਰਹੀ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਜਦੋਂ ਇਹ ਹਸਪਤਾਲ ਸ਼ੁਰੂ ਹੋਵੇਗਾ ਤਾਂ ਇੱਥੇ ਪੂਰਾ ਸਟਾਫ਼ ਤੇ ਹਰ ਸਹੂਲਤ ਵੀ ਉਪਲਬਧ ਹੋਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਤਿੰਨ ਸਾਲਾਂ ਦੌਰਾਨ 56 ਹਜ਼ਾਰ ਤੋਂ ਵਧੇਰੇ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ।

ਪਾਣੀਆਂ ਦੇ ਮੁੱਦੇ ਬਾਰੇ ਪੁੱਛੇ ਜਾਣ 'ਤੇ ਅਮਨ ਅਰੋੜਾ ਨੇ ਸਪੱਸ਼ਟ ਕੀਤਾ ਕਿ ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਇਕ ਵੀ ਬੂੰਦ ਵਾਧੂ ਨਹੀਂ ਹੈ।ਭਾਖੜਾ ਡੈਮ (ਬੀ ਬੀ ਐਮ ਬੀ) ਉੱਤੇ ਪੁਲਸ ਤਾਇਨਾਤ ਕਰਨ ਬਾਰੇ ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਉਦੋਂ ਤੱਕ ਨਹੀਂ ਹਟਾਈ ਜਾਵੇਗੀ, ਜਦੋਂ ਤੱਕ ਪਾਣੀਆਂ ਉੱਤੇ ਪੰਜਾਬ ਦੇ ਹੱਕ ਸੁਰੱਖਿਅਤ ਨਹੀਂ ਹੁੰਦੇ।ਉਨ੍ਹਾਂ ਕਿਹਾ ਕਿ ਅੱਜ ਤਾਂ ਪੰਜਾਬ ਪੁਲਸ ਲਗਾਈ ਗਈ ਹੈ, ਜੇਕਰ ਲੋੜ ਪਈ ਤਾਂ ਉਹ ਖੁਦ ਉਥੇ ਬੈਠਣ ਤੋਂ ਸੰਕੋਚ ਨਹੀਂ ਕਰਨਗੇ।ਉਨ੍ਹਾਂ ਭਾਜਪਾ ਆਗੂ ਸੁਨੀਲ ਜਾਖੜ ਨੂੰ ਵੀ ਕਿਹਾ ਕਿ ਉਹ ਪੰਜਾਬ ਵਾਸੀ ਹੋਣ ਦਾ ਮੁੱਲ ਮੋੜਦੇ ਹੋਏ ਕੇਂਦਰ ਸਰਕਾਰ ਕੋਲ ਪੰਜਾਬ ਦਾ ਪੱਖ ਮਜ਼ਬੂਤੀ ਨਾਲ ਰੱਖਣ।

ਇਸ ਮੌਕੇ ਸਮਾਗਮ ਦੌਰਾਨ ਗੀਤੀ ਮਾਨ ਚੇਅਰਮੈਨ ਮਾਰਕਿਟ ਕਮੇਟੀ ਚੀਮਾ, ਮੁਕੇਸ਼ ਜੁਨੇਜਾ ਚੇਅਰਮੈਨ ਮਾਰਕੀਟ ਕਮੇਟੀ ਸੁਨਾਮ, ਪਰਮਿੰਦਰ ਕੌਰ ਬਰਾੜ ਪ੍ਰਧਾਨ ਨਗਰ ਕੌਂਸਲ, ਐੱਸ ਡੀ ਐੱਮ ਪ੍ਰਮੋਦ ਸਿੰਗਲਾ, ਸਿਵਲ ਸਰਜਨ ਡਾ. ਸੰਜੇ ਕਾਮਰਾ, ਮੇਲਾ ਸਿੰਘ, ਗੁਰਮੀਤ ਫੌਜੀ, ਵਿੱਕੀ, ਵੀਨਾ ਰਾਣੀ, ਗੀਨਾ ਰਾਣੀ, ਬਲਵਿੰਦਰ ਸਿੰਘ (ਸਾਰੇ ਐੱਮ ਸੀ) ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਪੰਚ, ਸਰਪੰਚ ਤੇ ਹੋਰ ਲੋਕ ਹਾਜ਼ਰ ਸਨ।

# ਕਿਸਾਨ ਆਗੂਆਂ 'ਤੇ ਤਸ਼ੱਦਦ ਕਰਕੇ ਗ੍ਰਿਫ਼ਤਾਰ ਕਰਨ ਦੀ ਸਖ਼ਤ ਨਿੰਦਾ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਦੇਸ਼ ਭਗਤ ਯਾਦਗਾਰ ਕਮੇਟੀ, ਤਰਕਸ਼ੀਲ ਸੁਸਾਇਟੀ ਪੰਜਾਬ ਤੇ ਇਲਾਕੇ ਦੀਆਂ ਜਨਤਕ ਜਥੇਬੰਦੀਆਂ ਵੱਲੋਂ ਲੌਂਗੋਵਾਲ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਆਗੂਆਂ ਤੇ ਕਾਰਕੁੰਨਾਂ ਨੂੰ ਸਿਰਫ ਇਸ ਗੱਲ 'ਤੇ ਧੱਕਾ ਮੁੱਕੀ ਕਰਕੇ, ਗ੍ਰਿਫਤਾਰ ਕਰਕੇ ਉਹ ਆਪਣੇ ਸ਼ੰਭੂ ਬਾਰਡਰ, ਖਨੌਰੀ ਸੰਘਰਸ਼ ਬਾਬਤ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਸ਼ਾਂਤਮਈ ਤਰੀਕੇ ਨਾਲ ਕੁਝ ਸਵਾਲ ਕਰਨਾ ਚਾਹੁੰਦੇ ਸਨ, ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਉਹ ਕਿਹੜੇ ਵਾਅਦੇ ਕਰਕੇ ਸੱਤਾ ਵਿੱਚ ਆਏ ਸਨ, ਸ਼ਾਇਦ ਸਰਕਾਰ ਭੁੱਲ ਚੁੱਕੀ ਹੈ ਕਿ ਐਮ ਐਸ ਪੀ ਦੋ ਵਿੱਚ ਮਿੰਟ ਦੇਣ, ਔਰਤਾਂ ਨੂੰ 1000 ਰੁਪਏ, ਪਿੰਡਾਂ ਵਿੱਚੋਂ ਸਰਕਾਰ ਚਲਾਉਣ, ਸਵਾਲ ਪੁੱਛਣ ਦੀ ਆਜ਼ਾਦੀ, ਬੇਰੁਜ਼ਗਾਰੀ ਨੂੰ ਜੜ੍ਹ ਤੋਂ ਖਤਮ ਕਰਨ, ਹਰ ਮੁਹੱਲੇ ਵਿੱਚ ਕਲੀਨਿਕ ਖੋਲ੍ਹਣਾ ਆਦਿ ਸ਼ਾਮਲ ਹਨ, ਜਿਨ੍ਹਾਂ ਦੀ ਹੁਣ ਹਾਕਮ ਗੱਲ ਸੁਣਨ ਲਈ ਵੀ ਤਿਆਰ ਨਹੀਂ।ਪਿਛਲੀਆਂ ਸਰਕਾਰਾਂ ਦੇ ਨਕਸ਼ੇ ਕਦਮ 'ਤੇ ਚਲਦਿਆਂ ਲੋਕਾਂ 'ਤੇ ਤਸ਼ੱਦਦ ਕਰਨ ਦੀਆਂ ਸਭ ਹੱਦਾਂ ਪਾਰ ਕਰਕੇ ਲੋਕਤੰਤਰ ਦੀਆਂ ਧੱਜੀਆਂ ਉਡਾਉਣ ਵਿੱਚ ਮੋਹਰੀ ਰਹੀ, ਆਪ ਸਰਕਾਰ ਤਸ਼ੱਦਦ ਦੀ ਪ੍ਰਤੀਕ ਬਣ ਚੁੱਕੀ ਹੈ।ਇਸ ਮੌਕੇ ਦੇਸ਼ ਭਗਤ ਯਾਦਗਾਰ ਦੇ ਪ੍ਰਧਾਨ ਬਲਬੀਰ ਲੌਂਗੋਵਾਲ, ਅਨਿਲ ਕੁਮਾਰ, ਤਰਕਸ਼ੀਲ ਸੁਸਾਇਟੀ ਦੇ ਸੂਬਾ ਆਗੂ ਜੁਝਾਰ ਲੌਂਗੋਵਾਲ, ਇਕਾਈ ਮੁਖੀ ਬੀਰਬਲ ਸਿੰਘ, ਕਮਲਜੀਤ ਵਿੱਕੀ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਲਖਵੀਰ ਲੌਂਗੋਵਾਲ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਲੈਕ. ਦਾਤਾ ਸਿੰਘ ਨਮੋਲ, ਮਾਸਟਰ ਚੰਦਰ ਸ਼ੇਖਰ, ਬੱਗਾ ਸਿੰਘ ਨਮੋਲ, ਗੁਰਮੇਲ ਸਿੰਘ, ਭਗਤ ਸਿੰਘ, ਮੋਟਰ ਸਾਈਕਲ ਰੇਹੜੀ ਯੂਨੀਅਨ ਦੇ ਆਗੂ ਚਰਨਾ ਸਿੰਘ, ਨਛੱਤਰ ਸਿੰਘ, ਕੇਵਲ ਸਿੰਘ ਆਦਿ ਹਾਜ਼ਰ ਸਨ।

# ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਵਸ ਉਤਸ਼ਾਹ ਨਾਲ ਮਨਾਇਆ

## ਨੌਜਵਾਨ ਪੀੜ੍ਹੀ ਨੂੰ ਪੁਰਾਤਨ ਵਿਰਸੇ ਨਾਲ ਜੋੜਨ ਦੀ ਲੋੜ : ਡਾ. ਹਰਜੋਤ ਕਮਲ, ਰਜਿੰਦਰ ਡੱਲਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਵਿਖੇ ਰਾਮਗੜ੍ਹੀਆ ਸੰਗਠਨ ਮੋਗਾ ਤੇ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਮੋਗਾ ਵਲੋਂ 18ਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ 302ਵਾਂ ਜਨਮ ਦਿਵਸ ਮਨਾਉਂਦਿਆਂ ਗੁਰਦੁਆਰਾ ਵਿਸ਼ਵਕਰਮਾ ਭਵਨ ਹੈੱਡ ਗ੍ਰੰਥੀ ਚਮਕੌਰ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਇਕ ਵਿਸ਼ਾਲ ਮਾਰਚ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਚੌਕ ਤੱਕ ਕੀਤਾ ਗਿਆ। ਇਸ ਮਾਰਚ ਵਿੱਚ ਸਾਬਕਾ ਫੌਜੀ ਬੈਂਡ, ਵੱਖ ਵੱਖ ਸਕੂਲੀ ਵਿਦਿਆਰਥੀਆਂ ਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਪੂਰੇ ਜਾਹੋਜਲਾਲ ਨਾਲ ਕੀਤਾ ਗਿਆ।

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਸਾਬਕਾ ਫੌਜੀਆਂ ਵੱਲੋਂ 'ਦੇਹ ਸਿਵਾ ਬਰੁ ਮੋਹਿ ਇਹੈ ਸੁਭ ਕਰਮਨ ਤੇ ਕਬਹੂੰ ਨ ਟਰੋਂ' ਸ਼ਬਦ ਤੋਂ ਬਾਅਦ ਸਲਾਮੀ ਦਿੱਤੀ ਗਈ। ਇਸ ਸਮਾਗਮ ਦੌਰਾਨ ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਡਾ. ਹਰਜੋਤ ਕਮਲ, ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ, ਵਿਜੇ ਗਿੱਲ, ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ, ਅਕਾਲੀ ਦਲ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ, ਹਰਮੇਲ ਸਿੰਘ ਡਰੋਲੀ ਭਾਈ ਪ੍ਰਧਾਨ ਰਾਮਗੜ੍ਹੀਆ ਸੰਗਠਨ, ਗੁਰਪ੍ਰੀਤ ਸਿੰਘ ਚੀਮਾ, ਚਰਨਜੀਤ ਸਿੰਘ ਝੰਡੇਆਣਾ, ਕੁਲਵੰਤ ਸਿੰਘ ਰਾਮਗੜ੍ਹੀਆ, ਸੁਖਵਿੰਦਰ ਸਿੰਘ ਆਜ਼ਾਦ, ਸਮਾਜ ਸੇਵਾ ਸੁਸਾਇਟੀ ਦੇ ਪ੍ਰਧਾਨ ਗੁਰਸੇਵਕ ਸਿੰਘ ਸੰਨਿਆਸੀ, ਡਾਕਟਰ ਹਰਨੇਕ ਸਿੰਘ ਰੋਡੇ, ਕੈਪਟਨ ਕਮਲਜੀਤ ਸਿੰਘ, ਚਮਕੌਰ ਸਿੰਘ ਝੰਡਿਆਣਾ, ਰਾਜਾ ਸਿੰਘ ਭਾਰਤ ਵਾਲੇ, ਸੋਹਣ ਸਿੰਘ ਸੱਗੂ, ਕੌਂਸਲਰ ਜਗਦੀਸ਼ ਛਾਬੜਾ, ਕੌਂਸਲਰ ਮਨਜੀਤ ਸਿੰਘ ਧੰਮੂ, ਕੌਂਸਲ ਅਮਰਜੀਤ ਸਿੰਘ ਗਿੱਲ ਲੰਢੇਕੇ, ਕੌਂਸਲਰ ਵਿਕਰਮਜੀਤ ਸਿੰਘ ਘਾਤੀ, ਕੌਂਸਲਰ ਕੁਲਵਿੰਦਰ ਸਿੰਘ ਚੱਕੀਆ, ਦਰਸ਼ਨ ਸਿੰਘ ਬਾਸੀ ਮੋਹਰ, ਹਰਦੀਪ ਸਿੰਘ ਸੱਗੂ, ਸੁਰਿੰਦਰ ਸਿੰਘ ਭੁੱਲਰ, ਗਿਆਨ ਸਿੰਘ ਸਾਬਕਾ ਡੀ.ਪੀ.ਆਰ.ਓ., ਗੁਰਜੰਟ ਸਿੰਘ, ਮਹਿੰਦਰ ਸਿੰਘ ਕਲਸੀ, ਪ੍ਰਿੰਸੀਪਲ ਕੁਲਵੰਤ ਸਿੰਘ ਕਲਸੀ, ਪਰਮਜੀਤ ਸਿੰਘ ਖਾਲਸਾ ਪ੍ਰਧਾਨ ਖਾਲਸਾ ਸੇਵਾ ਸੁਸਾਇਟੀ, ਨਰਿੰਦਰ ਸਿੰਘ ਖਾਲਸਾ ਦਲ ਜਥੇਦਾਰ ਕਮਲਜੀਤ ਸਿੰਘ ਮਾਲਵਾ ਜ਼ੋਨ, ਉਸਤਾਦ ਸਤਪਾਲ ਸਿੰਘ ਗਤਕਾ ਅਖਾੜਾ ਤੋਂ ਇਲਾਵਾ ਮੋਗਾ ਗੁਰੂ ਨਾਨਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੁਸਾਂਝ ਰਲਵੰਡੀ, ਭੁਪਿੰਦਰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਮੋਗਾ, ਨੈਸ਼ਨਲ ਕਾਨਵੈਂਟ ਸਕੂਲ ਮੋਗਾ, ਸਵਰਨਕਾਰ ਰਾਜਪੂਤ ਸਭਾ, ਬਲੱਡ ਸੇਵਾ ਸੋਸਾਇਟੀ, ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ, ਭਾਈ ਲਾਲੋ ਜੀ ਗੁਰਦੁਆਰਾ ਕਮੇਟੀ ਮੋਗਾ, ਹਰਮੀਤ ਸਿੰਘ ਮੀਤੀ ਵੀਰ ਗਤਕਾ ਅਖਾੜਾ ਮੋਗਾ, ਸ੍ਰੀ ਨਾਮਦੇਵ ਭਵਨ ਕਮੇਟੀ, ਵਿਸ਼ਵਕਰਮਾ ਆਟੋ ਯੂਨੀਅਨ, ਸ਼ਹੀਦ ਭਗਤ ਸਿੰਘ ਬਲੱਡ ਸੋਸਾਇਟੀ, ਬਾਬਾ ਦੀਪ ਸਿੰਘ ਸੇਵਾ ਸੋਸਾਇਟੀ, ਲੋਕਲ ਗੁਰਪੂਰਬ ਕਮੇਟੀ, ਸਵਰਨਕਾਰ ਰਾਜਪੂਤ ਸਭਾ, ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ, ਭਾਈ ਲਾਲੋ ਜੀ ਗੁਰਦੁਆਰਾ ਕਮੇਟੀ ਮੋਗਾ ਆਦਿ ਸੰਸਥਾਵਾਂ ਦੇ ਮੁਖੀ ਮੌਜੂਦ ਸਨ।

## ਕਾਤਰਾਂ

### ਰੇਤਾ ਨਾਲ ਭਰੀ ਟਰੈਕਟਰ ਟਰਾਲੀ ਸਮੇਤ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮੱਲਾਂਵਾਲਾ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ ਰੇਤਾ ਦੀ ਭਰੀ ਟਰੈਕਟਰ ਟਰਾਲੀ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ 303 (2) ਬੀਐੱਨਐੱਸ 2 (3) ਮਾਈਨਿੰਗ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਕਰਦੇ ਹੋਏ ਜੀਟੀ ਰੋਡ ਮਖੂ ਪੁਆਇੰਟ 'ਤੇ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਰੇਸ਼ਮ ਸਿੰਘ ਪੁੱਤਰ ਸੋਹਨ ਸਿੰਘ ਵਾਸੀ ਮੱਘਰ ਸਿੰਘ ਵਾਲੀ ਹਾਮਦ ਵਾਲਾ ਜੋ ਕਿ ਨਾਜਾਇਜ਼ ਰੇਤਾ ਵੇਚਣ ਦਾ ਆਦੀ ਹੈ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਰੇਤਾ ਬਰਾਮਦ ਹੋ ਸਕਦੀ ਹੈ। ਜਾਂਚਕਰਤਾ ਨੇ ਦੱਸਿਆ ਕਿ ਪੁਲਿਸ ਨੇ ਉਕਤ ਵਿਅਕਤੀ ਨੂੰ ਰੇਤਾ ਦੀ ਭਰੀ ਨਾਜਾਇਜ਼ ਟਰੈਕਟਰ ਟਰਾਲੀ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਸੰਵਿਧਾਨ ਬਚਾਓ ਰੈਲੀ ਸੰਬੰਧੀ ਮੀਟਿੰਗ

**ਦੋਰਾਹਾ (ਹਰਮਿੰਦਰ ਸੇਠ)**-ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਲਖਬੀਰ ਸਿੰਘ ਲੱਖਾ ਪਾਇਲ ਵੱਲੋਂ ਪੰਜਾਬ ਪੱਧਰ ਤੇ ਸੰਗਰੂਰ ਵਿਖੇ ਹੋ ਰਹੀ ਸੰਵਿਧਾਨ ਬਚਾਓ ਰੈਲੀ ਹਲਕਾ ਵਾਈਜ਼ ਹੋ ਰਹੀ ਹੈ ਰੈਲੀ ਵਿੱਚ ਜ਼ਿਲ੍ਹਾ ਹੈੱਡ ਕੁਆਰਟਰ 'ਤੇ ਹੋ ਰਹੀਆਂ ਰੈਲੀਆਂ ਸੰਬੰਧੀ ਇੱਕ ਮੀਟਿੰਗ ਪਾਇਲ ਦਫਤਰ ਵਿੱਚ ਕੀਤੀ ਗਈ, ਜਿਸ ਵਿੱਚ ਮੰਡਲ ਪ੍ਰਧਾਨ ਤੇ ਬਲਾਕ ਪ੍ਰਧਾਨ ਗੁਰਵਿੰਦਰ ਸਿੰਘ ਗਿੱਲ ਦੋਰਾਹਾ, ਗੁਰਮੇਲ ਸਿੰਘ, ਬੰਤ ਸਿੰਘ ਦਬੋਜੀ, ਯਾਦਵਿੰਦਰ ਸਿੰਘ ਜੰਡਾਲੀ, ਮਲਕੀਤ ਸਿੰਘ ਪ੍ਰਧਾਨ ਨਗਰ ਕੌਂਸਲ ਪਾਇਲ ਕਮਲਜੀਤ ਸਿੰਘ, ਕੁਲਵੀਰ ਸਿੰਘ ਸੋਹੀਆਂ, ਸੁਖਦੇਵ ਸਿੰਘ ਬਵਾਨੀ, ਮੁਖਤਿਆਰ ਸਿੰਘ, ਗਗਨਦੀਪ ਸਿੰਘ ਲੰਡਾ, ਵਨੀਤ ਆਸ਼ਟ, ਮਨਦੀਪ ਸਿੰਘ ਮਾਂਗਟ, ਅਵਿੰਦਰਦੀਪ ਸਿੰਘ ਜੱਸਾ ਰੋਣੀਆਂ, ਕਰਮ ਸਿੰਘ ਪੱਲਾ, ਰਣਜੀਤ ਸਿੰਘ ਆਦਿ ਹਾਜ਼ਰ ਸਨ।

### ਸਰਚ ਦੌਰਾਨ ਪਿਸਟਲ ਤੇ ਮੈਗਜ਼ੀਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਰਹੱਦੀ ਪਿੰਡ ਲੱਖਾ ਸਿੰਘ ਵਾਲਾ ਵਿਖੇ ਬੀਐੱਸਐੱਫ ਤੇ ਪੰਜਾਬ ਪੁਲਸ ਨੇ ਸਰਚ ਕਰਨ 'ਤੇ ਇੱਕ ਪਿਸਟਲ (ਅਧੂਰਾ), 2 ਮੈਗਜ਼ੀਨ ਖਾਲੀ, 2 ਛੋਟੇ ਖਿਡੌਣੇ (ਮੋਟਰਸਾਈਕਲ) ਬਰਾਮਦ ਕਰਕੇ ਅਣਪਛਾਤੇ ਵਿਅਕਤੀਆਂ ਖਿਲਾਫ ਥਾਣਾ ਮਮਦੋਟ ਵਿਖੇ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗਹਿਰਾ ਰਾਮ ਨੇ ਦੱਸਿਆ ਕਿ ਬੀਓਪੀ ਲੱਖਾ ਸਿੰਘ ਵਾਲਾ ਤੋਂ ਹਾਜ਼ਰ ਥਾਣਾ ਆਇਆ ਹਾਂ, ਜਿਸ ਨੇ ਇੰਸਪੈਕਟਰ/ਐੱਸਐੱਚਓ ਸਮੇਤ ਸਾਥੀ ਕਰਮਚਾਰੀਆਂ ਗਸ਼ਤ ਵਾ ਚੈਕਿੰਗ ਸਬੰਧੀ ਪਿੰਡ ਲੱਖਾ ਸਿੰਘ ਵਾਲਾ ਹਿਠਾੜ ਪਾਸ ਮੌਜੂਦ ਸੀ ਤਾਂ ਬੀਐੱਸਐੱਫ ਬੀਪੀਓ ਲੱਖਾ ਸਿੰਘ ਵਾਲਾ ਤੋਂ ਇਕ ਫੋਨ ਕਾਲ ਮੌਸੂਲ ਹੋਈ, ਜਿਸ ਨੇ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਬੀਐੱਸਐੱਫ ਬੀਪੀਓ ਲੱਖਾ ਸਿੰਘ ਵਾਲਾ ਜਿੱਥੇ ਮੌਕੇ 'ਤੇ ਇੰਸਪੈਕਟਰ ਯਸ਼ਵੀਰ ਸਿੰਘ ਸਮੇਤ ਬੀਐੱਸਐੱਫ ਕਰਮਚਾਰੀਆਂ ਦੇ ਸਰਚ ਕਰਨ 'ਤੇ ਇਕ ਪਿਸਟਲ (ਅਧੂਰਾ), 2 ਮੈਗਜ਼ੀਨ ਖਾਲੀ, 2 ਛੋਟੇ ਖਿਡੌਣੇ (ਮੋਟਰਸਾਈਕਲ) ਬਰਾਮਦ ਹੋਏ। ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਸੜਕ ਹਾਦਸੇ 'ਚ ਨੌਜਵਾਨ ਦੀ ਮੌਤ



**ਦੋਦਾ (ਵਕੀਲ ਬਰਾੜ)**-ਬੀਤੀ ਦੇਰ ਸ਼ਾਮ ਇਥੋਂ ਨਾਲ ਦੇ ਪਿੰਡ ਕੌਣੀ ਦਾ ਸ਼ਿਵਰਾਜ ਸਿੰਘ (28 ਸਾਲ) ਪੁੱਤਰ ਜਰਨੈਲ ਸਿੰਘ, ਜੋ ਆਪਣੇ ਮੋਟਰਸਾਈਕਲ ਉਤੇ ਧੂਲਕੋਟ ਵਾਲੇ ਪਾਸੇ ਤੋਂ ਪਿੰਡ ਆ ਰਿਹਾ ਸੀ ਤਾਂ ਰਸਤੇ ਵਿੱਚ ਸੜਕ 'ਤੇ ਖੜੀ ਬਲੈਰੋ ਕੈਂਪਰ ਐੱਚ ਆਰ 63 ਸੀ 5340, ਜੋ ਆਲੂਆਂ ਦੀ ਭਰੀ ਸੀ, ਵਿੱਚ ਟਕਰਾਅ ਗਿਆ। ਇਹ ਜਾਣਕਾਰੀ ਦਿੰਦਿਆਂ ਡੀ ਐੱਸ ਪੀ ਅਵਤਾਰ ਸਿੰਘ ਗਿੱਦੜਬਾਹਾ ਤੇ ਜਸਵੀਰ ਸਿੰਘ ਥਾਣਾ ਮੁਖੀ ਕੋਟਭਾਈ ਨੇ ਦੱਸਿਆ ਕਿ ਉਕਤ ਬਲੈਰੋ ਦਾ ਟਾਇਰ ਪੈਂਚਰ ਹੋਣ ਕਰਕੇ ਉਸ ਦੇ ਚਾਲਕ ਨੇ ਸਾਧਨ ਸੜਕ 'ਤੇ ਖੜਾ ਕਰ ਦਿੱਤਾ ਤੇ ਟਾਇਰ ਬਦਲਿਆ, ਪਰ ਉਸ ਸਮੇਂ ਹੀ ਹਨੇਰਾ ਹੋਣ ਕਰਕੇ ਮੋਟਰਸਾਈਕਲ ਸਵਾਰ ਖੜੀ ਗੱਡੀ ਵਿੱਚ ਪਿਛਲੇ ਪਾਸੇ ਵੱਜਿਆ ਤੇ ਗੰਭੀਰ ਜ਼ਖਮੀ ਹੋ ਗਿਆ। ਜ਼ਖਮੀ ਹਾਲਤ ਵਿੱਚ ਉਕਤ ਵਿਅਕਤੀ ਨੂੰ ਚਾਲਕ ਵੱਲੋਂ ਆਪਣੀ ਹੀ ਗੱਡੀ ਵਿੱਚ ਪਾ ਕੇ ਹਸਪਤਾਲ ਲਿਜਾਂਦੇ ਸਮੇਂ ਜ਼ਖਮੀ ਵਿਅਕਤੀ ਰਸਤੇ ਵਿੱਚ ਹੀ ਦਮ ਤੋੜ ਗਿਆ ਤਾਂ ਚਾਲਕ ਨੇ ਮੁਕਤਸਰ-ਬਠਿੰਡਾ ਹਾਈਵੇ ਉਤੇ ਚੰਦਭਾਨ ਸੇਮ ਨਾਲੇ ਨਜ਼ਦੀਕ ਸੜਕ ਕਿਨਾਰੇ ਉਸ ਦੀ ਲਾਸ਼ ਰੱਖ ਉਸ ਉੱਪਰ ਪਰਾਲੀ ਪਾ ਦਿੱਤੀ। ਮ੍ਰਿਤਕ ਦੇ ਪਰਿਵਾਰ ਵਾਲੇ ਸਾਰੀ ਰਾਤ ਉਸ ਦੀ ਭਾਲ ਕਰਦੇ ਰਹੇ। ਸਵੇਰੇ ਪਤਾ ਲੱਗਾ ਕਿ ਸ਼ਿਵਰਾਜ ਸਿੰਘ ਦੀ ਲਾਸ਼ ਸੜਕ ਕਿਨਾਰੇ ਤੋਂ ਮਿਲੀ, ਜਿਸ ਦੀ ਸੂਚਨਾ ਮਿਲਦਿਆਂ ਹੀ ਉਕਤ ਪੁਲਸ ਅਧਿਕਾਰੀ ਮੌਕੇ 'ਤੇ ਪੁੱਜੇ ਤੇ ਲਾਸ਼ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਮੁਕਤਸਰ ਭੇਜ ਕੇ ਚਾਲਕ ਖਿਲਾਫ ਮਾਮਲਾ ਦਰਜ ਕਰ ਲੋੜੀਂਦੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ।

## ਮੰਡੀ 'ਚ ਵਿਕਣ ਆਈ ਕਣਕ ਗਾਇਬ ਹੋਣ ਦਾ ਮਾਮਲਾ ਗਰਮਾਇਆ

# ਬੀ ਕੇ ਯੂ ਉਗਰਾਹਾਂ ਵੱਲੋਂ ਇਨਸਾਫ ਲਈ ਧਰਨੇ ਦੀ ਚਿਤਾਵਨੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਗੁਰਦੁਆਰਾ ਗੁਰੂ ਤੇਗ ਬਹਾਦਰ ਪਾਤੜਾਂ ਵਿਖੇ ਮੀਟਿੰਗ ਕਰਕੇ ਪਿੰਡ ਅਤਾਲਾਂ ਦੇ ਕਿਸਾਨ ਦੀ ਇਕ ਆੜ੍ਹਤੀਏ ਵੱਲੋਂ ਮੰਡੀ ਵਿੱਚ ਵੇਚਣ ਲਈ ਉਤਾਰੀ ਗਈ ਕਣਕ ਦੀ ਟਰਾਲੀ ਗ਼ਾਇਬ ਕਰ ਦਿੱਤੇ ਜਾਣ ਦੇ ਮਾਮਲੇ ਵਿੱਚ ਜਥੇਬੰਦੀ ਦੇ ਆਗੂਆਂ ਵੱਲੋਂ ਸਬੰਧਤ ਆੜ੍ਹਤੀਏ ਨੂੰ ਚਾਰ ਦਿਨਾਂ ਵਿੱਚ ਕਿਸਾਨ ਨੂੰ ਇਨਸਾਫ ਨਾ ਦੇਣ ਦੀ ਸੂਰਤ ਵਿੱਚ ਮਜਬੂਰੀ ਵੱਸ ਦੁਕਾਨ ਅੱਗੇ ਧਰਨਾ ਦੇਣ ਦੀ ਚਿਤਾਵਨੀ ਦਿੱਤੀ ਹੈ।ਦੂਜੇ ਪਾਸੇ ਮਾਰਕੀਟ ਕਮੇਟੀ ਪਾਤੜਾਂ ਨੇ ਕਿਸਾਨ ਦੀ ਸ਼ਿਕਾਇਤ 'ਤੇ ਆੜ੍ਹਤੀਏ ਨੂੰ ਨੋਟਿਸ ਜਾਰੀ ਕੀਤਾ ਹੈ।ਇਸ ਦੌਰਾਨ ਆੜ੍ਹਤੀ ਨੇ ਕਿਸਾਨ ਵੱਲੋਂ ਕਣਕ ਖੁਰਦ ਬੁਰਦ ਕੀਤੇ ਜਾਣ ਦੇ ਦੋਸ਼ਾਂ ਨੂੰ ਬੇਬੁਨਿਆਦ ਦਸਦਿਆਂ ਕਿਸਾਨ ਉੱਤੇ ਦੋਸ਼ ਲਾਇਆ ਕਿ ਉਹ ਪੈਸੇ ਦੇਣ ਦਾ ਮਾਰਾ ਉਸ ਨੂੰ ਪ੍ਰੇਸ਼ਾਨ ਕਰ ਰਿਹਾ ਹੈ।ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ ਉਪਰੰਤ ਪਿੰਡ ਅਤਾਲਾਂ ਦੇ ਕਿਸਾਨ ਲਸ਼ਕਰ ਸਿੰਘ ਨੇ ਦੱਸਿਆ ਕਿ ਕਈ ਸਾਲ ਤੋਂ ਉਹ ਇੱਕ ਆੜ੍ਹਤੀ ਕੋਲ ਫ਼ਸਲ ਵੇਚਦਾ ਆ ਰਿਹਾ ਹੈ। ਇਸ ਵਾਰ ਉਸ ਨੇ 12 ਏਕੜ ਕਣਕ ਵੱਡ ਕੇ 4 ਟਰਾਲੀਆਂ ਅਨਾਜ ਮੰਡੀ ਘੱਗਾ ਵਿੱਚ ਭੇਜੀਆਂ ਸਨ। ਆੜ੍ਹਤੀ ਨੇ ਤਿੰਨ ਟਰਾਲੀਆਂ ਇੱਕ ਥਾਂ ਤੇ ਚੌਥੀ ਟਰਾਲੀ ਸੜਕ ਦੇ ਦੂਜੇ ਪਾਸੇ ਢੇਰੀ ਕਰਵਾ ਲਈ ਸੀ। ਕਣਕ ਤੋਲ ਕੇ 406 ਥੈਲਿਆਂ ਦੀ ਪਰਚੀ ਬਣਾ ਕੇ ਦੇ ਦਿੱਤੀ।ਇਸ ਸ਼ੱਕ ਨੂੰ ਦੂਰ ਕਰਨ ਲਈ ਜਦੋਂ ਕਿਰਾਏ 'ਤੇ ਲਿਆਂਦੇ ਟਰੈਕਟਰ ਦੇ ਡਰਾਈਵਰ ਨੂੰ ਪੁੱਛਿਆ ਤਾਂ ਉਸ ਨੇ ਦੱਸਿਆ ਕਿ ਆੜ੍ਹਤੀ ਨੇ ਪਹਿਲਾਂ ਵਾਲੀ ਢੇਰੀ 'ਤੇ ਥਾਂ ਘੱਟ ਹੋਣ ਦਾ ਕਹਿ ਕੇ ਚੌਥੀ ਟਰਾਲੀ ਸੜਕ ਦੇ ਦੂਜੇ ਪਾਸੇ ਉਤਰਾਈ ਸੀ, ਬਾਅਦ 'ਚ ਆੜ੍ਹਤੀ ਨੇ ਕਿਹਾ ਕਿ ਉਹ ਉਨ੍ਹਾਂ ਦਾ ਘਾਟਾ ਪੂਰ ਕਰ ਦੇਵੇਗਾ, ਉਨ੍ਹਾਂ ਨੂੰ ਮੋੜ ਦਿੱਤਾ ਸੀ।ਵਾਰ ਵਾਰ ਗੇੜ ਮਾਰਨ ਜਦੋਂ ਇਨਸਾਫ਼ ਨਾ ਦਿੱਤਾ, ਉਨ੍ਹਾਂ ਮਾਰਕੀਟ ਕਮੇਟੀ ਪਾਤੜਾਂ ਫਰਿਆਦ ਕੀਤੀ ਫੇਰ ਆੜ੍ਹਤੀ ਨੇ 2 ਲੱਖ ਰੁਪਏ ਲੈ ਕੇ ਮਾਮਲਾ ਰਫਾ-ਦਫਾ ਕਰਨ ਲਈ ਕਿਹਾ, ਪਰ ਉਨ੍ਹਾਂ ਕਿਸਾਨ ਯੂਨੀਅਨ ਕੋਲ ਫਰਿਆਦ ਕੀਤੀ ਹੈ।ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਪ੍ਰਧਾਨ ਅਮਰੀਕ ਸਿੰਘ ਘੱਗਾ ਨੇ ਕਿਹਾ ਕਿ ਕਿਸਾਨ ਲਸ਼ਕਰ ਸਿੰਘ ਨੂੰ ਇਨਸਾਫ ਦਿਵਾਉਣ ਲਈ ਆੜ੍ਹਤੀ ਨੂੰ 4 ਦਿਨਾਂ ਦਾ ਸਮਾਂ ਦਿੱਤਾ ਹੈ।ਉਪਰੰਤ ਆੜ੍ਹਤੀ ਦੀ ਦੁਕਾਨ ਅੱਗੇ ਅਣਮਿੱਥੇ ਸਮੇਂ ਦਾ ਧਰਨਾ ਸ਼ੁਰੂ ਕੀਤਾ ਜਾਵੇਗਾ।

ਆੜ੍ਹਤੀ ਨਾਹਰ ਸਿੰਘ ਨੇ ਕਿਹਾ ਕਿ ਲਸ਼ਕਰ ਸਿੰਘ 16 ਅਪ੍ਰੈਲ ਨੂੰ ਤਿੰਨ ਟਰਾਲੀਆਂ ਕਣਕ ਵੇਚ ਕੇ ਗਿਆ ਸੀ।ਹੁਣ ਕਿਸਾਨ ਉਨ੍ਹਾਂ 'ਤੇ ਝੂਠੇ ਦੋਸ਼ ਲਾ ਰਿਹਾ ਹੈ ਕਿ ਇੱਕ ਟਰਾਲੀ ਦੀ ਅਲੱਗ ਢੇਰੀ ਲਵਾਈ ਸੀ।ਉਨ੍ਹਾਂ ਕਿਹਾ ਕਿ ਕਿਸਾਨ ਆਪਣੇ ਤੇ ਭਤੀਜੇ ਦੇ ਕਰੀਬ 11 ਲੱਖ ਰੁਪਏ ਦਿੱਤੇ ਬਿਨਾਂ ਹੀ ਆੜ੍ਹਤ ਦੀ ਕਲੀਨ ਚਿੱਟ ਦੀ ਮੰਗ ਕਰ ਰਿਹਾ ਹੈ।ਉਨ੍ਹਾਂ 2 ਲੱਖ ਰੁਪਏ ਦੇਣ ਵਾਲੀ ਕੋਈ ਆਫਰ ਨਹੀਂ ਦਿੱਤੀ।

ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਬਰਾੜ ਨੇ ਦੱਸਿਆ ਕਿ ਕਿਸਾਨ ਲਸ਼ਕਰ ਸਿੰਘ ਵੱਲੋਂ ਦਿੱਤੀ ਗਈ ਦਰਖਾਸਤ 'ਤੇ ਆੜ੍ਹਤੀ ਨੂੰ ਭੇਜੇ ਗਏ ਨੋਟਿਸ ਦਾ ਉਸ ਨੇ ਜਵਾਬ ਦੇ ਦਿੱਤਾ।ਉਨ੍ਹਾਂ ਕਿਹਾ ਕਿ ਪੜਤਾਲ ਕਰਵਾ ਕੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਕੈਬਨਿਟ ਮੰਤਰੀ ਦਾ ਵਿਰੋਧ ਕਰਨ ਜਾ ਰਹੇ ਕਿਸਾਨਾਂ ਤੇ ਪੁਲਸ ਦਰਮਿਆਨ ਧੱਕਾ-ਮੁੱਕੀ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕਸਬਾ ਲੌਂਗੋਵਾਲ ਵਿਖੇ ਕਈ ਵਿਕਾਸ ਕਾਰਜ ਦੇ ਨੀਂਹ ਪੱਥਰ ਰੱਖਣ ਪੁੱਜੇ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਸਵਾਲ ਜਵਾਬ ਕਰਨ ਦੇ ਮਕਸਦ ਨਾਲ ਸਥਾਨਕ ਗੁੱਗਾ ਮਾੜੀ 'ਤੇ ਇਕੱਠੇ ਹੋਏ ਕਿਸਾਨਾਂ ਦੀ ਪੁਲਸ ਨਾਲ ਜ਼ਬਰਦਸਤ ਝੜਪ ਹੋ ਗਈ।ਕਿਸਾਨ ਨਾਅਰੇਬਾਜ਼ੀ ਕਰਦੇ ਹੋਏ ਸਮਾਗਮ ਵਾਲੇ ਸਥਾਨ 'ਤੇ ਜਾਣ ਦੀ ਕੋਸ਼ਿਸ਼ ਕਰ ਰਹੇ ਸਨ।ਭਾਰਤੀ ਕਿਸਾਨ ਯੂਨੀਅਨ ਅਜ਼ਾਦ ਦੇ ਵਰਕਰਾਂ ਨੂੰ ਭਿਣਕ ਪਈ ਤਾਂ ਵੱਡੀ ਗਿਣਤੀ ਵਿੱਚ ਕਿਸਾਨ ਗੁੱਗਾ ਮਾੜੀ ਦੇ ਨਜ਼ਦੀਕ ਇਕੱਠੇ ਹੋ ਗਏ ਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।ਇਸ ਦੌਰਾਨ ਪੁਲਸ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ ਕਰ ਦਿੱਤੇ ਗਏ।ਡੀ.ਐੱਸ.ਪੀ. ਹਰਵਿੰਦਰ ਸਿੰਘ ਖਹਿਰਾ ਦੀ ਅਗਵਾਈ ਹੇਠ ਸੈਂਕੜੇ ਸੁਰੱਖਿਆ ਕਰਮੀਆਂ ਸਮੇਤ ਪੁਲਸੀਆ ਵਾਹਨ ਘਟਨਾ ਸਥਾਨ 'ਤੇ ਪੁੱਜ ਗਏ।ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਐੱਸ. ਐੱਚ. ਓ. ਲੌਂਗੋਵਾਲ ਬਲਵੰਤ ਸਿੰਘ ਤੇ ਐੱਸ. ਐੱਚ. ਓ. ਚੀਮਾ ਮਨਜੀਤ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਜਦੋਂ ਕਿਸਾਨਾਂ ਨੂੰ ਨੀਂਹ ਪੱਥਰ ਵਾਲੇ ਸਥਾਨ ਉੱਤੇ ਜਾਣ ਤੋਂ ਰੋਕਣ ਲੱਗੀ ਤਾਂ ਦੋਵਾਂ ਧਿਰਾਂ ਦਰਮਿਆਨ ਤਲਖ਼ੀ ਵਧ ਗਈ।ਭਾਕਿਯੂ ਅਜ਼ਾਦ ਦੇ ਸੂਬਾ ਆਗੂ ਜਸਵਿੰਦਰ ਸਿੰਘ ਸੋਮਾ, ਕੁਲਵਿੰਦਰ ਸੋਨੀ ਲੌਂਗੋਵਾਲ ਤੇ ਬਲਜਿੰਦਰ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਇਕੱਤਰ ਹੋਏ ਕਿਸਾਨਾਂ ਦਾ ਮਕਸਦ ਸਿਰਫ ਇਹ ਸੀ ਕਿ ਜੋ ਪਿਛਲੇ ਦਿਨੀਂ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਕਿਸਾਨ ਮੋਰਚੇ ਨੂੰ ਜਾਨਵਰਾਂ ਵਾਂਗ ਸਾਬੋਤਾਜ਼ ਕੀਤਾ ਗਿਆ, ਕਿਸਾਨਾਂ ਦੀ ਕਰੋੜਾਂ ਰੁਪਏ ਦੇ ਮਸ਼ੀਨਰੀ ਖੁਰਦ-ਬੁਰਦ ਕੀਤੀ ਗਈ, ਉਸ ਦੀ ਭਰਪਾਈ ਸਬੰਧੀ ਤੇ ਐੱਮ. ਐੱਸ. ਪੀ. ਨੂੰ ਲੈ ਕੇ ਪੰਜਾਬ ਸਰਕਾਰ ਦੇ ਸਟੈਂਡ ਸਬੰਧੀ ਸਵਾਲ ਜਵਾਬ ਕੀਤੇ ਜਾਣ, ਪ੍ਰੰਤੂ ਸਰਕਾਰ ਨੇ ਪੁਲਸ ਰਾਹੀਂ ਧੱਕੇ ਨਾਲ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਚੋਰਾਂ ਵਾਂਗ ਇੱਕ ਥਾਂ 'ਤੇ ਤਾੜ ਲਿਆ ਹੈ, ਜੋਕਿ ਲੋਕਤੰਤਰ ਦੀ ਹੱਤਿਆ ਹੈ।

# ਲੋਕ ਨਸ਼ਿਆਂ ਖਿਲਾਫ਼ ਵਿੱਢੀ ਜੰਗ ਦਾ ਡਟ ਕੇ ਦੇ ਰਹੇ ਨੇ ਸਾਥ : ਸੌਂਦ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਗੁਰੂਆਂ ਪੀਰਾਂ ਦੀ ਧਰਤੀ ਪੰਜਾਬ ਨੂੰ ਖੁਸ਼ਹਾਲ ਤੇ ਨਸ਼ਾ ਰਹਿਤ ਬਣਾਉਣ ਲਈ ਵਿੱਢੀ ਮੁਹਿੰਮ ਦੀ ਰਾਜ ਦੇ ਲੋਕਾਂ ਵੱਲੋਂ ਖੂਬ ਸ਼ਲਾਘਾ ਕੀਤੀ ਜਾ ਰਹੀ ਹੈ।ਪੰਜਾਬ ਦੀ ਧਰਤੀ ਜੁਝਾਰੂ ਲੋਕਾਂ ਦੀ ਧਰਤੀ ਹੈ ਤੇ ਪੰਜਾਬੀ ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ ਜੰਗ ਵਿੱਚ ਰਾਜ ਸਰਕਾਰ ਦਾ ਡੱਟ ਕੇ ਸਾਥ ਦੇ ਰਹੇ ਹਨ।ਪੰਜਾਬ ਅੰਦਰ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ, ਰਾਜ ਸਰਕਾਰ ਇਸ ਦੇ ਲਈ ਸਿਰਤੋੜ ਯਤਨ ਕਰ ਰਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸਿਡਨੀ ਗਾਰਡਨ, ਖੰਨਾ ਰੋਡ ਮਾਲੇਰਕੋਟਲਾ ਵਿਖੇ ਜ਼ਿਲ੍ਹਾ ਪੱਧਰੀ ਵਿਲੇਜ ਡਿਫੈਂਸ ਕਮੇਟੀ ਤੇ ਵਾਰਡ ਸੁਰੱਖਿਆ ਕਮੇਟੀਆਂ ਦੀ ਮੀਟਿੰਗ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੀਤਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਵਚਨਬੱਧ ਹੈ। ਸੂਬਾ ਸਰਕਾਰ ਨੇ ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚਾਉਣ ਲਈ 3500 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਗੱਲ ਹੋਵੇ, ਭਾਵੇਂ ਪੰਜਾਬ ਦੇ ਪਾਣੀਆਂ ਦੀ ਜਾਂ ਰਾਜ ਦੇ ਲੋਕਾਂ ਦੀ ਭਲਾਈ ਤੇ ਵਿਕਾਸ ਕੰਮਾਂ ਦੀ ਸਰਕਾਰ ਹਰ ਪੱਖ ਤੋਂ ਪੰਜਾਬੀਆਂ ਦੇ ਮੋਢੇ ਨਾਲ ਮੋਢਾ ਲਾ ਕੇ ਖੜੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਲੋਕਾਂ ਦੇ ਭਲੇ ਲਈ ਮਿਸਾਲੀ ਕੰਮ ਕੀਤਾ ਹੈ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚ ਨਸ਼ਾ ਤਸਕਰਾਂ ਨੂੰ ਪੂਰੀ ਸ਼ਹਿ ਸੀ, ਜਦਕਿ ਆਮ ਆਦਮੀ ਪਾਰਟੀ ਨੇ ਰਾਜ ਅੰਦਰ ਨਸ਼ਾ ਤਸਕਰਾਂ ਵੱਲੋਂ ਬਣਾਈਆਂ ਨਜਾਇਜ਼ ਪ੍ਰਾਪਰਟੀਆਂ ਨੂੰ ਢਾਹ ਢੇਰੀ ਕਰਨ ਦੇ ਨਾਲ-ਨਾਲ ਜੇਲ੍ਹਾਂ ਵਿੱਚ ਡੱਕਿਆ ਹੈ।ਉਨ੍ਹਾ ਪਿੰਡਾਂ ਤੇ ਸ਼ਹਿਰੀ ਪੱਧਰ 'ਤੇ ਬਣੀਆਂ ਡਿਫੈਂਸ ਕਮੇਟੀਆਂ ਨੂੰ ਨਸ਼ਿਆਂ ਖਿਲਾਫ ਇਸ ਯੁੱਧ ਵਿੱਚ ਮੋਹਰੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਡਿਪਟੀ ਕਮਿਸ਼ਨਰ ਮਲੇਰਕੋਟਲਾ, ਐੱਸ.ਐਸ.ਪੀ ਗਗਨ ਅਜੀਤ ਸਿੰਘ ਨੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਰਾਜ ਅੰਦਰ ਪੁਲਿਸ ਵੱਲੋਂ ਤਸਕਰਾਂ ਖਿਲਾਫ਼ ਕੀਤੀਆਂ ਕਾਰਵਾਈਆਂ ਅਤੇ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦਾ ਨਸ਼ਿਆ ਖਿਲਾਫ਼ ਵੀਡੀਓ ਸੰਦੇਸ਼ ਦਿਖਾਇਆ ਗਿਆ।ਇਸ ਮੌਕੇ ਵਿਧਾਇਕ ਅਮਨਦੀਪ ਕੌਰ ਅਰੋੜਾ, ਵਿਧਾਇਕ ਡਾ. ਜਮੀਲ ਉਰ ਰਹਿਮਾਨ, ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ, ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ, ਚੇਅਰਮੈਨ ਯੋਜਨਾ ਬੋਰਡ ਸਾਕਿਬ ਅਲੀ ਰਾਜਾ, ਪ੍ਰਧਾਨ ਨਗਰ ਕੌਂਸਲ ਅਹਿਮਦਗੜ੍ਹ, ਵਿਕਾਸ ਕ੍ਰਿਸ਼ਨ ਸ਼ਰਮਾ, ਚੇਅਰਮੈਨ ਨਵਜੋਤ ਸਿੰਘ ਮੰਡੇਰ, ਪ੍ਰਧਾਨ ਨਗਰ ਪੰਚਾਇਤ ਅਮਰਗੜ੍ਹ ਜਸਪਾਲ ਕੌਰ, ਚੇਅਰਮੈਨ ਮਾਰਕੀਟ ਕਮੇਟੀ ਮਾਲੇਰਕੋਟਲਾ ਜਾਫਰ ਅਲੀ ਸਮੇਤ ਵੱਡੀ ਗਿਣਤੀ 'ਚ ਆਗੂ ਤੇ ਅਧਿਕਾਰੀ ਹਾਜ਼ਰ ਸਨ।

# ਰਾਕੇਸ਼ ਟਿਕੈਤ 'ਤੇ ਸੰਘੀ ਗੁੰਡਿਆਂ ਵੱਲੋਂ ਹਮਲਾ ਬਰਦਾਸ਼ਤ : ਢੀਂਡਸਾ

**ਸਮਰਾਲਾ (ਸੁਰਜੀਤ ਸਿੰਘ)**-ਬੀਤੇ ਦਿਨੀਂ ਮੁਜ਼ੱਫਰਨਗਰ (ਯੂ.ਪੀ.) ਵਿਖੇ ਉੱਥੋਂ ਦੀ ਯੋਗੀ ਸਰਕਾਰ ਵੱਲੋਂ ਸ਼ਾਂਤਮਈ ਆਪਣੀਆਂ ਹੱਕੀ ਮੰਗਾਂ ਸਬੰਧੀ ਸੰਘਰਸ਼ ਕਰ ਰਹੇ ਕਿਸਾਨਾਂ ਉੱਪਰ ਲਾਠੀਚਾਰਜ ਕੀਤਾ ਹੈ ਤੇ ਇਸੇ ਦੌਰਾਨ ਭਾਜਪਾ ਦੇ ਅੰਧ ਭਗਤਾਂ ਵੱਲੋਂ ਕਿਸਾਨ ਆਗੂ ਰਾਕੇਸ਼ ਟਿਕੈਤ ਦੀ ਪੱਗ ਲਾਹੀ ਗਈ, ਉਸ ਦੀ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਸਖਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ। ਇਨ੍ਹਾਂ ਸ਼ਬਦਾਂ ਦਾ ਪਗਟਾਵਾ ਮਨਜੀਤ ਸਿੰਘ ਢੀਂਡਸਾ ਪ੍ਰਧਾਨ ਜ਼ਿਲ੍ਹਾ ਲੁਧਿਆਣਾ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਨੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਕੀਤਾ।ਉਨ੍ਹਾਂ ਕਿਹਾ ਕਿ ਇਸ ਹਮਲੇ ਨਾਲ ਭਾਜਪਾ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋਇਆ ਹੈ।ਟਿਕੈਤ ਦੇ ਸਿਰ 'ਤੇ ਬੰਨੀਂ ਪੱਗ ਗੁਰੂ ਘਰ ਦੀ ਬਖਸ਼ਿਸ਼ ਹੈ, ਭਾਜਪਾਈ ਹੁੱਲੜਬਾਜ਼ਾਂ ਨੇ ਉਨ੍ਹਾਂ ਦੇ ਸਿਰ ਉੱਤੋਂ ਪੱਗ ਲਾਹ ਕੇ ਗੁਰੂ ਦੀ ਬਖਸ਼ਿਸ਼ ਦਾ ਘੋਰ ਅਪਮਾਨ ਕੀਤਾ ਹੈ, ਜਿਸ ਨਾਲ ਸਿੱਖਾਂ ਦੇ ਹਿਰਦੇ ਵਲੂੰਧਰੇ ਗਏ ਹਨ।ਯੂ. ਪੀ. ਸਰਕਾਰ ਅਜਿਹੀ ਹਰਕਤ ਕਰਨ ਵਾਲੇ ਹੁੱਲੜਬਾਜ਼ਾਂ ਵਿਰੁੱਧ ਕਾਨੂੰਨੀ ਕਾਰਵਾਈ ਕਰੇ।ਉਨ੍ਹਾਂ ਕਿਹਾ ਕਿ ਹੁਣ ਭਾਜਪਾ ਦੇ ਰਾਜ ਵਿੱਚ ਆਪਣੇ ਹੱਕ ਮੰਗਣ ਵਾਲਿਆਂ ਉੱਤੇ ਲਾਠੀਚਾਰਜ ਕਰਨੇ ਆਮ ਗੱਲ ਹੋ ਗਈ ਹੈ, ਭਾਜਪਾ ਸੋਚ ਰਹੀ ਹੈ ਕਿ ਉਹ ਜਬਰ ਕਰਕੇ ਹੱਕ ਮੰਗਣ ਵਾਲਿਆਂ ਨੂੰ ਦਬਾਅ ਲਵੇਗੀ।ਟਿਕੈਤ ਇਕ ਰਾਸ਼ਟਰੀ ਕਿਸਾਨ ਆਗੂ ਹੈ, ਇਸ ਲਈ ਯੂ. ਪੀ. ਸਰਕਾਰ ਘਟਨਾ ਵਿੱਚ ਸ਼ਾਮਲ ਮੁਲਜ਼ਮਾਂ ਉਪਰ ਪਰਚਾ ਕੀਤਾ ਜਾਵੇ।ਉਨ੍ਹਾਂ ਕੇਂਦਰ ਦੀ ਭਾਜਪਾ ਸਰਕਾਰ ਨੂੰ ਚਿਤਾਵਨੀ ਵੀ ਦਿੱਤੀ ਕਿ ਭਾਜਪਾ ਅਜਿਹੇ ਹੱਥਕੰਡੇ ਅਪਣਾਉਣੇ ਬੰਦ ਕਰਕੇ ਕਿਸਾਨਾਂ ਦੀਆਂ ਮੰਗਾਂ ਵੱਲ ਸੰਜੀਦਗੀ ਨਾਲ ਧਿਆਨ ਦੇਵੇ, ਜੇਕਰ ਭਾਰਤ ਦੇ ਕਿਸਾਨਾਂ ਨੇ ਮੁੜ ਭਾਜਪਾ ਵਿਰੁੱਧ ਆਪਣਾ ਮੋਰਚਾ ਖੋਲ੍ਹ ਦਿੱਤਾ ਤਾਂ ਇਸ ਵਾਰੀ ਕਿਸਾਨ ਆਪਣੇ ਹੱਕੀਆਂ ਮੰਗਾਂ ਲਈ ਜਾਨਾਂ ਵਾਰਨ ਤੋਂ ਪਿੱਛੇ ਨਹੀਂ ਹਟਣਗੇ।

# ਮੰਗਾਂ ਸੰਬੰਧੀ ਰੇਤਗੜ੍ਹ ਵਿਖੇ 18 ਜੂਨ ਹੋਵੇਗੀ ਵਿਸ਼ਾਲ ਰੈਲੀ : ਲਾਰੈਂਸ ਚੌਧਰੀ

## ਕ੍ਰਿਸਚੀਅਨ ਨੈਸ਼ਨਲ ਫਰੰਟ ਦੀ ਮੋਗਾ 'ਚ ਸੂਬਾ ਪੱਧਰੀ ਡੈਲੀਗੇਸ਼ਨ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਕ੍ਰਿਸ਼ਚੀਅਨ ਨੈਸ਼ਨਲ ਫਰੰਟ ਦੀ ਸੂਬਾ ਪੱਧਰੀ ਡੈਲੀਗੇਸ਼ਨ ਮੀਟਿੰਗ ਮੋਗਾ ਵਿਖੇ ਲਾਰੈਂਸ ਚੌਧਰੀ ਰਾਸ਼ਟਰੀ ਪ੍ਰਧਾਨ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਧਾਨ ਤਰਸੇਮ ਸੰਗਲਾਂ ਦੇ ਸਹਿਯੋਗ ਨਾਲ ਕੀਤੀ ਗਈ। ਮੀਟਿੰਗ ਉਪਰੰਤ ਬੁਲਾਈ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਨੇ ਕਿਹਾ ਕਿ ਅਨੇਕਾਂ ਮੰਗ ਪੱਤਰ, ਚੇਤਨਾ ਤੇ ਅਧਿਕਾਰ ਰੈਲੀਆਂ ਕਰ ਭਾਈਚਾਰੇ ਦੇ ਆਰਥਿਕ, ਸਮਾਜਿਕ ਤੇ ਰਾਜਨੀਤਕ ਮੁਸ਼ਕਲਾਂ ਦੇ ਹੱਲ ਲਈ ਕੇਂਦਰ ਤੇ ਰਾਜ ਸਰਕਾਰ ਨੂੰ ਪਿਛਲੇ 30 ਸਾਲਾਂ ਤੋਂ ਅਗਾਹ ਕਰਦੇ ਆ ਰਹੇ ਹਾਂ, ਪ੍ਰੰਤੂ ਬੜੇ ਅਫਸੋਸ ਦੀ ਗੱਲ ਹੈ ਕਿ ਮੁਸ਼ਕਲਾਂ ਦਾ ਹੱਲ ਤਾਂ ਦੂਰ ਅਸੈਂਬਲੀ ਤੇ ਪਾਰਲੀਮੈਂਟ ਅੰਦਰ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਕਦੇ ਵੀ ਉਨ੍ਹਾਂ ਮੁੱਦਿਆਂ ਨੂੰ ਵਿਚਾਰਿਆ ਤੱਕ ਨਹੀਂ ਗਿਆ। ਜਸਟਿਸ ਰੰਗਰਾਜਨ ਰਿਪੋਰਟ 2009, ਜਿਸ ਵਿੱਚ ਮਸੀਹੀ ਭਾਈਚਾਰੇ ਨੂੰ ਰਾਖਵਾਂਕਰਨ ਦੇਣ ਦੀ ਸਿਫਾਰਸ਼ ਪਾਰਲੀਮੈਂਟ ਵਿੱਚ ਰੁਲ ਰਹੀ ਹੈ। 1956 ਵਿੱਚ ਤੋੜੀ ਕ੍ਰਿਸ਼ਚੀਅਨ ਰੈਜੀਮੈਂਟ ਨੂੰ ਬਹਾਲ ਕਰਨ, ਬਾਰਡਰ ਜ਼ਿਲ੍ਹੇ ਅੰਮ੍ਰਿਤਸਰ, ਗੁਰਦਾਸਪੁਰ ਤੇ ਫਿਰੋਜ਼ਪੁਰ ਵਿੱਚ ਵਸਦੇ ਮਸੀਹੀ ਭਾਈਚਾਰੇ ਦੇ ਲੋਕਾਂ ਨੂੰ ਵਿਸ਼ੇਸ਼ ਪੈਕੇਜ ਦੇਣ, ਬੇਘਰ ਲੋਕਾਂ ਲਈ ਘਰ, ਕਬਰਸਤਾਨਾਂ ਲਈ ਜ਼ਮੀਨ ਦੀ ਅਲਾਟਮੈਂਟ ਸਮੇਤ ਕ੍ਰਿਸਮਸ ਤੇ ਈਸਟਰ ਮੌਕੇ ਯਰੂਸ਼ਲਮ ਯਾਤਰਾ ਲਈ ਵਿਸ਼ੇਸ਼ ਵੀਜ਼ਾ ਪੈਕੇਜ, ਲੋੜਵੰਦ ਵਿਦਿਆਰਥੀਆਂ ਲਈ ਵਜ਼ੀਫੇ ਆਦਿ ਮਸਲੇ ਜਿਉਂ ਦੇ ਤਿਓਂ ਇਸ ਲਈ ਹਨ ਕਿ ਕਿਸੇ ਵੀ ਰਾਜਨੀਤਕ ਪਾਰਟੀ ਨੇ ਅਸੈਂਬਲੀ ਤੇ ਪਾਰਲੀਮੈਂਟ ਦੀ ਨੁਮਾਇੰਦਗੀ ਨਹੀਂ ਦਿੱਤੀ। ਅੱਜ ਦੀ ਮੀਟਿੰਗ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਅਣਖ ਜਗਾਓ ਅਜ਼ਾਦੀ ਪਾਓ ਰਾਜ ਲਿਆਓ ਬੈਨਰ ਹੇਠ 18 ਜੂਨ ਨੂੰ ਉਕਤ ਮੰਗਾਂ ਸੰਬੰਧੀ ਜ਼ਿਲ੍ਹਾ ਪਟਿਆਲਾ ਹਲਕਾ ਸਮਾਣਾ ਦੇ ਰੇਤਗੜ੍ਹ ਵਿਖੇ ਰੈਲੀ ਕੀਤੀ ਜਾਵੇਗੀ। ਇਸ ਮੌਕੇ ਪਾਸਟਰ ਗੁਰਚਰਨ ਨੂੰ ਸੀਨੀਅਰ ਵਾਈਸ ਪ੍ਰਧਾਨ ਪੰਜਾਬ ਤੇ ਪਾ. ਸੰਜੇ ਕਲਿਆਣ ਨੂੰ ਬਰਨਾਲਾ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਬੱਬਾ ਗਿੱਲ ਪੰਜਾਬ ਯੂਥ ਪ੍ਰਧਾਨ, ਗੁਰਬਾਜ਼ ਕੋ-ਆਰਡੀਨੇਟਰ ਮਾਲਵਾ, ਦਰਸ਼ਨ ਪ੍ਰਧਾਨ ਮਾਲੇਰਕੋਟਲਾ, ਸਾਹਿਬ ਮਸੀਹ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਸੈਮਪਾਲ ਪ੍ਰਧਾਨ ਸੰਗਰੂਰ, ਬਰਕਤ ਮਸੀਹ ਫਰੀਦਕੋਟ, ਸੰਜੇ ਕੁਮਾਰ ਜ਼ਿਲ੍ਹਾ ਪ੍ਰਧਾਨ ਬਰਨਾਲਾ, ਰਵੀ ਨਾਭਾ ਪਟਿਆਲਾ, ਮੇਜਰ ਮਸੀਹ ਜ਼ਿਲ੍ਹਾ ਪ੍ਰਧਾਨ ਰੋਪੜ, ਸਤਪਾਲ ਲੁਧਿਆਣਾ, ਜਗਦੀਪ ਹੈਰੀ ਮਾਨਸਾ, ਸੁਖਵਿੰਦਰ ਪ੍ਰਧਾਨ ਫਾਜ਼ਿਲਕਾ, ਕੁਲਦੀਪ ਚੇਅਰਮੈਨ ਫਾਜ਼ਿਲਕਾ, ਮੇਜਰ ਰੂਪਨਗਰ, ਕੁਲਵੀਰ ਪੀਟਰ ਨਵਾਂਸ਼ਹਿਰ, ਸੁਲੱਖਣ ਹੁਸ਼ਿਆਰਪੁਰ, ਪਾ. ਵਿਜੇ ਮੋਗਾ, ਪਾ. ਅਵਤਾਰ, ਪਾ. ਕੇਵਲ, ਪਾ. ਜਸਵਿੰਦਰ, ਗੁਰਸੇਵਕ, ਹੀਰਾ, ਪਾ. ਕੁਲਵੰਤ ਜਲੰਧਰ, ਯੂਨਸ ਅੰਮ੍ਰਿਤਸਰ ਆਦਿ ਸ਼ਾਮਲ ਹੋਏ।

# ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਵੱਲੋਂ ਸਨਮਾਨ ਸਮਾਰੋਹ

## ਪੱਤਰਕਾਰੀ ਦੇ ਖੇਤਰ 'ਚ ਪ੍ਰਾਪਤੀਆਂ ਕਰਨ ਵਾਲੀਆਂ 18 ਸ਼ਖ਼ਸੀਅਤਾਂ ਦਾ ਸਨਮਾਨ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**

ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਪਟਿਆਲਾ ਵੱਲੋਂ ਪਰਭਾਤ ਪਰਵਾਨਾ ਹਾਲ ਪਟਿਆਲਾ ਵਿਖੇ ਵਿਸ਼ਵ ਪ੍ਰੈੱਸ ਆਜ਼ਾਦੀ ਦਿਵਸ ਨੂੰ ਸਮਰਪਤ ਭਾਸ਼ਣ ਮੁਕਾਬਲਾ, ਸੈਮੀਨਾਰ ਤੇ ਪੰਜਵਾਂ ਸਨਮਾਨ ਸਮਾਰੋਹ ਕਰਵਾਇਆ ਗਿਆ।ਪ੍ਰੋਗਰਾਮ ਦੇ ਪਹਿਲੇ ਸੈਸ਼ਨ ਵਿੱਚ ਸਕੂਲਾਂ ਦੇ ਸੈਕੰਡਰੀ ਵਰਗ ਦੇ ਵਿਦਿਆਰਥੀਆਂ ਦਾ ਭਾਸ਼ਣ ਮੁਕਾਬਲਾ ਕਰਵਾਇਆ ਗਿਆ।ਇਸ ਭਾਸ਼ਣ ਮੁਕਾਬਲੇ 'ਚ ਪਟਿਆਲਾ ਸ਼ਹਿਰ ਦੇ 28 ਸਕੂਲਾਂ ਨੇ ਭਾਗ ਲਿਆ।ਵਿਦਿਆਰਥੀਆਂ ਨੇ ਪੱਤਰਕਾਰੀ ਨਾਲ ਸੰਬੰਧਤ ਵਿਸ਼ਿਆਂ ਪ੍ਰੈੱਸ ਦੀ ਆਜ਼ਾਦੀ ਦਾ ਮਹੱਤਵ, ਪੱਤਰਕਾਰੀ ਤੇ ਨੈਤਿਕਤਾ, ਪੱਤਰਕਾਰੀ : ਲੋਕਤੰਤਰ ਦਾ ਚੌਥਾ ਥੰਮ੍ਹ ਆਦਿ 'ਤੇ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਸਰਕਾਰੀ ਸਕੂਲਾਂ ਤੇ ਪ੍ਰਾਈਵੇਟ ਸਕੂਲਾਂ ਦਾ ਨਤੀਜਾ ਵੱਖਰਾ-ਵੱਖਰਾ ਤਿਆਰ ਕੀਤਾ ਗਿਆ।ਸਰਕਾਰੀ ਸਕੂਲ ਕੈਟਾਗਿਰੀ ਵਿੱਚ ਪਹਿਲਾ ਸਥਾਨ ਕਮਲਜੀਤ ਕੌਰ ਵਿਦਿਆਰਥਣ ਸਰਕਾਰੀ ਸ.ਸ.ਸਕੂਲ ਬਹਾਦਰਗੜ੍ਹ, ਦੂਜਾ ਸਥਾਨ ਮੁਸਕਾਨ ਵਿਦਿਆਰਥਣ ਸਰਕਾਰੀ ਸ.ਸ.ਸਮਾਰਟ ਸਕੂਲ ਤ੍ਰਿਪੜੀ ਪਟਿਆਲਾ ਤੇ ਤੀਸਰਾ ਸਥਾਨ ਸੁਮਨਪ੍ਰੀਤ ਕੌਰ ਵਿਦਿਆਰਥਣ ਸਰਕਾਰੀ ਸ.ਸ.ਸਕੂਲ ਮਾਡਲ ਟਾਊਨ ਪਟਿਆਲਾ ਪ੍ਰਾਪਤ ਕੀਤਾ।ਪ੍ਰਾਈਵੇਟ ਸਕੂਲ ਕੈਟਾਗਿਰੀ ਵਿੱਚ ਪਹਿਲਾ ਸਥਾਨ ਹਰਸੁਖਪ੍ਰੀਤ ਸਿੰਘ ਵਿਦਿਆਰਥੀ ਅਰਬਿੰਦੋ ਇੰਟਰਨੈਸ਼ਨਲ ਸਕੂਲ ਪਟਿਆਲਾ, ਦੂਜਾ ਸਥਾਨ ਪੂਜਾ ਬੀ ਐੱਨ ਖਾਲਸਾ ਸ.ਸ.ਸਕੂਲ ਪਟਿਆਲਾ ਤੇ ਤੀਸਰਾ ਸਥਾਨ ਪ੍ਰਤਿਭਾ ਪੈਰਾਡਾਈਸ ਇੰਟਰਨੈਸ਼ਨਲ ਸਕੂਲ ਘੱਗਾ ਨੇ ਪ੍ਰਾਪਤ ਕੀਤਾ।ਭਾਗ ਲੈਣ ਵਾਲੇ ਹਰ ਵਿਦਿਆਰਥੀ ਨੂੰ ਟਰਾਫੀ ਤੇ ਕਿਤਾਬਾਂ ਦਾ ਸੈੱਟ ਦੇ ਕੇ ਸਨਮਾਨਤ ਕੀਤਾ ਗਿਆ।

ਦੂਜੇ ਸੈਸ਼ਨ ਵਿੱਚ ਆਧੁਨਿਕ ਪੱਤਰਕਾਰੀ ਚੁਣੌਤੀਆਂ ਤੇ ਜ਼ਿੰਮੇਵਾਰੀਆਂ ਵਿਸ਼ੇ 'ਤੇ ਸੈਮੀਨਾਰ ਕੀਤਾ ਗਿਆ।ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਭੂਪੇਸ਼ ਚੱਠਾ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਪਟਿਆਲਾ, ਡਾ. ਨੈਨਸੀ ਦਵਿੰਦਰ ਕੌਰ ਮੁਖੀ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ, ਅਮਰਜੀਤ ਵੜੈਚ ਸਾਬਕਾ ਅਸਿਸਟੈਂਟ ਡਾਇਰੈਕਟਰ ਆਲ ਇੰਡੀਆ ਰੇਡੀਓ, ਡਾ. ਹਰਗੁਣਪ੍ਰੀਤ ਸਿੰਘ ਮੁਖੀ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ, ਡਾ. ਕੁਲਦੀਪ ਕੌਰ ਅਸਿਸਟੈਂਟ ਪ੍ਰੋਫੈਸਰ ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਤੇ ਟਰੱਸਟ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਸ਼ਾਮਲ ਹੋਏ।ਟਰੱਸਟ ਦੇ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਨੇ ਆਏ ਮੁੱਖ ਮਹਿਮਾਨਾਂ ਨੂੰ ਗੁਲਦਲਤਾ ਭੇਟ ਕਰਕੇ ਸਵਾਗਤ ਕੀਤਾ ਤੇ ਟਰੱਸਟ ਵੱਲੋਂ ਕੀਤੇ ਜਾਂਦੇ ਸਮਾਜ ਸੇਵਾ ਦੇ ਕਾਰਜਾਂ ਬਾਰੇ ਦੱਸਿਆ।ਪ੍ਰੋਗਰਾਮ ਦੇ ਮੁੱਖ ਮਹਿਮਾਨ ਭੂਪੇਸ਼ ਚੱਠਾ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਪਟਿਆਲਾ ਨੇ ਕਿਹਾ ਕਿ ਪੱਤਰਕਾਰਤਾ ਦਾ ਅਸਲ ਮਕਸਦ ਸੱਚ ਨੂੰ ਉਜਾਗਰ ਕਰਨਾ, ਗਲਤ ਨੀਤੀਆਂ ਨੂੰ ਬੇਨਕਾਬ ਕਰਨਾ ਤੇ ਲੋਕਾਂ ਤੱਕ ਨਿਰਪੱਖ ਜਾਣਕਾਰੀ ਪਹੁੰਚਾਉਣਾ ਹੋਣਾ ਚਾਹੀਦਾ ਹੈ।ਡਾ. ਨੈਨਸੀ ਦਵਿੰਦਰ ਕੌਰ ਨੇ ਕਿਹਾ ਕਿ ਜੇਕਰ ਪੱਤਰਕਾਰਤਾ ਆਜ਼ਾਦੀ ਨਾਲ ਕੰਮ ਨਹੀਂ ਕਰੇਗੀ ਤਾਂ ਉਹ ਸਮਾਜ ਵਿੱਚ ਹੋ ਰਹੀਆਂ ਕੁਤਾਹੀਆਂ ਤੇ ਘਟਨਾਵਾਂ ਨੂੰ ਸਹੀ ਤਰੀਕੇ ਨਾਲ ਪੇਸ਼ ਨਹੀਂ ਕਰ ਸਕਦੀ।ਮੀਡੀਆ ਦਾ ਬਿਨਾਂ ਕਿਸੇ ਦਬਾਅ ਤੇ ਡਰ ਤੋਂ ਕੰਮ ਕਰਨਾ ਹੀ ਪ੍ਰੈੱਸ ਦੀ ਆਜ਼ਾਦੀ ਹੈ।ਇਸ ਮੌਕੇ ਮੁੱਖ ਬੁਲਾਰੇ ਅਮਰਜੀਤ ਵੜੈਚ ਨੇ ਕਿਹਾ ਕਿ ਪ੍ਰੈੱਸ ਆਜ਼ਾਦੀ ਸੂਚਕ ਅੰਕ ਹਰ ਸਾਲ 'ਰਿਪੋਰਟਰਜ਼ ਵਿਦਾਊਟ ਬਾਰਡਰਜ਼' ਦੁਆਰਾ ਪ੍ਰਕਾਸ਼ਿਤ ਕੀਤਾ ਜਾਂਦਾ ਹੈ।ਇਹ ਪੱਤਰਕਾਰਾਂ ਨੂੰ ਉਪਲਬਧ ਆਜ਼ਾਦੀ ਦੇ ਆਧਾਰ 'ਤੇ ਦੇਸ਼ਾਂ ਨੂੰ ਦਰਜਾ ਦਿੰਦਾ ਹੈ।ਪ੍ਰੈੱਸ ਆਜ਼ਾਦੀ ਸੂਚਕ ਅੰਕ ਰਿਪੋਰਟ 2024 ਵਿੱਚ ਚਿੰਤਾਜਨਕ ਰੁਝਾਨ ਦਿਖਾਈ ਦਿੱਤੇ ਹਨ।ਉਸ ਵਿੱਚ 180 ਦੇਸ਼ਾਂ ਵਿੱਚੋਂ ਭਾਰਤ 159ਵੇਂ ਸਥਾਨ 'ਤੇ ਹੈ।ਡਾ. ਹਰਗੁਣਪ੍ਰੀਤ ਸਿੰਘ ਤੇ ਡਾ. ਕੁਲਦੀਪ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੀਡੀਆ ਆਜ਼ਾਦ ਤੇ ਨਿਰਪੱਖ ਹੋਵੇਗਾ ਤਾਂ ਸਮਾਜ ਵਿੱਚ ਸਹਿਣਸ਼ੀਲਤਾ ਵਧੇਗੀ ਤੇ ਲੋਕਾਂ ਨੂੰ ਅਸਲ ਜਾਣਕਾਰੀ ਮਿਲੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਟਿਆਲਾ ਮੀਡੀਆ ਕਲੱਬ ਦੇ ਸਾਬਕਾ ਪ੍ਰਧਾਨ ਨਵਦੀਪ ਢੀਂਗਰਾ, ਰਾਜੇਸ਼ ਪੰਜੋਲਾ, ਗੁਰਮੁੱਖ ਸਿੰਘ ਰੁਪਾਣਾ, ਗੁਰਨਾਮ ਸਿੰਘ ਅਕੀਦਾ ਤੇ ਦਾ ਇੰਡੀਅਨ ਐਕਸਪ੍ਰੈੱਸ ਤੋਂ ਦਿਵਿਆ ਗੋਇਲ ਨੇ ਸੰਬੋਧਨ ਕੀਤਾ।ਇਸ ਮੌਕੇ ਟਰੱਸਟ ਵੱਲੋਂ ਪੱਤਰਕਾਰੀ ਦੇ ਖੇਤਰ ਵਿੱਚ ਪ੍ਰਾਪਤੀਆਂ ਕਰਨ ਵਾਲੀਆਂ 18 ਸ਼ਖ਼ਸੀਅਤਾਂ ਸਰਵਸ੍ਰੀ ਨਵਦੀਪ ਢੀਂਗਰਾ ਜ਼ਿਲ੍ਹਾ ਇੰਚਾਰਜ ਪੰਜਾਬੀ ਜਾਗਰਣ, ਪਰਮੀਤ ਸਿੰਘ ਸੀਨੀਅਰ ਪੱਤਰਕਾਰ ਜਗਬਾਣੀ/ਪੰਜਾਬ ਕੇਸਰੀ, ਖੁਸ਼ਵੀਰ ਸਿੰਘ ਤੂਰ ਬਿਊਰੋ ਚੀਫ਼ ਰੋਜ਼ਾਨਾ ਸੱਚ ਕਹੂੰ, ਰਣਧੀਰ ਸਿੰਘ ਰਾਣਾ ਸੀਨੀਅਰ ਪੱਤਰਕਾਰ ਦੈਨਿਕ ਭਾਸਕਰ, ਗੁਰਨਾਮ ਸਿੰਘ ਅਕੀਦਾ ਸੀਨੀਅਰ ਪੱਤਰਕਾਰ ਅਤੇ ਲੇਖਕ, ਰਾਜੇਸ਼ ਪੰਜੋਲਾ ਬਿਊਰੋ ਚੀਫ਼ ਜੱਗਬਾਣੀ/ਪੰਜਾਬ ਕੇਸਰੀ, ਧਰਮਿੰਦਰ ਸਿੰਘ ਸਿੱਧੂ ਜ਼ਿਲ੍ਹਾ ਇੰਚਾਰਜ ਅਜੀਤ, ਗੁਰਮੁੱਖ ਸਿੰਘ ਰੁਪਾਣਾ ਵਿਸ਼ੇਸ਼ ਪ੍ਰਤੀਨਿਧ ਚੜ੍ਹਦੀਕਲਾ ਗਰੁੱਪ, ਸਰਬਜੀਤ ਸਿੰਘ ਭੰਗੂ ਜ਼ਿਲ੍ਹਾ ਕੋਆਰਡੀਨੇਟਰ ਪੰਜਾਬੀ ਟ੍ਰਿਬਿਊਨ ਪਟਿਆਲਾ, ਸੁਰੇਸ਼ ਕਾਮਰਾ ਜ਼ਿਲ੍ਹਾ ਇੰਚਾਰਜ ਦੈਨਿਕ ਸਵੇਰਾ, ਪਰਮਿੰਦਰ ਸਿੰਘ ਰਾਏਪੁਰ ਜ਼ਿਲ੍ਹਾ ਇੰਚਾਰਜ ਸਪੋਕਸਮੈਨ, ਦਿੱਵਿਆ ਗੋਇਲ ਪ੍ਰਮੁੱਖ ਪੱਤਰਕਾਰ ਦਾ ਇੰਡੀਅਨ ਐਕਸਪ੍ਰੈੱਸ, ਰਿੰਪੀ ਗੁਪਤਾ ਪੱਤਰਕਾਰ ਅਮਰ ਉਜਾਲਾ, ਗੌਰਵ ਸੂਦ ਪੱਤਰਕਾਰ ਦੈਨਿਕ ਜਾਗਰਣ, ਪਰਗਟ ਸਿੰਘ ਪੱਤਰਕਾਰ ਪੰਜਾਬੀ ਜਾਗਰਣ, ਨਰਿੰਦਰ ਬਠੋਈ ਪੱਤਰਕਾਰ ਸੱਚ ਕਹੂੰ, ਭੁਪਿੰਦਰਜੀਤ ਮੌਲਵੀਵਾਲਾ ਪੰਜਾਬੀ ਜਾਗਰਣ ਤੇ ਪਰਮਿੰਦਰ ਮੋਦਗਿੱਲ ਪੱਤਰਕਾਰ ਦੇਸ਼ ਸੇਵਕ ਦਾ ਟਰੱਸਟ ਵੱਲੋਂ ਸਨਮਾਨ ਕੀਤਾ ਗਿਆ।ਟਰੱਸਟ ਵੱਲੋਂ ਸਮੂਹ ਮੁੱਖ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਅੰਤ ਦੇ ਵਿੱਚ ਟਰੱਸਟ ਮੈਂਬਰ ਮੈਡਮ ਡਾ. ਕਿਰਨ ਸ਼ਰਮਾ ਨੇ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਟਰੱਸਟ ਦੇ ਖਜ਼ਾਨਚੀ ਨਰਿੰਦਰ ਪਾਲ ਸਿੰਘ ਤੇ ਉੱਪ-ਸਕੱਤਰ ਮੈਡਮ ਸੰਤੋਸ਼ ਸੰਧੀਰ ਨੇ ਬਾਖੂਬੀ ਨਿਭਾਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨ ਅਰੋੜਾ, ਹਰਿੰਦਰ ਸ਼ਾਰਦਾ, ਸਰਪੰਚ ਚਰਨਜੀਤ ਸਿੰਘ ਸੰਧੂ, ਮੈਡਮ ਹਰਲੀਨ ਕੌਰ, ਗਗਨਦੀਪ ਬਾਂਸਲ, ਟਰੱਸਟ ਮੈਂਬਰਜ਼ ਰਿੰਕੂ ਮੋਦਗਿੱਲ, ਦੀਪਕ ਭਾਰਦਵਾਜ, ਕੁਲਵਿੰਦਰ ਸਿੰਘ, ਪ੍ਰਿਯਕਾ ਸ਼ਰਮਾ, ਹਰਵਿੰਦਰ ਕੌਰ ਅਤੇ ਸੁਮਨ ਗੋਇਲ ਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੇ ਪਰਿਵਾਰਕ ਮੈਂਬਰ ਤੇ ਅਧਿਆਪਕ ਹਾਜ਼ਰ ਸਨ।ਇਸ ਮੌਕੇ ਸਕੂਲ ਆਫ਼ ਐਮੀਨੈਂਸ ਫੀਲਖਾਨਾ ਪਟਿਆਲਾ ਦੇ ਹੋਣਹਾਰ ਵਿਦਿਆਰਥੀ ਹਰਮਨ ਤੇ ਪ੍ਰਿੰਸ ਵੱਲੋਂ ਗੀਤਾਂ ਦੀ ਪੇਸ਼ਕਾਰੀ ਕੀਤੀ ਗਈ।

# ਨਸ਼ਾ ਤਸਕਰਾਂ ਨੂੰ ਜੇਲ੍ਹਾਂ 'ਚ ਡੱਕਣ ਲਈ ਲੋਕ ਪੁਲਸ ਨੂੰ ਸਹਿਯੋਗ ਦੇਣ : ਡੀ ਐੱਸ ਪੀ



ਗੱਲਬਾਤ ਕਰਦੇ ਡੀ ਐੱਸ ਪੀ ਦਲਵੀਰ ਸਿੰਘ ਸਿੱਧੂ ਤੇ ਥਾਣਾ ਮੁਖੀ ਜਸਵਰਿੰਦਰ ਸਿੰਘ।

**ਬਾਘਾ ਪੁਰਾਣਾ (ਮਨੀ ਸਿੰਗਲਾ)**-ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਢੀ ਹੋਈ ਹੈ, ਜਿਸ ਦੇ ਨਤੀਜੇ ਵੀ ਸਾਰਥਿਕ ਨਿਕਲ ਰਹੇ ਹਨ ਅਤੇ ਹਲਕਾ ਬਾਘਾ ਪੁਰਾਣਾ ਅੰਦਰ ਵੀ ਸਥਾਨਕ ਪੁਲਸ ਨੇ ਇਸ ਮੁਹਿੰਮ ਤਹਿਤ ਵੱਡੀ ਗਿਣਤੀ ਵਿੱਚ ਨਸ਼ਾ ਤਸਕਰਾਂ ਨੂੰ ਕਾਬੂ ਕਰ ਕੇ ਸ਼ਲਾਖਾਂ ਪਿੱਛੇ ਸੁੱਟਿਆ ਹੈ।ਇਸ ਸਬੰਧੀ ਗੱਲਬਾਤ ਕਰਦਿਆਂ ਬਾਘਾ ਪੁਰਾਣਾ ਦੇ ਡੀਐੱਸਪੀ ਦਲਵੀਰ ਸਿੰਘ ਸਿੱਧੂ ਤੇ ਥਾਣਾ ਮੁਖੀ ਜਸਵਰਿੰਦਰ ਸਿੰਘ ਨੇ ਦੱਸਿਆ ਕਿ 'ਯੁੱਧ ਨਸ਼ੇ ਵਿਰੁੱਧ' ਮੁਹਿੰਮ ਜੰਗੀ ਪੱਧਰ 'ਤੇ ਚਲਾਈ ਜਾ ਰਹੀ ਹੈ, ਜਿਸ ਤਹਿਤ ਵੱਡੀ ਗਿਣਤੀ ਵਿੱਚ ਹੁਣ ਤੱਕ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਦਿੱਤਾ ਜਾ ਚੁੱਕਾ ਹੈ ਅਤੇ ਹੁਣ ਜੋ ਪੰਜਾਬ ਸਰਕਾਰ ਨੇ 31 ਮਈ 2025 ਤੱਕ ਪੰਜਾਬ ਵਿਚੋਂ ਨਸ਼ਾ ਖਤਮ ਕਰਨ ਦਾ ਤਹੱਈਆ ਲਿਆ ਹੈ, ਉਸ ਦੇ ਤਹਿਤ ਨਸ਼ੇ ਵਿਰੁੱਧ ਮੁਹਿੰਮ ਹੋਰ ਤੇਜ਼ ਕਰਦਿਆਂ ਨਸ਼ਾਂ ਤਸਕਰਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾਵੇਗਾ।ਉਨ੍ਹਾਂ ਬਾਘਾ ਪੁਰਾਣਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਬਾਘਾ ਪੁਰਾਣਾ 'ਚੋਂ ਨਸ਼ਾ ਖਤਮ ਕਰਨ ਲਈ ਉਹ ਪੁਲਸ ਦਾ ਸਹਿਯੋਗ ਕਰਨ, ਕਿਉਂਕਿ ਉਨ੍ਹਾਂ ਦੇ ਸਹਿਯੋਗ ਤੋਂ ਬਿਨਾਂ ਨਸ਼ੇ ਨੂੰ ਜੜ੍ਹ ਤੋਂ ਖਤਮ ਕਰਨਾ ਔਖਾ ਹੈ।

ਉਨ੍ਹਾਂ ਹਲਕਾ ਬਾਘਾ ਪੁਰਾਣਾ ਅਧੀਨ ਆਉਂਦੇ ਪਿੰਡਾਂ ਦੇ ਸਰਪੰਚਾਂ, ਪੰਚਾਂ, ਸਮਾਜ ਸੇਵੀ ਕਲੱਬਾਂ ਦੇ ਇਲਾਵਾ ਨੰਬਰਦਾਰਾਂ ਨੂੰ ਅਪੀਲ ਕੀਤੀ ਕਿ ਉਹ ਨਸ਼ੇ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਤੇ ਜੇਕਰ ਕੋਈ ਵੀ ਨਸ਼ਾ ਤਸਕਰ ਉਨ੍ਹਾਂ ਦੇ ਖੇਤਰ ਵਿੱਚ ਨਸ਼ਾ ਵੇਚਦਾ ਹੈ ਤਾਂ ਉਸ ਦੀ ਜਾਣਕਾਰੀ ਤੁਰੰਤ ਪੁਲਸ ਨੂੰ ਦੇਣ।ਇਸ ਮੌਕੇ ਉਨ੍ਹਾਂ ਨਸ਼ਾ ਸਮੱਗਲਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੇ ਆਪ ਨੂੰ ਪੁਲਸ ਨੂੰ ਸਰੰਡਰ ਕਰ ਦੇਣ ਜਾਂ ਫਿਰ ਇਹ ਮਾੜੇ ਕੰਮ ਛੱਡ ਦੇਣ, ਨਹੀਂ ਤਾਂ ਉਹ ਸਜ਼ਾ ਭੁਗਤਣ ਲਈ ਤਿਆਰ ਰਹਿਣ।ਅਖੀਰ ਵਿੱਚ ਡੀ.ਐੱਸ.ਪੀ ਦਲਵੀਰ ਸਿੰਘ ਸਿੱਧੂ ਤੇ ਇੰਸਪੈਕਟਰ ਜਸਵਰਿੰਦਰ ਸਿੰਘ ਨੇ ਜ਼ਿਲ੍ਹਾ ਪੁਲਸ ਮੁਖੀ ਅਜੇ ਗਾਂਧੀ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਵੱਲੋਂ ਨਸ਼ਾ ਤਸਕਰਾਂ ਨੂੰ ਫੜਨ ਲਈ ਜਿੱਥੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਜੰਗੀ ਪੱਧਰ 'ਤੇ ਵਿੱਢੀ ਹੋਈ ਹੈ, ਉਥੇ ਹੀ ਪੁਲਸ ਵੱਲੋਂ ਗਸ਼ਤ ਤੇਜ਼ ਕਰਨ ਦੇ ਨਾਲ ਨਾਲ ਜਗ੍ਹਾ ਜਗ੍ਹਾ ਨਾਕਾਬੰਦੀਆਂ ਕਰ ਕੇ ਨਸ਼ਾ ਤਸਕਰਾਂ ਦੀ ਭਾਲ ਕੀਤੀ ਜਾ ਰਹੀ ਹੈ ਅਤੇ ਨਸ਼ਾ ਤਸਕਰ ਕਿਸੇ ਵੀ ਕੀਮਤ 'ਤੇ ਬਖਸ਼ੇ ਨਹੀਂ ਜਾਣਗੇ।

# ਆਮ ਆਦਮੀ ਪਾਰਟੀ ਧਰਨਿਆਂ ਖ਼ਿਲਾਫ਼ ਤੁਗਲਕੀ ਫ਼ੁਰਮਾਨ ਜਾਰੀ ਕਰਨੋ ਬੰਦ ਕਰੇ-ਪੰਜਾਬ ਕਿਸਾਨ ਯੂਨੀਅਨ



ਮਾਨਸਾ, (ਆਤਮਾ ਸਿੰਘ ਪਮਾਰ)-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਾਰੀ ਬਿਆਨ ਕਿ ਧਰਨੇ ਦੇਣ ਵਾਲੀਆਂ ਜਥੇਬੰਦੀਆਂ ਧਰਨੇ ਨਹੀਂ ਦੇ ਸਕਣਗੀਆਂ, ਦਾ ਜੁਆਬੀ ਬਿਆਨ ਜਾਰੀ ਕਰਦਿਆਂ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ, ਜਨਰਲ ਸਕੱਤਰ ਗੁਰਨਾਮ ਸਿੰਘ ਭੀਖੀ, ਮੀਤ ਪ੍ਰਧਾਨ ਗੋਰਾ ਸਿੰਘ ਭੈਣੀਬਾਘਾ, ਖ਼ਜ਼ਾਨਚੀ ਗੁਰਜੰਟ ਸਿੰਘ ਮਾਨਸਾ ਤੇ ਪ੍ਰੈਸ ਸਕੱਤਰ ਰਜਿੰਦਰ ਕੌਰ ਭੁਰਜ ਹਮੀਰਾ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਜਨਤਾ ਦੇ ਬੁਨਿਆਦੀ ਮਸਲਿਆਂ ਨੂੰ ਹੱਲ ਕਰਨ ਦੀ ਬਜਾਏ ਲਮਕਾਉਂਦੀ ਤਾਂ ਸੰਘਰਸ਼ਸ਼ੀਲ ਕਾਨੂੰਨ ਆਪਣੇ ਸੰਵਿਧਾਨਕ ਹੱਕਾਂ ਦੀ ਵਰਤੋਂ ਕਰਦਿਆਂ ਧਰਨੇ ਲਗਾ ਕੇ ਸਰਕਾਰ ਦੇ ਬੋਲੇ ਕੰਨਾਂ ਤੱਕ ਆਪਣੀ ਆਵਾਜ਼ ਪਹੁੰਚਾਉਣ ਲਈ ਮਜਬੂਰ ਹੋਣਗੇ। ਉਨ੍ਹਾਂ ਕਿਹਾ ਕਿ ਭਾਰੀ ਬਹੁਮਤ ਨਾਲ ਸੱਤਾ ਵਿੱਚ ਆਈ ਆਪ ਸਰਕਾਰ ਇਹ ਨਾ ਭੁੱਲੇ ਕਿ ਉਨ੍ਹਾਂ ਦੀ ਪਾਰਟੀ ਧਰਨਿਆਂ ਦੀ ਪੈਦਾਇਸ਼ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦਿੱਤੇ ਬਿਆਨ ਦੇਣ ਦੀ ਬਜਾਏ ਪੰਜਾਬ ਦੇ ਪਾਣੀਆਂ ਦੀ ਵੰਡ ਦਾ ਮਸਲਾ ਬਾਕੀ ਰਾਜਾਂ ਨੂੰ ਜ਼ਮੀਨ ਤੋਂ ਆਬਾਦੀ ਅਧਾਰਤ ਵੰਡਣ ਦੀ ਗੱਲ ਕਰੇ। ਉਨ੍ਹਾਂ ਕਿਹਾ ਕਿ ਹਰਿਆਣਾ ਨੂੰ ਛੱਡ ਕੇ ਦਿੱਲੀ, ਰਾਜਸਥਾਨ ਵੱਖ-ਵੱਖ ਰਾਜਾਂ ਨੂੰ ਜਿੰਨੇ ਰਿਪੇਰੀਅਨ ਪਾਣੀ ਦਿੱਤਾ ਜਾਂਦਾ ਹੈ, ਉਸ ਮੁਤਾਬਿਕ ਕੁਦਰਤੀ ਸੋਮਾਵਾਂ ਖ਼ਰਚ ਕਿਆ ਜਾਵੇ ਤੇ ਪੰਜਾਬ ਦਰਿਆਈ ਮਾਰਾਂ ਝੱਲਦਾ ਇਹ ਵਿਸ਼ਵ ਨੂੰ ਪਾਣੀ ਜ਼ਿਆਦਾ ਮਾਤਰਾ ਵਿੱਚ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪਾਣੀਆਂ ਦੇ ਮਸਲਿਆਂ ਤੇ ਲੋਕਾਂ ਨੂੰ ਸਰਕਾਰ ਨਾਲ ਲੜਾਇਆ ਜਾਵੇ। ਇਸ ਸਮੇਂ ਉਨ੍ਹਾਂ ਸਰਕਾਰ ਵੱਲੋਂ ਡੱਲੇਵਾਲ ਨੂੰ ਸਿੱਧੂ ਬਾਰਡਰ ਵਰਤੋਂ ਦਾ ਸਾਮਾਨ, ਟਰੈਕਟਰ ਟਰਾਲੀਆਂ ਚੋਰੀ, ਅੰਦੋਲਨਕਾਰੀਆਂ ਤੇ ਪਏ ਪਰਚਿਆਂ ਖ਼ਿਲਾਫ਼ ਧਰਨਾ ਦੇਣ ਜਾਣ ਤੋਂ ਰੋਕਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਜਦ ਜਦ ਸਰਕਾਰਾਂ ਤਾਨਾਸ਼ਾਹੀ ਰਵੱਈਆ ਅਪਣਾਉਂਦੀਆਂ ਆਈਆਂ ਨੇ ਤਦ ਤਦ ਲੋਕਾਂ ਨੇ ਆਪਣਾ ਵਿਰੋਧ ਜਿਤਾਇਆ ਹੈ, ਪੰਜਾਬ ਦੇ ਮਿਹਨਤਕਸ਼ ਤੇ ਬਹਾਦਰ ਲੋਕ ਨਾ ਕਦੇ ਤੁਗਲਕੀ ਫ਼ੁਰਮਾਨਾਂ ਅੱਗੇ ਝੁਕੇ ਹਨ ਨਾ ਕਦੇ ਡਰੇ ਹਨ।

## ਕਾਸੋ ਅਪ੍ਰੇਸ਼ਨ ਤਹਿਤ 4 ਗ੍ਰਿਫ਼ਤਾਰ

ਜਲੰਧਰ, (ਸੁਰਿੰਦਰ ਕੁਮਾਰ) ਪੰਜਾਬ ਸਰਕਾਰ ਵੱਲੋਂ ਸ਼ੁਰੂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਮਿਸ਼ਨਰੇਟ ਪੁਲਸ ਜਲੰਧਰ ਨੇ ਸ਼ਹਿਰ ਦੇ ਪ੍ਰਮੁੱਖ ਖੇਤਰਾਂ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈੱਟਵਰਕਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਇੱਕ ਵਿਸ਼ੇਸ਼ ਕਾਸੋ ਅਪ੍ਰੇਸ਼ਨ ਚਲਾਇਆ।ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਸੰਬੰਧਤ ਏ ਸੀ ਪੀ ਦੀ ਨਿਗਰਾਨੀ ਹੇਠ ਸਬੰਧਿਤ ਥਾਣਿਆਂ ਦੀਆਂ ਟੀਮਾਂ ਵੱਲੋਂ ਇਹ ਆਪ੍ਰੇਸ਼ਨ ਚਲਾਇਆ ਗਿਆ।ਇਸ ਅਪ੍ਰੇਸ਼ਨ ਵਿੱਚ ਜਲੰਧਰ ਵਿੱਚ ਕਈ ਹੌਟਸਪਾਟਾਂ 'ਤੇ ਛਾਪੇਮਾਰੀ ਕੀਤੀ ਗਈ।ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੇ ਨਤੀਜੇ ਵਜੋਂ ਪੁਲਸ ਸਟੇਸ਼ਨ ਡਿਵੀਜ਼ਨ ਨੰਬਰ 7,8 ਅਤੇ ਰਾਮਾ ਮੰਡੀ ਵਿੱਚ 3 ਐਨ.ਡੀ.ਪੀ.ਐਸ ਐਕਟ ਤਹਿਤ ਦਰਜ ਕੀਤੀਆਂ ਗਈਆਂ ਅਤੇ ਚਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਜ਼ਬਤ ਕੀਤੇ ਗਏ ਨਸ਼ੀਲੇ ਪਦਾਰਥਾਂ ਵਿੱਚ 155 ਨਸ਼ੀਲੀਆਂ ਗੋਲੀਆਂ ਅਤੇ 5.30 ਗ੍ਰਾਮ ਹੈਰੋਇਨ ਸ਼ਾਮਲ ਹੈ।ਇਸ ਤੋਂ ਇਲਾਵਾ, ਇੱਕ ਨਸ਼ੇ ਦੇ ਆਦੀ ਵਿਅਕਤੀ ਨੂੰ ਨਸ਼ਾ ਛੁਡਾਊ ਕੇਂਦਰ ਭੇਜਿਆ ਗਿਆ।

## Lost and Found

I, Gaurav Kumar S/o Subhash Chander R/o Village Shah Slempur, Near Sharma Bekry, Nakodar, Mehatpur, Jalandhar, Punjab 144041 do hereby inform that Original Registered Transfer Deed Dated:-21-02-2023, Document No.2022-23/184/1/1842. pertaining to property measuring 03K-03mls out of Khasra No.13/2/3/2, 3, 8/1/1, 9/1/1 Situated in the area of Village Rasulpur, Tehsil Nakodar, District Jalandhar and H.B.No.26 was lost by me on 29-04-2025 . In case this deed is found I may be contacted on 99185-00008.

I Jaswinder Singh S/o Soorat Singh S/o Amar Singh R/o Mohalla Sunder Nagar, Nakodar, Tehsil Nakodar, Distict Jalandhar, Punjab 144040 do hereby inform that Original Registered Sale Deed Dated:-21-12-2017, Document No.1398, Original Registered Sale Deed Dated:-23-04-2014, Document No.163, Original Registered Sale Deed Dated:-21-12-2017, Document No.1404 & Original Registered Sale Deed Dated:-23-04-2014, Document No.164. pertaining to property measuring 00K-12mls out of Khasra No.181//10, 180//5/1 Situated in the area of Village Nakodar-01, 02, Tehsil Nakodar, District Jalandhar and H.B.No.31 Were lost by me on 19-04-2025. In case these registered sale deeds are found I may be contacted on above mentioned address.

## COURT NOTICE

(U/o 5 Rule 20 CPC)
In the Court of
**Sh. Munish Garg**
Civil Judge Senior Division),
Barnala
CNR No. PBBR02-000670-2025
Next Date :- 23-05-2025
Nitish Kumar
Vs.
General Public
Publication Issued to :
General Public
: Barnala

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 23.05.2025 at 10:00 A.M.

For details logon to https://highcourtchd.gov.in/?mod=district_notice&district=mogacourt

Civil Judge Senior Division,
Barnala
Dated this day of 03-05-2025

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਮਨਿੰਦਰ ਸਿੰਘ ਸਿੱਧੂ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ ਸ਼ਾਹਕੋਟ।

ਮਾਲ ਰਿਕਾਰਡ ਪਿੰਡ ਕੋਠਾ ਵਿਚ ਸੁਰਜਨ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਪੂਰਨ ਸਿੰਘ ਤੋਂ ਬਦਲ ਕੇ ਸੁਰਜੀਤ ਕੌਰ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਕੋਠਾ ਤਹਿਸੀਲ ਸ਼ਾਹਕੋਟ ਕਰਨ ਬਾਰੇ।

ਆਮ ਨੂੰ ਲਿਖਿਆ ਜਾਂਦਾ ਹੈ ਕਿ ਇਸ ਅਦਾਲਤ ਵਿਚ ਦਰਖਾਸਤ ਪ੍ਰਾਪਤ ਹੋਈ ਹੈ ਕਿ ਮਾਲ ਰਿਕਾਰਡ ਵਿਚ ਸੁਰਜੀਤ ਕੌਰ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਪੂਰਨ ਸਿੰਘ ਗਲਤੀ ਨਾਲ ਸੁਰਜਨ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਪੂਰਨ ਸਿੰਘ ਲਿਖਿਆ ਗਿਆ ਹੈ। ਸਹੀ ਨਾਮ ਸੁਰਜੀਤ ਕੌਰ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਪੂਰਨ ਸਿੰਘ ਬਾਰੇ ਦਰਖਾਸਤ ਪੇਸ਼ ਕੀਤੀ ਹੈ। ਮਾਲ ਰਿਕਾਰਡ ਦਰੁਸਤ ਕੀਤਾ ਜਾਣਾ ਹੈ। ਅਗਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਮਿਤੀ 07.05.2025 ਤੱਕ ਇਸ ਅਦਾਲਤ ਵਿਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਪੇਸ਼ ਹੋ ਕੇ ਇਤਰਾਜ਼ ਪੇਸ਼ ਕਰ ਸਕਦਾ ਹੈ। ਨਿਸ਼ਚਿਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿਚ ਦਰਖਾਸਤ ਦਾ ਫੈਸਲਾ ਨਿਯਮਾਂ ਅਨੁਸਾਰ ਕਰ ਦਿੱਤਾ ਜਾਵੇਗਾ।

ਅੱਜ ਮਿਤੀ 24.04.2025 ਨੂੰ ਮੇਰੇ ਹਸਤਾਖਰ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ ਸ਼ਾਹਕੋਟ।

## ਫਾਰਮ ਨੰ. 3 [ਵੇਖੋ ਨਿਯਮ-13 (1) (ਏ)]

**ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)**
ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017
ਕੇਸ ਨੰ. ਓ ਏ/1586/2019
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਈ ਐਕਸ ਐਚ ਨੰ. 24352
**ਐਕਸਿਸ ਬੈਂਕ ਬਨਾਮ ਸੁਰਜੀਤ ਕੌਰ**

ਸੇਵਾ 'ਚ,
(1) ਸੁਰਜੀਤ ਕੌਰ ਪਤਨੀ ਬਖਸ਼ੀਸ਼ ਸਿੰਘ ਵਾਸੀ ਪਿੰਡ ਬੋਹਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ।
(2) ਅਰਸ਼ਦੀਪ ਕੌਰ ਪਤਨੀ ਰਵਿੰਦਰ ਸਿੰਘ ਵਾਸੀ ਪਿੰਡ ਬੋਹਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ।
(3) ਸੁਰਤ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਪਿੰਡ ਬੋਹਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ।

**ਸੰਮਨ**

ਜਦੋਂ ਕਿ ਓ ਏ/1586/2019 ਮਾਣਯੋਗ ਪ੍ਰੀਜ਼ਾਈਡਿੰਗ ਅਫਸਰ/ਰਜਿਸਟਰਾਰ ਸਨਮੁੱਖ 05.03.2025 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 29,75866.7/-(ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-
(1) ਸੰਮਨਾਂ ਦੀ ਤਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।
(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐਸੇਟਸ ਦੇ ਵੇਰਵੇ ਦਾ ਖੁਲਾਸਾ ਕਰਨਾ।
(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਜਾਂ ਸਕਿਉਰਡ ਐਸੇਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।
(4) ਕਿਸੇ ਵੀ ਐਸੇਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐਸੇਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।
(5) ਸਕਿਉਰਡ ਐਸੇਟਸ ਜਾਂ ਹੋਰ ਐਸੇਟਸ ਅਤੇ ਜਾਇਦਾਦਾਂ ਦੀ ਬਿਜ਼ਨੈਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐਸੇਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।

ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 18.06.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 11.03.2025 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਵਾਲੇ ਅਧਿਕਾਰਤ ਅਫਸਰ ਦੇ ਦਸਤਖਤ

## ਫਾਰਮ ਨੰ. 3 [ਵੇਖੋ ਨਿਯਮ-13 (1) (ਏ)]

**ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)**
ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017
ਕੇਸ ਨੰ. ਓ ਏ/558/2024
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਈ ਐਕਸ ਐਚ ਨੰ. 23418
**ਐਕਸਿਸ ਬੈਂਕ ਬਨਾਮ ਮੈਸ. ਜਸਕੀਰਤ ਨਿਟਵੀਅਰ ਅਤੇ ਹੋਰ**

ਸੇਵਾ 'ਚ,
(1) ਮੈਸਰਜ਼ ਜਸਕੀਰਤ ਨਿਟਵੀਅਰ, ਰਾਹੀਂ ਇਸ ਦੇ ਮਾਲਕ, ਮਕਾਨ ਨੰ. 1509, ਗਲੀ ਨੰ. 3, ਭਾਰਤੀ ਕਾਲੋਨੀ, ਲੁਧਿਆਣਾ-141000
(2) ਸੰਤ ਸਿੰਘ ਮਾਲਕ ਮੈਸ. ਜਸਕੀਰਤ ਨਿਟਵੀਅਰ, ਮਕਾਨ ਨੰ. 1509, ਬਹਾਦਰ ਕੇ ਰੋਡ, ਗਲੀ ਨੰ. 3, ਭਾਰਤੀ ਕਾਲੋਨੀ, ਲੁਧਿਆਣਾ, ਪੰਜਾਬ।

**ਸੰਮਨ**

ਜਦੋਂ ਕਿ ਓ ਏ/558/2024 ਮਾਣਯੋਗ ਪ੍ਰੀਜ਼ਾਈਡਿੰਗ ਅਫਸਰ/ਰਜਿਸਟਰਾਰ ਸਨਮੁੱਖ 27.12.2024 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 20,97,036.31/-(ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-
(1) ਸੰਮਨਾਂ ਦੀ ਤਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।
(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐਸੇਟਸ ਦੇ ਵੇਰਵੇ ਦਾ ਖੁਲਾਸਾ ਕਰਨਾ।
(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਜਾਂ ਸਕਿਉਰਡ ਐਸੇਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।
(4) ਕਿਸੇ ਵੀ ਐਸੇਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐਸੇਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।
(5) ਸਕਿਉਰਡ ਐਸੇਟਸ ਜਾਂ ਹੋਰ ਐਸੇਟਸ ਅਤੇ ਜਾਇਦਾਦਾਂ ਦੀ ਬਿਜ਼ਨੈਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐਸੇਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।

ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 22.05.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ - 02.-01.2025 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਵਾਲੇ ਅਧਿਕਾਰਤ ਅਫਸਰ ਦੇ ਦਸਤਖਤ

## ਉੱਤਰ ਰੇਲਵੇ

**ਖੁਲੀ ਈ-ਨਿਵਿਦਾ ਸੂਚਨਾ**

| | |
|---|---|
| ਕੰਮ ਨਾਮ | ਜੰਮੂ ਤਵੀ (ਜੰਮੂ ਅਤੇ ਕਸ਼ਮੀਰ) ਵਿਚ ਨਵੇਂ ਡਵੀਜਨ ਦਫਤਰ ਅਤੇ ਹੋਰ ਸੁਵਿਧਾਵਾਂ ਨਾਲ ਸਬੰਧਿਤ ਬੁਨਿਆਦੀ ਢਾਂਚਾ ਸੁਵਿਧਾਵਾਂ ਦੀ ਸਥਾਪਨਾ। |
| ਲਗਭਗ ਲਾਗਤ | ₹ 1,87,82,034 (ਇਕ ਕਰੋੜ ਸਤਾਸੀ ਲਖ ਬਿਆਸੀ ਹਜਾਰ ਚੌਂਤੀ ਕੇਵਲ) |
| ਸਮਾਪਤੀ ਸਮਾਂ | 150 ਦਿਨ |
| ਬੋਲੀ ਸੁਰੱਖਿਆ ਰਾਸ਼ੀ | ₹ 2,43,900/- (ਦੋ ਲਖ ਤਰਤਾਲੀ ਹਜਾਰ ਨੌਂ ਸੌ ਕੇਵਲ) |
| ਈ-ਨਿਵਿਦਾ ਪੇਸ਼ ਕਰਨ ਅਤੇ ਨਿਵਿਦਾ ਖੋਹਲਣ ਦੀ ਮਿਤੀ ਅਤੇ ਸਮਾਂ | ਨਿਵਿਦਾ ਮਿਤੀ 16.05.2025 ਤੋਂ 30.05.2025 ਤਕ 12 ਵਜੇ ਤਕ IREPS ਵੈਬਸਾਈਟ ਯਾਨੀ www.ireps.gov.in 'ਤੇ ਅਪਲੋਡ ਕੀਤੀ ਜਾ ਸਕਦੀ ਹੈ। ਬੋਲੀਦਾਤਾ ਈ-ਨਿਵਿਦਾ ਵਿਚ ਭਾਗ ਲੈ ਸਕਦੇ ਹਨ, ਨਿਵਿਦਾ ਉਸ ਦੇ ਤੁਰੰਤ ਬਾਅਦ 30.05.2025 ਨੂੰ 12 ਵਜੇ ਖੋਹਲੀ ਜਾਏਗੀ। |
| ਨਿਵਿਦਾਵਾਂ ਅਪਲੋਡ ਕਰਨ ਅਤੇ ਖੁਲਣ ਦੀ ਮਿਤੀ ਅਤੇ ਸਮਾਂ | 30.05.2025 ਨੂੰ 12 ਵਜੇ ਤਕ। ਨਿਵਿਦਾਕਰਤਾ ਦੁਆਰਾ ਨਿਵਿਦਾ ਦਸਤਾਵੇਜ ਆਈਆਰਈਪੀਐਸ ਵੈਬਸਾਈਟ ਉਤੇ 16.05.2025 ਤੋਂ 30.05.2025 ਨੂੰ 12 ਵਜੇ ਤਕ ਅਪਲੋਡ ਕੀਤੇ ਜਾ ਸਕਦੇ ਹਨ। |
| ਵਿਸਤ੍ਰਿਤ ਨਿਵਿਦਾ ਸੂਚਨਾ ਅਤੇ ਨਿਵਿਦਾ ਦਸਤਾਵੇਜ | ਨਿਵਿਦਾ ਸੂਚਨਾ ਆਈਆਰਈਪੀਐਸ ਦੀ ਵੈਬਸਾਈਟ ਯਾਨੀ www.ireps.gov.in ਉਤੇ ਮਿਤੀ 16.05.2025 ਤੋਂ 30.05.2025 ਤਕ 12 ਵਜੇ ਉਪਲਬਧ ਰਹਿਣਗੇ ਅਤੇ 16.05.2025 ਤੋਂ 30.05.2025 ਤਕ 12 ਵਜੇ ਤਕ ਜਮ੍ਹਾ ਕੀਤੇ ਜਾ ਸਕਣਗੇ। ਉਪਰੋਕਤ ਵੈਬਸਾਈਟ ਤੇ ਖੁਦ ਨੂੰ ਇਲੈਕਟ੍ਰਾਨਿਕ ਰੂਪ ਨਾਲ ਰਜਿਸਟਰਡ ਕਰੋ, ਜਿਸ ਦੇ ਲਈ ਉਨ੍ਹਾਂ ਨੂੰ ਆਈ ਟੀ ਅਧਿਨਿਯਮ-2000 ਦੇ ਤਹਿਤ ਸੀ ਸੀ ਏ ਦੁਆਰਾ ਜਾਰੀ ਕਲਾਸ-III ਡਿਜਿਟਲ ਸਰਟੀਫਿਕੇਟ (ਜੇਕਰ ਪਹਿਲਾਂ ਤੋਂ ਪ੍ਰਾਪਤ ਨਹੀਂ ਕੀਤਾ ਗਿਆ ਹੈ) ਪ੍ਰਾਪਤ ਕਰਨਾ ਹੋਵੇਗਾ। ਉਪਰੋਕਤ ਨਿਵਿਦਾ ਦੇ ਸਬੰਧ ਵਿਚ ਹੋਰ ਸਾਰੇ ਨਿਯਮ ਤੇ ਸ਼ਰਤਾਂ ਨਿਵਿਦਾ ਦਸਤਾਵੇਜ ਵਿਚ ਦਿਤੇ ਗਏ ਹਨ। ਵਿਸਤ੍ਰਿਤ ਨਿਵਿਦਾ ਸੂਚਨਾ ਉਪਰੋਕਤ ਦਫਤਰ ਦੇ ਨੋਟਿਸ ਬੋਰਡ ਤੇ ਵੀ ਵੇਖੀ ਜਾ ਸਕਦੀ ਹੈ। |

ਨਿਵਿਦਾ ਸੂਚਨਾ: 75-ਡਬਲਯੂ/1/2025/ਡਬਲਯੂਏ/ਡਵੀਜਨਲ ਇਨਫ੍ਰਾ-ਜੇਏਟੀ, ਮਿਤੀ : 03.05.2025
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ    1319/25

## ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ
### ਕਬਜ਼ਾ ਨੋਟਿਸ

[ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 8 (1) ਅਧੀਨ]

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਅਧੀਨ ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 15.11.2022 ਨੂੰ ਇਕ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰ ਅਤੇ ਗਰੰਟਰ ਸ੍ਰੀ ਰਾਜੇਂਦਰ ਸਿੰਘ ਪੁੱਤਰ ਮਾਮ ਚੰਦ, ਸ੍ਰੀਮਤੀ ਪੂਜਾ ਰਾਣੀ ਪਤਨੀ ਰਾਜੇਂਦਰ ਸਿੰਘ ਅਤੇ ਸ੍ਰੀ ਨਰੇਸ਼ ਕੁਮਾਰ ਪੁੱਤਰ ਕੇਹਰ ਸਿੰਘ ਨੂੰ ਨੋਟਿਸ 'ਚ ਵਰਨਣ ਰਾਸ਼ੀ ਰੁਪਏ 5,48,951.50 (ਪੰਜ ਲੱਖ ਅਠਤਾਲੀ ਹਜ਼ਾਰ ਨੌਂ ਸੌ ਇਕਵੰਜਾ ਰੁਪਏ ਅਤੇ ਪੰਜਾਹ ਪੈਸੇ ਕੇਵਲ) 01.11.2022 ਤੋਂ ਭਵਿੱਖੀ ਵਿਆਜ ਸਮੇਤ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਰੂਲ ਦੇ ਨਿਯਮ 8 ਅਤੇ 9 ਨਾਲ ਪੜ੍ਹੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਮਿਤੀ 02 ਮਈ 2025 ਨੂੰ ਕਬਜ਼ਾ ਲੈ ਲਿਆ ਹੈ।

ਖਾਸ ਤੌਰ 'ਤੇ ਕਰਜ਼ਦਾਰ/ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਰੁਪਏ 5,48,951.50 (ਪੰਜ ਲੱਖ ਅਠਤਾਲੀ ਹਜ਼ਾਰ ਨੌਂ ਸੌ ਇਕਵੰਜਾ ਰੁਪਏ ਅਤੇ ਪੰਜਾਹ ਪੈਸੇ ਕੇਵਲ) ਸਮੇਤ 01.11.2022 ਭਵਿੱਖੀ ਵਿਆਜ (ਮਨਫੀ ਵਸੂਲੀ ਜੇਕਰ ਕੋਈ ਹੈ) ਦੇ ਲਈ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਓਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਉੱਚਿ ਰਹਿਨਨਾਮਾ : ਬੈਨਾਮਾ ਰਜਿਸਟਰਡ ਨੰ: 320 ਮਿਤੀ 25.04.2019 ਅਨੁਸਾਰ ਪੂਜਾ ਰਾਣੀ ਪਤਨੀ ਰਾਜੇਂਦਰ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 2.5 ਮਰਲੇ, ਵਾਕਿਆ ਰਕਬਾ ਮੋਜਾ ਪੰਜ ਸਾਲਾ, ਹਦਬਸਤ ਨੰ: 96, ਤਹਿਸੀਲ ਨਰਾਇਣਗੜ੍ਹ, ਜ਼ਿਲ੍ਹਾ ਅੰਬਾਲਾ ਨਾਲ ਸੰਬੰਧਤ ਸਭ ਕੁੱਝ।

ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ,
ਮਿਤੀ : 02.05.2025    ਮੁੱਖ ਦਫ਼ਤਰ-ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37, ਜੀ ਟੀ ਰੋਡ,
ਸਥਾਨ : ਜਲੰਧਰ    ਜਲੰਧਰ-144001, ਪੰਜਾਬ ਇੰਡੀਆ, ਮੋਬਾ: 80549-60367

## ਜਨਤਕ ਨੋਟਿਸ

ਆਈਡੀਐਫਸੀ ਫਸਟ ਬੈਂਕ ਲਿਮਟਿਡ ਦੇ ਨਿਰਦੇਸ਼ਾਂ ਅਧੀਨ, ਮੈਂ ਆਮ ਜਨਤਾ ਨੂੰ ਸੂਚਿਤ ਕਰਦੀ ਹਾਂ ਕਿ ਪਰਮਿੰਦਰ ਕੌਰ ਪਤਨੀ ਜਸਪ੍ਰੀਤ ਸਿੰਘ, ਪ੍ਰਾਪਰਟੀ ਸ਼ਾਪ ਪ੍ਰਾਈਵੇਟ ਨੰਬਰ 11 (ਗਰਾਊਂਡ ਫਲੋਰ) ਦੀ ਪੂਰੀ ਮਾਲਕ ਹੈ ਜੋ ਬਿਲਡਿੰਗ ਨੰਬਰ 2346 ਤੋਂ **2351/XV-17** ਖਾਨਾ ਸ਼ੁਮਾਰੀ ਵਿੱਚ ਬਣੀ ਹੈ, ਜਿਸ ਦੀ ਲੰਬਾਈ 25 ਫੁੱਟ ਚੌੜਾਈ 8 ਫੁੱਟ ਹੈ, ਕੁੱਲ 22.22 ਵਰਗ ਗਜ਼ ਹੈ ਜਿਸ ਦੀ ਹੱਦ ਖਸਰਾ ਨੰਬਰ 1578 ਮਿਨ ਹੈ ਜੋ ਪੂਰਬ: ਕਾਮਨ ਗਲੀ, ਪੱਛਮ ਕਾਮਨ ਗਲੀ, ਉੱਤਰ: ਕਾਮਨ ਰੋਡ, ਦੱਖਣ: ਵੇਚਣ ਵਾਲੇ ਦੀ ਦੁਕਾਨ ਹੈ, ਜੋ ਕਿ ਅੰਮ੍ਰਿਤਸਰ ਸ਼ਹਿਰੀ ਸਰਕਲ ਨੰਬਰ 107 ਦੇ ਬਾਹਰ ਗੇਟ ਸੁਲਤਾਨਵਿੰਡ ਐਮਸੀ ਸੁਲਤਾਨਵਿੰਡ, ਅਜੀਤ ਨਗਰ ਦੇ ਨੇੜੇ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਖੇਤਰ ਵਿੱਚ ਸਥਿਤ ਹੈ। ਦਸਤਾਵੇਜ਼ਾਂ ਅਨੁਸਾਰ ਅੰਮ੍ਰਿਤਪਾਲ ਸਿੰਘ ਸੰਧੂ ਪੁੱਤਰ ਬਸੰਤ ਸਿੰਘ ਸੰਧੂ, ਗੁਰਜੀਤ ਕੌਰ ਪਤਨੀ ਹਰਭਜਨ ਸਿੰਘ ਸੰਧੂ, ਨਵਸ਼ੇਰ ਸਿੰਘ ਸੰਧੂ ਪੁੱਤਰ ਹਰਭਜਨ ਸਿੰਘ ਸੰਧੂ ਨੇ 22.22 ਵਰਗ ਗਜ਼ (ਗਰਾਊਂਡ ਫਲੋਰ) ਦੀ ਦੁਕਾਨ ਜਤਿੰਦਰ ਕੌਰ ਪਤਨੀ ਸਤਨਾਮ ਸਿੰਘ ਨੂੰ 18.01.1995 ਨੂੰ ਦਸਤਾਵੇਜ਼ ਨੰਬਰ 22485 ਦੇ ਤੌਰ 'ਤੇ ਵੇਚ ਦਿੱਤੀ ਸੀ ਅਤੇ ਇਸ ਨੂੰ ਸਾਲ 2010-11, 2015-16 ਲਈ ਜਮ੍ਹਾਂਬੰਦੀ ਵਿੱਚ 1 ਮਰਲੇ ਦੇ ਮਾਲਕ ਵਜੋਂ ਦਰਸਾਇਆ ਗਿਆ ਹੈ। ਫਿਰ ਸਤਨਾਮ ਸਿੰਘ ਨਾਲ ਜਤਿੰਦਰ ਕੌਰ ਦੀ ਮੌਤ ਤੋਂ ਬਾਅਦ ਉਸ ਦੀ ਜਾਇਦਾਦ ਸਤਨਾਮ ਸਿੰਘ ਪੁੱਤਰ ਮਨਸਾ ਸਿੰਘ, ਦੀਪ ਅਵੀਨਿੰਦਰ ਕੌਰ ਪਤਨੀ ਸਤਨਾਮ ਸਿੰਘ, ਅਮਰਦੀਪ ਸਿੰਘ, ਜਸਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ ਨੂੰ ਵਿਰਾਸਤ ਵਿੱਚ ਮਿਲੀ, ਜਿਸ ਦਾ ਇੰਤਕਾਲ ਨੰਬਰ 19105 ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤਾ ਗਿਆ ਹੈ ਅਤੇ ਅਮਰਦੀਪ ਸਿੰਘ ਪੁੱਤਰ ਸਤਨਾਮ ਸਿੰਘ ਦੀ ਮੌਤ ਤੋਂ ਬਾਅਦ ਉਸ ਦੀ 1/4 ਹਿੱਸੇ ਦੀ ਜਾਇਦਾਦ ਦਮਨਦੀਪ ਕੌਰ ਪਤਨੀ ਅਮਰਦੀਪ ਸਿੰਘ, ਕੁੰਵਰਦੀਪ ਸਿੰਘ ਪੁੱਤਰ ਅਮਰਦੀਪ ਸਿੰਘ, ਸਿਮਰਦੀਪ ਕੌਰ ਪੁੱਤਰੀ ਅਮਰਦੀਪ ਸਿੰਘ ਨੂੰ ਵਿਰਾਸਤ ਵਿੱਚ ਮਿਲੀ, ਜਿਸ ਦਾ ਇੰਤਕਾਲ ਨੰ. 19896 ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤਾ ਗਿਆ ਹੈ ਅਤੇ ਸਾਲ 2020-21 ਦੀ ਜਮ੍ਹਾਂਬੰਦੀ ਵਿੱਚ ਸਤਨਾਮ ਸਿੰਘ ਪੁੱਤਰ ਮਨਸਾ ਸਿੰਘ (1/4), ਜਸਪ੍ਰੀਤ ਸਿੰਘ ਪੁੱਤਰ, ਦੀਪ ਅਵੀਨਿੰਦਰ ਕੌਰ ਪੁੱਤਰੀ ਸਤਨਾਮ ਸਿੰਘ (1/2), ਦਮਨਦੀਪ ਕੌਰ, ਸਿਮਰਦੀਪ ਕੌਰ ਪੁੱਤਰੀ ਅਮਰਦੀਪ ਸਿੰਘ (1/4) ਨੂੰ 0.9 ਮਰਲੇ ਜਾਇਦਾਦ ਦੇ ਮਾਲਕ ਦਿਖਾਇਆ ਗਿਆ ਹੈ। ਫਿਰ ਦਮਨਦੀਪ ਕੌਰ ਪਤਨੀ ਅਮਰਦੀਪ ਸਿੰਘ, ਕੁੰਵਰਦੀਪ ਸਿੰਘ ਪੁੱਤਰ ਅਮਰਦੀਪ ਸਿੰਘ, ਸਿਮਰਦੀਪ ਕੌਰ ਪਤਨੀ ਅਮਰਦੀਪ ਸਿੰਘ ਨੇ ਆਪਣਾ 1/4 ਹਿੱਸਾ ਯਾਨੀ 5.55 ਵਰਗ ਗਜ਼ ਜਾਇਦਾਦ ਪਰਮਿੰਦਰ ਕੌਰ ਪਤਨੀ ਜਸਪ੍ਰੀਤ ਸਿੰਘ ਨੂੰ 18.05.2021 ਨੂੰ ਦਸਤਾਵੇਜ਼ ਨੰਬਰ 2021-22/89/1/1524 ਦੇ ਤੌਰ 'ਤੇ ਗਿਫਟ ਡੀਡ ਰਜਿਸਟਰਡ ਰਾਹੀਂ ਤੋਹਫ਼ੇ ਵਜੋਂ ਦੇ ਦਿੱਤੀ, ਜਿਸ ਵਿੱਚੋਂ ਇੰਤਕਾਲ ਨੰਬਰ 20066 ਨੂੰ ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰੀ ਦਿੱਤੀ ਗਈ ਹੈ ਅਤੇ ਸਤਨਾਮ ਸਿੰਘ ਪੁੱਤਰ ਮਨਸਾ ਸਿੰਘ, ਦੀਪ ਅਵੀਨਿੰਦਰ ਕੌਰ ਪਤਨੀ ਸਤਨਾਮ ਸਿੰਘ ਨੇ ਆਪਣਾ 2/4 ਹਿੱਸਾ ਯਾਨੀ 11.11 ਵਰਗ ਗਜ਼ ਜਾਇਦਾਦ ਜਸਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ ਨੂੰ 18.05.2021 ਨੂੰ ਦਸਤਾਵੇਜ਼ ਨੰਬਰ 2021-22/39/1/1523 ਦੇ ਤੌਰ 'ਤੇ ਟ੍ਰਾਂਸਫਰ ਕਰ ਦਿੱਤੀ, ਜਿਸ ਵਿੱਚੋਂ ਇੰਤਕਾਲ ਨੰਬਰ 20067 ਨੂੰ ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰੀ ਦਿੱਤੀ ਗਈ ਹੈ। ਫਿਰ ਜਸਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ ਦੀ ਮੌਤ ਤੋਂ ਬਾਅਦ ਉਸਦੀ 16.66 ਵਰਗ ਗਜ਼ ਜਾਇਦਾਦ ਜਸਪ੍ਰੀਤ ਸਿੰਘ ਦੇ ਪੁੱਤਰਾਂ ਜਾਨਪ੍ਰੀਤ ਸਿੰਘ ਅਤੇ ਜੋਤਸਰੂਪ ਸਿੰਘ ਅਤੇ ਪਰਮਿੰਦਰ ਕੌਰ ਪਤਨੀ ਜਸਪ੍ਰੀਤ ਸਿੰਘ ਨੂੰ ਵਿਰਾਸਤ ਵਿੱਚ ਮਿਲੀ, ਜਿਸ ਦਾ ਇੰਤਕਾਲ ਨੰ. 21602 ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤਾ ਗਿਆ ਹੈ। ਫਿਰ ਜਸਪ੍ਰੀਤ ਸਿੰਘ ਦੇ ਪੁੱਤਰਾਂ ਜਾਨਪ੍ਰੀਤ ਸਿੰਘ ਅਤੇ ਜੋਤਸਰੂਪ ਸਿੰਘ ਨੇ 16.66 ਵਰਗ ਗਜ਼ ਦਾ ਆਪਣਾ 2/3 ਹਿੱਸਾ ਭਾਵ 11.1 ਵਰਗ ਗਜ਼ ਜਾਇਦਾਦ ਪਰਮਿੰਦਰ ਕੌਰ ਪਤਨੀ ਜਸਪ੍ਰੀਤ ਸਿੰਘ ਨੂੰ 6.09.2024 ਨੂੰ ਦਸਤਾਵੇਜ਼ ਨੰਬਰ 2024/25/89/1/6048 ਦੇ ਰੂਪ ਵਿੱਚ ਤਬਦੀਲ ਕਰ ਦਿੱਤਾ, ਜਿਸ ਵਿੱਚੋਂ ਇੰਤਕਾਲ ਨੰ. 21685 ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤਾ ਗਿਆ ਹੈ। ਹੁਣ ਪਰਮਿੰਦਰ ਕੌਰ ਪਤਨੀ ਜਸਪ੍ਰੀਤ ਸਿੰਘ ਨੂੰ ਇਕਲੌਤੀ ਜਾਇਦਾਦ ਯਾਨੀ ਕਿ% ਹਿੱਸਾ ਗਿਫਟ ਡੀਡ ਅਤੇ ਵਿਰਾਸਤ ਦੁਆਰਾ ਹਿੱਸਾ ਅਤੇ 2/4 ਹਿੱਸਾ ਟ੍ਰਾਂਸਫਰ ਡੀਡ ਦੁਆਰਾ ਮਾਲਕ ਵਜੋਂ ਦਰਸਾਇਆ ਗਿਆ ਹੈ। ਇਹ ਪ੍ਰਮਾਣਿਤ ਕੀਤਾ ਜਾਂਦਾ ਹੈ ਕਿ ਜਤਿੰਦਰ ਕੌਰ ਪਤਨੀ ਸਤਨਾਮ ਸਿੰਘ ਦੀ ਮੌਤ ਤੋਂ ਬਾਅਦ ਉਸ ਦੇ ਜਾਇਦਾਦ ਸਤਨਾਮ ਸਿੰਘ ਪੁੱਤਰ ਮਨਸਾ ਸਿੰਘ, ਦੀਪ ਅਵੀਨਿੰਦਰ ਕੌਰ ਪਤਨੀ ਸਤਨਾਮ ਸਿੰਘ, ਅਮਰਦੀਪ ਸਿੰਘ, ਜਸਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ ਨੂੰ ਵਿਰਾਸਤ ਵਿੱਚ ਮਿਲੀ, ਜਿਸ ਦਾ ਇੰਤਕਾਲ ਨੰ. 19105 ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤਾ ਗਿਆ ਹੈ ਅਤੇ ਉਨ੍ਹਾਂ ਤੋਂ ਇਲਾਵਾ ਕੋਈ ਹੋਰ ਕਾਨੂੰਨੀ ਵਾਰਸ ਨਹੀਂ ਹੈ। ਅਤੇ ਅਮਰਦੀਪ ਸਿੰਘ ਪੁੱਤਰ ਸਤਨਾਮ ਸਿੰਘ ਦੀ ਮੌਤ ਤੋਂ ਬਾਅਦ ਉਸਦੀ ਹਿੱਸੇ ਦੀ ਜਾਇਦਾਦ ਦਮਨਦੀਪ ਕੌਰ ਪਤਨੀ ਅਮਰਦੀਪ ਸਿੰਘ, ਕੁੰਵਰਦੀਪ ਸਿੰਘ ਪੁੱਤਰ ਅਮਰਦੀਪ ਸਿੰਘ, ਸਿਮਰਦੀਪ ਕੌਰ ਪਤਨੀ ਅਮਰਦੀਪ ਸਿੰਘ ਨੂੰ ਵਿਰਾਸਤ ਵਿੱਚ ਮਿਲੀ, ਜਿਸ ਦਾ ਇੰਤਕਾਲ ਨੰ. 19896 ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤਾ ਗਿਆ ਹੈ ਅਤੇ ਉਨ੍ਹਾਂ ਤੋਂ ਇਲਾਵਾ ਕੋਈ ਹੋਰ ਕਾਨੂੰਨੀ ਵਾਰਸ ਨਹੀਂ ਹੈ। ਅਤੇ ਜਸਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ ਦੀ ਮੌਤ ਤੋਂ ਬਾਅਦ ਉਸਦੀ 16.66 ਵਰਗ ਗਜ਼ ਜਾਇਦਾਦ ਜਸਪ੍ਰੀਤ ਸਿੰਘ ਅਤੇ ਪਰਮਿੰਦਰ ਕੌਰ ਪਤਨੀ ਜਸਪ੍ਰੀਤ ਸਿੰਘ ਦੇ ਪੁੱਤਰਾਂ ਜਾਨਪ੍ਰੀਤ ਸਿੰਘ ਅਤੇ ਜੋਤਸਰੂਪ ਸਿੰਘ ਨੂੰ ਵਿਰਾਸਤ ਵਿੱਚ ਮਿਲੀ ਸੀ, ਜਿਸ ਦਾ ਇੰਤਕਾਲ ਨੰ. 21602 ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤਾ ਗਿਆ ਹੈ ਅਤੇ ਉਨ੍ਹਾਂ ਤੋਂ ਇਲਾਵਾ ਕੋਈ ਹੋਰ ਕਾਨੂੰਨੀ ਵਾਰਸ ਨਹੀਂ ਹੈ। ਕੋਈ ਵੀ ਵਿਅਕਤੀ ਜਿਸ ਕੋਲ ਇਸ ਜਾਇਦਾਦ ਵਿੱਚ ਕਿਸੇ ਵੀ ਤਰੀਕੇ ਨਾਲ ਪਹਿਲਾਂ ਤੋਂ ਕੋਈ ਅਧਿਕਾਰ ਜਾਂ ਹਿੱਤ ਹੈ ਜਾਂ ਦਾਅਵਾ ਕਰ ਰਿਹਾ ਹੈ ਜਾਂ ਉਪਰੋਕਤ ਵਿਕਰੀ ਡੀਡ ਕਿਸੇ ਵੀ ਵਿਅਕਤੀ/ਬੈਂਕ/ਕਾਰਪੋਰੇਸ਼ਨ/ਵਿੱਤੀ ਸੰਸਥਾ ਨੂੰ ਜਮ੍ਹਾਂ ਕਰਵਾ ਕੇ ਕਰਜ਼ਾ ਚੁੱਕਿਆ ਹੈ, ਉਹ ਹੇਠਾਂ ਹਸਤਾਖਰ ਕਰਨ ਵਾਲੇ ਕੋਲ ਜਾ ਸਕਦਾ ਹੈ ਅਤੇ ਇਸ ਜਨਤਕ ਨੋਟਿਸ ਦੀ ਮਿਤੀ ਤੋਂ 7 ਦਿਨਾਂ ਦੇ ਅੰਦਰ ਲਿਖਤੀ ਰੂਪ ਵਿੱਚ ਇਤਰਾਜ਼ ਦਰਜ ਕਰ ਸਕਦਾ ਹੈ। ਇਸ ਨੋਟਿਸ ਦੀ ਮਿਆਦ ਖਤਮ ਹੋਣ ਤੋਂ ਬਾਅਦ, ਕੋਈ ਵੀ ਦਾਅਵਾ ਵਿਚਾਰਿਆ ਨਹੀਂ ਜਾਵੇਗਾ ਅਤੇ ਅਜਿਹੇ ਦਾਅਵੇ ਨੂੰ ਝੂਠਾ, ਜਾਅਲੀ, ਬੇਤੁਕਾ, ਧੋਖਾਧੜੀ ਅਤੇ ਬੇਬੁਨਿਆਦ ਦਾਅਵਾ ਮੰਨਿਆ ਜਾਵੇਗਾ ਅਤੇ ਕਾਨੂੰਨ ਦੀ ਨਜ਼ਰ ਵਿੱਚ ਇਸ ਦਾ ਕੋਈ ਮੁੱਲ ਨਹੀਂ ਹੋਵੇਗਾ। ਇਹ ਵੀ ਮੰਨਿਆ ਜਾਵੇਗਾ ਕਿ ਉਪਰੋਕਤ ਜਾਇਦਾਦ ਨੂੰ **IDFC FIRST BANK LTD** ਕੋਲ ਗਿਰਵੀ ਰੱਖਣ ਲਈ ਕਿਸੇ ਨੂੰ ਕੋਈ ਇਤਰਾਜ਼ ਨਹੀਂ ਹੈ।

ਸਹੀ/- ਵਿਕਾਸ ਵਰਮਾ ਐਡਵੋਕੇਟ ਜ਼ਿਲ੍ਹਾ ਕਚਹਿਰੀ, ਅੰਮ੍ਰਿਤਸਰ
ਸ਼ਾਖਾ ਦਫ਼ਤਰ ਕਮ ਰਿਹਾਇਸ਼, 264 ਬਸੰਤ ਐਵੇਨਿਊ, ਅੰਮ੍ਰਿਤਸਰ, ਫੋਨ ਨੰਬਰ : 0183-2563029, ਮੋਬਾ. 9815156302

# ਕਲਾਸੀਫਾਈਡ ਇਸ਼ਤਿਹਾਰ

## Change of Name

I, Puneet Kaur Bhatia W/o Karandeep Singh R/o H. No. 528, Guru Gobind Singh Avenue, Jalandhar-144009, Punjab, India have changed my name after marriage from Puneet Kaur Bhatia to Puneet Kaur. Please note.

I, Rani W/O Bhagwan Dass R/O Ward No 2 Balachaur Teh Balachaur Distt Sbs Nagar Punjab Have Changed My Name To Neelam Rani. All Please Note.

I, Arveen Jain S/o Kashmiri Lal Jain Ward No 14 Patti Tehsil Patti District Tarn Taran Have Changed My Name From Arveen jain to Arveen Kumar Jain pl note it.

I Alka W/o Rakesh Kumar R/o H.No. 3688, Dilawari Street, Putlighar, Amritsar have changed my name from Alka To Alka Tiwari. All Please Note.

I Sharanjit Singh S/o Mukhtar Singh R/o Village Jodhe Tehsil Baba Bakala Amritsar have changed my name to Sharnjit Singh.

I, Kuljeet Singh S/o Labh Singh R/o Village Gehri Distt Amritsar have changed my name from Kuljeet Singh to Kuljit Singh.

I, Sandeep Singh Brar S/o Atma Singh R/o H.No.207, Indera Colony, Kot Khalsa Amritsar have changed my name from Sandeep Singh Brar to Sandeep Singh.

I Harmanpreet Kaur Gill D/o Jagtar Singh Gill R/o H.No.40, Sant Vehar Colony, G.T. Road, Amritsar have changed my name to Harmanpreet Kaur.

I, Smily Verma W/o Pankaj Luthra R/o 39-B, Professor Colony, Near Shivala Bhayian Tilak Nagar, Amritsar have changed my name from Smily Verma to Smily Luthra.

I, Rajwinder W/o Satnam Singh R/o H.No.56, Ranjit Vihar, Dalip Avenue, Loharka Road, Gumtala Sub Urban District Amritsar have changed my name from Rajwinder to Rajwinder Kaur.

I Jobanpreet Singh S/O Bikrmajit Singh R/o VPO Dehriwal Daroga, Distt Gurdaspur. have changed my name from Jobanpreet Singh to Singh is my surname and Jobanpreet is my given name. please note.

I, Jyoti W/o Rakesh Kumar R/o Vill. Rampur Lallian, PO. Lambra, Distt. Jalandhar have changed my name from Jyoti to Jyoti Kumari. Please Note. (11940)

I, Sharansh Sethi S/O Arun Kumar R/O , 55 ,Near Gadi Wali Kothi, Lawrence Road Amritsar Have Changed My Name From Sharansh Sethi To Saransh Sethi. All Concerned May Please Note.

I Bakhshish Kaur W/o Harjit Singh R/O V.P.O. Mehatpur , Teh. Balachaur, Distt. S.B.S. Nagar Pin. 144521 I Have Changed My Name Spaling from Bakhshish Kaur to Bakhsish Kaur.

I Shivani D/o Jagdish Raj R/o Labour Colony Batala PO. Batala Distt. Gurdaspur Punjab India, Have Changed my name from Shivani to Shivani Raj.

I, Kulwinder Singh Son of Dalvir Singh resident of Village Karari, P.O. Kishangarh, District Jalandhar have changed my name to Singh as surname and Kulwinder as given name. All concerned may note please.

I Mohinder Kaur W/O Jaswinder Singh R/O VPO. Begowal, Teh. Bholath, Distt. Kapurthala, Punjab I Have Changed my name from Mohinder Kaur to Kaur Mohinder (Kaur as Surname). All please note.

I Gurmeet Singh S/o Piara Singh R/o Vill. Mubarakpur, PO. Bhadas, Teh. Bholath, Distt. Kapurthala, Punjab I Have Changed my name from Gurmeet Singh to Gurmit Singh. All please note.

I Manjeet Kaur W/o Chaman Lal R/O H.no. 279, Gali No. 9, Sanjay Gandhi Nagar, Distt. Jalandhar, Punjab I have changed my name from Manjeet Kaur to Manjit Kaur. All Concerned Please note.

I, Bhupinderjit Kaur Alias Bhupinder Kaur W/o Baldeep Singh R/O H.No. EG 1065, Mohalla Gobindgarh, Jalandhar - 144001, Punjab Have Changed My Name From Bhupinder Kaur to Bhupinderjit Kaur. All concern please note.

I, Anuradha W/o Sarabjit Singh R/o VPO Chabbewal Distt. Hoshiarpur Punjab have changed my name from Anuradha to Anuradha Kaur. Concerned note.

I, Sharanjeet Kaur W/o Surjeet Singh R/o Daba Road, Maha Singh Nagar, 1/4, Dhandari Kalan, Ludhiana, Punjab-141014 have changed my name from Sharanjeet Kaur to Sharnjeet Kaur.

I, Baljeet Singh S/o Anokh Singh R/o C-452, New Partap Nagar, Amritsar, Punjab have changed my name from Baljeet Singh to Baljit Singh.

I, Gopal Haldar S/o Tara Padho R/o Ram Nagar Colony, Majitha Road Bypass, Amritsar, Punjab have changed my mioner daughter's name from Bhaghti Haldar to Pooja Haldar.

I, Jamuna Kaur Singh D/o Lakhbir Lakha R/o Mohalla Dharamkot, Hoshiarpur Road, Phagwara, Kapurthala - 144401, Punjab, India have changed my name from Jamuna to Jamuna Kaur Singh. All concerned please note.

I Sushma W/o Tarsem Singh R/o H. No. 50, Mohalla Khera Enclave PO. Ladhewali, Distt. Jalandhar Pb. 144007, Have Changed my name to Sushma Rani

I Mandeep Kaur W/o Sukhwinder Singh R/o H.No. 3550/12, Mohalla Gazipur, Adampur, Jalandhar. I have change my minor Son name Samar to Samar Kumar.

I, Rashwinder Kaur W/o Satnam Singh R/o VPO. Chamiara Distt Jalandhar 144002 Punjab, India have changed my name from Rashwinder Kaur To Kaur Rashwinder . Rashwinder is a given name and Kaur is a surname .

I Arjan Singh S/o Harpal Singh R/o Vpo Sudhar Teh Ajnala Amritsar have changed my name from Arjan Singh to Given name Arjan Surname Singh.

I Heera Singh S/o Angrej Singh R/o Vpo Varnala, Valtoha, Teh Patti Tarn Taran have changed my name from Heera Singh to Given Name Heera Surname Singh.

## Change of Name

I, Kamalbir Kaur w/o Manjit Singh r/o H.No. 32, Defence Colony, Jalandhar-144001, Punjab have changed my name as Kamal Bir. All Please Note.

I, Rahul Suri s/o Ramesh Suri r/o B-16/109, Sunder Nagar, Pathankot, Punjab-145001, have changed the name of my minor daughter Gouri Suri, aged 14 years and she shall hereafter be known as Aradhya Suri. All Please Note.

I, Sunita Devi w/o Amarjit Singh r/o H.No.3505/12, Gazipur Mohala, Adampur, Jalandhar-144102, Punjab have changed my name from Sunita Devi to Sunita. All Please Note.

I, Rajinder Kumar S/o Mejer Ram R/o VPO. Ghuman, Distt. SBS Nagar, Punjab have changed my minor son's name from Jobanpreet to Jobanpreet Kumar. All Please Note.

I, Sakshi W/o Rajeev Kumar Nar R/o Vill. Salempur Masandan, Po. Talhan, Distt. Jalandhar have changed my name from Sakshi to Sakshi Nar, after marriage. All Please Note.

I, Malkit Singh Lalli S/o Teja Singh R/o Village Lallian Khurd, Po. Lambra, Distt. Jalandhar, Punjab have changed my name from Malkit Singh Lalli to Malkit Singh. All Please Note.

I, Rashpal Kaur Lalli W/o Malkit Singh R/o Village Lallian Khurd, Po. Lambra, Distt. Jalandhar, Punjab have changed my name from Rashpal Kaur Lalli to Rashpal Kaur. All Please Note.

I, Vipan Kumar S/o Ramji Dass R/o VPO. Chanian, Tehsil Nakodar, Distt. Jalandhar have changed my name to Given name as Vipan & Surname as Kumar. All Please Note.

I, Asha W/o Mulkh Raj R/o Village Natt, Po. Sidhwan, Tehsil Phillaur, Jalandhar have changed my minor son name from Karmjit Mehmi to Given name as Karmjit & Surname as Mehmi. All Please Note.

I Gourav S/o Charanjeet R/o L-30 Partap Nagar, Bootan Pind, Jalandhar-144003, Punjab, have changed my name from Gourav to Gourav Gill in which given name as Gourav and surname as Gill. All concerned please note.

I, Sahil S/o Ramesh Chopra R/o H.No. 72, New Ajit Nagar, Jalandhar (Pb) have changed my name to Sahil Chopra. All concerned please note.

I, Ramesh Kumar S/o Amar Nath R/o H.No. 72, New Ajit Nagar, Jalandhar (Pb) have changed my name to Ramesh Chopra. All concerned please note.

I, Suman Devi W/o Suraj Kumar Resident of H.No. 3641, Gali No. 2, Tej Mohan Nagar, Jalandhar, Pin-144001, Punjab, India have changed my name from Suman to Suman Devi. All concerned please note.

I, Partap Singh Ahuja S/o Harbans Singh Resident of H.No. 118, Tower Enclave Phase-2, Jalandhar, Pin-144014, Punjab, India have changed my name from Partap Singh Ahuja to Partap Singh. All concerned please note.

I, Jaskaran Singh S/o Sh. Kuldeep Singh R/o Village Bath, PO. Chuheki, Tehsil Phillaur Distt. Jalandhar have changed my name from Jaskaran Singh to Jaskaran Singh Sunner. All concerned please note.

I, Serban S/o Pritu R/o Gosal, PO. Saidowal, Distt. Kapurthala have changed my name from Serban to Serban Singh. All concerned please note.

I, Renu D/o Samuel Shama R/o H.No. 1/191, Issa Nagar, Suranussi, Distt. Jalandhar, Punjab-144027, India have changed my name from Renu to Renu Shama. All concerned please note.

I, Shiwani Bhandari W/O Rachit Bhandari R/O Bhandari Kutir, Trimmo Road, Opposite Govt. College, Gurdaspur, Punjab. have changed my name from Shiwani Malhotra to Shiwani Bhandari.

## ਆਮ ਸੂਚਨਾ

ਸਾਡੇ ਕੋਲ ਏ.ਪੀ. ਟਿਊਬਵੈੱਲ ਕੁਨੈਕਸ਼ਨ ਨੰ: 3004537626, ਜੋ ਨਿਰਮਲ ਸਿੰਘ ਉਰਫ ਨਿੰਬਾ ਪੁੱਤਰ ਜੈ ਚੰਦ ਉਰਫ ਅਜੈਬ ਸਿੰਘ ਵਾਸੀ ਡੁਮਾਣਾ, ਦੇ ਨਾਮ ਚੱਲ ਰਿਹਾ ਹੈ। ਹੁਣ ਇਸ ਮੋਟਰ ਕੁਨੈਕਸ਼ਨ ਨੂੰ ਧਰਮਜੀਤ ਸਿੰਘ ਪੁੱਤਰ ਨਿਰਮਲ ਸਿੰਘ ਉਰਫ ਨਿੰਬਾ ਵਾਸੀ ਡੁਮਾਣਾ, ਰਕਬਾ ਡੁਮਾਣਾ, ਨੇ ਆਪਣੇ ਨਾਮ 'ਤੇ ਕਰਵਾਉਣ ਲਈ ਬਿਨੈ ਪੱਤਰ ਦਿੱਤਾ ਹੈ, ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 10 ਦਿਨਾਂ ਦੇ ਅੰਦਰ-ਅੰਦਰ ਉੱਪ-ਮੰਡਲ ਅਫ਼ਸਰ ਲੋਹੀਆਂ ਖਾਸ (ਜਲੰਧਰ) ਨਾਲ ਸੰਪਰਕ ਕਰ ਸਕਦਾ ਹੈ।

ਖਾਤਾ ਨੰਬਰ ਏ ਪੀ 03/281 ਐੱਫ, ਜੋ ਕਿ ਪਿਰਤਪਾਲ ਸਿੰਘ ਪੁੱਤਰ ਚਾਨਣ ਸਿੰਘ ਦੇ ਨਾਂਅ ਉਪਰ ਚੱਲ ਰਿਹਾ ਹੈ। ਉਸ ਖਾਤਾ ਨੰਬਰ ਨੂੰ ਆਪਣੇ ਨਾਂਅ ਉੱਪਰ ਕਰਨ ਲਈ ਇਕਬਾਲ ਸਿੰਘ ਪੁੱਤਰ ਚਾਨਣ ਸਿੰਘ ਪਿੰਡ ਘੋਲੀਆਂ ਖੁਰਦ ਨੇ ਫਾਈਲ ਪੇਸ਼ ਕੀਤੀ ਹੈ। ਜਿਸ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਸਮਾਧ ਭਾਈ (ਮੋਗਾ) ਵਿਚ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਇਹ ਖਾਤਾ ਨੰਬਰ ਇਕਬਾਲ ਸਿੰਘ ਪੁੱਤਰ ਚਾਨਣ ਸਿੰਘ ਦੇ ਨਾਂਅ ਉਪਰ ਕਰ ਦਿੱਤਾ ਜਾਵੇਗਾ।

ਖਾਤਾ ਨੰਬਰ ਏ ਪੀ 03/280, ਜੋ ਕਿ ਚਾਨਣ ਸਿੰਘ ਪੁੱਤਰ ਚਤਰ ਸਿੰਘ ਦੇ ਨਾਂਅ ਉਪਰ ਚੱਲ ਰਿਹਾ ਹੈ। ਉਸ ਨੂੰ ਪਿਰਤਪਾਲ ਪੁੱਤਰ ਚਾਨਣ ਸਿੰਘ ਪੁੱਤਰ ਚਤਰ ਸਿੰਘ ਨੇ ਆਪਣੇ ਨਾਂਅ ਉੱਪਰ ਕਰਨ ਲਈ ਫਾਈਲ ਪੇਸ਼ ਕੀਤੀ ਹੈ। ਜਿਸ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਦਫ਼ਤਰ ਸਮਾਧ ਭਾਈ (ਮੋਗਾ) ਵਿਖੇ 15 ਦਿਨਾਂ ਦੇ ਅੰਦਰ-ਅੰਦਰ ਵਿਚ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਇਹ ਖਾਤਾ ਨੰਬਰ ਪਿਰਤਪਾਲ ਸਿੰਘ ਪੁੱਤਰ ਚਾਨਣ ਸਿੰਘ ਦੇ ਨਾਂਅ ਉਪਰ ਕਰ ਦਿੱਤਾ ਜਾਵੇਗਾ।

ਖਾਤਾ ਨੰਬਰ ਏ ਪੀ 03/359 ਐੱਫ, ਜੋ ਕਿ ਜਸਪਾਲ ਸਿੰਘ ਪੁੱਤਰ ਚਾਨਣ ਸਿੰਘ ਦੇ ਨਾਂਅ ਉਪਰ ਇਕ ਟਿਊਬਵੈੱਲ ਕੁਨੈਕਸ਼ਨ ਚੱਲਦਾ ਹੈ, ਜਿਸ ਨੂੰ ਇਕਬਾਲ ਸਿੰਘ ਪੁੱਤਰ ਚਾਨਣ ਸਿੰਘ ਨੇ ਆਪਣੇ ਨਾਂਅ ਉੱਪਰ ਕਰਨ ਲਈ ਫਾਈਲ ਦਫ਼ਤਰ ਸਮਾਧ ਭਾਈ ਵਿਖੇ ਪੇਸ਼ ਕੀਤੀ ਹੈ। ਜਿਸ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਸਮਾਧ ਭਾਈ (ਮੋਗਾ) ਵਿਚ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਇਹ ਟਿਊਬਵੈੱਲ ਕੁਨੈਕਸ਼ਨ ਇਕਬਾਲ ਸਿੰਘ ਪੁੱਤਰ ਚਾਨਣ ਸਿੰਘ ਦੇ ਨਾਂਅ ਉਪਰ ਕਰ ਦਿੱਤਾ ਜਾਵੇਗਾ।

ਖਾਤਾ ਨੰਬਰ ਏ ਪੀ 03/206 ਐੱਕਸ, ਜੋ ਕਿ ਇਕਬਾਲ ਸਿੰਘ ਪੁੱਤਰ ਚਾਨਣ ਸਿੰਘ ਦੇ ਨਾਂਅ ਉਪਰ ਚੱਲ ਰਿਹਾ ਹੈ। ਇਸ ਖਾਤਾ ਨੰਬਰ ਨੂੰ ਆਪਣੇ ਨਾਂਅ ਉੱਪਰ ਕਰਨ ਲਈ ਪਿਰਤਪਾਲ ਸਿੰਘ ਪੁੱਤਰ ਚਾਨਣ ਸਿੰਘ ਨੇ ਫਾਈਲ ਪੇਸ਼ ਕੀਤੀ ਹੈ। ਜਿਸ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਸਮਾਧ ਭਾਈ (ਮੋਗਾ) ਵਿਚ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਇਹ ਖਾਤਾ ਨੰਬਰ ਪਿਰਤਪਾਲ ਸਿੰਘ ਪੁੱਤਰ ਚਾਨਣ ਸਿੰਘ ਦੇ ਨਾਂਅ ਉਪਰ ਕਰ ਦਿੱਤਾ ਜਾਵੇਗਾ।

## ਆਮ ਸੂਚਨਾ

ਮੈਂ, ਸਿਮਰਨਜੋਤ ਕੌਰ ਪਤਨੀ ਯੋਗੇਸ਼ ਕੁਮਾਰ ਵਾਸੀ ਡਬਲਯੂ ਐਲ-284, ਕੋਟ ਮੁੱਹਲਾ, ਬਸਤੀ ਗੁਜਾਂ, ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੈਂ ਆਪਣੀ ਮਾਤਾ ਸ਼੍ਰੀਮਤੀ ਸੰਦੀਪ ਕੌਰ, ਪਿਤਾ ਅਮਨ ਬਾਜਵਾ ਅਤੇ ਭਰਾ ਜਸਮੀਤ ਸਿੰਘ ਅਤੇ ਭੈਣ ਪ੍ਰਭਜੋਤ ਕੌਰ ਦੇ ਨਾਲ ਸਾਰੇ ਸਬੰਧ ਖਤਮ ਕਰਦੀ ਹਾਂ। ਮੇਰਾ ਆਪਣੇ ਪੇਕੇ ਪਰਿਵਾਰ ਦੇ ਨਾਲ ਕੋਈ ਲੈਣ ਦੇਣ ਨਹੀਂ ਹੈ। ਜੇਕਰ ਕੋਈ ਵੀ ਮੇਰੇ ਪੇਕੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੇ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰਦਾ ਹੈ ਤਾਂ ਉਸਦੀ ਜ਼ਿੰਮੇਵਾਰੀ ਮੇਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ ।

ਮੈਂ ਅਮਨਦੀਪ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਨੇੜੇ ਵਿਸ਼ਵਕਰਮਾ ਮੰਦਰ, ਬਰੇਟਾ ਜਿਲ੍ਹਾ ਮਾਨਸਾ ਹਰ ਆਮ ਅਤੇ ਖਾਸ ਨੂੰ ਸੂਚਿਤ ਕਰਦਾ ਹਾਂ ਕਿ ਜਿੱਥੇ ਮੈਂ ਰਹਿ ਰਿਹਾ ਹਾਂ, ਉਹ ਮੇਰੀ ਵਿਰਾਸਤੀ ਰਕਬਾ ਹੈ, ਮੇਰੇ ਹਿੱਸੇ ਵਿੱਚ ਆਇਆ ਹੈ ਅਤੇ ਮੈਂ ਇਸਦਾ ਹਾਉਸ ਟੈਕਸ ਭਰ ਰਿਹਾ ਹਾਂ। ਮੈਂ ਇਸ ਰਕਬੇ ਦਾ ਨਕਸ਼ਾ ਨਗਰ ਕੌਂਸਲ ਬਰੇਟਾ ਵੱਲੋਂ ਪਾਸ ਕਰਵਾਉਣਾ ਚਾਹੁੰਦਾ ਹਾਂ। ਜੇਕਰ ਕਿਸੇ ਨੂੰ ਕੋਈ ਵੀ ਇਤਰਾਜ਼ ਹੋਵੇ ਤਾਂ ਉਹ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਨਗਰ ਕੌਂਸਲ ਦਫਤਰ ਬਰੇਟਾ ਨੂੰ ਪੇਸ਼ ਕਰ ਸਕਦਾ ਹੈ।

## ਬੇਦਖਲੀ ਨੋਟਿਸ

ਅਸੀਂ, ਪਰਮਬੀਰ ਸਿੰਘ ਕਟਾਰੀਆ ਪੁੱਤਰ ਸ੍ਰੀ ਬਲਬੀਰ ਸਿੰਘ ਕਟਾਰੀਆ ਵਾ ਸ਼ਬਨਮ ਕਟਾਰੀਆ ਪਤਨੀ ਪਰਮਬੀਰ ਸਿੰਘ ਕਟਾਰੀਆ ਵਾਸੀ 8 ਸਿਲਵਰ ਓਕ, ਲੋਹਾਰਕਾ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਜੈਤੇਜ ਕਟਾਰੀਆ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਲਵਲੀਨ ਕੁਮਾਰ ਪੁੱਤਰ ਸੁਦੇਸ਼ ਕੁਮਾਰ ਵਾਸੀ ਪਲਾਟ ਨੰਬਰ 51 ਗੁਰੂ ਨਾਨਕ ਐਵੀਨਿਊ ਸਾਹਮਣੇ ਸੰਨੀ ਇਨਕਲੇਵ, ਰਾਮ ਤੀਰਥ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕਰਨ ਅਤੇ ਉਸ ਦੀ ਪਤਨੀ ਆਸ਼ੂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮਰਨ-ਮਰਾਨ ਦੀਆਂ ਧਮਕੀਆਂ ਦਿੰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਹਿੰਦ ਪਾਲ ਪੁੱਤਰ ਸਵ: ਮੰਗਲ ਦਾਸ ਵਾਸੀ ਮਕਾਨ ਨੰਬਰ 3449, ਭਾਰਗੋ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਸੰਯੋਗ ਕੁਮਾਰ ਅਤੇ ਇਸ ਦੀ ਘਰਵਾਲੀ ਸੋਨੀਆ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ ਗੁਰਬਖਸ਼ ਕੌਰ ਪਤਨੀ ਰਾਮ ਪ੍ਰਕਾਸ਼ ਵਾਸੀ ਪਿੰਡ ਨੰਦਨਪੁਰ ਜਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੰਦੀਪ ਕੁਮਾਰ ਅਤੇ ਮੇਰੀ ਨੂੰਹ ਕੁਲਵਿੰਦਰ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ । ਜਿਸ ਕਰਕੇ ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚਲ-ਅਚਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ । ਜੋ ਕੋਈ ਵੀ ਇਨ੍ਹਾਂ ਦੇ ਨਾਲ ਕਿਸੇ ਤਰ੍ਹਾਂ ਦਾ ਲੈਣ ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਗੁਰਚਰਨ ਸਿੰਘ ਪੁੱਤਰ ਸ. ਪ੍ਰੀਤਮ ਸਿੰਘ ਵਾਸੀ ਮਕਾਨ ਨੰ. ਬੀ-ਐਕਸ/26, ਬੰਗਾ ਰੋਡ, ਮੇਹਲੀ ਗੇਟ, ਫਗਵਾੜਾ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਭੋਗਲ ਜੋ ਕਿ ਕੁਆਰਾ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਰਾਮ ਰਤਨ ਪੁੱਤਰ ਤੇਜਾ ਸਿੰਘ ਅਤੇ ਅਮਰਜੀਤ ਕੌਰ ਪਤਨੀ ਰਾਮ ਰਤਨ ਵਾਸੀਆਨ ਮਕਾਨ ਨੰ. 2115, ਵਾਰਡ ਨੰ. 7, ਆਦਮਪੁਰ ਦੋਆਬਾ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਜੀਤ ਬੈਂਸ ਅਤੇ ਉਸਦੀ ਪਤਨੀ ਰਾਜਵੀਰ ਕੌਰ ਅਤੇ ਇਹਨਾਂ ਦੀ ਲੜਕੀ ਵਾਹੇਨੂਰ ਕੌਰ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਸਾਰਿਆਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸੁਖਦੇਵ ਸਿੰਘ ਪੁੱਤਰ ਸ. ਕਰਤਾ ਸਿੰਘ ਵਾਸੀ ਮਕਾਨ ਨੰ. 54, ਪਿੰਡ ਸਲੇਮਪੁਰ ਮੁਸਲਮਾਨਾ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀਆਂ ਲੜਕੀਆਂ ਅਰਸ਼ਦੀਪ ਕੌਰ ਅਤੇ ਅਮਨਦੀਪ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਪਰਿਵਾਰ ਸਮੇਤ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਸਰਬਜੀਤ ਸਿੰਘ ਪੁੱਤਰ ਅਜੈਬ ਸਿੰਘ ਅਤੇ ਜਸਬੀਰ ਕੌਰ ਪਤਨੀ ਸਰਬਜੀਤ ਸਿੰਘ ਵਾਸੀਆਨ ਮਕਾਨ ਨੰ. 42, ਅਮਨ ਨਗਰ, ਸੂਰਾਨੂਸੀ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਛਪਾਲ ਸਿੰਘ ਅਤੇ ਉਸਦੀ ਪਤਨੀ ਮਨਪ੍ਰੀਤ ਕੌਰ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ ਰਾਮ ਲੁਭਾਇਆ ਪੁੱਤਰ ਸ਼੍ਰੀ ਅਰਜੁਨ ਦਾਸ ਵਾ ਸੁਨੀਤਾ ਪਤਨੀ ਸ਼੍ਰੀ ਰਾਮ ਲੁਭਾਇਆ ਵਾਸੀਆਨ ਮਕਾਨ ਨੰ: ਬੀ-5/99, ਸਈ ਪੁਰ ਕਲਾਂ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦੇ ਹਾਂ ਕਿ ਸਾਡਾ ਪੁੱਤਰ ਗਗਨ ਕੁਮਾਰ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਆਸ਼ਾ ਸ਼ਰਮਾ ਪਤਨੀ ਸ਼੍ਰੀ ਅਤਰ ਚੰਦ ਸ਼ਰਮਾ ਵਾਸੀ ਮਕਾਨ ਨੰ: 79, ਠਾਕੁਰ ਸਿੰਘ ਕਲੋਨੀ, ਜਲੰਧਰ, ਪੰਜਾਬ-144001 ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਪਰਮੋਦ ਕੁਮਾਰ, ਉਸਦੀ ਪਤਨੀ ਰੀਨਾ ਅਤੇ ਉਸਦੇ ਬੱਚੇ ਇਸ਼ਾਨ ਅਤੇ ਇਸ਼ੀਕਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਹਰਵਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਮਕਾਨ ਨੰ: 172/4, ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਭਜੋਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਦਰਸ਼ਨ ਕੌਰ ਵਿਧਵਾ ਲਖਵਿੰਦਰ ਸਿੰਘ ਵਾਸੀ ਪਿੰਡ ਭਿੰਡਰ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਜਿੰਦਰ ਸਿੰਘ ਅਤੇ ਮੇਰੀ ਨੂੰਹ ਪਰਮਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਚੂਨੀ ਲਾਲ ਪੁੱਤਰ ਸ੍ਰੀ ਗੋਪਾਲ ਦਾਸ ਵਾਸੀ ਮਕਾਨ ਨੰ: 32, ਰਫਿਊਜੀ ਕੈਂਪ, ਵਾਰਡ ਨੰ: 7, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਤਰਸੇਮ ਲਾਲ ਉਰਫ (ਤੰਬੂਰੀ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਸੁਖਵਿੰਦਰ ਸਿੰਘ ਪੁੱਤਰ ਹਜਾਰਾ ਸਿੰਘ ਵਾਸੀ ਪਿੰਡ ਕਾਦੀਆਂ ਰਾਜਪੂਤਾਂ, ਡਾਕਖਾਨਾ ਕਾਲਾ ਅਫਗਾਨਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਰਵਿੰਦਰ ਸਿੰਘ ਅਤੇ ਉਸਦੀ ਪਤਨੀ ਰਮਨਦੀਪ ਕੌਰ (ਮੇਰੀ ਨੂੰਹ) ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਗਿਆਨ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਪਸ਼ਨਾਵਾਲ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਚੰਚਲ ਸਿੰਘ ਤੇ ਨੂੰਹ ਪਰਪਿੰਦਰ ਕੌਰ ਮੇਰੇ ਕਹਿਣੇ ਵਿੱਚ ਨਹੀਂ ਇਹਨਾਂ ਦੋਵਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਏਗਾ । ਸੰਬੰਧਿਤ ਨੋਟ ਕਰਨ ।

ਮੈਂ, ਸੋਹਣ ਸਿੰਘ ਪੁੱਤਰ ਸ਼੍ਰੀ ਧੰਨਾ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਮਾਣਕਰਾਏ ਤਹਿਸੀਲ ਆਦਮਪੁਰ ਜਿਲ੍ਹਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਕੁਲਦੀਪ ਸਿੰਘ ਅਤੇ ਨੂੰਹ ਪ੍ਰੀਤੀ ਪਵਾਰ ਅਤੇ ਮੇਰਾ ਪੋਤਾ ਬਲਜੋਤ ਸਿੰਘ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਰਕੇ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ।

ਮੈਂ ਸੁਰਜੀਤ ਰਾਮ ਪੁੱਤਰ ਬੰਤ ਰਾਮ ਵਾ ਊਸ਼ਾ ਰਾਣੀ ਪਤਨੀ ਸੁਰਜੀਤ ਰਾਮ ਵਾਸੀ ਪਿੰਡ ਜੌਨੇਵਾਲ, ਸਬ-ਤਹਿਸੀਲ ਕੂੰਮ ਕਲਾਂ (ਲੁਧਿਆਣਾ) ਆਪਣੇ ਲੜਕੇ ਹਰਪ੍ਰੀਤ ਰਾਮ ਨੂੰ ਆਪਣੀ ਚਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ ਕਿਉਂਕਿ ਉਹ ਬੁਰੀ ਸੰਗਤ ਵਿੱਚ ਪੈ ਗਿਆ ਹੈ ਤੇ ਸਾਡੇ ਕਹਿਣੇ ਤੋਂ ਬਾਹਰ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਰਿਸ਼ਤੇਦਾਰ ਨੋਟ ਕਰਨ। ( ਜਗਦੀਸ਼ ਰਾਏ ਮਾਛੀਵਾੜਾ ਸਾਹਿਬ )

ਮੈਂ, ਚੈਂਚਲ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਪਿੰਡ ਬਾਹਗਾ, ਡਾਕਖਾਨਾ ਗੜ੍ਹਦੀਵਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਵਿੰਦਰ ਸਿੰਘ, ਉਸ ਦੀ ਪਤਨੀ ਦੀਕਸ਼ਾ ਮੇਰੇ ਕੰਟਰੋਲ ਤੋਂ ਬਾਹਰ ਹਨ। ਮੇਰੀ ਬੁਢਾਪੇ ਵਿਚ ਦੇਖ-ਭਾਲ ਨਹੀਂ ਕਰਦੇ। ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਉਨ੍ਹਾਂ ਦੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹਾਂ। ਉਹ ਆਪਣੇ ਕੀਤੇ ਦਾ ਖੁਦ ਜ਼ਿੰਮੇਵਾਰ ਹੋਣਗੇ। ਸੰਬੰਧਤ ਨੋਟ ਕਰਨ।

ਮੈਂ, ਨੀਲਮ ਕੁਮਾਰ ਪੁੱਤਰ ਸ੍ਰੀ ਬਲ ਕ੍ਰਿਸ਼ਨ ਵਾਸੀ ਮਕਾਨ ਨੰ: **WX-191,** ਬਸਤੀ ਨੌ, ਪੁਰਾਣੀ ਦੁਸਹਿਰਾ ਗਰਾਊਂਡ, ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਨੀਰਜ ਕੁਮਾਰ ਅਤੇ ਉਸ ਦੀ ਪਤਨੀ ਸ਼ਵੇਤਾ ਅਤੇ ਉਨ੍ਹਾਂ ਦੇ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸਤਨਾਮ ਸਿੰਘ ਪੁੱਤਰ ਵਾਸਦੇਵ ਸਿੰਘ ਵਾਸੀ ਮਕਾਨ ਨੰ: 6, ਲੇਨ ਨੰ: 5, ਨਿਊ ਰਾਜਾ ਗਾਰਡਨ ਜਲੰਧਰ, ਪੰਜਾਬ 144022 ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਸੰਤੋਸ਼ ਕੁਮਾਰੀ, ਮੇਰਾ ਲੜਕਾ ਕੁਲਬੀਰ ਸਿੰਘ ਤੇ ਉਸ ਦੀ ਪਤਨੀ ਅੰਮ੍ਰਿਤਪ੍ਰੀਤ ਕੌਰ ਅਤੇ ਮੇਰਾ ਪੋਤਾ ਵਾਰਿਸਜੀਤ ਸਿੰਘ ਸਾਰੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਪਰਮਜੀਤ ਕੌਰ ਪਤਨੀ ਬਲਵੀਰ ਸਿੰਘ ਵਾਸੀ ਪੱਤੀ ਢਿੱਲੋਂ, ਬੁੱਟਰ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੇ ਲੜਕੇ ਸਨਦੀਪ ਸਿੰਘ ਵਾ ਗੋਲਡੀ ਸਿੰਘ, ਉਸ ਦੀ ਪਤਨੀ ਰਮਨਦੀਪ ਸਿੰਘ ਅਤੇ ਲਖਬੀਰ ਸਿੰਘ ਅਤੇ ਇਸ ਦੀ ਪਤਨੀ ਜਸਪ੍ਰੀਤ ਕੌਰ ਉਰਫ ਜੱਸ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮੋਹਨ ਲਾਲ ਪੁੱਤਰ ਸ਼੍ਰੀ ਸ਼ੰਕਰ ਦਾਸ ਵਾਸੀ ਭੈਣੀ ਮੀਲਵਾਂ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਜਗਦੀਪ ਕੁਮਾਰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ ਅਮਰ ਸਿੰਘ ਪੁੱਤਰ ਜੋਗਿੰਦਰ ਸਿੰਘ ਪਿੰਡ ਕਲਾਨੌਰ ਜਿਲਾ ਗੁਰਦਾਸਪੁਰ ਰਹਿਣ ਵਾਲਾ ਹਾਂ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਵਨਦੀਪ ਸਿੰਘ ਅਤੇ ਨੂੰਹ ਮਨਦੀਪ ਕੌਰ ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀਆਂ ਮਨਮਰਜੀਆਂ ਕਰਦੇ ਹਨ ਮੈਂ ਇਹਨਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਅੱਜ ਤੋਂ ਬਾਅਦ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਇਹ ਮੇਰੀ ਕਿਸੇ ਵੀ ਜਾਇਦਾਦ ਦੇ ਹੱਕਦਾਰ ਨਹੀਂ ਹੋਣਗੇ।

ਮੈਂ ਸੁਖਦੇਵ ਸਿੰਘ ਪੁੱਤਰ ਕਸ਼ਮੀਰਾ ਸਿੰਘ ਵਾਸੀ ਪਿੰਡ ਧੀਰਪੁਰ, ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਜਲੰਧਰ ਆਪਣੇ ਲੜਕੇ ਪਲਵਿੰਦਰ ਸਿੰਘ, ਨੂੰਹ ਰਮਨਦੀਪ ਕੌਰ ਰਿੰਪੀ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਪਰਵਿੰਦਰ ਕੌਰ ਪਤਨੀ ਗੁਰਦੇਵ ਸਿੰਘ ਪੁੱਤਰ ਪਾਲਾ ਸਿੰਘ ਵਾਸੀ ਪਿੰਡ ਰਣੀਆਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਸਵਰਨਜੀਤ ਕੌਰ ਉਰਫ ਸੁਖਪ੍ਰੀਤ ਕੌਰ (ਸ਼ਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਭਿੰਦਰ ਸਿੰਘ ਪੁੱਤਰ ਮਿੱਠੂ ਸਿੰਘ ਵਾਸੀ ਪਿੰਡ ਅਬੁਲ ਖੁਰਾਣਾ, ਤਹਿਸੀਲ ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਜੈ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ, ਇਸ ਨਾਲ ਮੇਰੇ ਪਰਵਾਰ ਦਾ ਕੋਈ ਤਲਕ-ਵਾਸਤਾ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਸ਼ਰਨਜੀਤ ਕੋਰ ਪਤਨੀ ਲੇਟ ਸ੍ਰ: ਦਵਿੰਦਰ ਸਿੰਘ ਵਾਸੀ ਪਿੰਡ ਅਟਾਰੀ ਤਹਿ ਅਤੇ ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਮਰਜੀਤ ਸਿੰਘ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ। ਇਸ ਨੂੰ ਮੈ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਸ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀ ਹੋਵੇਗਾ ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈਂ ਜਸਬੀਰ ਸਿੰਘ ਪੁੱਤਰ ਸ੍ਰ. ਪ੍ਰੀਤਮ ਸਿੰਘ ਵਾਸੀ ਪਿੰਡ ਨਾਗ ਕਲਾਂ ਤਹਿਸੀਲ ਮਜੀਠਾ ਜਿਲਾਂ ਅੰਮ੍ਰਿਤਸਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ। ਇਸ ਨੂੰ ਮੈ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਸ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀ ਹੋਵੇਗਾ।

ਮੈਂ, ਦਰਸ਼ਨਾ ਪਤਨੀ ਮਲਕੀਤ ਸਿੰਘ, ਵਾਸੀ ਕੇਸਰੀ ਬਾਗ, ਕਪੂਰਥਲਾ, ਹਾਲ ਵਾਸੀ ਮੁਹੱਲਾ ਹਕੀਮ ਜਾਫਰ ਅਲੀ, ਕਪੂਰਥਲਾ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਬਲਵਿੰਦਰ ਸਿੰਘ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ ਬਲਵਿੰਦਰ ਸਿੰਘ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ਅਤੇ ਇਸ ਨਾਲ ਕਿਸੇ ਵੀ ਤਰ੍ਹਾਂ ਦਾ ਕੋਈ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਹੋਵੇਗੀ।

ਮੈਂ ਕਮਲੇਸ਼ ਪਤਨੀ ਲੇਟ ਸ਼ਾਮ ਲਾਲ ਵਾਸੀ ਮਕਾਨ ਨੰਬਰ 6654, ਖਾਈ ਵਾਲੀ ਗਲੀ, ਗਲੀ ਨੰ 1, ਲਾਹੌਰੀ ਗੇਟ ਜ਼ਿਲਾ ਅੰਮ੍ਰਿਤਸਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕੀ ਨੀਰੂ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ। ਇਸ ਨੂੰ ਮੈ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਸ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀ ਹੋਵੇਗਾ।ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈ ਪਿਪਲ ਸਿੰਘ ਪੁਤਰ ਚੰਨਣ ਸਿੰਘ ਪਿੰਡ ਚੱਕ ਹਰਾਜ (ਫਿਰੋਜਪੁਰ) ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਗੁਰਜੰਟ ਸਿੰਘ ਮੇਰੇ ਕਹਿਣੇ ਤੋ ਬਾਹਰ ਹੈ, ਮੈ ਉਸਨੂੰ ਆਪਣੀ ਤਮਾਮ ਜਮੀਨ/ਜਾਇਦਾਦ ਤੋ ਬੇਦਖਲ ਕਰਦਾ ਹਾਂ। ਅੱਜ ਤੋਂ ਬਾਅਦ ਉਸਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਤਅਲਕ ਵਾਸਤਾ ਨਹੀ ਹੋਵੇਗਾ। ਗੁਰਜੰਟ ਸਿੰਘ ਦੇ ਕਿਸੇ ਚੰਗੇ-ਮਾੜੇ ਕੰਮ ਅਤੇ ਲੈਣ-ਦੇਣ ਦਾ ਮੈ ਜ਼ਿੰਮੇਵਾਰ ਨਹੀ ਹੋਵਾਗਾ।

ਅਸੀਂ, ਸੁਖਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਅਤੇ ਮਨਪ੍ਰੀਤ ਕੌਰ ਪਤਨੀ ਸੁਖਵਿੰਦਰ ਸਿੰਘ ਵਾਸੀ ਨਿਊ ਕੋਟ ਮਿੱਤ ਸਿੰਘ, ਤਰਨ ਤਾਰਨ ਰੋਡ ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡੀ ਲੜਕੀ ਸਿਮਰਨਜੀਤ ਕੌਰ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਉਸ ਨੇ ਆਪਣੀ ਮਰਜ਼ੀ ਨਾਲ ਸ਼ਾਦੀ ਕਰ ਲਈ ਹੈ। ਅਸੀਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਅਸੀਂ ਅਤੇ ਸਾਡਾ ਪਰਵਾਰ ਉਸ ਦੇ ਕਿਸੇ ਲੈਣ-ਦੇਣ ਦੇ ਜ਼ਿੰਮੇਵਾਰ ਨਹੀਂ ਹੋਵਾਂਗੇ। ਸਾਡਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ।

ਮੈਂ, ਉਮੇਸ਼ ਕੁਮਾਰ ਸ਼ਰਮਾ ਪੁੱਤਰ ਹਰਬੰਸ ਲਾਲ ਵਾਸੀ ਮੁਹੱਲਾ ਰਾਂਗੜਾ, ਪਿੰਡ ਤੇ ਡਾਕ. ਹਰਿਆਣਾ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ਿਵਮ ਅਤੇ ਉਸ ਦੀ ਪਤਨੀ ਨਵਨੀਤ ਕੌਰ, ਮੇਰੀ ਪੁੱਤਰੀ ਰਾਧਿਕਾ ਸ਼ਰਮਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ, ਸਤਿੰਦਰ ਸਿੰਘ ਪੁੱਤਰ ਸੁਰਿੰਦਰ ਸਿੰਘ ਅਤੇ ਮਨਜੀਤ ਕੌਰ ਪਤਨੀ ਸਤਿੰਦਰ ਸਿੰਘ ਵਾਸੀ 2, ਗਲੀ ਨੰ: 7, ਈਸਟ ਗੋਬਿੰਦ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਮਨਦੀਪ ਸਿੰਘ ਤੇ ਨੂੰਹ ਅਮਨਦੀਪ ਕੌਰ, ਜੋ ਕਿ ਸਾਡੇ ਕਹਿਣੇ ਵਿਚ ਨਹੀਂ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਡਾ. ਅੰਬੇਡਕਰ ਦਾ ਜਨਮ ਦਿਨ ਮਨਾਉਣ ਉਪਰੰਤ ਫੂਲੇ ਮੂਵੀ ਵੇਖੀ : ਰੋਸ਼ਨ ਬਮਨੀਆ



ਮਲੋਟ (ਓਮ ਪ੍ਰਕਾਸ਼ ਸ਼ੇਖੂ)-ਡਾ. ਬੀ. ਆਰ. ਅੰਬੇਡਕਰ ਮੰਚ ਦਾਣਾ ਮੰਡੀ ਮਲੋਟ ਦੇ ਪ੍ਰਧਾਨ ਰੋਸ਼ਨ ਬਮਨੀਆ ਤੇ ਦਾਣਾ ਮੰਡੀ ਮਜ਼ਦੂਰਾਂ ਵੱਲੋਂ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ਇੰਜ. ਸ਼ਾਮ ਲਾਲ ਸੋਲੰਕੀ ਛਣ (ਰਿਟਾ.), ਸੰਦੀਪ ਬਮਨੀਆ ਪ੍ਰਧਾਨ ਗੱਲਾ ਅਨਾਜ ਮੰਡੀ ਮਜ਼ਦੂਰ ਸੰਘ ਮਲੋਟ ਤੇ ਸੁਖਦੇਵ ਰਾਮ ਸੁਖਾ ਪ੍ਰਧਾਨ ਡਾ. ਬੀ ਆਰ ਅੰਬੇਡਕਰ ਤੇ ਬਾਬਾ ਰਾਮਦੇਵ ਜੀ ਮੰਦਰ ਕਮੇਟੀ ਮਲੋਟ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਬਾਬਾ ਸਾਹਿਬ ਜੀ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਸ ਤੋਂ ਬਾਅਦ ਸੀਸੀਪੀ ਮੌਲ ਵਿੱਚ ਸ਼੍ਰੀ ਗੁਰੂ ਰਵਿਦਾਸ ਕਮੇਟੀ ਮਲੋਟ ਦੇ ਵਿਸ਼ੇਸ਼ ਉਪਰਾਲੇ ਸਦਕਾ ਚਲਾਈ ਮੂਵੀ ਫੂਲੇ ਵੇਖੀ। ਜ਼ਿਕਰਯੋਗ ਹੈ ਕਿ 'ਫੂਲੇ' ਮੂਵੀ ਭਾਰਤ ਦੇਸ਼ ਦੀ ਪਹਿਲੀ ਅਧਿਆਪਕਾ ਸਾਵਿੱਤਰੀ ਫੂਲੇ ਜੀ ਵੱਲੋਂ ਬੇਟੀਆਂ ਨੂੰ ਪੜ੍ਹਾਉਣ ਦੇ ਸੰਘਰਸ਼ 'ਤੇ ਅਧਾਰਤ ਹੈ। ਇਸ ਮੌਕੇ ਜਥੇਦਾਰ ਸੁਦੇਸ਼ ਪਾਲ ਸਿੰਘ ਖਾਲਸਾ ਸੂਬਾ ਵਾਇਸ ਪ੍ਰਧਾਨ ਅਨਾਜ ਮੰਡੀ ਮਜ਼ਦੂਰ ਸੰਘ ਪੰਜਾਬ, ਨਰੇਸ਼ ਬਮਨੀਆ, ਸੂਰਜ ਲੁਗਰੀਆ ਸੈਕਟਰੀ, ਪ੍ਰੇਮ ਲੁਗਰੀਆ, ਵਜੀਰ ਚੰਦ ਧਰਮਸੋਤ, ਕੇਵਲ ਧਰਮਸੋਤ, ਪ੍ਰੇਮ ਬਮਨੀਆ, ਕਾਲਾ ਸਾਬਰੀਆਂ, ਸ਼ਾਮ ਲਾਲ ਕਾਇਤ, ਮੰਗਤ ਖਟਕ, ਪਿੰਕੀ ਖੰਨਾ, ਸੰਜੇ ਬੂਮਰਾ, ਟੋਨੀ ਸਵਿਤਾ, ਕੇਵਲ ਧਰਮਸੋਤ, ਗੋਬਿੰਦ ਖਰੇਰਾ, ਭੀਮ ਸੈਨ ਬਮਨੀਆ, ਅੰਗਰੇਜ਼ ਸਿੰਘ ਤੇ ਹਰਦੀਪ ਸਿੰਘ ਗਰੇਵਾਲ ਆਦਿ ਹਾਜ਼ਰ ਸਨ।

# ਅਪ੍ਰੈਲ ਮਹੀਨੇ 'ਚ ਟਿਕਟ ਚੈਕਿੰਗ ਰਾਹੀਂ ਰੇਲਵੇ ਨੇ 3.32 ਕਰੋੜ ਰੁਪਏ ਜੁਰਮਾਨਾ ਵਸੂਲਿਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਡਵੀਜ਼ਨ ਦੇ ਟਿਕਟ ਚੈਕਿੰਗ ਸਟਾਫ ਵੱਲੋਂ ਰੇਲਗੱਡੀਆਂ ਵਿੱਚ ਤਿੱਖੀ ਟਿਕਟ ਜਾਂਚ ਕੀਤੀ ਜਾਂਦੀ ਹੈ ਤਾਂ ਜੋ ਬਿਨਾਂ ਟਿਕਟ ਤੇ ਅਨਿਯਮਤ ਯਾਤਰਾ ਨੂੰ ਰੋਕਿਆ ਜਾ ਸਕੇ ਤਾਂ ਜੋ ਸਾਰੇ ਅਸਲੀ ਰੇਲ ਉਪਭੋਗਤਾਵਾਂ ਨੂੰ ਆਰਾਮਦਾਇਕ ਯਾਤਰਾ ਤੇ ਬਿਹਤਰ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਅਪ੍ਰੈਲ 2025 ਦੌਰਾਨ ਰੇਲਗੱਡੀਆਂ ਵਿੱਚ ਟਿਕਟਾਂ ਦੀ ਜਾਂਚ ਦੌਰਾਨ, ਟਿਕਟ ਚੈਕਿੰਗ ਸਟਾਫ਼ ਤੇ ਡਵੀਜ਼ਨ ਦੇ ਮੁੱਖ ਟਿਕਟ ਇੰਸਪੈਕਟਰਾਂ ਦੁਆਰਾ ਕੁੱਲ 33,439 ਰੇਲਵੇ ਯਾਤਰੀਆਂ ਨੂੰ ਬਿਨਾਂ ਟਿਕਟ ਜਾਂ ਅਨਿਯਮਤ ਯਾਤਰਾ ਕਰਦੇ ਪਾਇਆ ਗਿਆ ਤੇ ਉਨ੍ਹਾਂ ਤੋਂ ਜੁਰਮਾਨੇ ਵਜੋਂ ਕੁੱਲ 3.32 ਕਰੋੜ ਰੁਪਏ ਦਾ ਮਾਲੀਆ ਵਸੂਲਿਆ ਗਿਆ। ਗਰਮੀਆਂ ਦੇ ਮੌਸਮ ਵਿੱਚ ਯਾਤਰੀਆਂ ਦੀ ਵੱਧਦੀ ਭੀੜ ਨੂੰ ਦੇਖਦੇ ਹੋਏ, ਹੈੱਡਕੁਆਰਟਰ ਨੇ ਇੱਕ ਵਿਸ਼ੇਸ਼ ਟਿਕਟ ਜਾਂਚ ਮੁਹਿੰਮ ਸ਼ੁਰੂ ਕੀਤੀ ਹੈ। ਇਹ ਮੁਹਿੰਮ 21 ਮਈ 2025 ਤੱਕ ਚੱਲੇਗੀ। 22 ਅਪ੍ਰੈਲ ਤੋਂ ਸ਼ੁਰੂ ਹੋਈ ਇਸ ਮੁਹਿੰਮ ਤਹਿਤ ਹੁਣ ਤੱਕ 23 ਹਜ਼ਾਰ ਤੋਂ ਵੱਧ ਯਾਤਰੀਆਂ ਤੋਂ ਲਗਭਗ 1.55 ਕਰੋੜ ਦਾ ਮਾਲੀਆ ਇਕੱਠਾ ਕੀਤਾ ਜਾ ਚੁੱਕਾ ਹੈ। ਇਸ ਲਈ, ਰੇਲਵੇ ਯਾਤਰੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਸਹੀ ਟਿਕਟਾਂ ਖ਼੍ਰੀਦਣ ਤੋਂ ਬਾਅਦ ਹੀ ਰੇਲਗੱਡੀ ਵਿੱਚ ਯਾਤਰਾ ਕਰਨ। ਡਵੀਜ਼ਨ ਦੇ ਰੇਲਵੇ ਸਟੇਸ਼ਨਾਂ ਨੂੰ ਸਾਫ਼ ਰੱਖਣ ਤੇ ਆਮ ਲੋਕਾਂ ਨੂੰ ਸਟੇਸ਼ਨਾਂ 'ਤੇ ਗੰਦਗੀ ਫੈਲਾਉਣ ਤੋਂ ਰੋਕਣ ਤੇ ਉਨ੍ਹਾਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕਰਨ ਲਈ, ਡਵੀਜ਼ਨ ਦੇ ਮੁੱਖ ਸਟੇਸ਼ਨਾਂ 'ਤੇ ਨਿਯਮਤ ਜਾਂਚ ਕੀਤੀ ਜਾਂਦੀ ਹੈ। ਨਤੀਜੇ ਵਜੋਂ ਅਪ੍ਰੈਲ ਮਹੀਨੇ ਵਿੱਚ ਸਟੇਸ਼ਨ ਪਰਿਸਰ ਵਿੱਚ ਕੂੜਾ ਸੁੱਟਣ ਲਈ 319 ਯਾਤਰੀਆਂ ਤੋਂ 54 ਹਜ਼ਾਰ ਰੁਪਏ ਤੋਂ ਵੱਧ ਵਸੂਲੇ ਗਏ। ਡਵੀਜ਼ਨਲ ਰੇਲਵੇ ਮੈਨੇਜਰ ਸੰਜੇ ਸਾਹੂ ਨੇ ਕਿਹਾ ਕਿ ਫਿਰੋਜ਼ਪੁਰ ਡਵੀਜ਼ਨ ਵਿੱਚ ਟਿਕਟ ਜਾਂਚ ਮੁਹਿੰਮ ਜਾਰੀ ਰਹੇਗੀ। ਟਿਕਟ ਚੈਕਿੰਗ ਦਾ ਮੁੱਖ ਉਦੇਸ਼ ਰੇਲਵੇ ਟਿਕਟਾਂ ਦੀ ਵਿਕਰੀ ਨੂੰ ਬਿਹਤਰ ਬਣਾਉਣਾ ਹੈ ਤੇ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਯਾਤਰੀ ਬਿਨਾਂ ਟਿਕਟ ਯਾਤਰਾ ਨਾ ਕਰੇ ਯਾਨੀ ਫਿਰੋਜ਼ਪੁਰ ਡਵੀਜ਼ਨ ਵਿੱਚ ਜ਼ੀਰੋ ਟਿਕਟ ਰਹਿਤ ਯਾਤਰਾ ਦਾ ਟੀਚਾ ਰੱਖਿਆ ਗਿਆ ਹੈ। ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਕਿਹਾ ਕਿ ਰੇਲਵੇ ਦੇ ਮਾਲੀਏ ਨੂੰ ਵਧਾਉਣ ਦੇ ਨਾਲ-ਨਾਲ, ਫਿਰੋਜ਼ਪੁਰ ਡਵੀਜ਼ਨ ਦਾ ਟਿਕਟ ਚੈਕਿੰਗ ਸਟਾਫ਼ ਯਾਤਰੀਆਂ ਦੀ ਮਦਦ ਕਰਕੇ ਸਮਾਜਿਕ ਫਰਜ਼ ਵੀ ਨਿਭਾਉਂਦਾ ਹੈ। ਸਮਰਪਤ ਟਿਕਟ ਜਾਂਚ ਸਟਾਫ਼ ਦੇ ਮਨੋਬਲ ਨੂੰ ਵਧਾਉਣ ਲਈ, ਉਨ੍ਹਾਂ ਨੂੰ ਸਮੇਂ-ਸਮੇਂ 'ਤੇ ਪ੍ਰਸੰਸਾ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਜਾਂਦਾ ਹੈ।

## ਬੇਦਖਲੀ ਨੋਟਿਸ

ਮੈਂ, ਬਲਵਿੰਦਰ ਸਿੰਘ ਪੁੱਤਰ ਲੇਟ ਸ੍ਰੀ ਕਾਕਾ ਸਿੰਘ ਵਾਸੀ ਪਿੰਡ ਸਚੰਦਰ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੋਬਨਪ੍ਰੀਤ ਸਿੰਘ (ਸ਼ਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਤਰਸੇਮ ਮਸੀਹ ਪੁੱਤਰ ਅਨੈਤ ਮਸੀਹ ਵਾਸੀ ਪਿੰਡ ਗਿੱਦੜਵਿੰਡੀ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਮੇਰਾ ਲੜਕਾ ਸੋਨੂੰ ਅਤੇ ਨੂੰਹ ਰੇਖਾ ਅਤੇ ਉਨ੍ਹਾਂ ਦਾ ਪਰਵਾਰ ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## PUBLIC NOTICE

I, Bindu Sambhar W/o Krishan Kumar Sambhar R/o H.No. 27, Gurmeet Nagar, Near Cheema Chowk, Jalandhar, Punjab declare that my daughter Shagun Kumar W/o Sandeep Kumar are out of my control. I disinherit them from my movable and immovable properties. I and my family shall not be held responsible for any of their acts deeds and things. All please note.

We, Satnam Singh S/o Gurbans Singh & Balwinder Kaur W/o Satnam Singh both R/o H.No. 2, Bank Colony, Basti Bawa Khel, Jalandhar declare that our son Amandeep Singh and his wife Sandeep Kaur are out of our control. We disinherit them from our moveable and immovable properties. We and our family shall not be held responsible for any of them acts, deeds and things. All please note.

## 'ਆਜ਼ਾਦੀ ਦੇ ਪ੍ਰਵਾਨੇ' ਕਿਤਾਬ ਵੰਡ ਸਮਾਰੋਹ ਕਰਵਾਇਆ



**ਮਲੋਟ (ਗੁਰਮੀਤ ਸਿੰਘ ਮੱਕੜ)**-ਫਰੀਡਮ ਫਾਈਟਰ ਉੱਤਰਾਧਿਕਾਰੀ ਜਥੇਬੰਦੀ ਦੀ ਜ਼ਿਲ੍ਹਾ ਇਕਾਈ ਸ੍ਰੀ ਮੁਕਤਸਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਸਮੂਹ ਦੇਸ਼ ਭਗਤਾਂ ਦੇ ਵਾਰਿਸਾਂ ਨੇ ਹਿੱਸਾ ਲਿਆ। ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਨੇ ਕਿਹਾ ਕਿ ਇੱਕ ਮਹੀਨਾ ਪਹਿਲਾਂ "ਆਜ਼ਾਦੀ ਦੇ ਪ੍ਰਵਾਨੇ" ਕਿਤਾਬ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਰਿਲੀਜ਼ ਕੀਤੀ ਗਈ ਸੀ ਤੇ ਕਿਤਾਬ ਵੰਡ ਸਮਾਰੋਹ ਵਿੱਚ ਲੇਖਕ ਪੰਕਜ ਕੁਮਾਰ ਪਸਰੀਜਾ (ਸਿਰਸਾ, ਹਰਿਆਣਾ) ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਲੇਖਕ ਪਸਰੀਜਾ ਵੱਲੋਂ ਜ਼ਿਲ੍ਹਾ ਮੁਕਤਸਰ ਸਾਹਿਬ ਦੇ ਦੇਸ਼ ਭਗਤਾਂ ਦੀ ਜੀਵਨੀ ਜਿਵੇਂ ਕਿ ਦੇਸ਼ ਭਗਤਾਂ ਦੀ ਜੀਵਨੀ ਗਦਰ ਲਹਿਰ, ਜੈਤੋ ਦਾ ਮੋਰਚਾ, ਪਰਜਾ ਮੰਡਲ, ਸੱਤਿਆਗ੍ਰਹਿ, ਕਿਸਾਨ ਮੋਰਚਾ, ਨਾਮਕ ਅੰਦੋਲਨ ਤੇ ਆਜ਼ਾਦ ਹਿੰਦ ਫੌਜ ਵਰਗੀਆਂ ਆਜ਼ਾਦੀ ਦੀਆਂ ਲਹਿਰਾਂ ਨੂੰ ਇਕੱਠਾ ਕਰ ਕਿਤਾਬ ਲਿਖਣ ਨਾਲ ਦੇਸ਼ ਭਗਤਾਂ ਵੱਲੋਂ ਕੀਤੀ ਗਈ ਕੁਰਬਾਨੀ ਨੂੰ ਉਜਾਗਰ ਕਰਨਾ ਇੱਕ ਸ਼ਲਾਘਾਯੋਗ ਕਦਮ ਦੇ ਨਾਲ ਸ਼ਹੀਦਾਂ ਦੀ ਧਰਤੀ ਸ੍ਰੀ ਮੁਕਤਸਰ ਸਾਹਿਬ ਦੇ ਨਾਂਅ ਨੂੰ ਸਾਰੇ ਭਾਰਤ ਵਿੱਚ ਰੌਸ਼ਨ ਕੀਤਾ ਗਿਆ ਹੈ। ਅੰਤ ਵਿੱਚ ਸਮੂਹ ਦੇਸ਼ ਭਗਤਾਂ ਦੇ ਵਾਰਿਸਾਂ ਵੱਲੋਂ ਲੇਖਕ ਪਸਰੀਜਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਮੀਟਿੰਗ ਵਿੱਚ ਸਟੇਟ ਬਾਡੀ ਮੈਂਬਰ ਜਸਕਰਨ ਸਿੰਘ ਬੁੱਟਰ, ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਸੰਧੂ, ਜਨਰਲ ਸਕੱਤਰ ਬਲਜਿੰਦਰ ਸਿੰਘ ਮਧੀਰ, ਜ਼ਿਲ੍ਹਾ ਖ਼ਜ਼ਾਨਚੀ ਕੁਲਵੰਤ ਸਿੰਘ ਭਲਾਈਆਣਾ, ਮੀਤ ਪ੍ਰਧਾਨ ਜਗਪ੍ਰੀਤ ਸਿੰਘ ਛਾਬੜਾ, ਸਕੱਤਰ ਸੁਭਾਸ਼ ਬੱਬਰ, ਦਫ਼ਤਰ ਇੰਚਾਰਜ ਅਮਰਜੀਤ ਸਿੰਘ ਬਾਵਾ, ਪ੍ਰੀਤਮ ਸਿੰਘ ਮੱਲਣ, ਤਰਸੇਮ ਲਾਲ, ਦਰਸ਼ਨ ਸਿੰਘ ਕਾਉਣੀ, ਜਗਸੀਰ ਸਿੰਘ, ਸੁਖਦੇਵ ਸਿੰਘ, ਗੁਰਤੇਜ ਸਿੰਘ ਮਲੋਟ, ਸਰਬਜੀਤ ਸਿੰਘ, ਕਿਰਪਾਲ ਸਿੰਘ, ਗੁਰਬਖਸ਼ ਸਿੰਘ, ਰਾਮ ਸਿੰਘ ਮਿੱਡਾ, ਮਨਜੀਤ ਕੌਰ, ਬਲਵਿੰਦਰ ਕੌਰ ਮਿੱਡਾ, ਕਰਮਜੀਤ ਕੌਰ ਤੇ ਮਨਦੀਪ ਕੌਰ ਆਦਿ ਮੈਂਬਰ ਹਾਜ਼ਰ ਸਨ।

## ਆਊਟਸੋਰਸ ਕਾਮਿਆਂ ਵੱਲੋਂ ਹੱਕੀ ਮੰਗਾਂ ਮਨਵਾਉਣ ਲਈ ਲਾਮਬੰਦੀ ਸ਼ੁਰੂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਜ਼ਿਲ੍ਹਾ ਕਪੂਰਥਲਾ ਵਿਖੇ ਸਿਹਤ ਵਿਭਾਗ ਵਿੱਚ ਵੱਖ ਵੱਖ ਕੈਟਾਗਰੀਆਂ ਵਿੱਚ ਕੰਮ ਕਰਨ ਵਾਲੇ ਆਊਟਸੋਰਸ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਜ਼ਿਲ੍ਹਾ ਪੱਧਰੀ ਮੀਟਿੰਗ ਹੋਈ। ਇਸ ਦੀ ਜਾਣਕਾਰੀ ਦਿੰਦਿਆਂ ਸੁਨੀਲ ਕੁਮਾਰ ਧੀਰ ਰਾਮਪੁਰਾ ਨੇ ਦੱਸਿਆ ਕਿ ਸਿਹਤ ਵਿਭਾਗ ਵਿੱਚ ਲਗਭਗ ਕੁੱਲ ਮੁਲਾਜ਼ਮਾਂ ਦਾ ਅੱਧਾ ਹਿੱਸਾ ਆਊਟਸੋਰਸ ਕਾਮਿਆਂ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਜਿਹੜੇ ਕਿ ਬਹੁਤ ਹੀ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਹਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਕਾਮੇ ਲਗਭਗ 15-20 ਸਾਲਾਂ ਤੋਂ ਕੰਮ ਕਰਦੇ ਹਨ, ਉਨ੍ਹਾਂ ਕਾਮਿਆਂ ਨੂੰ ਅੱਜ ਤੱਕ ਕਿਸੇ ਵੀ ਸਰਕਾਰ ਨੇ ਰੈਗੂਲਰ ਕਰਨ ਸਬੰਧੀ ਕੋਈ ਵੀ ਨੀਤੀ ਪਾਲਿਸੀ ਨਹੀਂ ਬਣਾਈ ਗਈ।

ਇਨ੍ਹਾਂ ਕਾਮਿਆਂ ਦੀ ਕੰਪਨੀਆਂ ਦੁਆਰਾ ਵੱਧ ਵੱਧ ਤਰੀਕੇ ਨਾਲ ਲੁੱਟ ਖਸੁੱਟ ਕੀਤੀ ਜਾ ਰਹੀ ਹੈ, ਜਿਸ ਕਰਕੇ ਇਨ੍ਹਾਂ ਆਊਟ ਸੋਰਸ ਕਾਮਿਆਂ ਵਿੱਚ ਹੁਣ ਵੱਡੀ ਪੱਧਰ 'ਤੇ ਰੋਸ ਜਾਗਣਾ ਸ਼ੁਰੂ ਹੋਇਆ ਹੈ, ਜਿਸ ਕਰਕੇ ਉਹਨਾਂ ਆਪਣੀਆਂ ਹੱਕੀ ਮੰਗਾਂ ਨੂੰ ਮਨਵਾਉਣ ਲਈ ਵੱਡੀ ਪੱਧਰ 'ਤੇ ਲਾਮਬੰਦੀ ਸ਼ੁਰੂ ਕਰਕੇ ਜ਼ਿਲ੍ਹਾ ਪੱਧਰੀ ਚੋਣ ਕੀਤੀ ਗਈ ਹੈ, ਜਿਸ ਵਿੱਚ ਉਪਕਾਰ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ, ਲਖਵੀਰ ਸਿੰਘ ਜ਼ਿਲ੍ਹਾ ਜਰਨਲ ਸਕੱਤਰ, ਅੰਕੁਸ਼ ਕੁਮਾਰ ਕੈਸ਼ੀਅਰ, ਸੀਨੀਅਰ ਮੀਤ ਪ੍ਰਧਾਨ ਮਨਜੀਤ ਕੌਰ, ਮੀਤ ਪ੍ਰਧਾਨ ਗੁਰਜੀਤ ਕੌਰ, ਪ੍ਰੈੱਸ ਸਕੱਤਰ ਮਿਨਾਕਸ਼ੀ ਢੀਂਗਰਾ, ਜੁਆਇੰਟ ਕੈਸ਼ੀਅਰ ਰਾਜਵਿੰਦਰ ਸਿੰਘ, ਦਫ਼ਤਰ ਸਕੱਤਰ ਨਵਨੀਤ ਕੁਮਾਰ, ਮੁੱਖ ਸਲਾਹਕਾਰ ਗੁਰਬੀਰ ਸਿੰਘ, ਸਲਾਹਕਾਰ ਅਮਰਜੀਤ ਸਿੰਘ, ਆਰਗੇਨਾਇਜ਼ਰ ਸਾਹਿਲ, ਔਡੀਟਰ ਅਨੀਤਾ, ਜ਼ਿਲ੍ਹਾ ਕਮੇਟੀ ਮੈਂਬਰ ਆਂਚਲ, ਦਲਜੀਤ ਕੌਰ, ਚਮਨਦੀਪ ਸਿੰਘ, ਜਸਵਿੰਦਰ ਕੌਰ, ਹਰਮਨ, ਸਰਬਜੀਤ ਕੌਰ, ਦੀਪਿਕਾ, ਮਨਦੀਪ ਕੌਰ ਆਦਿ ਦੀ ਯੂਨੀਅਨ ਵਿੱਚ ਚੋਣ ਕੀਤੀ ਗਈ।ਇਸ ਮੀਟਿੰਗ ਵਿੱਚ ਗਗਨਦੀਪ ਸਿੰਘ ਭੁੱਲਰ ਸੂਬਾ ਪ੍ਰਧਾਨ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਵਿਗਿਆਨਾਂ, ਗੁਰਜਿੰਦਰ ਸਿੰਘ ਔਲਖ ਮੰਡੀ ਕਲਾਂ ਜ਼ਿਲ੍ਹਾ ਪ੍ਰਧਾਨ ਬਠਿੰਡਾ, ਸੁਖਵਿੰਦਰ ਸਿੰਘ ਦੌਦਾ, ਗੁਲਜ਼ਾਰ ਖਾਨ, ਹਰਜਿੰਦਰਪਾਲ ਫ਼ਤਹਿਗੜ੍ਹ ਸਾਹਿਬ, ਜਗਮੀਤ ਸਿੰਘ ਜਰਨਲ ਸਕੱਤਰ ਜ਼ਿਲ੍ਹਾ ਬਠਿੰਡਾ, ਗੁਰਿੰਦਰ ਸਿੰਘ ਵਿੱਕੀ ਫੂਲ, ਪ੍ਰਦੀਪ ਸ਼ਰਮਾ ਫੂਲ, ਅਮਨਦੀਪ ਸਿੰਘ ਮਹਿਰਾਜ, ਕ੍ਰਿਸ਼ਨ ਕੁਮਾਰ ਰਾਮਪੁਰਾ, ਇੰਦਰਜੀਤ ਸਿੰਘ ਰਾਮਪੁਰਾ ਆਦਿ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਆਉਣ ਵਾਲੇ ਦਿਨਾਂ ਵਿੱਚ ਵੱਖ-ਵੱਖ ਜ਼ਿਲ੍ਹਿਆਂ ਵਿੱਚ ਇਸ ਤਰ੍ਹਾਂ ਦੀ ਚੋਣ ਕਰਕੇ ਸਿਹਤ ਵਿਭਾਗ ਆਊਟਸੋਰਸ ਮੁਲਾਜ਼ਮ ਜਥੇਬੰਦੀ ਦਾ ਗਠਨ ਕਰਕੇ ਤਿੱਖੇ ਸੰਘਰਸ਼ ਉਲੀਕੇ ਜਾਣਗੇ।

## ਜਲ ਸਰੋਤ ਮੰਤਰੀ ਵੱਲੋਂ ਵੱਖ-ਵੱਖ ਪ੍ਰੋਜੈਕਟਾਂ ਦੀ ਸਮੀਖਿਆ ਲਈ ਬੈਠਕ

**ਫਾਜ਼ਿਲਕਾ (ਨਿਸ਼ ਸ਼ਰਮਾ)**-ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਫਾਜ਼ਿਲਕਾ ਦੌਰੇ ਦੌਰਾਨ ਇੱਥੇ ਸਿੰਚਾਈ ਵਿਭਾਗ ਨਾਲ ਸੰਬੰਧਤ ਸਾਰੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਸਮੀਖਿਆ ਲਈ ਬੈਠਕ ਕੀਤੀ।ਬੈਠਕ ਵਿੱਚ ਜ਼ਿਲ੍ਹੇ ਨਾਲ ਸੰਬੰਧਤ ਸਾਰੇ ਵਿਧਾਇਕ ਸਾਹਿਬਾਨ ਤੇ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।ਉਨ੍ਹਾਂ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਹਿਰਾਂ ਤੇ ਖਾਲਿਆਂ ਸਬੰਧੀ ਸਾਰੇ ਪ੍ਰੋਜੈਕਟ ਉੱਚ ਗੁਣਵੱਤਾ ਮਾਪਦੰਡ ਅਨੁਸਾਰ ਤੈਅ ਸਮੇਂ ਸੀਮਾ ਅੰਦਰ ਮੁਕੰਮਲ ਕੀਤੇ ਜਾਣ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਟੇਲਾਂ ਤੱਕ ਪੂਰਾ ਪਾਣੀ ਪੁੱਜੇ ਇਸ ਲਈ ਬੰਦ ਪਏ ਖਾਲ ਬਹਾਲ ਕਰਨ ਦੇ ਨਾਲ ਨਾਲ ਨਹਿਰਾਂ ਦੀਆਂ ਟੇਲਾਂ ਤੱਕ ਪੂਰਾ ਪਾਣੀ ਪੁੱਜਦਾ ਕਰਨ ਲਈ ਸਮੇਂ ਸਮੇਂ ਸਿਰ ਨਹਿਰਾਂ ਦੀ ਸਫਾਈ ਵੀ ਕਰਵਾਈ ਜਾਵੇ।ਉਨ੍ਹਾਂ ਕਿਹਾ ਕਿ ਪਹਿਲੀ ਵਾਰ ਹੈ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਸਿੱਧੇ ਦੇ ਦਰਿਆਵਾਂ ਦੀ ਪਾਣੀਆਂ ਦੀ ਵਰਤੋਂ ਲਈ ਉਪਰਾਲੇ ਕੀਤੇ ਗਏ ਹਨ ਤੇ 16000 ਖਾਲ ਨਵੇਂ ਬਹਾਲ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਆਖਰੀ ਖੇਤ ਤੱਕ ਪਾਣੀ ਪੁੱਜਦਾ ਕਰਨ ਲਈ ਦ੍ਰਿੜ੍ਹਤਾ ਨਾਲ ਕੰਮ ਕਰ ਰਹੀ ਹੈ ਤੇ ਅਧਿਕਾਰੀ ਵੀ ਇਸੇ ਤਨਦੇਹੀ ਨਾਲ ਕੰਮ ਕਰਨ ਤਾਂ ਜੋ ਕਿਸਾਨਾਂ ਨੂੰ ਵੱਧ ਤੋਂ ਵੱਧ ਲਾਭ ਹੋਵੇ।ਇਸ ਮੌਕੇ ਫਾਜ਼ਿਲਕਾ ਵਿਖੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਬੱਲੂਆਣਾ ਦੇ ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫਿਰ, ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਤੇ ਸਾਬਕਾ ਵਿਧਾਇਕ ਅਰੁਣ ਨਾਰੰਗ ਹਾਜ਼ਰ ਸਨ।

## ਵਾਧੂ ਪਾਣੀ ਦੀ ਇੱਕ ਬੂੰਦ ਵੀ ਕਿਸੇ ਹੋਰ ਸੂਬੇ ਨੂੰ ਨਹੀਂ ਦਿੱਤੀ ਜਾ ਸਕਦੀ : ਪ੍ਰਨੀਤ ਕੌਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਇਥੇ ਸਾਬਕਾ ਕੇਂਦਰੀ ਮੰਤਰੀ ਤੇ ਸੰਸਦ ਮੈਂਬਰ ਪ੍ਰਨੀਤ ਕੌਰ, ਭਾਜਪਾ ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਤੇ ਜ਼ਿਲ੍ਹਾ ਪਟਿਆਲਾ ਦੀ ਭਾਜਪਾ ਵਰਕਰਾਂ ਵੱਲੋਂ ਬੀ.ਬੀ.ਐੱਮ.ਬੀ. ਪਾਣੀਆਂ ਦੇ ਮੁੱਦੇ ਉੱਪਰ ਪ੍ਰੈੱਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਪ੍ਰਨੀਤ ਕੌਰ ਵੱਲੋਂ ਪੰਜਾਬ ਦੇ ਹਿੱਸੇ 'ਚੋਂ ਗੁਆਂਢੀ ਸੂਬੇ ਹਰਿਆਣਾ ਨੂੰ ਭਾਖੜਾ ਡੈਮ ਤੋਂ ਫਲੋ 8500 ਕਿਊਸਿਕ ਵਾਧੂ ਪਾਣੀ ਦੇਣ ਦੇ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਫੈਸਲੇ ਨੂੰ ਪੰਜਾਬ ਦੇ ਪਾਣੀਆਂ 'ਤੇ ਡਾਕਾ ਦੱਸਦਿਆਂ ਸਾਬਕਾ ਕੇਂਦਰੀ ਮੰਤਰੀ ਤੇ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਪਾਣੀ ਦੀ ਕਮੀ ਦੀ ਮਾਰ ਸਹਿ ਰਿਹਾ ਹੈ, ਪੰਜਾਬ ਦੇ 115 ਜ਼ੋਨ ਪਹਿਲਾਂ ਹੀ ਡਾਰਕ ਜ਼ੋਨ ਘੋਸ਼ਿਤ ਕੀਤੇ ਜਾ ਚੁੱਕੇ ਹਨ, ਸਾਡੇ ਕੋਲ ਕਿਸੇ ਹੋਰ ਰਾਜ ਨੂੰ ਵਾਧੂ ਪਾਣੀ ਦੇਣ ਲਈ ਇਕ ਬੂੰਦ ਵੀ ਨਹੀਂ ਹੈ।ਉਨ੍ਹਾਂ ਕਿਹਾ ਕਿ ਹਰਿਆਣਾ ਪਹਿਲਾਂ ਹੀ ਪਾਣੀ ਦੀ ਆਪਣੀ ਸਾਲਾਨਾ ਵੰਡ ਦਾ 104 ਫ਼ੀਸਦ ਵਰਤ ਚੁੱਕਾ ਹੈ, ਭਾਖੜਾ ਡੈਮ ਤੇ ਪੌਂਗ ਡੈਮ ਵਿੱਚ ਪਾਣੀ ਦਾ ਪੱਧਰ ਹੇਠਾਂ ਦਰਜ ਕੀਤਾ ਗਿਆ, ਜਦਕਿ ਦੂਜੇ ਪਾਸੇ ਹਰਿਆਣਾ ਦੀ 8500 ਕਿਊਸਿਕ ਵਾਧੂ ਪਾਣੀ ਦੀ ਮੰਗ ਕਿੰਦਾਂ ਪੂਰੀ ਕੀਤੀ ਜਾ ਸਕਦੀ ਹੈ, ਆਉਣ ਵਾਲੇ ਦਿਨਾਂ 'ਚ ਰਾਜ ਦੇ ਕਿਸਾਨਾਂ ਨੂੰ ਗੰਭੀਰ ਪਾਣੀ ਸੰਕਟ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਉਨ੍ਹਾਂ ਪੰਜਾਬ ਦੀ ਸੱਤਾਧਾਰੀ ਸਰਕਾਰ ਆਮ ਆਦਮੀ ਪਾਰਟੀ ਦੀ ਆਲੋਚਨਾ ਕਰਦੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਸਿਰਫ ਇਸ਼ਤਿਹਾਰਬਾਜ਼ੀ ਵਿੱਚ ਵਿਅਸਤ ਰਹਿੰਦੇ ਹਨ, ਜਦਕਿ ਅਸਲ ਲੜਾਈ ਵਿੱਚ ਪੰਜਾਬ ਪਿੱਛੇ ਰਹਿ ਗਿਆ, ਪੰਜਾਬ ਸਰਕਾਰ ਆਪਣੀ ਨਾਕਾਮੀ ਨੂੰ ਛੁਪਾਉਣ ਲਈ ਹੁਣ ਨਾਟਕ ਕਰ ਰਹੀ ਹੈ, ਅੱਜ ਜੋ ਵੀ ਸਥਿਤੀ ਬਣੀ ਹੈ, ਉਸ ਲਈ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੈ।ਅੰਤ ਵਿੱਚ ਪ੍ਰਨੀਤ ਕੌਰ ਨੇ ਕਿਹਾ ਕਿ ਪੰਜਾਬ ਭਾਜਪਾ ਇਸ ਫੈਸਲੇ ਨਾਲ ਕੱਤਈ ਸਹਿਮਤ ਨਹੀਂ ਹੈ ਤੇ ਇਹ ਫੈਸਲਾ ਤੁਰੰਤ ਵਾਪਸ ਲਿਆ ਜਾਣਾ ਚਾਹੀਦਾ ਹੈ, ਭਾਜਪਾ ਪੰਜਾਬ ਕਿਸੇ ਵੀ ਕੀਮਤ 'ਤੇ ਪੰਜਾਬ ਦੇ ਹਿੱਤਾਂ ਨੂੰ ਅਣਡਿੱਠਾ ਨਹੀਂ ਹੋਣ ਦੇਵੇਗੀ ਅਤੇ ਪੰਜਾਬ ਤੇ ਪੰਜਾਬੀਆਂ ਦੇ ਨਾਲ ਚਟਾਨ ਵਾਂਗ ਖੜੀ ਹੈ।

## ਵਿਦਿਆਰਥੀਆਂ ਨੇ ਖੇਡਾਂ 'ਚ ਮਾਊਂਟ ਲਿਟਰਾ ਜ਼ੀ ਸਕੂਲ ਦਾ ਨਾਂਅ ਚਮਕਾਇਆ




**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਸਥਾਨਕ ਇਲਾਕੇ ਦੀ ਮਸ਼ਹੂਰ ਸੰਸਥਾ, ਫਰੀਦਕੋਟ ਦੇ ਮਾਊਂਟ ਲਿਟਰਾ ਜ਼ੀ ਸਕੂਲ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਆਪਣਾ ਨਾਮ ਰੌਸ਼ਨ ਕਰ ਰਹੇ ਹਨ।ਜ਼ਿਕਰਯੋਗ ਹੈ ਕਿ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਪੱਧਰੀ ਥ੍ਰੋਬਾਲ ਚੈਂਪੀਅਨਸ਼ਿਪ ਜਿੱਤੀ।ਇਹ ਮੁਕਾਬਲਾ ਸਾਦਿਕ ਵਿੱਚ ਜ਼ਿਲ੍ਹਾ ਥ੍ਰੋ ਬਾਲ ਐਸੋਸੀਏਸ਼ਨ ਵੱਲੋਂ ਕਰਵਾਇਆ ਗਿਆ ਸੀ, ਜਿਸ ਵਿੱਚ ਸਕੂਲ ਦੀਆਂ ਕੁੜੀਆਂ ਦੀ ਥ੍ਰੋਬਾਲ ਟੀਮ, ਜਿਸ ਵਿੱਚ ਜਸਨੂਰ ਕੌਰ, ਗੁਰਪ੍ਰੀਤ ਕੌਰ, ਅਰਸ਼ਪ੍ਰੀਤ ਕੌਰ, ਅੰਸ਼ਪ੍ਰੀਤ ਕੌਰ, ਪਵਨਪ੍ਰੀਤ ਕੌਰ, ਦਿਲਪ੍ਰੀਤ ਕੌਰ ਤੇ ਖੁਸ਼ਪ੍ਰੀਤ ਕੌਰ ਸ਼ਾਮਲ ਸਨ, ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਅਰਮਾਨ ਸਿੰਘ, ਪਰਵ ਗੁਪਤਾ, ਦਕਸ਼, ਨਵਨੀਤ ਸਿੰਘ, ਜਸਮੀਤ ਸਿੰਘ, ਜਸਮਨ ਸਿੰਘ, ਆਸ਼ੀਸ਼, ਰਾਜਵਿੰਦਰ ਸਿੰਘ, ਕਾਰਤਿਕ ਤੇ ਅਮਾਨਤ ਨੇ ਵੀ ਮੁੰਡਿਆਂ ਦੇ ਥ੍ਰੋ ਬਾਲ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਅੰਤ ਵਿੱਚ ਸਕੂਲ ਵਾਪਸ ਆਉਂਦੇ ਹੋਏ, ਸਕੂਲ ਦੇ ਚੇਅਰਮੈਨ ਇੰਜ. ਚਮਨ ਲਾਲ ਗੁਲਾਟੀ ਤੇ ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਨੇ ਜੇਤੂ ਖਿਡਾਰੀਆਂ ਨੂੰ ਮੈਡਲ ਤੇ ਟਰਾਫੀਆਂ ਦੇ ਕੇ ਸਨਮਾਨਤ ਕੀਤਾ।ਮਾਪਿਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਜਿੱਤ ਲਈ ਦਿਲੋਂ ਵਧਾਈ ਦਿੱਤੀ ਗਈ।ਉਨ੍ਹਾਂ ਸਕੂਲ ਡੀ.ਪੀ.ਈ. ਨੂੰ ਵੀ ਵਧਾਈ ਦਿੱਤੀ।ਮਨਦੀਪ ਕੁਮਾਰ, ਮਨਜੋਧ ਸਿੰਘ ਨੂੰ ਇਸ ਵਿਲੱਖਣ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਤਾਂ ਜੋ ਉਹ ਭਵਿੱਖ ਵਿੱਚ ਵੀ ਖੇਡਾਂ ਵਿੱਚ ਆਪਣਾ ਨਾਮ ਚਮਕਾਉਂਦੇ ਰਹਿਣ।

## ਜਗਮੋਹਣ ਸਿੰਘ ਟੱਕਰ ਦੀ ਯਾਦ 'ਚ ਮੁਫ਼ਤ ਮੈਡੀਕਲ ਤੇ ਖ਼ੂਨਦਾਨ ਕੈਂਪ 8 ਨੂੰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਐੱਸ.ਜੀ.ਬੀ. ਚੈਰੀਟੇਬਲ ਸੇਵਾ ਸੰਮਤੀ ਵੱਲੋਂ ਸਵ. ਜਗਮੋਹਨ ਸਿੰਘ ਟੱਕਰ ਦੀ ਯਾਦ ਵਿੱਚ ਮੁਫ਼ਤ ਮੈਡੀਕਲ ਤੇ ਖ਼ੂਨਦਾਨ ਕੈਂਪ 8 ਮਈ ਨੂੰ ਸਥਾਨਕ ਸਮਰਾਲਾ ਰੋਡ 'ਤੇ ਸਥਿਤ ਲਕਸ਼ਮੀ ਮਾਰਕੀਟ ਨੇੜੇ ਐੱਚ ਡੀ ਐੱਫ ਸੀ ਬੈਂਕ 'ਚ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਹੋਈ, ਜਿਸ ਵਿੱਚ ਸੰਸਥਾ ਦੇ ਚੇਅਰਮੈਨ ਚਰਨਜੀਤ ਸਿੰਘ ਥੋਪੀਆ ਨੇ ਦੱਸਿਆ ਕਿ ਇਹ ਕੈਂਪ ਸਵੇਰੇ 9 ਵਜੇ ਤੋਂ 2 ਵਜੇ ਤੱਕ ਲਗਾਇਆ ਜਾਵੇਗਾ, ਜਿਸ ਵਿੱਚ ਮਾਹਰ ਡਾਕਟਰ ਅੱਖਾਂ, ਦੰਦਾਂ, ਹੱਡੀਆਂ ਤੇ ਜਨਰਲ ਬੀਮਾਰੀਆਂ ਦੀ ਜਾਂਚ ਕਰਨਗੇ ਤੇ ਮਰੀਜ਼ਾਂ ਨੂੰ ਲੋੜੀਂਦੀਆਂ ਦਵਾਈਆਂ ਮੁਫ਼ਤ ਤੇ ਐਨਕਾਂ ਵੀ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਖ਼ੂਨਦਾਨ ਕੈਂਪ ਵਿੱਚ ਪੀਜੀਆਈ ਤੋਂ ਆਈ ਟੀਮ ਯੂਨਿਟ ਇਕੱਤਰ ਕਰੇਗੀ। ਉਨ੍ਹਾਂ ਦੱਸਿਆ ਕਿ ਇਲਾਕੇ ਦੇ ਲੋਕ ਜਿੱਥੇ ਖ਼ੂਨ ਦਾਨ ਲਈ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ, ਉੱਥੇ ਮਰੀਜ਼ ਵੀ ਮੈਡੀਕਲ ਕੈਂਪ ਦਾ ਲਾਭ ਲੈਣ। ਕੈਂਪ ਵਿੱਚ ਆਏ ਮਰੀਜ਼ਾਂ ਤੋਂ ਇਲਾਵਾ ਹੋਰ ਸੰਗਤ ਲਈ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ। ਮੀਟਿੰਗ ਵਿੱਚ ਕੈਂਪ ਦੀਆਂ ਤਿਆਰੀਆਂ ਸਬੰਧੀ ਸਾਰੇ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ। ਇਸ ਮੌਕੇ ਪ੍ਰਧਾਨ ਆਰ. ਐੱਸ. ਹੀਰਾ, ਪ੍ਰੇਮ ਸਿੰਘ ਰਜ਼ੂਲ, ਅਸ਼ੋਕ ਖੁਰਾਣਾ, ਗੁਰਚਰਨ ਸਿੰਘ ਜੁਲਫ਼ਗੜ੍ਹ, ਮਨਜੀਤ ਸਿੰਘ ਮੁੱਤੋਂ, ਸੰਜੇ ਜੈਨ, ਪ੍ਰਿਤਪਾਲ ਸਿੰਘ ਵੀ ਮੌਜੂਦ ਸਨ। ਯੁਵਕ ਸੇਵਾਵਾਂ ਕਲੱਬ ਵੱਲੋਂ ਵੀ ਕੈਂਪ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ ਜਾਵੇਗਾ।

## ਸਕੂਲ 'ਚ ਲਗਾਏ ਮੁਫ਼ਤ ਆਰ ਓ ਸਿਸਟਮ ਦਾ ਉਦਘਾਟਨ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਸਰਕਾਰੀ ਪ੍ਰਾਇਮਰੀ ਸਕੂਲ ਫੱਤਣਵਾਲਾ ਵਿੱਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਬੱਚਿਆਂ ਨੂੰ ਸਾਫ਼ ਪਾਣੀ ਦੇਣ ਲਈ ਮੁਫ਼ਤ ਆਰ ਓ ਸਿਸਟਮ ਲਗਾਇਆ ਗਿਆ ਸੀ, ਜਿਸ ਦਾ ਉਦਘਾਟਨ ਜਗਜੀਤ ਸਿੰਘ ਹਨੀ ਬਰਾੜ ਫੱਤਣਵਾਲਾ ਵੱਲੋਂ ਕੀਤਾ ਗਿਆ ਅਤੇ ਡਾਕਟਰ ਐੱਸ ਪੀ ਸਿੰਘ ਉਬਰਾਏ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਟਰੱਸਟ ਵੱਲੋਂ ਦੁਨੀਆ ਭਰ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਜਾਣਕਾਰੀ ਵੀ ਦਿੱਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ ਸਕੂਲ ਸਟਾਫ ਵੱਲੋਂ ਡਾਕਟਰ ਐੱਸ ਪੀ ਸਿੰਘ ਓਬਰਾਏ ਨੂੰ ਸਕੂਲ ਵਿੱਚ ਆਰ ਓ ਸਿਸਟਮ ਲਗਾਉਣ ਲਈ ਬੇਨਤੀ ਪੱਤਰ ਦਿੱਤਾ ਗਿਆ ਸੀ, ਤਾਂ ਡਾਕਟਰ ਐਸ ਓਬਰਾਏ ਵਲੋਂ ਬੱਚਿਆਂ ਦੀ ਸਿਹਤ ਦੇ ਮੱਦੇਨਜ਼ਰ ਤੁਰੰਤ ਪ੍ਰਵਾਨ ਕਰਕੇ ਸਕੂਲ ਨੂੰ ਆਰ ਓ ਸਿਸਟਮ ਭੇਜਿਆ ਗਿਆ ਸੀ। ਇਸ ਉਪਰੰਤ ਸਕੂਲ ਸਟਾਫ ਤੇ ਬੱਚਿਆਂ ਵੱਲੋਂ ਡਾਕਟਰ ਐੱਸ ਪੀ ਸਿੰਘ ਓਬਰਾਏ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਕੂਲ ਸਟਾਫ, ਪਿੰਡ ਫੱਤਣਵਾਲਾ ਦੇ ਨਗਰ ਨਿਵਾਸੀ, ਅੰਗਰੇਜ਼ ਸਿੰਘ ਬੂੜਾ ਗੁੱਜਰ ਜਸਪਾਲ ਸਿੰਘ ਬੂੜਾ ਗੁੱਜਰ ਆਦਿ ਹਾਜ਼ਰ ਸਨ।

## ਪੈਨਸ਼ਨਰਜ਼ ਐਸੋਸੀਏਸ਼ਨ ਇਕਾਈ ਮੂਨਕ ਦੀ ਮੀਟਿੰਗ



**ਮੂਨਕ (ਰਾਜਪਾਲ ਸਿੰਗਲਾ)**-ਪੈਨਸ਼ਨਰਜ਼ ਐਸੋਸੀਏਸ਼ਨ ਡਵੀਜ਼ਨ ਲਹਿਰਾਗਾਗਾ ਇਕਾਈ ਮੂਨਕ ਦੀ ਮਹੀਨੇਵਾਰ ਮੀਟਿੰਗ ਮੰਗਤ ਸਿੰਘ ਸੀਨੀਅਰ ਮੀਤ ਪ੍ਰਧਾਨ ਡਵੀਜ਼ਨ ਲਹਿਰਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਪਹੁੰਚੇ ਹਾਜ਼ਰ ਪੈਨਸ਼ਨਰਾਂ ਮੁਲਾਜ਼ਮਾਂ ਦੇ ਵੱਲੋਂ ਦੋ ਮਿੰਟ ਦਾ ਮੌਨ ਰੱਖ ਕੇ ਵਿੱਛੜੇ ਸਾਥੀਆਂ ਤੇ ਪਹਿਲਗਾਮ ਵਿੱਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਦੇ ਨਾਲ ਹੀ ਪਹੁੰਚੇ ਮੁਲਾਜ਼ਮਾਂ ਦੇ ਵੱਲੋਂ ਮਜ਼ਦੂਰ ਦਿਵਸ ਨੂੰ ਸਮਰਪਤ ਮਜ਼ਦੂਰ ਦਿਹਾੜਾ ਵੀ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਪੂਰਨ ਸਿੰਘ, ਮੰਗਤ ਸਿੰਘ, ਜਗਰੂਪ ਸਿੰਘ, ਜਗਮੋਹਨ ਕੁਮਾਰ, ਬੂਟਾ ਸਿੰਘ, ਸੋਮ ਚੰਦ ਆਦਿ ਨੇ ਸੰਬੋਧਨ ਕੀਤਾ ਤੇ ਉਨ੍ਹਾਂ ਦੱਸਿਆ ਕਿ ਇਸ ਸਮੇਂ ਪੰਜਾਬ ਸਰਕਾਰ ਬਿਜਲੀ ਬੋਰਡ ਨੂੰ ਨਿੱਜੀ ਹੱਥਾਂ ਵਿੱਚ ਦੇ ਰਹੀ ਹੈ, ਜਿਵੇਂ ਕਿ ਮੋਹਾਲੀ ਤੇ ਖਰੜ ਨੂੰ ਅਤੇ ਕੇਂਦਰ ਸਰਕਾਰ ਵੀ ਪੈਨਸ਼ਨਾਂ ਵਿੱਚ ਕਟੌਤੀ ਕਰਨ ਜਾ ਰਹੀ ਹੈ। ਇਹ ਜਥੇਬੰਦੀਆਂ ਵੱਲੋਂ ਹਰਗਿਜ਼ ਨਹੀਂ ਹੋਣ ਦਿੱਤਾ ਜਾਵੇਗਾ, ਸੰਘਰਸ਼ ਜਾਰੀ ਰੱਖਿਆ ਜਾਵੇਗਾ। ਇਸ ਵਿੱਚੋਂ ਨਿਕਲਣ ਵਾਲੇ ਸਿੱਟਿਆਂ ਦੀ ਜ਼ਿੰਮੇਵਾਰੀ ਸਰਕਾਰਾਂ ਦੀ ਹੋਵੇਗੀ।

## ਬਹੁਜਨ ਸਮਾਜ ਪਾਰਟੀ ਹਲਕਾ ਮੁਕਤਸਰ ਦੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬਹੁਜਨ ਸਮਾਜ ਪਾਰਟੀ ਹਲਕਾ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਭਗਵਾਨ ਵਾਲਮੀਕ ਜੀ ਦੇ ਪਵਿੱਤਰ ਅਸਥਾਨ ਵਿਖੇ ਬਲਕਾਰ ਸਿੰਘ ਲੱਖੇਵਾਲੀ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ ਹੋਈ। ਸ੍ਰ. ਅਵਤਾਰ ਸਿੰਘ ਕਰੀਮਪੁਰੀ ਪੰਜਾਬ ਪ੍ਰਧਾਨ ਤੇ ਬੀਬੀ ਸ਼ੀਲਾ ਰਾਣੀ ਸਕੱਤਰ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉਪਰੋਕਤ ਬੁਲਾਰਿਆਂ ਨੇ ਪਾਰਟੀ ਗਤੀਵਿਧੀ ਤੇਜ਼ ਕਰਨ ਲਈ ਤੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਜ਼ੁੰਮੇਵਾਰੀਆਂ ਲਾਇਆਂ ਅਤੇ ਸਾਥੀਆਂ ਨੂੰ ਬੇਨਤੀ ਕੀਤੀ ਕਿ ਮਹਾਤਮਾ ਜੋਤੀ ਰਾਓ ਫੂਲੇ ਜੀ ਦੇ ਜੀਵਨ ਸੰਘਰਸ਼ 'ਤੇ ਬਣੀ ਫਿਲਮ ਨੂੰ ਪਰਿਵਾਰ ਸਮੇਤ ਦੇਖਣ ਲਈ ਵਿਚਾਰ ਵਿਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਮਾਸਟਰ ਸ੍ਰੀ ਚੰਦ ਜ਼ਿਲ੍ਹਾ ਇੰਚਾਰਜ, ਜਗਦੇਵ ਅਲਾਰਮ ਜ਼ਿਲ੍ਹਾ ਇੰਚਾਰਜ, ਦਿਆ ਨੰਦ ਬਾਮਸੇਫ਼, ਸੁੰਦਰ ਲਾਲ ਜਾਟੀਵਾਲ ਪ੍ਰਚਾਰ ਸਕੱਤਰ, ਕਰਨਦੀਪ ਸਿੰਘ, ਰੋਸ਼ਨ ਲਾਲ ਸੀਨੀਅਰ ਆਗੂ, ਜਗਜੀਤ ਸਿੰਘ ਸੈਕਟਰੀ, ਸੀਮਾ ਰਾਣੀ ਹਲਕਾ ਪ੍ਰਧਾਨ ਮਹਿਲਾ ਵਿੰਗ, ਕੁਲਵਿੰਦਰ ਸਿੰਘ, ਹਰਜਿੰਦਰ ਸਿੰਘ ਮੀਡੀਆ ਇੰਚਾਰਜ, ਵਿਜੇ ਕੁਮਾਰ, ਕੇਵਲ ਕ੍ਰਿਸ਼ਨ ਸੀਨੀਅਰ ਬਸਪਾ ਆਗੂ, ਮੰਗਤ ਰਾਮ ਬਾਮਸੇਫ਼ ਤੇ ਹੋਰ ਸੀਨੀਅਰ ਆਗੂਆਂ ਨੇ ਭਾਗ ਲਿਆ।

## ਸਿੱਖ ਕੌਮ ਜੰਗਾਂ-ਯੁੱਧਾਂ ਦੇ ਵਿਰੁੱਧ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜੰਗਾਂ ਜਾਂ ਯੁੱਧਾਂ ਨਾਲ ਕਦੀ ਕੋਈ ਮਸਲਾਂ ਹੱਲ ਨਹੀਂ ਹੋਇਆ, ਬਲਕਿ ਇਸ ਮਨੁੱਖਤਾ ਵਿਰੋਧੀ ਅਮਲ ਨਾਲ ਹਮੇਸ਼ਾ ਪੰਜਾਬ ਸੂਬੇ, ਪੰਜਾਬੀਆਂ ਤੇ ਸਿੱਖ ਕੌਮ ਦਾ ਜਾਨੀ, ਮਾਲੀ ਨੁਕਸਾਨ ਹੁੰਦਾ ਰਿਹਾ ਹੈ, ਕਿਉਂਕਿ ਹਰ ਵਾਰੀ ਮੈਦਾਨ-ਏ-ਜੰਗ ਚੜ੍ਹਦਾ ਤੇ ਲਹਿੰਦਾ ਪੰਜਾਬ ਹੀ ਬਣਦਾ ਹੈ, ਜੋ ਬੀਤੇ ਕੱਲ੍ਹ ਇੰਡੀਅਨ ਨੇਵੀ ਤੇ ਏਅਰਫੋਰਸ ਦੇ ਮੁੱਖੀਆਂ ਵੱਲੋਂ ਮੋਦੀ ਨਾਲ ਮੁਲਾਕਾਤ ਕੀਤੀ ਗਈ ਹੈ, ਇਹ ਪੰਜਾਬੀਆਂ ਤੇ ਸਿੱਖਾਂ 'ਤੇ ਜਬਰੀ ਜੰਗ ਥੋਪਣ ਦੇ ਖਤਰੇ ਦੀ ਘੰਟੀ ਨੂੰ ਪ੍ਰਤੱਖ ਕਰ ਰਿਹਾ ਹੈ।ਜਦੋਂਕਿ ਜੰਗਾਂ ਤੇ ਯੁੱਧ ਨਾਲ ਕਦੀ ਕੋਈ ਮਸਲਾਂ ਹੱਲ ਨਹੀਂ ਹੋ ਸਕਦਾ, ਬਲਕਿ ਇਹ ਤਾਂ ਮਸਲਿਆਂ ਨੂੰ ਹੋਰ ਪੇਚੀਦਾ ਕਰਨ ਦੇ ਨਾਲ-ਨਾਲ ਮਨੁੱਖਤਾ ਦਾ ਅਜਾਈਂ ਨੁਕਸਾਨ ਕਰਨ ਦਾ ਵੱਡਾ ਕਾਰਨ ਬਣ ਜਾਂਦੀਆਂ ਹਨ।ਰੂਸ-ਯੂਕਰੇਨ, ਇਜ਼ਰਾਈਲ, ਫਲਸਤੀਨੀਆਂ ਦੀ ਹੋਈ ਲੜਾਈ ਵਿੱਚ ਜਿਵੇਂ ਮਾਸੂਮ ਬੱਚਿਆਂ, ਔਰਤਾਂ ਤੇ ਨਾਗਰਿਕਾਂ ਦਾ ਵੱਡਾ ਨੁਕਸਾਨ ਹੋਇਆ ਹੈ, ਉਹ ਸੰਸਾਰ ਦੇ ਸਾਹਮਣੇ ਹੈ।ਜੇਕਰ ਸ੍ਰੀ ਮੋਦੀ ਤੇ ਉਸ ਦੀ ਪੰਜਾਬ ਤੇ ਸਿੱਖ ਕੌਮ ਵਿਰੋਧੀ ਜੁੰਡਲੀ ਵੱਲੋਂ ਜੰਗ ਲਗਾ ਕੇ ਸਾਡੇ ਉਤੇ ਜਬਰੀ ਥੋਪੀ ਗਈ ਤਾਂ ਸਿੱਖ ਕੌਮ ਇਸ ਜੰਗ ਵਿੱਚ ਹੁਕਮਰਾਨਾਂ ਤੇ ਸਾਜ਼ਿਸ਼ਕਾਰਾਂ ਦਾ ਬਿਲਕੁਲ ਸਾਥ ਨਹੀਂ ਦੇਵੇਗੀ।

## ਅਨਮੋਲਦੀਪ ਤੇ ਏਕਨੂਰ ਧਾਰਮਿਕ ਪ੍ਰੀਖਿਆ 'ਚ ਦੂਜੇ ਸਥਾਨ 'ਤੇ ਰਹੀਆਂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਸੰਸਥਾ ਦੇ ਸੰਸਥਾਪਕ ਪ੍ਰਿੰਸੀਪਲ ਸ੍ਰ. ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਦੀ ਯੋਗ ਤੇ ਸੁਚੱਜੀ ਦੇਖ ਰੇਖ ਵਿੱਚ ਹਰ ਖੇਤਰ ਵਿੱਚ ਨਾਮਣਾ ਖੱਟ ਰਹੀ ਹੈ, ਦੇ ਵਿਦਿਆਰਥੀਆਂ ਵੱਲੋਂ ਸਿੱਖ ਮਿਸ਼ਨਰੀ ਕਾਲਜ ਦੁਆਰਾ ਲਈ ਗਈ ਧਾਰਮਿਕ ਪ੍ਰੀਖਿਆ (2024-25) ਵਿੱਚ ਭਾਗ ਲਿਆ ਗਿਆ।

ਇਸ ਪ੍ਰੀਖਿਆ ਵਿੱਚੋਂ ਛੇਵੀਂ ਸ਼੍ਰੇਣੀ ਦੀਆਂ ਵਿਦਿਆਰਥਣਾਂ ਅਨਮੋਲਦੀਪ ਕੌਰ ਤੇ ਏਕਨੂਰ ਕੌਰ ਨੇ ਦੂਸਰਾ ਦਰਜਾ ਪ੍ਰਾਪਤ ਕਰਕੇ ਆਪਣਾ ਤੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਧਾਰਮਿਕ ਕਾਰਜਾਂ ਵਿੱਚ ਵੀ ਰੁਚੀ ਰੱਖਣੀ ਚਾਹੀਦੀ ਹੈ ਤਾਂ ਜੋ ਸਾਡੇ ਮਨ ਵਿੱਚ ਦੂਸਰਿਆਂ ਲਈ ਦਇਆ, ਪ੍ਰੇਮ, ਕੁਰਬਾਨੀ ਤੇ ਮਨੁੱਖਤਾ ਦੀ ਸੇਵਾ ਦੀ ਭਾਵਨਾ ਪੈਦਾ ਹੋ ਸਕੇ, ਜਿਸ ਦੀ ਸਾਡੇ ਸਮਾਜ ਨੂੰ ਬਹੁਤ ਲੋੜ ਹੈ।ਇਸ ਮੌਕੇ ਪ੍ਰਿੰਸੀਪਲ ਮੈਡਮ ਪ੍ਰਮਿੰਦਰ ਕੌਰ, ਕੋਆਰਡੀਨੇਟਰ ਮੁਕੇਸ਼ ਅਰੋੜਾ, ਮੈਡਮ ਖੁਸ਼ਪ੍ਰੀਤ ਕੌਰ, ਕੋਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ ਸਕੂਲ ਦਾ ਸਮੁੱਚਾ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਮਾਂ ਬੋਲੀ ਪੰਜਾਬੀ ਦੀ ਰਾਖੀ ਲਈ ਇਕਸੁਰ ਹੋਣ ਦੀ ਲੋੜ : ਡਾ. ਕਥੂਰੀਆ



**ਸੰਗਰੂਰ (ਪ੍ਰਵੀਨ ਸਿੰਘ)**-ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਸੰਸਥਾਪਕ ਚੇਅਰਮੈਨ ਡਾ: ਦਲਬੀਰ ਸਿੰਘ ਕਥੂਰੀਆ ਨੇ ਕਿਹਾ ਕਿ ਮਾਂ ਬੋਲੀ ਪੰਜਾਬੀ ਦੀ ਰਾਖੀ ਲਈ ਕੇਵਲ ਗੱਲਾਂ ਨਾਲ ਕੰਮ ਨਹੀਂ ਚੱਲਣਾ, ਸਗੋਂ ਹਰ ਪੰਜਾਬੀ ਨੂੰ ਆਪਣੇ ਪੱਧਰ 'ਤੇ ਯਤਨ ਕਰਨੇ ਪੈਣੇ ਹਨ। ਉਨ੍ਹਾਂ ਇਥੇ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਬਹੁਤੇ ਘਰਾਂ ਜਾਂ ਸਿੱਖਿਆ ਸੰਸਥਾਨਾਂ ਵਿੱਚ ਪੰਜਾਬੀ 'ਚ ਗੱਲ ਕਰਨ ਦੀ ਥਾਂ ਹਿੰਦੀ ਜਾਂ ਅੰਗਰੇਜ਼ੀ ਵਿੱਚ ਗੱਲ ਕਰਨ ਲਈ ਮਾਣ ਮਹਿਸੂਸ ਕੀਤਾ ਜਾਂਦਾ ਹੈ, ਜਦੋਂਕਿ ਤਮਿਲਨਾਡੂ, ਮਹਾਂਰਾਸ਼ਟਰ, ਕੇਰਲਾ, ਉੜੀਸਾ ਤੇ ਹੋਰਨਾਂ ਕਈ ਰਾਜਾਂ ਵਿੱਚ ਉਥੋਂ ਦੇ ਲੋਕ ਆਪਣੀ ਮਾਂ ਬੋਲੀ ਨੂੰ ਸਤਿਕਾਰ ਦੇਣਾ ਮਾਣ ਮਹਿਸੂਸ ਕਰਦੇ ਹਨ। ਡਾ: ਕਥੂਰੀਆ ਨੇ ਦੱਸਿਆ ਕਿ ਵਿਸ਼ਵ ਪੰਜਾਬੀ ਸਭਾ ਵੱਲੋਂ ਹਰ ਸਾਲ ਤਿੰਨ ਵਿਸ਼ਵ ਪੰਜਾਬੀ ਕਾਨਫਰੰਸਾਂ ਕਰਵਾਈਆਂ ਜਾਂਦੀਆਂ ਹਨ, ਜਿਨ੍ਹਾਂ ਵਿੱਚੋਂ ਇੱਕ ਕੈਨੇਡਾ ਦੇ ਬਰੈਂਪਟਨ ਵਿੱਚ ਹੁੰਦੀ ਹੈ, ਜੋ ਇਸ ਸਾਲ 20, 21 ਤੇ 22 ਜੂਨ ਨੂੰ ਹੈ, ਜਿਸ ਵਿੱਚ ਵੱਖ ਵੱਖ ਦੇਸ਼ਾਂ ਤੋਂ ਸਾਹਿਤਕਾਰ ਸ਼ਾਮਲ ਹੁੰਦੇ ਹਨ। ਇਕ ਪ੍ਰਸ਼ਨ ਦੇ ਜਵਾਬ ਵਿੱਚ ਉਨ੍ਹਾਂ ਮੰਨਿਆ ਕਿ ਬਹੁਤੇ ਮਾਪੇ ਆਪਣੇ ਬੱਚਿਆਂ ਨੂੰ ਪੰਜਾਬੀ ਵਿੱਚ ਗੱਲ ਕਰਨ ਦੀ ਥਾਂ ਹਿੰਦੀ ਵਿੱਚ ਗੱਲ ਕਰਨ ਨਾਲ ਫ਼ਖਰ ਮਹਿਸੂਸ ਕਰਦੇ ਹਨ। ਅਜਿਹੇ ਮਾਪਿਆਂ ਨੂੰ ਜਾਗਰੂਕ ਕਰਨ ਲਈ ਸਭਾ ਵੱਲੋਂ ਸ਼ਹਿਰਾਂ ਤੇ ਪਿੰਡਾਂ ਵਿੱਚ ਸਭਾਵਾਂ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਸਭਾ ਦੇ ਕੌਮੀ ਪ੍ਰਧਾਨ ਬਲਬੀਰ ਕੌਰ ਰਾਏਕੋਟੀ ਨੇ ਦੱਸਿਆ ਕਿ ਸਭਾ ਪਿੰਡ ਪਿੰਡ ਜਾ ਕੇ ਮਾਂ ਬੋਲੀ ਦਾ ਹੋਕਾ ਦੇਣ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਡਾ: ਕਥੂਰੀਆ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਚੁਫ਼ੇਰਿਓ ਪ੍ਰਸ਼ੰਸਾ ਹੋ ਰਹੀ ਹੈ। ਮੰਚ ਸੰਚਾਲਨ ਦੌਰਾਨ ਸੰਗਰੂਰ ਸੋਸ਼ਲ ਵੈੱਲਫ਼ੇਅਰ ਐਸੋ: ਦੇ ਪ੍ਰਧਾਨ ਰਾਜ ਕੁਮਾਰ ਅਰੋੜਾ ਨੇ ਦੱਸਿਆ ਕਿ ਇਸ ਮੌਕੇ ਡਾ: ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ, ਪ੍ਰੀਤ ਹੀਰ, ਸਤਵੀਰ ਸਿੰਘ ਪ੍ਰਧਾਨ ਮਾਝਾ ਜ਼ੋਨ, ਰਾਜਵੀਰ ਸਿੰਘ ਭਲੂਰੀਆ ਪ੍ਰਧਾਨ ਮਾਲਵਾ ਜ਼ੋਨ, ਗੁਰਮੀਤ ਸਿੰਘ ਬੱਬੀ ਬਾਜਾਖਾਨਾ, ਰਮਨਦੀਪ ਕੌਰ, ਵੰਦਨਾ ਲੁਧਿਆਣਾ, ਜਸਵਿੰਦਰ ਸਿੰਘ ਬਿੱਟਾ, ਜੱਸ ਸ਼ੇਰਗਿੱਲ, ਡਾ: ਨਿਰਪਜੀਤ ਸਿੰਘ, ਡਾ: ਰਜਿੰਦਰ ਕੌਰ, ਜੰਗ ਸਿੰਘ ਫੱਟੜ, ਨੂਰ ਮੁਹੰਮਦ ਨੂਰ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

## ਆਈ ਟੀ ਆਈ ਇੰਸਟਰਕਟਰ ਯੂਨੀਅਨ ਵੱਲੋਂ ਧਰਨਾ 12 ਨੂੰ

**ਜਲਾਲਾਬਾਦ (ਜੀਤ ਕੁਮਾਰ)** : ਆਈ.ਟੀ.ਆਈ. ਇੰਸਟਰਕਟਰ ਯੂਨੀਅਨ ਪੰਜਾਬ ਦੇ ਪ੍ਰਧਾਨ ਤਲਵਿੰਦਰ ਸਿੰਘ, ਜਸਵਿੰਦਰ ਸਿੰਘ, ਜਸਪਾਲ ਸਿੰਘ, ਲਖਵਿੰਦਰ ਸਿੰਘ, ਸਤਨਾਮ ਸਿੰਘ ਨੇ ਅੱਜ ਇਥੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਯੂਨੀਅਨ ਦੀ ਹੋਈ ਮੀਟਿੰਗ ਵਿੱਚ ਪੂਰੇ ਪੰਜਾਬ ਵਿੱਚੋਂ ਲਗਭਗ 30 ਸਰਕਾਰੀ ਆਈਟੀਆਈ ਦੇ ਇੰਸਟਰਕਟਰਾਂ ਨੇ ਹਿੱਸਾ ਲਿਆ। 12 ਮਈ 2025 ਨੂੰ ਮੁੱਖ ਦਫਤਰ ਚੰਡੀਗੜ੍ਹ ਵਿਖੇ ਦਿੱਤੇ ਜਾਣ ਵਾਲੇ ਧਰਨੇ ਸੰਬੰਧੀ ਮੀਟਿੰਗ ਕੀਤੀ ਗਈ ਤੇ ਵੱਖ-ਵੱਖ ਸੰਸਥਾਵਾਂ 'ਚ ਸੇਵਾਵਾਂ ਦੇ ਰਹੇ ਇੰਸਟਰਕਟਰ ਨੂੰ ਧਰਨੇ ਪ੍ਰਤੀ ਜਾਣੂ ਕਰਵਾ ਕੇ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੇ ਉਦੇਸ਼ ਨਾਲ ਲਾਮਬੰਦ ਕਰਨਾ ਸੀ। ਯੂਨੀਅਨ ਮੈਂਬਰਾਂ ਵੱਲੋਂ 12 ਮਈ ਦੇ ਧਰਨੇ ਦੀ ਤਿਆਰੀ ਬਾਰੇ ਵਿਚਾਰ ਚਰਚਾ ਕੀਤੀ ਗਈ। ਯੂਨੀਅਨ ਦੇ ਪ੍ਰਧਾਨ ਤਲਵਿੰਦਰ ਸਿੰਘ ਨੇ ਕਿਹਾ ਕਿ ਜੇਕਰ ਮੁੱਖ ਦਫਤਰ ਰਿਟਨ ਦੇ ਵਿੱਚ ਕਿਸੇ ਨਿਸ਼ਚਿਤ ਕੀਤੀ ਮਿਤੀ ਅਨੁਸਾਰ ਸਾਡੇ ਬੈਚ ਦੇ ਕਨਫਰਮੇਸ਼ਨ ਪੱਤਰ ਜਾਰੀ ਕਰਨ ਦਾ ਹਵਾਲਾ ਦਿੰਦਾ ਹੈ ਤਾਂ ਇਸ ਧਰਨੇ ਨੂੰ ਕੁਝ ਸਮੇਂ ਲਈ ਟਾਲਿਆ ਜਾ ਸਕਦਾ ਹੈ, ਪਰ ਜੇਕਰ ਮੁੱਖ ਦਫਤਰ ਇਸ ਮੰਗ ਵੱਲ ਧਿਆਨ ਨਾ ਦਿੰਦੇ ਹੋਏ ਕਿਸੇ ਵੱਡੀ ਅਣਹੋਣੀ ਦਾ ਇੰਤਜ਼ਾਰ ਕਰਦਾ ਹੈ ਤਾਂ ਮਜਬੂਰਨ ਸਾਡੇ ਬੈਚ ਤੇ ਸਾਡੇ ਨਾਲ ਐਸਪੀਟੀ ਯੂਨੀਅਨ ਦੇ ਮੈਂਬਰ, ਇਸ ਧਰਨੇ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਸ਼ਾਮਿਲ ਹੋਣ ਲਈ ਤਿਆਰ ਹਨ।


## ਬੁਗਰਾ ਤੇ ਰਾਜੋਮਾਜਰਾ ਸਕੂਲ 'ਚ 41 ਲੱਖ ਦੇ ਕੰਮਾਂ ਦਾ ਉਦਘਾਟਨ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਹੋਏ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਤਹਿਤ ਧੂਰੀ ਦੇ ਵੱਖ-ਵੱਖ ਸਕੂਲਾਂ ਵਿੱਚ ਕਰੀਬ 41 ਲੱਖ ਰੁਪਏ ਦੇ ਕੰਮਾਂ ਤਹਿਤ ਸਰਕਾਰੀ ਸਕੂਲ ਬੁਗਰਾ ਵਿੱਚ 11 ਲੱਖ, ਸਰਕਾਰੀ ਸਕੂਲ ਰਾਜੋਮਾਜਰਾ ਵਿੱਚ 30 ਲੱਖ ਰੁਪਏ ਦੇ ਕੰਮਾਂ ਦਾ ਉਦਘਾਟਨ ਕੀਤਾ। ਇਸ ਮੌਕੇ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਤੇ ਪੰਜਾਬ ਲਘੂ ਵਿਕਾਸ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਤੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਸਿੱਖਿਆ ਦਾ ਪੱਧਰ ਹੋਰ ਉੱਚਾ ਚੁੱਕਣ ਲਈ ਵਚਨਬੱਧ ਹੈ, ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਾਹੇਵੰਦ ਸਾਬਿਤ ਹੋਵੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਸਦਕਾ ਸਰਕਾਰੀ ਸਕੂਲਾਂ ਨੂੰ ਸਾਰੀਆਂ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਸਾਫ ਪੀਣ ਵਾਲਾ ਪਾਣੀ, ਹਾਈ ਸਪੀਡ ਵਾਈਫਾਈ ਕੁਨੈਕਸ਼ਨ, ਲੜਕੀਆਂ ਤੇ ਲੜਕਿਆਂ ਲਈ ਵੱਖਰੇ ਪਖਾਨੇ, ਡੈਸਕ ਤੇ ਕੁਰਸੀਆਂ ਤੇ ਚਾਰਦੀਵਾਰੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਹਰ ਖੇਤਰ ਵਿੱਚ ਮੋਹਰੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਾਰਨ ਪੱਛੜ ਗਏ ਸਨ, ਜਿਸ ਨੂੰ ਸੂਬਾ ਸਰਕਾਰ ਵੱਲੋਂ ਮੁੜ ਲੀਹਾਂ 'ਤੇ ਲਿਆਉਣ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਸਦਕਾ ਹੀ ਅੱਜ ਦੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਵਧੀਆ ਸਹੂਲਤਾਂ ਉਪਲਬਧ ਹਨ। ਇਸ ਮੌਕੇ ਬਲਾਕ ਪ੍ਰਧਾਨ ਐਡਵੋਕੇਟ ਹੈਪੀ ਗਰਗ, ਹਰਪ੍ਰੀਤ ਸਿੰਘ ਗਿੱਲ, ਜਗਤਾਰ ਸਿੰਘ ਬਾਗੜੀ, ਨਵਜੋਤ ਕੌਰ, ਅਰਸਦੀਪ ਸਿੰਘ ਪੂਨੀਆ, ਹਰਦੀਪ ਸਿੰਘ, ਗੁਰਪ੍ਰੀਤ ਸਿੰਘ ਖੱਟੜਾ, ਜੱਸੀ ਖੁਰਮੀ, ਬਿੱਟੂ ਖੁਰਮੀ, ਸਰਪੰਚ ਹਰਜੀਤ ਸਿੰਘ, ਗੁਰਪ੍ਰੀਤ ਸਿੰਘ, ਜਗਸੀਰ ਲੱਡਾ, ਮੈਂਬਰ ਮਨਜੀਤ ਲੱਡਾ ਤੇ ਰਾਜੂ ਲੱਡਾ ਹਾਜ਼ਰ ਸਨ।

## ਸਰਕਾਰ ਨਸ਼ਾ ਮੁਕਤੀ ਮੋਰਚਾ ਅਹੁਦੇਦਾਰਾਂ ਦੇ ਡੋਪ ਟੈਸਟ ਕਰਵਾਏ : ਮੋੜਾ ਸਿੰਘ ਅਨਜਾਨ



**ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਹਮੇਸ਼ਾ ਪੰਜਾਬ ਦੇ ਲੋਕਾਂ ਨਲਾ ਵਾਅਦਾ ਕਰਦੀ ਰਹੀ ਕਿ ਪੰਜਾਬ 'ਚੋਂ ਹਰ ਹਾਲ ਵਿਚ ਨਸ਼ਾ ਖਤਮ ਕੀਤਾ ਜਾਵੇਗਾ, ਪਰ ਤਕਰੀਬਨ ਸਾਢੇ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਪੰਜਾਬ 'ਚ ਨਸ਼ਾ ਧੜਾਧੜ ਵਿਕ ਰਿਹਾ ਹੈ। ਸਰਕਾਰ ਵੱਲੋਂ ਨਸ਼ਾ ਸਮੱਗਲਰਾਂ ਨੂੰ ਨਕੇਲ ਪਾਉਣ ਦਾ ਕੀਤਾ ਜਾਂਦਾ ਰਿਹਾ ਦਾਅਵਾ ਹਕੀਕਤ ਤੋਂ ਪਰਾਂ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੰਯੁਕਤ ਸਮਾਜ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਮੋੜਾ ਸਿੰਘ ਅਨਜਾਨ ਨੇ ਕਰਦਿਆਂ ਕਿਹਾ ਕਿ ਪੰਜਾਬ ਪੁਲਸ ਤੇ ਪੰਜਾਬ ਸਰਕਾਰ ਇਹ ਦਾਅਵਾ ਕਰ ਰਹੇ ਹਨ ਕਿ ਪੰਜਾਬ 'ਚੋਂ ਨਸ਼ਾ ਖਤਮ ਕਰ ਦਿੱਤਾ ਗਿਆ, ਪਰ ਅਜਿਹਾ ਕੁਝ ਵੀ ਨਹੀਂ ਹੋਇਆ ਹੈ। ਅਨਜਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੀ ਕੈਪਟਨ ਸਰਕਾਰ ਦੇ ਰਾਹਾਂ 'ਤੇ ਚੱਲ ਕੇ ਨਸ਼ਾ ਮੁਕਤ ਕਰਨ ਬਾਰੇ ਸੋਚ ਰਹੀ ਹੈ। ਹਾਲ ਹੀ 'ਚ ਸਰਕਾਰ ਨੇ ਨਸ਼ਾ ਮੁਕਤੀ ਮੋਰਚਾ ਦੇ ਕੋਆਰਡੀਨੇਟਰ, ਹਲਕਾ ਕੁਆਰਡੀਨੇਟਰ ਦੀਆਂ ਲਿਸਟਾਂ ਜਨਤਕ ਕੀਤੀਆਂ ਹਨ। ਮੋੜਾ ਸਿੰਘ ਅਨਜਾਨ ਨੇ ਕਿਹਾ ਕਿ ਇਨ੍ਹਾਂ ਲਿਸਟਾਂ 'ਚ ਬਹੁਤ ਸਾਰੇ ਬੰਦੇ ਅਜਿਹੇ ਹਨ, ਜੋ ਖੁਦ ਨਸ਼ੇ ਦੇ ਆਦੀ ਹਨ ਤੇ ਨਸ਼ੇ ਦਾ ਸੇਵਨ ਕਰਦੇ ਹਨ। ਉਹ ਕਿਸ ਤਰ੍ਹਾਂ ਸਰਕਾਰ ਦੀ ਨਸ਼ਾ ਰੋਕੂ ਮੁਹਿੰਮ ਦਾ ਹਿੱਸਾ ਬਨਣਗੇ ਜਾਂ ਸਾਥ ਦੇਣਗੇ। ਅਨਜਾਨ ਨੇ ਕਿਹਾ ਕਿ ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜਿੰਨੇ ਵੀ ਜ਼ਿਲ੍ਹਾ ਕੋਆਰਡੀਨੇਟਰ ਲਗਾਏ ਗਏ ਹਨ, ਉਨ੍ਹਾਂ ਸਾਰਿਆਂ ਦੇ ਡੋਪ ਟੈਸਟ ਕਰਵਾਏ ਜਾਣ ਤਾਂ ਜੋ ਲੋਕਾਂ ਨੂੰ ਵੀ ਪਤਾ ਲੱਗ ਸਕੇ ਕਿ ਨਸ਼ਾ ਰੋਕੂ ਮੁਹਿੰਮ ਦੇ ਆਗੂ ਖੁਦ ਨਸ਼ਿਆਂ ਤੋਂ ਰਹਿਤ ਹਨ।

## ਪਾਣੀਆਂ ਦੀ ਰਾਖੀ ਲਈ ਮੁੱਖ ਮੰਤਰੀ ਵੱਲੋਂ ਲਏ ਫੈਸਲੇ ਨੂੰ ਲੋਕ ਹਮੇਸ਼ਾ ਯਾਦ ਰੱਖਣਗੇ : ਦੀਦਾਰੇਵਾਲਾ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨੰਗਲ ਡੈਮ ਦੇ ਕੰਟਰੋਲ ਰੂਮ ਦੀਆਂ ਚਾਬੀਆਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਤੋਂ ਲੈ ਕੇ ਪੰਜਾਬ ਪੁਲਸ ਹਵਾਲੇ ਕਰਨ ਦੇ ਲਏ ਗਏ ਸਖਤ ਫੈਸਲੇ ਨੂੰ ਲੋਕ ਰਹਿੰਦੀ ਦੁਨੀਆ ਤੱਕ ਯਾਦ ਰੱਖਣਗੇ।ਇਹ ਵਿਚਾਰ ਆਮ ਆਦਮੀ ਪਾਰਟੀ ਮੋਗਾ ਜ਼ਿਲ੍ਹਾ ਦੇ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਹਰਮਨਜੀਤ ਸਿੰਘ ਦੀਦਾਰੇਵਾਲਾ ਨੇ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਮਾਨ ਦੇ ਦ੍ਰਿੜ ਇਰਾਦੇ ਨੇ ਸਭ ਨੂੰ ਚਾਨਣ ਕਰਵਾ ਦਿੱਤਾ ਹੈ ਕਿ ਪਾਣੀ ਦੇ ਮੁੱਦੇ 'ਤੇ ਕਿਸੇ ਨਾਲ ਵੀ ਕੋਈ ਸਮਝੌਤਾ ਨਹੀਂ, ਕਿਉਂਕਿ ਕਿਸੇ ਹੋਰ ਸੂਬੇ ਨੂੰ ਦੇਣ ਵਾਸਤੇ ਪੰਜਾਬ ਕੋਲ ਇੱਕ ਬੂੰਦ ਵੀ ਵਾਧੂ ਪਾਣੀ ਨਹੀਂ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਦਬਾਅ ਹੇਠ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ. ਬੀ. ਐੱਮ. ਬੀ.) ਵੱਲੋਂ ਹਰਿਆਣਾ ਨੂੰ 8500 ਕਿਊਸਿਕ ਹੋਰ ਪਾਣੀ ਛੱਡਣ ਦਾ ਲਿਆ ਗਿਆ ਫੈਸਲਾ ਪੰਜਾਬ ਦੇ ਹੱਕਾਂ 'ਤੇ ਸਿੱਧਾ ਡਾਕਾ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਸਹਿਣ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕੇਂਦਰ, ਹਰਿਆਣਾ ਤੇ ਰਾਜਸਥਾਨ ਸਰਕਾਰ ਨੂੰ ਇੱਕ ਗੱਲ ਚੰਗੀ ਤਰ੍ਹਾਂ ਨਾਲ ਸਮਝ ਲੈਣੀ ਚਾਹੀਦੀ ਹੈ ਕਿ ਪੰਜਾਬ ਆਪਣੇ ਹੱਕਾਂ ਦੀ ਰਾਖੀ ਕਰਨਾ ਚੰਗੀ ਤਰ੍ਹਾਂ ਨਾਲ ਜਾਣਦਾ ਹੈ ਤੇ ਜਦੋਂ ਭਗਵੰਤ ਸਿੰਘ ਮਾਨ ਦੇ ਰੂਪ 'ਚ ਧੜੱਲੇਦਾਰ ਮੁੱਖ ਮੰਤਰੀ ਸੂਬੇ ਦੇ ਸ੍ਰੋਤਾਂ ਦੀ ਰਾਖੀ ਲਈ ਡੱਟ ਕੇ ਖੜ੍ਹਾ ਹੋਵੇ ਤਾਂ ਫਿਰ ਵਿਰੋਧੀ ਪਾਣੀ ਤਾਂ ਕੀ ਪੰਜਾਬ ਦੀ ਹਵਾ ਵੱਲ ਵੀ ਨਹੀਂ ਤੱਕ ਸਕਦੇ।ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਦੀ ਰਾਖੀ ਕਰਨ ਲਈ ਮਾਨ ਸਰਕਾਰ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹੱਕਾਂ 'ਤੇ ਪਹਿਰਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੀ ਗਈ ਸਰਬ ਪਾਰਟੀ ਮੀਟਿੰਗ ਇਸ ਗੱਲ ਦੀ ਗਵਾਹੀ ਭਰਦੀ ਹੈ ਕਿ ਮੁੱਖ ਮੰਤਰੀ ਪਾਣੀ ਦੇ ਮੁੱਦੇ ਪ੍ਰਤੀ ਕਿੰਨੇ ਚਿੰਤਿਤ ਹਨ।ਕੇਂਦਰ ਸਰਕਾਰ ਸ਼ੁਰੂ ਤੋਂ ਹੀ ਪੰਜਾਬ ਸਰਕਾਰ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਦੀ ਆ ਰਹੀ ਹੈ, ਜਿਵੇਂ ਕਿ ਪਹਿਲਾਂ ਆਰ.ਡੀ.ਐੱਫ. ਦਾ ਪੈਸਾ ਨਾ ਦੇਣਾ ਤੇ ਪੰਜਾਬ ਵਿਰੋਧੀ ਫੈਸਲੇ ਲੈ ਰਹੀ ਹੈ।


ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ
ਪੰਜਾਬ ਐਂਡ ਸਿੰਧ ਬੈਂਕ
(ਭਾਰਤ ਸਰਕਾਰ ਦਾ ਉਪਕ੍ਰਮ)
ZO : MODEL TOWN JALANDHAR
ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ
PUNJAB & SIND BANK
(A GOVT. OF INDIA UNDERTAKING)
Where Service is a way of life
ZO : MODEL TOWN JALANDHAR

### ਜਨਤਕ ਨੋਟਿਸ

ਆਮ ਜਨਤਾ ਦੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਰਕੇਸ਼ ਕੁਮਾਰ, ਹਿਤੇਸ਼ ਕੁਮਾਰ, ਅਨੁਰਾਧਾ ਅਤੇ ਪ੍ਰਵੀਨ ਕੁਮਾਰੀ, ਸਾਰੇ ਵਾਸੀ ਮਕਾਨ ਨੰ. 357, ਰੋਜ਼ ਪਾਰਕ, ਜਲੰਧਰ ਨੇ ਹੇਠਾਂ ਦਰਸਾਈ ਜਾਇਦਾਦ ਨੂੰ ਸੁਰੱਖਿਆ 'ਚ ਦੇ ਕੇ ਵਿੱਤੀ ਸਹਾਇਤਾ ਲਈ ਬੈਂਕ ਕੋਲ ਪਹੁੰਚ ਕੀਤੀ ਹੈ।

ਜਾਇਦਾਦ ਦਾ ਵੇਰਵਾ : ਬੈਨਾਮਾ ਨੰ. 2023-24/187/1/9560 ਮਿਤੀ 06 ਫਰਵਰੀ 2004, ਸਬ-ਰਜਿਸਟਰਾਰ ਜਲੰਧਰ-2, ਰਪਟ ਨੰ. 15123 ਮਿਤੀ 21.03.2024 ਰਾਹੀਂ ਮਾਲੀਆ ਰਿਕਾਰਡ 'ਚ ਵਿਧੀਵਤ ਤੌਰ 'ਤੇ ਸ਼ਾਮਲ ਅਨੁਰਾਧਾ ਪਤਨੀ ਰਕੇਸ਼ ਕੁਮਾਰ ਪੁੱਤਰ ਪਾਲ ਚੰਦ ਅਤੇ ਪ੍ਰਵੀਨ ਕੁਮਾਰੀ ਪਤਨੀ ਹਿਤੇਸ਼ ਕੁਮਾਰ ਪੁੱਤਰ ਪਾਲ ਚੰਦ ਦੀ ਕਬਜ਼ਾ ਮਲਕੀਅਤ ਜਾਇਦਾਦ ਮਕਾਨ ਨੰ. 31, ਰਕਬਾ 08 ਮਰਲੇ (ਇੱਕ ਮਰਲਾ 272 ਵਰਗ ਫੁੱਟ), ਅਬਾਦੀ ਪ੍ਰੇਮ ਨਗਰ, ਪਿੰਡ ਵਰਿਆਣਾ, ਜਲੰਧਰ, ਖੱਤਾ ਨੰ. 46/57, 358/491, 359/492, ਜਮ੍ਹਾਂਬੰਦੀ ਸਾਲ 2018-19, ਖਸਰਾ ਨੰ. 71//14/2, 72//20, 71//16/1, 15, 16, 17, 72//1,11//2, 72//10, ਹਦਬਸਤ ਨੰ. 315, ਤਹਿਸੀਲ ਜਲੰਧਰ-2 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਹੋਰ, ਪੱਛਮ : ਪਲਾਟ ਨੰ. 28, ਉੱਤਰ : ਸੜਕ, ਦੱਖਣ : ਪਲਾਟ ਨੰ. 30, ਆਮ ਜਨਤਾ ਦੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਪਰੋਕਤ ਜਾਇਦਾਦ ਨਾਲ ਸੰਬੰਧਤ ਅਸਲ ਬੈਨਾਮਾ 8724 ਮਿਤੀ 14.03.2007 ਜੋ ਬਬੀਤਾ ਮਿਸ਼ਰਾ ਪਤਨੀ ਸ਼ਸ਼ੀ ਮਿਸ਼ਰਾ ਦੇ ਹੱਕ 'ਚ ਸਬ-ਰਜਿਸਟਰਾਰ ਜਲੰਧਰ-2 'ਚ ਰਜਿਸਟਰਡ ਹੈ ਅਤੇ ਆਮ ਮੁਖਤਿਆਰਨਾਮਾ ਨੰ. 10031/4 ਮਿਤੀ 26.02.1997 ਨੂੰ ਮਨਦੀਪ ਸਿੰਘ ਪੁੱਤਰ ਕਵਲਜੀਤ ਸਿੰਘ ਅਤੇ ਗੁਲਸ਼ਨ ਸੈਣੀ ਪੁੱਤਰ ਦਲੀਪ ਸਿੰਘ ਸੈਣੀ ਦੇ ਨਾਂਅ 'ਤੇ ਸਬ-ਰਜਿਸਟਰਾਰ ਜਲੰਧਰ-2 'ਚ ਰਜਿਸਟਰਡ ਹੈ, ਗੁੰਮ ਹਨ। ਇਹ ਤੱਥ ਚਾਹਵਾਨ ਰਹਿਣਕਾਰ ਵੱਲੋਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਜੀ ਡੀ ਨੰ.-045 ਮਿਤੀ 03.04.2025, ਪੁਲਸ ਥਾਣਾ ਡਵੀਜ਼ਨ ਨੰ. 2 ਜਲੰਧਰ ਨੂੰ ਦੱਸੇ ਗਏ ਹਨ।

ਆਮ ਜਨਤਾ ਆਪਣੇ ਇਤਰਾਜ਼ ਅਤੇ/ਜਾਂ ਕੋਈ ਦਾਅਵਾ ਸਮੇਤ ਇਤਰਾਜ਼ ਅਤੇ/ਜਾਂ ਦਾਅਵਾ ਜੇਕਰ ਕੋਈ ਹੈ, ਪੰਜਾਬ ਅਤੇ ਸਿੰਧ ਬੈਂਕ, ਨਿਊ ਗ੍ਰੇਨ ਮਾਰਕਿਟ, ਜਲੰਧਰ 'ਚ ਰਹਿਣ ਜਾਇਦਾਦ ਦੇ ਸੰਬੰਧ 'ਚ ਇਸ ਨੋਟਿਸ ਦੇ 15 ਦਿਨਾਂ ਦੇ ਅੰਦਰ ਬਰਾਂਚ ਮੈਨੇਜਰ ਨਿਊ ਗ੍ਰੇਨ ਮਾਰਕਿਟ, ਜਲੰਧਰ-144008 ਨੂੰ ਲਿਖਤੀ ਤੌਰ 'ਤੇ ਪੇਸ਼ ਕਰ ਸਕਦਾ ਹੈ।

ਮਿਤੀ : 05-05-2025 | ਸਥਾਨ : ਜਲੰਧਰ | ਬਰਾਂਚ ਮੈਨੇਜਰ



ਫਾਰਮ ਨੰ: 14
[ਵੇਖੋ ਨਿਯਮ 33 (2)]
ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ-160017
ਡਿਮਾਂਡ ਨੋਟਿਸ (ਪ੍ਰਕਾਸ਼ਨਾ ਰਾਹੀਂ)
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/1388/2024 03.04.2025
ਐਕਸਿਸ ਬੈਂਕ ਲਿਮਟਿਡ
ਬਨਾਮ
ਸਰਵਣ ਸਿੰਘ ਅਤੇ ਹੋਰ

ਸੇਵਾ 'ਚ
(ਸੀ ਡੀ 2) ਸ੍ਰੀ ਰਜਵਿੰਦਰ ਕੌਰ ਪਤਨੀ ਸ੍ਰੀ ਸਰਵਨ ਸਿੰਘ ਵਾਸੀ ਪਿੰਡ ਬਾਣੀਆਂ, ਤਹਿਸੀਲ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ, ਪਿੰਨ-143117
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/1295/2021 'ਚ ਰਕਮ ਰੁਪਏ 20,50,417 (ਵੀਹ ਲੱਖ ਪੰਜਾਹ ਹਜ਼ਾਰ ਚਾਰ ਸੌ ਸਤਾਰਾਂ ਰੁਪਏ ਕੇਵਲ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 8.00% ਸਧਾਰਨ ਵਿਆਜ ਸਾਲਾਨਾ 04.07.2020 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 23,000/- (ਤੇਈ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 09.07.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐਸੇਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 03.04.2025 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ: 14
[ਵੇਖੋ ਨਿਯਮ 33 (2)]
ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ-160017
ਡਿਮਾਂਡ ਨੋਟਿਸ
(ਪ੍ਰਕਾਸ਼ਨਾ ਰਾਹੀਂ)
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/372/2022 19.03.2025
ਐਕਸਿਸ ਬੈਂਕ ਲਿਮਟਿਡ
ਬਨਾਮ ਸ੍ਰੀ ਗੁਰਿੰਦਰ ਸਿੰਘ

ਸੇਵਾ 'ਚ
(ਸੀ ਡੀ 1) ਸ੍ਰੀ ਗੁਰਿੰਦਰ ਸਿੰਘ ਪੁੱਤਰ ਸ੍ਰੀ ਜਗਜੀਤ ਸਿੰਘ ਮਕਾਨ ਨੰ. ਐੱਲ ਆਈ ਜੀ 500 ਐੱਸ ਈ ਐੱਸ ਐੱਸ ਟੀ ਨਗਰ, ਪਟਿਆਲਾ-147001, ਨਾਲ ਹੀ : ਸੰਧੂ ਇੰਟਰਪ੍ਰਾਈਜ਼ਜ਼, ਦੁਕਾਨ ਨੰ. 375 ਬੀ, ਗੁਰੂ ਤੇਗ ਬਹਾਦਰ ਟਰੈਕਟਰ ਮਾਰਕਿਟ, ਪਟਿਆਲਾ।
(ਸੀ ਡੀ 2) ਸ੍ਰੀ ਜਗਜੀਤ ਸਿੰਘ ਪੁੱਤਰ ਕਰਤਾਰ ਸਿੰਘ, ਮਕਾਨ ਨੰ. ਐੱਲ ਆਈ ਜੀ 500 ਐੱਸ ਈ ਐੱਸ ਐੱਸ ਟੀ ਨਗਰ, ਪਟਿਆਲਾ-147001, ਨਾਲ ਹੀ : ਦੁਕਾਨ ਨੰ. 375 ਬੀ, ਗੁਰੂ ਤੇਗ ਬਹਾਦਰ ਟਰੈਕਟਰ ਮਾਰਕਿਟ, ਪਟਿਆਲਾ, ਨਾਲ ਹੀ : ਪਿੰਡ ਟਹਿਲਪੁਰਾ, ਜ਼ਿਲ੍ਹਾ ਪਟਿਆਲਾ।
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/619/2017 'ਚ ਰਕਮ ਰੁਪਏ 25,38,208.00 (ਪੱਚੀ ਲੱਖ ਅਠੱਤੀ ਹਜ਼ਾਰ ਦੋ ਸੌ ਅੱਠ ਰੁਪਏ ਕੇਵਲ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 12.00% ਸਧਾਰਨ ਵਿਆਜ ਸਾਲਾਨਾ 09-06-2016 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 28,000/- (ਅਠਾਈ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 23.06.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐਸੇਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 19.02.2025 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ: 14
[ਵੇਖੋ ਨਿਯਮ 33 (2)]
ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ-160017
ਡਿਮਾਂਡ ਨੋਟਿਸ (ਪ੍ਰਕਾਸ਼ਨਾ ਰਾਹੀਂ)
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/311/2024 17.03.2025
ਐਕਸਿਸ ਬੈਂਕ ਲਿਮਟਿਡ
ਬਨਾਮ
ਸ੍ਰੀ ਜਸਪ੍ਰੀਤ ਸਿੰਘ ਅਤੇ ਹੋਰ

ਸੇਵਾ 'ਚ
(ਸੀ ਡੀ 3) ਸ੍ਰੀ ਪ੍ਰੀਤਮ ਸਿੰਘ ਪੁੱਤਰ ਸ੍ਰੀ ਗੁਰਨਾਮ ਸਿੰਘ ਵਾਸੀ ਪਿੰਡ ਵੜੈਚ, ਸੁਜਾਨਪੁਰ ਰੋਡ, ਤਹਿਸੀਲ ਰਾਏਕੋਟ, ਜ਼ਿਲ੍ਹਾ ਲੁਧਿਆਣਾ, ਪੰਜਾਬ
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/90/2021 'ਚ ਰਕਮ ਰੁਪਏ 35,44,974.26 (ਪੈਂਤੀ ਲੱਖ ਚੁਤਾਲੀ ਹਜ਼ਾਰ ਨੌਂ ਸੌ ਚੁਹੱਤਰ ਰੁਪਏ ਅਤੇ ਛੱਬੀ ਪੈਸੇ ਕੇਵਲ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 10.00% ਸਧਾਰਨ ਵਿਆਜ ਸਾਲਾਨਾ 02.11.2020 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ ਰੁਪਏ 38,000/- ਅਠੱਤੀ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 13.05.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐਸੇਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 17.03.2025 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ: 14
[ਵੇਖੋ ਨਿਯਮ 33 (2)]
ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ-160017
ਡਿਮਾਂਡ ਨੋਟਿਸ
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/723/2019 03.04.2025
ਐਕਸਿਸ ਬੈਂਕ ਲਿਮਟਿਡ
ਬਨਾਮ
ਮੈਸ: ਜ਼ਨ ਟੂਲ ਪ੍ਰਾਈਵੇਟ ਲਿਮਟਿਡ

ਸੇਵਾ 'ਚ
(ਸੀ ਡੀ 1) ਮੈਸ: ਜ਼ਨ ਟੂਲ ਪ੍ਰਾਈਵੇਟ ਲਿਮਟਿਡ, ਮਕਾਨ ਨੰ. 41, ਸੈਕਟਰ-70, ਮੋਹਾਲੀ-160071, ਪੰਜਾਬ, ਰਾਹੀਂ ਇਸ ਦੇ ਡਾਇਰੈਕਟਰ, ਨਾਲ ਹੀ : ਦੂਜਾ ਪਤਾ : ਪਲਾਟ ਨੰ. 517, ਫੇਸ-9, ਇੰਡਸਟਰੀਅਲ ਏਰੀਆ, ਮੋਹਾਲੀ।
(ਸੀ ਡੀ 2) ਇੰਦਰਜੀਤ ਸਿੰਘ ਬਰਾੜ, ਮਕਾਨ ਨੰ. 163, ਮਾਡਲ ਟਾਊਨ, ਫੇਸ-2, ਬਠਿੰਡਾ।
(ਸੀ ਡੀ 3) ਮੈਸ: ਜ਼ੰਡਰਜ ਇੰਜੀਨੀਅਰਜ਼ ਲਿਮਟਿਡ, ਡੀ-98, ਇੰਡਸਟਰੀਅਲ ਏਰੀਆ, ਫੇਸ-, ਮੋਹਾਲੀ, ਪੰਜਾਬ-160055, ਰਾਹੀਂ ਇਸ ਦੇ ਡਾਇਰੈਕਟਰ
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/1202/2017 'ਚ ਰਕਮ ਰੁਪਏ 1490394.00 (ਚੌਦਾਂ ਲੱਖ ਨੱਬੇ ਹਜ਼ਾਰ ਤਿੰਨ ਸੌ ਚੁਰਾਨਵੇਂ ਰੁਪਏ ਕੇਵਲ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 24.00% ਸਧਾਰਨ ਵਿਆਜ ਸਾਲਾਨਾ 21.01.2015 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ ਰੁਪਏ 17,000/- (ਸਤਾਰਾਂ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 21.07.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐਸੇਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 03.04.2024 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ: 14
[ਵੇਖੋ ਨਿਯਮ 33 (2)]
ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ-160017
ਡਿਮਾਂਡ ਨੋਟਿਸ
(ਪ੍ਰਕਾਸ਼ਨਾ ਰਾਹੀਂ)
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/332/2022 11.03.2025
ਐਕਸਿਸ ਬੈਂਕ ਲਿਮਟਿਡ
ਬਨਾਮ
ਮੈਸ: ਸ੍ਰੀ ਕ੍ਰਿਸ਼ਨਾ ਬੋਲਟ ਹਾਊਸ

ਸੇਵਾ 'ਚ
(ਸੀ ਡੀ 1) ਮੈਸ: ਸ੍ਰੀ ਕ੍ਰਿਸ਼ਨਾ ਬੋਲਟ ਹਾਊਸ ਰਾਹੀਂ ਇਸ ਦੀ ਮਾਲਕ ਸ੍ਰੀਮਤੀ ਗੀਤਾ ਸਿੰਗਲਾ, ਈ-458, ਫੋਕਲ ਪੁਆਇੰਟ, ਫੇਸ-VI, ਢੰਡਾਰੀ ਕਲਾਂ, ਲੁਧਿਆਣਾ, ਨਾਲ ਹੀ : ਮੈਸ : ਸ੍ਰੀ ਕ੍ਰਿਸ਼ਨਾ ਬੋਲਟ ਹਾਊਸ, ਗਲੀ ਨੰ. 7, ਹਰਗੋਬਿੰਦ ਨਗਰ, ਸਿਰਜਨ ਧਰਮ ਕੰਡਾ ਦੇ ਪਿਛਲੇ ਪਾਸੇ, ਨੇੜੇ ਓਸਵਾਲ ਕੰਪਲੈਕਸ, ਜੈਨ ਕਾਲੋਨੀ, ਡਾਬਾ ਰੋਡ, ਲੁਧਿਆਣਾ-141001, ਰਾਹੀਂ ਇਸ ਦੇ ਮਾਲਕ।
(ਸੀ ਡੀ 2) ਸ੍ਰੀਮਤੀ ਗੀਤਾ ਸਿੰਗਲਾ, ਮਾਲਕ ਮੈਸ: ਸ੍ਰੀ ਕ੍ਰਿਸ਼ਨਾ ਬੋਲਟ ਹਾਊਸ ਪਤਨੀ ਸ੍ਰੀ ਮੁਨੀਸ਼ ਕੁਮਾਰ, 26 ਬਸੰਤ ਐਵੇਨਿਊ, ਲੁਧਿਆਣਾ-141001, ਪੰਜਾਬ, ਨਾਲ ਹੀ : ਸ੍ਰੀਮਤੀ ਗੀਤਾ ਸਿੰਗਲਾ, ਮਾਲਕ ਸ੍ਰੀ ਕ੍ਰਿਸ਼ਨਾ ਬੋਲਟ ਹਾਊਸ, ਮਕਾਨ ਨੰ. 13, ਪ੍ਰਾਈਵੇਟ ਏਰੀਆ, ਅੰਦਰੂਨ ਜਨਤਾ ਇਨਕਲੇਵ, ਨੇੜੇ ਰੇਨੂੰ ਪ੍ਰਾਪਰਟੀ ਡੀਲਰ, ਧਾਂਦਰਾ ਰੋਡ, ਲੁਧਿਆਣਾ-141002, ਪੰਜਾਬ
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/2937/2017 'ਚ ਰਕਮ ਰੁਪਏ 44,83,983.00 (ਰੁਪਏ ਚੁਤਾਲੀ ਲੱਖ ਤਰਿਆਸੀ ਹਜ਼ਾਰ ਨੌਂ ਸੌ ਤਰਿਆਸੀ ਰੁਪਏ ਕੇਵਲ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 12.00% ਸਧਾਰਨ ਵਿਆਜ ਸਾਲਾਨਾ 21.01.2015 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ ਰੁਪਏ 58,005/- (ਅਠਵੰਜਾ ਹਜ਼ਾਰ ਪੰਜ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 19.05.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐਸੇਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 11.03.2025 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)

6-May-PAGE--8.qxd 5/5/2025 11:21 PM Page 1



# ਸੜਕ ਹਾਦਸੇ 'ਚ ਪਤੀ ਦੀ ਮੌਤ, ਗਰਭਵਤੀ ਪਤਨੀ ਜ਼ਖ਼ਮੀ

**ਬੰਗਾ (ਅਵਤਾਰ ਕਲੇਰ)**

ਬੰਗਾ ਮੁੱਖ ਸੜਕ 'ਤੇ ਮੋਟਰਸਾਈਕਲ ਸਵਾਰ ਪਤੀ-ਪਤਨੀ ਦੀ ਸੀਮਿੰਟ ਦੇ ਕੈਂਟਰ ਨਾਲ ਟੱਕਰ ਹੋ ਗਈ।ਜਿਸ ਵਿੱਚ ਪਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮੋਟਰਸਾਈਕਲ ਦੇ ਪਿੱਛੇ ਬੈਠੀ ਉਸਦੀ 9 ਮਹੀਨਿਆਂ ਦੀ ਗਰਭਵਤੀ ਪਤਨੀ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਈ। ਮੌਕੇ 'ਤੇ ਪ੍ਰਾਪਤ ਜਾਣਕਾਰੀ ਅਨੁਸਾਰ ਸੰਦੀਪ (34 ਸਾਲ) ਪੁੱਤਰ ਅਵਤਾਰ ਚੰਦ ਅਤੇ ਉਸਦੀ 9 ਮਹੀਨਿਆਂ ਦੀ ਗਰਭਵਤੀ ਪਤਨੀ ਆਰਤੀ (27 ਸਾਲ) ਵਾਸੀ ਪਿੰਡ ਫਰਾਲਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਆਪਣੇ ਮੋਟਰਸਾਈਕਲ 'ਤੇ ਸਿਵਲ ਹਸਪਤਾਲ ਬੰਗਾ ਚੈਕਅੱਪ ਲਈ ਜਾ ਰਹੇ ਸਨ।ਜਦੋਂ ਸੰਦੀਪ ਨੇ ਬੰਗਾ ਮੁੱਖ ਸੜਕ 'ਤੇ ਐਲੀਵੇਟਿਡ ਪੁਲ ਦੇ ਹੇਠਾਂ ਸਿਵਲ ਹਸਪਤਾਲ ਦੇ ਸਾਹਮਣੇ ਨੈਸ਼ਨਲ ਹਾਈਵੇ ਤੋਂ ਸਿਵਲ ਹਸਪਤਾਲ ਜਾਣ ਲਈ ਬ੍ਰੇਕ ਲਗਾਈ, ਤਾਂ ਉਸਦੇ ਪਿੱਛੇ ਤੋਂ ਆ ਰਿਹਾ ਇੱਕ ਸੀਮਿੰਟ ਕੈਂਟਰ, ਜਿਸ ਨੂੰ ਦਰਸ਼ਨ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਦੌਲਤਪੁਰ, ਥਾਣਾ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ ਚਲਾ ਰਿਹਾ ਸੀ, ਜੋ ਕਿ ਸ਼ਰਾਬੀ ਹਾਲਤ ਵਿੱਚ ਸੀ। ਉਸਦੇ ਮੋਟਰਸਾਈਕਲ ਨਾਲ ਟਕਰਾ ਗਿਆ। ਇਸ ਕਾਰਨ ਮੋਟਰਸਾਈਕਲ ਸਵਾਰ ਸੰਦੀਪ ਕੈਂਟਰ ਹੇਠਾਂ ਆ ਗਿਆ ਅਤੇ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ ਜਦੋਂ ਕਿ ਉਸਦੀ 9 ਮਹੀਨਿਆਂ ਦੀ ਗਰਭਵਤੀ ਪਤਨੀ ਆਰਤੀ ਗੰਭੀਰ ਜ਼ਖ਼ਮੀ ਹੋ ਗਈ ਅਤੇ ਲੋਕਾਂ ਨੇ ਉਸਨੂੰ ਤੁਰੰਤ ਸਿਵਲ ਹਸਪਤਾਲ ਪਹੁੰਚਾਇਆ। ਜਿਸਨੂੰ ਬਾਅਦ ਵਿੱਚ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ।ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਸੰਦੀਪ ਅਤੇ ਆਰਤੀ ਦਾ ਵਿਆਹ ਪਿਛਲੇ ਸਾਲ ਹੋਇਆ ਸੀ।ਹਾਦਸੇ ਦੀ ਸੂਚਨਾ ਮਿਲਦੇ ਹੀ ਪਰਿਵਾਰਕ ਮੈਂਬਰ ਮੌਕੇ 'ਤੇ ਪਹੁੰਚ ਗਏ। ਥਾਣਾ ਸਿਟੀ ਬੰਗਾ ਦੇ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਅਤੇ ਹਾਦਸੇ ਦਾ ਸ਼ਿਕਾਰ ਹੋਈ ਗੱਡੀ ਅਤੇ ਮ੍ਰਿਤਕ ਸੰਦੀਪ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪਾਣੀ ਦੇ ਮਸਲੇ 'ਤੇ ਕਾਂਗਰਸ ਦੇ ਦੂਹਰੇ ਰਵੱਈਏ ਨੂੰ ਲੈ ਕੇ 'ਆਪ' ਦਾ ਹਮਲਾ

## ਕਾਂਗਰਸ ਨੇ ਪੰਜਾਬ ਵਿਰੁੱਧ ਪਾਣੀਆਂ ਦੇ ਦੁਰਵਰਤੋਂ ਦੀ ਨੀਂਹ ਰੱਖੀ : ਕੰਗ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਬੁਲਾਰੇ ਅਤੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕੇਂਦਰ ਸਰਕਾਰ ਅਤੇ ਹਰਿਆਣਾ ਦੀ ਪੰਜਾਬ ਨੂੰ ਪਾਣੀ ਦੇ ਉਸ ਦੇ ਸਹੀ ਹਿੱਸੇ ਤੋਂ ਵਾਂਝਾ ਕਰਨ ਦੀ ਸਾਜ਼ਿਸ਼ ਰਚਣ ਦੀ ਸਖ਼ਤ ਨਿੰਦਾ ਕੀਤੀ ਹੈ।ਕੰਗ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) 'ਤੇ ਕਾਂਗਰਸ ਵੱਲੋਂ ਪੰਜਾਬ ਵਿਰੁੱਧ ਸ਼ੁਰੂ ਕੀਤੀ ਗਈ ਇਤਿਹਾਸਕ ਬੇਇਨਸਾਫ਼ੀ ਨੂੰ ਜਾਰੀ ਰੱਖਣ ਦਾ ਦੋਸ਼ ਲਗਾਇਆ।ਕੰਗ ਨੇ ਕਿਹਾ ਭਾਜਪਾ ਅਤੇ ਕਾਂਗਰਸ ਦੋਵਾਂ ਦਾ ਪੰਜਾਬ ਦੇ ਪਾਣੀ ਦੇ ਅਧਿਕਾਰਾਂ ਨੂੰ ਲੁੱਟਣ ਦਾ ਲੰਮਾ ਇਤਿਹਾਸ ਰਿਹਾ ਹੈ। ਅੱਜ, ਇੱਕ ਸੀਨੀਅਰ ਕਾਂਗਰਸੀ ਨੇਤਾ ਰਣਦੀਪ ਸੁਰਜੇਵਾਲਾ ਨੇ 'ਆਪ' ਅਤੇ ਭਾਜਪਾ 'ਤੇ ਪਾਣੀ ਦੇ ਮੁੱਦਿਆਂ 'ਤੇ ਮਿਲੀਭੁਗਤ ਕਰਨ ਦਾ ਦੋਸ਼ ਲਗਾਇਆ, ਪਰ ਸੱਚਾਈ ਬਿਲਕੁਲ ਉਲਟ ਹੈ। ਕਾਂਗਰਸ ਨੇ ਪੰਜਾਬ ਦੇ ਪਾਣੀ ਦਾ ਸ਼ੋਸ਼ਣ ਕਰਨ ਦੀ ਨੀਂਹ ਰੱਖੀ, ਅਤੇ ਭਾਜਪਾ ਹੁਣ ਇਸ ਨੂੰ ਹੋਰ ਅੱਗੇ ਲੈ ਜਾ ਰਹੀ ਹੈ।ਕੰਗ ਨੇ ਕਾਂਗਰਸ ਦੇ ਦੋਹਰੇ ਮਾਪਦੰਡਾਂ ਦੀ ਆਲੋਚਨਾ ਕੀਤੀ, ਪੰਜਾਬ ਅਤੇ ਹਰਿਆਣਾ ਦੇ ਕਾਂਗਰਸੀ ਆਗੂਆਂ ਦੇ ਵਿਰੋਧੀ ਰੁਖ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ, ਸੁਰਜੇਵਾਲਾ ਨੂੰ ਪਹਿਲਾਂ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਪੰਜਾਬ ਕਾਂਗਰਸ ਸਹੀ ਹੈ ਜਾਂ ਹਰਿਆਣਾ ਕਾਂਗਰਸ। ਪੰਜਾਬ ਵਿੱਚ ਸਰਬ ਪਾਰਟੀ ਮੀਟਿੰਗ ਦੌਰਾਨ, ਕਾਂਗਰਸੀ ਆਗੂਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਇਸ ਸਟੈਂਡ ਦਾ ਸਮਰਥਨ ਕੀਤਾ ਸੀ ਕਿ ਪੰਜਾਬ ਅਪਣੇ ਹਿੱਸੇ ਦੇ ਪਾਣੀ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਜ਼ਬਰਦਸਤੀ ਬਰਦਾਸ਼ਤ ਨਹੀਂ ਕਰੇਗਾ।ਪਰ ਅੱਜ ਸੁਰਜੇਵਾਲਾ ਨੇ ਪੰਜਾਬ 'ਤੇ ਗਲਤ ਕੰਮ ਕਰਨ ਦਾ ਦੋਸ਼ ਲਗਾ ਕੇ ਹਰਿਆਣਾ ਦੇ ਕੁਪ੍ਰਬੰਧਨ ਅਤੇ ਪਾਣੀ ਦੀ ਬਹੁਤ ਜ਼ਿਆਦਾ ਖਪਤ ਨੂੰ ਜਾਇਜ਼ ਠਹਿਰਾਉਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਪਿਛਲੀਆਂ ਸਰਕਾਰਾਂ ਦੇ ਅਧੀਨ, ਨਹਿਰੀ ਪ੍ਰਣਾਲੀ ਰਾਹੀਂ ਪੰਜਾਬ ਦੀ ਸਿੰਚਾਈ ਸਮਰੱਥਾ 25% ਸੀ। ਅੱਜ, ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਮਹੱਤਵਪੂਰਨ ਵਿਕਾਸ ਕਾਰਨ ਇਹ 60% ਤੋਂ ਵੱਧ ਹੋ ਗਈ ਹੈ। ਦਹਾਕਿਆਂ ਤੋਂ ਪੰਜਾਬ ਦੇ ਭੂਮੀਗਤ ਪਾਣੀ ਦੀ ਬਹੁਤ ਜ਼ਿਆਦਾ ਵਰਤੋਂ ਨਾਲ ਬਹੁਤ ਸਾਰੇ ਖੇਤਰ ਡਾਰਕ ਜ਼ੋਨ ਵਿੱਚ ਚਲੇ ਗਏ। ਇਸ ਸਰਕਾਰ ਨੇ ਇਸ ਰੁਝਾਨ ਨੂੰ ਉਲਟਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਆਪਣੇ ਪਾਣੀ ਦੀ ਵਰਤੋਂ ਪ੍ਰਤੀ ਸਮਝਦਾਰੀ ਵਰਤ ਰਿਹਾ ਹੈ, ਆਪਣੇ ਨਿਰਧਾਰਿਤ ਹਿੱਸੇ ਦਾ 11% ਬਚਾਇਆ ਹੈ, ਜਦੋਂ ਕਿ ਹਰਿਆਣਾ ਪਹਿਲਾਂ ਹੀ ਆਪਣੇ ਨਿਰਧਾਰਿਤ ਹਿੱਸੇ ਦਾ 130% ਵਰਤ ਚੁੱਕਾ ਹੈ। ਕੰਗ ਨੇ ਹਰਿਆਣਾ ਦੇ ਕੁਪ੍ਰਬੰਧ ਦੀ ਆਲੋਚਨਾ ਕੀਤੀ ਅਤੇ ਹਰਿਆਣਾ ਕਾਂਗਰਸ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਨੂੰ ਨਿਸ਼ਾਨਾ ਬਣਾਉਣ ਦੀ ਬਜਾਏ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੂੰ ਜਵਾਬਦੇਹ ਠਹਿਰਾਏ।ਕੰਗ ਨੇ ਕੇਂਦਰ ਸਰਕਾਰ ਦੇ ਦਬਾਅ ਹੇਠ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐਮਬੀ) ਦੁਆਰਾ ਵਰਤੇ ਗਏ ਤਾਨਾਸ਼ਾਹੀ ਚਾਲਾਂ ਦੀ ਨਿੰਦਾ ਕੀਤੀ।

# ਕਜਲਾ ਗੋਤ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 18 ਨੂੰ

**ਅੱਡਾ ਸਰਾਂ (ਜਸਵੀਰ ਕਾਜਲ)**-ਕਜਲਾ ਪਰਿਵਾਰਾਂ ਵੱਲੋਂ ਪਿੰਡ ਮਰਨਾਈਆਂ ਹੁਸ਼ਿਆਰਪੁਰ ਵਿਖੇ 18 ਮਈ ਨੂੰ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਚੇਅਰਮੈਨ ਨਿਰਵੈਰ ਸਿੰਘ, ਪ੍ਰਧਾਨ ਬੂਟਾ ਰਾਮ ਨਾਗਰਾ, ਪਿੰਦਰ ਸਰਪੰਚ ਮਰਨਾਈਆਂ, ਵਾਇਸ ਪ੍ਰਧਾਨ ਜਸਵਿੰਦਰ ਸਿੰਘ ਸਾਂਧਰਾ, ਕੈਸ਼ੀਅਰ ਸੁਖਵਿੰਦਰ ਸਿੰਘ ਮੁਜ਼ਫਰ ਪੁਰ, ਵਾਇਸ ਕੈਸ਼ੀਅਰ ਦਿਲਾਵਰ ਸਿੰਘ ਚੱਕ ਬਿਲਗਾ, ਸੈਕਟਰੀ ਨੀਲਮ ਨਾਗਰਾ, ਮੀਡੀਆ ਇੰਚਾਰਜ ਗੁਰਮੇਲ ਸਿੰਘ ਨਸਰਾਲਾ ਨੇ ਦੱਸਿਆ ਕਿ ਕਰਵਾਏ ਜਾਣ ਵਾਲੇ ਜੋੜ ਮੇਲੇ ਦੇ ਸਮਾਗਮ ਦੌਰਾਨ ਝੰਡਾ ਚੜ੍ਹਾਉਣ, ਚਾਦਰ ਚੜ੍ਹਾਉਣ ਅਤੇ ਚਿਰਾਗ ਰੌਸ਼ਨ ਦੀ ਰਸਮ ਅਦਾ ਕਰਨ ਉਪਰੰਤ ਧਾਰਮਿਕ ਪੰਡਾਲ ਸਜਾਇਆ ਜਾਵੇਗਾ।ਜਿਸ ਵਿਚ ਪੰਜਾਬ ਭਰ ਤੋਂ ਕਲਾਕਾਰ ਪਹੁੰਚ ਕੇ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਜਾਣਗੀਆਂ।

# ਸੰਤ ਨਿਰੰਕਾਰੀ ਭਵਨ ਬੰਗਾ ਵਿਖੇ ਖ਼ੂਨਦਾਨ ਕੈਂਪ

**ਬੰਗਾ (ਅਵਤਾਰ ਕਲੇਰ)**- ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਵੱਲੋਂ ਬਾਬਾ ਗੁਰਬਚਨ ਸਿੰਘ ਦੀ ਯਾਦ ਵਿਚ ਸੰਤ ਨਿਰੰਕਾਰੀ ਸਤਿਸੰਗ ਭਵਨ ਬੰਗਾ ਵਿਖੇ ਬੀ.ਡੀ.ਸੀ ਨਵਾਂਸ਼ਹਿਰ, ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਅਤੇ ਸਿਵਲ ਹਸਪਤਾਲ ਬੰਗਾ ਦੇ ਸਹਿਯੋਗ ਨਾਲ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਕੈਂਪ ਦਾ ਉਦਘਾਟਨ ਚੇਅਰਮੈਨ ਪੰਜਾਬ ਕੰਟੇਨਰ ਅਤੇ ਵੇਅਰ ਹਾਊਸ ਕਾਰਪੋਰੇਸ਼ਨ ਅਤੇ ਹਲਕਾ



ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਖ਼ੂਨਦਾਨ ਕਰਨਾ ਇਕ ਮਹਾਂਦਾਨ ਹੈ ਅਤੇ ਇਸ ਨਾਲ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ।ਉਨ੍ਹਾਂ ਕਿਹਾ ਕਿ ਸੜਕ ਦੁਰਘਟਨਾਵਾਂ ਵਿਚ ਜ਼ਿਆਦਾ ਖ਼ੂਨ ਜਾਣ ਨਾਲ ਵੀ ਖ਼ੂਨ ਦੀ ਜ਼ਿਆਦਾ ਜ਼ਰੂਰਤ ਪੈਂਦੀ ਹੈ। ਇਸ ਕਰਕੇ ਹਰੇਕ ਤੰਦਰੁਸਤ ਵਿਅਕਤੀ ਨੂੰ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ। ਡਾ. ਸੁੱਖੀ ਨੇ ਇਸ ਖ਼ੂਨਦਾਨ ਕੈਂਪ ਦੀ ਸ਼ਲਾਘਾ ਕੀਤੀ ਅਤੇ ਪ੍ਰਬੰਧਕਾਂ ਨੂੰ ਇਸ ਕੈਂਪ ਦੀ ਵਧਾਈ ਦਿੱਤੀ। ਇਸ ਮੌਕੇ 125 ਤੋਂ ਵੱਧ ਪ੍ਰਾਣੀਆਂ ਨੇ ਖ਼ੂਨਦਾਨ ਕੀਤਾ। ਇਸ ਮੌਕੇ ਸੋਹਣ ਲਾਲ ਢੰਡਾ, ਸੁਰਿੰਦਰ ਪਾਲ ਨਵਾਂਸ਼ਹਿਰ, ਪਰਮਜੀਤ ਸਿੰਘ ਬੰਗਾ, ਅਵਤਾਰ ਸਿੰਘ ਸੇਵਾਮੁਕਤ ਡੀ.ਐਸ.ਪੀ, ਡਾ. ਮਨਮੋਹਨ ਸਿੰਘ, ਮੰਜੂ ਨਰੂਲਾ ਰਾਜ ਰਾਣੀ, ਸੰਚਾਲਕ ਸੁਰਿੰਦਰ ਕੁਮਾਰ, ਨਰਿੰਦਰ ਸਿੰਘ, ਡਾ. ਸਰਬਜੀਤ ਸਿੰਘ, ਜਸਵੀਰ ਸਿੰਘ ਕਾਮਮ, ਇੰਚਾਰਜ ਰਮਨਦੀਪ ਕੌਰ, ਰਾਜ ਕੁਮਾਰੀ, ਰੇਸ਼ਮ ਕੌਰ, ਸੱਤਿਆ ਦੇਵੀ, ਮਹਿੰਦਰ ਕੌਰ, ਅਰੁਣਾ ਪੁੰਨ, ਮਲਿਕਾ ਟਕਿਆਲ, ਮਨੋਹਰ ਕਾਮਮ ਅਤੇ ਜੋਪਾਲ ਸੁੰਡਾ ਆਦਿ ਵੀ ਹਾਜ਼ਰ ਸਨ।

# ਅਗਵਾ ਹੋਈ 6 ਸਾਲਾਂ ਦੀ ਬੱਚੀ ਪੁਲਸ ਵੱਲੋਂ ਬਰਾਮਦ



**ਫਿਲੌਰ, (ਨਿਰਮਲ)**- ਲੋਕ ਇਨਸਾਫ਼ ਮੰਚ ਤਹਿਸੀਲ ਫਿਲੌਰ ਦੀ ਟੀਮ ਵੱਲੋਂ ਫਿਲੌਰ ਤੋਂ ਕੁੱਝ ਦਿਨ ਪਹਿਲਾਂ ਅਗਵਾ ਹੋਈ 6 ਸਾਲ ਦੀ ਬੱਚੀ ਨੂੰ ਬਰਾਮਦ ਕਰਨ ਵਿੱਚ ਫਿਲੌਰ ਪੁਲਸ ਨੇ ਸਫਲਤਾ ਪ੍ਰਾਪਤ ਕੀਤੀ ਹੈ ਅਤੇ ਬੱਚੀ ਸਹੀ ਸਲਾਮਤ ਪਰਵਾਰ ਹਵਾਲੇ ਕਰ ਦਿੱਤੀ ਹੈ।ਲੜਕੀ ਦੇ ਪਰਵਾਰ ਵਲੋਂ ਲੋਕ ਇਨਸਾਫ਼ ਮੰਚ ਦੇ ਆਗੂਆਂ ਦੀ ਮੌਜੂਦਗੀ ਵਿੱਚ ਪ੍ਰੈਸ ਕਾਨਫਰੰਸ ਕੀਤੀ ਅਤੇ ਸਹਿਯੋਗ ਦੇਣ ਲਈ ਲੋਕ ਇਨਸਾਫ਼ ਮੰਚ ਤਹਿਸੀਲ ਫਿਲੌਰ ਦੇ ਆਗੂਆਂ ਦਾ ਧੰਨਵਾਦ ਕੀਤਾ। ਇਸ ਮੌਕੇ ਲੜਕੀ ਦੀ ਮਾਤਾ ਅਤੇ ਪਿਤਾ ਵਲੋਂ ਦੱਸਿਆ ਕਿ ਅਗਰ ਲੋਕ ਇਨਸਾਫ਼ ਮੰਚ ਦੇ ਆਗੂ ਸਾਡੀ ਮਦਦ ਨਾ ਕਰਦੇ ਤਾਂ ਸ਼ਾਇਦ ਸਾਡੀ ਬੇਟੀ ਅੱਜ ਸੁਰੱਖਿਅਤ ਸਾਡੇ ਵਿੱਚ ਨਾ ਹੁੰਦ। ਇਸ ਮੌਕੇ ਲੋਕ ਇਨਸਾਫ਼ ਮੰਚ ਤਹਿਸੀਲ ਫਿਲੌਰ ਦੇ ਪ੍ਰਧਾਨ ਜਰਨੈਲ ਫਿਲੌਰ, ਸਕੱਤਰ ਪਰਸ਼ੋਤਮ ਫਿਲੌਰ, ਸੀਨੀਅਰ ਮੀਤ ਪ੍ਰਧਾਨ ਹੰਸ ਰਾਜ ਸੰਤੋਖਪੁਰਾ, ਕੈਸ਼ੀਅਰ ਡਾਕਟਰ ਸੰਦੀਪ ਫਿਲੌਰ, ਜਸਵੰਤ ਬੋਧ, ਰਾਮਜੀ ਦਾਸ ਗੰਨਾ ਪਿੰਡ, ਗੁਰਮੀਤ ਸਿੰਘ ਲੰਬੜਦਾਰ ਭੁਲੇਵਾਲ ਆਦਿ ਨੇ ਕਿਹਾ ਕਿ ਉਹ ਹਰ ਵੇਲੇ ਲੋਕਾਂ ਦੀ ਮਦਦ ਲਈ ਹਾਜ਼ਰ ਹਨ।

# ਐੱਸ ਟੀ ਐੱਸ ਵਰਲਡ ਸਕੂਲ 'ਚ ਇਨਵੈਸਟੀਚਰ ਸੈਰੇਮਨੀ

**ਗੁਰਾਇਆ (ਬਿੰਦਰ ਸੁਮਨ)**

ਜਿਵੇਂ ਕਿ ਅਸੀਂ ਜਾਣਦੇ ਹਾਂ ਕਿ ਸਾਡੇ ਅੱਜ ਦੇ ਬੱਚੇ ਆਉਣ ਵਾਲੇ ਸਮੇਂ ਵਿੱਚ ਸਾਡੇ ਕੱਲ੍ਹ ਦੇ ਨੇਤਾ ਹੋਣਗੇ ਸੋ ਇਸ ਦੀ ਤਿਆਰੀ ਲਈ ਐੱਸ. ਟੀ. ਐੱਸ ਵਰਲਡ ਵਿਚ ਵਿਦਿਆਰਥੀਆਂ ਨੂੰ ਕੁਝ ਛੋਟੀਆਂ - ਛੋਟੀਆਂ ਜ਼ਿੰਮੇਵਾਰੀਆਂ ਦੇ ਕੇ ਉਨ੍ਹਾਂ ਨੂੰ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਇਆ। ਲੀਡਰਸ਼ਿਪ ਦੀ ਯੋਗਤਾ ਹੀ ਆਉਣ ਵਾਲੇ ਸਮੇਂ ਵਿਚ ਵਿਦਿਆਰਥੀਆਂ ਨੂੰ ਇੱਕ ਯੋਗ ਨੇਤਾ ਬਣਨ ਦਾ ਮੌਕਾ ਦੇਵੇਗੀ।ਇਨਵੈਸਟਰ ਸੈਰੇਮਨੀ ਦੇ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਮੁੱਖ ਮਹਿਮਾਨ ਦੇ ਤੌਰ 'ਤੇ ਉਪਸਥਿਤ ਸਨ। ਸਭ ਤੋਂ ਪਹਿਲਾ ਸਕੂਲ ਦੇ ਐੱਨ. ਸੀ. ਸੀ ਬੈਂਡ ਵਲੋਂ ਮਾਰਚ ਪਾਸ ਰਾਹੀ ਆਏ ਹੋਏ ਮੁੱਖ ਮਹਿਮਾਨਾਂ ਨੂੰ ਆਡੀਟੋਰੀਅਮ ਵਿੱਚ ਲਿਆਂਦਾ ਗਿਆ।



ਪ੍ਰੋਗਰਾਮ ਦੀ ਸ਼ੁਰੂਆਤ ਸ਼ਮਾ ਰੌਸ਼ਨ ਕਰਕੇ ਕੀਤੀ ਗਈ। ਮੰਚ ਸੰਚਾਲਨ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਕੀਤਾ। ਉਹਨਾਂ ਦੁਆਰਾ ਆਏ ਹੋਏ ਮੁੱਖ ਮਹਿਮਾਨਾਂ ਤੇ ਮਾਪਿਆਂ ਦਾ ਨਿੱਘਾ ਸਵਾਗਤ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਰਾਹੀਂ ਕੀਤੀ ਗਈ। ਉਸ ਤੋਂ ਬਾਅਦ ਬੱਚਿਆਂ ਦੁਆਰਾ ਬਹੁਤ ਹੀ ਸ਼ਾਨਦਾਰ ਡਾਂਸ ਪੇਸ਼ ਕੀਤਾ ਤੇ ਜਿਸ ਵਿਚਲੇ ਜੋਸ਼ ਨੂੰ ਵੇਖ ਕੇ ਸਭ ਵਿੱਚ ਇੱਕ ਨਵਾਂ ਜੋਸ਼ ਭਰ ਗਿਆ। ਇਸ ਤੋਂ ਬਾਅਦ ਪਹਿਲੀ ਤੋਂ ਨੌਵੀਂ ਜਮਾਤ ਅਤੇ ਗਿਆਰਵੀਂ ਜਮਾਤ ਦੇ ਪਹਿਲੇ, ਦੂਜੇ, ਤੀਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਟਰਾਫ਼ੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਬਾਅਦ ਪ੍ਰਿੰਸੀਪਲ ਮੈਡਮ ਪ੍ਰਭਜੋਤ ਕੌਰ ਗਿੱਲ ਨੇ ਸਕੂਲ ਦੀ ਵਿਦਿਆਰਥਣ ਰਾਜਿੰਦਰਜੀਤ ਕੌਰ ਹੈਡ ਗਰਲ ਅਤੇ ਵਿਦਿਆਰਥੀ ਮਨਤਾਜ਼ ਹੈਡ ਬੁਆਏ ਨੂੰ ਤੇ ਡਿਪਟੀ ਹੈਡ ਬੁਆਏ ਸੁਖਦੀਪ ਤੇ ਡਿਪਟੀ ਹੈਡ ਗਰਲ ਨੂੰ ਬੈਚ ਲਗਾ ਕੇ ਸਨਮਾਨਿਤ ਕੀਤਾ। ਇਸ ਤੋਂ ਬਾਅਦ ਸਕੂਲ ਵਿੱਚ ਬਣੇ ਚਾਰ ਹਾਊਸਾਂ, ਕੈਂਬਰਿਜ ਹਾਊਸ, ਹਾਵਰਡ ਹਾਊਸ, ਆਕਸਫਾਰਡ ਹਾਊਸ ਤੇ ਸਟੇਨਫਾਰਡ ਹਾਊਸਾਂ ਵਿੱਚੋਂ ਦੋ-ਦੋ ਹਾਊਸ ਕੈਪਟਨ ਤੇ ਦੋ-ਦੋ ਵਾਇਸ ਕੈਪਟਨਾਂ ਦਾ ਚੁਨਾਵ ਕੀਤਾ ਗਿਆ।ਕੈਂਬਰਿਜ ਹਾਊਸ ਵਿੱਚੋਂ ਬਾਰਵੀਂ (ਸੀ ) ਜਮਾਤ ਦੇ ਵਿਦਿਆਰਥੀ ਦੀਪਕ ਤੇ ਗਿਆਰ੍ਹਵੀਂ( ਬੀ) ਦੀ ਜਾਨਵੀ ਨੂੰ ਕੈਪਟਨ ਤੇ ਗਿਆਰ੍ਹਵੀਂ (ਏ) ਜਮਾਤ ਦੇ ਹਰਜੋਤ ਤੇ ਗਿਆਰ੍ਹਵੀਂ (ਏ ) ਦੀ ਤਰਨਪ੍ਰੀਤ ਨੂੰ ਡਿਪਟੀ ਕੈਪਟਨ ਚੁਣਿਆ।ਹਾਰਵਰਡ ਹਾਊਸ ਵਿੱਚੋਂ ਬਾਰਵੀਂ( ਏ ) ਜਮਾਤ ਦੀ ਹਿਮਾਂਸ਼ੀ ਤੇ ਬਾਰਵੀ (ਬੀ ) ਜਮਾਤ ਦੇ ਜਗਰੂਪ ਨੂੰ ਕੈਪਟਨ ਤੇ ਡਿਪਟੀ ਕੈਪਟਨ ਗਿਆਰ੍ਹਵੀਂ (ਸੀ) ਜਮਾਤ ਦੀ ਰਾਜਵੀਰ ਕੌਰ ਤੇ ਗਿਆਰ੍ਹਵੀਂ (ਬੀ) ਜਮਾਤ ਦੇ ਪਰਮਵੀਰ ਸਿੰਘ ਨੂੰ ਚੁਣਿਆ। ਆਕਸਫਾਰਡ ਹਾਊਸ ਵਿੱਚੋਂ ਬਾਰਵੀਂ (ਬੀ) ਜਮਾਤ ਦੀ ਹਰਨੂਪ ਤੇ ਬਾਰਵੀ( ਏ) ਜਮਾਤ ਦੇ ਯੁਵਰਾਜ ਸਿੰਘ ਨੂੰ ਕੈਪਟਨ ਤੇ ਡਿਪਟੀ ਕੈਪਟਨ ਗਿਆਰ੍ਹਵੀਂ( ਏ )ਜਮਾਤ ਦੀ ਪਰਨੀਤ ਕੌਰ ਤੇ ਗਿਆਰ੍ਹਵੀਂ (ਬੀ ) ਜਮਾਤ ਦੇ ਰਾਜਾ ਰਣਵੀਰ ਨੂੰ ਚੁਣਿਆ। ਸਟੈਂਨਫਰਡ ਹਾਊਸ ਵਿੱਚੋਂ ਬਾਰਵੀਂ (ਬੀ) ਜਮਾਤ ਦੀ ਹਰਮਨ ਕੌਰ ਤੇ ਬਾਰਵੀਂ( ਬੀ) ਜਮਾਤ ਦੇ ਗੁਰਮਨ ਸਿੰਘ ਨੂੰ ਕੈਪਟਨ ਤੇ ਡਿਪਟੀ ਕੈਪਟਨ ਗਿਆਰ੍ਹਵੀਂ (ਬੀ) ਜਮਾਤ ਦੀ ਪ੍ਰਭਨੂਰ ਕੌਰ ਤੇ ਗਿਆਰ੍ਹਵੀਂ ਬੀ ਜਮਾਤ ਦੇ ਗੁਰਵੀਰ ਸਿੰਘ ਨੂੰ ਚੁਣਿਆ ਤੇ ਚੁਣੇ ਗਏ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਮੈਡਮ ਨੇ ਬੈਜਸ ਲਗਾਏ ਤੇ ਸੇਛੇ ਪਹਿਨਾ ਕੇ ਸਨਮਾਨਿਤ ਕੀਤਾ ਉਸ ਤੋਂ ਬਾਅਦ ਵਿਦਿਆਰਥੀਆਂ ਦੁਆਰਾ ਸਹੁੰ ਚੁੱਕੀ ਗਈ ਸਮਾਗਮ ਦੀ ਸਮਾਪਤੀ ਰਾਸ਼ਟਰੀ ਗਾਣ ਗਾ ਕੇ ਕੀਤੀ। ਇਸ ਮੌਕੇ 'ਤੇ ਮੈਡਮ ਪ੍ਰਭਜੋਤ ਗਿੱਲ ਨੇ ਵਿਦਿਆਰਥੀਆਂ ਨੂੰ ਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਉਹਨਾਂ ਇਹ ਆਸ ਜਤਾਈ ਕਿ ਵਿਦਿਆਰਥੀ ਆਪਣੀਆਂ ਦਿੱਤੀਆਂ ਹੋਈਆ ਜਿੰਮੇਵਾਰੀਆਂ ਤਨ ਮਨ ਨਾਲ ਨਿਭਾਉਣਗੇ।

# ਐੱਲ ਪੀ ਯੂ ਵੱਲੋਂ ਫੈਸ਼ਨ ਵੀਕ ਦੇ 17ਵੇਂ ਐਡੀਸ਼ਨ ਦੀ ਮੇਜ਼ਬਾਨੀ



**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਕੈਂਪਸ ਵਿਖੇ ਮੋਂਟ੍ਰੋਜ਼ ਰਨਵੇ ਫੈਸ਼ਨ ਵੀਕ ਦਾ 17ਵਾਂ ਐਡੀਸ਼ਨ ਹੋਇਆ। ਇੱਥੇ, ਸਕੂਲ ਆਫ਼ ਫੈਸ਼ਨ ਡਿਜ਼ਾਈਨ ਦੇ ਵਿਦਿਆਰਥੀ ਪੇਸ਼ੇਵਰ ਫੈਸ਼ਨ ਉਦਯੋਗ ਵਿੱਚ ਅਨਮੋਲ ਪ੍ਰਤੱਖ ਅਨੁਭਵ ਪ੍ਰਾਪਤ ਕਰਦੇ ਹਨ। ਇਸ ਸਮਾਗਮ 'ਚ ਪ੍ਰਸਿੱਧ ਡਿਜ਼ਾਈਨਰ, ਇੰਡਸਟਰੀ ਦੇ ਦਿੱਗਜ ਅਤੇ ਉਤਸ਼ਾਹੀ ਵਿਦਿਆਰਥੀ ਇੱਕ ਨੇਕ ਮਿਸ਼ਨ ਲਈ ਇਕੱਠੇ ਹੋਏ ਜੋ ਕਿ ਕੁੜੀਆਂ ਦੀ ਸਹਾਇਤਾ ਕਰਨਾ ਅਤੇ ਪਛੜੇ ਭਾਈਚਾਰਿਆਂ ਦਾ ਪੱਧਰ ਉੱਚਾ ਚੁੱਕਣਾ ਹੈ।ਐਲਪੀਯੂ ਨੇ ਇਸ ਪ੍ਰੋਗਰਾਮ ਦੀ ਮੇਜ਼ਬਾਨੀ ਮਾਂਟਰੋਜ਼ ਫਾਊਂਡੇਸ਼ਨ ਦੀ ਅਗਵਾਈ।

# ਚੋਣ ਕਮਿਸ਼ਨ ਜਲਦ ਹੀ 40 ਐਪਸ ਦੀ ਥਾਂ ਇੱਕ ਐਪ ਕਰੇਗਾ ਜਾਰੀ : ਸਿਬਿਨ ਸੀ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਇੱਕ ਵੱਡੀ ਪਹਿਲਕਦਮੀ ਕਰਦਿਆਂ ਭਾਰਤੀ ਚੋਣ ਕਮਿਸ਼ਨ ਵੋਟਰਾਂ ਅਤੇ ਇਸਦੇ ਹੋਰ ਹਿੱਸੇਦਾਰਾਂ ਜਿਵੇਂ ਕਿ ਚੋਣ ਅਧਿਕਾਰੀਆਂ, ਸਿਆਸੀ ਪਾਰਟੀਆਂ ਅਤੇ ਆਮ ਨਾਗਰਿਕਾਂ ਲਈ ਇੱਕ ਨਵਾਂ ਡਿਜੀਟਲ ਐਪ ਵਿਕਸਤ ਕਰ ਰਿਹਾ ਹੈ। ਨਵਾਂ ਵਨ-ਸਟਾਪ ਪਲੇਟਫਾਰਮ ਈ ਸੀ ਆਈ ਨੈੱਟ ਚੋਣ ਕਮਿਸ਼ਨ ਦੇ 40 ਤੋਂ ਵੱਧ ਮੌਜੂਦਾ ਮੋਬਾਈਲ ਅਤੇ ਵੈੱਬ ਐਪਲੀਕੇਸ਼ਨਾਂ ਦੀ ਥਾਂ ਲਵੇਗਾ।ਪੰਜਾਬ ਦੇ ਮੁੱਖ ਚੋਣ ਅਧਿਕਾਰੀ, ਸਿਬਿਨ ਸੀ ਨੇ ਦੱਸਿਆ ਕਿ ਈ ਸੀ ਆਈ ਨੈੱਟ ਵਿੱਚ ਚੋਣਾਂ ਨਾਲ ਸਬੰਧਤ ਸਾਰੀਆਂ ਗਤੀਵਿਧੀਆਂ ਲਈ ਇੱਕ ਸਿੰਗਲ ਪਲੇਟਫਾਰਮ ਪ੍ਰਦਾਨ ਕੀਤਾ ਜਾਵੇਗਾ।ਇਹ ਇੱਕ ਸੁਹਜ ਉਪਭੋਗਤਾ ਇੰਟਰਫੇਸ ਅਤੇ ਇੱਕ ਸਰਲ ਉਪਭੋਗਤਾ ਅਨੁਭਵ ਪ੍ਰਦਾਨ ਕਰੇਗਾ।ਇਹ ਕਦਮ ਐਪ ਵਰਤਣ ਵਾਲਿਆਂ ਲਈ ਸੌਖ ਪ੍ਰਦਾਨ ਕਰੇਗਾ ਕਿਉਂਕਿ ਉਪਭੋਗਤਾਵਾਂ ਨੂੰ ਕਈ ਐਪਸ ਨੂੰ ਡਾਊਨਲੋਡ ਕਰਨ ਅਤੇ ਨੈਵੀਗੇਟ ਕਰਨ ਦੇ ਝੰਜਟ ਤੋਂ ਮੁਕਤੀ ਮਿਲੇਗੀ।ਇਸਦੇ ਨਾਲ ਹੀ ਵੱਖ-ਵੱਖ ਲੌਗਇਨ ਯਾਦ ਰੱਖਣ ਦੇ ਬੋਝ ਨੂੰ ਘਟਾਉਣ ਲਈ ਵੀ ਈਸੀਆਈਨੈੱਟ ਤਿਆਰ ਕੀਤਾ ਗਿਆ ਹੈ।ਇਸ ਪਲੇਟਫਾਰਮ ਦੀ ਕਲਪਨਾ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਮਾਰਚ 2025 ਵਿੱਚ ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਦੀ ਮੌਜੂਦਗੀ ਵਿੱਚ ਹੋਈ ਮੁੱਖ ਚੋਣ ਅਧਿਕਾਰੀਆਂ ਦੀ ਕਾਨਫਰੰਸ ਦੌਰਾਨ ਕੀਤੀ ਸੀ।ਈ ਸੀ ਆਈ ਨੈੱਟ ਵੋਟਰ ਹੈਲਪਲਾਈਨ ਐਪ, ਵੋਟਰ ਟਰਨਆਉਟ ਐਪ, ਸੀਵਿਜਿਲ, ਸੁਵਿਧਾ 2.0, ਸਕਸ਼ਮ ਅਤੇ ਕੇਵਾਈਸੀ ਐਪ ਵਰਗੀਆਂ ਮੌਜੂਦਾ ਐਪਾਂ ਦੀ ਥਾਂ ਲੈ ਲਵੇਗਾ।

# ਪੰਜਾਬ ਦੇ ਹਿੱਸੇ ਦਾ ਪਾਣੀ ਹੋਰ ਸਟੇਟਾਂ ਨੂੰ ਦੇਣ ਨਾਲ ਪੰਜਾਬ ਦੀ ਕਿਸਾਨੀ ਨੂੰ ਢਾਹ ਲੱਗੇਗੀ : ਜਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਪੰਜਾਬ ਦਾ ਕਿਸਾਨ ਪਹਿਲਾਂ ਹੀ ਕੁਦਰਤ ਦੀ ਮਾਰ ਤੋਂ ਇਲਾਵਾ ਹੋਰ ਕਈ ਪ੍ਰਕਾਰ ਦੀਆਂ ਪ੍ਰੇਸ਼ਾਨੀਆਂ ਦੇ ਬੋਝ ਨਾਲ ਦੱਬਿਆ ਹੋਇਆ ਹੈ ਉਪਰੋਂ ਹੁਣ ਭਾਖੜਾ ਡੈਮ ਬੋਰਡ ਮੈਨੇਜਮੈਂਟ ਕਮੇਟੀ ਨੇ ਪੰਜਾਬ ਦੇ ਹਿੱਸੇ ਦਾ ਪਾਣੀ ਹਰਿਆਣਾ ਅਤੇ ਰਾਜਸਥਾਨ ਨੂੰ ਦੇਣ ਦਾ ਜਿਹੜਾ ਨਾ ਬਰਦਾਸ਼ਤ ਵਾਲਾ ਫੈਸਲਾ ਕੀਤਾ ਹੈ ਉਸ ਨਾਲ ਪੰਜਾਬ ਦੀ ਖੇਤੀ ਨੂੰ ਬੜੀ ਢਾਹ ਲੱਗ ਜਾਵੇਗੀ ਜਿਸ ਨਾਲ ਕਰਜ਼ਿਆਂ ਦੇ ਬੋਝ ਹੇਠਾਂ ਦੱਬਿਆ ਕਿਸਾਨ ਭੁੱਖਮਾਰੀ ਦੀ ਰਾਹ ਤੇ ਆ ਜਾਵੇਗਾ ਜਿਸਨੂੰ ਭਾਜਪਾ ਪੰਜਾਬ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ।ਪੰਜਾਬ ਦੇ ਹਿੱਸੇ ਦਾ ਪਾਣੀ ਕਿਸੇ ਹੋਰ ਸਟੇਟ ਨੂੰ ਵਾਧੂ ਦੇਣਾ ਜਾਂ ਨਹੀਂ ਦੇਣਾ ਪੰਜਾਬ ਸਰਕਾਰ ਦਾ ਸਹਿਮਤ ਹੋਣਾ ਬਹੁਤ ਜਰੂਰੀ ਹੈ।ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਸਥਾਨਕ ਪੱਤਰਕਾਰਾਂ ਨਾਲ ਕਰਦੇ ਹੋਏ ਭਾਜਪਾ ਪੰਜਾਬ ਪ੍ਰਦੇਸ਼ ਦੇ ਕਾਰਜਕਾਰਿਣੀ ਮੈਂਬਰ ਸੁਰਿੰਦਰ ਜਾਜਾ ਨੇ ਕਿਹਾ ਕਿ ਹਰਿਆਣਾ ਸਰਕਾਰ ਵੱਲੋਂ ਹਰ ਮਹੀਨੇ ਵਾਧੂ ਪਾਣੀ ਦੀ ਮੰਗ ਨੂੰ ਪੰਜਾਬ ਦੇ ਲੋਕ ਕਿਸੇ ਵੀ ਕੀਮਤ 'ਤੇ ਪੂਰਾ ਨਹੀਂ ਹੋਣ ਦੇਣਗੇ।ਉਨ੍ਹਾਂ ਕਿਹਾ ਕਿ ਭਾਖੜਾ ਡੈਮ ਮੈਨੇਜਮੈਂਟ ਕਮੇਟੀ ਨੇ ਜਿਸ ਤਰ੍ਹਾਂ ਧੱਕੇਸ਼ਾਹੀ ਨਾਲ ਹਰਿਆਣਾ ਨੂੰ ਵਾਧੂ ਪਾਣੀ ਦੇਣ ਦੀਆਂ ਕੋਸ਼ਿਸ਼ਾਂ ਕੀਤੀਆਂ ਹਨ ਅਜਿਹੀਆਂ ਹਰਕਤਾਂ ਨੂੰ ਪੰਜਾਬ ਭਾਜਪਾ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗੀ ਅਤੇ ਪੰਜਾਬ ਦੇ ਹਿੱਸੇ ਦਾ ਪਾਣੀ ਕਿਸੇ ਹੋਰ ਸਟੇਟ ਨੂੰ ਨਹੀਂ ਦੇਣ ਦੇਵੇਗੀ। ਉਨ੍ਹਾਂ ਕਿਹਾ ਕਿ ਭਾਖੜਾ ਡੈਮ ਦੇ ਪਾਣੀ ਦੀ ਇੱਕ ਇੱਕ ਬੂੰਦ 'ਤੇ ਪਹਿਲਾ ਹੱਕ ਪੰਜਾਬ ਦੀ ਜਨਤਾ ਦਾ ਹੈ ਜਿਸਨੂੰ ਕਿਸੇ ਨੂੰ ਵੀ ਖੋਣ ਨਹੀਂ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਹਰਿਆਣਾ ਤੇ ਰਾਜਸਥਾਨ ਸਟੇਟਾਂ ਜਦੋਂ ਹਰ ਮਹੀਨੇ ਆਪਣੇ ਬਣਦੇ ਹਿੱਸੇ ਦਾ ਪਾਣੀ ਲੈ ਲੈਂਦੇ ਹਨ ਤਾਂ ਫਿਰ ਵਾਧੂ ਪਾਣੀ ਦੀ ਮੰਗ ਕਰਕੇ ਪੰਜਾਬ ਦੇ ਪਾਣੀ 'ਤੇ ਡਾਕਾ ਕਿਉਂ ਮਾਰਨਾ ਚਾਹੁੰਦੇ ਹਨ। ਉਨ੍ਹਾਂ ਨੇ ਭਾਖੜਾ ਡੈਮ ਬੋਰਡ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਹਰਿਆਣਾ ਨੂੰ ਵਾਧੂ ਪਾਣੀ ਦੇ ਕੇ ਪੰਜਾਬ ਦੇ ਕਿਸਾਨਾਂ ਦਾ ਹੱਕ ਮਾਰਨ ਦੀ ਨਾਕਾਮ ਕੋਸ਼ਿਸ਼ ਕੀਤੀ ਤਾਂ ਭਾਜਪਾ ਵਰਕਰ ਪੰਜਾਬ ਦੀਆਂ ਸੜਕਾਂ ਤੇ ਉਤਰ ਕੇ ਰੋਸ ਪ੍ਰਦਰਸ਼ਨ ਤੇ ਪੁਤਲੇ ਫੂਕ ਪ੍ਰਦਰਸ਼ਨ ਕਰਨ ਲਈ ਮਜਬੂਰ ਹੋ ਜਾਣਗੇ ਜਿਸਦੀ ਸਾਰੀ ਜਿੰਮੇਦਾਰੀ ਭਾਖੜਾ ਡੈਮ ਮੈਨੇਜਮੈਂਟ ਦੀ ਹੋਵੇਗੀ।

# ਲੋੜਵੰਦ ਵਿਦਿਆਰਥੀਆਂ ਨਾਲ ਖੜ੍ਹੀ ਹੈ ਪ੍ਰਿਥਵੀ ਵੈਲਫੇਅਰ ਸੁਸਾਇਟੀ : ਹਰਿੰਦਰ ਸਿੰਘ

**ਆਦਮਪੁਰ (ਪਰਮਜੀਤ ਸਿੰਘ)**- ਇਲਾਕੇ ਵਿੱਚ ਪ੍ਰਿਥਵੀ ਵੈਲਫੇਅਰ ਸੋਸਾਇਟੀ ਲਗਾਤਾਰ ਸਮਾਜ ਸੇਵਾ ਵਿੱਚ ਕਾਰਜ ਕਰ ਰਹੀ ਹੈ। ਸੋਸਾਇਟੀ ਦੇ ਪ੍ਰਧਾਨ ਹਰਿੰਦਰ ਸਿੰਘ ਨੇ ਕਿਹਾ ਕਿ ਇਹ ਸੰਸਥਾ ਵਾਤਾਵਰਣ , ਸਿਖਿਆ ਅਤੇ ਖੇਡਾਂ ਨੂੰ ਮੁੱਖ ਰੱਖਦਿਆਂ ਕਾਰਜ ਕਰਦੀ ਹੈ। ਹਰ ਵਰ੍ਹੇ ਵਾਂਗ, ਇਸ ਵਾਰ ਵੀ ਕੁੱਝ ਸਰਕਾਰੀ ਸਕੂਲਾਂ ਨਾਲ ਸੰਪਰਕ ਕੀਤਾ ਗਿਆ, ਲੋੜਵੰਦ ਵਿਦਿਆਰਥੀਆਂ ਦਾ ਵੇਰਵਾ ਲਿਆ ਗਿਆ।ਵਿਦਿਆਰਥੀਆਂ ਨੂੰ ਵਾਤਾਵਰਣ, ਦੇਸ਼ ਪ੍ਰੇਮ , ਭਾਰਤ ਦੇ ਇਤਿਹਾਸ , ਸਾਫ ਸਫਾਈ ਆਦ ਨਾਲ ਜੁੜੇ ਸਵਾਲ ਪੁੱਛੇ ਜਾਂਦੇ ਹਨ।ਸਹੀ ਜਵਾਬ ਦੇਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੱਜੋਂ ਲਿਖਣ ਸਮਗਰੀ ( ਸਟੇਸ਼ਨਰੀ) ਦਿੱਤੀ ਜਾਂਦੀ ਹੈ।ਵਿਦਿਆਰਥੀਆਂ ਨੂੰ ਖੇਡਾਂ



ਨਾਲ ਜੁੜਨ ਲਈ ਵੀ ਪ੍ਰੇਰਿਤ ਕੀਤਾ ਜਾਂਦਾ ਹੈ।ਵਾਤਾਵਰਣ ਨੂੰ ਸੰਭਾਲਣ , ਰੁੱਖਾਂ ਨੂੰ ਲਗਾਉਣ ਅਤੇ ਪਾਲਣ ਬਾਰੇ ਜਾਣੂ ਕਰਵਾਇਆ ਜਾਂਦਾ ਹੈ।ਸਰਕਾਰੀ ਪ੍ਰਾਇਮਰੀ ਸਕੂਲ ਗਾਜੀਪੁਰ, ਸਰਕਾਰੀ ਪ੍ਰਾਇਮਰੀ ਸਕੂਲ ਮੁਹੱਲਾ ਸਗਰਾਂ, ਸਰਕਾਰੀ ਪ੍ਰਾਇਮਰੀ ਸਕੂਲ 'ਚ ਸੰਸਥਾ ਵੱਲੋ ਸਮਗਰੀ ਲਿਖਣ ਸਮਗਰੀ ਭੇਂਟ ਕਰ ਦਿੱਤੀ ਗਈ ਹੈ।ਅਗਲੇ ਦਿਨਾਂ ਵਿੱਚ ਕੁੱਝ ਹੋਰ ਸਕੂਲਾਂ ਵਿੱਚ ਜਾਣ ਦਾ ਟੀਚਾ ਹੈ। ਗੁਰਨਾਮ ਸਿੰਘ, ਹਰਜਿੰਦਰ ਪਾਲ ਸਿੰਘ , ਅਨਿਲ ਕੁਮਾਰ ਪੰਮੀ, ਪ੍ਰੇਮ ਪਾਲ ਸਿੰਘ, ਪੁਸ਼ਪਿੰਦਰ ਸਿੰਘ ਪਿੰਕੀ, ਅਮਰੀਕ ਸਿੰਘ ਸਾਬੀ , ਪਰਮਜੀਤ ਸਿੰਘ ਪੰਮਾ, ਸਤਨਾਮ ਸਿੰਘ, ਮਹਿੰਦਰ ਸਿੰਘ, ਅਵਤਾਰ ਸਿੰਘ ਮਸਾਣੀਆਂ, ਰਵਿੰਦਰ ਸਿੰਘ ਸੈਣੀ, ਪਰਮਿੰਦਰ ਸਿੰਘ ਰਿੰਕੂ, ਗੁਰਚਰਨ ਸਿੰਘ, ਟਿੰਕੂ ਚੱਡਾ, ਸੁਖਦੇਵ ਸਿੰਘ ਇਨ੍ਹਾਂ ਸੇਵਾਵਾਂ ਵਿੱਚ ਸਹਿਯੋਗ ਕਰਦੇ ਹਨ।

# ਪੰਜਾਬ ਦੀ ਜਵਾਨੀ ਤੇ ਪਾਣੀ ਨੂੰ ਬਚਾਉਣ ਲਈ ਮਿਲ ਕੇ ਹੰਭਲਾ ਮਾਰਨ ਦੀ ਲੋੜ : ਬੈਂਸ

**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਛੇੜੇ ਯੁੱਧ ਨੂੰ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੀਆਂ ਗ੍ਰਾਮ ਸੁਰੱਖਿਆ ਕਮੇਟੀਆਂ, ਵਾਰਡ ਸੁਰੱਖਿਆ ਕਮੇਟੀਆਂ ਦੇ ਹਜ਼ਾਰਾਂ ਮੈਂਬਰਾਂ, ਸਰਪੰਚਾਂ, ਪੰਚਾਂ, ਨੰਬਰਦਾਰਾਂ, ਕੌਂਸਲਰਾਂ ਨੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਐਮ.ਪੀ ਮਲਵਿੰਦਰ ਸਿੰਘ ਕੰਗ, ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਤੇ ਸੰਤੋਸ਼ ਕਟਾਰੀਆ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਅਤੇ ਹੋਰਨਾਂ ਆਗੂਆਂ ਦੀ ਹਾਜ਼ਰੀ ਵਿਚ ਲੋਕ ਲਹਿਰ ਬਣਾਉਣ ਦਾ ਅਹਿਦ ਲਿਆ।ਨਵਾਂਸ਼ਹਿਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਅਤੇ ਐਸ.ਐਸ.ਪੀ ਡਾ. ਮਹਿਤਾਬ ਸਿੰਘ ਦੀ ਅਗਵਾਈ ਹੇਠ ਕਰਵਾਏ ਵਿਸ਼ਾਲ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪਿੰਡਾਂ ਤੇ ਸ਼ਹਿਰਾਂ ਦੇ ਪਹਿਰੇਦਾਰ ਮੁਹਿੰਮ ਦੇ ਆਗਾਜ਼ ਮੌਕੇ ਹਜ਼ਾਰਾਂ ਦੀ ਗਿਣਤੀ ਵਿਚ ਪੁੱਜੇ ਸ਼ਹੀਦ ਭਗਤ ਸਿੰਘ ਨਗਰ ਵਾਸੀਆਂ ਨੇ ਐਲਾਨ ਕੀਤਾ ਕਿ ਉਹ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਲੜਾਈ ਨੂੰ ਜ਼ਿਲ੍ਹੇ ਦੇ ਹਰ ਪਿੰਡ, ਕਸਬੇ ਤੇ ਗਲੀ-ਮੁਹੱਲੇ ਤੱਕ ਲਿਜਾ ਕੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਅੰਜ਼ਾਮ ਤੱਕ ਪਹੁੰਚਾਉਣਗੇ।ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਦੇ ਸਿੱਖਿਆ ਅਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਸਹਿਯੋਗ ਨਾਲ ਨਸ਼ੇ ਦਾ ਮੁਕੰਮਲ ਖ਼ਾਤਮਾ ਕਰਕੇ ਦਮ ਲਵੇਗੀ।ਉਨ੍ਹਾਂ ਦੱਸਿਆ ਕਿ ਆਉਂਦੀ 7 ਮਈ ਤੋਂ ਸੂਬੇ ਭਰ ਵਿਚ ਨਸ਼ਾ ਮੁਕਤੀ ਯਾਤਰਾ ਸ਼ੁਰੂ ਹੋਵੇਗੀ, ਜੋ ਕਿ ਰੋਜ਼ਾਨਾ ਹਰੇਕ ਬਲਾਕ ਦੇ 3 ਪਿੰਡਾਂ ਵਿਚ ਜਾ ਕੇ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਲਾਮਬੰਦ ਕਰੇਗੀ। ਇਸ ਮੌਕੇ ਉਨ੍ਹਾਂ ਹਜ਼ਾਰਾਂ ਲੋਕਾਂ ਨੂੰ ਨਸ਼ਾ ਵਿਰੋਧੀ ਮੁਹਿੰਮ ਦਾ ਹਿੱਸਾ ਬਣਨ 'ਤੇ ਨਸ਼ਾ ਤਸਕਰਾਂ ਦੀ ਕਿਸੇ ਵੀ ਕਿਸਮ ਦੀ ਸਹਾਇਤਾ ਨਾ ਕਰਨ ਦੀ ਸਹੁੰ ਚੁਕਾਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਜੋਤ ਸਿੰਘ ਬੈਂਸ ਅਤੇ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ 'ਪੰਜਾਬ ਕੋਲ ਵਾਧੂ ਪਾਣੀ ਨਹੀ ਹੈ ਅਤੇ ਪੰਜਾਬ ਦੇ ਪਾਣੀ ਦੀ ਇਕ ਬੂੰਦ ਵੀ ਕਿਸੇ ਨੂੰ ਨਹੀਂ ਦਿੱਤੀ ਜਾਵੇਗੀ।

# ਲੋਕ ਸੇਵਾ ਲਈ ਫੇਜ਼-11, ਮੋਹਾਲੀ ਵਿਖੇ ਕੀਤੀ ਨਵੇਂ ਦਫ਼ਤਰ ਦੀ ਸ਼ੁਰੂਆਤ : ਬਲਬੀਰ ਸਿੰਘ ਸਿੱਧੂ

**ਮੋਹਾਲੀ, (ਗੁਰਜੀਤ ਬਿੱਲਾ)**- ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਲੋਕ ਭਲਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਮੋਹਾਲੀ ਦੇ ਫੇਜ਼ 11 ਵਿਖੇ ਗੁਰੂ ਸਾਹਿਬ ਦੀ ਅਸੀਸ ਨਾਲ ਆਪਣੇ ਨਵੇਂ ਦਫ਼ਤਰ ਦੀ ਸ਼ੁਰੂਆਤ ਕੀਤੀ।ਇਸ ਮੌਕੇ ਸ਼ੁਕਰਾਨੇ ਵਜੋਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਅਤੇ ਉਪਰੰਤ ਗੁਰਬਾਣੀ ਕੀਰਤਨ ਦੇ



ਹਰਜਸ ਗਾਇਣ ਕੀਤੇ ਗਏ।ਉਨ੍ਹਾਂ ਨੇ ਨਵੇਂ ਦਫ਼ਤਰ ਰਾਹੀਂ ਇਲਾਕੇ ਦੇ ਲੋਕਾਂ ਨਾਲ ਹੋਰ ਨਜ਼ਦੀਕੀ ਨਾਲ ਜੁੜਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਦਾ ਵਾਅਦਾ ਵੀ ਕੀਤਾ। ਲੋਕਾਂ ਦੀਆਂ ਉਮੀਦਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਿੱਧੂ ਨੇ ਕਿਹਾ, ਇਹ ਦਫ਼ਤਰ ਲੋਕ ਸੇਵਾ ਦਾ ਕੇਂਦਰ ਬਣੇਗਾ ਅਤੇ ਹਰ ਵਰਗ ਦੇ ਲੋਕਾਂ ਲਈ ਹਰ ਸਮੇਂ ਖੁੱਲ੍ਹਿਆ ਰਹੇਗਾ।ਸਿੱਧੂ ਨੇ ਅੱਗੇ ਕਿਹਾ, ਕਾਂਗਰਸ ਪਾਰਟੀ ਹਰ ਸਮੇਂ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਵਚਨਬੱਧ ਰਹੀ ਹੈ ਅਤੇ ਉਨ੍ਹਾਂ ਦਾ ਇਹ ਦਫ਼ਤਰ ਲੋਕਾਂ ਦੀ ਆਵਾਜ਼ ਨੂੰ ਸਰਕਾਰ ਤੱਕ ਪਹੁੰਚਾਉਣ ਦਾ ਵੀ ਕੇਂਦਰ ਬਣੇਗਾ। ਇਸ ਮੌਕੇ ਮੋਹਾਲੀ ਦੇ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ, ਕਾਂਗਰਸ ਪਾਰਟੀ ਦੇ ਮੋਹਾਲੀ ਤੋਂ ਕੌਂਸਲਰ, ਆਗੂਆਂ ਅਤੇ ਵਰਕਰ ਸਾਹਿਬਾਨਾਂ ਨੇ ਪਹੁੰਚਕੇ ਸਿੱਧੂ ਨੂੰ ਵਧਾਈ ਦਿੱਤੀ।

# ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਹਾੜਾ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ 302ਵਾਂ ਜਨਮ ਦਿਹਾੜਾ ਰਾਮਗੜ੍ਹੀਆ ਭਵਨ (ਰਜਿ:) ਐੱਸ ਏ ਐੱਸ ਨਗਰ ਵਿਖੇ ਬੜੀ ਸ਼ਰਧਾ ਭਾਵਨਾ ਅਤੇ ਉਤਸਾਹ ਪੂਰਵਕ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਭਾਈ ਪ੍ਰਸ਼ੋਤਮ ਸਿੰਘ ਸਾਥੀ, ਇਸਤਰੀ ਸਤਿਸੰਗ ਜੱਥੇ ਦੀਆਂ ਬੀਬੀਆਂ, ਭਾਈ ਬਲਿਹਾਰ ਸਿੰਘ, ਬੀਬੀ ਕੰਵਲਜੀਤ ਕੌਰ ਮਸਕੀਨ ਸ਼ਾਹਬਾਦ ਮਾਰਕੰਡਾ ਵਾਲੇ, ਭਾਈ ਗੁਰਨਾਮ ਸਿੰਘ ਮੋਹੀ ਦਾ ਇੰਟਰਨੈਸ਼ਨਲ ਢਾਡੀ ਜੱਥਾ ਆਪਣੇ ਰਸ ਭਿੰਨੇ ਕੀਰਤਨ, ਕਥਾ ਅਤੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮਾਗਮ ਦੇ ਮੁੱਖ ਮਹਿਮਾਨ ਅਜੀਤ ਸਿੰਘ ਰਨੌਤਾ ਪ੍ਰਧਾਨ, ਗਲੋਬਲ ਰਾਮਗੜ੍ਹੀਆ ਹੈਰੀਟੇਜ ਐਂਡ ਵੈਲਫੇਅਰ ਆਰਗੇਨਾਈਜੇਸ਼ਨ (ਰਜ਼ਿ) ਅਤੇ ਸਾਬਕਾ ਪ੍ਰਧਾਨ ਰਾਮਗੜ੍ਹੀਆ ਸਭਾ ਮੋਹਾਲੀ ਵਿਸ਼ੇਸ਼ ਮਹਿਮਾਨ ਬਲਵਿੰਦਰ ਸਿੰਘ ਉੱਘੇ ਬਿਲਡਰ, ਮਹਿੰਦਰ ਸਿੰਘ ਸਮਾਜ ਸੇਵੀ ਤੋਂ ਇਲਾਵਾ ਸਨਮਾਨਯੋਗ ਸਖਸ਼ੀਅਤਾਂ ਅਮਰਜੀਤ ਸਿੰਘ ਸਿੱਧੂ, ਮੇਅਰ ਮੋਹਾਲੀ, ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਮੈਂਬਰ ਪਾਰਲੀਮੈਂਟ ਨੇ ਹਾਜ਼ਰੀ ਲਗਵਾਈ ਅਤੇ ਸਭਾ ਤੋਂ ਸਨਮਾਨ ਪ੍ਰਾਪਤ ਕੀਤਾ। ਸਭਾ ਦੇ ਜਨਰਲ ਸਕੱਤਰ ਬਿਕਰਮਜੀਤ ਸਿੰਘ ਹੂੰਝਣ ਨੇ ਦੱਸਿਆ ਕਿ ਪ੍ਰਧਾਨ ਸੂਰਤ ਸਿੰਘ ਕਲਸੀ ਦੀ ਅਗਵਾਈ



ਹੇਠ ਆਯੋਜਿਤ ਕੀਤੇ ਗਏ। ਪ੍ਰਬੰਧਕ ਕਮੇਟੀ ਵੱਲੋਂ ਸਭਾ ਦੇ ਸਾਬਕਾ ਪ੍ਰਧਾਨ ਦਰਸ਼ਨ ਸਿੰਘ ਕਲਸੀ, ਨਿਰਮਲ ਸਿੰਘ ਸਭਰਵਾਲ, ਮਨਜੀਤ ਸਿੰਘ ਮਾਨ, ਕਰਮ ਸਿੰਘ ਬਬਰਾ, ਸਲਾਹਕਾਰ ਨਰਿੰਦਰ ਸਿੰਘ ਸੰਧੂ ਅਤੇ ਪਰਦੀਪ ਸਿੰਘ ਭਾਰਜ ਪ੍ਰਧਾਨ ਭਾਈ ਲਾਲੋ ਕੋ ਆਪਰੇਟਿਵ ਬੈਂਕ ਮੋਹਾਲੀ, ਕੌਂਸਲਰ ਜਸਵੀਰ ਸਿੰਘ ਮਣਕੂ, ਰੁਪਿੰਦਰ ਕੌਰ ਰੀਣਾ, ਜਸਪ੍ਰੀਤ ਸਿੰਘ ਗਿੱਲ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

# ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਵਸ 'ਤੇ ਨੌਜਵਾਨਾਂ ਦੀ ਕਨਵੈਂਸ਼ਨ 22 ਨੂੰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਵੱਲੋਂ 22 ਮਈ ਨੂੰ ਸ਼ਹੀਦ ਕਰਤਾਰ ਸਿੰਘ ਸਰਾਭੇ ਦੇ ਜਨਮ ਦਿਵਸ 'ਤੇ ਜਲੰਧਰ ਵਿਖੇ ਸੂਬਾ ਪੱਧਰੀ ਕਨਵੈਂਸ਼ਨ ਕਰਵਾਈ ਜਾ ਰਹੀ ਹੈ। ਇਸ ਵਾਰ ਕਨਵੈਂਸ਼ਨ ਦਾ ਵਿਸ਼ਾ 'ਨਸ਼ੇ ਅਤੇ ਬੇਰੁਜ਼ਗਾਰੀ' ਰੱਖਿਆ ਗਿਆ ਹੈ।ਇਹ ਜਾਣਕਾਰੀ ਸਭਾ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਸਿੰਘ 'ਸਿੰਬਲੀ' ਨੇ ਪਿੰਡ ਲਲੋਤਾ ਵਿਖੇ ਨੌਜਵਾਨਾਂ ਨਾਲ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਬੋਲਦਿਆਂ ਧਰਮਿੰਦਰ ਸਿੰਘ ਨੇ ਕਿਹਾ ਕਿ ਅੱਜ ਪੰਜਾਬ ਦਾ ਨੌਜਵਾਨ ਬੇਰੁਜ਼ਗਾਰੀ ਦਾ ਸੰਤਾਪ ਹੰਢਾ ਰਿਹਾ ਹੈ, ਅਤੇ ਨਸ਼ੇ ਤੇ ਗੈਂਗਸਟਰਵਾਦ ਦੀ ਮਾਰ ਹੇਠਾਂ ਰੋਜ਼ਾਨਾ ਮਾਰਿਆ ਜਾ ਰਿਹਾ ਹੈ। ਸਿੰਬਲੀ ਨੇ ਕਿਹਾ ਕਿ ਨੌਜਵਾਨਾਂ ਦਾ ਗੈਰਜਥੇਬੰਦ ਹੋਣਾ ਵੀ ਸਰਕਾਰਾਂ ਨੂੰ ਖੂਬ ਰਾਸ ਆ ਰਿਹਾ ਹੈ। ਸ਼ਹੀਦ ਭਗਤ ਸਿੰਘ ਨੌਜਵਾਨ ਸਭਾ,ਪੰਜਾਬ ਨੇ ਸੂਬੇ ਦੇ ਨੌਜਵਾਨਾਂ ਨੂੰ ਜਥੇਬੰਦ ਕਰਨ ਦਾ ਬੀੜਾ ਚੁੱਕਿਆ ਹੈ। ਇਸੇ ਸੰਦਰਭ 'ਚ ਸਭਾ ਨੇ ਨੌਜਵਾਨਾਂ ਦੇ ਆਦਰਸ਼ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਵਸ 'ਤੇ ਜਲੰਧਰ ਵਿਖੇ ਕਨਵੈਂਸ਼ਨ ਕਰਵਾਉਣ ਦਾ ਫੈਸਲਾ ਕੀਤਾ ਹੈ।

# ਜੋਗਿੰਦਰ ਸਿੰਘ ਮਾਨ ਨੇ ਪੰਡਵਾ 'ਚ 9.5 ਲੱਖ ਰੁਪਏ ਦੀ ਲਾਗਤ ਨਾਲ ਸ਼ੁਰੂ ਕਰਵਾਏ ਵਿਕਾਸ ਦੇ ਕੰਮ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**

ਫਗਵਾੜਾ ਵਿਧਾਨਸਭਾ ਹਲਕੇ ਦੇ ਪਿੰਡ ਪੰਡਵਾ ਵਿਖੇ 9.5 ਲੱਖ ਰੁਪਏ ਦੀ ਲਾਗਤ ਨਾਲ ਵੱਖ ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਵੱਲੋਂ ਕਰਵਾਈ ਗਈ। ਇਸ ਮੌਕੇ ਸੰਤ ਗੁਰਚਰਨ ਸਿੰਘ ਨਿਰਮਲ ਕੁਟੀਆ (ਛਿੰਬ ਵਾਲੀ) ਅਤੇ ਸੰਤ ਬਾਬਾ ਮੋਹਨ ਪਾਲ ਜੀ ਡੇਰਾ 108 ਸੰਤ ਬਾਬਾ ਹੰਸਰਾਜ ਜੀ ਪਿੰਡ ਪੰਡਵਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਜੋਗਿੰਦਰ ਸਿੰਘ ਮਾਨ ਨੇ ਦੱਸਿਆ ਕਿ ਤਿੰਨ ਲੱਖ ਰੁਪਏ ਦੀ ਲਾਗਤ ਨਾਲ ਜਿਮ ਜਦਕਿ 6.5 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ



ਦੀ ਉਸਾਰੀ ਕਰਵਾਈ ਜਾ ਰਹੀ ਹੈ।ਉਹਨਾਂ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪਿੰਡ ਦਾ ਸਮੁੱਚਾ ਵਿਕਾਸ ਕਰਵਾਇਆ ਜਾਵੇਗਾ। ਉਹਨਾਂ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿੰਦੇ ਹੋਏ ਆਪਣੀ ਸਰੀਰਕ ਤੰਦਰੁਸਤੀ ਪ੍ਰਤੀ ਜਾਗਰੂਕ ਹੋਣ ਅਤੇ ਉਸਾਰੀ ਜਾ ਰਹੀ ਜਿਮ ਦਾ ਭਰਪੂਰ ਲਾਹਾ ਲੈਣ।ਇਸ ਦੌਰਾਨ ਡੇਰਾ 108 ਸੰਤ ਬਾਬਾ ਹੰਸਰਾਜ ਜੀ ਪਿੰਡ ਪੰਡਵਾ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਬਾਬਾ ਮਹਿੰਦਰ ਪਾਲ ਜੀ ਦੇ ਸਪੁੱਤਰ ਸੰਤ ਬਾਬਾ ਮੋਹਨ ਪਾਲ ਜੀ ਵੱਲੋਂ ਜਿਮ ਦੇ ਲਈ 51 ਹਜਾਰ ਰੁਪਏ ਦੀ ਰਾਸ਼ੀ ਪੰਚਾਇਤ ਨੂੰ ਭੇਟ ਕੀਤੀ। ਪੰਚਾਇਤ ਵਲੋਂ ਪਿੰਡ ਦੇ ਵਿਕਾਸ ਕਾਰਜ ਕਰਵਾਉਣ ਲਈ ਜੋਗਿੰਦਰ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਬੀ.ਡੀ.ਪੀ.ਓ. ਰਾਮਪਾਲ ਰਾਣਾ, ਸਰਪੰਚ ਬਲਜੀਤ ਸਿੰਘ ਜੋਹਲ, ਪੰਚਾਇਤ ਮੈਂਬਰ ਅਮਨਦੀਪ ਸਿੰਘ, ਪੁਰਸ਼ੋਤਮ, ਬਲਿਹਾਰ, ਜਗਦੀਸ਼, ਮਲਕੀਤ, ਰਾਮ, ਹੰਸਰਾਜ, ਅਮਰ ਸਿੰਘ, ਜੋਗਾ ਰਾਮ, ਬਲਰਾਜ ਸਿੰਘ, ਹਰਜਿੰਦਰ ਸਿੰਘ, ਅਮਰੀਕ ਚੰਦ, ਡਾ. ਨਰਿੰਦਰ ਸਿੰਘ, ਮਹਿੰਦਰ ਪਾਲ, ਗਗਨ, ਅਰਸ਼, ਅਰਮਾਨ ਜੋਹਲ, ਅਨਿਲ ਕੁਮਾਰ, ਗੁਰਸ਼ਾਨ, ਮੋਹਨ ਪਾਲ ਆਦਿ ਹਾਜ਼ਰ ਸਨ।

# ਹਰਜੋਤ ਕੌਰ ਲੋਹਟੀਆ ਵੱਲੋਂ ਕਰਾਟੇ ਖਿਡਾਰੀਆਂ ਦਾ ਸਨਮਾਨ

**ਬੰਗਾ (ਅਵਤਾਰ ਕਲੇਰ)**-ਦੂਸਰੇ ਆਲ ਗੋਜੂ ਰਾਯੂ ਨੈਸ਼ਨਲ ਕਰਾਟੇ ਚੈਂਪੀਅਨਸ਼ਿਪ ਸੁਲਤਾਨਪੁਰ ਲੋਧੀ ਵਿਖੇ ਕਰਵਾਈ ਗਈ।ਜਿਸ ਵਿੱਚ ਵੀਰ ਫਾਈਟਰ ਕਰਾਟੇ ਕਲੱਬ ਬੰਗਾ ਦੇ ਖਿਡਾਰੀਆਂ ਨੇ ਕਰਾਟੇ ਕੋਚ ਰਾਜਵੀਰ ਸਿੰਘ ਕੈਂਥ ਦੀ ਅਗਵਾਈ ਹੇਠ ਭਾਗ ਲਿਆ ਅਤੇ ਦੋ ਗੋਲਡ ਇੱਕ ਸਿਲਵਰ ਅਤੇ ਦੋ ਬਰਾਉਨਸ ਮੈਡਲ ਜਿੱਤ ਕੇ ਪੰਜਾਬ ਦਾ ਤੇ ਆਪਣੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਇੱਕ ਸਮਾਗਮ



ਦੌਰਾਨ ਇਹਨਾਂ ਕਰਾਟੇ ਖਿਡਾਰੀਆਂ ਪ੍ਰਭਵੀਰ ਸਿੰਘ ਕੈਂਥ, ਮਨਕੀਰਤ ਕੌਰ ਕੈਂਥ ਗੋਲਡ ਮੈਡਲ, ਜਸਨੂਰ ਕੌਰ ਸਿਲਵਰ ਮੈਡਲ, ਤਨਵੀਰ ਸਿੰਘ ਅਤੇ ਸਕਸ਼ਮ ਘਈ ਬਰਾਉਨਜ ਮੈਡਲ ਨੂੰ ਆਪ ਦੀ ਮਹਿਲਾ ਆਗੂ ਹਰਜੋਤ ਕੌਰ ਲੋਹਟੀਆ ਨੇ ਸਨਮਾਨਿਤ ਕੀਤਾ ਅਤੇ ਅੱਗੇ ਤੋਂ ਵੀ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ ਉਹਨਾਂ ਨੇ ਇਹਨਾਂ ਖਿਡਾਰੀਆਂ ਦੇ ਕੋਚ ਰਾਜਵੀਰ ਸਿੰਘ ਕੈਂਥ ਨੂੰ ਮੁਬਾਰਕਾਂ ਦਿੱਤੀਆਂ।ਇਸ ਮੌਕੇ ਕਰਾਟੇ ਕੋਚ ਰਾਜਵੀਰ ਸਿੰਘ ਕੈਂਥ, ਮਨਪ੍ਰੀਤ ਕੌਰ ਕੈਂਥ, ਨਿਸ਼ਾ, ਕੁਲਦੀਪ ਸਿੰਘ ਰਾਣਾ, ਮਨਦੀਪ ਸਿੰਘ ਗੋਬਿੰਦਪੁਰੀ, ਪ੍ਰਦੀਪ ਸਿੰਘ ਆਦੀ ਹਾਜ਼ਰ ਸਨ।

# ਇਨੋਸੈਂਟ ਹਾਰਟਸ ਸਕੂਲ ਨੇ ਲੀਡਰਸ਼ਿਪ ਤੇ ਜ਼ਿਮੇਵਾਰੀ ਦੀ ਭਾਵਨਾ ਨਾਲ ਇਨਵੈਸਚਰ ਸੈਰੇਮਨੀ



**ਜਲੰਧਰ (ਸ਼ੈਲੀ ਐਲਬਰਟ)**

ਇਨੋਸੈਂਟ ਹਾਰਟਸ ਸਕੂਲ ਨੇ ਆਪਣੇ ਲੋਹਾਰਾਂ ਅਤੇ ਕਪੂਰਥਲਾ ਰੋਡ ਕੈਂਪਸਾਂ ਵਿੱਚ ਆਯੋਜਿਤ ਇੱਕ ਜੀਵੰਤ ਇਨਵੈਸਚਰ ਸੈਰੇਮਨੀ ਰਾਹੀਂ ਲੀਡਰਸ਼ਿਪ ਅਤੇ ਜ਼ਿੰਮੇਵਾਰੀ ਦੀ ਭਾਵਨਾ ਦਾ ਆਯੋਜਨ ਕੀਤਾ।ਇਸ ਸਮਾਗਮ ਨੇ 2025-26 ਦੇ ਅਕਾਦਮਿਕ ਸੈਸ਼ਨ ਲਈ ਸਟੂਡੈਂਟ ਕਾਊਂਸਿਲ ਦੀ ਰਸਮੀ ਸ਼ਮੂਲੀਅਤ ਨੂੰ ਦਰਸਾਇਆ।ਦੋਵਾਂ ਕੈਂਪਸਾਂ ਵਿੱਚ, ਸਮਾਰੋਹ ਦੀ ਸ਼ੁਰੂਆਤ ਨਿੱਘਾ ਸਵਾਗਤ, ਸਕੂਲ ਲੀਡਰਸ਼ਿਪ ਦੇ ਪ੍ਰੇਰਣਾਦਾਇਕ ਸ਼ਬਦਾਂ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਵਚਨਬੱਧਤਾ ਅਤੇ ਸੇਵਾ ਦੀ ਮਹੱਤਤਾ ਨੂੰ ਉਜਾਗਰ ਕੀਤਾ ਗਿਆ।ਲੋਹਾਰਾਂ ਕੈਂਪਸ ਵਿਖੇ ਨਵੇਂ ਨਿਯੁਕਤ ਵਿਦਿਆਰਥੀ ਹੈੱਡ ਬੁਆਏ: ਦਕਸ਼ ਗੁਲਾਟੀ (ਬਾਰ੍ਹਵੀਂ ਜਮਾਤ), ਹੈੱਡ ਗਰਲ: ਸਰਗੁਣ (ਬਾਰ੍ਹਵੀਂ ਜਮਾਤ), ਵਾਈਸ ਹੈੱਡ ਬੁਆਏ: ਕੇਵਿਨ ਮਹਿੰਦੀਰੱਤਾ (ਦਸਵੀਂ ਜਮਾਤ), ਵਾਈਸ ਹੈੱਡ ਗਰਲ: ਗੁਨਪ੍ਰੀਤ ਕੌਰ (ਦਸਵੀਂ ਜਮਾਤ), ਕਪੂਰਥਲਾ ਰੋਡ ਕੈਂਪਸ ਵਿਖੇ ਹੈੱਡ ਬੁਆਏ: ਨਵਰਾਜ ਸਿੰਘ ਜੈਸਵਾਲ (ਦਸਵੀਂ ਜਮਾਤ), ਹੈੱਡ ਗਰਲ: ਸਹਿਜ (ਦਸਵੀਂ ਜਮਾਤ), ਵਾਈਸ ਹੈੱਡ ਬੁਆਏ: ਮਯੰਕ (ਦਸਵੀਂ ਜਮਾਤ), ਵਾਈਸ ਹੈੱਡ ਗਰਲ: ਕਸ਼ਿਸ਼ (ਦਸਵੀਂ ਜਮਾਤ)। ਇਹ ਸਮਾਰੋਹ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਲਈ ਇੱਕ ਮਾਣ ਵਾਲਾ ਪਲ ਸੀ, ਕਿਉਂਕਿ ਕੌਂਸਲ ਮੈਂਬਰਾਂ ਨੇ ਅਹੁਦੇ ਦੀ ਸਹੁੰ ਚੁੱਕੀ, ਉਦਾਹਰਣ ਦੇ ਕੇ ਅਗਵਾਈ ਕਰਨ ਅਤੇ ਇੰਨੋਸੈਂਟ ਹਾਰਟਸ ਸਕੂਲ ਦੀਆਂ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖਣ ਦਾ ਪ੍ਰਣ ਲਿਆ।ਉਨ੍ਹਾਂ ਨੂੰ ਇੱਕ ਸ਼ਾਨਦਾਰ ਪੇਸ਼ਕਾਰੀ ਸਮਾਰੋਹ ਵਿੱਚ ਬੈਜ ਅਤੇ ਸੈਸ਼ ਨਾਲ ਸਨਮਾਨਿਤ ਕੀਤਾ ਗਿਆ। ਚੇਅਰਮੈਨ ਇੰਨੋਸੈਂਟ ਹਾਰਟਸ, ਡਾ. ਅਨੂਪ ਬੇਰੀ ਨੇ ਨਵੀਂ ਚੁਣੀ ਗਈ ਕੌਂਸਲ ਨੂੰ ਵਧਾਈ ਦਿੱਤੀ।ਸਬੰਧਤ ਸਕੂਲਾਂ ਦੇ ਪ੍ਰਿੰਸੀਪਲ ਕੁਮਾਰੀ ਸ਼ਾਲੂ ਸਹਿਗਲ (ਲੋਹਾਰਾਂ ਕੈਂਪਸ) ਸ਼੍ਰੀਮਤੀ ਸ਼ੀਤੂ ਖੰਨਾ (ਪ੍ਰਿੰਸੀਪਲ ਕਪੂਰਥਲਾ ਰੋਡ ਕੈਂਪਸ)ਨੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ।ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।

# ਸਰਕਾਰੀ ਹਾਈ ਸਕੂਲ ਸਿੰਘਪੁਰ ਬੇਟ ਵਿਖੇ ਚਾਰ ਦੀਵਾਰੀ ਮੁਕੰਮਲ ਹੋਣ 'ਤੇ ਉਦਘਾਟਨ



**ਮਹਿਤਪੁਰ (ਰਾਜਾ)**

ਸਿੱਖਿਆ ਕ੍ਰਾਂਤੀ ਤਹਿਤ ਬੀਤੇ ਦਿਨੀਂ ਸਰਕਾਰੀ ਹਾਈ ਸਕੂਲ ਸਿੰਘਪੁਰ ਬੇਟ ਵਿਖੇ ਚਾਰ ਦੀਵਾਰੀ ਦੀ ਉਸਾਰੀ ਹੋਣ ਉਪਰੰਤ ਪਰਮਿੰਦਰ ਸਿੰਘ ਦੀ ਟੀਮ ਵੱਲੋਂ ਉਦਘਾਟਨ ਕੀਤਾ ਗਿਆ, ਜਿਸ ਵਿੱਚ ਪਰਬਤਪਾਲ ਸਿੰਘ, ਜਤਿੰਦਰ ਬੱਲਾ, ਸ਼੍ਰੀਮਤੀ ਕਮਲਜੀਤ ਕੌਰ, ਆਸ਼ੂ ਅਤੇ ਸੁਰਿੰਦਰ ਵਿੱਗ ਸ਼ਾਮਲ ਹੋਏ।ਇਸ ਮੌਕੇ ਸਰਪੰਚ ਸੰਤੋਖ ਸਿੰਘ ਪੰਚਾਇਤ ਮੈਂਬਰਜ, ਡੀ ਡੀ ਓ. ਸ਼੍ਰੀਮਤੀ ਮਨਜੀਤ ਕੌਰ ਅਤੇ ਸਮੂਹ ਸਟਾਫ ਨੇ ਜੀ ਆਇਆ ਕਿਹਾ।ਉਦਘਾਟਨ ਉਪਰੰਤ ਸਕੂਲ ਇੰਚਾਰਜ ਕਾਲਾ ਸਿੰਘ ਬਾਜਵਾ ਨੇ ਸਕੂਲ ਪ੍ਰਾਪਤੀਆਂ ਦੱਸੀਆਂ ਅਤੇ ਸਕੂਲ ਦੇ ਚਾਰ ਹੋਣਹਾਰ ਵਿਦਿਆਰਥੀਆਂ ਰਾਹੁਲ ਕੁਮਾਰ, ਮਿਸ ਪੂਜਾ, ਰਾਜਵੰਤ ਕੌਰ ਅਤੇ ਕਾਜਲ ਰਾਣੀ ਨੂੰ ਰੂਬਰੂ ਕੀਤਾ, ਜਿਨ੍ਹਾਂ ਨੇ ਸਰਕਾਰੀ ਨੌਕਰੀਆਂ ਪ੍ਰਾਪਤ ਕੀਤੀਆਂ ਹਨ।ਇਹਨਾਂ ਨੂੰ ਸਕੂਲ ਵੱਲੋਂ ਅਤੇ ਪਰਮਿੰਦਰ ਸਿੰਘ ਪੰਡੋਰੀ ਦੀ ਟੀਮ ਵੱਲੋਂ ਸਨਮਾਨ ਚਿੰਨ੍ਹ ਦਿੱਤੇ ਗਏ।ਟੀਮ ਦੇ ਮੈਂਬਰ ਜਤਿੰਦਰ ਬੱਲਾ ਨੇ ਸਕੂਲ ਦੇ ਸਟਾਫ ਅਤੇ ਪਿੰਡ ਵਾਸੀਆਂ ਦੀ ਭਰਪੂਰ ਪ੍ਰਸ਼ੰਸਾ ਕੀਤੀ।ਇਸ ਮੌਕੇ ਵਿਦਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਸਟੇਜ ਸਕੱਤਰ ਦੀ ਭੂਮਿਕਾ ਸ਼੍ਰੀਮਤੀ ਚੰਦਰਪ੍ਰਭਾ ਨੇ ਨਿਭਾਈ। ਬੱਚਿਆਂ ਦੀ ਤਿਆਰੀ ਲਈ ਸ਼੍ਰੀਮਤੀ ਵੀਰਪਾਲ ਕੌਰ, ਸ਼੍ਰੀਮਤੀ ਮਨਦੀਪ ਕੌਰ, ਹਰਵਿੰਦਰ ਸਿੰਘ, ਅਮਨਦੀਪ ਸਿੰਘ, ਸ਼੍ਰੀਮਤੀ ਰਣਜੀਤ ਕੌਰ ਅਤੇ ਧੀਰਜ ਕੁਮਾਰ ਦਾ ਵਿਸ਼ੇਸ਼ ਯੋਗਦਾਨ ਰਿਹਾ।ਇਸ ਮੌਕੇ ਪ੍ਰਾਇਮਰੀ ਸਕੂਲ ਸਿੰਘਪੁਰ ਬੇਟ ਦੇ ਐੱਚ. ਟੀ. ਸ਼੍ਰੀਮਤੀ ਮਨਜਿੰਦਰ ਕੌਰ ਬਾਜਵਾ, ਸ਼੍ਰੀਮਤੀ ਮਨੀਸ਼ਾ, ਸ਼੍ਰੀ ਮੀਹਾਂ ਸਿੰਘ ਅਤੇ ਵੱਖ - ਵੱਖ ਸਕੂਲਾਂ ਦੇ ਅਧਿਆਪਕ ਸੁਖਦੇਵ ਸਿੰਘ, ਲਖਵਿੰਦਰ ਸਿੰਘ, ਸੰਦੀਪ ਲਾਲ ਅਤੇ ਪਤਵੰਤੇ ਸੱਜਣ ਸੋਢੀ ਪ੍ਰਧਾਨ, ਬਲਵੰਤ ਸਿੰਘ, ਸ਼੍ਰੀਮਤੀ ਕਮਲਾ ਦੇਵੀ, ਸੁਖਜਿੰਦਰ ਸਿੰਘ, ਬਲਜਿੰਦਰ ਸਿੰਘ, ਕੁਲਬੀਰ ਕੌਰ, ਰਾਜਵਿੰਦਰ ਕੌਰ, ਅਨੀਤਾ ਆਦਿ ਹਾਜ਼ਰ ਸਨ।

# ਪਲਾਸਟਿਕ ਟੈਕਨੋਲੋਜੀ ਦੇ ਵਿਦਿਆਰਥੀਆਂ ਦੀਆਂ ਵੱਡੇ ਪੱਧਰ 'ਤੇ ਨਿਯੁਕਤੀਆਂ ਕੀਤੀਆਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**— ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ, ਹੁਸ਼ਿਆਰਪੁਰ ਵਿਖੇ ਪਲਾਸਟਿਕ ਟੈਕਨੋਲੋਜੀ ਦੇ ਵਿਦਿਆਰਥੀਆਂ ਨੂੰ ਟੈਕਸਲਾ ਪਲਾਸਟਿਕਸ ਐਂਡ ਮੈਟਲਸ ਲਿਮਿਟੇਡ, ਲੁਧਿਆਣਾ ਵਿੱਚ ਭਰਤੀ ਕਰਨ ਸਬੰਧੀ ਇੱਕ ਕੈਂਪਸ ਇੰਟਰਵਿਊ ਕੰਪਨੀ ਦੇ ਮਾਹਿਰਾਂ ਵਲੋਂ ਕੀਤੀ ਗਈ। ਇਸ ਵਿੱਚ ਉਨਾਂ ਵਲੋਂ 15 ਵਿਦਿਆਰਥੀਆਂ ਨੂੰ ਮੌਕੇ ਤੇ ਹੀ ਸਿਲੈਕਟ ਕਰ ਲਿਆ ਗਿਆ।



ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ ਧੁੰਨਾ ਨੇ ਦਸਿਆ ਕਿ ਲਗਭਗ ਹਰੇਕ ਇੰਜੀ: ਖੇਤਰ ਦਾ ਪੌਲੀਮਰ ਅਤੇ ਪਲਾਸਟਿਕ ਇੱਕ ਅਭਿੰਨ ਅੰਗ ਬਣਦਾ ਜਾ ਰਿਹਾ ਹੈ। ਇਸ ਕਾਰਨ ਹੀ ਇਸ ਦੀ ਮੰਗ ਦਿਨ-ਪ੍ਰਤੀ-ਦਿਨ ਵਧਦੀ ਜਾ ਰਹੀ ਹੈ।ਅਰੁਨ ਕੁਮਾਰ, ਟ੍ਰੇਨਿੰਗ ਐਂਡ ਪਲਸਮੈਂਟ ਅਫਸਰ ਨੇ ਕਿਹਾ ਕਿ ਵਿਦਿਆਰਥੀਆਂ ਦੇ ਬੇਹਤਰ ਭਵਿੱਖ ਲਈ ਇਸ ਤਰ੍ਹਾਂ ਦਿਆਂ ਕੈਂਪਸ ਇੰਟਰਵਿਊ ਹਰ ਸਾਲ ਕਾਲਜ ਵਿੱਚ ਕਰਵਾਈਆਂ ਜਾਦੀਆਂ ਹਨ। ਇਸ ਮੌਕੇ 'ਤੇ ਸੁਸ਼ੀਲ ਕੁਮਾਰ, ਹੈਡ ਐਚ.ਆਰ. ਸੁਖਦੀਪ, ਏ.ਐਚ.ਆਰ. ਟੈਕਸਲਾ ਪਲਾਸਟਿਕਸ ਐਂਡ ਮੈਟਲਸ ਲਿਮਿਟੇਡ, ਲੁਧਿਆਣਾ ਅਤੇ ਵਿਸ਼ਾਲ ਅੰਗੂਰਾਣਾ, ਅਸਿਸਟੈਂਟ ਟ੍ਰੇਨਿੰਗ ਐਂਡ ਪਲਸਮੈਂਟ ਅਫਸਰ ਪਲਾਸਟਿਕ ਟੈਕਨੋਲੋਜੀ ਵੀ ਮੌਜੂਦ ਸਨ।

6-May-PAGE-9.qxd 5/5/2025 11:20 PM Page 1



# ਭਗਤ ਸਿੰਘ ਤੋਂ ਪ੍ਰੇਰਿਤ ਪੰਜਾਬ ਦੇ ਨੌਜਵਾਨ ਹੁਣ ਬਣਨਗੇ ਬਦਲਾਅ ਦੀ ਮਸ਼ਾਲ : ਮੁੱਖ ਮੰਤਰੀ

**ਹੁਸ਼ਿਆਰਪੁਰ/ਗੜ੍ਹਸ਼ੰਕਰ (ਓਮ ਪ੍ਰਕਾਸ਼ ਰਾਣਾ)**- ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਗੜ੍ਹਸ਼ੰਕਰ ਵਿਖੇ ਆਮ ਆਦਮੀ ਪਾਰਟੀ ਵੱਲੋਂ ਕਰਵਾਏ ਗਏ ਯੂਥ ਕਲੱਬ ਲੀਡਰਸ਼ਿਪ ਪ੍ਰੋਗਰਾਮ ਦੀ ਅਗਵਾਈ ਕਰਦਿਆਂ ਨੌਜਵਾਨਾਂ ਨੂੰ ਰਾਸ਼ਟਰ ਹਿੱਤ ਵਿੱਚ ਕੰਮ ਕਰਨ ਲਈ ਪ੍ਰੇਰਿਤ ਕੀਤਾ।ਆਪਣੇ ਪ੍ਰੇਰਨਾਦਾਇਕ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਦੇਸ਼ ਦੀ ਬਣਤਰ ਵਿੱਚ ਮੋਹਰੀ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਆਮ ਆਦਮੀ ਪਾਰਟੀ ਦੇ ਨੌਜਵਾਨ ਸਿਪਾਹੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਹੀ ਦੇਸ਼ ਦੀ ਅਸਲ ਤਾਕਤ ਹੈ।ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਅਤੇ ਕਰਤਾਰ ਸਿੰਘ ਸਰਾਭਾ ਵਰਗੇ ਵੀਰਾਂ ਨੇ ਬਹੁਤ ਘੱਟ ਉਮਰ ਵਿੱਚ ਦੇਸ਼ ਲਈ ਆਪਣੀ ਜਾਨ ਵਾਰ ਦਿੱਤੀ।ਉਨ੍ਹਾਂ ਕਿਹਾ ਕਿ ਭਗਤ ਸਿੰਘ ਸਿਰਫ਼ 23 ਸਾਲਾਂ ਅਤੇ ਕਰਤਾਰ ਸਿੰਘ ਸਰਾਭਾ ਸਿਰਫ਼ 19 ਸਾਲਾਂ ਦੀ ਉਮਰ 'ਚ ਸ਼ਹੀਦ ਹੋਏ ਪਰ ਉਹ ਅਜੇ ਵੀ ਹਰ ਭਾਰਤੀ ਦੇ ਦਿਲ ਵਿੱਚ ਜਿਉਂਦੇ ਹਨ।ਮੁੱਖ ਮੰਤਰੀ ਨੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਦੇ ਪਰਵਾਰ ਕੋਲ ਉਦੋਂ 300 ਏਕੜ ਤੋਂ ਵੀ ਜ਼ਿਆਦਾ ਜ਼ਮੀਨ ਸੀ। ਉਹ ਚਾਹੁੰਦੇ ਤਾਂ ਵਿਦੇਸ਼ਾਂ 'ਚ ਪੜ੍ਹ ਕੇ ਸ਼ਾਨਦਾਰ ਜ਼ਿੰਦਗੀ ਜੀ ਸਕਦੇ ਸਨ, ਪਰ ਉਨ੍ਹਾਂ ਦੇਸ਼ ਪ੍ਰੇਮ ਚੁਣਿਆ ਤੇ ਆਪਣਾ ਸਭ ਕੁਝ ਕੁਰਬਾਨ ਕਰ ਦਿੱਤਾ। ਇਨ੍ਹਾਂ ਸ਼ਹੀਦਾਂ ਨੂੰ ਅਸੀਂ ਅੱਜ ਵੀ ਆਪਣਾ ਆਦਰਸ਼ ਮੰਨਦੇ ਹਾਂ। ਚੰਦਰ ਸ਼ੇਖਰ ਆਜ਼ਾਦ ਵੱਲੋਂ ਅਸੈਂਬਲੀ 'ਚ ਬੰਬ ਸੁੱਟਣ ਦੀ ਯੋਜਨਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼ੁਰੂ 'ਚ ਉਸ ਯੋਜਨਾ 'ਚ ਭਗਤ ਸਿੰਘ ਸ਼ਾਮਲ ਨਹੀਂ ਸਨ



ਪਰ ਉਨ੍ਹਾਂ ਨੇ ਖੁਦ ਹੀ ਆਪਣਾ ਨਾਂ ਜੋੜਿਆ। ਇਹ ਦਰਸਾਉਂਦਾ ਹੈ ਕਿ ਉਨ੍ਹਾਂ ਦੇ ਅੰਦਰ ਦੇਸ਼ ਭਗਤੀ ਅਤੇ ਬਲੀਦਾਨ ਦੀ ਭਾਵਨਾ ਕਿੰਨੀ ਡੂੰਘੀ ਸੀ। ਉਨ੍ਹਾਂ ਕਿਹਾ ਕਿ ਇਹ ਯੋਧੇ ਚਾਹੁੰਦੇ ਤਾਂ ਅੰਗਰੇਜ਼ਾਂ ਨਾਲ ਸਮਝੌਤਾ ਕਰਕੇ ਲੰਬੀ ਜ਼ਿੰਦਗੀ ਜੀ ਸਕਦੇ ਸਨ, ਪਰ ਉਨ੍ਹਾਂ ਨੇ ਦੇਸ਼ ਸੇਵਾ ਲਈ ਸਮਝੌਤਾ ਨਹੀਂ ਕੀਤਾ। ਮੁੱਖ ਮੰਤਰੀ ਨੇ ਗੁਰਬਾਣੀ ਅਤੇ ਸੂਫੀ ਸਾਹਿਤ ਦਾ ਹਵਾਲਾ ਦਿੰਦਿਆਂ ਮੁਹੰਮਦ ਮੀਆਂ ਬਖਸ਼ ਦੀ ਇਕ ਰਚਨਾ ਵੀ ਨੌਜਵਾਨਾਂ ਨਾਲ ਸਾਂਝੀ ਕੀਤੀ। ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਕਿਹਾ ਕਿ ਅੱਜ ਤੁਹਾਡੇ ਸਿਰ ਜ਼ਿੰਮੇਵਾਰੀ ਦਾ ਘੜਾ ਰੱਖਿਆ ਗਿਆ ਹੈ, ਹੁਣ ਪੂਰੀ ਲਗਨ ਨਾਲ ਕੰਮ ਕਰਨਾ ਪਵੇਗਾ। ਰਸਤੇ 'ਚ ਰੁਕਾਵਟਾਂ ਆਉਣਗੀਆਂ, ਲੋਕ ਵੀ ਪੈਰ ਖਿੱਚਣਗੇ ਪਰ ਸਾਨੂੰ ਹਮੇਸ਼ਾ ਆਪਣੇ ਟੀਚੇ 'ਤੇ ਨਜ਼ਰ ਰੱਖਣੀ ਪਵੇਗੀ। ਉਨ੍ਹਾਂ ਕਿਹਾ ਕਿਸਾਡੇ ਆਦਰਸ਼ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਹਨ, ਜਿਨ੍ਹਾਂ ਨੇ ਸੀਸ ਦਿੱਤੇ ਪਰ ਸਿਰ ਨਹੀਂ ਝੁਕਾਇਆ। ਕੰਧਾਂ 'ਚ ਚਿਣ ਦਿੱਤੇ ਗਏ, ਪਰ ਧਰਮ ਦੇ ਰਾਹ ਤੋਂ ਪਿੱਛੇ ਨਹੀਂ ਹਟੇ। ਮੁੱਖ ਮੰਤਰੀ ਨੇ ਪੰਜਾਬ ਵਿੱਚ ਪਾਣੀ ਦੇ ਸੰਕਟ ਅਤੇ ਐਸ.ਵਾਈ.ਐਲ.(ਸਤਲੁਜ-ਯਮੁਨਾ ਲਿੰਕ) ਵਿਵਾਦ 'ਤੇ ਵੀ ਗੰਭੀਰਤਾ ਨਾਲ ਵਿਚਾਰ ਰੱਖਿਆ। ਉਨ੍ਹਾਂ ਕਿਹਾ ਕਿ ਪੰਜਾਬ ਕਦੇ ਵੀ ਲੜਾਈ ਨਹੀਂ ਚਾਹੁੰਦਾ ਸੀ, ਪਰ ਵਾਰ-ਵਾਰ ਉਸ ਉੱਤੇ ਲੜਾਈ ਥੋਪੀ ਗਈ। ਹੁਣ ਸਰਹੱਦਾਂ ਤੋਂ ਬਾਅਦ ਪੰਜਾਬ ਨੂੰ ਪਾਣੀ ਦੀ ਲੜਾਈ 'ਚ ਧੱਕਿਆ ਜਾ ਰਿਹਾ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਉਹ ਖੁਦ ਨੰਗਲ ਡੈਮ ਗਏ ਅਤੇ ਫ਼ਾਲਤੂ ਪਾਣੀ ਦੀ ਸਪਲਾਈ ਰੁਕਵਾਈ। ਹੁਣ ਪੰਜਾਬੀ ਕਿਸੇ ਵੀ ਜ਼ਬਰਦਸਤੀ ਨੂੰ ਸਹਿਣ ਵਾਲੇ ਨਹੀਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਨੇ ਛੇ ਵਾਰ ਹਰਿਆਣਾ ਨੂੰ ਪੱਤਰ ਲਿਖ ਕੇ ਚੇਤਾਵਨੀ ਦਿੱਤੀ ਕਿ ਉਹ ਪਾਣੀ ਦੀ ਵਧੇਰੇ ਵਰਤੋਂ ਕਰ ਰਹੇ ਹਨ ਪਰ ਹਰਿਆਣਾ ਨੇ ਇਸ ਨੂੰ ਗੰਭੀਰਤਾ ਨਾਲ ਨਹੀਂ ਲਿਆ।ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਬੀ.ਬੀ.ਐਮ.ਬੀ ਨੇ ਪੰਜਾਬ ਵਿਰੁੱਧ ਫੈਸਲਾ ਸੁਣਾਇਆ ਤਾਂ ਤੁਰੰਤ ਸਰਬ ਪਾਰਟੀ ਮੀਟਿੰਗ ਬੁਲਾ ਕੇ ਕੇਂਦਰ ਅਤੇ ਹਰਿਆਣਾ ਨੂੰ ਸਾਫ ਸੁਨੇਹਾ ਦਿੱਤਾ ਗਿਆ।ਇਸ ਦੇ ਨਾਲ ਹੀ ਪੰਜਾਬ ਸਰਕਾਰ ਨੇ ਇਸ ਮਸਲੇ 'ਤੇ ਸੋਮਵਾਰ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਇਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਕਈ ਜ਼ਿਲ੍ਹੇ ਡਾਰਕ ਜ਼ੋਨ 'ਚ ਚਲੇ ਗਏ ਹਨ ਅਤੇ ਕੁਝ ਥਾਵਾਂ 'ਤੇ ਪਾਣੀ ਦਾ ਪੱਧਰ 600 ਫੁੱਟ ਤੋਂ ਵੀ ਥੱਲੇ ਚਲਾ ਗਿਆ ਹੈ।ਇਸ ਗੰਭੀਰ ਸੰਕਟ ਨੂੰ ਦੇਖਦਿਆਂ ਸਰਕਾਰ ਨੇ ਨਹਿਰਾਂ ਰਾਹੀਂ ਹਰ ਖੇਤ ਤੱਕ ਪਾਣੀ ਪਹੁੰਚਾਉਣ ਦਾ ਸੰਕਲਪ ਕੀਤਾ ਹੈ।ਗੜ੍ਹਸ਼ੰਕਰ ਵਿੱਚ ਕਰਵਾਏ ਗਏ ਯੂਥ ਕਲੱਬ ਲੀਡਰਸ਼ਿਪ ਪ੍ਰੋਗਰਾਮ ਨੂੰ ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਸਮੇਤ ਕਈ ਹੋਰ ਸੀਨੀਅਰ ਨੇਤਾਵਾਂ ਨੇ ਵੀ ਸੰਬੋਧਨ ਕੀਤਾ।ਇਸ ਦੌਰਾਨ ਸਾਰੇ ਨੌਜਵਾਨਾਂ ਨੇ ਇਹ ਸੰਕਲਪ ਲਿਆ ਕਿ 117 ਲੋਕਾਂ ਦੀ ਇਹ ਟੀਮ ਪੰਜਾਬ ਦੀ ਸੇਵਾ ਲਈ ਹਜ਼ਾਰਾਂ-ਲੱਖਾਂ ਨੌਜਵਾਨਾਂ ਨੂੰ ਜੋੜ ਕੇ ਮੈਦਾਨ ਵਿੱਚ ਉਤਰੇਗੀ।

# ਵਿਧਾਇਕ ਰਾਜਾ ਨੇ ਜਲਾਲਪੁਰ ਅਗਨੀ ਕਾਂਡ ਦੇ ਪੀੜਤਾਂ ਨੂੰ ਮੁਆਵਜ਼ੇ ਦੇ ਚੈੱਕ ਵੰਡੇ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਕੁਦਰਤੀ ਆਫਤਾਂ ਅਤੇ ਹੋਰ ਕਾਰਨਾਂ ਕਰਕੇ ਨੁਕਸਾਨ ਝੱਲਣ ਵਾਲੇ ਲੋਕਾਂ ਦੀ ਬਾਂਹ ਆਪ ਪਾਰਟੀ ਦੀ ਸੂਬਾ ਸਰਕਾਰ ਨੇ ਅੱਗੇ ਹੋ ਕੇ ਫੜੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਿੰਡ ਜਲਾਲਪੁਰ ਵਿਖੇ ਹੋਏ ਇੱਕ ਸਮਾਗਮ ਵਿੱਚ ਕੀਤਾ। ਇਸ ਸਮੇਂ ਵਿਧਾਇਕ ਰਾਜਾ ਗਿੱਲ ਨੇ ਪਿਛਲੇ ਦਿਨੀਂ ਅਨਾਜ ਮੰਡੀ ਜਲਾਲਪੁਰ ਵਿੱਚ ਵਾਪਰੇ ਅਗਨੀ ਕਾਂਡ ਦੌਰਾਨ ਅੱਗ ਲੱਗਣ ਕਾਰਨ ਵੱਡਾ ਨੁਕਸਾਨ ਝੱਲਣ ਵਾਲੇ ਸਬਜ਼ੀ ਵਿਕਰੇਤਾ ਪਰਵਾਸੀ ਦੁਕਾਨਦਾਰਾਂ ਨੂੰ ਮੁਆਵਜ਼ੇ ਦੇ ਚੈੱਕ ਭੇਟ ਕੀਤੇ। ਇਸ ਸਮੇਂ ਵਿਧਾਇਕ ਰਾਜਾ ਨੇ ਅੱਗ ਲੱਗਣ ਕਾਰਨ ਹੋਏ ਨੁਕਸਾਨ ਦੀ ਪੂਰਤੀ ਵਾਸਤੇ ਅਗਲੀ ਕਾਂਡ ਦੇ ਪੀੜਤ ਅਖਤਰ ਅਲੀ, ਮੁਹੰਮਦ ਅਰਪਿਤ, ਇਰਸ਼ਾਦ ਅਲੀ ਤੇ ਨਜੀਰ ਅਲੀ ਨੂੰ 25-25 ਹਜ਼ਾਰ ਰੁਪਏ ਦੇ ਚੈੱਕ ਭੇਟ ਕਰਦੇ ਹੋਏ ਕਿਹਾ ਕਿ ਇਸ ਵਾਰ ਖਾਸ ਕਰਕੇ ਬੇਟ ਖੇਤਰ ਅੰਦਰ ਵਾਪਰੇ ਵੱਖ ਵੱਖ ਅਗਨੀ ਕਾਂਡਾਂ ਨੇ ਕਿਸਾਨਾਂ ਦਾ ਵੱਡਾ ਨੁਕਸਾਨ ਕੀਤਾ ਹੈ। ਉਹਨਾਂ ਕਿਹਾ ਕਿ ਪ੍ਰਸ਼ਾਸਨ ਵਲੋਂ ਕਿਸਾਨਾਂ ਨੂੰ ਪਹਿਲਾਂ ਹੀ ਬੇਨਤੀ ਕੀਤੀ ਸੀ ਕਿ ਉਹ ਕਣਕ ਦੇ ਨਾੜ ਅਤੇ ਫਸਲ ਦੀ ਰਹਿੰਦ ਖੂੰਹਦ ਨੂੰ ਅੱਗ ਲਾਉਣ ਤੋਂ ਗੁਰੇਜ਼ ਕਰਨ ਪਰੰਤੂ ਕਿਸਾਨਾਂ ਨੇ ਆਪਣੀ ਮਨਮਾਨੀ ਕਰਦੇ ਹੋਏ ਬੇਟ ਖੇਤਰ ਵਿੱਚ ਵੱਡੇ ਪੱਧਰ 'ਤੇ ਕਣਕ ਦੇ ਨਾੜ ਨੂੰ ਅੱਗ ਲਗਾਈ ਅਤੇ ਨਾੜ ਨੂੰ ਅੱਗ ਲੱਗਣ ਦੇ ਕਰਨ ਕਿਸਾਨਾਂ ਨੂੰ ਵੱਡਾ ਨੁਕਸਾਨ ਝੱਲਣਾ ਪਿਆ ਪਰੰਤੂ ਫਿਰ ਵੀ ਸੂਬਾ ਸਰਕਾਰ ਅਗਨੀ ਕਾਂਡ ਦੇ ਪੀੜਤਾਂ ਦਾ ਪੂਰਾ ਸਾਥ ਦੇਵੇਗੀ। ਇਸ ਤੋਂ ਇਲਾਵਾ ਵਿਧਾਇਕ ਜਸਵੀਰ ਰਾਜਾ ਨੇ ਦੱਸਿਆ ਕਿ ਪਿੰਡ ਦਦਰਾਈ ਚੱਕ ਵਿੱਚ ਵੀ ਵਾਪਰੇ ਅਗਨੀ ਕਾਂਡ ਦੇ ਪੀੜਤਾਂ ਵਾਸਤੇ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਮਦਦ ਕੀਤੀ ਜਾਵੇਗੀ ਅਤੇ ਅਗਨੀ ਕਾਂਡ ਦੌਰਾਨ ਬਹੁਤ ਗਿਣਤੀ ਵਿੱਚ ਨੁਕਸਾਨ ਝੱਲਣ



ਵਾਲੇ ਕਿਸਾਨਾਂ ਨੂੰ ਸਰਕਾਰ ਵੱਲੋਂ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ। ਇਸ ਮੌਕੇ ਸਰਪੰਚ ਜਸਵੰਤ ਸਿੰਘ ਬਿੱਟੂ ਜਲਾਲਪੁਰ ਨੇ ਵਿਧਾਇਕ ਜਸਵੀਰ ਸਿੰਘ ਰਾਜਾ ਤੇ ਪੰਜਾਬ ਸਰਕਾਰ ਧੰਨਵਾਦ ਕੀਤਾ ਜਿਨ੍ਹਾਂ ਨੇ ਔਖੀ ਘੜੀ ਵਿੱਚ ਲੋੜਵੰਦ ਲੋਕਾਂ ਦਾ ਸਾਥ ਦੇ ਕੇ ਉਹਨਾਂ ਨੂੰ ਫਿਰ ਤੋਂ ਆਪਣਾ ਕੰਮ ਸ਼ੁਰੂ ਕਰਨ ਵਾਸਤੇ ਵਿੱਤੀ ਸਹਾਇਤਾ ਭੇਟ ਕੀਤੀ। ਇਸ ਮੌਕੇ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਬਲਾਕ ਪ੍ਰਧਾਨ ਲਖਵਿੰਦਰ ਸਿੰਘ ਸੇਠੀ, ਕੁਲਵਿੰਦਰ ਸਿੰਘ ਬੱਬਲ, ਜਗਤਾਰ ਸਿੰਘ ਸਲੇਮਪੁਰ, ਸਾਬਕਾ ਸਰਪੰਚ ਬਚਿੱਤਰ ਸਿੰਘ ਟਾਹਲੀ, ਗੁਰਦੀਪ ਸਿੰਘ ਹੈਪੀ, ਸੁਖਵਿੰਦਰ ਸਿੰਘ, ਬੇਅੰਤ ਸਿੰਘ, ਲਖਵੀਰ ਸਿੰਘ ਬਿੱਟੂ ਵੀ ਹਾਜ਼ਰ ਸਨ।

# 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੱਛਰ ਪੈਦਾਵਾਰ ਖਿਲਾਫ ਹਫ਼ਤਾਵਾਰੀ ਜੰਗ



**ਮਹਿਤਪੁਰ (ਰਾਜਾ)**- ਸਿਹਤ ਵਿਭਾਗ, ਪ੍ਰਾਇਮਰੀ ਹੈਲਥ ਸੈਂਟਰ, ਮਹਿਤਪੁਰ ਵੱਲੋਂ ਮੱਛਰਾਂ ਰਾਹੀਂ ਫੈਲਣ ਵਾਲੀਆਂ ਬਿਮਾਰੀਆਂ ਵਰਗੇ ਡੇਂਗੂ ਅਤੇ ਮਲੇਰੀਆ ਨੂੰ ਜੜ੍ਹੋਂ ਮੁਕਾਉਣ ਲਈ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਨਾਂਅ ਦੀ ਨਵੀਂ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਹੇਠ ਹਰ ਸ਼ੁੱਕਰਵਾਰ ਸਿਹਤ ਵਿਭਾਗ ਦੀ ਟੀਮ ਘਰ-ਘਰ ਜਾ ਕੇ ਡੇਂਗੂ ਮੱਛਰ ਦੀ ਪੈਦਾਵਾਰ ਵਾਲੇ ਥਾਵਾਂ ਦੀ ਜਾਂਚ ਕਰਦੀ ਹੈ ਅਤੇ ਉਨ੍ਹਾਂ ਨੂੰ ਨਸ਼ਟ ਕਰਦੀ ਹੈ। ਇਹ ਮੁਹਿੰਮ ਡਾ. ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਹੇਠ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਦੀ ਹਦਾਇਤ ਹੇਠ ਚਲਾਈ ਜਾ ਰਹੀ ਹੈ। ਇਸ ਵਿਚ ਸਫਾਈ ਅਤੇ ਸਿਹਤ ਵਿਭਾਗ ਦੇ ਹੋਰ ਕਰਮਚਾਰੀ ਭਰਪੂਰ ਭਾਗ ਲੈ ਰਹੇ ਹਨ, ਜਿਵੇਂ ਕਿ ਸੈਨੀਟੇਸ਼ਨ ਇੰਸਪੈਕਟਰ ਦਵਿੰਦਰ ਸਿੰਘ, ਲਖਬੀਰ ਸਿੰਘ, ਮਲਟੀਪਰਪਜ਼ ਹੈਲਥ ਵਰਕਰ ਕੁਲਵਿੰਦਰਜੀਤ ਸਿੰਘ ਅਤੇ ਹੋਰ ਸਟਾਫ ਮੈਂਬਰ। ਇਹ ਟੀਮਾਂ ਇਲਾਕੇ ਵਿੱਚ ਘਰ-ਘਰ ਜਾ ਕੇ ਪਾਣੀ ਖੜ੍ਹਾ ਹੋਣ ਵਾਲੀਆਂ ਥਾਵਾਂ ਦੀ ਜਾਂਚ ਕਰਦੀਆਂ ਹਨ। ਨਾਗਰਿਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਸਿਹਤ ਵਿਭਾਗ ਦੀ ਟੀਮ ਨਾਲ ਸਹਿਯੋਗ ਕਰਨ, ਜਾਂਚ ਦੌਰਾਨ ਘਰਾਂ ਦੇ ਦਰਵਾਜ਼ੇ ਖੋਲ੍ਹਣ ਅਤੇ ਆਪਣੇ ਆਲੇ-ਦੁਆਲੇ ਸਾਫ਼-ਸੁਥਰਾ ਰੱਖਣ। ਇਲਾਵਾ, ਲੋਕਾਂ ਨੂੰ ਮੱਛਰ-ਮਾਰ ਦਵਾਈਆਂ ਵਰਤਣ, ਲੰਮੇ ਕੱਪੜੇ ਪਾਉਣ ਅਤੇ ਮੱਛਰਦਾਨੀਆਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ। ਆਓ, ਅਸੀਂ ਸਾਰੇ ਮਿਲ ਕੇ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਨੂੰ ਕਾਮਯਾਬ ਬਣਾਈਏ ਤੇ ਡੇਂਗੂ-ਮਲੇਰੀਆ ਤੋਂ ਪਿੰਡਾਂ ਨੂੰ ਬਚਾਈਏ।

# ਮੁੱਖ ਮੰਤਰੀ ਨੇ ਦੋ ਜਾਸੂਸਾਂ ਨੂੰ ਗ੍ਰਿਫਤਾਰ ਕਰਨ ਲਈ ਪੰਜਾਬ ਪੁਲਸ ਦੀ ਕੀਤੀ ਸ਼ਲਾਘਾ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਾਸੂਸੀ ਵਿੱਚ ਸ਼ਾਮਲ ਦੋ ਨੂੰ ਗ੍ਰਿਫਤਾਰ ਕਰ ਕੇ ਪ੍ਰਭਾਵਸ਼ਾਲੀ ਪੁਲਸਿੰਗ ਬਾਰੇ ਇੱਕ ਹੋਰ ਮਾਪਦੰਡ ਸਥਾਪਤ ਕਰਨ ਲਈ ਪੰਜਾਬ ਪੁਲਸ ਦੀ ਸ਼ਲਾਘਾ ਕੀਤੀ। ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਪੰਜਾਬ ਪੁਲਸ ਦੀ ਵੱਡੀ ਪ੍ਰਾਪਤੀ ਹੈ, ਜਿਸ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਨੂੰ ਖਤਰੇ ਵਿੱਚ ਪਾਉਣ ਦੇ ਇਰਾਦੇ ਨਾਲ ਕੀਤੀ ਗਈ ਇਸ ਦੇਸ਼ ਵਿਰੋਧੀ ਗਤੀਵਿਧੀ ਨੂੰ ਨਾਕਾਮ ਕਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਨੇ ਇਸ ਸਾਜ਼ਿਸ਼ ਨੂੰ ਨਾਕਾਮ ਕਰਕੇ ਸ਼ਲਾਘਾਯੋਗ ਕੰਮ ਕੀਤਾ ਹੈ, ਜੋ ਸਾਰੇ ਲਈ ਮਾਣ ਅਤੇ ਤਸੱਲੀ ਵਾਲੀ ਗੱਲ ਹੈ। ਮਾਨ ਨੇ ਕਿਹਾ ਕਿ ਸਰਹੱਦੀ ਸੂਬਾ ਹੋਣ ਦੇ ਨਾਤੇ ਪੰਜਾਬ ਪੁਲਸ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਚੌਕਸ ਹੈ। ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨਾ ਸਾਡਾ ਨੈਤਿਕ ਫਰਜ਼ ਹੈ ਅਤੇ ਅਸੀਂ ਇਸ ਨੂੰ ਪੂਰੇ ਜੋਸ਼ ਨਾਲ ਨਿਭਾ ਰਹੇ ਹਾਂ।

# ਜਦੋਂ ਲਾਂਘਾ ਖੁੱਲ੍ਹਵਾਉਣ ਆਈ ਪੁਲਸ ਨੂੰ ਬੇਰੰਗ ਪਰਤਣਾ ਪਿਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਨਾਜਾਇਜ਼ ਖਣਨ ਅਤੇ ਕਰੱਸ਼ਰਾਂ ਤੋਂ ਪੀੜਤ ਪਿੰਡ ਹੰਦਵਾਲ ਵਾਸੀਆਂ ਦੇ ਵਿਰੋਧ ਦੇ ਚੱਲਦਿਆਂ ਲਾਂਘਾ ਖੁੱਲ੍ਹਵਾਉਣ ਆਈ ਹਾਜੀਪੁਰ ਪੁਲਸ ਨੂੰ ਲੋਕ ਵਿਰੋਧ ਦੇ ਚੱਲਦਿਆਂ ਬੇਰੰਗ ਪਰਤਣਾ ਪਿਆ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਇਆਂ ਸਰਪੰਚ ਰੋਸ਼ਨ ਲਾਲ ਹੰਦਵਾਲ ਨੇ ਦਸਿਆ ਕਿ ਗ੍ਰਾਮ ਸਭਾ ਦੇ ਫੈਸਲੇ ਤੋਂ ਬਾਅਦ ਲੋਕਾਂ ਨੇ ਪਿੰਡ ਦੀ ਫਿਰਨੀ 'ਚੋਂ ਕਰੱਸ਼ਰਾਂ ਦਾ ਲਾਂਘਾ ਮੁਕੰਮਲ ਤੌਰ 'ਤੇ ਬੰਦ ਕਰ ਦਿੱਤਾ ਹੈ।ਕਰੱਸ਼ਰਾਂ ਦੇ ਵਿਰੋਧ 'ਚ ਲੰਘੀ 16 ਮਾਰਚ ਤੋਂ ਪਲਿਆਰੇ ਦੀ ਬੜ੍ਹ ਦੇ ਨਜ਼ਦੀਕ ਪਿੰਡ ਵਾਸੀਆਂ ਨੇ ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਦੇ ਬੈਨਰੇ ਹੇਠਾਂ ਪੱਕਾ ਮੋਰਚਾ ਸ਼ੁਰੂ ਕੀਤਾ ਹੋਇਆ ਹੈ। ਸਥਿਤੀ ਉਦੋਂ ਤਣਾਅ ਪੂਰਨ ਹੋ ਗਈ ਜਦੋਂ ਹਾਜੀਪੁਰ ਪੁਲਸ ਵੱਡੀ ਗਿਣਤੀ 'ਚ ਮੋਰਚੇ ਵਾਲੀ ਥਾਂ 'ਤੇ ਪਹੁੰਚੀ ਅਤੇ ਧਰਨੇ 'ਤੇ ਬੈਠੇ ਲੋਕਾਂ ਨੂੰ ਲਾਂਘਾ ਖੋਲ੍ਹਣ ਲਈ ਦਬਕਾਉਣ ਤੇ ਧਮਕਾਉਣ ਲੱਗੀ।ਮੌਕੇ 'ਤੇ ਹੰਦਵਾਲ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਦੇ ਇੱਕਠੇ ਹੋਏ।ਲੋਕਾਂ ਦੀਆਂ ਦਲੀਲਾਂ ਮੂਹਰੇ ਪੁਲੀਸ ਬੇਵੱਸ ਦਿਖਾਈ ਦਿੱਤੀ ਅਤੇ ਵਿਚਾਕਰਲਾ ਰਸਤਾ ਕੱਢਣ ਦੀ ਗੱਲ ਆਖ ਬੇਰੰਗ ਪਰਤ ਗਈ।ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਦੇ ਆਗੂ ਸੇਵਾਮੁਕਤ ਅਧਿਆਪਕ ਸੁਰਿੰਦਰ ਸਿੰਘ, ਸਾਬਕਾ ਬਿਜਲੀ ਮੁਲਾਜ਼ਮ ਨਰੇਸ਼ ਕੁਮਾਰ, ਪੁਸ਼ਪਾ ਦੇਵੀ ਹੰਦਵਾਲ, ਗੁਰਪ੍ਰੀਤ ਸਿੰਘ ਨਵੇਂ ਘਰ ਆਦਿ ਨੇ ਦਸਿਆ ਕਿ ਖ਼ੇਤਰ 'ਚ ਕਥਿਤ ਖਣਨ ਅਤੇ ਕਰੱਸ਼ਰਾਂ ਖ਼ਿਲਾਫ਼ ਲੋਕ ਰੋਹ ਲਗਾਤਾਰ ਵਧਦਾ ਜਾ ਰਿਹਾ ਹੈ। ਵਾਹੀਯੋਗ ਜ਼ਮੀਨਾਂ ਦੀ ਤਬਾਹੀ ਅਤੇ ਜ਼ਮੀਨ ਦੋਜ਼ ਪਾਣੀ ਦੇ ਪੱਧਰ 'ਚ ਨਿਰੰਤਰ ਗਿਰਾਵਟ ਲੋਕਾਂ ਲਈ ਮੁਸੀਬਤ ਬਣਦੀ ਜਾ ਰਹੀ ਹੈ। ਹੁਣ ਲੋਕ ਖ਼ੇਤਰ 'ਚ ਕਰੱਸ਼ਰਾਂ ਖ਼ਿਲਾਫ਼ ਖੁੱਲ੍ਹ ਕੇ ਬੋਲਣ ਲੱਗ ਪਏ ਹਨ।ਬਲਾਕ ਹਾਜੀਪੁਰ ਦੇ ਪਿੰਡ ਪੱਤੀ ਨਾਮ ਘਰ ਅਤੇ ਨਵੇਂ ਘਰ ਵਿਖੇ ਵੀ ਕਰੱਸ਼ਰਾਂ ਖਿਲਾਫ਼ ਪੱਕੇ ਮੋਰਚੇ ਚੱਲ ਰਹੇ ਹਨ। ਸਰਪੰਚ ਰੋਸ਼ਨ ਲਾਲ ਅਤੇ ਗੁਰਮੀਤ ਕੌਰ ਨੇ ਦਸਿਆ ਕਿ ਪਿੰਡ ਦੀ ਗ੍ਰਾਮ ਸਭਾ ਨੇ ਬਕਾਇਦਾ ਮਤਾ ਪਾ ਕੇ ਪਿੰਡ 'ਚ ਕਿਸੇ ਵੀ ਰਸਤੇ 'ਤੇ ਕਰੱਸ਼ਰਾਂ ਦੀ ਟ੍ਰੈਫਿਕ ਨੂੰ ਲਾਂਘਾ ਦੇਣ ਤੋਂ ਮਨ੍ਹਾਂ ਕਰ ਦਿੱਤਾ ਹੈ।ਪਿਛਲੇ ਕਰੀਬ ਡੇਢ ਮਹੀਨੇ ਤੋਂ ਕਰੱਸ਼ਰਾਂ ਦੀ ਆਵਾਜਾਈ ਨਾ ਚੱਲਣ ਕਾਰਨ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ।ਪੰਚਾਇਤ ਮੈਂਬਰ ਨਰੇਸ਼ ਕੁਮਾਰ ਅਤੇ ਹਰਦੀਪ ਕੁਮਾਰ, ਸਾਬਕਾ ਪੰਚ ਸੁਰਜੀਤ ਸਿੰਘ ਨੇ ਆਦਿ ਨੇ ਦਸਿਆ ਕਿ ਦਰਿਆ ਬਿਆਸ ਕੰਢੇ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੋਵੇਂ ਪਾਸੇ ਚੱਲਦੇ ਸਟੋਨ ਕਰੱਸ਼ਰਾਂ ਤੋਂ ਲੋਕ ਡਾਹਢੇ ਦੁੱਖੀ ਹਨ।

# ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ 'ਤੇ ਆਪ ਨੂੰ ਟਾਂਡਾ 'ਚ ਮਿਲੀ ਮਜ਼ਬੂਤੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਗਏ ਇਤਿਹਾਸਿਕ ਕਾਰਜਾਂ ਕਰਕੇ ਅੱਜ ਹਰੇਕ ਵਿਅਕਤੀ ਪਾਰਟੀ ਦਾ ਹਿੱਸਾ ਬਣ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਦਸ਼ਮੇਸ਼ ਨਗਰ ਟਾਂਡਾ ਵਿਖੇ ਹੋਏ ਇੱਕ ਸਮਾਗਮ ਵਿੱਚ ਕੀਤਾ। ਇਸ ਮੌਕੇ ਵਿਧਾਇਕ ਜਸਵੀਰ ਰਾਜਾ ਨੇ ਆਮ ਆਦਮੀ ਪਾਰਟੀ ਵਿੱਚ ਪਰਵਾਰ ਦੇ ਸਾਥੀਆਂ ਸਮੇਤ ਸ਼ਾਮਿਲ ਹੋਏ ਸਰਗਰਮ ਆਗੂ ਮੋਹਨ ਸਭਰਵਾਲ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਆਪ ਪਾਰਟੀ ਨੇ ਰਾਜਨੀਤੀ ਤੋਂ ਉੱਪਰ ਉੱਠ ਕੇ ਪੰਜਾਬ ਦਾ ਵਿਕਾਸ ਕੀਤਾ ਹੈ। ਇਸ ਮੌਕੇ ਵਿਧਾਇਕ ਰਾਜਾ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋਏ ਹਰੇਕ ਵਰਕਰ ਮਾਣ ਸਤਿਕਾਰ ਪਾਰਟੀ ਹਾਈ ਕਮਾਂਡ ਵੱਲੋਂ ਕੀਤਾ ਜਾਵੇਗਾ। ਇਸ ਮੌਕੇ ਬਲਾਕ ਪ੍ਰਧਾਨ ਕੇਸ਼ਵ ਸੈਣੀ, ਕੌਂਸਲਰ ਹਰੀ ਕਿਸ਼ਨ ਕ ਸੈਣੀ, ਰਾਜਨ ਸੋਂਧੀ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਕੌਂਸਲਰ ਸੁਮਨ ਖੋਸਲਾ, ਦੀਪਕ ਭੀਲ , ਲਖਵਿੰਦਰ ਸਿੰਘ ਮੁਲਤਾਨੀ, ਸਾਬਕਾ ਕੌਂਸਲਰ ਬਲਵੀਤ ਕੌਰ, ਪ੍ਰੇਮ ਪਡਵਾਲ ਨੰਬਰਦਾਰ ਹਰਵਿੰਦਰ ਕਲੋਟੀ, ਨੰਬਰਦਾਰ ਬਲਬੀਰ ਸਿੰਘ, ਹਰਮੀਤ ਵੜੈਚ, ਅਮਰਜੀਤ ਦਾਰਾਪੁਰ, ਲਖਵੀਰ ਸਿੰਘ ਖਾਲਸਾ, ਅਨਿਲ ਗੋਰਾ, ਜਸਵਿੰਦਰ ਲਾਲ ਸੰਧੂ , ਗੁਰਸ਼ਰਨ ਸੈਣੀ, ਕਮਲ ਧੀਰ, ਸਚਿਨ ਪੂਰੀ ਵੀ ਹਾਜ਼ਰ ਸਨ।

# ਆਭਾ ਹੈਲਥ ਕਾਰਡ ਬਣਾਉਣ ਸੰਬੰਧੀ ਕੈਂਪ ਲਗਾ 60 ਤੋਂ ਵਧੇਰੇ ਲੋਕਾਂ ਦੇ ਕਾਰਡ ਬਣਾਏ

**ਫਗਵਾੜਾ (ਜਸਵਿੰਦਰ ਢੱਡਾ)**- ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਕਪੂਰਥਲਾ ਡਾ. ਰਾਜੀਵ ਪ੍ਰਾਸ਼ਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਹਸਪਤਾਲ ਫਗਵਾੜਾ ਦੇ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਰਾਜੇਸ਼ ਚੰਦਰ ਦੀ ਯੋਗ ਅਗਵਾਈ ਅਤੇ ਮੈਡਮ ਦਲਵੀਰ ਕੌਰ ਏ ਐਨ ਐਮ ਦੀ ਸੁਚੱਜੀ ਦੇਖ-ਰੇਖ ਹੇਠ ਸਬ ਡਵੀਜ਼ਨ ਫਗਵਾੜਾ ਨਿਵਾਸੀਆਂ ਦੀ ਸਿਹਤ ਦਾ ਰਿਕਾਰਡ ਡਿਜੀਟਲ ਰੱਖਣ ਲਈ ਆਭਾ ਆਈ.ਡੀ. (ਆਯੂਸ਼ਮਾਨ ਭਾਰਤ ਹੈਲਥ ਅਕਾਊਂਟ) ਬਣਾਉਣ ਲਈ ਵਿਸ਼ੇਸ਼ ਮੁਹਿੰਮ ਵਿੱਢੀ ਹੋਈ ਹੈ ਅਤੇ ਇਸ ਦੇ ਫਾਇਦਿਆਂ ਸਬੰਧੀ ਆਮ ਲੋਕਾਂ ਨੂੰ ਜਾਗਰੂਕਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਇੱਕ ਕੈਂਪ ਗੁਰਦੁਆਰਾ ਸਰਬ ਸੰਗਤ ਸਤਨਾਮਪੁਰਾ ਫਗਵਾੜਾ ਵਿਖੇ ਲਗਾਇਆ ਗਿਆ। ਇਸ ਕੈਂਪ ਦੌਰਾਨ ਹਰਦੀਪ ਕੌਰ, ਗੁਰਜੀਤ ਕੌਰ, ਸੰਦੀਪ ਕੌਰ ਆਸ਼ਾ ਵਰਕਰਾਂ ਵਲੋਂ 60 ਤੋਂ ਵਧੇਰੇ ਲੋਕਾਂ ਦੇ ਆਭਾ ਹੈਲਥ ਕਾਰਡ ਬਣਾਏ ਗਏ। ਇਸ ਸਬੰਧੀ ਗੱਲਬਾਤ ਕਰਦਿਆਂ ਮੈਡਮ ਦਲਵੀਰ ਕੌਰ ਨੇ ਦੱਸਿਆ ਕਿ ਕੋਈ ਵੀ ਚਾਹਵਾਨ ਵਿਅਕਤੀ ਆਪਣੇ ਮੋਬਾਇਲ ਵਿੱਚ ਪਲੇਅ ਸਟੋਰ 'ਤੇ ਜਾ ਕੇ ਆਭਾ ਐਪ ਨੂੰ ਆਪਣੇ ਮੋਬਾਇਲ ਵਿੱਚ ਡਾਊਨਲੋਡ ਕਰਕੇ ਆਪਣੇ ਅਧਾਰ ਨੰਬਰ ਜਾਂ ਮੋਬਾਇਲ ਨੰਬਰ ਨਾਲ ਆਯੂਸ਼ਮਾਨ ਭਾਰਤ ਹੈਲਥ ਅਕਾਊਂਟ ਬਣਾ ਸਕਦਾ ਹੈ। ਉਹਨਾਂ ਕਿਹਾ ਕਿ ਆਭਾ ਆਈ.ਡੀ ਨੰਬਰ ਜਨਰੇਟ ਹੋਣ ਤੇ ਸਿਹਤ ਨਾਲ ਸਬੰਧਤ ਸਾਰੇ ਵੇਰਵੇ ਅਤੇ ਰਿਪੋਰਟਾਂ ਇੱਕ ਹੀ ਥਾਂ ਤੇ ਮੋਬਾਇਲ ਐਪਲੀਕੇਸ਼ਨ ਵਿੱਚ ਸਕੈਨ ਕਰਕੇ ਰੱਖੀਆਂ ਜਾ ਸਕਦੀਆਂ ਹਨ। ਉਹਨਾਂ ਦੱਸਿਆ ਕਿ ਆਭਾ ਆਈ.ਡੀ ਵਾਲਾ ਵਿਅਕਤੀ ਜੇਕਰ ਬਿਮਾਰ ਹੋ ਜਾਵੇ ਤਾਂ ਉਸ ਨੂੰ ਆਪਣਾ ਇਲਾਜ ਕਰਾਉਣ ਲਈ ਹਸਪਤਾਲ ਜਾਣ ਮੌਕੇ ਓ ਪੀ ਡੀ ਸਲਿਪ ਬਣਾਉਣ ਲਈ



ਬਹੁਤਾ ਸਮਾਂ ਲੰਬੀਆਂ ਲਾਈਨਾਂ ਵਿੱਚ ਖੜ੍ਹਨ ਦੀ ਜ਼ਰੂਰਤ ਨਹੀਂ ਪਵੇਗੀ ਅਤੇ ਨਾ ਹੀ ਆਪਣੀ ਸਿਹਤ ਦੇ ਰਿਕਾਰਡ/ਰਿਪੋਰਟਾਂ ਦੀ ਹਾਰਡ ਕਾਪੀ ਚੁੱਕਣ ਦੀ ਜ਼ਰੂਰਤ ਹੋਵੇਗੀ ਬਲਕਿ ਮਰੀਜ਼ ਆਭਾ ਆਈ.ਡੀ ਨਾਲ ਸਿਹਤ ਸਬੰਧੀ ਸਾਰੀਆਂ ਰਿਪੋਰਟਾਂ ਆਪਣੇ ਡਾਕਟਰ ਨੂੰ ਦਿਖਾ ਸਕੇਗਾ। ਇਸ ਨਾਲ ਪੁਰਾਣਾ ਰਿਕਾਰਡ ਦੇਖ ਕੇ ਡਾਕਟਰ ਨੂੰ ਇਲਾਜ ਕਰਨਾ ਵੀ ਸੌਖਾ ਹੋਵੇਗਾ। ਉਹਨਾਂ ਕਿਹਾ ਕਿ ਸਬ ਡਵੀਜ਼ਨ ਫਗਵਾੜਾ ਅੰਦਰ ਸਰਕਾਰੀ ਹਸਪਤਾਲਾਂ ਵਿੱਚ ਅਜਿਹੇ ਬੈਨਰ/ਪੋਸਟਰ ਲਗਾਏ ਗਏ ਹਨ ਜਿਨ੍ਹ ਉੱਪਰ ਬਾਰ ਕੋਡ ਦਰਸਾਏ ਗਏ ਹਨ। ਇਨ੍ਹਾਂ ਹਸਪਤਾਲਾਂ ਵਿੱਚ ਆਪਣਾ ਇਲਾਜ ਕਰਵਾਉਣ ਆਏ ਮਰੀਜ਼ ਇਹ ਕਾਰਡ ਬਣਾਉਣ ਦੇ ਲਾਭ ਨੂੰ ਸਮਝਦੇ ਹੋਏ ਕੋਡ ਸਕੈਨ ਐਂਡ ਸ਼ੇਅਰ ਕਰਕੇ ਆਪਣਾ ਆਭਾ ਨੰਬਰ ਜਨਰੇਟ ਕਰ ਸਕਦੇ ਹਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕੀਤੀ ਗਈ ਵਿਸ਼ੇਸ਼ ਮੀਟਿੰਗ




**ਬਲਾਚੌਰ (ਜਸਵਿੰਦਰ ਬੈਂਸ)**- ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੇਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਹਿੱਤ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਵਿਧਾਇਕਾ ਸੰਤੋਸ਼ ਕਟਾਰੀਆ ਅਤੇ ਡੀ ਐਸ ਪੀ ਸ਼ਾਮ ਸੁੰਦਰ ਸ਼ਰਮਾ ਦੀ ਅਗਵਾਈ ਹੇਠ ਥਾਣਾ ਬਲਾਚੌਰ ਵਿਖੇ ਸ਼ਹਿਰ ਦੇ ਪਤਵੰਤੇ ਸੱਜਣਾਂ ਨਾਲ ਵਿਸ਼ੇਸ਼ ਤੌਰ 'ਤੇ ਮੀਟਿੰਗ ਕੀਤੀ ਗਈ। ਵਿਧਾਇਕਾ ਸੰਤੋਸ਼ ਕਟਾਰੀਆ ਨੇ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਹਲਕੇ ਅੰਦਰ ਨਸ਼ਾ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਪੁਰਜ਼ੋਰ ਹਦਾਇਤ ਕੀਤੀ ਕਿ ਉਹ ਨਸ਼ੇ ਦੇ ਤਸਕਰਾਂ ਨੂੰ ਕਾਬੂ ਕਰਕੇ ਸਖਤ ਤੋਂ ਸਖਤ ਕਾਨੂੰਨੀ ਸਜ਼ਾ ਦਵਾਉਣ ਵਿੱਚ ਪਹਿਲ ਕਦਮੀ ਕਰਨ। ਡੀ ਐਸ ਪੀ ਬਲਾਚੌਰ ਸ਼ਾਮ ਸੁੰਦਰ ਸ਼ਰਮਾ ਨੇ ਕਿਹਾ ਕਿ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਅਤੇ ਸਮਾਜ ਵਿਰੋਧੀ ਤੱਤਾਂ ਨੂੰ ਨੱਥ ਪਾਉਣ ਲਈ ਸ਼ਹਿਰ ਵਿੱਚ ਵੱਖ ਵੱਖ ਤਰ੍ਹਾਂ ਦੀਆਂ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਉਹਨਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਬੁਰੀਆਂ ਅਲਾਮਤਾਂ ਨੂੰ ਜੜ੍ਹੋਂ ਖਤਮ ਕਰਨ ਲਈ ਪੁਲਸ ਪ੍ਰਸ਼ਾਸਨ ਦਾ ਵੱਧ ਤੋਂ ਵੱਧ ਸਹਿਯੋਗ ਕੀਤਾ ਜਾਵੇ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਲਾਡੀ ਰਾਣਾ, ਵਾਈਸ ਪ੍ਰਧਾਨ ਰਣਜੀਤ ਸਿੰਘ ਕਾਕਾ, ਐਸ ਐਚ ਓ ਸਤਨਾਮ ਸਿੰਘ, ਏ ਐਸ ਆਈ ਮਨੋਹਰ ਲਾਲ, ਚੌਧਰੀ ਰਾਮ ਪਾਲ ਮਹੈਸ਼ੀ, ਰਾਮਾ ਧੀਮਾਨ, ਪਰਵਿੰਦਰ ਮੇਨਕਾ, ਚੌਧਰੀ ਨਰੇਸ਼ ਚੇਚੀ, ਜਸਵਿੰਦਰ ਸਿੰਘ ਸਿਆਣ, ਵਿਸ਼ੂ ਰਾਣਾ, ਸਮੁੱਚੇ ਐਮ ਸੀ ਸਾਹਿਬਾਨ, ਵੱਖ ਵੱਖ ਪੁਲਸ ਅਧਿਕਾਰੀ ਅਤੇ ਸ਼ਹਿਰ ਦੇ ਪਤਵੰਤੇ ਸੱਜਣ ਹਾਜ਼ਰ ਸਨ।

# ਵਿਧਾਇਕ ਰਾਜਾ ਵੱਲੋਂ ਅਨਾਜ ਮੰਡੀ ਟਾਂਡਾ ਦਾ ਅਚਨਚੇਤ ਦੌਰਾ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਪੰਜਾਬ ਮੰਡੀ ਬੋਰਡ ਅਧੀਨ ਆਉਂਦੀ ਮਾਰਕੀਟ ਕਮੇਟੀ ਟਾਂਡਾ ਦੀ ਪ੍ਰਮੁੱਖ ਅਨਾਜ ਮੰਡੀ ਵਿੱਚ ਅੱਜ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਅਚਨਚੇਤ ਦੌਰਾ ਕਰਦੇ ਹੋਏ ਮੌਜੂਦਾ ਕਣਕ ਦੇ ਸੀਜ਼ਨ ਦੌਰਾਨ ਹੋ ਰਹੀ ਖਰੀਦ ਤੇ ਲਿਫਟਿੰਗ ਸਬੰਧੀ ਜਾਇਜ਼ਾ ਲਿਆ। ਸਮੁੱਚੀ ਮੰਡੀ ਦਾ ਜਾਇਜ਼ਾ ਲੈਣ ਉਪਰੰਤ ਉਨ੍ਹਾਂ ਆੜ੍ਹਤੀਆਂ ਵਿਸ਼ੇਸ਼ ਤੌਰ 'ਤੇ ਮੀਟਿੰਗ ਕੀਤੀ ਅਤੇ ਜਿਸ ਦੌਰਾਨ ਆੜ੍ਹਤੀਆਂ ਨੇ ਆਪਣੇ ਸੁਝਾਅ ਤੇ ਮੁਸ਼ਕਲਾਂ ਦੱਸੀਆਂ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਧੀਆਂ ਪੁੱਤਰਾਂ ਵਾਂਗ ਪਾਲੀ ਹੋਈ ਫਸਲ ਦੀ ਸਾਂਭ ਸੰਭਾਲ ਲਈ ਮੰਡੀਆਂ ਵਿੱਚ ਪਹਿਲਾਂ ਤੋਂ ਹੀ ਸੁਚਾਰੂ ਢੰਗ ਨਾਲ ਦਾ ਇੰਤਜ਼ਾਮ ਕੀਤੇ ਗਏ ਸਨ ਜਿਸ ਘਰ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਈ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਮੰਡੀ ਵਿੱਚ ਕਣਕ ਖਰੀਦ ਕੀਤੀ ਗਈ ਕਣਕ ਦੀ ਲਿਫਟਿੰਗ ਸਬੰਧੀ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਨਹੀਂ ਹੈ ਜਿਸ ਦੌਰਾਨ ਹੁਣ ਤੱਕ ਮੰਡੀ ਵਿੱਚ 1 ਲੱਖ 81 ਹਜਾਰ ਕੁਇੰਟਲ ਦੀ ਕੀਤੀ ਗਈ ਹੈ ਅਤੇ ਜਿਸ ਦੌਰਾਨ 1 ਲੱਖ 15 ਹਜ਼ਾਰ ਕੁਇੰਟਲ ਦੀ ਮੰਡੀ ਚੋਂ ਲਿਫਟਿੰਗ ਵੀ ਹੋ ਚੁੱਕੀ ਹੈ। ਇਸ ਤੋਂ ਇਲਾਵਾ ਕਿਸਾਨਾਂ ਨੂੰ ਵੇਚੀ ਹੋਈ ਫਸਲ ਦੇ ਪੈਸੇ ਲਗਾਤਾਰ ਮਿਲ ਰਹੇ ਹਨ। ਇਸ ਸਮੇਂ ਵਿੱਚ ਜਸਵੀਰ ਸਿੰਘ ਰਾਜਾ ਨੇ ਮਾਰਕੀਟ ਕਮੇਟੀ ਟਾਂਡਾ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਕਿ ਅਨਾਜ ਮੰਡੀ ਟਾਂਡਾ ਅਤੇ ਇਸ ਤੇ ਸਹਾਇਕ ਖ਼੍ਰੀਦ ਕੇਂਦਰਾਂ ਵਿੱਚ ਕਣਕ ਦੀ ਲਿਫਟਿੰਗ ਹੋਰ ਵਧੀਆ ਤਰੀਕੇ ਨਾਲ



ਵਾਸਤੇ ਲੋੜੀਂਦੇ ਪ੍ਰਬੰਧ ਕੀਤੇ ਜਾਣ। ਇਸ ਮੌਕੇ ਸੂਬਾ ਸੰਯੁਕਤ ਸਕੱਤਰ ਤੇ ਉੱਘੇ ਆੜ੍ਹਤੀ ਰਾਜਾ ਸੁਖਵਿੰਦਰ ਸਿੰਘ ਕੋਟਲਾ, ਕੌਂਸਲਰ ਹਰਕ੍ਰਿਸ਼ਨ ਸੈਣੀ, ਆੜਤੀ ਐਸੋਸੀਏਸ਼ਨ ਦੇ ਪ੍ਰਧਾਨ ਅਵਤਾਰ ਸਿੰਘ ਸੈਣੀ, ਪਵਨ ਚੱਡਾ, ਬੋਬੀ ਬਹਿਲ, ਸੁਰੇਸ਼ ਜੈਨ, ਜਤਿੰਦਰ ਅਗਰਵਾਲ, ਅਨਿਲ ਗੋਰਾ, ਨੰਬਰਦਾਰ ਹਰਵਿੰਦਰ ਕਲੋਟੀ, ਹਰਮੀਤ ਬੜੈਚ, ਮੰਡੀ ਸੁਪਰਵਾਈਜ਼ਰ ਅਮਰਜੀਤ ਜੋਨੀ , ਮੰਡੀ ਸੁਪਰਵਾਈਜ਼ਰ ਨਵਰੀਤ ਸਿੰਘ, ਲੇਖਾ ਕਾਰ ਸਤਨਾਮ ਸਿੰਘ ਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਇੰਸਪੈਕਟਰ ਵੀ ਮੌਜੂਦ ਸਨ।

# ਤੱਗੜ ਵਡਾਲਾ ਵਿਖੇ 21ਵਾਂ ਸੱਭਿਆਚਾਰਕ ਮੇਲਾ 15 ਨੂੰ

**ਟਾਂਡਾ ਉੜਮੁੜ, (ਜਸਵੀਰ ਕਾਜਲ)** ਪਿੰਡ ਤੱਗੜ ਵਡਾਲਾ ਵਿਖੇ ਸਾਈ ਮਹਿਤਾਬ ਸ਼ਾਹ ਦੀ ਦਰਗਾਹ 'ਤੇ 21ਵਾਂ ਸਾਲਾਨਾ ਸੱਭਿਆਚਾਰਕ ਮੇਲਾ 15 ਮਈ ਨੂੰ ਕਰਵਾਇਆ ਜਾਵੇਗਾ।ਮੁੱਖ ਸੇਵਾਦਾਰ ਰਣਜੀਤ ਸਿੰਘ ਤੱਗੜ ਕਨੇਡਾ ਦੀ ਦੇਖ ਰੇਖ ਹੇਠ ਹੋਣ ਵਾਲੇ ਇਸ ਮੇਲੇ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਸੇਵਾਦਾਰ ਪ੍ਰਧਾਨ ਮੱਖਣ ਸਿੰਘ, ਸੰਤ ਹਰਦਿਆਲ ਸਿੰਘ, ਗੁਰਦੇਵ ਸਿੰਘ ਤੱਗੜ, ਬਲਵੀਰ ਸਿੰਘ ਪੱਤੜ, ਅਮਰਜੀਤ ਸਿੰਘ ਥਿਆੜਾ, ਨੰਬਰਦਾਰ ਭੁਪਿੰਦਰ ਸਿੰਘ, ਸਰਪੰਚ ਹਰਜਿੰਦਰ ਸਿੰਘ ਤੱਗੜ ਨੇ ਦੱਸਿਆ ਕਿ ਪ੍ਰਵਾਸੀ ਭਾਰਤੀਆਂ ਨਗਰ ਤੇ ਇਲਾਕੇ ਦੀਆਂ ਸੰਗਤਾਂ ਤੇ ਸੇਵਾਦਾਰਾ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸੱਭਿਆਚਾਰਕ ਮੇਲੇ ਵਿੱਚ ਸਭ ਤੋਂ ਪਹਿਲਾਂ ਪੀਰਾਂ ਦੇ ਅਸਥਾਨ 'ਤੇ ਚਾਦਰ ਤੇ ਝੰਡੇ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ।ਪ੍ਰਬੰਧਕਾਂ ਨੇ ਹੋਰ ਦੱਸਿਆ ਕਿ 12 ਵਜੇ ਆਰੰਭ ਹੋਣ ਵਾਲੇ ਸੱਭਿਆਚਾਰਕ ਮੇਲੇ ਵਿੱਚ ਸੂਫੀ ਗਾਇਕ ਕਲਾਕਾਰ ਸਰਦਾਰ ਅਲੀ, ਦੋਗਾਣਾ ਜੋੜੀ ਆਤਮਾ ਸਿੰਘ ਤੇ ਐਸ ਕੌਰ, ਜੂਵੀ ਬਰਾੜ, ਅਮਾਨ ਅਲੀ ਖਾਨ ਤੇ ਹੋਰ ਕਲਾਕਾਰ ਪਹੁੰਚ ਕੇ ਪੀਰਾ ਦੀ ਮਹਿਮਾ ਦਾ ਗੁਣਗਾਨ ਕਰਨਗੇ।ਇਸ ਮੌਕੇ ਸਾਬਕਾ ਸਰਪੰਚ ਹਰਵਿੰਦਰ ਸਿੰਘ, ਮੱਖਣ ਸਿੰਘ ਸੀਕਰੀ, ਚੰਚਲ ਸਿੰਘ, ਰਾਮ ਕਿਸ਼ਨ, ਮੋਨੂ, ਸੰਤੋਖ ਸਿੰਘ, ਕਾਕਾ ਤੱਗੜ ਵੀ ਹਾਜ਼ਰ ਸਨ।

# ਡੇਂਗੂ ਦੀ ਰੋਕਥਾਮ ਲਈ ਲੋਕਾਂ 'ਚ ਜਾਗਰੂਕਤਾ ਜ਼ਰੂਰੀ : ਡਾ. ਪ੍ਰੇਮ ਕੁਮਾਰ

**ਕਾਲਾ ਸੰਘਿਆਂ (ਮਨਜੀਤ ਮਾਨ)**- ਸਿਵਲ ਸਰਜਨ ਕਪੂਰਥਲਾ ਡਾ. ਰਜੀਵ ਪ੍ਰਾਸ਼ਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਮੁਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਅੱਜ ਬਲਾਕ ਢਿੱਲਵਾਂ ਅਧੀਨ ਵੱਖ-ਵੱਖ ਥਾਵਾਂ 'ਤੇ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਚਲਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਐਮ.ਓ ਡਾ. ਪ੍ਰੇਮ ਕੁਮਾਰ ਨੇ ਦੱਸਿਆ ਕਿ ਡੇਂਗੂ ਰੋਕਥਾਮ ਟੀਮ ਵਿੱਚ ਬਲਾਕ ਢਿੱਲਵਾਂ ਦੇ ਸਮੂਹ ਸਿਹਤ ਸੁਪਰਵਾਈਜ਼ਰ, ਸਮੂਹ ਐਮ.ਪੀ.ਐਚ.ਡਬਲਿਓ ਮੇਲ / ਫੀਮੇਲ ਅਤੇ ਆਸ਼ਾ ਵਰਕਰਾਂ ਹਾਜ਼ਰ ਸਨ। ਇਸ ਮੌਕੇ ਸਿਹਤ ਵਿਭਾਗ ਦੀ ਟੀਮ ਵੱਲੋਂ ਹਾਈ ਰਿਸਕ ਏਰੀਆ ਅਤੇ ਡੋਰ ਟੂ ਡੋਰ ਸਰਵੇ ਕਰ ਆਮ ਲੋਕਾਂ ਨੂੰ ਡੇਂਗੂ ਦੇ ਲੱਛਣਾਂ ਅਤੇ ਬਚਾਅ ਸੰਬੰਧੀ ਜਾਗਰੂਕ ਕੀਤਾ। ਜਾਣਕਾਰੀ ਦਿੰਦਿਆਂ ਕਿਹਾ ਕਿ ਡੇਂਗੂ ਸੰਬੰਧੀ ਜਾਗਰੂਕਤਾ ਨੂੰ ਵਧਾਉਣ ਲਈ ਅਤੇ ਡੇਂਗੂ ਨੂੰ ਠੱਲ੍ਹ ਪਾਉਣ ਲਈ ਸਿਹਤ ਵਿਭਾਗ ਪੂਰੀ ਤਰ੍ਹਾਂ ਸਰਗਰਮ ਹੈ। ਉਨ੍ਹਾਂ ਇਹ ਵੀ ਕਿਹਾ ਕਿ ਡੇਂਗੂ ਰੋਕਥਾਮ 'ਚ ਸਵੱਛਤਾ ਭਾਵ ਘਰਾਂ ਦੇ ਅੰਦਰ ਅਤੇ ਆਲੇ - ਦੁਆਲੇ ਦੀ ਸਾਫ-ਸਫਾਈ ਦਾ ਵੀ ਅਹਿਮ ਰੋਲ ਹੈ, ਜਿਸ ਨਾਲ ਡੇਂਗੂ ਦੇ ਮੱਛਰ ਨੂੰ ਠੱਲ੍ਹ ਪਾਈ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਜਾ ਕੇ ਘਰਾਂ 'ਚ, ਗਮਲੇ, ਖੜ੍ਹੇ ਪਾਣੀ ਵਾਲੀਆਂ ਥਾਵਾਂ, ਬਾਹਰ ਪਏ ਡਸਟਬਿਨ, ਫ੍ਰਿਜ਼ਾ, ਛੱਤ 'ਤੇ ਵਾਧੂ ਪਿਆ ਸਮਾਨ ਜਿਸ ਵਿੱਚ ਪਾਣੀ ਖੜ੍ਹਾ ਹੋ ਸਕਦਾ ਹੈ, ਟੋਏ, ਆਦਿ ਵਿਖੇ ਡੇਂਗੂ ਦੇ ਲਾਰਵੇ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਸਿਹਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨ, ਸਾਫ-ਸਫਾਈ ਵੱਲ ਵਧੇਰੇ ਧਿਆਨ ਦੇਣ, ਕਿਸੇ ਵੀ ਤਰ੍ਹਾਂ ਦਾ ਬੁਖਾਰ ਹੋਣ 'ਤੇ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ 'ਚ ਜਾ ਕਿ ਖੂਨ ਜਾਂਚ ਕਰਵਾਉਣ, ਘਰਾਂ ਵਿੱਚ ਅਤੇ ਘਰਾਂ ਦੇ ਆਲੇ-ਦੁਆਲੇ ਕੀਤੇ ਵੀ ਸਾਫ ਪਾਣੀ ਖੜ੍ਹਾ ਨਾ ਹੋਣ ਦੇਣ ਤਾਂ ਜੋ ਡੇਂਗੂ ਮੱਛਰ ਦਾ ਲਾਰਵਾ ਨਾ ਬਣ ਸਕੇ ਆਦਿ ਦਾ ਸੁਨੇਹਾ ਦਿੱਤਾ। ਇਸ ਮੌਕੇ ਐਸ.ਐਮ.ਓ ਡਾ. ਪ੍ਰੇਮ ਕੁਮਾਰ ਦੱਸਿਆ ਕਿ ਡੇਂਗੂ ਦਾ ਮੱਛਰ ਦਿਨ ਵੇਲੇ ਕੱਟਦਾ ਹੈ। ਇਹ ਸਾਫ਼ ਪਾਣੀ ਵਿੱਚ ਹੁੰਦਾ ਹੈ। ਠੰਢੀ ਥਾਂ ਅਤੇ ਛਾਵੇਂ ਇਹ ਮੱਛਰ ਜ਼ਿਆਦਾ ਹੁੰਦਾ ਹੈ ।ਉਨ੍ਹਾਂ ਦੱਸਿਆ ਕਿ ਡੇਂਗੂ ਦਾ ਬੁਖਾਰ ਠੰਢ ਨਾਲ ਚੜ੍ਹਦਾ ਹੈ, ਸਿਰ, ਅੱਖਾਂ, ਜੋੜਾਂ ਅਤੇ ਸਰੀਰ 'ਚ ਦਰਦ ਅਤੇ ਭੁੱਖ ਘੱਟ ਲੱਗਣਾ ਜਾਂ ਦਸਤ ਹੋਣਾ ਆਦਿ ਇਸ ਦੇ ਮੁੱਖ ਲੱਛਣ ਹਨ।



# ਸਰਕਾਰ ਸਕੂਲਾਂ ਦੀ ਨੁਹਾਰ ਬਦਲਣ ਦੇ ਉਪਰਾਲੇ ਕਰ ਰਹੀ : ਸੰਦੀਪ ਸੈਣੀ ਚੇਅਰਮੈਨ

**ਕਾਲਾ ਸੰਘਿਆਂ (ਮਨਜੀਤ ਮਾਨ)**- ਸਥਾਨਕ ਕਸਬਾ ਆਲਮਗੀਰ ਕਾਲਾ ਸੰਘਿਆਂ ਦੇ ਸਰਕਾਰੀ ਐਲੀਮੈਂਟਰੀ ਸਕੂਲ ਵਿਖੇ ਸਕੂਲ ਮੁਖੀ ਰਚਨਾ ਭਗਤ ਦੀ ਅਗਵਾਈ ਪੰਜਾਬ ਸਿੱਖਿਆ ਕ੍ਰਾਂਤੀ ਬਦਲਦਾ ਪੰਜਾਬ ਦੇ ਤਹਿਤ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਦੇ ਯਤਨਾਂ ਸਦਕਾ ਸਕੂਲ ਨੂੰ ਸੁੰਦਰ ਤੇ ਸਕੂਲ ਦੀ ਮੁਰੰਮਤ ਵਾਸਤੇ ਆਈ ਗ੍ਰਾਂਟ ਦੇ ਤਹਿਤ ਸੰਦੀਪ ਸੈਣੀ ਚੇਅਰਮੈਨ ਪੰਜਾਬ ਬੀ ਸੀ ਲੈਂਡ ਡਿਵੈਲਪਮੈਂਟ ਐਂਡ ਫਾਈਨਾਂਸ ਕਾਰਪੋਰੇਸ਼ਨ, ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ, ਸਤਨਾਮ ਸਿੰਘ ਸੰਘਾ ਬਲਾਕ ਪ੍ਰਧਾਨ ਆਪ, ਸੰਜੀਵ ਕੌਂਡਲ, ਮਾਸਟਰ ਗੁਰਮੁਖ ਸਿੰਘ ਬਾਬਾ, ਰੇਸ਼ਮ ਸਿੰਘ ਰਾਮਪੁਰੀ ਵੱਲੋਂ ਸਾਂਝੇ ਤੌਰ 'ਤੇ ਉਦਘਾਟਨ ਕੀਤਾ ਗਿਆ। ਇਸ ਮੌਕੇ ਸੰਦੀਪ ਸੈਣੀ ਨੇ ਕਿਹਾ ਕਿ ਸਕੂਲਾਂ ਵਿੱਚ ਨਵੇਂ ਅਧਿਆਪਕਾਂ ਦੀਆ ਨਿਯੁਕਤੀਆਂ ਕੀਤੀਆਂ ਗਈਆਂ ਹਨ ਤੇ ਬਹੁਤ ਜਲਦੀ ਹੋਰ ਨਵੇਂ ਅਧਿਆਪਕਾਂ ਦੀ ਨਵੀਂ ਭਰਤੀ ਕੀਤੀ ਜਾਵੇਗੀ। ਇਸ ਮੌਕੇ ਪਿੰਡ ਆਲਮਗੀਰ ਵਿਖੇ ਆਏ ਤਿੰਨ ਨਵੇਂ ਅਧਿਆਪਕ ਸੁਰਜੀਤ ਸਿੰਘ , ਮੈਡਮ ਪੂਜਾ ਤੇ ਮੈਡਮ ਰਮਨਦੀਪ ਕੌਰ ਦਾ ਸਕੂਲ ਵਿੱਚ ਨਿਯੁਕਤ ਹੋਣ 'ਤੇ ਸੰਦੀਪ ਸੈਣੀ, ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ, ਬਾਬਾ ਗੁਰਮੁਖ ਸਿੰਘ, ਸਤਨਾਮ ਸਿੰਘ ਸੰਘਾ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ, ਸੰਜੀਵ ਕੌਂਡਲ, ਰੇਸ਼ਮ ਸਿੰਘ ਰਾਮਪੁਰੀ, ਸਕੂਲ ਮੁਖੀ ਮੈਡਮ ਰਚਨਾ ਭਗਤ, ਮਾਸਟਰ ਰਾਜੇਸ਼ ਕੁਮਾਰ ਵੱਲੋਂ ਸਾਂਝੇ ਦੀਆਂ ਹੋਈਆਂ ਨਿਯੁਕਤੀਆਂ ਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੈਡਮ ਇੰਦਰਜੀਤ ਕੌਰ ਔਜਲਾ, ਸਕੂਲ ਮੁਖੀ ਸਰਬਜੀਤ ਸਿੰਘ ਔਜਲਾ, ਗੁਰਮੁਖ ਸਿੰਘ, ਮਾਸਟਰ ਜਤਿੰਦਰ ਸਿੰਘ ਤੋਂ ਇਲਾਵਾ ਪਿੰਡ ਤੇ ਇਲਾਕੇ ਦੇ ਲੋਕ ਹਾਜ਼ਰ ਸਨ। ਇਸ ਮੌਕੇ ਸਕੂਲ ਮੁਖੀ ਰਚਨਾ ਭਗਤ ਨੇ ਪਹੁੰਚੇ ਮੁੱਖ ਮਹਿਮਾਨਾਂ ਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ।



# ਸਮਾਜਿਕ ਨਿਆਂ, ਬਰਾਬਰਤਾ ਤੇ ਸਿੱਖਿਆ ਦੇ ਪਸਾਰ ਲਈ ਬਾਬਾ ਸਾਹਿਬ ਵੱਲੋਂ ਵਿਖਾਏ ਰਾਹ 'ਤੇ ਚੱਲਣਾ ਸਮੇਂ ਦੀ ਲੋੜ : ਗੜ੍ਹੀ

**ਫਗਵਾੜਾ, (ਜਸਵਿੰਦਰ ਢੱਡਾ )** ਚੇਅਰਮੈਨ ਅਨੁਸੂਚਿਤ ਜਾਤੀ ਕਮਿਸ਼ਨ ਪੰਜਾਬ ਜਸਬੀਰ ਸਿੰਘ ਗੜ੍ਹੀ ਨੇ ਕਿਹਾ ਹੈ ਕਿ ਭਾਰਤ ਰਤਨ ਡਾ ਭੀਮ ਰਾਓ ਅੰਬੇਡਕਰ ਜੀ ਵੱਲੋਂ ਸਮਾਜਿਕ ਨਿਆਂ , ਬਰਾਬਰਤਾ ਤੇ ਸਿੱਖਿਆ ਦੇ ਪਸਾਰ ਲਈ ਦਿਖਾਇਆ ਮਾਰਗ ਅੱਜ ਵੀ ਉਨ੍ਹਾਂ ਹੀ ਸਾਰਥਿਕ ਹੈ ਤੇ ਉਸ ਉੱਪਰ ਚੱਲਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।ਸਥਾਨਕ ਡਾ.ਅੰਬੇਡਕਰ ਭਵਨ ਅਰਬਨ ਅਸਟੇਟ ਵਿਖੇ ਖੇਤੀਬਾੜੀ ਐੱਸ.ਸੀ./ਬੀ.ਸੀ. ਅਫਸਰਜ਼ ਵੈਲਫੇਅਰ ਐਸੋਸੀਏਸ਼ਨ, ਪੰਜਾਬ ਵੱਲੋਂ ਕਰਵਾਏ ਗਏ ਇੱਕ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਬੋਲਦਿਆਂ ਸ੍ਰੀ ਗੜ੍ਹੀ ਨੇ ਕਿਹਾ ਕਿ ਸਮਾਜ ਦੀ ਭਲਾਈ ਤੇ ਸਰਬਪੱਖੀ ਵਿਕਾਸ ਲਈ ਬਾਬਾ ਸਾਹਿਬ ਦੀ ਸੋਚ ਨੂੰ ਅਪਣਾਕੇ ਹੀ ਸੰਭਵ ਹੈ।ਇਹ ਸਮਾਗਮ ਰਾਸ਼ਟਰਪਿਤਾ ਜੋਤੀਬਾ ਰਾਓ ਫੂਲੇ ਜੀ ਦੀ 198ਵੀਂ ਜਯੰਤੀ ਅਤੇ ਬਾਬਾ ਸਾਹਿਬ ਡਾ. ਬੀ.ਆਰ ਅੰਬੇਡਕਰ ਜੀ ਦੀ 134ਵੇਂ ਜਨਮ ਦਿਨ ਨੂੰ ਸਮਰਪਿਤ ਸੀ।ਚੇਅਰਮੈਨ ਗੜ੍ਹੀ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਸਮਾਜ ਵਿਚ ਸਮਾਨਤਾ, ਨਿਆਂ ਅਤੇ ਭਾਈਚਾਰੇ ਦੀ ਸਥਾਪਨਾ ਲਈ ਆਪਣੀ ਪੂਰੀ ਜ਼ਿੰਦਗੀ ਸਮਰਪਿਤ ਕਰ ਦਿੱਤੀ। ਉਨ੍ਹਾਂ ਨੇ ਸਿੱਖਿਆ ਨੂੰ ਹਥਿਆਰ ਬਣਾਕੇ ਦਬੇ-ਕੁਚਲੇ ਵਰਗਾਂ ਨੂੰ



ਉੱਪਰ ਚੁੱਕਣ ਦੀ ਰਹਿਨੁਮਾਈ ਕੀਤੀ।ਉਨ੍ਹਾਂ ਰਾਸ਼ਟਰਪਿਤਾ ਜੋਤੀਬਾ ਰਾਓ ਫੂਲੇ ਵਲੋਂ ਔਰਤਾਂ ਅਤੇ ਨੀਵੀਂ ਜਾਤੀਆਂ ਲਈ ਸਿੱਖਿਆ ਦੇ ਹੱਕ ਵਿੱਚ ਕੀਤੇ ਕੰਮਾਂ ਨੂੰ ਯਾਦ ਕੀਤਾ ਤੇ ਇਨ੍ਹਾਂ ਵਲੋਂ ਦਰਸਾਏ ਰਸਤਿਆਂ ਤੇ ਚੱਲਣ ਦਾ ਸੱਦਾ ਦਿੰਦਿਆਂ ਨੌਜਵਾਨ ਪੀੜ੍ਹੀ ਨੂੰ ਇਨ੍ਹਾਂ ਮਹਾਨ ਸ਼ਖਸੀਅਤਾਂ ਦੇ ਜੀਵਨ ਅਤੇ ਪ੍ਰਾਪਤੀਆਂ ਤੋਂ ਸੇਧ ਲੈ ਕੇ ਸਿੱਖਿਆ, ਸਮਾਨਤਾ ਅਤੇ ਸਮਾਜਿਕ ਨਿਆਂ ਦੇ ਸਿਧਾਂਤਾਂ ਨੂੰ ਆਪਣੇ ਜੀਵਨ ਵਿਚ ਲਾਗੂ ਕਰਨ ਲਈ ਕਿਹਾ।

# ਫੈਕਟਰੀਆਂ 'ਚੋਂ ਨਿਕਲਦੇ ਧੂੰਏਂ ਨਾਲ ਖਰਾਬ ਹੋ ਰਹੇ ਵਾਤਾਵਰਣ ਸੰਬੰਧੀ ਡਿਪਟੀ ਕਮਿਸ਼ਨਰ ਲਈ ਦਿੱਤਾ ਮੰਗ ਪੱਤਰ


**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬਾਗਪੁਰ ਦੇ ਇਲਾਕੇ 'ਚ ਚੱਲ ਰਹੀਆਂ ਫ਼ੈਕਟਰੀਆਂ 'ਚੋਂ ਨਿਕਲਣ ਵਾਲੇ ਜ਼ਹਿਰੀਲੇ ਧੂੰਏਂ ਤੇ ਗੈਸਾਂ ਨਾਲ ਪੇਸ਼ ਆ ਰਹੀਆਂ ਸਮੱਸਿਆਵਾਂ ਤੇ ਦੂਸ਼ਿਤ ਹੁੰਦੇ ਵਾਤਾਵਰਣ ਸਬੰਧੀ ਆਜ਼ਾਦ ਕਿਸਾਨ ਕਮੇਟੀ ਦੋਆਬਾ ਪੰਜਾਬ, ਵਾਤਾਵਰਨ ਸੰਘਰਸ਼ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਇਲਾਕਾ ਵਾਸੀਆਂ ਵਲੋਂ ਸਾਂਝੇ ਤੌਰ 'ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੂੰ ਮੰਗ ਪੱਤਰ ਦਿੱਤਾ ਗਿਆ। ਡਿਪਟੀ ਕਮਿਸ਼ਨਰ ਦੀ ਗੈਰ-ਮੌਜੂਦਗੀ 'ਚ ਇਹ ਮੰਗ ਪੱਤਰ ਅਡੀਸ਼ਨਲ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ ਵਲੋਂ ਲਿਆ ਗਿਆ। ਇਸ ਮੌਕੇ ਵਾਤਾਵਰਣ ਸੰਘਰਸ਼ ਕਮੇਟੀ ਦੇ ਆਗੂ ਜਥੇ: ਗੁਰਦੀਪ ਸਿੰਘ ਖੁਣਖੁਣ, ਆਜ਼ਾਦ ਕਿਸਾਨ ਕਮੇਟੀ ਦੋਆਬਾ ਦੇ ਪ੍ਰਧਾਨ ਹਰਪਾਲ ਸਿੰਘ ਸੰਘਾ, ਸ਼੍ਰੋਮਣੀ ਅਕਾਲੀ ਦਲ (ਅ) ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਤੇ ਪਿੰਡ ਬਾਗਪੁਰ ਦੇ ਸਾਬਕਾ ਸਰਪੰਚ ਗੁਰਮੀਤ ਸਿੰਘ ਨੇ ਕਿਹਾ ਕਿ ਇਨ੍ਹਾਂ ਫ਼ੈਕਟਰੀਆਂ ਕਾਰਨ ਜਿੱਥੇ ਵਾਤਾਵਰਣ ਬੇਹੱਦ ਦੂਸ਼ਿਤ ਹੋ ਰਿਹਾ ਹੈ, ਉੱਥੇ ਇਨ੍ਹਾਂ ਫ਼ੈਕਟਰੀਆਂ 'ਚੋਂ ਨਿਕਲਣ ਵਾਲੇ ਧੂੰਏਂ ਤੇ ਕਾਲਖ ਨੇ ਲੋਕਾਂ ਦਾ ਜਿਊਣਾ ਮੁਹਾਲ ਕਰਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਲਾਕਾ ਵਾਸੀਆਂ ਨੇ ਇਨ੍ਹਾਂ ਫ਼ੈਕਟਰੀਆਂ ਦਾ ਵਿਰੋਧ ਕਰਦਿਆਂ ਸੰਘਰਸ਼ ਵੀ ਕੀਤਾ, ਪ੍ਰੰਤੂ ਕੋਈ ਹੱਲ ਨਹੀਂ ਨਿਕਲਿਆ। ਉਨ੍ਹਾਂ ਦੱਸਿਆ ਕਿ ਬਾਗਪੁਰ ਦੇ ਇਲਾਕੇ 'ਚ ਲੱਗੀ ਸਵਿੱਤਰੀ ਵਿਨੀਅਰ ਫ਼ੈਕਟਰੀ ਸਮੇਤ ਹੋਰ ਫ਼ੈਕਟਰੀਆਂ ਕਾਰਨ ਜਿੱਥੇ ਆਮ ਲੋਕਾਂ ਦੇ ਜੀਵਨ 'ਤੇ ਅਸਰ ਪੈ ਰਿਹਾ ਹੈ, ਉੱਥੇ ਇਲਾਕੇ 'ਚ ਪੈਂਦੇ ਸਕੂਲਾਂ ਦੇ ਵਿਦਿਆਰਥੀਆਂ ਦੀ ਸਿਹਤ ਦਾ ਵੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਵੇਰ ਤੋਂ ਹੀ ਫ਼ੈਕਟਰੀ ਦੀਆਂ ਚਿਮਨੀਆਂ 'ਚੋਂ ਜ਼ਹਿਰੀਲਾ ਧੂੰਆ ਨਿਕਲਣਾ ਸ਼ੁਰੂ ਹੋ ਜਾਂਦਾ ਹੈ, ਜਿਸ ਕਾਰਨ ਲੋਕਾਂ ਨੂੰ ਸਾਹ ਲੈਣਾ ਵੀ ਔਖਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਫ਼ੈਕਟਰੀਆਂ 'ਚੋਂ ਨਿਕਲਦੇ ਜ਼ਹਿਰੀਲੇ ਧੂੰਏਂ ਤੇ ਗੈਸਾਂ ਕਾਰਨ ਲੋਕਾਂ ਨੂੰ ਖ਼ਤਰਨਾਕ ਬਿਮਾਰੀਆਂ ਲੱਗਣ ਦਾ ਖ਼ਤਰਾ ਵੀ ਵਧਦਾ ਨਜ਼ਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਨ੍ਹਾਂ ਫ਼ੈਕਟਰੀਆਂ ਖ਼ਿਲਾਫ਼ ਤੁਰੰਤ ਕੋਈ ਸਖ਼ਤ ਕਾਰਵਾਈ ਕਰੇ, ਤਾਂ ਜੋ ਇਲਾਕੇ ਦੇ ਲੋਕਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਫ਼ੈਕਟਰੀਆਂ ਖ਼ਿਲਾਫ਼ ਕਾਰਵਾਈ ਨਾ ਕੀਤੀ ਤਾਂ ਉਕਤ ਜਥੇਬੰਦੀਆਂ ਵਲੋਂ ਇਲਾਕੇ ਦੇ ਲੋਕਾਂ ਨੂੰ ਨਾਲ ਲੈ ਕੇ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।



# ਦਾਣਾ ਮੰਡੀ 'ਚ ਮੱਠੀ ਲਿਫਟਿੰਗ ਕਾਰਨ ਕਣਕ ਦੇ ਲੱਗੇ ਢੇਰ

**ਬਲਾਚੌਰ (ਜਸਵਿੰਦਰ ਬੈਂਸ)**- ਦਾਣਾ ਮੰਡੀ ਬਲਾਚੌਰ ਵਿੱਚ ਕਣਕ ਦੀ ਲਿਫਟਿੰਗ ਲਗਭਗ ਨਾ ਹੋਣ ਕਾਰਨ ਕਣਕ ਦੇ ਢੇਰ ਖੁੱਲ੍ਹੇ ਅਸਮਾਨ ਹੇਠ ਪਏ ਹਨ।ਮੌਸਮ ਵਿੱਚ ਅਚਾਨਕ ਬਦਲਾਅ ਅਤੇ ਰਾਤ ਨੂੰ ਭਾਰੀ ਮੀਂਹ ਅਤੇ ਗੜੇਮਾਰੀ ਕਾਰਨ ਕਣਕ ਦੀਆਂ ਬੋਰੀਆਂ ਜਲਦੀ ਵਿੱਚ ਢਕਣ ਦੇ ਬਾਵਜੂਦ ਗਿੱਲੀਆਂ ਹੋ ਗਈਆਂ। ਇੱਕ ਪਾਸੇ ਮੰਡੀ ਬੋਰਡ ਕਿਸਾਨਾਂ ਨੂੰ ਆਪਣੀਆਂ ਫਸਲਾਂ ਸੁਕਾ ਕੇ ਮੰਡੀ ਵਿੱਚ ਲਿਆਉਣ ਲਈ ਕਹਿ ਰਿਹਾ ਹੈ, ਦੂਜੇ ਪਾਸੇ, ਲਿਫਟਿੰਗ ਹੌਲੀ ਹੋਣ ਕਾਰਨ ਕਣਕ ਗਿੱਲੀ ਹੋ ਰਹੀ ਹੈ। ਮੰਡੀ ਵਿੱਚ ਕਣਕ ਦੀ ਸੰਭਾਲ ਲਈ ਲਗਭਗ ਕੋਈ ਢੁਕਵੇਂ ਪ੍ਰਬੰਧ ਨਹੀਂ ਹਨ। ਜਿਸ ਕਾਰਨ ਮੰਡੀ ਵਿੱਚ ਕਣਕ ਲਿਆਉਣ ਵਾਲੇ ਕਿਸਾਨ ਚਿੰਤਤ ਹਨ। ਮਾਰਕੀਟ ਸ਼ੈੱਡ ਪੂਰੀ ਤਰ੍ਹਾਂ ਭਰਿਆ ਹੋਇਆ ਹੈ। ਕਣਕ ਦੀਆਂ ਬੋਰੀਆਂ ਦੇ ਢੇਰ ਵੀ ਖੁੱਲ੍ਹੇ ਵਿੱਚ ਪਏ ਹਨ। ਕਮਿਸ਼ਨ ਏਜੰਟਾਂ ਨੇ ਵੀ ਆਪਣੀਆਂ ਦੁਕਾਨਾਂ ਅੱਗੇ ਕਣਕ ਦੀਆਂ ਬੋਰੀਆਂ ਰੱਖਣੀਆਂ ਸ਼ੁਰੂ ਕਰ ਦਿੱਤੀਆਂ ਹਨ, ਪਰ ਚੁੱਕਣ ਦੀ ਰਫ਼ਤਾਰ ਬਹੁਤ ਹੌਲੀ ਹੈ। ਕਣਕ ਦੀਆਂ ਬੋਰੀਆਂ ਭਰ ਕੇ ਖੁੱਲ੍ਹੇ ਵਿੱਚ ਰੱਖੀਆਂ ਗਈਆਂ ਹਨ ਅਤੇ ਜਗ੍ਹਾ ਦੀ ਘਾਟ ਕਾਰਨ ਹਰ ਰੋਜ਼ ਮੰਡੀ ਵਿੱਚ ਆਉਣ ਵਾਲੀ ਕਣਕ ਨੂੰ ਸੰਭਾਲਣਾ ਮੁਸ਼ਕਲ ਹੁੰਦਾ ਜਾ ਰਿਹਾ ਹੈ। ਕਣਕ ਦੀ ਸਫਾਈ ਅਤੇ ਭਰਨ ਲਈ ਵੀ ਜਗ੍ਹਾ ਦੀ ਲੋੜ ਹੁੰਦੀ ਹੈ, ਜੋ ਕਿ ਨਹੀਂ ਹੈ। ਬਾਜ਼ਾਰ ਵਿੱਚ ਵੱਡੀਆਂ ਤਰਪਾਲਾਂ ਦੀ ਵੀ ਘਾਟ ਹੈ। ਮੌਸਮ ਵਿਭਾਗ ਅਨੁਸਾਰ ਅਗਲੇ ਦੋ ਦਿਨਾਂ ਲਈ ਤੂਫਾਨ ਅਤੇ ਮੀਂਹ ਦੀ ਚੇਤਾਵਨੀ ਹੈ। ਬਲਾਚੌਰ ਮੰਡੀ ਦੇ ਕਮਿਸ਼ਨ ਏਜੰਟਾਂ ਨੇ ਅਧਿਕਾਰੀਆਂ ਨੂੰ ਕਣਕ ਦੀ ਲਿਫਟਿੰਗ ਵਿੱਚ ਤੇਜ਼ੀ ਲਿਆਉਣ ਦੀ ਅਪੀਲ ਕੀਤੀ ਹੈ। ਮੀਂਹ ਤੋਂ ਬਚਾਅ ਲਈ ਤਰਪਾਲਾਂ ਦੀ ਮੰਗ ਵੀ ਕੀਤੀ ਗਈ ਹੈ।

# ਸੀ ਟੀ ਗਰੁੱਪ ਵੱਲੋਂ ਐਜੂਲੀਡਰਜ਼ ਸੰਮੇਲਨ 2025 ਦਾ ਆਯੋਜਨ




**ਜਲੰਧਰ (ਸ਼ੈਲੀ ਐਲਬਰਟ)**

ਮਕਸੂਦਾਂ ਸਥਿਤ ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਨਾਰਥ ਕੈਂਪਸ ਨੇ ਐਜੂਲੀਡਰਜ਼ ਸੰਮੇਲਨ 2025 ਦਾ ਸਫਲ ਆਯੋਜਨ ਕੀਤਾ। ਇਹ ਸਿੱਖਿਆ ਖੇਤਰ ਦਾ ਇੱਕ ਮੁੱਖ ਸਮਾਗਮ ਸੀ, ਜਿਸ ਵਿੱਚ ਪੰਜਾਬ ਭਰ ਦੇ 100 ਤੋਂ ਵੱਧ ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ, ਨਵੇਕਾਰ ਅਤੇ ਸਿੱਖਿਆ ਨੇਤਾਵਾਂ ਨੇ ਹਿੱਸਾ ਲਿਆ। ਇਸ ਸਮਾਗਮ ਵਿੱਚ ਵਿਚਾਰਵੇਚਕ ਪੈਨਲ ਚਰਚਾਵਾਂ, ਲੀਡਰਸ਼ਿਪ 'ਤੇ ਇੱਕ ਇੰਟਰਐਕਟਿਵ ਵਰਕਸ਼ਾਪ ਅਤੇ ਸਿੱਖਿਆ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲਿਆਂ ਨੂੰ ਸਨਮਾਨਿਤ ਕਰਨ ਲਈ ਇੱਕ ਅਵਾਰਡ ਸਮਾਰੋਹ ਸ਼ਾਮਲ ਸੀ। ਸਮਾਗਮ ਦੀ ਮੁੱਖ ਮਹਿਮਾਨ ਡਾ. ਗੁਰਿੰਦਰਜੀਤ ਕੌਰ (ਡੀ ਈ ਓ ਸੈਕੰਡਰੀ, ਜਲੰਧਰ) ਅਤੇ ਸਨਮਾਨਿਤ ਮਹਿਮਾਨ ਰਾਜੀਵ ਜੋਸ਼ੀ (ਡਿਪਟੀ ਡੀ ਈ ਓ, ਜਲੰਧਰ) ਅਤੇ ਕਮਾਂਡਰ ਹੇਮੰਤ ਕੁਮਾਰ (ਭਾਰਤੀ ਨੇਵੀ ਵੈਟਰਨ ਅਤੇ ਲੀਡਰਸ਼ਿਪ ਕੋਚ) ਨੇ ਇਸ ਮੌਕੇ 'ਤੇ ਆਪਣੀ ਮੌਜੂਦਗੀ ਦਰਜ ਕੀਤੀ। ਕਮਾਂਡਰ ਹੇਮੰਤ ਕੁਮਾਰ ਨੇ ਲੀਡਰਸ਼ਿਪ 'ਤੇ ਇੱਕ ਪ੍ਰਭਾਵਸ਼ਾਲੀ ਅਤੇ ਦਿਲਚਸਪ ਵਰਕਸ਼ਾਪ ਕਰਵਾਈ, ਜਿਸ ਨੇ ਸਾਰੇ ਹਿੱਸੇਦਾਰਾਂ 'ਤੇ ਇੱਕ ਅਮਿੱਟ ਛਾਪ ਛੱਡੀ।ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਨਾਰਥ ਕੈਂਪਸ) ਦੇ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਨੇ ਵੀ ਸਮੂਹ ਨੂੰ ਸੰਬੋਧਨ ਕਰਦਿਆਂ ਸੰਸਥਾ ਦੇ 25 ਸਾਲਾਂ ਦੇ ਸਿੱਖਿਅਕ ਉੱਤਮਤਾ ਦੀ ਵਿਰਾਸਤ 'ਤੇ ਰੋਸ਼ਨੀ ਪਾਈ।ਇਸ ਸੰਮੇਲਨ ਵਿੱਚ ਪ੍ਰਸਿੱਧ ਸਿੱਖਿਆ ਸ਼ਾਸਤਰੀਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।ਜੀ ਐਨ ਡੀ ਯੂ ਕਾਲਜ, ਜਲੰਧਰ ਦੇ ਮੈਨੇਜਮੈਂਟ ਵਿਭਾਗ ਦੇ ਮੁਖੀ ਡਾ. ਆਸ਼ੀਸ਼ ਅਰੋੜਾ ਨੇ ਸਿੱਖਿਆ ਵਿੱਚ ਅਨੁਸ਼ਾਸਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਦੇ ਸਕੂਲ ਤੋਂ ਬਾਅਦ ਦੇ ਵਿਵਹਾਰ ਬਾਰੇ ਚਿੰਤਾ ਜ਼ਾਹਰ ਕਰਦਿਆਂ ਕਲਾਸ ਅੰਦਰ ਅਤੇ ਬਾਹਰ ਦੋਵਾਂ ਥਾਵਾਂ 'ਤੇ ਮੁੱਲ-ਅਧਾਰਿਤ ਸਿੱਖਿਆ ਦੀ ਲੋੜ 'ਤੇ ਰੋਸ਼ਨੀ ਪਾਈ।ਇਸ ਮੌਕੇ ਸੀ ਟੀ ਗਰੁੱਪ ਦੀ ਜੌਇੰਟ ਮੈਨੇਜਿੰਗ ਡਾਇਰੈਕਟਰ ਮੈਡਮ ਤਾਨਿਕਾ ਚੰਨੀ ਅਤੇ ਡਿਪਟੀ ਡਾਇਰੈਕਟਰ ਡਾ. ਰਮਨਦੀਪ ਗੌਤਮ ਨੇ ਵੀ ਆਪਣੀ ਮੌਜੂਦਗੀ ਦਰਜ ਕੀਤੀ। ਉਨ੍ਹਾਂ ਨੇ ਲੀਡਰਸ਼ਿਪ ਟੀਮ ਨਾਲ ਮਿਲ ਕੇ ਸੀ ਟੀ ਗਰੁੱਪ ਦੀ ਪ੍ਰਗਤੀਸ਼ੀਲ ਅਤੇ ਸਮੇਟਵੀਂ ਸਿੱਖਿਆ ਦੀ ਸਾਂਝੀ ਦਰਸ਼ਨੀ ਨੂੰ ਸਾਂਝਾ ਕੀਤਾ।ਇਸ ਮੌਕੇ ਸੀ ਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਕਿਹਾ, ਐਜੂਲੀਡਰਜ਼ ਸੰਮੇਲਨ ਸਾਡੀ ਸਿੱਖਿਅਕ ਨਵੀਨਤਾ ਅਤੇ ਅਧਿਆਪਕ ਸਸ਼ਕਤੀਕਰਨ ਦੀ ਅਟੁੱਟ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ।ਸਿੱਖਿਆ ਨੇਤਾਵਾਂ ਅਤੇ ਤਬਦੀਲੀ ਲਿਆਉਣ ਵਾਲਿਆਂ ਨੂੰ ਇੱਕਠੇ ਕਰਕੇ, ਅਸੀਂ ਭਵਿੱਖ-ਪਰਖ ਸੋਚ ਅਤੇ ਸਹਿਯੋਗੀ ਤਰੱਕੀ ਦੀ ਸੱਭਿਆਚਾਰ ਨੂੰ ਵਧਾਉਣਾ ਚਾਹੁੰਦੇ ਹਾਂ ।

# ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸਾਰਾ ਪੰਜਾਬ ਹੋਇਆ ਇਕਜੁੱਟ : ਹਰਪਾਲ ਚੀਮਾ

■ ਨਸ਼ੇ ਦੇ ਆਦੀਆਂ ਨੂੰ ਰੋਜ਼ਗਾਰ ਨਾਲ ਜੋੜਨ ਦਾ ਤਹੱਈਆ : ਡਾ. ਬਲਬੀਰ ਸਿੰਘ ■ ਪਿੰਡਾਂ ਦੇ ਪਹਿਰੇਦਾਰਾਂ ਤੇ ਵਾਰਡ ਡਿਫੈਂਸ ਕਮੇਟੀਆਂ ਨਾਲ ਅਹਿਮ ਬੈਠਕ, ਨਸ਼ਿਆਂ ਵਿਰੁੱਧ ਚੁਕਾਈ ਸਹੁੰ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਹੈ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨਾਲ ਲੜਾਈ ਫ਼ੈਸਲਾਕੁੰਨ ਦੌਰ 'ਚ ਪੁੱਜ ਗਈ ਹੈ।ਅੱਜ ਆਪਣੇ ਕੈਬਨਿਟ ਦੇ ਸਾਥੀ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨਾਲ ਪਟਿਆਲਾ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਇੱਕ ਅਹਿਮ ਬੈਠਕ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਅੱਜ ਨਸ਼ਿਆਂ ਵਿਰੁੱਧ ਸਾਰਾ ਪੰਜਾਬ ਇੱਕਜੁਟ ਹੋ ਗਿਆ ਹੈ।ਦੋਵੇਂ ਮੰਤਰੀਆਂ ਨੇ ਜ਼ੋਰ ਨਾਲ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਜਿੱਥੇ ਨਸ਼ਾ ਤਸਕਰਾਂ ਦੇ ਘਰ ਤੇ ਹੌਸਲੇ ਤੋੜੇ ਹਨ, ਉਥੇ ਹੀ ਪਿਛਲੀਆਂ ਸਰਕਾਰਾਂ ਨੇ ਨਸ਼ਾ ਤਸਕਰ ਪਾਲੇ ਹੋਏ ਸਨ।

ਹਰਪਾਲ ਸਿੰਘ ਚੀਮਾ ਨੇ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਨਾਲ ਵਿਸ਼ਾਲ ਇਕੱਤਰਤਾ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਉਂਦਿਆਂ ਲੋਕਾਂ ਨੂੰ ਸੱਦਾ ਦਿੱਤਾ ਕਿ 'ਯੁੱਧ ਨਸ਼ਿਆਂ ਵਿਰੁੱਧ' ਬਣੀ ਲੋਕ ਲਹਿਰ ਨੂੰ ਕਾਮਯਾਬ ਕਰਕੇ ਦੇਸ਼ ਦਾ ਪਹਿਲਾ ਨਸ਼ਾ ਮੁਕਤ ਸੂਬਾ ਬਣਾਇਆ ਜਾਵੇ।ਵਿੱਤ ਮੰਤਰੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੱਕੀ ਠਾਣ ਲਈ ਹੈ ਕਿ ਗੁਰੂਆਂ ਪੀਰਾਂ ਦੀ ਧਰਤੀ ਪੰਜਾਬ ਨੂੰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ।ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਦਾ ਖੁਲਾਸਾ ਕਰਦਿਆਂ ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰੀ 'ਚ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਈ ਤਾਂ ਉਹ ਬਖ਼ਸ਼ਿਆ ਨਹੀਂ ਜਾਵੇਗਾ, ਭਾਵੇਂ ਉਹ ਸਿਆਸੀ ਹੋਵੇ ਜਾਂ ਅਫ਼ਸਰਸ਼ਾਹੀ 'ਚੋਂ ਹੋਵੇ।ਇਸ ਤੋਂ ਪਹਿਲਾਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਜ਼ਿਲ੍ਹੇ ਦੀ ਵਿਸ਼ਾਲ ਇਕੱਤਰਤਾ ਦੇਖਦਿਆਂ ਉਮੀਦ ਪ੍ਰਗਟਾਈ ਕਿ ਪਟਿਆਲਾ ਜ਼ਿਲ੍ਹਾ ਪੰਜਾਬ ਦਾ ਪਹਿਲਾ ਨਸ਼ਾ ਮੁਕਤ ਜ਼ਿਲ੍ਹਾ ਬਣੇਗਾ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਸਦਕਾ ਹੁਣ ਆਮ ਆਦਮੀ ਸਿਰ ਚੁੱਕ ਕੇ ਤੁਰਦਾ ਹੈ, ਜਦਕਿ ਨਸ਼ਾ ਤਸਕਰ ਮੂੰਹ ਛੁਪਾ ਰਹੇ ਹਨ, ਹੁਣ ਡਰੋਨ ਆਉਂਦੇ ਹਨ ਪਰ ਨਸ਼ੇ ਚੁੱਕਣ ਵਾਲੇ ਨਹੀਂ ਹੁੰਦੇ।ਉਨ੍ਹਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਵੀ ਦਿੱਤੀ ਕਿ ਉਹ ਜਾਂ ਪੰਜਾਬ ਛੱਡਣ ਜਾਂ ਨਸ਼ਿਆਂ ਦਾ ਕਾਲਾ ਕਾਰੋਬਾਰ।ਸਿਹਤ ਮੰਤਰੀ ਨੇ ਦੱਸਿਆ ਕਿ ਰਾਜ ਦੇ ਸਾਰੇ ਵਿਧਾਇਕ ਤੇ ਆਗੂ 7 ਮਈ ਤੋਂ ਸਾਰੇ ਪਿੰਡਾਂ 'ਚ ਜਾਣਗੇ ਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਘਰ-ਘਰ ਲੈ ਕੇ ਜਾਇਆ ਜਾਵੇਗਾ।ਇਸ ਮੌਕੇ ਮੰਤਰੀ ਬ੍ਰਹਮ ਸ਼ੰਕਰ ਜਿੰਪਾ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ, ਗੁਰਲਾਲ ਘਨੌਰ, ਨਸ਼ਾ ਮੁਕਤੀ ਮੋਰਚੇ ਦੇ ਮਾਲਵਾ ਜ਼ੋਨ ਦੇ ਕੁਆਰਡੀਨੇਟਰ ਤੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ, ਡੀ.ਆਈ.ਜੀ. ਪਟਿਆਲਾ ਰੇਂਜ ਡਾ. ਨਾਨਕ ਸਿੰਘ, ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੋਂ ਇਲਾਵਾ ਵੱਡੀ ਗਿਣਤੀ ਪਾਰਟੀ ਵਰਕਰ ਤੇ ਆਗੂ ਅਤੇ ਜ਼ਿਲ੍ਹਾ ਅਧਿਕਾਰੀ ਮੌਜੂਦ ਸਨ।

## ਰੋਇਲ ਗ੍ਰੀਨ ਸਿਟੀ ਸੁਸਾਇਟੀ ਦਾ ਵਫ਼ਦ ਨਗਰ ਕੌਂਸਲ ਈ ਓ ਨੂੰ ਮਿਲਿਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰੋਇਲ ਗ੍ਰੀਨ ਸਿਟੀ ਵੈਲਫੇਅਰ ਸੁਸਾਇਟੀ (ਰਜਿ:), ਨਜ਼ਦੀਕ ਮੌੜ ਚੌਕ ਦੇ ਅਹੁਦੇਦਾਰ, ਮੈਂਬਰ ਸਾਹਿਬਾਨ (ਵਸਨੀਕ, ਪਲਾਟ ਹੋਲਡਰਜ਼) ਦਾ ਇੱਕ ਵਫਦ ਨਗਰ ਕੌਂਸਲ ਦੇ ਈ.ਓ. ਰਜਨੀਸ਼ ਕੁਮਾਰ ਨੂੰ ਮਿਲਿਆ।ਉਨ੍ਹਾਂ ਰੋਇਲ ਗ੍ਰੀਨ ਸਿਟੀ ਕਲੋਨੀ, ਨਜ਼ਦੀਕ ਮੌੜ ਚੌਕ, ਰਾਮਪੁਰਾ ਦੇ ਪ੍ਰੋਮੋਟਰ/ਡਿਵੈਲਪਰਾਂ/ਪਾਰਟਨਰਾਂ ਦੁਆਰਾ ਪੰਜਾਬ ਅਪਾਰਟਮੈਂਟ ਤੇ ਪ੍ਰਾਪਰਟੀਜ਼ ਐਕਟ, 1995 ਤੇ ਰੀਅਲ ਐਸਟੇਟ ਰੈਗੂਲੇਸ਼ਨ ਐਕਟ 2016 ਦੀ ਉਲੰਘਣਾ ਕਰਨ ਅਤੇ ਹੋਰ ਬੇਨਿਯਮੀਆਂ ਕਰਨ ਸਬੰਧੀ ਉਨ੍ਹਾਂ ਨੂੰ ਜਾਣੂ ਕਰਾਇਆ ਗਿਆ।ਵਫ਼ਦ ਵੱਲੋਂ ਈ.ਓ. ਨੂੰ ਇਹ ਵੀ ਦੱਸਿਆ ਗਿਆ ਕਿ ਕਿਸ ਤਰ੍ਹਾਂ ਪੰਜਾਬ ਸਰਕਾਰ ਦੇ ਕਾਨੂੰਨਾਂ ਤੇ ਨਿਯਮਾਂ ਮੁਤਾਬਕ ਕਲੋਨੀ ਦੇ ਪ੍ਰੋਮੋਟਰ/ਡਿਵੈਲਪਰਾਂ/ਪਾਰਟਨਰਾਂ ਦੁਆਰਾ ਪਲਾਟ ਹੋਲਡਰਜ਼ ਨੂੰ ਦਿੱਤੀਆਂ ਜਾਣ ਵਾਲੀਆਂ ਮੁੱਢਲੀਆ ਜ਼ਰੂਰੀ ਸਹੂਲਤਾਂ ਨਾ ਦੇ ਕੇ ਕਾਨੂੰਨਾਂ ਦੀ ਘੋਰ ਉਲੰਘਣਾ ਕੀਤੀ ਜਾ ਰਹੀ ਹੈ।ਇਸ ਤੋਂ ਇਲਾਵਾ ਪ੍ਰੋਮੋਟਰ/ਡਿਵੈਲਪਰਾਂ/ਪਾਰਟਨਰਾਂ ਦੁਆਰਾ ਕਲੋਨੀ ਦੇ ਵਿਕਾਸ ਕਾਰਜਾਂ ਵਿੱਚ ਬੇਨਿਯਮੀਆਂ ਕੀਤੀਆਂ ਗਈਆਂ ਹਨ।ਕਲੋਨੀ ਦੇ ਵਸਨੀਕਾਂ, ਪਲਾਟ ਹੋਲਡਰਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਲਗਾਤਾਰ ਪੇਸ਼ ਆ ਰਹੀਆਂ ਸਮੱਸਿਆਵਾਂ ਸਬੰਧੀ ਅਤੇ ਕਲੋਨੀ ਦੇ ਬਕਾਇਆ ਰਹਿੰਦੇ ਵਿਕਾਸ ਕਾਰਜਾਂ ਸਬੰਧੀ ਵੀ ਈ.ਓ. ਨੂੰ ਜਾਣੂ ਕਰਾਇਆ ਗਿਆ।ਇਸ ਸਬੰਧੀ ਕਲੋਨੀ ਦੇ ਵਸਨੀਕਾਂ ਤੇ ਪਲਾਟ ਹੋਲਡਰਾਂ ਦੁਆਰਾ ਦਸਤਖਤ ਕੀਤਾ ਹੋਇਆ ਇੱਕ ਸ਼ਿਕਾਇਤ ਪੱਤਰ ਵੀ ਈ.ਓ. ਨੂੰ ਸੌਂਪਿਆ ਗਿਆ।

## ਸਨਮਤੀ ਵਿਮਲ ਜੈਨ ਸਕੂਲ 'ਚ ਕਵਿਤਾ ਉਚਾਰਣ ਮੁਕਾਬਲੇ ਕਰਾਏ



**ਜਗਰਾਉਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਡਾਇਰੈਕਟਰ ਮੈਡਮ ਸ਼ਸ਼ੀ ਜੈਨ ਦੀ ਅਗਵਾਈ ਹੇਠ ਪਹਿਲੀ ਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਦਾ ਕਵਿਤਾ ਉਚਾਰਨ ਮੁਕਾਬਲਾ ਕਰਾਇਆ ਗਿਆ। ਇਸ ਕਵਿਤਾ ਉਚਾਰਨ ਮੁਕਾਬਲੇ ਵਿੱਚ ਪਹਿਲੀ ਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਕਵਿਤਾ ਉਚਾਰਨ ਦਾ ਮੁੱਖ ਵਿਸ਼ਾ ਪਾਣੀ ਬਚਾਓ, ਧਰਤੀ ਬਚਾਓ, ਸੰਤੁਲਤ ਖੁਰਾਕ, ਚੰਗੀਆਂ ਆਦਤਾਂ ਅਤੇ ਮੋਬਾਈਲ ਫੋਨ ਰੱਖਿਆ ਗਿਆ।ਬੱਚਿਆਂ ਨੇ ਮੁਕਾਬਲੇ ਵਿੱਚ ਰੁੱਖ ਲਗਾਓ, ਧਰਤੀ ਬਚਾਓ ਦਾ ਸੰਦੇਸ਼ ਦਿੰਦੇ ਹੋਏ ਆਪਣੀਆਂ ਕਵਿਤਾਵਾਂ ਸੁਣਾਈਆਂ। ਡਾਇਰੈਕਟਰ ਮੈਡਮ ਸ਼ਸ਼ੀ ਜੈਨ ਨੇ ਬੱਚਿਆਂ ਨੂੰ ਪਾਣੀ ਬਚਾਉਣ, ਰੁੱਖ ਲਾਉਣ ਤੇ ਭਵਿੱਖ ਵਿੱਚ ਮੋਬਾਈਲ ਫੋਨ ਦੀ ਵਰਤੋਂ ਘੱਟ ਕਰਨ ਦਾ ਸੰਦੇਸ਼ ਦਿੱਤਾ।ਕਵਿਤਾ ਉਚਾਰਨ ਮੁਕਾਬਲੇ ਵਿੱਚ ਸ੍ਰੀਮਤੀ ਨਵਜੋਤ ਕੌਰ, ਈਸ਼ਾ ਢੰਡ ਤੇ ਸ਼ੈਲੀ ਅਰੋੜਾ ਨੇ ਜੱਜਾਂ ਦੀ ਭੂਮਿਕਾ ਨਿਭਾਈ। ਕਵਿਤਾ ਉਚਾਰਣ ਪ੍ਰਤੀਯੋਗਤਾ ਵਿੱਚ ਪਹਿਲੀ ਜਮਾਤ ਦੀ ਮਿਸ਼ੀਕਾ ਤੇ ਦੂਜੀ ਜਮਾਤ ਦੀ ਇਕਮਨ ਕੌਰ ਪਹਿਲੇ ਸਥਾਨ 'ਤੇ, ਪਹਿਲੀ ਜਮਾਤ ਦੀ ਸ਼੍ਰਿਯਾਂਸ਼ੀ ਸਿੰਘ ਤੇ ਦੂਜੀ ਜਮਾਤ ਦੀ ਇਸ਼ਮੀਤ ਕੌਰ ਦੂਜੇ ਤੇ ਪਹਿਲੀ ਜਮਾਤ ਦੀ ਦਿਵਿਆਂਸ਼ ਅਤੇ ਦੂਜੀ ਜਮਾਤ ਦੀ ਗੁਰਸਾਕਸ਼ੀ ਕੌਰ ਤੀਜੇ ਸਥਾਨ 'ਤੇ ਰਹੀ।ਡਾਇਰੈਕਟਰ ਮੈਡਮ ਨੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਣਾ ਨੇ ਸਾਰੇ ਬੱਚਿਆਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

## ਸ੍ਰੀ ਸੁਖਮਨੀ ਸਾਹਿਬ ਦੇ ਭੋਗ ਪਾਏ



**ਸੰਗਰੂਰ (ਪ੍ਰਵੀਨ ਸਿੰਘ)**-ਭੁਪਿੰਦਰ ਸਿੰਘ ਨਹਿਲ ਦਾ ਨਗਰ ਕੌਂਸਲ ਦਾ ਪ੍ਰਧਾਨ ਬਣਨ ਦੀ ਖੁਸ਼ੀ ਮੌਕੇ ਗੁਰਦੁਆਰਾ ਸ੍ਰੀ ਅਕਾਲਸਰ ਸਾਹਿਬ ਸੁਨਾਮ ਰੋਡ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਭੋਗ ਪਾਏ ਗਏ। ਇਸ ਮੌਕੇ ਪ੍ਰਧਾਨ ਨਾਲ ਸਾਰੇ ਐਮ.ਸੀ ਨੇ ਗੁਰੂ ਮਹਾਰਾਜ ਜੀ ਦਾ ਆਸ਼ੀਰਵਾਦ ਲਿਆ। ਇਸ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਖੁਸ਼ੀ ਮੌਕੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਉਚੇਚੇ ਤੌਰ 'ਤੇ ਪਹੁੰਚੇ।

## ਅੱਖਾਂ ਦੀ ਜਾਂਚ ਸੰਬੰਧੀ ਕੈਂਪ ਲਾਇਆ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿੱਖ ਕੌਮ ਦੇ ਮਹਾਨ ਜਰਨੈਲ ਤੇ ਰਾਮਗੜ੍ਹੀਆ ਮਿਸਲ ਦੇ ਬਾਨੀ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਹਾੜੇ ਨੂੰ ਸਮਰਪਤ ਰਾਮਗੜ੍ਹੀਆ ਵੈਲਫੇਅਰ ਫੈਡਰੇਸ਼ਨ ਪੰਜਾਬ ਵੱਲੋਂ ਅੱਖਾਂ ਦੀ ਜਾਂਚ ਸਬੰਧੀ ਮੁਫ਼ਤ ਕੈਂਪ ਲਾਇਆ ਗਿਆ।ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਰਾਮਗੜ੍ਹੀਆ ਭਾਈਚਾਰੇ ਨੂੰ ਵਧਾਈ ਦਿੱਤੀ।ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜੀਵਨ, ਸਿੱਖ ਇਤਿਹਾਸ ਵਿੱਚ ਉਨ੍ਹਾਂ ਦੀ ਸ਼ਾਨਾਮੱਤੀ ਭੂਮਿਕਾ ਤੇ ਸਿੱਖ ਰਾਜ ਦੀ ਉਸਾਰੀ ਵਿੱਚ ਯੋਗਦਾਨ ਬਾਰੇ ਜਾਣੂ ਕਰਾਇਆ।ਉਨ੍ਹਾਂ ਕਿਹਾ ਕਿ ਅਜਿਹੇ ਮਹਾਨ ਯੋਧਿਆਂ ਦੇ ਜੀਵਨ ਬਾਰੇ ਨੌਜਵਾਨ ਪੀੜ੍ਹੀ ਨੂੰ ਜਾਗਰੂਕ ਕਰਨ ਲਈ ਅਜਿਹੇ ਸਮਾਗਮ ਨਿਯਮਤ ਤੌਰ 'ਤੇ ਕਰਾਏ ਜਾਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਦੇਣ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਤੇ ਉਹ ਸਿੱਖ ਇਤਿਹਾਸ ਦੇ ਵੱਡੇ ਮੀਲ ਪੱਥਰ ਸਨ।ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਜਿੱਥੇ ਕੌਮ ਦੇ ਇਸ ਮਹਾਨ ਨਾਇਕ ਨੂੰ ਸਿਜਦਾ ਕੀਤਾ, ਉੱਥੇ ਹੀ ਰਾਮਗੜ੍ਹੀਆ ਭਾਈਚਾਰੇ ਨੂੰ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਹਾੜੇ ਦੀ ਦਿਲੋਂ ਮੁਬਾਰਕਬਾਦ ਵੀ ਭੇਟ ਕੀਤੀ। ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਵੀ ਲੋਕਾਂ ਨੂੰ ਵਧ-ਚੜ੍ਹ ਕੇ ਸਹਿਯੋਗ ਦੇਣ ਦਾ ਸੱਦਾ ਦਿੱਤਾ।

## ਵਿਦਿਆਰਥੀਆਂ ਦੀ ਸੀ ਸੈੱਟ ਦੀ ਆਨਲਾਈਨ ਕਲਾਸ ਲਾਈ



**ਦੋਰਾਹਾ (ਹਰਮਿੰਦਰ ਸੇਠ)**-ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਰਹਿਨੁਮਾਈ ਹੇਠ ਤੇ ਸਕੱਤਰ ਵਿੱਦਿਆ ਇੰਜੀ. ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਚੱਲ ਰਹੇ ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਵਿਖੇ ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਦੀ ਅਗਵਾਈ ਹੇਠ ਨਿਸ਼ਚੈ ਸਿਵਲ ਸਰਵਿਸਿਜ਼ ਕੋਚਿੰਗ ਅਕੈਡਮੀ, ਚੰਡੀਗੜ੍ਹ ਵੱਲੋਂ ਵਿਦਿਆਰਥੀਆਂ ਦੀ ਸੀ-ਸੈਟ ਦੀ ਆਨਲਾਈਨ ਕਲਾਸ ਲਾਈ ਗਈ।ਇਸ ਕਲਾਸ ਵਿੱਚ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧੇ ਲਈ ਐਪਟੀਟਿਊਡ ਟੈਸਟ ਸਕਿੱਲਜ਼, ਤਰਕ ਵਿੱਦਿਆ ਤੇ ਮਾਨਸਿਕ ਯੋਗਤਾ ਲਈ ਵੱਖ-ਵੱਖ ਤਰ੍ਹਾਂ ਦੇ ਟੈਸਟਾਂ ਦਾ ਅਧਿਐਨ ਕਰਾਇਆ ਗਿਆ।ਲੈਕਚਰ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ।ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਡਾਇਰੈਕਟਰ ਆਫ਼ ਐਜੂਕੇਸ਼ਨ ਦੀ ਅਜਿਹੀ ਕਾਰਗੁਜ਼ਾਰੀ ਲਈ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਨੂੰ ਅਜਿਹੇ ਪ੍ਰੋਗਰਾਮਾਂ ਤੋਂ ਵਧੇਰੇ ਲਾਹਾ ਲੈਣ ਲਈ ਪ੍ਰੇਰਿਤ ਕੀਤਾ।

## ਅਧਿਆਪਕਾਂ ਨੂੰ ਦਿੱਤੀ ਗਈ ਸਮਾਰਟ ਪੈਨਲ ਟ੍ਰੇਨਿੰਗ




**ਜਗਰਾਉਂ (ਅਮਿਤ ਖੰਨਾ)**-ਸਵਾਮੀ ਰੂਪ ਚੰਦ ਜੈਨ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਰਾਜਪਾਲ ਕੌਰ ਤੇ ਸਕੂਲ ਮੈਨੇਜਮੈਂਟ ਸਕੂਲ ਨੂੰ ਉੱਚੀਆਂ ਬੁਲੰਦੀਆਂ ਤੱਕ ਪੁਚਾਉਣ ਲਈ ਕੋਈ ਨਾ ਕੋਈ ਉਪਰਾਲਾ ਕਰਦੇ ਰਹਿੰਦੇ ਹਨ।ਸਿੱਖਿਆ ਦੇ ਖੇਤਰ ਵਿੱਚ ਨਵੀਆਂ ਤਕਨਾਲੋਜੀਆਂ ਤੇ ਆਧੁਨਿਕ ਤਰੀਕਿਆਂ ਨੂੰ ਅਪਣਾਉਂਦਿਆਂ ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਨੇ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਹੈ।ਹਾਲ ਹੀ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਅਧਿਆਪਕਾਂ ਲਈ ਇੱਕ ਵਿਸ਼ੇਸ਼ ਸਮਾਰਟ ਕਲਾਸ ਟ੍ਰੇਨਿੰਗ ਕੋਚਿੰਗ ਸੈਸ਼ਨ ਆਯੋਜਤ ਕੀਤਾ ਗਿਆ, ਜਿਸਦਾ ਮਕਸਦ ਅਧਿਆਪਕਾਂ ਨੂੰ ਆਧੁਨਿਕ ਡਿਜ਼ੀਟਲ ਪਾਠਸ਼ਾਲਾ ਤਕਨਾਲੋਜੀ ਨਾਲ ਰੂਬਰੂ ਕਰਾਉਣਾ ਸੀ ਤਾਂ ਜੁ ਵਿਦਿਆਰਥੀਆਂ ਨੂੰ ਅਜੋਕੀ ਸਿੱਖਿਆ ਪ੍ਰਣਾਲੀ ਦੇ ਨਾਲ ਚੱਲਣ ਇਹ ਯੋਗ ਬਣਾ ਕੇ ਉਨ੍ਹਾਂ ਦੇ ਭਵਿੱਖ ਨੂੰ ਸਫ਼ਲ ਬਣਾਇਆ ਜਾ ਸਕੇ।ਕੋਚਿੰਗ ਸੈਸ਼ਨ ਦੌਰਾਨ ਅਧਿਆਪਕਾਂ ਨੂੰ ਇੰਟਰਐਕਟਿਵ ਬੋਰਡ, ਐਡੀਕੇਸ਼ਨਲ ਐਪਸ, ਈ-ਕੰਟੈਂਟ, ਪ੍ਰੋਜੈਕਟਰ ਵਰਗੀਆਂ ਤਕਨੀਕਾਂ ਦੀ ਵਰਤੋਂ ਸਿਖਾਈ ਗਈ।ਟ੍ਰੇਨਿੰਗ ਵਿੱਚ ਇਹ ਵੀ ਦੱਸਿਆ ਗਿਆ ਕਿ ਵਿਦਿਆਰਥੀਆਂ ਨੂੰ ਕਿਸ ਤਰੀਕੇ ਨਾਲ ਆਡੀਓ-ਵਿਜ਼ੂਅਲ ਸਾਧਨਾਂ ਰਾਹੀਂ ਪਾਠ ਪੜ੍ਹਾ ਕੇ ਉਨ੍ਹਾਂ ਦੀ ਸਿੱਖਣ ਦੀ ਕਾਬਲੀਅਤ ਨੂੰ ਹੋਰ ਮਜਬੂਤ ਬਣਾਇਆ ਜਾ ਸਕਦਾ ਹੈ।ਸਕੂਲ ਪ੍ਰਿੰਸੀਪਲ ਰਾਜਪਾਲ ਕੌਰ ਨੇ ਕਿਹਾ ਕਿ ਸਿੱਖਿਆ ਸਿਰਫ਼ ਵਿਦਿਆਰਥੀਆਂ ਲਈ ਨਹੀਂ, ਅਧਿਆਪਕਾਂ ਲਈ ਵੀ ਇੱਕ ਲਗਾਤਾਰ ਚੱਲ ਰਹੀ ਯਾਤਰਾ ਹੈ।ਇਹ ਟ੍ਰੇਨਿੰਗ ਉਨ੍ਹਾਂ ਨੂੰ ਨਵੇਂ ਸਮੇਂ ਦੇ ਨਾਲ-ਨਾਲ ਤਿਆਰ ਕਰਨ ਲਈ ਇਕ ਉੱਤਮ ਕਦਮ ਹੈ।ਅਧਿਆਪਕਾਂ ਨੇ ਵੀ ਇਹ ਟ੍ਰੇਨਿੰਗ ਬਹੁਤ ਉਤਸ਼ਾਹ ਨਾਲ ਲਈ ਤੇ ਕਿਹਾ ਕਿ ਇਹ ਉਨ੍ਹਾਂ ਲਈ ਇਹ ਇੱਕ ਮਿੱਠੀ, ਦਿਲਚਸਪ ਤੇ ਸਿੱਖਣ ਯੋਗ ਅਨੁਭਵ ਸੀ।ਕੁੱਝ ਅਧਿਆਪਕਾਂ ਨੇ ਆਪਣੀਆਂ ਪ੍ਰਤਿਕਿਰਿਆਵਾਂ 'ਚ ਦੱਸਿਆ ਕਿ ਉਨ੍ਹਾਂ ਹੁਣ ਪਾਠਾਂ ਨੂੰ ਹੋਰ ਆਸਾਨ ਤੇ ਵਿਦਿਆਰਥੀ-ਕੇਂਦਰਤ ਬਣਾਉਣ ਲਈ ਨਵੇਂ ਤਰੀਕੇ ਅਪਣਾਉਣ ਦਾ ਯਤਨ ਸ਼ੁਰੂ ਕਰ ਦਿੱਤਾ ਹੈ।

## ਅਕਾਲੀ ਦਲ ਸੁਤੰਤਰ ਵੱਲੋਂ ਨਗਰ ਕੌਂਸਲ ਖਿਲਾਫ ਰੋਸ ਧਰਨਾ 8 ਨੂੰ

**ਨਾਭਾ (ਵਰਿੰਦਰ ਵਰਮਾ)**-ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੀ ਅਗਵਾਈ ਹੇਠ ਮੋਤੀ ਬਾਗ ਦਫਤਰ ਵਿਖੇ ਇੱਕ ਅਹਿਮ ਮੀਟਿੰਗ ਹੋਈ।ਇਸ ਮੌਕੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਿਛਲੀ ਦਿਨੀਂ ਮੀਟਿੰਗ ਬੁਲਾਈ ਗਈ ਸੀ, ਜਿਸ ਵਿੱਚ ਫੈਸਲਾ ਲਿਆ ਗਿਆ ਸੀ ਕਿ ਪੱਥਰ ਵਾਲੀ ਸੜਕ ਦੇ ਮੁੱਦੇ ਨੂੰ ਲੈ ਕੇ 5 ਮਈ ਨੂੰ ਨਗਰ ਕੌਂਸਲ ਖਿਲਾਫ ਧਰਨਾ ਲੱਗਣਾ ਸੀ, ਜਿਸ ਵਿੱਚ ਵਰਕਰਾਂ ਵੱਲੋਂ ਕਾਲੀਆਂ ਝੰਡੀਆਂ ਲੈ ਕੇ ਪ੍ਰਸ਼ਾਸਨ ਤੇ ਸਰਕਾਰ ਖਿਲਾਫ ਰੋਸ ਮੁਜ਼ਾਹਰਾ ਕਰਨਾ ਸੀ, ਕਿਉਂਕਿ ਇਹ ਸੜਕ ਇੰਟਰਲੌਕਿੰਗ ਬਣ ਰਹੀ ਸੀ, ਪ੍ਰੰਤੂ ਇਸ ਨੂੰ ਅਧੂਰਾ ਛੱਡਿਆ ਗਿਆ।ਇਹ ਸੜਕ 'ਤੇ ਲਾਈਟਾਂ ਦਾ ਕੋਈ ਪ੍ਰਬੰਧ ਨਹੀਂ ਹੈ, ਰਾਤ ਦੇ ਸਮੇਂ ਅੰਧੇਰਾ ਹੋਣ ਕਾਰਨ ਨਸ਼ੇ ਕਰਨ ਵਾਲੇ ਤੇ ਚੋਰਾਂ ਵੱਲੋਂ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਉਸ ਸੜਕ ਤੇ ਗੁਰੂ ਘਰ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਦਰਸ਼ਨ ਕਰਨ ਲਈ ਆਉਂਦੀਆਂ ਹਨ, ਉਨ੍ਹਾਂ ਨੂੰ ਵੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ।ਪਰਮਜੀਤ ਸਿੰਘ ਸਹੋਲੀ ਨੇ ਕਿਹਾ ਕਿ ਕੁਝ ਘਰੇਲੂ ਮਜਬੂਰੀਆਂ ਹੋਣ ਕਾਰਨ ਇਹ ਧਰਨਾ ਰੱਦ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਇਸ ਮੀਟਿੰਗ ਵਿੱਚ ਫੈਸਲਾ ਲਿਆ ਗਿਆ ਹੈ ਕਿ ਇਹ ਰੋਸ ਧਰਨਾ ਨਗਰ ਕੌਂਸਲ ਖਿਲਾਫ ਦਫਤਰ ਅੱਗੇ 8 ਮਈ ਨੂੰ ਲਗਾਇਆ ਜਾਵੇਗਾ।ਇਸ ਮੌਕੇ ਹਰਬੰਸ ਸਿੰਘ ਖੱਟੜਾ, ਸੁਰਜੀਤ ਸਿੰਘ ਬਾਬਰਪੁਰ, ਹੈਪੀ ਸੁੱਖੇਵਾਲ, ਜਗਰੂਪ ਸਿੰਘ ਬੋੜਾ, ਪੂਰਨ ਸਿੰਘ ਅਲਹੋਰਾ, ਪਰਮਜੀਤ ਸਿੰਘ ਨਾਭਾ, ਜਗਮੀਤ ਸਿੰਘ ਕਾਮਰੇਡ, ਗੁਰਬਖਸ਼ ਸਿੰਘ ਬਾਬਰਪੁਰ, ਗੁਲਜਾਰ ਸਿੰਘ ਇਛੇਵਾਲ, ਮੀਤਾ ਸਹੋਲੀ, ਖੁਸ਼ੀ ਮੁਹੰਮਦ ਸਹੌਲੀ, ਆਦਿ ਹਾਜ਼ਰ ਸਨ।

## ਨੂਰਪੁਰਾ ਦੀ ਪੰਚਾਇਤ ਆਪ 'ਚ ਸ਼ਾਮਲ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਬਲਾਕ ਪਾਤੜਾਂ ਅਧੀਨ ਆਉਂਦੇ ਪਿੰਡ ਨੂਰਪੁਰਾ ਦੀ ਗ੍ਰਾਮ ਪੰਚਾਇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਈ ਹੈ।ਆਮ ਆਦਮੀ ਪਾਰਟੀ ਦੇ ਆਗੂ ਜਰਨੈਲ ਸਿੰਘ ਦੀ ਪ੍ਰੇਰਨਾ ਸਦਕਾ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਰਪੰਚ ਤੇ ਗ੍ਰਾਮ ਪੰਚਾਇਤ ਦੇ ਮੈਂਬਰਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਤੇ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਭਰਵਾਂ ਸਵਾਗਤ ਕਰਦਿਆਂ ਮਾਨ ਸਨਮਾਨ ਦਾ ਭਰੋਸਾ ਦਿੱਤਾ ਹੈ।ਗ੍ਰਾਮ ਪੰਚਾਇਤ ਨੂਰਪੁਰਾ ਦੇ ਸਰਪੰਚ ਸ਼੍ਰੀਮਤੀ ਬਲਜੀਤ ਕੌਰ ਪਤਨੀ ਕਿੱਕਰ ਸਿੰਘ ਤੇ ਪੰਚਾਂ ਗੁਰਮੇਜ ਸਿੰਘ, ਗੁਰਚਰਨ ਸਿੰਘ, ਗੁਲਾਬ ਸਿੰਘ, ਗੁਰਮੀਤ ਕੌਰ ਤੇ ਲਖਵਿੰਦਰ ਕੌਰ ਦਾ ਸਵਾਗਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਸੱਤਾ ਵਿੱਚ ਆਉਣ ਤੋਂ ਬਾਅਦ ਸੂਬੇ ਦੀਆਂ ਬੁਨਿਆਦੀ ਸਮੱਸਿਆਵਾਂ ਹੱਲ ਕਰਨ ਦੇ ਨਾਲ ਨਾਲ ਪਿੰਡਾਂ ਤੇ ਸ਼ਹਿਰਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲਗਾਤਾਰ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੇ ਨਤੀਜੇ ਮਿਲਣੇ ਸ਼ੁਰੂ ਹੋ ਗਏ ਹਨ।

ਆਪ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਨੇਕ ਨੀਤੀ ਨਾਲ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।ਨੂਰਪੁਰਾ ਦੇ ਪੰਚਾਇਤ ਮੈਂਬਰਾਂ ਨੂੰ ਭਰੋਸਾ ਦਿਵਾਉਂਦਿਆਂ ਉਨ੍ਹਾਂ ਕਿਹਾ ਕਿ ਪਿੰਡ ਦੇ ਸਰਬਪੱਖੀ ਵਿਕਾਸ ਲਈ ਪੰਚਾਇਤ ਨੂੰ ਦਿੱਤੀਆਂ ਜਾਣ ਵਾਲੀਆਂ ਗਰਾਂਟਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

## ਸੰਵਿਧਾਨ ਬਚਾਉਣ ਲਈ ਕਾਂਗਰਸ ਵੱਲੋਂ ਸੂਬਾ ਤੇ ਜ਼ਿਲ੍ਹਾ ਪੱਧਰੀ ਰੈਲੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਕਾਂਗਰਸ ਪਾਰਟੀ ਵੱਲੋਂ ਦੇਸ਼ ਦੇ ਸੰਵਿਧਾਨ ਨੂੰ ਬਚਾਉਣ ਲਈ ਪੰਜਾਬ ਤੇ ਜ਼ਿਲ੍ਹਾ ਪੱਧਰੀ ਰੈਲੀਆਂ ਦੀ ਤਿਆਰੀ ਲਈ ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਵੱਲੋਂ ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਦੀ ਪ੍ਰਧਾਨਗੀ ਹੇਠ ਇੱਕ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਬਕਾ ਮੰਤਰੀ ਤੇ ਜ਼ਿਲ੍ਹਾ ਕੁਆਰਡੀਨੇਟਰ ਗੁਰਪ੍ਰੀਤ ਸਿੰਘ ਕਾਂਗੜ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਸ੍ਰੀ ਰਾਹੁਲ ਗਾਂਧੀ ਤੇ ਕੌਮੀ ਪ੍ਰਧਾਨ ਮਲਿਕ ਅਰਜੁਨ ਖੜਗੇ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੰਵਿਧਾਨ ਬਚਾਓ ਰੈਲੀ ਤਹਿਤ ਸੰਗਰੂਰ ਵਿਖੇ 18 ਮਈ ਨੂੰ ਸੂਬਾ ਪੱਧਰੀ ਰੈਲੀ ਕੀਤੀ ਜਾ ਰਹੀ ਹੈ।ਇਸ ਰੈਲੀ ਉਪਰੰਤ ਸੂਬੇ 'ਚ ਜ਼ਿਲ੍ਹਾ ਪੱਧਰੀ ਤੇ ਬਲਾਕ ਪੱਧਰੀ ਰੈਲੀਆਂ ਵੀ ਕੀਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ ਨਾਲ ਮੌਜੂਦਾ ਕੇਂਦਰ ਸਰਕਾਰ ਵੱਲੋਂ ਛੇੜਛਾੜ ਕੀਤੀ ਜਾ ਰਹੀ ਹੈ ਤਾਂ ਉਸ ਤੋਂ ਲੱਗਦਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਲੋਕਾਂ ਦੀ ਅਵਾਜ਼ ਨੂੰ ਬੰਦ ਕਰਨ ਦੇ ਯਤਨ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਪਹਿਲਗਾਮ ਵਿਖੇ ਅੱਤਵਾਦੀ ਹਮਲੇ ਵਿੱਚ ਮਾਰੇ ਗਏ ਪਰਿਵਾਰਾਂ ਨੂੰ ਇਨਸਾਫ ਨਹੀਂ ਦੇ ਸਕੀ, ਉਲਟਾ ਬੀ ਜੇ ਪੀ ਟਰੋਲ ਆਰਮੀ ਵੱਲੋਂ ਹਮਲੇ ਵਿੱਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਖਿਲਾਫ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ, ਜਿਸ ਕਾਰਨ ਦੇਸ਼ ਦੇ ਲੋਕਾਂ ਵਿੱਚ ਮੋਦੀ ਸਰਕਾਰ ਖ਼ਿਲਾਫ਼ ਭਾਰੀ ਗੁੱਸਾ ਤੇ ਰੋਹ ਹੈ।

ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਪਹਿਲਗਾਮ ਹਮਲੇ ਵਿੱਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨਾਲ ਖੜੀ ਹੈ ਤੇ ਉਨ੍ਹਾਂ ਨੂੰ ਇਨਸਾਫ ਦਿਵਾਉਣ ਦੀ ਲੜਾਈ ਲੜ ਰਹੀ ਹੈ।ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਸੂਬਾ ਪੱਧਰੀ ਰੈਲੀ ਲਈ ਵਿਆਪਕ ਪੱਧਰ ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਮਾਨਸਾ ਜ਼ਿਲ੍ਹੇ ਵੱਲੋਂ ਰੈਲੀ 'ਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ ਤੇ ਜ਼ਿਲ੍ਹਾ ਪੱਧਰੀ ਰੈਲੀ ਲਈ ਵੀ ਵੱਡੀ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।

ਇਸ ਮੌਕੇ ਬਿਕਰਮ ਸਿੰਘ ਮੋਫ਼ਰ, ਬਲਕੌਰ ਸਿੰਘ ਮੂਸਾ, ਰਣਵੀਰ ਕੌਰ ਮੀਆਂ, ਸੱਤਪਾਲ ਸਿੰਘ ਮੂਲੇਵਾਲਾ, ਗੁਰਪ੍ਰੀਤ ਸਿੰਘ ਵਿੱਕੀ, ਕੁਲਵੰਤ ਰਾਏ ਸਿੰਗਲਾ, ਰਿੰਪੀ ਬਰਾੜ, ਸੁਰੇਸ਼ ਕੁਮਾਰ ਨੰਦਗੜ੍ਹੀਆ, ਮਨਦੀਪ ਸਿੰਘ ਗੋਰਾ, ਸੁਖਦਰਸ਼ਨ ਸਿੰਘ ਖਾਰਾ, ਐਡਵੋਕੇਟ ਬਲਕਰਨ ਸਿੰਘ ਬੱਲੀ, ਤਰਜੀਤ ਸਿੰਘ ਚਹਿਲ, ਅੰਮ੍ਰਿਤਪਾਲ ਸਿੰਘ ਕੂਕਾ, ਬਲਵੰਤ ਸਿੰਘ ਕੋਰਵਾਲਾ, ਨਵੀਨ ਕਾਲਾ ਬੋਹਾ, ਨੇਮ ਚੰਦ ਚੌਧਰੀ, ਚੰਦਰ ਸ਼ੇਖਰ ਨੰਦੀ, ਕਮਲ਼ ਚੂਨੀਆਂ, ਖੇਮ ਸਿੰਘ ਜਟਾਣਾ, ਗੁਰਮੇਲ ਸਿੰਘ ਦਲੇਲ ਸਿੰਘ ਵਾਲਾ, ਅੰਮ੍ਰਿਤਪਾਲ ਸਿੰਘ ਗੋਗਾ, ਰਾਮ ਸਿੰਘ ਫਤਿਹਪੁਰ, ਪਵਨ ਕੁਮਾਰ ਐੱਮ ਸੀ, ਸੰਦੀਪ ਸ਼ਰਮਾ ਐੱਮ ਸੀ, ਚਮਕੌਰ ਸਿੰਘ ਮੂਸਾ, ਜਗਦੀਪ ਸਿੰਘ, ਹਰਬੰਸ ਸਿੰਘ, ਤੀਰਥ ਸਵੀਟੀ, ਬਲਦੇਵ ਸਿੰਘ ਰੜ, ਬਲਜੀਤ ਸ਼ਰਮਾ, ਸਰਬਜੀਤ ਸਿੰਘ ਮੀਆਂ, ਹਰਵਿੰਦਰ ਭਾਰਦਵਾਜ, ਜਗਰਾਜ ਸਿੰਘ, ਪ੍ਰਸ਼ਾਂਤ ਕੁਮਾਰ, ਸੁਖਦੇਵ ਸਿੰਘ ਉੱਭਾ, ਸਵਰਨ ਸਿੰਘ ਖੁਡਾਲ, ਪ੍ਰਦੀਪ ਬਿੱਟੂ ਆਦਿ ਹਾਜ਼ਰ ਸਨ।

## ਲੁਧਿਆਣਾ-ਰੋਪੜ ਹਾਈਵੇ ਦੇ 23 ਕਿਲੋਮੀਟਰ ਰਸਤੇ ਲਈ ਜ਼ਮੀਨ ਐਕਵਾਇਰ ਕੀਤੀ

■ ਭਾਰੀ ਫੋਰਸ ਬਲ ਦੀ ਮੌਜੂਦਗੀ 'ਚ ਕਿਸਾਨਾਂ ਤੋਂ ਕਬਜ਼ੇ ਛੁਡਵਾਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਲੁਧਿਆਣਾ (ਲਾਡੋਵਾਲ) ਤੋਂ ਲੈ ਕੇ ਰੋਪੜ ਤੱਕ ਜੋ ਨੈਸ਼ਨਲ ਹਾਈਵੇ ਬਣਨ ਜਾ ਰਿਹਾ ਹੈ, ਉਸ ਦੀ ਜ਼ਮੀਨ ਐਕਵਾਇਰ ਕਰਨ ਲਈ ਪੁਲਸ ਪ੍ਰਸ਼ਾਸਨ ਬਲ ਭਾਰੀ ਗਿਣਤੀ ਵਿੱਚ ਪੁੱਜਾ, ਜਿਨ੍ਹਾਂ ਨੇ ਕਰੀਬ 23 ਕਿਲੋਮੀਟਰ ਲੰਬੇ ਰਸਤੇ ਦੀ ਜ਼ਮੀਨ ਨੂੰ ਕਿਸਾਨਾਂ ਦੇ ਕਬਜ਼ੇ ਤੋਂ ਛੁਡਵਾਇਆ। ਪ੍ਰਾਪਤ ਜਾਣਕਾਰੀ ਅਨੁਸਾਰ ਮਾਛੀਵਾੜਾ ਸਬ ਤਹਿਸੀਲ ਵਿੱਚ ਪਿੰਡ ਗੁਰੂਗੜ੍ਹ ਤੋਂ ਲੈ ਕੇ ਬਹਿਲੋਲਪੁਰ ਤੱਕ ਕਰੀਬ 10.5 ਕਿਲੋਮੀਟਰ ਲੰਬੇ ਹਾਈਵੇ ਲਈ ਜ਼ਮੀਨ ਐਕਵਾਇਰ ਕਰਨ ਦੀ ਪ੍ਰਕਿਰਿਆ ਸਵੇਰੇ 7 ਵਜੇ ਸ਼ੁਰੂ ਕਰ ਦਿੱਤੀ ਗਈ। ਐੱਸ.ਪੀ. ਖੰਨਾ ਪਵਨਜੀਤ, ਡੀਐੱਸਪੀ ਸਮਰਾਲਾ ਤਰਲੋਚਨ ਸਿੰਘ ਦੀ ਅਗਵਾਈ ਹੇਠ ਸੈਂਕੜੇ ਪੁਲਸ ਕਰਮਚਾਰੀ ਪ੍ਰਸ਼ਾਸਨ ਦੀ ਮੱਦਦ ਲਈ ਜ਼ਮੀਨ ਐਕਵਾਇਰ ਕਰਨ ਪੁੱਜੇ। ਐੱਸ.ਡੀ.ਐੱਮ. ਰਜਨੀਸ਼ ਅਰੋੜਾ ਦੀ ਅਗਵਾਈ ਹੇਠ ਮਾਲ ਵਿਭਾਗ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਨੈਸ਼ਨਲ ਹਾਈਵੇ ਨੂੰ ਬਣਾਉਣ ਵਾਲੀ ਕੰਪਨੀ ਨੂੰ ਕਿਸਾਨਾਂ ਦੀ ਜ਼ਮੀਨ ਦਾ ਕਬਜ਼ਾ ਦਿਵਾਇਆ ਗਿਆ। ਐੱਸ ਡੀ ਐੱਮ ਰਜਨੀਸ਼ ਅਰੋੜਾ ਨੇ ਦੱਸਿਆ ਕਿ ਨੈਸ਼ਨਲ ਹਾਈਵੇ ਬਣਾਉਣ ਲਈ ਇਹ ਜ਼ਮੀਨ ਐਕਵਾਇਰ ਕਰਨ ਦਾ ਕੰਮ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚੜ੍ਹਿਆ ਅਤੇ ਕਿਸੇ ਵੀ ਤਰ੍ਹਾਂ ਦੀ ਵਿਰੋਧਤਾ ਨਹੀਂ ਹੋਈ ਅਤੇ ਕਿਸਾਨਾਂ ਨੇ ਆਪਣਾ ਸਹਿਯੋਗ ਦਿੱਤਾ। ਉਨ੍ਹਾਂ ਕਿਹਾ ਕਿ ਜਿਹੜੇ ਵੀ ਕਿਸਾਨ ਨੂੰ ਜ਼ਮੀਨ ਐਕਵਾਇਰ ਦੀ ਰਾਸ਼ੀ ਨਹੀਂ ਮਿਲੀ, ਉਹ ਸਬੰਧਤ ਦਫ਼ਤਰ ਤੋਂ ਇਹ ਰਾਸ਼ੀ ਪ੍ਰਾਪਤ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨਾਂ ਨੇ ਫਿਲਹਾਲ ਫਸਲ ਬੀਜੀ ਹੋਈ ਸੀ, ਉਨ੍ਹਾਂ ਨੂੰ ਕੱਟਣ ਤੱਕ ਦਾ ਸਮਾਂ ਦਿੱਤਾ ਗਿਆ ਹੈ ਅਤੇ ਉਸ ਤੋਂ ਬਾਅਦ ਇਹ ਵੀ ਜ਼ਮੀਨ ਐਕਵਾਇਰ ਕਰ ਲਈ ਜਾਵੇਗੀ। ਦੂਸਰੇ ਪਾਸੇ ਲੁਧਿਆਣਾ ਪ੍ਰਸ਼ਾਸਨ ਵੱਲੋਂ ਪਿੰਡ ਸ਼ਾਲੂ ਭੈਣੀ ਤੋਂ ਲੈ ਕੇ ਹਿਯਾਤਪੁਰ ਤੱਕ ਕਰੀਬ 13 ਕਿਲੋਮੀਟਰ ਲੰਬਾ ਰਸਤਾ ਐਕਵਾਇਰ ਕੀਤਾ ਗਿਆ। ਇਸ ਮੌਕੇ ਐੱਸ ਡੀ ਐੱਮ ਜਸਲੀਨ ਕੌਰ ਭੁੱਲਰ, ਥਾਣਾ ਮੁਖੀ ਜਗਦੀਪ ਸਿੰਘ ਗਿੱਲ ਮੌਜੂਦ ਸਨ।

## ਕੇਂਦਰ ਦੀ ਤਾਨਾਸ਼ਾਹੀ ਨੂੰ ਬਰਦਾਸ਼ਤ ਨਹੀਂ ਕਰਾਂਗੇ : ਚੇਅਰਮੈਨ ਪੰਨੂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਜਪਾ ਦੀ ਅਗਵਾਈ ਵਾਲੀ ਕੇਂਦਰ ਤੇ ਹਰਿਆਣਾ ਸਰਕਾਰ ਵੱਲੋਂ ਪੰਜਾਬੀਆਂ ਦੇ ਪਾਣੀ ਦੇ ਹੱਕਾਂ 'ਤੇ ਡਾਕਾ ਮਾਰਨ ਦੇ ਫ਼ੈਸਲੇ 'ਤੇ ਰੋਸ ਪ੍ਰਦਰਸ਼ਨ ਕਰਦਿਆਂ ਵਿਧਾਨ ਸਭਾ ਫਤਿਹਗੜ੍ਹ ਚੂੜੀਆਂ ਦੇ ਹਲਕਾ ਇੰਚਾਰਜ ਤੇ ਪਨਸਪ ਦੇ ਚੇਅਰਮੈਨ ਬਲਬੀਰ ਸਿੰਘ ਪੰਨੂ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਇਸ ਤਾਨਾਸ਼ਾਹੀ ਕਦਮ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਪੰਨੂ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਦੇ ਪਾਣੀ ਦੀ ਰਾਖੀ ਲਈ ਹਰ ਸੰਭਵ ਕਦਮ ਪੁੱਟੇਗੀ।ਭਾਖੜਾ ਡੈਮ ਤੋਂ ਹਰਿਆਣਾ ਨੂੰ ਵਾਧੂ ਪਾਣੀ ਦੇਣਾ ਪੰਜਾਬ ਦੇ ਹੱਕਾਂ 'ਤੇ ਡਾਕਾ ਹੈ, ਪਾਣੀਆਂ ਦੇ ਮੁੱਦੇ ਉੱਤੇ ਜਿੱਥੋਂ ਤੱਕ ਵੀ ਲੜਾਈ ਲੜਨੀ ਪਈ, ਪੰਜਾਬ ਸਰਕਾਰ ਉੱਥੇ ਤੱਕ ਲੜੇਗੀ। ਉਨ੍ਹਾ ਕਿਹਾ ਕਿ ਪੰਜਾਬ ਦੇ ਪਾਣੀ ਦੀ ਇੱਕ ਵੀ ਵਾਧੂ ਬੂੰਦ ਹਰਿਆਣਾ ਨਹੀਂ ਜਾਣ ਦੇਵਾਂਗੇ।ਉਨ੍ਹਾਂ ਕਿਹਾ ਕਿ ਪੰਜਾਬ ਦਾ 90 ਫ਼ੀਸਦ ਖੇਤਰ ਦਾ ਜ਼ਮੀਨ ਹੇਠਲਾ ਪਾਣੀ ਡੂੰਘਾ ਹੋਣ ਸਦਕਾ ਡਾਰਕ ਜ਼ੋਨ ਘੋਸ਼ਿਤ ਹੋ ਚੁੱਕਾ ਹੈ।

## ਸਿਲਵਰ ਓਕਸ ਸਕੂਲ 'ਚ ਸਾਲਾਨਾ ਇਨਵੈਸਟਿਚਰ ਸਮਾਰੋਹ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਨੇ ਸਾਲਾਨਾ ਇਨਵੈਸਟਿਚਰ ਸਮਾਰੋਹ ਦਾ ਆਯੋਜਨ ਕੀਤਾ।ਸਮਾਰੋਹ ਦੀ ਅਗਵਾਈ ਸਕੂਲ ਦੀ ਡਾਇਰੈਕਟਰ ਬਰਨਿੰਦਰ ਪਾਲ ਸੇਖੋਂ ਤੇ ਮੁੱਖ ਅਧਿਆਪਕਾ ਛਾਇਆ ਵਿਨੋਚਾ ਵੱਲੋਂ ਕੀਤੀ ਗਈ।ਸਮਾਰੋਹ ਦੀ ਸ਼ੁਰੂਆਤ ਸ਼ਮਾ ਜਗਾ ਕੇ ਕੀਤੀ ਗਈ।ਇਸ ਤੋਂ ਬਾਅਦ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਰੰਭ ਤੇ ਮਲਹਾਰੀ ਗੀਤਾਂ ਉੱਤੇ ਇੱਕ ਸ਼ਾਨਦਾਰ ਡਾਂਸ ਦੀ ਪੇਸ਼ਕਾਰੀ ਕੀਤੀ। ਨਵੇਂ ਕੌਂਸਲ ਮੈਂਬਰਾਂ ਦਾ ਜੋਸ਼ ਦੇਖਣਯੋਗ ਸੀ, ਜਦੋਂ ਉਹ ਮਾਣ ਨਾਲ ਆਪਣਾ ਸਿਰ ਉੱਚਾ ਰੱਖਦੇ ਹੋਏ ਪਰੇਡ ਕਰਦੇ ਹੋਏ ਆਏ।ਸਕੂਲ ਨਿਰਦੇਸ਼ਕਾ ਬਰਨਿੰਦਰ ਪਾਲ ਸੇਖੋਂ ਤੇ ਮੁੱਖ ਅਧਿਆਪਕਾ ਛਾਇਆ ਵਿਨੋਚਾ ਨੇ ਲੰਬੇ ਸਮੇਂ ਦੀ ਉਡੀਕ ਨੂੰ ਖ਼ਤਮ ਕਰਦੇ ਹੋਏ ਨਵੇਂ ਚੁਣੇ ਗਏ ਸਕੂਲ ਹੈੱਡ ਬੁਆਏ, ਹੈੱਡ ਗਰਲ, ਹਾਊਸ ਪ੍ਰੀਫੈਕਟਸ ਆਦਿ ਨੂੰ ਉਨ੍ਹਾਂ ਦੀਆਂ ਪੋਸਟਾਂ ਜਾਂ ਰੁਤਬੇ ਨਾਲ ਸਬੰਧਤ ਬੈਜ ਦੇ ਕੇ ਸਨਮਾਨਤ ਕੀਤਾ, ਜਿਸ ਵਿੱਚ ਹੈੱਡ ਬੋਏ ਮਾਸਟਰ ਕੈਰਵ ਮਿਤਲ, ਹੈੱਡ ਗਰਲ ਮਿਸ ਦੀਪਨੂਰ ਕੌਰ, ਆਜ਼ਾਦ ਹਾਊਸ ਪ੍ਰੀਫੈਕਟ ਮਾਸਟਰ ਵਿਹਾਨ ਗੌਰ, ਭਗਤ ਹਾਊਸ ਪ੍ਰੀਫੈਕਟ ਮਾਸਟਰ ਸਹਜਦੀਪ ਸਿੰਘ, ਸੁਭਾਸ਼ ਹਾਊਸ ਪ੍ਰੀਫੈਕਟ ਮਾਸਟਰ ਲਕਸ਼ੇ ਗਰਗ, ਊਧਮ ਹਾਊਸ ਪ੍ਰੀਫੈਕਟ ਮਿਸ ਵਿਧੀ ਭਾਰਦਵਾਜ, ਐਸ.ਕੇ.ਓ. ਕੋਆਰਡੀਨੇਟਰ ਮਾਸਟਰ ਸਾਹਿਬਰੂਪ ਸਿੰਘ, ਖੇਡ ਕਪਤਾਨ ਮਾਸਟਰ ਜਸਕਰਨ ਸਿੰਘ, ਐਸ.ਈ.ਏ. ਕੋਆਰਡੀਨੇਟਰ ਮਿਸ ਸਮਰੀਤ ਕੌਰ, ਅਨੁਸ਼ਾਸਨ ਇੰਚਾਰਜ ਮਾਸਟਰ ਉਦੈ ਕਰਨਵੀਰ ਸਿੰਘ ਸ਼ਾਮਲ ਹਨ।ਸਾਰੇ ਵਿਦਿਆਰਥੀ ਕੌਂਸਲ ਮੈਂਬਰਾਂ ਦੀ ਚੋਣ ਕਈ ਪੜਾਵਾਂ ਰਾਹੀਂ ਕੀਤੀ ਗਈ, ਜਿਸ ਵਿੱਚ ਪਹਿਲਾ ਪੜਾਅ ਨੌਮੀਨੇਸ਼ਨ ਨਾਲ ਸੰਬੰਧਤ ਸੀ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਤੇ ਆਪਣੀਆਂ ਰੁਚੀਆਂ ਬਾਰੇ ਦੱਸਿਆ।ਦੂਜਾ ਸਕੂਲ ਦੇ ਮੁੱਖ ਅਧਿਆਪਕਾ ਨਾਲ ਇੰਟਰੈਕਸ਼ਨ ਪੜਾਅ ਸੀ।ਤੀਜਾ ਰਾਊਂਡ ਮੈਨੀਫੈਸਟੋ ਘੋਸ਼ਣਾ ਦੌਰ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਣ ਦੇ ਵਾਅਦੇ ਕੀਤੇ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਆਪਣੇ ਲਈ ਪ੍ਰਚਾਰ ਕਰਦੇ ਹੋਏ ਵੋਟਾਂ ਦੀ ਮੰਗ ਕੀਤੀ।ਅੰਤਮ ਦੌਰ ਵਿੱਚ ਵੋਟਿੰਗ ਹੋਈ, ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੋਟਾਂ ਪਾ ਕੇ ਉਮੀਦਵਾਰਾਂ ਦੀ ਜਿੱਤ ਨੂੰ ਯਕੀਨੀ ਬਣਾਇਆ।ਹੈੱਡ ਬੋਏ ਤੇ ਹੈੱਡ ਗਰਲ ਨੇ ਸਕੂਲ ਪ੍ਰਸ਼ਾਸਨ, ਅਧਿਆਪਕਾਂ ਤੇ ਆਪਣੇ ਸਹਿਯੋਗੀ ਵਿਦਿਆਰਥੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਉਨ੍ਹਾਂ 'ਤੇ ਵਿਸ਼ਵਾਸ ਪ੍ਰਗਟਾਇਆ।ਸਕੂਲ ਦੀ ਡਾਇਰੈਕਟਰ ਤੇ ਮੁੱਖ ਅਧਿਆਪਕਾ ਨੇ ਪਿਛਲੇ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਅਕੈਡਮਿਕ ਐਕਸੀਲੈਂਸ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ।ਸਕੂਲ ਦੀ ਡਾਇਰੈਕਟਰ ਬਰਨਿੰਦਰ ਪਾਲ ਸੇਖੋਂ ਨੇ ਨਵੇਂ ਬਣੇ ਅਹੁਦੇਦਾਰਾਂ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਹਨਾਂ ਦੀਆਂ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਤੇ ਸੁਚੇਤ ਰਹਿਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਤੁਹਾਡੀ ਜ਼ਿੰਮੇਵਾਰੀ ਹੈ ਕਿ ਸਕੂਲ ਦੇ ਛੋਟੇ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਬਣ ਕੇ ਉਨ੍ਹਾਂ ਲਈ ਨਵੇਂ ਤੇ ਉਸਾਰੂ ਰਸਤੇ ਉਲੀਕਣਾ।

## ਮੰਤਰੀ ਦਾ ਦੌਰਾ ਰੱਦ ਕਰਾਉਣ ਵਜੋਂ ਮਾਪਿਆਂ ਕੀਤਾ ਰੋਸ ਪ੍ਰਦਰਸ਼ਨ



**ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦੇ ਵਿਕਾਸ ਕਾਰਜ ਸ਼ੁਰੂ ਕਰਾਉਣ ਤੇ ਹੋਰ ਮੰਗਾਂ ਨੂੰ ਪੂਰਾ ਕਰਨ ਲਈ ਵਿਧਾਇਕ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਹਲਕੇ ਦੇ ਪਿੰਡ ਫਕਰਸਰ ਦੇ ਸੀਨੀਅਰ ਸੈਕੰਡਰੀ ਸਕੂਲ ਵਿੱਚ ਪਹੁੰਚਣਾ ਸੀ, ਜਿਨ੍ਹਾਂ ਦਾ ਕਿਸਾਨਾਂ ਵੱਲੋਂ ਵਿਰੋਧ ਕੀਤੇ ਜਾਣ 'ਤੇ ਉਨ੍ਹਾਂ ਵੱਲੋਂ ਆਪਣਾ ਪ੍ਰੋਗਰਾਮ ਰੱਦ ਕਰ ਦਿੱਤਾ ਗਿਆ ਸੀ, ਜਿਸ ਦੇ ਸਬੰਧ ਵਿੱਚ ਸਕੂਲ ਵਿਚ ਪੜ੍ਹਨ ਵਾਲਿਆਂ ਦੇ ਮਾਪਿਆਂ ਨੇ ਰੋਸ ਪ੍ਰਗਟ ਕੀਤਾ ਕਿ ਕੈਬਨਿਟ ਮੰਤਰੀ ਸਕੂਲ ਦੇ ਵਿਕਾਸ ਲਈ ਨਵੇਂ ਪ੍ਰੋਜੈਕਟਾਂ ਦਾ ਉਦਘਾਟਨ ਕਰਨਾ ਸੀ, ਜਿਨ੍ਹਾਂ ਦਾ ਕਿਸਾਨਾਂ ਵੱਲੋਂ ਵਿਰੋਧ ਕਰਨ 'ਤੇ ਉਨ੍ਹਾਂ ਨੂੰ ਆਪਣਾ ਪ੍ਰੋਗਰਾਮ ਰੱਦ ਕਰਨਾ ਪਿਆ ਸੀ। ਉਨ੍ਹਾਂ ਕੈਬਨਿਟ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਮੁੜ ਪਿੰਡ ਵਿੱਚ ਆਉਣ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ ਤੇ ਉਨ੍ਹਾਂ ਦਾ ਕਿਸੇ ਤਰ੍ਹਾਂ ਕੋਈ ਵੀ ਵਿਰੋਧ ਕਰਨ ਨਹੀਂ ਦਿੱਤਾ ਜਾਵੇਗਾ। ਦੂਜੇ ਪਾਸੇ ਕਿਸਾਨ ਆਗੂਆਂ ਦਾ ਕਹਿਣਾ ਸੀ ਕਿ ਉਨ੍ਹਾਂ ਵਿਰੋਧ ਨਹੀਂ ਕਰਨਾ ਸੀ, ਉਨ੍ਹਾਂ ਸਿਰਫ਼ ਸਵਾਲ ਕਰਨੇ ਸਨ ਤੇ ਉਨ੍ਹਾਂ ਦੀ ਕੋਈ ਅਜਿਹੀ ਸੋਚ ਨਹੀਂ ਸੀ ਕਿ ਵਿਕਾਸ ਦੇ ਕੰਮ ਰੋਕੇ ਜਾਣ।

## ਅਕਾਲ ਅਕੈਡਮੀ ਦੇ ਵਿਦਿਆਰਥੀਆਂ ਨੂੰ ਸਰਟੀਫ਼ਿਕੇਟ ਦਿੱਤੇ



**ਚੀਮਾ ਮੰਡੀ (ਰਵਿੰਦਰ ਚੀਮਾ)**-ਬੜੂ ਸਾਹਿਬ ਦੇ ਅਧੀਨ ਚੱਲ ਰਹੀ ਕਲਗੀਧਰ ਟਰੱਸਟ ਦੀ ਸ਼ਾਖਾ ਅਕਾਲ ਅਕੈਡਮੀ ਚੀਮਾ ਦੇ ਵਿਦਿਆਰਥੀਆਂ ਨੇ ਪਿਛਲੇ ਸਾਲ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਵਿਦਿਆਰਥੀਆਂ ਨੇ ਐਥਲੈਟਿਕਸ, ਫੁੱਟਬਾਲ, ਖੋ-ਖੋ, ਹਾਕੀ ਤੇ ਬਾਸਕਟਬਾਲ ਵਰਗੀਆਂ ਖੇਡਾਂ ਵਿੱਚ ਜ਼ੋਨ ਪੱਧਰ, ਜ਼ਿਲ੍ਹਾ ਪੱਧਰ ਤੇ ਰਾਜ ਪੱਧਰ ਦੀਆਂ ਮੁਕਾਬਲਿਆਂ ਵਿੱਚ ਭਾਗ ਲੈ ਕੇ ਕਈ ਮੈਡਲ ਆਪਣੇ ਨਾਂਅ ਕੀਤੇ। ਖਿਡਾਰੀਆਂ ਦੀ ਇਸ ਸ਼ਾਨਦਾਰ ਉਪਲੱਬਧੀ ਦੀ ਸ਼ਲਾਘਾ ਕਰਦਿਆਂ ਅਕਾਲ ਅਕੈਡਮੀ ਚੀਮਾ ਦੇ ਪ੍ਰਿੰਸੀਪਲ ਗੁਰਪ੍ਰੀਤ ਕੌਰ ਤੇ ਡੀ.ਪੀ. ਪ੍ਰਗਟ ਸਿੰਘ ਵੱਲੋਂ ਉਨ੍ਹਾਂ ਨੂੰ ਸਰਟੀਫ਼ਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਅਕਾਲ ਅਕੈਡਮੀ ਦੀ ਪ੍ਰਿੰਸੀਪਲ ਮੈਡਮ ਨੇ ਵਿਦਿਆਰਥੀਆਂ ਦੇ ਮਨੋਬਲ ਨੂੰ ਵਧਾਉਂਦੇ ਹੋਏ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਪੈਦਾ ਕਰਦੇ ਹਨ ਤੇ ਉਨ੍ਹਾਂ ਨੂੰ ਹਰ ਮੈਦਾਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ।

## ਸਤਿਗੁਰੂ ਨੂੰ ਸਮਰਪਣ ਹੋ ਕੇ ਜੀਵੋ, ਸਤਿਗੁਰੂ ਸਭ ਇੱਛਾਵਾਂ ਪੂਰੀਆਂ ਕਰੇਗਾ : ਸੰਤ ਹਾਕਮ ਚੰਦ



**ਸਮਾਣਾ (ਇਕਬਾਲ ਸਿੰਘ ਬੱਲ)**-ਨਿੰਰਾਕਾਰ ਦਾ ਸਾਕਾਰ ਰੂਪ ਸਤਿਗੁਰੂ ਹੁੰਦਾ ਹੈ, ਜੋ ਮਨੁੱਖਤਾ ਦੇ ਕਲਿਆਣ ਲਈ ਸਤਿਗੁਰੂ ਰੂਪ ਵਿੱਚ ਪ੍ਰਗਟ ਹੁੰਦਾ ਹੈ।ਸਤਿਗੁਰੂ ਦੇ ਜੋ ਬਚਨ ਮਨੁੱਖਤਾ ਦੀ ਕਲਿਆਣ ਲਈ ਆਉਂਦੇ ਹਨ। ਉਨ੍ਹਾਂ ਨੂੰ ਅਸੀਂ ਬੜੇ ਧਿਆਨ ਨਾਲ ਸਰਵਣ ਕਰਨਾ ਹੈ ਤੇ ਉਨ੍ਹਾਂ ਕਲਿਆਣ ਭਰੇ ਬਚਨਾਂ ਨੂੰ ਦੂਜਿਆਂ ਤੱਕ ਪੁਚਾਉਣ ਦੀ ਕੋਸ਼ਿਸ਼ ਕਰਨੀ ਹੈ ਤਾਂ ਜੁ ਹੋਰ ਮਨੁੱਖਾਂ ਦਾ ਵੀ ਕਲਿਆਣ ਹੋ ਸਕੇ। ਸਤਿਗੁਰੂ ਨੂੰ ਸਮਰਪਤ ਹੋ ਕੇ ਜੀਵਨ ਜਿਊਣ ਨਾਲ ਸਭ ਇੱਛਾਵਾਂ ਦੀ ਪੂਰਤੀ ਹੁੰਦੀ ਹੈ।ਇਨ੍ਹਾਂ ਬਚਨਾਂ ਦਾ ਪ੍ਰਗਟਾਵਾ ਸੰਤ ਨਿਰੰਕਾਰੀ ਮਿਸ਼ਨ ਦੇ ਗਿਆਨ ਪ੍ਰਚਾਰਕ ਭਾਈ ਸਾਹਿਬ ਹਾਕਮ ਚੰਦ ਰਾਜਪੁਰਾ ਵਾਲਿਆਂ ਨੇ ਸਤਿਸੰਗ ਨੂੰ ਸੰਬੋਧਨ ਕਰਦਿਆਂ ਫਰਮਾਏ।ਉਨ੍ਹਾਂ ਕਿਹਾ ਕਿ ਸਤਿਸੰਗ ਵਿੱਚ ਬੈਠ ਕੇ ਪ੍ਰਮਾਤਮਾ ਦਾ ਯਸ਼ ਸੁਣਨਾ, ਪ੍ਰਮਾਤਮਾ ਦਾ ਯਸ਼ ਕਰਨਾ ਸਾਰੀਆਂ ਭਗਤੀਆਂ ਵਿੱਚੋਂ ਵੱਡੀ ਭਗਤੀ ਮੰਨੀ ਗਈ ਹੈ, ਇਸ ਕਰਕੇ ਅਸੀਂ ਸਾਰਿਆਂ ਨੇ ਸਤਿਸੰਗ ਨੂੰ ਪਹਿਲ ਦੇਣੀ ਹੈ। ਸਤਿਸੰਗ ਵਿੱਚ ਆ ਕੇ ਜਦੋਂ ਅਸੀਂ ਨਿਰੰਕਾਰ ਪ੍ਰਭੂ ਪ੍ਰਮਾਤਮਾ ਦਾ ਯਸ਼ ਸੁਣਦੇ ਹਾਂ ਜਾਂ ਪ੍ਰਮਾਤਮਾ ਦਾ ਜਸ ਕਰਦੇ ਹਾਂ। ਸਾਡਾ ਵਿਸ਼ਵਾਸ ਸਤਿਗੁਰੂ ਤੇ ਹੋਰ ਪੱਕਾ ਹੁੰਦਾ ਹੈ, ਜਿਸ ਨਾਲ ਸਾਡੇ ਗਿਆਨ ਵਿੱਚ ਵਾਧਾ ਹੁੰਦਾ ਹੈ। ਗੁਰੂ ਦਰਬਾਰ ਵਿੱਚ ਸ਼ਰਧਾ ਪਿਆਰ ਨਾਲ ਆਉਣ ਨਾਲ ਸਾਰੇ ਸੁੱਖਾਂ ਦੀ ਪ੍ਰਾਪਤੀ ਹੁੰਦੀ ਹੈ ਤੇ ਮਨ ਵਿੱਚੋਂ ਵਿਸ਼ੇ ਵਿਕਾਰ ਖਤਮ ਹੋ ਜਾਂਦੇ ਹਨ।ਸੰਤ ਹਾਕਮ ਚੰਦ ਜੀ ਨੇ ਕਿਹਾ ਕਿ ਨਿੰਰਕਾਰ ਪ੍ਰਭੂ ਪ੍ਰਮਾਤਮਾ ਦੇ ਦਰਸ਼ਨ ਕਰਕੇ ਪ੍ਰਮਾਤਮਾ ਦੀ ਭਗਤੀ ਕਰਨ ਨਾਲ 84 ਲੱਖ ਜੂਨਾਂ ਦੇ ਜਨਮ ਮਰਨ ਦੇ ਚੱਕਰ ਤੋਂ ਬਚਿਆ ਜਾ ਸਕਦਾ ਹੈ, ਜਿਨ੍ਹਾਂ ਦੇ ਅੰਦਰ ਨਿੰਰਕਾਰ ਪ੍ਰਭੂ ਪਰਮਾਤਮਾ ਦੇ ਦਰਸ਼ਨ ਕਰਕੇ ਮੁਕਤੀ ਪ੍ਰਾਪਤ ਕਰਨ ਦੀ ਜਗਿਆਸਾ ਹੋਵੇ।

## ਵਿਧਾਇਕ ਬੁੱਧ ਰਾਮ ਨੇ ਬਾਰ ਐਸੋਸੀਏਸ਼ਨ ਦੇ ਰੂਮ ਦੇ ਨਵੀਨੀਕਰਨ ਲਈ ਗ੍ਰਾਂਟ ਦਿੱਤੀ



**ਬੋਹਾ (ਨਿਰੰਜਣ ਬੋਹਾ, ਅਸ਼ੋਕ ਲਾਕੜਾ)**-ਵਿਧਾਇਕ ਬੁੱਧ ਰਾਮ ਵੱਲੋਂ ਬਾਰ ਐਸੋਸੀਏਸ਼ਨ ਬੁਢਲਾਡਾ ਦੇ ਬਾਰ ਰੂਮ ਦੇ ਨਵੀਨੀਕਰਨ ਲਈ ਵਿਸ਼ੇਸ਼ ਗ੍ਰਾਂਟ ਦਿੱਤੀ ਗਈ।ਐਸੋਸੀਏਸ਼ਨ ਵੱਲੋਂ ਇਸ ਮੌਕੇ ਵਿਧਾਇਕ ਦਾ ਸਨਮਾਨ ਕਰਨ ਲਈ ਇਕ ਵਿਸ਼ੇਸ਼ ਸਮਾਰੋਹ ਕਰਾਇਆ ਗਿਆ।ਬਾਰ ਦੇ ਪ੍ਰਧਾਨ ਸੁਰਜੀਤ ਸਿੰਘ ਗਰੇਵਾਲ ਤੇ ਸੈਕਟਰੀ ਕਿਰਤੀ ਸ਼ਰਮਾਂ ਬੋਹਾ ਨੇ ਇਸ ਗ੍ਰਾਂਟ ਲਈ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਾਰ ਰੂਮ ਨੂੰ ਨਵੀਂ ਦਿੱਖ ਮਿਲਣ ਨਾਲ ਵਕੀਲਾਂ ਨੂੰ ਬਹੁਤ ਰਾਹਤ ਮਿਲੀ ਹੈ।ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਵਕੀਲ ਦੇਸ਼ ਦੀ ਨਿਆਂ ਪ੍ਰਣਾਲੀ ਦਾ ਬਹੁਤ ਮਹੱਤਵਪੂਰਨ ਭਾਗ ਹਨ।ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਵਕੀਲਾਂ ਨਾਲ ਖੜੇ ਨੇ ਤੇ ਖੜੇ ਰਹਿਣਗੇ।ਇਸ ਮੌਕੇ ਵਕੀਲ ਅਸ਼ੋਕ ਕੁਮਾਰ ਗੋਇਲ, ਸੁਧੀਰ ਕੁਮਾਰ ਗਰਗ, ਵਿਜੇ ਕੁਮਾਰ ਗੋਇਲ, ਸੁਰੇਸ਼ ਕੁਮਾਰ ਸ਼ਰਮਾ, ਜਸਵਿੰਦਰ ਸਿੰਘ ਧਾਲੀਵਾਲ, ਸੁਨੀਲ ਕੁਮਾਰ ਗਰਗ, ਵਾਈਸ ਪ੍ਰਧਾਨ ਅੰਮ੍ਰਿਤਪਾਲ ਸਿੰਘ ਚਹਿਲ ਰਣਜੀਤ ਸਿੰਘ ,ਸੁਖਦਰਸ਼ਨ ਸਿੰਘ ਚੌਹਾਨ, ਰਾਜ ਕੁਮਾਰ ਮਨਚੰਦਾ, ਅਵਤਾਰ ਸਿੰਘ ਸਿੱਧੂ, ਜਸਵਿੰਦਰ ਸਿੰਘ ਝਿੰਜਰ, ਜਸਪ੍ਰੀਤ ਸਿੰਘ ਗੁਰਨੇ, ਬਲਕਰਨ ਸਿੰਘ ਧਾਲੀਵਾਲ, ਜਗਤਾਰ ਸਿੰਘ ਚਹਿਲ, ਜਗਦੀਪ ਸਿੰਘ ਦਾਤੇਵਾਸ, ਬਲਕਰਨ ਸਿੰਘ ਬੱਲੀ, ਸ਼ਿੰਦਰਪਾਲ ਸਿੰਘ ਦਲਿਓ, ਸੁਰਜੀਤ ਸਿੰਘ ਸੋਢੀ, ਅਕਾਸ਼ ਗਰਗ, ਗੁਰਵਿੰਦਰ ਸਿੰਘ ਖੱਤਰੀਵਾਲ, ਅੰਮ੍ਰਿਤਪਾਲ ਸਿੰਘ ਵਿਰਕ, ਮੋਹਿਤ ਉਪਲ, ਹਰਬੰਸ ਸਿੰਘ ਚੌਹਾਨ,ਸੁਖਪਾਲ ਸਿੰਘ ਸਮਰਾ, ਸੁਰਜੀਤ ਸਿੰਘ ਧਾਲੀਵਾਲ, ਪ੍ਰਵੀਨ ਕੁਮਾਰ, ਜਤਿੰਦਰ ਗੋਇਲ, ਸੰਜੀਵ ਮਿੱਤਲ, ਰਮਨਦੀਪ ਸਿੰਘ, ਸੁੰਦਰ ਸਿੰਘ ਵੀ ਹਾਜ਼ਰ ਸਨ।

## ਦੇਵੀਗੜ੍ਹ ਦੇ ਬਾਜ਼ਾਰ 'ਚ ਨਜਾਇਜ਼ ਕਬਜ਼ਿਆਂ ਦੀ ਭਰਮਾਰ



**ਦੇਵੀਗੜ੍ਹ/ਸਨੌਰ (ਥਿੰਦ)**-ਕਸਬਾ ਦੇਵੀਗੜ੍ਹ ਦੇ ਬਾਜ਼ਾਰਾਂ ਵਿੱਚ ਸੜਕਾਂ 'ਤੇ ਕਬਜ਼ਿਆਂ ਦੀ ਭਰਮਾਰ ਹੈ ਤੇ ਦੁਕਾਨਾਂ ਅੱਗੇ ਰੱਖੇ ਸਾਮਾਨ ਕਾਰਨ ਜਾਮ ਲੱਗਾ ਰਹਿੰਦਾ ਹੈ।ਇਸ ਤੋਂ ਇਲਾਵਾਂ ਦੁਕਾਨਾਂ ਅੱਗੇ ਖੜ੍ਹਦੀਆਂ ਰੇਹੜੀਆਂ ਵੀ ਆਵਾਜਾਈ ਵਿੱਚ ਵਿਘਨ ਦਾ ਕਾਰਨ ਬਣਦੀਆਂ ਹਨ।ਜਾਣਕਾਰੀ ਅਨੁਸਾਰ ਰੇਹੜੀ-ਫੜ੍ਹੀ ਵਾਲਿਆਂ ਕੋਲੋਂ ਕੁਝ ਦੁਕਾਨਦਾਰ ਕਿਰਾਇਆ ਵੀ ਲੈਂਦੇ ਹਨ।ਦੁਕਾਨਦਾਰਾਂ ਦੇ ਗਾਹਕ ਆਪਣੇ ਵਾਹਨ ਮੁੱਖ ਸੜਕ ਕਿਨਾਰੇ ਖੜ੍ਹੇ ਕਰਦੇ ਹਨ, ਜਿਸ ਕਾਰਨ ਆਵਾਜਾਈ ਵਿੱਚ ਭਾਰੀ ਵਿਘਨ ਪੈਂਦਾ ਹੈ।ਕਈ ਲੋਕ ਤਾਂ ਦੁਕਾਨਾਂ ਅੱਗੇ ਰੇਹੜੀਆਂ ਖੜ੍ਹੀਆਂ ਹੋਣ ਕਰਕੇ ਆਪਣੇ ਵਾਹਨ ਮੁੱਖ ਸੜਕ ਕਿਨਾਰੇ ਖੜੇ ਕਰ ਦਿੰਦੇ ਹਨ, ਜਿਸ ਕਾਰਨ ਜਦੋਂ ਆਸ-ਪਾਸ ਦੇ ਸਕੂਲਾਂ ਦੀ ਛੁੱਟੀ ਹੋਣ ਦਾ ਸਮਾਂ ਹੁੰਦਾ ਹੈ ਤਾਂ ਇਥੇ ਵਾਹਨਾਂ ਦੀਆਂ ਲਾਈਨਾਂ ਲੱਗ ਜਾਂਦੀਆਂ ਹਨ ਤੇ ਆਵਾਜਾਈ ਵਿੱਚ ਵਿਘਨ ਪੈਂਦਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਤੇ ਨਗਰ ਪੰਚਾਇਤ ਦੇਵੀਗੜ੍ਹ ਨੂੰ ਇਸ ਪਾਸੇ ਤੁਰੰਤ ਧਿਆਨ ਦੇਣਾ ਚਾਹੀਦਾ ਹੈ ਅਤੇ ਰੇਹੜੀਆਂ ਨੂੰ ਦੁਕਾਨਾਂ ਅੱਗੇ ਤੋਂ ਹਟਾਉਣਾ ਚਾਹੀਦਾ ਹੈ ਤਾਂ ਕਿ ਆਵਾਜਾਈ 'ਚ ਵਿਘਨ ਨਾ ਪਵੇ।

## ਆਸ਼ਾ ਵਰਕਰਾਂ ਵੱਲੋਂ ਮੰਗਾਂ ਲਾਗੂ ਕਰਨ ਦੀ ਮੰਗ

**ਦੋਰਾਹਾ (ਹਰਮਿੰਦਰ ਸੇਠ)**-ਆਸ਼ਾ ਵਰਕਰਾਂ ਦੀ ਮੀਟਿੰਗ ਬੀਬੀ ਹਰਪ੍ਰੀਤ ਕੌਰ ਭੱਠਲ ਪ੍ਰਧਾਨ ਆਸ਼ਾ ਵਰਕਰ ਯੂਨੀਅਨ ਏਟਕ ਨੇ ਕੀਤੀ। ਆਸ਼ਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਹਰਪ੍ਰੀਤ ਕੌਰ ਨੇ ਕਿਹਾ ਕਿ ਸਰਕਾਰ ਨਾਅਰੇ ਤੇ ਲਾਰਿਆਂ ਵਾਲੀ ਸਾਬਤ ਹੋ ਰਹੀ ਹੈ। ਸਰਕਾਰ ਆਸ਼ਾ ਵਰਕਰਾਂ ਦੀਆਂ ਜੋ ਮੰਗਾਂ ਮੰਨੀਆਂ ਗਈਆਂ ਸਨ, ਉਸ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ ਗਈ ਹੈ। ਆਸ਼ਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਹਰਪ੍ਰੀਤ ਕੌਰ ਨੇ ਕਿਹਾ ਕਿ 2500 ਤੋਂ ਡਬਲ ਕਰਾਂਗੇ, ਸਰਕਾਰ ਇਹ ਆਪਣੀ ਮੰਗ ਪੂਰੀ ਕਰੇ। ਕੇਂਦਰ ਦੀ ਲੈਟਰ ਅਨੁਸਾਰ 18000 ਹਜ਼ਾਰ ਜੋ ਤਨਖਾਹ ਕਹੀ ਗਈ ਸੀ, ਪਰ ਸਾਨੂੰ 10500 ਲਾਗੂ ਕਰਕੇ ਉਹ ਵੀ ਨਹੀਂ ਦਿੱਤੀ ਗਈ ਜਾਂ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ, ਹਾਜ਼ਰੀ ਯਕੀਨੀ ਬਣਾਈ ਜਾਵੇ, ਵਰਦੀਆਂ ਦਾ ਭੱਤਾ ਜੋ ਤਕਰੀਬਨ ਕਰੋਨੇ ਕਾਲ ਤੋਂ ਬਾਅਦ ਕਿਸੇ ਵੀ ਆਸ਼ਾ ਵਰਕਰ ਨੂੰ ਨਹੀਂ ਦਿੱਤਾ ਗਿਆ, ਇਸ ਲਈ ਸਾਨੂੰ ਕਰੋਨੇ ਕਾਲ ਤੋਂ ਬਾਅਦ ਵਰਦੀਆਂ ਦਾ ਬਕਾਇਆ ਭੱਤਾ ਦਿੱਤਾ ਜਾਵੇ। ਸੀ ਐਸ ਸੀ ਪੈਲ ਅੰਦਰ ਗਾਇਨੀ ਡਾਕਟਰ ਦਾ ਪ੍ਰਬੰਧ ਕੀਤਾ ਜਾਵੇ। ਤਨਖਾਹ ਹਰ ਹਾਲਤ 'ਚ 10 ਤਰੀਕ ਤੱਕ ਆਸ਼ਾ ਵਰਕਰਾਂ ਦੇ ਖਾਤਿਆਂ 'ਚ ਪਾਈ ਜਾਵੇ। ਜੇਕਰ ਸਰਕਾਰ ਨੇ ਸਾਡੀਆਂ ਮੰਗਾਂ ਮੰਗੀਆਂ ਗਈਆਂ ਤਾਂ ਤਕੜਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

## ਝੋਨੇ ਦੀਆਂ ਪਾਬੰਦੀਸ਼ੁਦਾ ਹਾਈਬ੍ਰਿਡ ਕਿਸਮਾਂ ਦੀ ਪਨੀਰੀ ਨਾ ਬੀਜੀ ਜਾਵੇ : ਮੁੱਖ ਖੇਤੀਬਾੜੀ ਅਫ਼ਸਰ



ਗੁਰਦਾਸਪੁਰ (ਜਨਕ ਮਹਾਜਨ)-ਕਿਸਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਦੀ ਬਿਜਾਈ ਨਹੀਂ ਕਰਨੀ ਚਾਹੀਦੀ ਤਾਂ ਜੋ ਮੰਡੀਕਰਨ ਸਮੇਂ ਕਿਸੇ ਕਿਸਮ ਦੀ ਸਮੱਸਿਆ ਤੋਂ ਬਚਿਆ ਜਾ ਸਕੇ। ਝੋਨੇ ਦੀਆਂ ਸਿਫ਼ਾਰਸ਼ਸ਼ੁਦਾ ਕਿਸਮਾਂ ਦੀ ਪਨੀਰੀ ਦੀ ਬਿਜਾਈ ਕਰਨ ਬਾਰੇ ਤਕਨੀਕੀ ਜਾਣਕਾਰੀ ਦਿੰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਪਿਛਲੇ ਸਾਲ ਮੰਡੀ ਵਿੱਚ ਝੋਨੇ ਦੇ ਮੰਡੀਕਰਨ ਸਮੇਂ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਸੀ ਜਿਸ ਨਾਲ ਕਿਸਾਨਾਂ ਨੂੰ ਵੱਡੀ ਪੱਧਰ 'ਤੇ ਆਰਥਿਕ ਨੁਕਸਾਨ ਹੋਇਆ ਸੀ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਦੇ ਹੱਲ ਲਈ ਪੰਜਾਬ ਸਰਕਾਰ ਵੱਲੋਂ ਹਾਈਬ੍ਰਿਡ ਕਿਸਮਾਂ ਦੇ ਬੀਜ ਦੀ ਵਿੱਕਰੀ ਅਤੇ ਲਵਾਈ ਕਰਨ ਤੇ ਪਾਬੰਦੀ ਲਗਾਈ ਹੈ ਅਤੇ ਇਸ ਸਬੰਧੀ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਲਗਾਤਾਰ ਕਿਸਾਨਾਂ ਇਨ੍ਹਾਂ ਕਿਸਮਾਂ ਦੀ ਲਵਾਈ ਨਾ ਕਰਨ ਅਤੇ ਬੀਜ ਵਿਕ੍ਰੇਤਾਵਾਂ ਨੂੰ ਇਨ੍ਹਾਂ ਕਿਸਮਾਂ ਦੇ ਬੀਜ ਦੀ ਵਿੱਕਰੀ ਨਾ ਕਰਨ ਲਈ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕੁਝ ਕਿਸਾਨਾਂ ਵੱਲੋਂ ਗੁਆਂਢੀ ਰਾਜਾਂ ਤੋਂ ਹਾਈਬ੍ਰਿਡ ਕਿਸਮਾਂ ਦੇ ਬੀਜ ਖ਼ਰੀਦ ਕੇ ਪਨੀਰੀ ਦੀ ਬਿਜਾਈ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਜੋ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੇ ਬੀਜ ਦੀ ਵਰਤੋਂ ਕਰਦੀਆਂ ਪਨੀਰੀ ਦੀ ਬਿਜਾਈ ਨਾ ਕੀਤੀ ਜਾਵੇ ਤਾਂ ਜੋ ਬਾਅਦ ਵਿੱਚ ਕੋਈ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੁਆਰਾ ਸਿਫਾਰਸ਼ਸ਼ੁਦਾ ਕਿਸਮਾਂ ਦੇ ਬੀਜ ਦੀ ਖ਼ਰੀਦ ਕਰਕੇ ਹੀ ਸਮੇਂ ਸਿਰ ਪਨੀਰੀ ਦੀ ਬਿਜਾਈ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਪੀ ਆਰ 128 ਕਿਸਮ ਦੇ ਬੀਜ ਦੀ ਵਧੇਰੇ ਮੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੀ ਆਰ 128 ਅਤੇ ਹੋਰ ਕਿਸਮਾਂ ਦੀ ਪਨੀਰੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਸਿਫ਼ਾਰਸ਼ ਕੀਤੇ ਸਮੇਂ ਤੇ ਹੀ ਕੀਤੀ ਜਾਵੇ ਅਤੇ ਫ਼ਸਲ ਨੂੰ ਯੂਰੀਆ ਖਾਦ, ਬਾਕੀ ਕਿਸਮਾਂ ਨਾਲੋਂ ਘੱਟ ਪਾਈ ਜਾਣੀ ਚਾਹੀਦੀ ਹੈ।

## ਭਖਦੀਆਂ ਮੰਗਾਂ ਨੂੰ ਲੈ ਕੇ ਸੈਂਕੜੇ ਮਨਰੇਗਾ ਮਜ਼ਦੂਰਾਂ ਡੀ ਸੀ ਦਫ਼ਤਰ ਅੱਗੇ ਲਾਇਆ ਧਰਨਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਮਜ਼ਦੂਰ ਜਮਾਤ ਦੇ ਮਹਾਨ ਕ੍ਰਾਂਤੀਕਾਰੀ ਅਤੇ ਮਾਰਕਸਵਾਦ ਦੇ ਫਿਲਾਸਫਰ ਕਾਰਲ ਮਾਰਕਸ ਦੇ ਜਨਮ ਦਿਨ 'ਤੇ ਮਨਰੇਗਾ ਵਰਕਰਜ਼ ਯੂਨੀਅਨ ਅਤੇ ਦਿਹਾਤੀ ਮਜ਼ਦੂਰ ਸਭਾ ਵੱਲੋਂ ਮਨਰੇਗਾ ਵਰਕਰਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਸੈਕੜੇ ਮਜ਼ਦੂਰਾਂ ਨੇ ਡਿਪਟੀ ਕਮਿਸ਼ਨਰ ਤਰਨ ਤਾਰਨ ਦੇ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਅਤੇ ਕਾਰਲ ਮਾਰਕਸ ਦੀਆਂ ਕੀਤੀਆਂ ਘਾਲਣਾਵਾਂ ਨੂੰ ਯਾਦ ਕੀਤਾ ਗਿਆ ਜਿਸ ਦੀ ਪ੍ਰਧਾਨਗੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮੀਨਾ ਕੌਰ ਸਰਪੰਚ ਚੀਮਾ ਖੁਰਦ (ਸ਼ੁੱਕਰਚੱਕ) ਅਤੇ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਵੈਰੋਵਾਲ ਨੇ ਕੀਤੀ।ਇਸ ਮੌਕੇ ਬੋਲਦਿਆ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਸਕੱਤਰ ਗੁਰਨਾਮ ਸਿੰਘ ਦਾਊਦ, ਜ਼ਿਲ੍ਹਾ ਸਕੱਤਰ ਚਮਨ ਲਾਲ ਦਰਾਜਕੇ, ਮਨਰੇਗਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਬਲਦੇਵ ਸਿੰਘ ਪੰਡੋਰੀ, ਨਰਿੰਦਰ ਸਿੰਘ ਰਟੌਲ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਘੱਟ ਗਿਣਤੀ ਲੋਕਾਂ 'ਤੇ ਜਾਨਲੇਵਾ ਹਮਲੇ ਕਰ ਰਹੀ ਹੈ, ਨਿੱਤ ਦਿਨ ਔਰਤਾਂ 'ਤੇ ਜਬਰ-ਜ਼ਨਾਹ ਕਰਕੇ ਕਤਲ ਹੋ ਰਹੇ ਹਨ।ਡਾਕਟਰ ਅੰਬੇਡਕਰ ਵੱਲੋਂ ਤਿਆਰ ਕੀਤੇ ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਸਦੀਆਂ ਪੁਰਾਣੇ ਪਛਾਖੜੀ ਵਿਚਾਰਾ ਨੂੰ ਪ੍ਰਫੁੱਲਤ ਕਰਨ ਲਈ ਆਰਐੱਸਐੱਸ ਦੀ ਵਿਚਾਰਧਾਰਾ ਮੁਤਾਬਕ ਮਨੂੰ ਸਿਮ੍ਰਤੀ ਨੂੰ ਲਾਗੂ ਕਰਨ ਲਈ ਮੋਦੀ ਸਰਕਾਰ ਭੱਬਾਂ ਭਾਰ ਹੋਈ ਫਿਰਦੀ ਹੈ।ਇਨ੍ਹਾਂ ਆਗੂਆਂ ਨੇ ਕਿਹਾ ਕਿ ਦੇਸ਼ ਦੀ ਆਰਥਿਕਤਾ ਡਾਵਾਂਡੋਲ ਹੋ ਰਹੀ ਹੈ, ਦੇਸ਼ ਦਾ ਧਨ ਕਾਰਪੋਰੇਟ ਘਰਾਣਿਆਂ ਨੂੰ ਲੁਟਾਇਆ ਜਾ ਰਿਹਾ ਹੈ ਅਤੇ ਅਰਬਾਂ ਖਰਬਾਂ ਰੁਪਏ ਇਨ੍ਹਾਂ ਨੂੰ ਮੁਆਫ ਕੀਤੇ ਜਾ ਰਹੇ ਹਨ।ਇਨ੍ਹਾਂ ਆਗੂਆਂ ਨੇ ਕਿਹਾ ਕਿ ਦੇਸ਼ ਅੰਦਰ ਬੇਰੁਜ਼ਗਾਰੀ, ਮਹਿੰਗਾਈ, ਅਨਪੜ੍ਹਤਾ, ਭੁੱਖਮਰੀ, ਭ੍ਰਿਸ਼ਟਾਚਾਰ, ਕੰਗਾਲੀ ਸਿਖਰਾਂ ਛੂਹ ਰਹੀ ਹੈ।ਨਿੱਜੀਕਰਨ ਦੀ ਨੀਤੀ ਤਹਿਤ ਸਰਕਾਰੀ ਅਰਧ ਸਰਕਾਰੀ ਮਹਿਕਮਿਆਂ ਦਾ ਭੋਗ ਪਾਇਆ ਜਾ ਰਿਹਾ ਹੈ।ਵਿੱਦਿਆ, ਸਿਹਤ ਸਹੂਲਤਾਂ ਗਰੀਬ ਲੋਕਾਂ ਤੋਂ ਕੋਹਾਂ ਦੂਰ ਜਾ ਰਹੀਆਂ ਹਨ।ਮਨਰੇਗਾ ਸਕੀਮ ਤਹਿਤ ਕੇਂਦਰੀ ਫੰਡਾਂ 'ਤੇ ਕੱਟ ਲਾਈ ਜਾ ਰਹੀ ਹੈ।ਮਨਰੇਗਾ ਵਰਕਰਾਂ ਨੂੰ ਮਿਹਨਤਾਨਾ ਨਿਗੂਣਾ ਦਿੱਤਾ ਜਾ ਰਿਹਾ ਹੈ।ਇਨ੍ਹਾਂ ਆਗੂਆਂ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਬਾਰੇ ਬੋਲਦਿਆਂ ਕਿਹਾ ਕਿ ਇਹ ਸਰਕਾਰ ਵੀ ਲੋਕ ਵਿਰੋਧੀ ਸਾਬਤ ਹੋਈ ਹੈ।ਪੰਜਾਬ ਦੇ ਲੋਕਾਂ ਨਾਲ ਝੂਠੇ ਵਾਅਦੇ ਗਰੰਟੀਆ ਕੀਤੀਆਂ ਜਾ ਰਹੀਆਂ ਹਨ, ਮਜ਼ਦੂਰ ਦੇ ਵਿਰੋਧ 'ਚ ਦਿਹਾੜੀ ਦਾ ਸਮਾਂ ਘਟਾਉਣ ਦੀ ਥਾਂ ਅੱਠ ਘੰਟੇ ਤੋਂ 12 ਘੰਟੇ ਸਮੇਂ ਦੇ ਮਤੇ ਪਾਸ ਕੀਤੇ ਜਾ ਰਹੇ ਹਨ।ਮਨਰੇਗਾ ਸਕੀਮ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਨਹੀਂ ਕੀਤਾ ਜਾ ਰਿਹਾ।ਹਲਕਾ ਵਿਧਾਇਕਾਂ ਵੱਲੋਂ ਮਨਰੇਗਾ ਸਕੀਮ 'ਚ ਗੈਰ ਕਾਨੂੰਨੀ ਢੰਗ ਨਾਲ ਦਖਲਅੰਦਾਜ਼ੀ ਕੀਤੀ ਜਾ ਰਹੀ ਹੈ।ਨਸ਼ੇ, ਗੁੰਡਾਗਰਦੀ, ਕਤਲੋਗਾਰਤ, ਲੁੱਟਾਂ-ਖੋਹਾਂ ਪੂਰੇ ਜੋਬਨ 'ਤੇ ਹਨ।ਕਾਨੂੰਨ ਵਿਵਸਥਾ ਦਿਨੋਂ ਦਿਨ ਵਿਗੜਦੀ ਜਾ ਰਹੀ ਹੈ।ਪੁਲਸ ਪ੍ਰਸ਼ਾਸਨ ਲਾਚਾਰ ਹੋਇਆ ਪਿਆ।ਥਾਣਿਆਂ 'ਚ ਕਿਸੇ ਨੂੰ ਇਨਸਾਫ਼ ਨਹੀਂ ਮਿਲ ਰਿਹਾ। ਇਸ ਮੌਕੇ ਜਸਵੰਤ ਸਿੰਘ, ਮਾਸਟਰ ਬਲਦੇਵ ਸਿੰਘ ਕੱਲਾ, ਲਾਜਰ ਲਾਖਣਾ, ਧਰਮ ਸਿੰਘ ਰੇਸ਼ਮ ਸਿੰਘ, ਕਰਮ ਸਿੰਘ ਪੰਡੋਰੀ, ਜਸਵੰਤ ਸਿੰਘ, ਜਰਨੈਲ ਸਿੰਘ, ਬਲਵਿੰਦਰ ਸਿੰਘ, ਜਸਪਾਲ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਸਾਂਸਦ ਗੁਰਜੀਤ ਔਜਲਾ ਵੱਲੋਂ ਸਰਹੱਦੀ ਖੇਤਰ ਦਾ ਦੌਰਾ; ਲੋਕਾਂ ਦੀਆਂ ਸੁਣੀਆਂ ਮੁਸ਼ਕਿਲਾਂ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪਹਿਲਗਾਮ ਘਟਨਾ ਤੋਂ ਬਾਅਦ ਭਾਰਤ ਪਾਕਿਸਤਾਨ ਦਾ ਆਪਸੀ ਖਿਚਾਅ ਚੱਲ ਰਿਹਾ ਹੈ।ਦੋਵਾਂ ਦੇਸ਼ਾਂ ਦਰਮਿਆਨ ਹੋਈ ਆਪਸੀ ਖਿੱਚੋਤਾਣ ਨਾਲ ਸਰਹੱਦੀ ਲੋਕਾਂ ਦੀਆਂ ਮੁਸ਼ਕਲਾਂ ਵਿੱਚ ਵਾਧਾ ਹੋ ਗਿਆ ਹੈ।ਇਸ ਸਭ ਕਾਸੇ ਦੇ ਮੱਦੇਨਜ਼ਰ ਅੱਜ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਸਰਹੱਦ 'ਤੇ ਸਥਿਤ ਪਿੰਡਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਨੂੰ ਦਰਪੇਸ਼ ਰਹੀਆਂ ਮੁਸ਼ਕਲਾਂ ਨੂੰ ਜਾਣਿਆ ਅਤੇ ਉਨ੍ਹਾਂ ਦਾ ਹਾਲ ਪੁੱਛਿਆ ਅਤੇ ਹੌਸਲਾ ਦਿੱਤਾ।ਇਸ ਸਮੇਂ ਲੋਕਾਂ ਵੱਲੋਂ ਵੀ ਔਜਲਾ ਦਾ ਪੁਰਜ਼ੋਰ ਸਵਾਗਤ ਕੀਤਾ ਗਿਆ ਅਤੇ ਕਿਹਾ ਕਿ ਹਾਲਾਤ ਭਾਵੇਂ ਕੋਈ ਵੀ ਹੋਣ, ਉਹ ਦੇਸ਼ ਦੇ ਨਾਲ ਖੜ੍ਹੇ ਹਨ।ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅੱਜ ਅਟਾਰੀ ਦੇ ਪਿੰਡ ਰਾਜਾਤਾਲ, ਦਾਉਕੇ, ਰੋੜਾਂਵਾਲਾ ਖੁਰਦ ਅਤੇ ਪਿੰਡ ਧਨੋਏ ਕਲਾਂ ਦਾ ਦੌਰਾ ਕੀਤਾ। ਉਨ੍ਹਾਂ ਲੋਕਾਂ ਦਾ ਹੌਸਲਾ ਵਧਾਇਆ ਅਤੇ ਕਿਹਾ ਕਿ ਜਦੋਂ ਵੀ ਉਨ੍ਹਾਂ ਨੂੰ ਕਿਸੇ ਵੀ ਚੀਜ਼ ਦੀ ਲੋੜ ਹੁੰਦੀ ਹੈ, ਉਹ ਹਮੇਸ਼ਾ ਉਨ੍ਹਾਂ ਲਈ ਮੌਜੂਦ ਹੁੰਦੇ ਹਨ। ਉਨ੍ਹਾਂ ਕਿਹਾ ਕਿ ਜੰਗ ਸ਼ੁਰੂ ਹੋਵੇ ਜਾਂ ਨਾ ਹੋਵੇ, ਸਰਹੱਦ 'ਤੇ ਬੈਠੇ ਲੋਕਾਂ ਨੂੰ ਹਮੇਸ਼ਾ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਡਰ ਦਾ ਮਾਹੌਲ ਬਣਿਆ ਹੋਇਆ ਹੈ ਪਰ ਉਹ ਖੁਸ਼ ਹਨ ਕਿ ਸਰਹੱਦ ਤੇ ਰਹਿਣ ਵਾਲਿਆਂ ਕੋਲ ਕਿਸੇ ਵੀ ਸਿਪਾਹੀ ਨਾਲੋਂ ਘੱਟ ਹਿੰਮਤ ਨਹੀਂ ਹੈ।ਸਿਰਫ਼ ਅੰਮ੍ਰਿਤਸਰ ਦੇ ਲੋਕ ਹੀ ਨਹੀਂ ਸਗੋਂ ਪੂਰਾ ਦੇਸ਼ ਸਰਹੱਦ 'ਤੇ ਬੈਠੇ ਲੋਕਾਂ ਦੇ ਨਾਲ ਹੈ ਅਤੇ ਹਮੇਸ਼ਾ ਰਹੇਗਾ।ਉਨ੍ਹਾਂ ਕਿਹਾ ਕਿ ਮਾਹੌਲ ਤਣਾਅਪੂਰਨ ਹੈ ਪਰ ਮਨੋਬਲ ਉੱਚਾ ਹੈ।ਲੋਕ ਸ਼ਾਂਤੀ ਚਾਹੁੰਦੇ ਹਨ ਪਰ ਇਸ ਦੇ ਨਾਲ ਹੀ ਨਿਆਂ ਵੀ ਮਹੱਤਵਪੂਰਨ ਹੈ,ਇਸੇ ਲਈ ਹੁਣ ਸਾਰਿਆਂ ਨੂੰ ਇੱਕਜੁੱਟ ਹੋਣ ਦੀ ਲੋੜ ਹੈ ਤਾਂ ਜੋ ਦੇਸ਼ ਅੱਗੇ ਵਧ ਸਕੇ ਅਤੇ ਅੱਤਵਾਦੀਆਂ ਨੂੰ ਸਜ਼ਾ ਦਿੱਤੀ ਜਾ ਸਕੇ।

## ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਦਾ ਬੀ.ਐੱਡ. ਦਾ ਨਤੀਜਾ ਸੌ ਫੀਸਦੀ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਕਾਲਜ ਦਾ ਐਜੂਕੇਸ਼ਨ ਧਾਰੀਵਾਲ ਦੇ ਬੀ.ਐੱਡ. ਸਮੈਸਟਰ ਪਹਿਲਾ ਦਾ ਨਤੀਜਾ ਸੌ ਫੀਸਦੀ ਰਿਹਾ ਹੈ। ਇਸ ਸਬੰਧੀ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਸਮੈਸਟਰ ਪਹਿਲੇ ਦੇ ਨਤੀਜੇ ਵਿੱਚ ਉਨ੍ਹਾਂ ਦੀ ਸੰਸਥਾ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਐਜੂਕੇਸਨ ਦੀਆਂ ਵਿਦਿਆਰਥਣਾਂ ਰਾਜਨਪ੍ਰੀਤ ਕੌਰ ਨੇ



74 ਫੀਸਦੀ ਅੰਕਾਂ ਨਾਲ ਪਹਿਲਾ ਸਥਾਨ, ਭੁਪਿੰਦਰਜੀਤ ਕੌਰ ਨੇ 72 ਫੀਸਦੀ ਅੰਕਾਂ ਨਾਲ ਦੂਜਾ ਸਥਾਨ ਅਤੇ ਤਜਿੰਦਰ ਸ਼ਰਮਾ ਨੇ 70 ਫੀਸਦੀ ਅੰਕਾਂ ਨਾਲ ਤੀਸਰਾ ਸਥਾਨ ਹਾਸਿਲ ਕੀਤਾ। ਇਸ ਮੌਕੇ ਪ੍ਰਿੰਸੀਪਲ ਕਿਰਨ ਕੇਸਰ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਅਧਿਆਪਕ ਵੀ ਵਧਾਈ ਦੇ ਪਾਤਰ ਹਨ ਜਿਨ੍ਹਾਂ ਦੀ ਮਿਹਨਤ ਸਦਕਾ ਕਾਲਜ ਦਾ ਨਤੀਜਾ 100 ਫੀਸਦੀ ਆਇਆ ਹੈ। ਕਾਲਜ ਵਿੱਚ ਬੀ.ਐੱਡ. ਸੈਸਨ 2025-27 ਅਤੇ ਡੀ.ਐੱਲ.ਐੱਡ. ਦੇ ਦਾਖਲੇ ਲਈ ਰਜਿਸਟਰੇਸ਼ਨ ਜਾਰੀ ਹੈ। ਵਧੀਆ ਨਤੀਜਿਆਂ ਅਤੇ ਮਿਆਰੀ ਸਿੱਖਿਆ ਲਈ ਚਾਹਵਾਨ ਵਿਦਿਆਰਥੀ ਰਜਿਸਟਰੇਸ਼ਨ ਕਰਵਾ ਸਕਦੇ ਹਨ।

## ਭਾਰਤ 'ਚ ਰਹਿ ਰਹੇ ਗੈਰ-ਕਾਨੂੰਨੀ ਲੋਕਾਂ ਨੂੰ ਤੁਰੰਤ ਬਾਹਰ ਕੱਢਣ ਦੀ ਮੰਗ

ਬਟਾਲਾ, (ਤਰਲੋਕ ਬੱਗਾ)-ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਜਨਰਲ ਸੈਕਟਰੀ ਰੋਸ਼ਨ ਲਾਲ ਅਤੇ ਜ਼ਿਲ੍ਹਾ ਦੇ ਵਾਈਸ ਪ੍ਰਧਾਨ ਸ਼ਕਤੀ ਸ਼ਰਮਾ ਵੱਲੋਂ ਬਟਾਲਾ ਦੇ ਐੱਸਡੀਐੱਮ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਉਨ੍ਹਾਂ ਦੱਸਿਆ ਕਿ ਭਾਰਤ ਵਿੱਚ ਰਹਿ ਰਹੇ ਗੈਰ ਕਾਨੂੰਨੀ ਢੰਗ ਨਾਲ ਪਾਕਿਸਤਾਨੀ ਨਾਗਰਿਕਾਂ ਨੂੰ ਜਲਦ ਤੋਂ ਜਲਦ ਹਿੰਦੁਸਤਾਨ ਤੋਂ ਬਾਹਰ ਕਰਨ ਦੀ ਮੰਗ ਕੀਤੀ ਤਾਂ ਕਿ ਪਹਿਲਗਾਮ ਵਾਲੀ ਘਟਨਾ ਮੁੜ ਨਾ ਘਟੇ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਪਾਕਿਸਤਾਨ, ਬੰਗਲਾਦੇਸ਼ ਤੋਂ ਵੱਡੀ ਗਿਣਤੀ ਵਿਚ ਗੈਰ-ਕਾਨੂੰਨੀ ਲੋਕ ਭਾਰਤ ਵਿਚ ਦਾਖਲ ਹੋ ਜਾਂਦੇ ਹਨ ਜਿਨ੍ਹਾਂ ਨੂੰ ਸਖਤੀ ਨਾਲ ਨਕੇਲ ਪਾਈ ਜਾਵੇ।ਉਨ੍ਹਾਂ ਅੱਗੇ ਕਿਹਾ ਕਿ ਇਹ ਲੋਕ ਦੇਸ਼ ਲਈ ਵੱਡਾ ਖਤਰਾ ਹਨ, ਇਸ ਲਈ ਇਨ੍ਹਾਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਇਨ੍ਹਾਂ ਨੂੰ ਦੇਸ਼ ਤੋਂ ਬਾਹਰ ਕੱਢਣਾ ਚਾਹੀਦਾ ਹੈ।ਇਸ ਮੌਕੇ ਗੁਰਿੰਦਰ ਪਾਲ ਸਿੰਘ, ਕੌਸ਼ਲ ਮਲਹੋਤਰਾ, ਸੁਵਿੰਦਰ ਸਿੰਘ ਖਹਿਰਾ, ਰਮ ਨੰਦਾ, ਵੇਦ ਪ੍ਰਕਾਸ਼, ਸਿਟੀ ਮੰਡਲ ਪ੍ਰਧਾਨ ਬਲਵਿੰਦਰ ਕੁਮਾਰ, ਸਿਵਿਲ ਲਾਈਨ ਉਮਰਪੁਰਾ ਮੰਡਲ ਪ੍ਰਧਾਨ ਦੀਪਕ ਜੋਸ਼ੀ, ਦਿਹਾਤ ਮੰਡਲ ਪ੍ਰਧਾਨ ਗੁਰਦੀਪ ਸਿੰਘ ਗੁਰਾਇਆ, ਮੰਡਲ ਪ੍ਰਧਾਨ ਜਤਿੰਦਰ ਸਿੰਘ, ਦਿਹਾਤ ਫਤਿਹਗੜ੍ਹ ਚੂੜੀਆਂ ਮੰਡਲ ਪ੍ਰਧਾਨ ਰਣਜੀਤ ਸਿੰਘ ਰਾਣਾ, ਮੰਡਲ ਪ੍ਰਧਾਨ ਰਜਿੰਦਰ ਸਿੰਘ, ਸਵਿੰਦਰ ਸਿੰਘ ਅਲੀਵਾਲ ਮੰਡਲ ਪ੍ਰਧਾਨ, ਰਣਜੋਤ ਸਿੰਘ ਬੁੱਲ੍ਹੇਵਾਲ, ਸ਼੍ਰੀ ਕਾਂਤ ਸ਼ਰਮਾ, ਗੁਰਦੀਪ ਸਿੰਘ ਬਿੱਲਾ, ਅਮਿਤਪਾਲ ਸਿੰਘ, ਜਗਦੀਪ ਜੱਗੀ, ਵਿਜੇ ਭਾਟੀਆ, ਐਕਸ ਐੱਮਸੀ ਸੁਰਿੰਦਰ ਕੁਮਾਰ, ਬਾਲ ਕ੍ਰਿਸ਼ਨ, ਵਿਜੇ ਕੁਮਾਰ, ਦੀਪਕ ਕੁਮਾਰ ਆਦਿ ਹਾਜਰ ਸਨ।




## ਵਿਦਿਆਰਥੀਆਂ ਦਾ ਸਨਮਾਨ ਸਭ ਤੋਂ ਉੱਪਰ : ਹਰਜੋਤ ਬੈਂਸ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ 'ਤੇ ਤਰਨ ਤਾਰਨ ਜ਼ਿਲ੍ਹੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗੋਇੰਦਵਾਲ ਸਾਹਿਬ ਦੇ ਇੰਚਾਰਜ ਨੂੰ ਸਕੂਲ ਵਿੱਚ ਇੱਕ ਸਮਾਗਮ ਦੌਰਾਨ ਵਿਦਿਆਰਥੀਆਂ ਤੋਂ ਵੇਟਰ ਦਾ ਕੰਮ ਕਰਵਾਉਣ (ਸਨੈਕਸ ਵਰਤਵਾਉਣ) ਦੇ ਮਾਮਲੇ ਵਿੱਚ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਹੈ।ਸਕੂਲਾਂ ਵਿੱਚ ਸੁਰੱਖਿਅਤ ਅਤੇ ਸਤਿਕਾਰ ਵਾਲਾ ਮਾਹੌਲ ਬਣਾਈ ਰੱਖਣ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਅਜਿਹਾ ਦੁਰਵਿਹਾਰ ਪੂਰੀ ਤਰ੍ਹਾਂ ਗ਼ੈਰ-ਵਾਜਬ ਹੈ, ਜਿਸ ਕਾਰਨ ਗੁਰਪ੍ਰਤਾਪ ਸਿੰਘ, ਪੰਜਾਬੀ ਲੈਕਚਰਾਰ-ਕਮ-ਸਕੂਲ ਇੰਚਾਰਜ, ਖ਼ਿਲਾਫ਼ ਡਿਊਟੀ ਦੌਰਾਨ ਘੋਰ ਅਣਗਹਿਲੀ ਲਈ ਤੁਰੰਤ ਕਾਰਵਾਈ ਕੀਤੀ ਗਈ ਹੈ।ਮੁਅੱਤਲੀ ਦੌਰਾਨ ਦਫ਼ਤਰ ਜ਼ਿਲ੍ਹਾ ਸਿੱਖਿਆ ਦਫ਼ਤਰ (ਸੀਨੀਅਰ ਸੈਕੰਡਰੀ), ਤਰਨ ਤਾਰਨ ਇਸ ਲੈਕਚਰਾਰ ਦਾ ਹੈੱਡਕੁਆਰਟਰ ਹੋਵੇਗਾ।ਸਿੱਖਿਆ ਮੰਤਰੀ ਬੈਂਸ ਨੇ ਕਿਹਾ ਕਿ ਵਿਦਿਆਰਥੀਆਂ ਦੇ ਮਾਣ-ਸਨਮਾਨ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਜਿਹੇ ਵਤੀਰੇ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਸ. ਹਰਜੋਤ ਸਿੰਘ ਬੈਂਸ ਨੇ ਹੋਰ ਅਧਿਆਪਕਾਂ ਨੂੰ ਵੀ ਸਕੂਲਾਂ ਵਿੱਚ ਉਚ ਮਿਆਰਾਂ ਅਤੇ ਜ਼ਿੰਮੇਵਾਰੀ ਨੂੰ ਬਣਾਈ ਰੱਖਣ ਲਈ ਕਿਹਾ।ਉਨ੍ਹਾਂ ਨੇ ਸਰਕਾਰੀ ਸਕੂਲਾਂ ਵਿੱਚ ਸਤਿਕਾਰ ਅਤੇ ਜਵਾਬਦੇਹੀ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਉਤੇ ਜ਼ੋਰ ਦਿੱਤਾ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨਾ ਵਾਪਰਨ।

## ਜੇਕਰ ਅੱਖਾਂ 'ਚ ਸੰਸਾਰ ਵਸਿਆ ਹੈ ਤਾਂ ਫਿਰ ਅਧਿਆਤਮਕ ਲਕਸ਼ ਦੀ ਪ੍ਰਾਪਤੀ ਤੱਕ ਪਹੁੰਚਣਾ ਅਸੰਭਵ: ਸਾਧਵੀ ਮਨਸਵਿਨੀ ਭਾਰਤੀ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਆਸ਼ਰਮ ਅੰਦਰ ਭੰਡਾਰੇ ਦੇ ਰੂਪ ਵਿੱਚ ਅਧਿਆਤਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਾਧਵੀ ਮਨਸਵਿਨੀ ਭਾਰਤੀ ਨੇ ਕਿਹਾ ਕਿ ਇਸ ਸ੍ਰਿਸ਼ਟੀ ਅੰਦਰ ਚਾਤ੍ਰਿਕ ਦੀ ਦ੍ਰਿਸ਼ਟੀ ਸਿਰਫ ਸੁਆਤੀ ਨਛੱਤਰ ਦੀ ਬੂੰਦ 'ਤੇ ਰਹਿੰਦੀ ਹੈ, ਸੰਸਾਰ ਜਲ ਥਲ ਹੀ ਕਿਉਂ ਨਾ ਹੋ ਜਾਵੇ। ਚਕੋਰ ਦਾ ਲਕਸ਼ ਸਿਰਫ ਚੰਦਰਮਾ ਹੁੰਦਾ ਹੈ, ਚਾਹੇ ਸਾਰਾ ਬ੍ਰਹਿਮੰਡ ਜਗਮਗ ਕਿਉਂ ਨਾ ਕਰ ਰਿਹਾ ਹੋਵੇ। ਇਸੇ ਪ੍ਰਕਾਰ ਇੱਕ ਪਤੰਗੇ ਦਾ ਲਕਸ਼ ਸਿਰਫ ਲੋਅ ਹੋਇਆ ਕਰਦੀ ਹੈ।ਫਿਰ ਚਾਹੇ ਸਾਰੀ ਸ੍ਰਿਸ਼ਟੀ ਹੀ ਪ੍ਰਕਾਸ਼ਮਈ ਕਿਉਂ ਨਾ ਹੋਈ ਹੋਵੇ।ਠੀਕ ਇਸੇ ਪ੍ਰਕਾਰ ਭਗਤੀ ਮਾਰਗ ਉਪਰ ਚੱਲ ਰਹੇ ਸੱਚੇ ਸੇਵਕਾਂ ਦੀ ਦ੍ਰਿਸ਼ਟੀ ਸਿਰਫ ਆਪਣੇ ਗੁਰੂ 'ਤੇ ਹੁੰਦੀ ਹੈ।ਸੇਵਕ ਨੂੰ ਹਰ ਸਮੇਂ ਆਪਣੀਆਂ ਅੱਖਾਂ ਸਿਰਫ ਆਪਣੇ ਲਕਸ਼ 'ਤੇ ਹੀ ਕੇਂਦਰਿਤ ਰੱਖਣੀਆਂ ਚਾਹੀਦੀਆਂ ਹਨ।ਸਭ ਤੋਂ ਅਹਿਮ ਸਵਾਲ ਇਹ ਹੈ ਕਿ ਸੇਵਕ ਦਾ ਧਿਆਨ ਕਿੱਥੇ ਹੈ? ਉਸਦੀਆਂ ਭਾਵਨਾਵਾਂ, ਉਸਦੀ ਸੋਚ, ਉਸਦੀ ਮਿਹਨਤ, ਉਸਦੀ ਸਾਧਨਾ, ਕਿਸ ਜਗ੍ਹਾ 'ਤੇ ਕੇਂਦਰਿਤ ਹੈ? ਕੀ ਉਹ ਆਪਣੇ ਗੁਰੂ 'ਤੇ ਕੇਂਦਰਿਤ ਹੈ? ਜੇਕਰ ਨਹੀਂ ਤਾਂ ਉਹ ਆਪਣੇ ਲਕਸ਼ ਦੀ ਪ੍ਰਾਪਤੀ ਕਰਨ ਵਿੱਚ ਸਫਲ ਨਹੀਂ ਹੋ ਸਕੇਗਾ।ਜੇਕਰ ਸੇਵਕ ਦਾ ਲਕਸ਼ ਉਸ ਦਾ ਗੁਰੂ ਹੈ ਤਾਂ ਉਹ ਅਧਿਆਤਮ ਦੇ ਅੰਤਿਮ ਪੜਾਅ ਤੱਕ ਜ਼ਰੂਰ ਪਹੁੰਚ ਜਾਵੇਗਾ।ਪਰੰਤੂ ਜੇਕਰ ਅੱਖਾਂ ਵਿੱਚ ਸੰਸਾਰ ਵਸਿਆ ਹੈ ਜਾਂ ਮਨ ਸੰਸਾਰ ਵਿੱਚ ਲੱਗਿਆ ਹੈ ਤਾਂ ਫਿਰ ਲਕਸ਼ ਪ੍ਰਾਪਤੀ ਤੱਕ ਪਹੁੰਚਣਾ ਅਸੰਭਵ ਹੈ ਕਿਉਂਕਿ ਕਈ ਵਾਰ ਸਾਧਕ ਸੰਸਾਰ ਦੀ ਪ੍ਰਾਪਤੀ ਦੇ ਲੋਭ ਵਿੱਚ ਇਸ ਮਾਰਗ ਤੋਂ ਵਿਚਲਿਤ ਹੋ ਜਾਂਦਾ ਹੈ ਪ੍ਰੰਤੂ ਜੇਕਰ ਸੇਵਕ ਦਾ ਲਕਸ਼ ਸਿਰਫ ਗੁਰੂ ਹੈ ਤਾਂ ਸੰਸਾਰ ਦਾ ਕੋਈ ਵੀ ਲਾਲਚ ਜਾਂ ਆਕਰਸ਼ਣ ਸੇਵਕ ਨੂੰ ਭਗਤੀ ਮਾਰਗ ਤੋਂ ਵਿਚਲਿਤ ਨਹੀਂ ਕਰ ਸਕੇਗਾ।ਜੋ ਸੰਸਾਰ ਨੂੰ ਪਹਿਲ ਦਿੰਦੇ ਹਨ ਉਹ ਆਪਣੇ ਲਕਸ਼ ਤੋਂ ਭਟਕ ਕੇ ਗੁੰਮ ਹੋ ਜਾਂਦੇ ਹਨ।ਇਸ ਲਈ ਜੇਕਰ ਅਸੀਂ ਆਪਣੇ ਗੁਰੂ ਦੇ ਸੱਚੇ ਸਾਧਕ ਬਣਨਾ ਚਾਹੁੰਦੇ ਹਾਂ ਤਾਂ ਅਸੀਂ ਸਿਰਫ ਕਲਪਨਾ ਕਰਨ ਤੱਕ ਹੀ ਸੀਮਤ ਨਾ ਰਹੀਏ ਸਗੋਂ ਇਸ ਨੂੰ ਪੂਰਾ ਕਰਨ ਲਈ ਅੱਗੇ ਵੀ ਵਧੀਏ।ਜਦੋਂ ਮਨ ਵਿੱਚ ਕਰਮ ਕਰਨ ਦੀ ਲਗਨ ਹੋਵੇਗੀ, ਫਿਰ ਹੀ ਧਰਤੀ ਨੂੰ ਸਵਰਗ ਬਣਾਉਣ ਅਤੇ ਕਲਯੁੱਗ ਦੀ ਕਾਲਖ ਨੂੰ ਖਤਮ ਕਰਕੇ ਨਵਯੁੱਗ ਦਾ ਸ਼ੰਖ ਨਾਦ ਕਰਨ ਦੀ ਕਲਪਨਾ ਮੂਰਤ ਰੂਪ ਲੈ ਸਕੇਗੀ।ਪ੍ਰੋਗਰਾਮ ਦੇ ਦੌਰਾਨ ਸਾਧਵੀ ਹਰੀਅਰਚਨਾ ਭਾਰਤੀ, ਸਾਧਵੀ ਕਿਰਨ ਭਾਰਤੀ, ਸਾਧਵੀ ਪੂਰਨਿਮਾ ਭਾਰਤੀ, ਸਾਧਵੀ ਭਾਵਅਰਚਨਾ ਭਾਰਤੀ, ਸਾਧਵੀ ਨਾਯਨਾ ਭਾਰਤੀ, ਸੁਆਮੀ ਕੁਲਬੀਰਾਨੰਦ, ਸੁਆਮੀ ਸਤਨਾਮ ਨੇ ਸ਼ਬਦ ਭਜਨਾਂ ਦਾ ਗਾਇਨ ਕਰਕੇ ਸੰਗਤ ਨੂੰ ਪ੍ਰਭੂ ਭਗਤੀ ਨਾਲ ਜੋੜਿਆ।

## ਪੰਜਾਬ ਦੇ ਹਾਲਾਤ ਅੱਤਵਾਦ ਦੇ ਦੌਰ ਨਾਲੋਂ ਵੀ ਮਾੜੇ : ਡੈਨੀ ਬੰਡਾਲਾ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਬੀਤੇ ਦਿਨੀਂ ਵਾਲਮੀਕਿ ਚੌਕ ਵਿਚ ਸਤਿਗੁਰੂ ਕੁਲੈਕਸ਼ਨ ਰੈਡੀਮੇਡ ਵਾਲੀ ਦੁਕਾਨ ਤੇ ਅੰਨ੍ਹੇਵਾਹ ਗੋਲੀਆਂ ਚਲਾਈਆਂ ਗਈਆਂ ਸਨ ਜਿਸ ਵਿਚ ਦੁਕਾਨ ਤੇ ਕੰਮ ਕਰਦੀ ਇਕ ਕੋਮਲ ਨਾਮ ਦੀ ਲੜਕੀ ਜ਼ਖਮੀ ਹੋ ਗਈ ਸੀ ਜਦੋਂ ਕਿ ਦੁਕਾਨ ਦੇ ਮਾਲਕ ਵਾਲ-ਵਾਲ ਬਚ ਗਏ ਸਨ।ਅੱਜ ਜੰਡਿਆਲਾ ਗੁਰੂ ਤੋਂ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਵਿਸ਼ੇਸ਼ ਤੌਰ 'ਤੇ ਪੀੜਤ ਦੁਕਾਨਦਾਰ ਦੇ ਘਰ ਪਹੁੰਚੇ ਅਤੇ ਪਰਿਵਾਰ ਨੂੰ ਹੌਸਲਾ ਦਿੱਤਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਡੈਨੀ ਬੰਡਾਲਾ ਨੇ ਕਿਹਾ ਕਿ ਅੱਜ ਪੰਜਾਬ ਦੇ ਹਾਲਾਤ ਅੱਤਵਾਦ ਦੇ ਦੌਰ ਨਾਲੋਂ ਵੀ ਮਾੜੇ ਅਤੇ ਚਿੰਤਾਜਨਕ ਹੋ ਚੁੱਕੇ ਹਨ।ਉਨ੍ਹਾਂ ਕਿਹਾ ਕਿ ਪਹਿਲਾਂ ਚੋਰੀਆਂ, ਡਕੈਤੀਆਂ, ਲੁੱਟ ਖੋਹ ਦੀਆਂ ਘਟਨਾਵਾਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸਵਾਲਾਂ ਦੇ ਘੇਰੇ ਵਿਚ ਲਿਆਂਦਾ ਸੀ ਪਰ ਹੁਣ ਤਾਂ ਆਏ ਦਿਨ ਦਿਨ ਦਿਹਾੜੇ ਗੋਲੀਬਾਰੀ ਦੀਆਂ ਘਟਨਾਵਾਂ ਨੇ ਪੰਜਾਬ ਵਿਚ ਲਾਅ ਐਂਡ ਆਰਡਰ ਨੂੰ ਫੇਲ੍ਹ ਕਰਕੇ ਰੱਖ ਦਿੱਤਾ ਹੈ। ਦੁਕਾਨਦਾਰਾਂ ਦੇ ਮਨਾਂ ਵਿਚ ਡਰ ਅਤੇ ਖੌਫ ਦਾ ਮਾਹੌਲ ਪੈਦਾ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਅਗਰ ਕੁਝ ਨਹੀਂ ਕਰ ਸਕਦੀ ਤਾਂ ਦੁਕਾਨਦਾਰਾਂ ਨੂੰ ਬੁਲਟ ਪਰੂਫ ਜੈਕਟਾਂ ਮੁਹੱਈਆ ਕਰਵਾ ਦੇਵੇ। ਉਨ੍ਹਾਂ ਕਿਹਾ ਕਿ ਆਏ ਦਿਨ ਦੁਕਾਨਦਾਰਾਂ ਨੂੰ ਫਿਰੌਤੀ ਦੀਆਂ ਧਮਕੀਆਂ ਆ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸਰਕਾਰ ਕੁੰਭਕਰਨ ਦੀ ਨੀਂਦ ਸੁੱਤੀ ਹੋਈ ਹੈ।

## ਜੀਟੀਬੀਆਈ ਸਕੂਲ ਕਲਿਆਣਪੁਰ ਦੇ ਚੇਅਰਮੈਨ ਤਰਸੇਮ ਸਿੰਘ ਨਮਿੱਤ ਸ਼ਰਧਾਂਜਲੀ ਸਮਾਗਮ

### ਪ੍ਰਤਾਪ ਬਾਜਵਾ, ਸੁੱਚਾ ਸਿੰਘ ਲੰਗਾਹ ਸਮੇਤ ਵੱਖ-ਵੱਖ ਆਗੂਆਂ ਨੇ ਕੀਤੇ ਸ਼ਰਧਾ ਦੇ ਫੁੱਲ ਭੇਟ




ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ (ਧਾਰੀਵਾਲ) ਵਿਖੇ ਮੈਨੇਜਰ ਤਰਸੇਮ ਸਿੰਘ ਕਲਿਆਣਪੁਰ ਨਮਿੱਤ ਸ਼ਰਧਾਂਜਲੀ ਸਮਾਰੋਹ ਹੋਇਆ। ਭਾਈ ਸ਼ੌਕੀਨ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨੇ ਵੈਰਾਗਮਈ ਕੀਰਤਨ ਕੀਤਾ। ਸ਼ਰਧਾਂਜਲੀ ਸਮਾਗਮ ਦੌਰਾਨ ਹਲਕਾ ਵਿਧਾਇਕ ਤੇ ਪੰਜਾਬ ਵਿਧਾਨ ਸਭਾ ਵਿਰੋਧੀ ਧਿਰ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਕੈਬਨਿਟ ਮੰਤਰੀ ਪੰਜਾਬ ਜਥੇ. ਸੁੱਚਾ ਸਿੰਘ ਲੰਗਾਹ, ਸਾਬਕਾ ਚੇਅਰਮੈਨ ਵਜੀਰ ਸਿੰਘ ਲਾਲੀ, ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਕ੍ਰਿਪਾਲ ਸਿੰਘ ਬਡੂੰਗਰ ਦੇ ਸਪੁੱਤਰ ਹਰਦੀਪ ਸਿੰਘ ਬਡੂੰਗਰ ਡੀਐਸਪੀ, ਬੀਪੀਈਓ ਜਸਵਿੰਦਰ ਸਿੰਘ ਚੌਧਰਪੁਰ, ਆਗੂ ਬਲਦੇਵ ਸਿੰਘ ਨਿਮਾਣਾ ਆਦਿ ਬੁਲਾਰਿਆਂ ਨੇ ਮੈਨੇਜਰ ਤਰਸੇਮ ਸਿੰਘ ਕਲਿਆਣਪੁਰ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ ਭੇਟ ਕਰਦਿਆਂ ਕਿਹਾ ਕਿ ਮੈਨੇਜਰ ਤਰਸੇਮ ਸਿੰਘ ਬਹੁਤ ਹੀ ਮਿੱਠ ਬੋਲੜੇ ਤੇ ਮਿਲਾਪੜੇ ਸੁਭਾਅ ਦੇ ਮਾਲਕ ਸਨ। ਉਨ੍ਹਾਂ ਨੇ ਨੌਕਰੀ ਤੋਂ ਸੇਵਾ ਮੁਕਤ ਹੋ ਕੇ ਸਿੱਖਿਆ ਸੰਸਥਾ ਖੋਲ੍ਹ ਕੇ ਸਿੱਖਿਆ ਖੇਤਰ ਵਿੱਚ ਚੰਗਾ ਨਾਮਣ ਖੱਟਿਆ ਅਤੇ ਲੋੜਵੰਦਾਂ ਦੀ ਮਦਦ ਕਰਨ ਤੋਂ ਇਲਾਵਾ ਸਮਾਜਸੇਵੀ ਅਤੇ ਧਾਰਮਿਕ ਕੰਮਾਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲੈਂਦੇ ਰਹੇ। ਉਨ੍ਹਾਂ ਨੇ ਰਾਜਨੀਤਿਕ ਤੌਰ 'ਤੇ ਵਿਚਰਦਿਆਂ ਪਿੱਛਲੀ ਟਰਮ ਵਿੱਚ ਪਿੰਡ ਦੇ ਸਰਪੰਚ ਬਣ ਕੇ ਪੰਜ ਸਾਲ ਪਿੰਡ ਦੇ ਵਿਕਾਸ ਵਿੱਚ ਯੋਗਦਾਨ ਪਾਇਆ। ਇਸ ਮੌਕੇ ਸਾਬਕਾ ਮੰਤਰੀ ਪੰਜਾਬ ਜਥੇ. ਸੁੱਚਾ ਸਿੰਘ ਛੋਟੇਪੁਰ, ਅਕਾਲੀ ਦਲ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ, ਤਰਨਾ ਦਲ ਚੌਂਕ ਮਹਿਤਾ ਮੁੱਖੀ ਨਿਹੰਗ ਸਿੰਘ ਬਾਬਾ ਬਲਵਿੰਦਰ ਸਿੰਘ, ਜਗਦੀਸ਼ ਸਿੰਘ ਬੁੱਟਰ ਚੀਫ ਇੰਸਪੈਕਟਰ ਗੁਰਦੁਆਰਾ ਪ੍ਰਬੰਧਕ ਕਮੇਟੀ, ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਕਲਿਆਣਪੁਰ, ਨਿਹੰਗ ਸਿੰਘ ਬਾਬਾ ਆਕੜ ਸਿੰਘ, ਕਾਂਗਰਸ ਸੂਬਾ ਆਗੂ ਬਰਿੰਦਰ ਸਿੰਘ ਛੋਟੇਪੁਰ, ਐਲੀਮੈਂਟਰੀ ਟੀਚਰਜ਼ ਯੂਨੀਅਨ ਗੁਰਦਾਸਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ, ਬੀਪੀਈਓ ਬਲਵਿੰਦਰ ਸਿੰਘ ਗਿੱਲ, ਗੌਰਮਿੰਟ ਟੀਚਰਜ਼ ਯੂਨੀਅਨ ਗੁਰਦਾਸਪੁਰ ਪ੍ਰਧਾਨ ਕੁਲਦੀਪ ਪੂਰੋਵਾਲ, ਹੈੱਡਮਾਸਟਰ ਗੁਰਮਿੰਦਰ ਸਿੰਘ ਧਾਲੀਵਾਲ, ਅਕਾਲੀ ਦਲ ਜਥੇਬੰਧਕ ਸਕੱਤਰ ਨਰਿੰਦਰ ਸਿੰਘ ਸੇਖਵਾਂ, ਜਤਿੰਦਰਪਾਲ ਸਿੰਘ ਜੀ. ਐੱਮ. (ਪੀਆਰਟੀਸੀ), ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਭੂਮੀ ਰੱਖਿਆ ਅਫਸਰ ਡਾ: ਗੁਰਪ੍ਰੀਤ ਸਿੰਘ, ਮੁੱਖ ਅਧਿਆਪਕ ਨੀਰਜ ਕੁਮਾਰ ਖੁੰਡਾ, ਐਮ. ਡੀ.ਕੁਲਜੀਤ ਸਿੰਘ ਜੌੜਾ ਛਿੱਤਰਾਂ, ਰਣਜੀਤ ਸਿੰਘ ਕਲਿਆਣਪਰ ਮੈਨੇਜਰ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ, ਸੀਐਚਟੀ ਸੁਖਦੇਵ ਸਿੰਘ ਕਲੇਰ, ਵਾਤਾਵਰਨ ਪ੍ਰੇਮੀ ਹੈੱਡਮਾਸਟਰ ਰਣਜੀਤ ਸਿੰਘ ਛੀਨਾ, ਪ੍ਰਿੰਸੀਪਲ ਬਲਬੀਰ ਸਿੰਘ ਲੇਹਲ, ਬੀਪੀਈਓ ਭਾਰਤ ਰਤਨ, ਕੁਲਵੰਤ ਸਿੰਘ ਧਾਰੀਵਾਲ, ਗੁਰਮੀਤ ਇਲੈਕਟ੍ਰੋਨਿਕਸ ਵਾਲੇ, ਪ੍ਰਿੰਸੀਪਲ ਡਾ: ਰਾਜਵਿੰਦਰ ਕੌਰ ਨਾਗਰਾ, ਪ੍ਰਿੰਸੀਪਲ ਜਤਿੰਦਰ ਕੌਰ ਜੌਹਲ, ਬਲਾਕ ਕਾਂਗਰਸ ਪ੍ਰਧਾਨ ਗੁਰਨਾਮ ਸਿੰਘ ਜਫਰਵਾਲ, ਸੇਵਾ ਮੁਕਤ ਐੱਸਐਚਓ ਜਰਨੈਲ ਸਿੰਘ ਕਾਹਲੋਂ, ਸਾਬਕਾ ਕੌਂਸਲਰ ਕੁਲਦੀਪ ਸਿੰਘ ਟੋਨੀ, ਬਾਬਾ ਜੋਗਾ ਸਿੰਘ ਕਾਰ ਸੇਵਾ ਵਾਲੇ, ਯੂਥ ਆਕਲੀ ਦਲ ਆਗੂ ਕੁਲਬੀਰ ਸਿੰਘ ਰਿਆੜ ਆਦਿ ਤੋਂ ਇਲਾਵਾ ਵੱਡੀ ਗਿੱਣਤੀ 'ਚ ਰਾਜਨੀਤਿਕ, ਸਮਾਜਸੇਵੀ ਅਤੇ ਧਾਰਮਿਕ ਆਗੂਆਂ ਨੇ ਸ਼ਮੂਲੀਅਤ ਕੀਤੀ।

## ਦੋ ਨਸ਼ਾ ਤਸਕਰਾਂ ਖ਼ਿਲਾਫ਼ ਵੱਖ-ਵੱਖ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਬਹਿਰਾਮਪੁਰ ਪੁਲਿਸ ਦੇ ਏਐੱਸਆਈ ਤਿਲਕ ਰਾਜ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਮੁੱਖਬਰ ਦੀ ਇਤਲਾਹ 'ਤੇ ਸ਼ੰਮੀ ਪੁੱਤਰ ਜਨਕ ਰਾਜ ਵਾਸੀ ਸਾਂਸੀਆਂ ਮੁਹੱਲਾ ਬਹਿਰਾਮਪੁਰ ਦੇ ਘਰ ਰੇਡ ਕਰਕੇ ਉਸ ਨੂੰ 6750 ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਇਸੇ ਤਰ੍ਹਾਂ ਥਾਣਾ ਭੈਣੀ ਮੀਆਂ ਖਾਂ ਦੇ ਏ. ਐੱਸ. ਆਈ. ਅਵਤਾਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਪਿੰਡ ਨਾਨੋਵਾਲ ਕਲਾ ਮੌਜੂਦ ਸੀ ਕਿ ਸਾਹਮਣੇ ਇੱਕ ਮੋਨਾ ਨੌਜਵਾਨ ਖੜ੍ਹਾ ਸੀ ਜੋ ਪੁਲਸ ਪਾਰਟੀ ਦੀ ਗੱਡੀ ਦੇਖ ਕੇ ਖਿਸਕਣ ਲੱਗਾ, ਨੂੰ ਕਾਬੂ ਕਰਕੇ ਨਾਮ ਪਤਾ ਪੁੱਛਿਆ ਤਾਂ ਉਸਨੇ ਆਪਣਾ ਨਾਮ ਅਸ਼ੋਕ ਕੁਮਾਰ ਪੁੱਤਰ ਰਤਨ ਚੰਦ ਵਾਸੀ ਭੈਣੀ ਮੀਆਂ ਖਾਂ ਦੱਸਿਆ, ਜਿਸ ਕੋਲੋਂ 25 ਨਸ਼ੀਲੇ ਕੈਪਸੂਲ ਬਰਾਮਦ ਕੀਤੇ। ਪੁਲਸ ਨੇ ਇਨ੍ਹਾਂ ਦੋਵਾਂ ਮਾਮਲਿਆਂ ਵਿਚ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਕਿਸਾਨ ਆਗੂ ਰਕੇਸ਼ ਟਿਕੈਤ 'ਤੇ ਹੋਏ ਹਮਲੇ ਦੀ ਨਿੰਦਾ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਕਿਸਾਨ ਆਗੂ ਰਕੇਸ਼ ਟਿਕੈਤ ਉਪਰ ਹੋਏ ਜਾਨਲੇਵਾ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਆਗੂ ਕਾਮਰੇਡ ਜਸਪਾਲ ਸਿੰਘ ਢਿੱਲੋਂ ਝਬਾਲ ਨੇ ਕਿਹਾ ਕਿ ਭਾਰਤ ਦੇ ਫਿਰਕਾਪ੍ਰਸਤ ਹਾਕਮਾਂ ਦੀ ਕੋਝੀ ਹਰਕਤ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਦੇ ਖਿਲਾਫ ਕਿਰਤੀ ਕਿਸਾਨ ਮੂੰਹ ਤੋੜਵਾਂ ਜਵਾਬ ਦੇਣ ਲਈ ਜਥੇਬੰਦਕ ਹੋ ਕੇ ਤਿੱਖੇ ਸੰਘਰਸ਼ਾਂ ਦੇ ਰਾਹ ਪੈਣ ਦਾ ਕੰਮ ਕਰਨਗੇ, ਕਿਸਾਨ ਮਜ਼ਦੂਰ ਵਿਰੋਧੀ ਨੀਤੀਆਂ ਦਾ ਪਰਦਾਫਾਸ਼ ਕਰਨ ਲਈ ਪਿੰਡ-ਪਿੰਡ ਸ਼ਹਿਰਾਂ ਵਿੱਚ ਜਥੇਬੰਦ ਕੀਤਾ ਜਾਵੇਗਾ

## ਅੰਤਰਰਾਸ਼ਟਰੀ ਮਾਮਲਿਆਂ ਦੀ ਸਮਝ ਤੇ ਸੰਵਾਦ ਕੌਸ਼ਲ ਵਿਸ਼ੇ 'ਤੇ ਕਾਨਫਰੰਸ



ਪਠਾਨਕੋਟ (ਦਵਿੰਦਰ ਸਿੰਘ)-ਕੈਲੇਡੋਨੀਅਨ ਇੰਟਰਨੈਸ਼ਨਲ ਸਕੂਲ, ਮਮੂਨ ਵਿੱਚ ਮਾਡਲ ਯੂਨਾਈਟਿਡ ਨੇਸ਼ਨਜ਼ (ਮੂਨ) ਕਾਨਫਰੰਸ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ (ਅੰਮ੍ਰਿਤਸਰ) ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਮਾਮਲਿਆਂ ਦੀ ਸਮਝ ਅਤੇ ਸੰਵਾਦ ਕੌਸ਼ਲ ਵਧਾਉਣ ਲਈ ਉਤਸ਼ਾਹਿਤ ਕੀਤਾ।ਕਾਮਫਰੰਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਵਵਿਆਪੀ ਮੁੱਦਿਆਂ 'ਤੇ ਬਹਿਸ ਕਰਕੇ ਆਪਣੇ ਕੂਟਨੀਤਿਕ ਦ੍ਰਿਸ਼ਟੀਕੋਣ ਅਤੇ ਲੀਡਰਸ਼ਿਪ ਦੇ ਹੁਨਰ ਦਾ ਪ੍ਰਗਟਾਵਾ ਕੀਤਾ।ਕੈਲੇਡੋਨੀਅਨ ਇੰਟਰਨੈਸ਼ਨਲ ਸਕੂਲ ਦੇ ਸੰਸਥਾਪਕ ਅਤੇ ਮਹਾਜਨ ਸਭਾ ਯੁਵਾ ਦੇ ਜ਼ਿਲ੍ਹਾ ਉਪ-ਪ੍ਰਧਾਨ ਸ੍ਰਿਜਲ ਗੁਪਤਾ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਨੌਜਵਾਨਾਂ ਨੂੰ ਵਿਸ਼ਵਵਿਆਪੀ ਸੋਚ, ਅਗਵਾਈ ਸਮਰੱਥਾ ਅਤੇ ਨੀਤੀ-ਨਿਰਮਾਣ ਦੀ ਦਿਸ਼ਾ ਵਿੱਚ ਸਿਖਲਾਈ ਦਿੰਦੇ ਹਨ।ਪੰਜਾਬ ਵਰਗੇ ਖੇਤਰ ਵਿੱਚ ਅਜਿਹੇ ਮੰਚ ਨਵੀਂ ਪੀੜ੍ਹੀ ਲਈ ਚਮਕਦਾਰ ਭਵਿੱਖ ਦੀ ਨੀਂਹ ਰੱਖਦੇ ਹਨ।ਪ੍ਰਿੰਸੀਪਲ ਸ਼ਗੁਨ ਗੁਪਤਾ ਨੇ ਵੀ ਵਿਦਿਆਰਥੀਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਾਡਾ ਟੀਚਾ ਸਿਰਫ਼ ਕਿਤਾਬੀ ਜਾਣਕਾਰੀ ਤੱਕ ਸੀਮਿਤ ਨਹੀਂ, ਸਗੋਂ ਅਸੀਂ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸੀ, ਜਾਗਰੂਕ ਅਤੇ ਜ਼ਿੰਮੇਵਾਰ ਵਿਸ਼ਵ ਨਾਗਰਿਕ ਬਣਾਉਣਾ ਚਾਹੁੰਦੇ ਹਾਂ।ਪ੍ਰੋਗਰਾਮ ਵਿੱਚ ਕਈ ਮੁਅੱਜ਼ਜ਼ ਸ਼ਖਸੀਅਤਾਂ, ਮਾਪੇ ਅਤੇ ਅਧਿਆਪਕ ਹਾਜ਼ਰ ਸਨ।ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਮੰਚਾਂ 'ਤੇ ਭਾਰਤ ਦੀ ਆਵਾਜ਼ ਬਣਨ ਦੀ ਪ੍ਰੇਰਨਾ ਦਿੰਦੇ ਹਨ।

## ਸ਼੍ਰੀ ਬ੍ਰਾਹਮਣ ਸਭਾ ਗੁਰਦਾਸਪੁਰ ਨੇ ਭਗਵਾਨ ਪਰਸ਼ੂਰਾਮ ਦਾ ਜਨਮ ਦਿਹਾੜਾ ਮਨਾਇਆ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਸ਼੍ਰੀ ਬ੍ਰਾਹਮਣ ਸਭਾ ਗੁਰਦਾਸਪੁਰ ਵੱਲੋਂ ਭਗਵਾਨ ਪਰਸ਼ੂਰਾਮ ਮਹਾਰਾਜ ਦਾ ਜਨਮ ਦਿਹਾੜਾ ਸਥਾਨਕ ਸ਼੍ਰੀ ਬ੍ਰਾਹਮਣ ਸਭਾ ਬਟਾਲਾ ਰੋਡ ਵਿਖੇ ਧੂਮਧਾਮ ਨਾਲ ਸਭਾ ਦੇ ਪ੍ਰਧਾਨ ਮੁਕੇਸ਼ ਸ਼ਰਮਾ ਦੀ ਪ੍ਰਧਾਨਗੀ ਵਿਚ ਮਨਾਇਆ ਗਿਆ।ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਉਪਰ ਸ਼੍ਰੀ ਸ਼੍ਰੀ 1008 ਮਹੰਤ ਰਾਮ ਦਾਸ ਜੀ ਮਹਾਰਾਜ, ਬਾਵਾ ਲਾਲ ਦਿਆਲ ਗੱਦੀ ਬਹਿਰਾਮਪੁਰ ਜਦਕਿ ਵਿਸ਼ੇਸ਼ ਮਹਿਮਾਨ ਦੇ ਤੌਰ ਉਪਰ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਾਸਪੁਰ ਰਾਜੇਸ਼ ਸ਼ਰਮਾ ਹਾਜ਼ਰ ਹੋਏ ਜਿਨ੍ਹਾਂ ਦਾ ਸਵਾਗਤ ਸਭਾ ਅਹੁਦੇਦਾਰਾਂ ਵੱਲੋਂ ਕੀਤਾ ਗਿਆ।ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਸ਼੍ਰੀ ਸ਼੍ਰੀ 1008 ਮਹੰਤ ਰਾਮ ਦਾਸ ਜੀ ਮਹਾਰਾਜ ਨੇ ਕਿਹਾ ਕਿ ਸਾਨੂੰ ਸਾਰਿਆ ਨੂੰ ਇਕ ਜੁਟ ਹੋਕੇ ਚਲਣਾ ਚਾਹੀਦਾ ਹੈ ਕਿਉਂਕਿ ਇਕਜੁਟਤਾ ਦੇ ਨਾਲ ਜਿਥੇ ਹਰ ਕੰਮ ਸਫਲ ਹੁੰਦਾ ਹੈ ਉਥੇ ਹੀ ਆਪਸੀ ਪਿਆਰ ਵੱਧਦਾ ਹੈ।ਉਨ੍ਹਾਂ ਕਿਹਾ ਕਿ ਭਗਵਾਨ ਪਰਸ਼ੂਰਾਮ ਜੀ ਨੇ ਹਮੇਸ਼ਾ ਲੋਕ ਭਲਾਈ ਦੇ ਕੰਮ ਕੀਤੇ ਅਤੇ ਲੋਕਾਂ ਦੀ ਭਲਾਈ ਲਈ ਪੂਰਾ ਜੀਵਨ ਲਗਾ ਦਿੱਤਾ। ਉਨ੍ਹਾਂ ਵੱਲੋਂ ਸ਼੍ਰੀ ਬ੍ਰਾਹਮਣ ਸਭਾ ਵੱਲੋਂ ਕਰਵਾਏ ਗਏ ਸਮਾਗਮ ਦੀ ਸ਼ਲਾਘਾ ਕੀਤੀ ਗਈ ਅਤੇ ਸਮਾਗਮ ਦੀ ਸਫਲਤਾ ਲਈ ਆਯੋਜਕਾਂ ਨੂੰ ਵਧਾਈ ਦਿੱਤੀ।ਸਮਾਗਮ ਦੌਰਾਨ ਵਿਸ਼ੇਸ਼ ਮਹਿਮਾਨ ਰਾਜੇਸ਼ ਸ਼ਰਮਾ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਮੌਜੂਦਾ ਸਮੇਂ ਵਿਚ ਸਾਨੂੰ ਆਪਣੀ ਨਵੀਂ ਪੀੜ੍ਹੀ ਨੂੰ ਆਪਣੀ ਅਮੀਰ ਵਿਰਾਸਤ ਨਾਲ ਜੋੜਨਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਗੁਰੂ ਵੱਲੋਂ ਦੱਸੇ ਗਏ ਮਾਰਗ ਸਬੰਧੀ ਜਾਣੂ ਕਰਵਾਉਣਾ ਚਾਹੀਦਾ ਹੈ ਤਾਂ ਕਿ ਉਹ ਪੱਛਮੀ ਸਭਿਅਤਾ ਦੇ ਪ੍ਰਭਾਵ ਹੇਠ ਆ ਕੇ ਆਪਣੇ ਅਮੀਰ ਸੰਸਕਾਰ ਨਾ ਭੁੱਲ ਜਾਣ।ਸਮਾਗਮ ਦੀ ਸਮਾਪਤੀ ਉਪਰ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਨੂੰ ਸਭਾ ਦੇ ਅਹੁਦੇਦਾਰਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਸਮਾਗਮ ਦੇ ਆਖਿਰ ਵਿਚ ਸਭਾ ਦੇ ਪ੍ਰਧਾਨ ਮੁਕੇਸ਼ ਸ਼ਰਮਾ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ।ਅਟੁੱਟ ਲੰਗਰ ਸੰਗਤ ਵਿਚ ਵੰਡਿਆ ਗਿਆ। ਇਸ ਮੌਕੇ ਸਭਾ ਦੇ ਸਾਰੇ ਅਹੁਦੇਦਾਰ, ਕਾਰਜਕਾਰੀ ਮੈਂਬਰ ਹਾਜ਼ਰ ਸਨ।

## ਪੱਤਰਕਾਰਾਂ ਉੱਪਰ ਹੁੰਦੇ ਹਮਲਿਆਂ 'ਤੇ ਚਿੰਤਾ ਜ਼ਾਹਰ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕੌਮਾਂਤਰੀ ਪ੍ਰੈੱਸ ਆਜ਼ਾਦੀ ਦਿਵਸ ਨੂੰ ਸਮਰਪਿਤ ਪ੍ਰੈੱਸ ਯੂਨੀਅਨ ਧਾਰੀਵਾਲ ਦੀ ਅਹਿਮ ਮੀਟਿੰਗ ਯੂਨੀਅਨ ਦੇ ਦਫਤਰ ਪੁਰਾਣਾ ਧਾਰੀਵਾਲ ਵਿਖੇ ਇੰਦਰ ਜੀਤ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਪੱਤਰਕਾਰਾਂ ਭਾਈਚਾਰੇ ਨੂੰ ਫੀਲਡ ਵਿੱਚ ਆਉਂਦੀਆਂ ਦਰਪੇਸ਼ ਮੁਸ਼ਕਲਾਂ ਬਾਰੇ ਵਿਚਾਰ-ਚਰਚਾ ਕੀਤੀ ਅਤੇ ਪੱਤਰਕਾਰਾਂ ਉਪਰ ਹੁੰਦੇ ਹਮਲਿਆਂ 'ਤੇ ਚਿੰਤਾ ਜ਼ਾਹਰ ਕਰਦਿਆਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਪੱਤਰਕਾਰਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਕਿਉਂਕਿ ਪੱਤਰਕਾਰ ਆਪਣੀ ਜਾਨ ਜੋਖਮ ਵਿੱਚ ਪਾ ਕੇ ਹਰ ਥਾਂ 'ਤੇ ਕਵਰੇਜ ਕਰਨ ਲਈ ਪਹੁੰਚਦੇ ਹਨ। ਮੀਟਿੰਗ ਦੌਰਾਨ ਯੂਨੀਅਨ ਦੇ ਸਾਬਕਾ ਪ੍ਰਧਾਨ ਰਮੇਸ਼ ਨੰਦਾ ਨੇ ਕਿਹਾ ਪ੍ਰੈੱਸ ਲੋਕਤੰਤਰ ਦਾ ਚੌਥਾ ਥੰਮ੍ਹ ਮੰਨਿਆਂ ਜਾਂਦਾ ਹੈ। ਪੱਤਰਕਾਰਾਂ ਨੂੰ ਨਿੱਡਰਤਾ, ਨਿਰਪਖਤਾ ਅਤੇ ਬਿਨਾ ਕਿਸੇ ਲਾਲਚ ਦੇ ਲੋਕ ਮੁੱਦੇ ਉਜਾਗਰ ਕਰਨੇ ਚਾਹੀਦੇ ਹਨ ਅਤੇ ਖਬਰ ਪ੍ਰਕਾਸ਼ਿਤ ਕਰਨ ਤੋਂ ਪਹਿਲਾਂ ਖਬਰ ਸਬੰਧੀ ਹਰ ਪਹਿਲੂ ਤੋਂ ਜਾਂਚ ਵਿਚਾਰ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਪੱਤਰਕਾਰਾਂ ਭਾਈਚਾਰੇ ਨੂੰ ਅਪੀਲ ਕੀਤੀ ਕਿ ਖਬਰ ਪ੍ਰਕਾਸ਼ਿਤ ਕਰਨ ਸਮੇਂ ਧਿਰ ਨਾ ਬਣਿਆ ਜਾਵੇ ਅਤੇ ਪੱਤਰਕਾਰਤਾ ਨੂੰ ਢਾਹ ਲਾਉਣ ਵਾਲੀਆਂ ਖਬਰਾਂ ਪ੍ਰਕਾਸ਼ਿਤ ਕਰਨ ਤੋਂ ਗੁਰੇਜ਼ ਕੀਤਾ ਜਾਵੇ। ਮੀਟਿੰਗ ਦੌਰਾਨ ਸਮੂਹ ਪੱਤਰਕਾਰ ਭਾਈਚਾਰੇ ਨੇ ਕਿਹਾ ਕੁਝ ਕੁ ਪੱਤਰਕਾਰ ਕਿਸੇ ਲਾਲਚ ਵਿੱਚ ਆ ਕੇ ਜਲਦਬਾਜ਼ੀ 'ਚ ਬਿਨਾਂ ਸੋਚੇ ਸਮਝੇ ਤੱਥਹੀਣ ਖਬਰ ਪ੍ਰਕਾਸ਼ਿਤ ਕਰਕੇ ਪੱਤਰਕਾਰਤਾ ਨੂੰ ਬਦਨਾਮ ਕਰਦੇ ਹਨ, ਅਜਿਹੇ ਪੱਤਰਕਾਰਾਂ ਤੋਂ ਸੁਚੇਤ ਰਹਿਣ ਦੀ ਲੋੜ ਹੈ। ਮੀਟਿੰਗ ਵਿੱਚ ਰਮੇਸ਼ ਨੰਦਾ, ਪ੍ਰੇਮ ਸਿੰਘ, ਸਵਰਨ ਸਿੰਘ, ਨੰਦ ਕਿਸ਼ੋਰ ਰਾਜੂ ਖੋਸਲਾ, ਸੁੱਚਾ ਸਿੰਘ ਪਸਨਾਵਾਲ, ਗੁਰਬਚਨ ਸਿੰਘ ਬਮਰਾਹ, ਲਖਬੀਰ ਸਿੰਘ ਖੁੰਡਾ, ਲਵਲੀ ਨਾਗੀ, ਬਲਬੀਰ ਬੱਬਰ, ਅਸ਼ੋਕ ਕੁਮਾਰ, ਰਣਜੀਤ ਸਿੰਘ,ਅਰੁਣ ਕੁਮਾਰ ਆਦਿ ਪੱਤਰਕਾਰ ਹਾਜ਼ਰ ਸਨ।

## ਪ੍ਰਤਾਪ ਵਰਲਡ ਸਕੂਲ 'ਚ ਐੱਨ ਸੀ ਸੀ ਆਰਮੀ ਵਿੰਗ ਕੈਡੇਟਾਂ ਦੀ ਚੋਣ ਲਈ ਪ੍ਰੀਖਿਆ ਕਰਵਾਈ




ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿੱਚ ਐੱਨ ਸੀ ਸੀ ਆਰਮੀ ਵਿੰਗ ਦੇ ਨਵੇਂ ਕੈਡੇਟਾਂ ਦੇ ਬੈਚ ਲਈ ਚੋਣ ਪ੍ਰੀਖਿਆ ਸਫਲਤਾਪੂਰਵਕ ਆਯੋਜਿਤ ਕੀਤੀ ਗਈ।ਸਕੂਲ ਦੇ ਕੁੱਲ 80 ਉਤਸ਼ਾਹੀ ਵਿਦਿਆਰਥੀਆਂ ਨੇ ਇਸ ਕਠਿਨ ਚੋਣ ਪ੍ਰਕਿਰਿਆ ਵਿੱਚ ਹਿੱਸਾ ਲਿਆ, ਜਿਸ ਵਿੱਚ ਸਰੀਰਕ ਅਤੇ ਲਿਖਤੀ ਪ੍ਰੀਖਿਆ ਦੇ ਆਧਾਰ ਤੇ 25 ਸਰਵੋਤਮ ਪ੍ਰਦਰਸ਼ਨ ਕਰਨ ਵਾਲੇ ਕੈਡੇਟਾਂ ਦੀ ਚੋਣ ਕੀਤੀ ਗਈ।ਇਹ ਚੋਣ ਪ੍ਰਕਿਰਿਆ 7ਵੀਂ ਪੰਜਾਬ ਬਟਾਲੀਅਨ ਐੱਨਸੀਸੀ ਦੀ ਨਿਗਰਾਨੀ ਹੇਠ ਕੀਤੀ ਗਈ, ਜਿਸ ਦੀ ਅਗਵਾਈ ਗੁਰਦਾਸਪੁਰ ਤੋਂ ਕਮਾਂਡਿੰਗ ਅਫ਼ਸਰ ਕਰਨਲ ਅਜੇ ਕੁਮਾਰ ਸ਼ਰਮਾ ਨੇ ਕੀਤੀ।ਚੋਣ ਪ੍ਰਕਿਰਿਆ ਨੂੰ ਸੁਚਾਰੂ ਅਤੇ ਅਨੁਸ਼ਾਸਿਤ ਢੰਗ ਨਾਲ ਪੂਰਾ ਕਰਵਾਉਣ ਵਿੱਚ ਨਾਇਬ ਸੂਬੇਦਾਰ ਇੰਦਰਜੀਤ ਅਤੇ ਰਾਮ ਪਾਲ ਦਾ ਯੋਗਦਾਨ ਬੇਹੱਦ ਸ਼ਲਾਘਾਯੋਗ ਰਿਹਾ।ਇਹ ਪਹਿਲ ਨਾ ਕੇਵਲ ਪ੍ਰਤਾਪ ਵਰਲਡ ਸਕੂਲ ਦੀ ਆਪਣੇ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਦੇਸ਼ਭਗਤੀ ਅਤੇ ਨੇਤ੍ਰਤਾ ਦੇ ਗੁਣ ਵਿਕਸਿਤ ਕਰਨ ਦੀ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ, ਸਗੋਂ ਸਹਿ-ਪਾਠਕ੍ਰਮਿਕ ਉੱਤਮਤਾ ਦੇ ਜ਼ਰੀਏ ਸਰਬਪੱਖੀ ਵਿਕਾਸ ਦੇ ਵਿਸ਼ਾਲ ਟੀਚੇ ਦੇ ਅਨੁਕੂਲ ਵੀ ਹੈ।ਸਕੂਲ ਦੇ ਨਿਰਦੇਸ਼ਕ ਸੰਨੀ ਮਹਾਜਨ ਨੇ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਵਿੱਚ ਅਸੀਂ ਆਪਣੇ ਵਿਦਿਆਰਥੀਆਂ ਨੂੰ ਨਾ ਸਿਰਫ਼ ਅਕਾਦਮਿਕ ਉਤਮਤਾ ਲਈ ਤਿਆਰ ਕਰਦੇ ਹਾਂ, ਸਗੋਂ ਉਨ੍ਹਾਂ ਨੂੰ ਦੇਸ਼ ਦੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਵੀ ਪ੍ਰੇਰਿਤ ਕਰਦੇ ਹਾਂ।ਐੱਨਸੀਸੀ ਪ੍ਰੋਗਰਾਮ ਰਾਹੀਂ ਵਿਦਿਆਰਥੀਆਂ ਵਿੱਚ ਚਰਿੱਤਰ, ਲੀਡਰਸ਼ਿਪ ਅਤੇ ਸੇਵਾ ਭਾਵਨਾ ਦਾ ਵਿਕਾਸ ਹੁੰਦਾ ਹੈ, ਅਤੇ ਸਾਨੂੰ ਮਾਣ ਹੈ ਕਿ ਸਾਡੇ ਵਿਦਿਆਰਥੀ ਇੰਨੇ ਉਤਸ਼ਾਹ ਨਾਲ ਅੱਗੇ ਆ ਰਹੇ ਹਨ।ਓਸ਼ਿਨ ਮਹਾਜਨ ਨੇ ਕਿਹਾ ਕਿ ਸਾਡੇ ਵਿਦਿਆਰਥੀਆਂ ਦੀ ਪ੍ਰਤੀਕ੍ਰਿਆ ਬੇਹੱਦ ਉਤਸ਼ਾਹਜਨਕ ਰਹੀ।ਇਹ ਦੇਖਣਾ ਸੁਖਦਾਈ ਹੈ ਕਿ ਨਵੀਂ ਪੀੜ੍ਹੀ ਇੰਨੀ ਛੋਟੀ ਉਮਰ ਵਿੱਚ ਹੀ ਅਨੁਸ਼ਾਸਨ ਅਤੇ ਟੀਮ ਵਰਕ ਵਰਗੇ ਮੁੱਲਾਂ ਨੂੰ ਅਪਨਾਉਣ ਲਈ ਤਿਆਰ ਹੈ।ਅਸੀਂ ਐੱਨਸੀਸੀ ਬਟਾਲੀਅਨ ਦੇ ਮਾਰਗਦਰਸ਼ਨ ਅਤੇ ਪ੍ਰੇਰਨਾ ਲਈ ਧੰਨਵਾਦੀ ਹਾਂ। ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਇਹ ਸਾਡੀ ਸੰਸਥਾ ਲਈ ਬੇਹੱਦ ਮਾਣ ਵਾਲੀ ਗੱਲ ਹੈ ਕਿ ਅਸੀਂ ਪ੍ਰੀਖਿਆ ਦੀ ਮੇਜ਼ਬਾਨੀ ਕੀਤੀ।ਸਾਰੇ ਚੁਣੇ ਗਏ ਕੈਡੇਟਾਂ ਨੂੰ ਮੁਬਾਰਕਬਾਦ ਦਿੱਤੀ।

## ਜਨਤਕ ਜਥੇਬੰਦੀਆਂ ਨੇ ਇਨਕਲਾਬੀ ਭਾਵਨਾ ਨਾਲ ਮਨਾਇਆ ਕਾਰਲ ਮਾਰਕਸ ਦਾ 207ਵਾਂ ਜਨਮ ਦਿਹਾੜਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੇ ਸੱਦੇ ਤੇ ਜਨਤਕ ਜਥੇਬੰਦੀਆਂ ਵੱਲੋਂ ਅਜਨਾਲਾ ਵਿਖੇ ਜਰਮਨ ਫਿਲਾਸਫਰ ਕਾਰਲ ਮਾਰਕਸ ਦਾ 207ਵਾਂ ਜਨਮ ਦਿਹਾੜਾ ਬੜੀ ਧੂਮਧਾਮ ਤੇ ਇਨਕਲਾਬੀ ਭਾਵਨਾ ਨਾਲ ਮਨਾਇਆ ਗਿਆ ਜਿਸ ਵਿਚ ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ ਲੋਕਾਂ ਤੋਂ ਇਲਾਵਾ ਨੌਜਵਾਨ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਅਤੇ ਸਮਾਗਮ ਤੋਂ ਪਹਿਲਾਂ ਸਮੂਹ ਜਥੇਬੰਦੀਆਂ ਦੇ ਆਗੂਆਂ ਨੇ ਇਨਕਲਾਬੀ ਨਾਅਰਿਆਂ ਮਾਰਦਿਆਂ ਕਾਰਲ ਮਾਰਕਸ ਦੀ ਫੋਟੋ ਤੇ ਫੁੱਲ ਅਰਪਿਤ ਕੀਤੇ! ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਤੇ ਜਮੂਹਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਕਾਰਲ ਮਾਰਕਸ ਇੱਕ ਫਿਲਾਸਫਰ ਇਤਿਹਾਸਕਾਰ ਰਾਜਨੀਤਕ ਸਿਧਾਂਤਕਾਰ, ਸਮਾਜ ਸ਼ਾਸਤਰੀ ਅਤੇ ਇਨਕਲਾਬੀ ਸ਼ੋਸ਼ਲਿਸਟ ਵਿਚਾਰਾਂ ਦੇ ਧਾਰਨੀ ਸਨ! ਕਾਰਲ ਮਾਰਕਸ ਨੇ ਇੱਕ ਪ੍ਰਪੱਕ ਸਿਧਾਂਤ ਦਿੱਤਾ ਕਿ ਸਰਮਾਏਦਾਰੀ ਮਜ਼ਦੂਰਾਂ ਤੇ ਮਿਹਨਤਕਸ਼ ਲੋਕਾਂ ਦੀ ਲੁੱਟ ਕਰਕੇ ਪੈਦਾ ਹੁੰਦੀ ਹੈ, ਇਹ ਗਰੀਬਾਂ ਦੇ ਘਰਾਂ ਚੋ ਕੰਗਾਲੀ ਅਤੇ ਦੁੱਖ ਤਕਲੀਫਾਂ ਲਿਆਉਂਦੀ ਹੈ ਇਸ ਤੋਂ ਛੁਟਕਾਰਾ ਪਾਉਣ ਲਈ ਮਜ਼ਦੂਰਾਂ ਨੂੰ ਇੱਕਠੇ ਹੋ ਕੇ ਸਰਮਾਏਦਾਰੀ ਪ੍ਰਬੰਧ ਤੋਂ ਛੁਟਕਾਰਾ ਪਾਉਣ ਲਈ ਜਮਾਤੀ ਲੜਾਈ ਲੜਾਈ ਹੀ ਇੱਕੋ ਇੱਕ ਰਾਹ ਹੈ! ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਕਾਰਲ ਮਾਰਕਸ ਸਾਨੂੰ ਸੇਧ ਦਿੰਦਾ ਹੈ ਕਿ ਸਰਮਾਏਦਾਰੀ ਪ੍ਰਬੰਧ ਵਿੱਚ ਮਾਲਕ ਮਜ਼ਦੂਰਾਂ ਦੀ ਲੁੱਟ ਕਰਦਾ ਅਤੇ ਖੁੱਲ੍ਹੀ ਮੰਡੀ ਦੇ ਸਿਧਾਂਤ-ਮੁਕਾਬਲੇਬਾਜ਼ੀ ਤੇ ਚਲਦਿਆਂ ਵਾਧੂ ਲੇਬਰ ਨੂੰ ਕਾਰਖਾਨਿਆਂ ਵਿੱਚੋਂ ਕੱਢਦਾ! ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਅਜਿਹੇ ਇਨਕਲਾਬ ਦਾ ਬੁਨਿਆਦੀ ਧੁਰਾ ਜ਼ਮੀਨੀ ਇਨਕਲਾਬ ਹੋਵੇ ਜਿੱਥੇ ਬਿਨਾਂ ਮੁਆਵਜ਼ਾ ਸਾਡੇ ਦੇਸ਼ ਵਿੱਚ ਜਗੀਰਦਾਰੀ ਦਾ ਖਾਤਮਾ ਕਰਕੇ ਵਾਧੂ ਜ਼ਮੀਨ ਬੇਜ਼ਮੀਨੇ ਪੇਂਡੂ ਮਜ਼ਦੂਰਾਂ ਤੇ ਗਰੀਬ ਕਿਸਾਨਾਂ ਵਿੱਚ ਵੰਡੀ ਜਾਵੇ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਪਹੁੰਚੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ ਅਤੇ ਨੌਜਵਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮੱਲੂਨੰਗਲ ਹੁਣਾਂ ਨੇ ਕਿਹਾ ਕਿ ਕਾਰਲ ਮਾਰਕਸ ਦਾ ਜਨਮ ਦਿਹਾੜਾ ਨੌਜਵਾਨਾਂ ਲਈ ਖਾਸ ਪ੍ਰੇਰਨਾਦਾਇਕ ਹੈ ਕਿ ਨੌਜਵਾਨਾਂ ਲਈ ਵਿੱਦਿਆ ਸਿਹਤ ਤੇ ਰੁਜ਼ਗਾਰ ਲਈ ਕਨੂੰਨੀ ਗਰੰਟੀ ਪ੍ਰਾਪਤ ਕਰਨ ਲਈ ਕਾਰਲ ਮਾਰਕਸ ਦੇ ਸਮਾਜਵਾਦੀ ਸਿਧਾਂਤਾਂ ਤੇ ਚਲਦਿਆਂ ਗੁੰਦਵੇਂ ਸੰਗਠਨ ਬਣਾ ਕੇ ਲੰਬੇ ਤੇ ਤਿੱਖੇ ਸੰਘਰਸ਼ ਵਿੱਢੇ ਜਾਣ ਜਿਸ ਦੀ ਪੂਰਤੀ ਲਈ ਧਰਮਿੰਦਰ ਮੁਕੇਰੀਆਂ ਨੇ ਦੱਸਿਆ ਕਿ ਇਸ ਦੇ ਪਹਿਲੇ ਪੜਾਅ ਵੱਜੋਂ 24 ਮਈ ਨੂੰ ਪੰਜਾਬ ਭਰ ਵਿੱਚੋਂ ਹਜ਼ਾਰਾਂ ਨੌਜਵਾਨਾਂ ਨੂੰ ਜਲੰਧਰ ਦੇਸ਼ ਭਗਤ ਯਾਦਗਾਰ ਹਾਲ ਵਿੱਚ ਪਹੁਚੰਣ ਦੀ ਅਪੀਲ ਕੀਤੀ ਹੈ! ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਅਜਨਾਲਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ, ਸੈਕਟਰੀ ਸੁੱਚਾ ਸਿੰਘ ਘੋਗਾ ਅਤੇ ਵਿੱਤ ਸਕੱਤਰ ਗਾਇਕ ਗੁਰਪਾਲ ਗਿੱਲ ਸੈਦਪੁਰ, ਗੋਪੀ ਸਿੰਘ ਗੁੱਲਗੜ੍ਹ ਨੇ ਮੌਕੇ ਤੇ ਵਿਸ਼ਵਾਸ ਦਿਵਾਇਆ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚੋਂ ਜਲੰਧਰ ਦੇ ਇੱਕਠ ਵਿੱਚ 4 ਸੌ ਨੌਜਵਾਨ ਬਾ-ਝੰਡਾ ਵਰਦੀ ਸ਼ਾਮਿਲ ਹੋਣਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਔਰਤ ਮੁਕਤੀ ਮੋਰਚਾ ਦੀ ਪ੍ਰਧਾਨ ਬੀਬੀ ਅਜੀਤ ਕੌਰ ਕੋਟ ਰਜ਼ਾਦਾ, ਦੇਸ਼ ਭਗਤ ਟਹਿਲ ਸਿੰਘ ਚੇਤਨਪੁਰਾ, ਉਘੇ ਸਮਾਜ ਸੇਵਕ ਪ੍ਰੋ. ਮਾਲਕ ਸਿੰਘ ਗੁਰਾਲਾ, ਬਲਵਿੰਦਰ ਸਿੰਘ ਡਿਆਲ ਭੱਟੀ, ਸਤਵਿੰਦਰ ਸਿੰਘ ਉਠੀਆਂ, ਡਾਕਟਰ ਬਲਵਿੰਦਰ ਸਿੰਘ ਤੇ ਪ੍ਰਿਤਪਾਲ ਸਿੰਘ ਬੱਲ ਲੱਬੇ ਦਰਿਆ, ਅੰਮ੍ਰਿਤਪਾਲ ਸਿੰਘ ਮੱਲੂਨੰਗਲ, ਅਮਰਜੀਤ ਸਿੰਘ ਭਿੰਡੀ ਸੈਦਾਂ, ਸਤਪਾਲ ਸਿੰਘ ਮੈਂਬਰ ਡੱਲਾ, ਲਾਭ ਸਿੰਘ ਕੋਟਲਾ ਸੁਰਾਜ ਲੁਹਾਰ ਅਤੇ ਜਨਤਕ ਜਥੇਬੰਦੀਆਂ ਦੇ ਆਗੂ ਤਰਸੇਮ ਸਿੰਘ ਕਾਮਲਪੁਰਾ, ਸਰਪੰਚ ਲਖਬੀਰ ਸਿੰਘ ਤੇੜਾਂ ਰਾਜਪੂਤਾਂ, ਸੁਰਜੀਤ ਸਿੰਘ ਭੂਰੇ ਗਿੱਲ, ਬਲਕਾਰ ਸਿੰਘ ਗੁਲਗੜ੍ਹ, ਸਤਨਾਮ ਸਿੰਘ ਚੱਕ ਔਲ, ਕਰਨੈਲ ਸਿੰਘ ਭਿੰਡੀ ਸੈਦਾਂ, ਸੰਤੋਖ ਸਿੰਘ ਮੱਲੂਨੰਗਲ, ਹਰਨੇਕ ਸਿੰਘ ਨੇਪਾਲ ਆਦਿ ਨੇ ਵੀ ਕਾਰਲ ਮਾਰਕਸ ਦੀਆਂ ਸਿੱਖਿਆਵਾਂ ਤੇ ਚੱਲਣ ਦਾ ਪ੍ਰਣ ਲਿਆ !

## ਜਨਮ ਦਿਨ ਮੁਬਾਰਕ



ਹਰਗੁਣਪ੍ਰੀਤ ਸਿੰਘ, ਮੂਲੋਵਾਲੀ

# ਅੰਨ੍ਹਾ ਕਤਲ ਕੇਸ ਸੁਲਝਾਇਆ, ਮੁਲਜ਼ਮ ਗ੍ਰਿਫ਼ਤਾਰ




**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਜਲੰਧਰ ਕਮਿਸ਼ਨਰੇਟ ਪੁਲਸ ਨੇ ਮੋਤਾ ਸਿੰਘ ਨਗਰ ਵਿੱਚ ਇੱਕ ਬਜ਼ੁਰਗ ਔਰਤ ਦੇ ਅੰਨ੍ਹੇ ਕਤਲ ਕੇਸ ਨੂੰ ਸੁਲਝਾ ਲਿਆ ਅਤੇ ਇਸ ਅਪਰਾਧ ਵਿੱਚ ਸ਼ਾਮਲ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਸ ਕਮਿਸ਼ਨਰ ਸ਼੍ਰੀਮਤੀ ਧਨਪ੍ਰੀਤ ਕੌਰ ਨੇ ਕਿਹਾ ਕਿ ਭੀਮ ਸੈਨ ਦੁੱਗਲ ਵਾਸੀ ਐਚ.ਨੰਬਰ 325, ਮੋਤਾ ਸਿੰਘ ਨਗਰ, ਜਲੰਧਰ ਦੇ ਬਿਆਨ 'ਤੇ ਐਫ ਆਈ ਆਰ ਦਰਜ ਕੀਤੀ ਗਈ ਸੀ।ਸ਼ਿਕਾਇਤਕਰਤਾ ਨੇ ਦੱਸਿਆ ਕਿ 01.05.2025 ਨੂੰ ਉਹ ਬਾਜ਼ਾਰ ਗਿਆ ਸੀ ਜਦੋਂ ਉਸਦੀ ਪਤਨੀ, 69 ਸਾਲਾ ਵਿਨੋਦ ਕੁਮਾਰੀ, ਘਰ ਵਿੱਚ ਇਕੱਲੀ ਸੀ।ਵਾਪਸ ਆਉਣ 'ਤੇ ਉਸਨੇ ਵਾਰ-ਵਾਰ ਦਰਵਾਜ਼ੇ ਦੀ ਘੰਟੀ ਵਜਾਈ ਪਰ ਕੋਈ ਜਵਾਬ ਨਹੀਂ ਮਿਲਿਆ।ਉਹ ਕੰਧ ਟੱਪ ਕੇ ਘਰ ਵਿੱਚ ਦਾਖਲ ਹੋਇਆ ਅਤੇ ਆਪਣੀ ਪਤਨੀ ਨੂੰ ਬੈੱਡਰੂਮ ਦੇ ਫਰਸ਼ 'ਤੇ ਮ੍ਰਿਤਕ ਪਾਇਆ।ਉਸਦੀਆਂ ਸੋਨੇ ਦੀਆਂ ਚੂੜੀਆਂ, ਅੰਗੂਠੀਆਂ ਅਤੇ ਮੋਬਾਈਲ ਫੋਨ ਗਾਇਬ ਸਨ, ਜੋ ਕਿ ਲੁੱਟ ਦੇ ਇਰਾਦੇ ਨੂੰ ਦਰਸਾਉਂਦਾ ਹੈ।ਸੀ ਆਈ ਏ ਸਟਾਫ ਨੇ ਤਕਨੀਕੀ ਖੁਫੀਆ ਜਾਣਕਾਰੀ, ਸੀ ਸੀ ਟੀ ਵੀ ਫੁਟੇਜ ਅਤੇ ਭਰੋਸੇਯੋਗ ਸਰੋਤਾਂ ਦੀ ਮਦਦ ਨਾਲ, ਸ਼ੱਕੀ ਨੂੰ ਫੜ ਲਿਆ ਜਿਸਦੀ ਪਛਾਣ ਕਾਰਤਿਕ ਵੱਲਭ ਰੈਡੀ ਉਮਰ 21 ਸਾਲ ਵਜੋਂ ਹੋਈ ਹੈ, ਜੋ ਕਿ ਵਿਸ਼ਾਖਾਪਟਨਮ, ਆਂਧਰਾ ਪ੍ਰਦੇਸ਼ ਦਾ ਰਹਿਣ ਵਾਲਾ ਹੈ। ਉਹਨਾਂ ਨੇ ਅਗੇ ਕਿਹਾ ਕਿ ਪੁੱਛਗਿੱਛ ਦੌਰਾਨ ਸ਼ੱਕੀ ਨੇ ਕਬੂਲ ਕੀਤਾ ਕਿ ਉਸਨੇ ਇੱਕ ਬਜ਼ੁਰਗ ਵਿਅਕਤੀ ਨੂੰ ਔਰਤ ਨੂੰ ਇਕੱਲੀ ਦੇਖ ਕੇ ਘਰੋਂ ਨਿਕਲਦੇ ਦੇਖਿਆ ਸੀ।ਮੌਕਾ ਸੰਭਾਲਦੇ ਹੋਏ, ਉਸਨੇ ਕੰਧ ਟੱਪ ਦਿੱਤੀ, ਘਰ ਵਿੱਚ ਦਾਖਲ ਹੋਇਆ, ਪੀੜਤਾ ਨੂੰ ਲੁੱਟਿਆ ਅਤੇ ਫਿਰ ਚੋਰੀ ਕੀਤੇ ਗਹਿਣੇ ਅਤੇ ਫੋਨ ਲੈ ਕੇ ਭੱਜਣ ਤੋਂ ਪਹਿਲਾਂ ਉਸਦਾ ਕਤਲ ਕਰ ਦਿੱਤਾ।

# ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਬਸਪਾ ਮੋਹਰਲੀ ਕਤਾਰ 'ਚ ਖੜੀ ਨਜ਼ਰ ਆਵੇਗੀ : ਕਰੀਮਪੁਰੀ

**ਫਿਲੌਰ,(ਨਿਰਮਲ, ਬੀ ਐੱਸ ਕੈਨੇਡੀ)**

ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਬਹੁਜਨ ਸਮਾਜ ਪਾਰਟੀ ਮੋਹਰਲੀ ਕਤਾਰ ਵਿੱਚ ਖੜੀ ਨਜ਼ਰ ਆਵੇਗੀ ਕਿਉਂਕਿ ਅੱਜ ਲੜਾਈ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਦੀ ਨਹੀਂ ਬਲਕਿ ਪੰਜਾਬ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣ ਦੀ ਹੈ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਸਰਦਾਰ ਅਵਤਾਰ ਸਿੰਘ ਕਰੀਮਪੁਰੀ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਪਾਣੀਆਂ ਦੇ ਮੁੱਦੇ 'ਤੇ ਪਹਿਲਾਂ ਹੀ ਬਹੁਤ ਸੰਤਾਪ ਭੋਗ ਚੁੱਕਾ ਹੈ ਅਪ੍ਰੇਸ਼ਨ ਬਲਿਊ ਸਟਾਰ ਦੀ ਬੁਨਿਆਦ ਪਾਣੀ ਸੀ ਅਤੇ ਪਾਣੀ ਤੋਂ ਲੈ ਕੇ ਬਲਿਊ ਸਟਾਰ ਤੱਕ ਦਾ ਜੋ ਸਫ਼ਰ ਰਿਹਾ ਉਹ ਪੰਜਾਬ ਲਈ ਬਹੁਤ ਪੀੜਾ ਦਾਇਕ ਰਿਹਾ ਇਸ ਲਈ ਪੰਜਾਬ ਤੇ ਪੰਜਾਬੀਅਤ ਲਈ ਪਾਣੀ ਦਾ ਮੁੱਦਾ ਬਹੁਤ ਹੀ ਸੰਵੇਦਨਸ਼ੀਲ ਮੁੱਦਾ ਹੈ ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਬਹੁਜਨ ਸਮਾਜ ਪਾਰਟੀ ਦਾ ਸਪੱਸ਼ਟ ਸਟੈਂਡ ਹੈ ਕਿ ਉਹ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਹਰ ਲੜਾਈ ਲੜਨ ਲਈ ਤਿਆਰ ਬਰ ਤਿਆਰ ਹੈ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਪਾਣੀਆਂ ਦਾ ਇਹ ਮਸਲਾ ਜੋ ਅੱਜ ਬੇਹੱਦ ਗੰਭੀਰ ਬਣਦਾ ਜਾ ਰਿਹਾ ਹੈ ਇਹ ਸਮੇਂ ਸਮੇਂ ਦੀਆਂ ਕੇਂਦਰ ਅਤੇ ਪੰਜਾਬ ਸਰਕਾਰਾਂ ਦੀ ਨਲਾਇਕੀ ਦਾ ਨਤੀਜਾ ਹੈ ਕਿਉਂਕਿ ਜੇਕਰ ਸਮਾਂ ਰਹਿੰਦੇ ਕੇਂਦਰ ਅਤੇ ਸੂਬਾ ਸਰਕਾਰਾਂ ਨੇ ਪਾਣੀ ਦੇ ਮਸਲੇ ਤੇ ਸਿਆਸਤ ਕਰਨ ਦੀ ਬਜਾਏ ਇਮਾਨਦਾਰੀ ਨਾਲ ਇਸਦਾ ਹੱਲ ਕੀਤਾ ਹੁੰਦਾ ਤਾਂ ਅੱਜ ਪੰਜਾਬ ਨੂੰ ਇਹ ਦਿਨ ਨਾ ਦੇਖਣੇ ਪੈਂਦੇ। ਉਨ੍ਹਾਂ ਕਿਹਾ ਕਿ ਅੱਜ ਜੋ ਪੰਜਾਬ ਕੋਲੋਂ ਪਾਣੀ ਨੂੰ ਖੋਹਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਉਹ ਪੰਜਾਬ ਦੀ ਰੂਹ ਦੀ ਹੱਤਿਆ ਕਰਨ ਦੇ ਬਰਾਬਰ ਹੈ ਜਿਸ ਨੂੰ ਪੰਜਾਬ ਤੇ ਪੰਜਾਬੀ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।ਅੰਤ ਵਿੱਚ ਉਨ੍ਹਾਂ ਫਿਰ ਇਹ ਸਪੱਸ਼ਟ ਕੀਤਾ ਕਿ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਬਹੁਜਨ ਸਮਾਜ ਪਾਰਟੀ ਪੰਜਾਬ ਨਾਲ ਚੱਟਾਨ ਵਾਂਗ ਖੜ੍ਹੀ ਹੈ ਅਤੇ ਕਿਸੇ ਵੀ ਕੀਮਤ ਤੇ ਪੰਜਾਬ ਦੇ ਹੱਕਾਂ ਤੇ ਡਾਕਾਂ ਨਹੀਂ ਵੱਜਣ ਦਿੱਤਾ ਜਾਵੇਗਾ।

# ਡਾ. ਅੰਬੇਡਕਰ ਦੀ ਵਿਚਾਰਧਾਰਾ ਨੂੰ ਖਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ : ਗਿਆਨ ਚੰਦ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**

ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਅਤੇ ਬਾਬੂ ਕਾਂਸ਼ੀ ਰਾਮ ਦਾ ਜਨਮ ਦਿਨ ਕਮਿਊਨਿਟੀ ਹਾਲ ਪਰਾਉਡ ਲੇਨ ਬਿਲਸਟਨ ਯੂ ਕੇ ਵਿਖੇ ਬਹੁਜਨ ਵਿਚਾਰ ਮੰਚ ਵਲੋਂ ਮਨਾਇਆ ਗਿਆ ਜਿਸ ਵਿੱਚ ਭਾਰੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ।ਜਿਸ 'ਚ ਬੁਲਾਰਿਆਂ ਨੇ ਡਾਕਟਰ ਭੀਮ ਰਾਓ ਅੰਬੇਡਕਰ ਦੇ ਜੀਵਨ ਅਤੇ ਉਨ੍ਹਾਂ ਦੇ ਸੰਘਰਸ਼ ਅਤੇ ਪ੍ਰਾਪਤੀਆਂ ਬਾਰੇ ਬੋਲਦਿਆਂ ਦੱਸਿਆ ਕਿ ਉਹ ਅਜਿਹੀ ਮਹਾਨ ਸਖਸ਼ੀਅਤ ਸਨ ਜਿਨ੍ਹਾਂ ਦਾ ਅਜੇ ਤੱਕ ਕੋਈ ਮੁਕਾਬਲਾ ਨਹੀਂ ਹੈ।ਉਹ ਸਿਰਫ ਦਲਿਤਾਂ ਦੇ ਹੀ ਮਸੀਹਾ ਨਹੀਂ ਸਨ ਸਗੋਂ ਉਹ ਸਮੁੱਚੇ ਭਾਰਤੀਆਂ ਦੇ ਮਸੀਹਾ ਹਨ।ਇਸ ਮੌਕੇ ਬੋਲਦਿਆਂ ਗਿਆਨ ਚੰਦ ਦੀਵਾਲੀ ਸਾਬਕਾ ਮੈਂਬਰ ਐਸ ਸੀ ਕਮਿਸ਼ਨ ਪੰਜਾਬ ਨੇ ਕਿਹਾ ਕਿ ਡਾਕਟਰ ਅੰਬੇਡਕਰ ਦੀ ਵਿਚਾਰਧਾਰਾ ਨੂੰ ਖਤਮ ਕਰਨ ਦੀਆਂ ਸਾਜ਼ਿਸ਼ਾਂ ਮਨੂੰਵਾਦੀ ਵਿਚਾਰ ਰੱਖਣ ਵਾਲੇ ਲੋਕਾਂ, ਖਾਸ ਕਰਕੇ ਆਰ ਐਸ ਐਸ ਵੱਲੋਂ ਰਚੀਆਂ ਜਾ ਰਹੀਆਂ ਹਨ।ਸਾਨੂੰ ਸੰਗਠਿਤ ਹੋ ਕੇ ਉਨ੍ਹਾਂ ਸਾਜ਼ਿਸ਼ਾਂ ਨੂੰ ਫੇਲ੍ਹ ਕਰਨਾ ਹੋਵੇਗਾ ਅਤੇ ਬਾਬਾ ਸਾਹਿਬ ਜੀ ਦੇ ਮਿਸ਼ਨ ਨੂੰ ਅੱਗੇ ਵਧਾਉਣਾ ਹੋਵੇਗਾ।ਇਸ ਪ੍ਰੋਗਰਾਮ ਦੇ ਪ੍ਰਬੰਧਕਾਂ ਵਿਚ ਮੁੱਖ ਤੌਰ ਤੇ ਲਖਵਿੰਦਰ ਬਸਰਾ ਦਲਜੀਤ ਢੰਡਾ, ਕੁਲਦੀਪ ਦੀਪਾ ਅਤੇ ਸੁਰੇਸ਼ ਬਿੱਟੂ ਆਦਿ ਸਨ।ਹੋਰ ਬੁਲਾਰਿਆਂ ਵਿਚੋਂ ਬਲਰਾਮ ਸਿੱਧੂ ਨੇ ਸੰਬੋਧਨ ਕਰਦਿਆਂ ਬਾਬੂ ਕਾਂਸ਼ੀ ਰਾਮ ਜੀ ਦੇ ਅੰਦੋਲਨ ਅਤੇ ਯੂ ਪੀ ਅੰਦਰ ਕੁਮਾਰੀ ਮਾਇਆਵਤੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਈਆਂ।ਇਸੇ ਤਰ੍ਹਾਂ ਮਹਿੰਦਰਪਾਲ, ਰੇਸ਼ਮ ਮਹੇ, ਜਸਵਿੰਦਰ ਤਲਵਣ, ਸੰਨੀ ਸਿੰਘ ਰੰਘਰੇਟਾ ਤਰਨਾ ਦਲ ਅਤੇ ਬੀਬੀ ਸੰਦੀਪ ਕੌਰ ਮਤੋਈ ਏਕਤਾ ਯੂਥ ਕਲੱਬ (ਮਲੇਰਕੋਟਲਾ)ਪੰਜਾਬ ਨੇ ਵੀ ਸੰਬੋਧਨ ਕੀਤਾ।ਮਿਸ਼ਨਰੀ ਗਾਇਕ ਅਮਰੀਕ ਜੱਸਲ, ਸੰਤ ਪਪਲ ਸ਼ਾਹ, ਕੇਵਲ ਰਾਮ, ਸੋਹਣ ਸਿੰਘ ਰੰਗੀਲਾ ਅਤੇ ਧਰਮਿੰਦਰ ਮਸਾਣੀ ਨੇ ਆਪਣੇ ਮਿਸ਼ਨਰੀ ਗੀਤਾਂ ਨਾਲ ਬਾਬਾ ਸਾਹਿਬ ਦੇ ਮਿਸ਼ਨ ਨੂੰ ਅੱਗੇ ਵਧਾਉਣ ਦੀ ਗੱਲ ਕਹੀ।ਭਗਵਾਨ ਵਾਲਮੀਕਿ ਰਘਰੇਟਾ ਦਲ ਲੰਡਨ ਦੇ ਸਾਥੀ ਵੀ ਵੱਡੀ ਗਿਣਤੀ ਵਿੱਚ ਇਸ ਪ੍ਰੋਗਰਾਮ ਵਿੱਚ ਸਾਂਮਲ ਹੋਏ।ਸਟੇਜ ਸਕੱਤਰ ਦੀ ਜਿੰਮੇਵਾਰੀ ਪਰਸ ਰਾਮ ਮੋਮੀ ਅਤੇ ਦਲਜੀਤ ਗਿੱਲ ਭਗਵਾਨ ਵਾਲਮੀਕਿ ਰੰਘਰੇਟਾ ਦਲ ਲੰਡਨ ਵਲੋਂ ਬਾਖੂਬੀ ਨਿਭਾਈ ਗਈ।ਅੰਤ ਵਿੱਚ ਲਖਵਿੰਦਰ ਬਸਰਾ ਵੱਲੋਂ ਆਏ ਸਾਰੇ ਸੱਜਣਾ ਦਾ ਧੰਨਵਾਦ ਕੀਤਾ ਗਿਆ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਸਵੀਂ ਦਾ ਦਿਹਾੜਾ ਭਲਕੇ

**ਮੋਹਾਲੀ (ਗੁਰਜੀਤ ਬਿੱਲਾ)**- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਦਾ ਸ਼ੁੱਭ ਦਿਹਾੜਾ 07 ਮਈ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦਸਿਆ ਕਿ ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ। ਜਿਸ ਵਿੱਚ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ , ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਅਤੇ ਉਚ ਕੋਟੀ ਦੇ ਪੰਥ ਪਸਿੱਧ ਪ੍ਰਚਾਰਕ ਸੰਗਤਾਂ ਨੂੰ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਹਰ ਜਸ ਸੁਣਾ ਕੇ ਨਿਹਾਲ ਕਰਨਗੇ। ਇਸ ਦਿਨ ਵਿਸ਼ਾਲ ਅੰਮ੍ਰਿਤ ਸੰਚਾਰ ਦਾ ਆਯੋਜਨ ਸਵੇਰੇ 10 ਵਜੇ ਕੀਤਾ ਜਾਵੇਗਾ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ।

# ਯਾਦਗਾਰੀ ਹੋ ਨਿਬੜਿਆ ਪ੍ਰਿੰਸੀਪਲ ਡਾਕਟਰ ਨਵਜੋਤ ਦਾ ਸੇਵਾ-ਮੁਕਤੀ ਸਮਾਗਮ



**ਜਲੰਧਰ (ਕੇਸਰ)**

ਲਾਇਲਪੁਰ ਖਾਲਸਾ ਕਾਲਜ ਫਾਰ ਵੂਮੈਨ ਜਲੰਧਰ ਦੀ ਪ੍ਰਿੰਸੀਪਲ ਡਾਕਟਰ ਨਵਜੋਤ ਦਾ ਸੇਵਾ ਮੁਕਤੀ ਸਮਾਰੋਹ, ਇਸ ਮੌਕੇ ਹਾਜ਼ਰ ਨਾਮਵਰ ਸ਼ਖ਼ਸੀਅਤਾਂ ਦੇ ਭਾਵ ਪੂਰਤ ਵਿਚਾਰਾਂ ਦੇ ਆਦਾਨ-ਪ੍ਰਦਾਨ ਸਦਕਾ ਇਕ ਸ਼ਾਨਦਾਰ ਮੌਕਾ ਮੇਲ ਹੋ ਨਿਬੜਿਆ। ਸਭ ਤੋਂ ਪਹਿਲਾਂ ਪ੍ਰੋਫੈਸਰ ਤਜਿੰਦਰ ਵਿਰਲੀ ਨੇ ਡਾਕਟਰ ਨਵਜੋਤ ਦੇ ਹੁਣ ਤਾਈਂ ਦੇ ਪ੍ਰੋਫੈਸ਼ਨਲ ਪੰਧ 'ਤੇ ਭਰਪੂਰ ਝਾਤ ਪਵਾਉਂਦੇ, ਸੰਖੇਪ ਵਿਚਾਰ ਸਾਂਝੇ ਕੀਤੇ।ਕਾਲਜ ਦੇ ਸੈਮੀਨਾਰ ਹਾਲ ਵਿਚ ਹੋਏ ਇਸ ਸਮਾਰੋਹ 'ਚ ਡਾਕਟਰ ਨਵਜੋਤ ਨੂੰ ਬਿਹਤਰੀਨ ਭਵਿੱਖ ਦੀਆਂ ਸ਼ੁਭ ਕਾਮਨਾਵਾਂ ਦੇਣ ਲਈ ਜਮਹੂਰੀ ਲਹਿਰ ਦੇ ਨਾਮਵਰ ਆਗੂਆਂ ਸਮੇਤ ਸਮਾਜ ਦੇ ਸਾਰੇ ਖੇਤਰਾਂ ਦੀਆਂ ਸਿਰਕੱਢ ਸ਼ਖਸੀਅਤਾਂ ਸ਼ਾਮਲ ਹੋਈਆਂ। ਇਨ੍ਹਾਂ ਪ੍ਰਬੁੱਧ ਹਸਤੀਆਂ 'ਚ ਆਰ ਐਮ ਪੀ ਆਈ ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਅਤੇ ਪੰਜਾਬ ਰਾਜ ਕਮੇਟੀ ਦੇ ਸਕੱਤਰ ਪਰਗਟ ਸਿੰਘ ਜਾਮਾਰਾਏ, ਜਮਹੂਰੀ ਕਿਸਾਨ ਸਭਾ ਦੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ, ਪੀ ਐਚ ਡੀ ਦੀ ਡਿਗਰੀ ਲਈ ਡਾਕਟਰ ਨਵਜੋਤ ਦੇ ਗਾਈਡ ਵਜੋਂ ਸ਼ਲਾਘਾਯੋਗ ਅਗਵਾਈ ਦੇਣ ਵਾਲੇ ਡਾਕਟਰ ਬਲਜੀਤ ਕੌਰ, ਬਲਜੀਤ ਸਿੰਘ (ਸੰਦਲੀ ਪੈੜਾਂ), ਕਾਲਜ ਅਧਿਆਪਕਾਂ ਦੀ ਜਥੇਬੰਦੀ ਦੇ ਸਿਰਮੌਰ ਆਗੂ ਡਾਕਟਰ ਤਰੁਣ ਘਈ, ਡਾਕਟਰ ਰਘਬੀਰ ਕੌਰ, ਪ੍ਰੋਫੈਸਰ ਸਰਿਤਾ ਤਿਵਾੜੀ, ਡਾਕਟਰ ਇਕਬਾਲ ਸੰਧੂ, ਪ੍ਰੋ ਰਜਿੰਦਰ ਗਿੱਲ, ਡਾਕਟਰ ਅਵਤਾਰ ਅੰਮ੍ਰਿਤ ਕੌਰ, ਕਾਲਜ ਦੇ ਵਾਈਸ ਪ੍ਰਿੰਸੀਪਲ ਡਾਕਟਰ ਸਰਬਜੀਤ ਕੌਰ, ਪ੍ਰੋਫੈਸਰ ਦਿਪਾਲੀ ਗੁਰੂ, ਡਾਕਟਰ ਹਰਜੀਤ ਕੌਰ ਪ੍ਰਮੁੱਖ ਸਨ। ਸ਼ੁਭ ਕਾਮਨਾਵਾਂ ਦੇਣ ਵਾਲਿਆਂ 'ਚ ਉੱਘੇ ਸਮਾਜ ਸੇਵੀ ਅਰਵਿੰਦਰ ਸਿੰਘ ਧਾਲੀਵਾਲ, ਅਦਾਰਾ ਸੰਗਰਾਮੀ ਲਹਿਰ ਵਲੋਂ ਸਾਥੀ ਮਹੀਪਾਲ ਅਤੇ ਗੁਰਦਰਸ਼ਨ ਬੀਕਾ, ਕਰਨ ਪ੍ਰਕਾਸ਼ਨ ਵਾਲੇ ਰਜਿੰਦਰ ਸਿੰਘ ਵੀ ਸ਼ਾਮਲ ਸਨ। ਬੁਲਾਰਿਆਂ ਨੇ ਡਾਕਟਰ ਨਵਜੋਤ ਦੀਆਂ ਅਧਿਆਪਨ ਕਿੱਤੇ ਨਾਲ ਜੁੜੀਆਂ ਅਤੇ ਪ੍ਰਬੰਧਕੀ ਸਲਾਹੀਅਤਾਂ ਤੋਂ ਇਲਾਵਾ ਲੋਕ ਸਰੋਕਾਰਾਂ ਨੂੰ ਪ੍ਰਨਾਏ ਇਕ ਬੇਬਾਕ ਬੁੱਧੀਜੀਵੀ ਵਜੋਂ ਉਨ੍ਹਾਂ ਵਲੋਂ ਨਿਭਾਈ ਸ਼ਾਨਾਮੱਤੀ ਭੂਮਿਕਾ ਦੀ ਵੀ ਭਰਪੂਰ ਪ੍ਰਸ਼ੰਸਾ ਕੀਤੀ। ਇਸ ਵਿਲੱਖਣ ਸਮਾਗਮ ਦੀ ਖਾਸੀਅਤ ਇਹ ਰਹੀ ਕਿ ਇਸ ਵਿਚ ਕਾਲਜ ਦੇ ਹਰ ਦਰਜੇ ਦੇ ਮੁਲਾਜ਼ਮ ਸ਼ਾਮਲ ਸਨ।ਅੰਤ ਵਿਚ ਡਾਕਟਰ ਨਵਜੋਤ ਨੇ ਆਪਣੇ ਵਲੋਂ ਲੋਕ ਹਿਤਾਂ ਦੀ ਰਾਖੀ ਦੇ ਸੰਗਰਾਮ 'ਚ ਬਣਦਾ ਯੋਗਦਾਨ ਨਿਰੰਤਰ ਜਾਰੀ ਰੱਖਣ ਦੇ ਅਹਿਦ ਨਾਲ ਸਭਨਾਂ ਦਾ ਤਹਿਦਿਲੋਂ ਧੰਨਵਾਦ ਕੀਤਾ।

# ਜ਼ਿਲ੍ਹਾ ਰੈੱਡ ਕਰਾਸ ਸ਼ਾਖਾ ਵਲੋਂ ਖੂਨਦਾਨ ਕੈਂਪ 8 ਨੂੰ

**ਮੋਹਾਲੀ, (ਕ੍ਰਿਸ਼ਨ ਗਰਗ)**

ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਦੀ ਅਗਵਾਈ ਵਿੱਚ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਵੱਲੋਂ ਰੈਡ ਕਰਾਸ ਦੇ ਬਾਨੀ ਜੀਨ ਹੈਨਰੀ ਡੁਨੈਂਟ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਵਿਸ਼ਵ ਰੈਡ ਕਰਾਸ ਦਿਵਸ ਮੌਕੇ ਸਿਵਲ ਹਸਪਤਾਲ, ਫੇਜ਼ 6 ਮੋਹਾਲੀ ਦੀ ਟੀਮ ਅਤੇ ਐਨ ਜੀ ਓਜ਼ ਦੇ ਸਹਿਯੋਗ ਨਾਲ 8 ਮਈ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਸਵੈ-ਇੱਛੁਕ ਖੂਨਦਾਨ ਲਗਾਇਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦੇ ਹੋਏ ਸਹਾਇਕ ਕਮਿਸ਼ਨਰ-ਕਮ-ਅਵੇਤਨੀ ਸਕੱਤਰ, ਜ਼ਿਲ੍ਹਾ ਰੈਡ ਕਰਾਸ ਸ਼ਾਖਾ ਡਾ. ਅੰਕਿਤਾ ਕਾਂਸਲ ਵੱਲੋਂ ਮੋਹਾਲੀ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਖੂਨਦਾਨ ਕਰਨ ਸਬੰਧੀ ਵੱਧ ਚੜ੍ਹ ਕੇ ਇਸ ਕੈਂਪ ਵਿੱਚ ਸ਼ਮੂਲੀਅਤ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਖੂਨਦਾਨ ਦੀ ਸੇਵਾ ਮਾਨਵਤਾ ਦੀ ਭਲਾਈ ਲਈ ਬਹੁਤ ਵੱਡਾ ਦਾਨ ਅਤੇ ਉੱਤਮ ਦਾਨ ਹੈ, ਜਿਸ ਨਾਲ ਬਹੁਤ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ।

# ਨਸ਼ਿਆਂ ਤੋਂ ਹੋਣ ਵਾਲੇ ਮਾੜੇ ਪ੍ਰਭਾਵਾਂ ਪ੍ਰਤੀ ਕੀਤਾ ਜਾਗਰੂਕ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹੌਲਦਾਰ ਦਵਿੰਦਰ ਸਿੰਘ, ਇੰਚਾਰਜ ਟ੍ਰੈਫਿਕ ਜੋਨ ਸਨੇਟਾ ਵੱਲੋਂ ਪਿੰਡ ਰਾਏਪੁਰ ਕਲਾਂ, ਸੈਕਟਰ 108 ਜ਼ਿਲ੍ਹਾ ਐਸ ਏ ਐਸ ਨਗਰ ਵਿਖੇ ਜਨਤਕ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦੌਰਾਨ ਲੋਕਾਂ ਨੂੰ ਨਸ਼ਿਆਂ ਤੋਂ ਹੋਣ ਵਾਲੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ ਗਿਆ।ਇਸ ਤੋਂ ਇਲਾਵਾ ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਲੋਕਾਂ ਨੂੰ ਨਸ਼ੇ ਕਰ ਕੇ ਵਾਹਨ ਨਾ ਚਲਾਉਣ ਬਾਰੇ ਅਤੇ ਇਸ ਬਾਰੇ ਹੋਰਾਂ ਨੂੰ ਵੀ ਜਾਗਰੂਕ ਕਰਨ ਬਾਰੇ, ਅੰਡਰਏਜ ਡਰਾਈਵਿੰਗ ਨਾ ਕਰਨ ਬਾਰੇ, ਲੇਨ ਡਰਾਈਵਿੰਗ ਬਾਰੇ, ਪ੍ਰੈਸ਼ਰ ਹਾਰਨ ਦੀ ਵਰਤੋਂ ਨਾ ਕਰਨ ਬਾਰੇ, ਵਾਹਨਾਂ ਨੂੰ ਸੜਕ 'ਤੇ ਖੜਾ ਕਰਨ ਦੀ ਬਜਾਏ ਸਹੀ ਪਾਰਕਿੰਗ ਕਰਨ ਬਾਰੇ, ਖੱਬੇ-ਸੱਜੇ ਮੁੜਨ ਵੇਲੇ ਇੰਡੀਕੇਟਰ ਦੀ ਵਰਤੋਂ ਕਰਨ ਬਾਰੇ, ਕਿਸੇ ਬੁਲੇਟ-ਮੋਟਰਸਾਇਕਲ 'ਤੇ ਜਾਣਬੁਝ ਕੇ ਪਟਾਕੇ ਨਾ ਮਾਰਨ ਪ੍ਰਤੀ ਅਪੀਲ ਕੀਤੀ।

# ਸਾਲਾਨਾ ਧਾਰਮਿਕ ਜੋੜ ਮੇਲੇ ਤੇ ਮਹਾਂਕੁੰਭ ਮੌਕੇ ਮੁਫ਼ਤ ਮੈਡੀਕਲ ਕੈਂਪ ਲਗਾਇਆ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਬੂਥਗੜ੍ਹ ਵਿਖੇ ਸ੍ਰੀਮਾਨ108 ਸਵਾਮੀ ਤੁਲਸੀ ਨਾਥ ਜੀ ਦੀ ਕੁਟੀਆ ਵਿਖੇ ਉਨ੍ਹਾਂ ਦੀ ਯਾਦ ਵਿੱਚ 81ਵਾਂ ਸਾਲਾਨਾ ਧਾਰਮਿਕ ਜੋੜ ਮੇਲਾ ਅਤੇ ਮਹਾਂਕੁੰਭ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ।ਪ੍ਰਧਾਨ ਕਰਨੈਲ ਸਿੰਘ, ਜਸਵਿੰਦਰ ਸਿੰਘ, ਗੁਰਦੀਪ ਸਿੰਘ, ਜਤਿੰਦਰ ਸਿੰਘ ਬੰਟੀ ਨੇ ਦੱਸਿਆ ਕਿ ਧਾਰਮਿਕ ਸਮਾਗਮ ਦੌਰਾਨ 44 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਉਪਰੰਤ ਖੁੱਲੇ ਪੰਡਾਲ ਵਿੱਚ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਮਨਵੀਰ ਸਿੰਘ ਢਾਡੀ ਜੱਥਾ, ਭਾਈ ਸੁਖਵਿੰਦਰ ਸਿੰਘ ਤੋ ਇਲਾਵਾ ਹੋਰ ਪੰਥ ਪ੍ਰਸਿੱਧ ਰਾਗੀ ਢਾਡੀ ਗੁਰਬਾਣੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਸਮਾਗਮ ਦੌਰਾਨ ਸੰਗਤਾਂ ਦੀ ਸਹੂਲਤਾਂ ਲਈ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ।ਡਾਕਟਰ ਬਲਵੀਰ ਸਿੰਘ ਹੁਸ਼ਿਆਰਪੁਰ ਨੇ ਆਪਣੀ ਟੀਮ ਸਮੇਤ ਪੁੱਜ ਕੇ 400 ਦੇ ਲੋੜਵੰਦਾਂ ਮਰੀਜ਼ਾਂ ਦੀ ਜਾਂਚ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ । ਇਸ ਮੌਕੇ ਸੁਖਦੇਵ ਸਿੰਘ ਢਿੱਲੋਂ, ਬਾਬਾ ਹਰਵਿਲਾਸ ਸਿੰਘ ਬੂਥਗੜ੍ਹ, ਅਮਰਜੀਤ ਸਿੰਘ, ਅਮਰਜੀਤ ਸਿੰਘ ਘੁੰਗਰਲੀ ਇਟਲੀ, ਤੀਰਥ ਸਿੰਘ ਸੋਨੀ ਯੂ ਕੇ, ਗੁਰਜੀਤ ਸਿੰਘ ਯੂ ਕੇ, ਜਗਜੀਤ ਸਿੰਘ ਜਰਮਨ, ਭਾਈ ਪ੍ਰਗਟ ਸਿੰਘ ਅਜਾਦ ਹੈੱਡ ਗ੍ਰੰਥੀ, ਕਭੂਸ਼ਨਪ੍ਰਕਾਸ਼ ਸਿੰਘ ਮੋਨਾ ਕਲਾਂ, ਸੋਹਣ ਸਿੰਘ ਬੂਥਗੜ੍ਹ, ਗੁਰਮੀਤ ਸਿੰਘ, ਮਨਜੀਤ ਸਿੰਘ, ਤਰਸੇਮ ਸਿੰਘ ਗਰਚਾ, ਜਸਪਾਲ ਸਿੰਘ ਦਿਲਾਵਰ ਸਿੰਘ ਆਦਿ ਹਾਜ਼ਰ ਸਨ।

# ਪ੍ਰਭ ਆਸਰਾ ਵਿਖੇ ਸਾਂਭ-ਸੰਭਾਲ ਅਧੀਨ ਨਾਗਰਿਕ ਰਵੀ ਕੁਮਾਰ ਦੀ ਹਾਲਤ ਨਾਜ਼ੁਕ



**ਕੁਰਾਲੀ,(ਮੋਹਨ ਅੱਗਰਵਾਲ)**: ਕੁਰਾਲੀ ਸ਼ਹਿਰ ਦੀ ਹੱਦ ਵਿਚ ਲਾਵਾਰਸ ਲੋਕਾਂ ਦੀ ਸੇਵਾ-ਸੰਭਾਲ਼ ਕਰ ਰਹੀ ਸੰਸਥਾ ਪ੍ਰਭ ਆਸਰਾ ਵਿਖੇ ਪਿਛਲੇ ਕੁਝ ਮਹੀਨਿਆਂ ਤੋਂ ਰਹਿ ਰਹੇ ਰਵੀ ਕੁਮਾਰ (65 ਸਾਲ) ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਸੰਸਥਾ ਮੁਖੀ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਾਜਿੰਦਰ ਕੌਰ ਨੇ ਦੱਸਿਆ ਕਿ ਰਵੀ ਕੁਮਾਰ ਨੂੰ ਸੰਸਥਾ ਵੱਲੋਂ ਕੁੱਝ ਸਮਾਜ ਦਰਦੀ ਸੱਜਣਾਂ ਦੀ ਅਪੀਲ 'ਤੇ 03-01-2025 ਨੂੰ ਨਵਾਂ ਗਰਾਓਂ ਦੇ ਸਰਕਾਰੀ ਹਾਈ ਸਕੂਲ ਤੋਂ ਬਚਾਅ ਕਾਰਜ ਕਰਕੇ ਸੰਸਥਾ ਵਿਖੇ ਲਿਆਂਦਾ ਗਿਆ ਸੀ।ਜਿੱਥੇ ਇਸਦੀ ਹਾਲਤ ਬਹੁਤ ਤਰਸਯੋਗ ਸੀ।ਧਮਨੀਆਂ ਵਿੱਚ ਕਿਸੇ ਜੰਮਾਅ ਕਾਰਨ ਦਿਲ 20 ਕੁ ਪ੍ਰਤੀਸ਼ਤ ਹੀ ਕੰਮ ਕਰ ਰਿਹਾ ਸੀ। ਉਪਰੰਤ ਸੰਸਥਾ ਵੱਲੋਂ ਇਸਦਾ ਹਰੇਕ ਤਰ੍ਹਾਂ ਦਾ ਇਲਾਜ ਕਰਵਾਇਆ ਗਿਆ ਤੇ ਇਹ ਲੰਬੇ ਸਮੇਂ ਤੋਂ ਆਈ ਸੀ ਯੂ ਵਿੱਚ ਦਾਖਲ ਹਨ। ਹੁਣ ਮਰੀਜ ਕੁੱਝ ਦਿਨਾਂ ਤੋਂ ਜਿਆਦਾ ਤਕਲੀਫ਼ ਵਿੱਚ ਹੈ। ਪ੍ਰਬੰਧਕਾਂ ਵੱਲੋਂ ਅਪੀਲ ਕੀਤੀ ਗਈ ਹੈ ਕਿ ਜੇਕਰ ਇਹਨਾਂ ਨੂੰ ਪਛਾਨਣ ਵਾਲ਼ਾ ਕੋਈ ਜਾਣੂ ਜਾਂ ਰਿਸ਼ਤੇਦਾਰ ਇਹਨਾਂ ਨੂੰ ਮਿਲਣਾ ਚਾਹੁੰਦਾ ਹੋਵੇ ਤਾਂ ਪ੍ਰਭ ਆਸਰਾ ਵਿਖੇ ਸੰਪਰਕ ਕਰ ਸਕਦਾ ਹੈ।

# ਤਰਕਸ਼ੀਲ ਸੁਸਾਇਟੀ ਜ਼ੋਨ ਨਵਾਂਸ਼ਹਿਰ ਦੀ ਮੀਟਿੰਗ



**ਬੰਗਾ (ਅਵਤਾਰ ਕਲੇਰ)**

ਤਰਕਸ਼ੀਲ ਸੁਸਾਇਟੀ ਜੋਨ ਨਵਾਂਸ਼ਹਿਰ ਦੀ ਮੀਟਿੰਗ ਜਥੇਬੰਦਕ ਮੁਖੀ ਮਾ. ਜਗਦੀਸ਼ ਰਾਏਪੁਰ ਡੱਬਾ ਦੀ ਪ੍ਰਧਾਨਗੀ ਹੇਠ ਮਲਕੀਤ ਚੰਦ ਮੇਹਲੀ ਹਾਲ ਬੰਗਾ ਰੋਡ ਨਵਾਂਸ਼ਹਿਰ ਵਿਖੇ ਹੋਈ।ਮੀਟਿੰਗ ਦੀ ਜਾਣਕਾਰੀ ਦਿੰਦਿਆਂ ਮੀਡੀਆ ਮੁਖੀ ਬਲਜਿੰਦਰ ਸਵਾਜਪੁਰ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਤਰਕਸ਼ੀਲ ਮੈਗਜ਼ੀਨ ਮਈ- ਜੂਨ ਅੰਕ ਦੀ ਵੰਡ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਾ. ਜਗਦੀਸ਼, ਜੋਗਿੰਦਰ ਕੁੱਲੇਵਾਲ, ਅਤੇ ਸੱਤਪਾਲ ਸਲੋਹ ਨੇ ਕਿਹਾ ਕਿ ਸੂਬਾ ਕਮੇਟੀ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਭਰ ਵਿੱਚ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਇਸ ਸਾਲ 29 ਅਗਸਤ ਅਤੇ 31 ਅਗਸਤ ਨੂੰ ਕਾਰਵਾਈ ਜਾਵੇਗੀ। ਜੋਨ ਨਵਾਂਸ਼ਹਿਰ ਵਿੱਚ ਇਹ ਪ੍ਰੀਖਿਆ 29 ਅਗਸਤ ਨੂੰ ਕਾਰਵਾਈ ਜਾਵੇਗੀ। ਸਾਹਿਤ ਵੈਨ ਜੋਨ ਨਵਾਂਸ਼ਹਿਰ ਵਿੱਚ ਦਸੰਬਰ ਦੇ ਸ਼ੁਰੂ ਵਿੱਚ ਆਏਗੀ।ਹਰੇਕ ਇਕਾਈ ਘੱਟੋ ਘੱਟ ਦੋ ਦਿਨ ਸਕੂਲਾਂ, ਕਾਲਜਾਂ ਅਤੇ ਜਨਤਕ ਇਕੱਠਾਂ ਵਿੱਚ ਲੈ ਕੇ ਜਾਵੇਗੀ ਅਤੇ ਵੱਧ ਤੋਂ ਵੱਧ ਤਰਕਸ਼ੀਲ ਸਾਹਿਤ ਲੋਕਾਂ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਲਏ ਫੈਸਲੇ ਅਨੁਸਾਰ ਤਰਕਸ਼ੀਲ ਭਵਨ ਬਰਨਾਲਾ ਵਿਖੇ 7 ਜੂਨ ਤੋਂ 9 ਜੂਨ ਤੱਕ ਵਿਦਿਆਰਥੀ ਚੇਤਨਾ ਕੈਂਪ ਲਗਾਇਆ ਜਾਵੇਗਾ। ਇਹ ਕੈਂਪ ਵਿਦਿਆਰਥੀਆਂ ਦੇ ਦਿਲ ਦਿਮਾਗਾਂ ਵਿੱਚੋਂ ਗੈਬੀ ਸ਼ਕਤੀਆਂ, ਕਰਾਮਾਤਾਂ, ਭੂਤਾਂ - ਪ੍ਰੇਤਾਂ ਅਤੇ ਹੋਰ ਜਾਦੂ- ਟੂਣਿਆਂ ਸੰਬੰਧੀ ਭਰਮ ਭੁਲੇਖਿਆਂ ਨੂੰ ਦੂਰ ਕਰਨ ਹਿੱਤ ਹੋਵੇਗਾ। ਵਿਦਿਆਰਥੀਆਂ ਦੀ ਸੋਚ ਨੂੰ ਵਿਗਿਆਨਕ ਬਣਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਵਿਦਿਆਰਥੀਆਂ ਦੀ ਰਿਹਾਇਸ਼ ਅਤੇ ਖਾਣੇ ਦਾ ਪ੍ਰਬੰਧ ਸੂਬਾ ਕਮੇਟੀ ਵੱਲੋਂ ਕੀਤਾ ਜਾਵੇਗਾ। ਉਹਨਾਂ ਸਕੂਲਾਂ ਦੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਵਿਦਿਆਰਥੀ ਇਸ ਕੈਂਪ ਵਿੱਚ ਸ਼ਾਮਿਲ ਹੋਣ। ਜਿਹੜੇ ਵਿਦਿਆਰਥੀ ਚੇਤਨਾ ਕੈਂਪ ਵਿੱਚ ਸ਼ਾਮਿਲ ਹੋਣਾ ਚਾਹੁੰਦੇ ਹਨ ਉਹ ਇਲਾਕੇ ਦੇ ਤਰਕਸ਼ੀਲ ਆਗੂਆਂ ਨਾਲ 31ਮਈ ਤੱਕ ਰਾਬਤਾ ਕਰ ਲੈਣ। ਸੁਖਵਿੰਦਰ ਗੋਗਾ, ਮਾ.ਰਾਜ ਕੁਮਾਰ ਗੜ੍ਹਸ਼ੰਕਰ ਅਤੇ ਹਰਜਿੰਦਰ ਸੂੰਨੀ ਨੇ ਕਿਹਾ ਕਿ ਹਰੇਕ ਇਕਾਈ ਸਾਲ ਵਿੱਚ ਘੱਟੋ ਘੱਟ ਦੋ ਪਰਿਵਾਰਕ ਮਿਲਣੀਆਂ ਕਰਵਾਏਗੀ ਅਤੇ ਤਰਕਸ਼ੀਲ ਪਰਿਵਾਰਕ ਟੂਰ ਵੀ ਲਗਾਏ ਜਾਣਗੇ।ਇਸ ਮੌਕੇ ਇਕਾਈ ਨਵਾਂਸ਼ਹਿਰ ਦੇ ਜਥੇਬੰਦਕ ਮੁਖੀ ਬਲਵਿੰਦਰ ਕੌਰ ਸਲੋਹ, ਸਤਨਾਮ ਖਟਕੜ ਅਤੇ ਸੁਖਵਿੰਦਰ ਲੰਗੇਰੀ ਆਦਿ ਹਾਜ਼ਰ ਸਨ।

# ਸਿਲਵਰ ਓਕ ਸਕੂਲ 'ਚ ਬੱਚਿਆਂ ਲਈ ਵੈਕਸੀਨੇਸ਼ਨ ਤੇ ਮੈਡੀਕਲ ਕੈਂਪ ਲਗਾਇਆ




**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਓਂਕਾਰ ਸਿੰਘ)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸਕੂਲ ਸ਼ਾਹਬਾਜਪੁਰ ਵਿਖੇ ਸਿਹਤ ਜਾਗਰੂਕਤਾ ਅਤੇ ਪੰਜ, ਦਸ ਅਤੇ ਪੰਦਰਾਂ ਸਾਲ ਦੇ ਬੱਚਿਆਂ ਦੇ ਲਈ ਵੈਕਸੀਨੇਸ਼ਨ ਕੈਂਪ ਲਗਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਦੇ ਵਿੱਚ ਇਸ ਕੈਂਪ ਦੀ ਸ਼ੁਰੂਆਤ ਹੋਈ। ਸਕੂਲ ਦੇ ਕੋਆਰਡੀਨੇਟਰਾਂ ਦੀ ਟੀਮ ਦੀ ਦੇਖ ਰੇਖ ਹੇਠ ਸਿਵਲ ਹੋਸਪਿਟਲ ਟਾਂਡਾ ਦੀ ਮੈਡੀਕਲ ਟੀਮ ਵੱਲੋਂ ਬੱਚਿਆਂ ਦੀ ਵੈਕਸੀਨੇਸ਼ਨ ਕੀਤੀ ਗਈ। ਇਸ ਮੈਡੀਕਲ ਕੈਂਪ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਸਿਵਿਲ ਹਸਪਤਾਲ ਤੋਂ ਆਈ ਹੋਈ ਮੈਡੀਕਲ ਟੀਮ ਵਿੱਚ ਸ਼੍ਰੀ ਨਰੋਤਮ ਕੁਮਾਰ ਐਮ. ਪੀ. ਐਚ. ਡਬਲ ਯੂ. ਦੀ ਅਗਵਾਈ ਦੇ ਵਿੱਚ ਸੁਖਦੀਪ ਕੌਰ ਸੀ.ਐਚ.ਓ, ਅਨੀਤਾ ਕੁਮਾਰੀ ਏ. ਐਨ. ਐਮ. ਅਤੇ ਸੁਖਵਿੰਦਰ ਕੌਰ ਆਸ਼ਾ ਵਰਕਰ ਹਾਜ਼ਰ ਰਹੇ ਅਤੇ ਉਹਨਾਂ ਨੇ ਬੱਚਿਆਂ ਦੀ ਵੈਕਸੀਨੇਸ਼ਨ ਦਾ ਕੰਮ ਨੇਪਰੇ ਚੜ੍ਹਾਇਆ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਸਮੁੱਚੀ ਮੈਡੀਕਲ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ , ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸ਼ਰਮਾ, ਅਮਰਜੀਤ ਕੌਰ ਸੈਣੀ, ਰਮਨਪ੍ਰੀਤ, ਬਲਜੀਤ ਕੌਰ, ਪਰਮਜੀਤ ਕੌਰ, ਚੇਤਨਾ, ਈਸ਼ਾ, ਅਮਨ, ਮਨਦੀਪ, ਅਰਚਣਾ, ਗੁਰਪ੍ਰੀਤ, ਰਾਜਵੀਰ ਕੌਰ, ਰਾਜਵਿੰਦਰ, ਗੁਰਦੇਵ ਸਿੰਘ, ਹਰਜੀਤ ਸਿੰਘ ਤੇ ਬਾਕੀ ਸਟਾਫ ਮੈਂਬਰ ਮੌਜੂਦ ਸਨ।

# ਡੀ ਏ ਵੀ ਸਕੂਲ 'ਚ ਖ਼ੂਨਦਾਨ ਕੈਂਪ ਲਗਾਇਆ



**ਫਿਲੌਰ ( ਬੀ ਐੱਸ ਕੈਨੇਡੀ)**- ਡੀ ਏ ਵੀ ਸਕੂਲ ਵਿੱਚ ਹਿੰਦੋਸਤਾਨ ਵੈਲਫੇਅਰ ਸੁਸਾਇਟੀ ਫਗਵਾੜਾ ਦੇ ਸਹਿਯੋਗ ਨਾਲ ਖ਼ੂਨ ਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ 70 ਨੌਜਵਾਨਾਂ ਨੇ ਖ਼ੂਨ ਦਾਨ ਕੀਤਾ ਇਸ ਮੌਕੇ ਨੀਨਾ ਤਾਂਗੜੀ ਨੇ ਆਏ ਹੋਏ ਨੌਜਵਾਨਾਂ ਨੂੰ ਵਧ ਤੋਂ ਵਧ ਖ਼ੂਨ ਦਾਨ ਕਰਨ ਨੂੰ ਕਿਹਾ। ਉਨਾਂ ਕਿਹਾ ਇਹ ਵੀ ਸਮਾਜ ਸੇਵਾ ਹੈ। ਇਸ ਮੌਕੇ ਸਮਾਜ ਸੇਵਕ ਮੋਹਿਤ ਭੰਡਾਰੀ ਤੋਂ ਇਲਾਵਾ ਹਿੰਦੋਸਤਾਨ ਵੈਲਫੇਅਰ ਸੁਸਾਇਟੀ ਦੇ ਮੈਂਬਰ ਮੌਜੂਦ ਸਨ।

# ਸਰਕਾਰ ਪਾਣੀ ਵਰਗੇ ਗੰਭੀਰ ਮੁੱਦੇ 'ਤੇ ਪੂਰੀ ਤਰ੍ਹਾਂ ਫੇਲ੍ਹ : ਬਾਠ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਭਾਰਤੀ ਜਨਤਾ ਪਾਰਟੀ ਦੇ ਆਗੂ ਰਿਟਾਇਰ ਐੱਸ ਐਸ ਪੀ ਅਸ਼ੋਕ ਬਾਠ,ਰਿਟਾਇਰ ਐਸ ਐਚ ਓ ਸ਼ੁਭਾਸ਼ ਬਾਠ ਭਾਜਪਾ ਆਗੂ ਸੰਜੂ ਚੌਧਰੀ ਨੇ ਪੰਜਾਬ ਸਰਕਾਰ ਦੀ ਪਾਣੀ ਦੇ ਮੁੱਦੇ 'ਤੇ ਨਾਕਾਮੀ ਅਤੇ ਸੋੜੀ ਸਿਆਸਤ ਦੀ ਸਖ਼ਤ ਨਿਖੇਧੀ ਕੀਤੀ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਪਾਣੀ ਵਰਗੇ ਗੰਭੀਰ ਮੁੱਦੇ 'ਤੇ ਪੂਰੀ ਤਰ੍ਹਾਂ ਫੇਲ੍ਹ ਰਹੀ ਹੈ। ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਨਾ ਸਿਰਫ ਕਿਸਾਨ, ਸਗੋਂ ਆਮ ਆਦਮੀ ਵੀ ਪਰੇਸ਼ਾਨ ਹੈ। ਪਾਣੀ ਸੰਕਟ ਨੇ ਖੇਤੀਬਾੜੀ ਨੂੰ ਖਤਰੇ ਵਿੱਚ ਪਾ ਦਿੱਤਾ ਹੈ ਤੇ ਸਰਕਾਰ ਸੌੜੀ ਸਿਆਸਤ ਕਰਨ ਤੋਂ ਬਾਜ਼ ਨਹੀਂ ਆ ਰਹੀ। ਉਨ੍ਹਾਂ ਨੇ ਕਿਹਾ ਕਿ ਭਾਜਪਾ ਪੰਜਾਬ ਦੇ ਪਾਣੀ ਅਧਿਕਾਰਾਂ ਦੀ ਰੱਖਿਆ ਲਈ ਵਚਨਬੱਧ ਹੈ ਤੇ ਹਰ ਇਕ ਬੂੰਦ ਦੀ ਹਿਫ਼ਾਜ਼ਤ ਲਈ ਪੂਰੀ ਤਾਕਤ ਨਾਲ ਖੜੀ ਹੈ। ਇਹ ਸਾਡਾ ਸੰਕਲਪ ਹੈ। ਉਨ੍ਹਾਂ ਨੇ ਕਿਹਾ ਕਿ ਰਾਜ ਸਰਕਾਰ ਸਿਰਫ਼ ਬਿਆਨਬਾਜ਼ੀ ਕਰ ਰਹੀ ਹੈ।

# ਗੁਰਬਖਸ਼ ਸਿੰਘ ਸੈਣੀ ਕੈਨੇਡਾ 'ਚ ਬਣੇ ਐੱਮ ਪੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਇਤਿਹਾਸਕ ਪਿੰਡ ਭੁੰਗਰਨੀ ਦੇ ਜੰਮਪਲ ਗੁਰਬਖਸ਼ ਸਿੰਘ ਸੈਣੀ ਦੇ ਕਨੇਡਾ ਵਿੱਚ ਐਮ ਪੀ ਬਣਨ 'ਤੇ ਪਿੰਡ ਵਾਸੀਆਂ ਨੇ ਲੱਡੂ ਵੰਡ ਕੇ ਖੁਸ਼ੀ ਮਨਾਈ। ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਧਰਤੀ 'ਤੇ ਸਮੂਹ ਸੰਗਤਾਂ ਵਲੋਂ ਗੁਰਬਖਸ਼ ਸਿੰਘ ਭੁੰਗਰਨੀ ਕਨੇਡਾ ਵਿੱਚ ਐਮ ਪੀ ਬਨਣ ਦੀ ਖੁਸ਼ੀ ਮੌਕੇ ਅਰਦਾਸ ਬੇਨਤੀ ਕਰਕੇ ਵਹਿਗੁਰੂ ਜੀ ਦਾ ਸ਼ੁਕਰਾਨਾ ਕੀਤਾ ਗਿਆ।ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ ਅਤੇ ਅਮਰ ਕੌਰ-ਚਰਨ ਕੌਰ ਵੈਲਫੇਅਰ ਸੁਸਾਇਟੀ ਭੁੰਗਰਨੀ ਦੇ ਸੀਨੀਅਰ ਮੀਤ ਪ੍ਰਧਾਨ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਪਿੰਡ ਭੁੰਗਰਨੀ ਦੇ ਨਾਲ ਸੰਬੰਧਿਤ ਗੁਰਬਖਸ਼ ਸਿੰਘ ਸੈਣੀ ਜੋ ਕਿ ਕਨੇਡਾ ਵਿੱਚ ਹੋਈਆਂ ਸੰਸਦੀ ਚੋਣਾਂ ਵਿਚ ਲਿਬਰਲ ਪਾਰਟੀ ਬ੍ਰਿਟਿਸ਼ ਕੋਲੰਬੀਆ ਸੂਬੇ ਦੇ ਫਲੀਟਵੁੱਡ ਖੇਤਰ ਤੋਂ ਜਿੱਤ ਕੇ ਮੈਂਬਰ ਪਾਰਲੀਮੈਂਟ ਬਣੇ ਹਨ। ਇਸ ਮੌਕੇ ਭਾਈ ਪ੍ਰਸ਼ੋਤਮ ਸਿੰਘ, ਦਵਿੰਦਰ ਸਿੰਘ,ਅਮਰੀਕ ਸਿੰਘ ਲੱਕੀ, ਭੁਪਿੰਦਰ ਸਿੰਘ, ਬਲਵਿੰਦਰ ਸਿੰਘ, ਰਾਮ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਬਲਵੀਰ ਸਿੰਘ ਤੰਬੜ, ਰਾਜਵੀਰ ਸਿੰਘ, ਨੰਬਰਦਾਰ ਸੁਰਿੰਦਰ ਸਿੰਘ, ਅਵਤਾਰ ਸਿੰਘ ਤਾਰੀ, ਧਰਮ ਸਿੰਘ ਜੰਜੂਆ, ਸੋਹਣ ਸਿੰਘ ਪਧਿਆਣੀਏ,ਸੋਹਣ ਸਿੰਘ ਐਨ ਆਰ ਆਈ, ਗੁਰਮੇਲ ਸਿੰਘ ਬਘਾਣਾ ,ਸੋਨੀ ਤੰਬੜ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਅੰਬੇਡਕਰੀ ਫਲਸਫੇ ਦੇ ਪ੍ਰਚਾਰ ਹਿੱਤ ਕਾਂਸ਼ੀ ਨਗਰ ਵਿਖੇ ਚੇਤਨਾ ਸਮਾਗਮ ਕਰਵਾਇਆ



**ਫਗਵਾੜਾ (ਜਸਵਿੰਦਰ ਢੱਡਾ)**

ਡਾ. ਬੀ. ਆਰ. ਅੰਬੇਡਕਰ ਮਿਸ਼ਨ ਸੁਸਾਇਟੀ ਪਿੰਡ ਕਾਂਸ਼ੀ ਨਗਰ ਫਗਵਾੜਾ ਵਲੋਂ ਸਮੂਹ ਐਨ. ਆਰ. ਆਈ. ਵੀਰਾਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ । ਪ੍ਰੋਗਰਾਮ ਦੀ ਸ਼ੁਰੂਆਤ ਬੁੱਧ ਵੰਦਨਾ ਨਾਲ ਕੀਤੀ ਗਈ । ਨਵੀਂ ਸੋਚ ਕੋਰੀਓਗਰਾਫੀ ਗਰੁੱਪ, ਪੱਦੀ ਖਾਲਸਾ ਵਲੋਂ ਬਾਬਾ ਸਾਹਿਬ ਦੇ ਮਿਸ਼ਨ ਸਬੰਧੀ ਕੋਰਿਓਗਰਾਫੀਆਂ ਪੇਸ਼ ਕੀਤੀਆਂ ਗਈਆਂ । ਪਿੰਡ ਕਾਂਸ਼ੀ ਨਗਰ ਦੇ ਬੱਚਿਆਂ ਵੱਲੋਂ ਵੀ ਕਵਿਤਾਵਾਂ, ਗੀਤ ਅਤੇ ਕੋਰਿਓਗਰਾਫੀਆਂ ਪੇਸ਼ ਕੀਤੀਆਂ ਗਈਆਂ ਜੋ ਸਰੋਤਿਆਂ ਵਲੋਂ ਬਹੁਤ ਪਸੰਦ ਕੀਤੇ ਗਏ । ਸੀਨੀਅਰ ਮਿਸ਼ਨਰੀ ਆਗੂ ਅਸ਼ੋਕ ਸੰਧੂ ਵਲੋਂ ਬਾਬਾ ਸਾਹਿਬ ਜੀ ਦੇ ਜੀਵਨ ਅਤੇ ਮਿਸ਼ਨ ਉੱਤੇ ਵਿਸਥਾਰ ਸਹਿਤ ਚਾਨਣਾ ਪਾਇਆ ਗਿਆ । ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਮਿਸ਼ਨਰੀ ਲੇਖਕ ਰਾਜੇਸ਼ ਭਬਿਆਣਾ ਨੇ ਆਪਣੀ ਨਵੀਂ ਪ੍ਰਕਾਸ਼ਿਤ ਪੁਸਤਕ 'ਸਾਹਿਬ ਸ਼੍ਰੀ ਕਾਂਸ਼ੀ ਰਾਮ ਜੀ ਜੀਵਨ ਸੰਘਰਸ਼ ਅਤੇ ਮਿਸ਼ਨ' ਡਾ. ਬੀ. ਆਰ. ਅੰਬੇਡਕਰ ਮਿਸ਼ਨ ਸੁਸਾਇਟੀ ਨੂੰ ਭੇਂਟ ਕੀਤੀ ।ਪੜ੍ਹਾਈ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਬੱਚਿਆਂ ਨੂੰ ਸੁਸਾਇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਪ੍ਰਸਿੱਧ ਮਿਸ਼ਨਰੀ ਗਾਇਕ ਗੋਲਡ ਮੈਡਲਿਸਟ ਬਲਵਿੰਦਰ ਬਿੱਟੂ ਵਲੋਂ ਆਪਣੇ ਮਿਸ਼ਨਰੀ ਗੀਤਾਂ ਨਾਲ ਹਾਜ਼ਰੀ ਲਗਵਾਈ । ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਐਨ. ਆਰ. ਆਈ. ਵੀਰਾਂ ਦਾ ਵਿਸ਼ੇਸ਼ ਯੋਗਦਾਨ ਰਿਹਾ। ਸਟੇਜ ਸੰਚਾਲਨ ਮਿਸ਼ਨਰੀ ਲੇਖਕ ਬਲਵਿੰਦਰ ਪੁਆਰ ਅਤੇ ਮਨੀ ਅੰਬੇਡਕਰੀ ਵਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ ਅਸ਼ੋਕ ਸੰਧੂ, ਮਿਸ਼ਨਰੀ ਲੇਖਕ ਰਾਜੇਸ਼ ਭਬਿਆਣਾ, ਪਿਆਰਾ ਲਾਲ, ਮਨਜੀਤ ਮਾਨ, ਬੰਟੀ ਮੋਰਾਂ ਵਾਲੀਆਂ, ਦੇਸ ਰਾਜ ਸਾਬਕਾ ਸਰਪੰਚ, ਜਸਪਿੰਦਰ ਕੁਮਾਰ ਸਾਬਕਾ ਸਰਪੰਚ, ਬਲਬੀਰ ਕੁਮਾਰ ਸਾਬਕਾ ਸਰਪੰਚ, ਗੁਰਦੇਵ ਚੰਦ ਲੰਬੜਦਾਰ, ਸੰਤੋਖ ਲਾਲ, ਮਾਸਟਰ ਮਨਜੀਤ ਲਾਲ, ਯਸ਼ਪਾਲ, ਰਾਕੇਸ਼ ਕੁਮਾਰ, ਵਿਵੇਕ ਕੈਂਥ, ਮਨਜੀਤ ਗਾਟ, ਧਰਮ ਪਾਲ ਭਿੰਦਾ, ਅਨਿਲ ਕੁਮਾਰ ਨੀਲਾ, ਦਲਜੀਤ ਕੁਮਾਰ, ਹੈਪੀ ਕਾਂਸ਼ੀ ਨਗਰ, ਬਲਬੀਰ ਕੁਮਾਰ ਬੀਰਾ, ਬੌਬੀ ਆਦਿ ਹਾਜ਼ਰ ਸਨ।

# ਹੀਰੋਇਨ ਸਮੇਤ ਦੋ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)**- ਸਬ ਇੰਸਪੈਕਟਰ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਸਿਟੀ ਬਲਾਚੌਰ ਅਤੇ ਐੱਸ ਆਈ ਭੂਸ਼ਣ ਚੰਦ ਦੀ ਟੀਮ ਵੱਲੋਂ ਜਤਿੰਦਰ ਸਿੰਘ ਉਰਫ ਜੱਸਾ ਵਾਸੀ ਵਾਰਡ ਨੰਬਰ 13 ਥਾਣਾ ਸਿਟੀ ਬਲਾਚੌਰ ਨੂੰ 4 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਗਈ ਹੈ। ਮੁਲਜ਼ਮ ਖਿਲਾਫ ਥਾਣਾ ਸਿਟੀ ਬਲਾਚੌਰ ਵਿਖੇ ਮੁਕਦਮਾ ਦਰਜ ਕੀਤਾ ਗਿਆ ਹੈ। ਐਸ ਐਚ ਓ ਸਤਨਾਮ ਸਿੰਘ ਨੇ ਦੱਸਿਆ ਕਿ ਕਥਿਤ ਦੋਸ਼ੀ ਦੇ ਬਿਆਨਾਂ ਦੇ ਆਧਾਰ 'ਤੇ ਮਿਤੀ 4-5-25 ਨੂੰ ਸਾਹਿਲ ਬੀਰੇ ਵਾਸੀ ਖੋਜਾ ਬੇਟ ਅਤੇ ਬਲਵਿੰਦਰ ਸਿੰਘ ਉਰਫ ਸਾਬੀ ਵਾਸੀ ਮਹਿੰਦੀਪੁਰ ਨੂੰ ਦੋਸ਼ੀ ਨਾਮਜਦ ਕਰਕੇ ਉਕਤ ਵਿਚ ਜੁਰਮ 29 ਐਨ ਡੀ ਪੀ ਐਸ ਐਕਟ ਦਾ ਵਾਧਾ ਕਰ ਕੇ ਸਾਹਿਲ ਬੀਰੇ ਨੂੰ ਗ੍ਰਿਫਤਾਰ ਕੀਤਾ ਗਿਆ।



# ਕਰਤਾਰ ਮੈਮੋਰੀਅਲ ਹਸਪਤਾਲ ਤੱਗੜ ਵਲੋਂ ਸੀਕਰੀ ਵਿਖੇ ਮੈਡੀਕਲ ਜਾਂਚ ਕੈਂਪ



**ਅੱਡਾ ਸਰਾਂ, (ਕਾਜਲ)**-ਪਿੰਡ ਸੀਕਰੀ ਦੇ ਗੁਰਦੁਆਰਾ ਬਾਬਾ ਰੰਗੀ ਰਾਮ ਜੀ ਵਿਖੇ ਕਰਤਾਰ ਮੈਮੋਰੀਅਲ ਹਸਪਤਾਲ ਤੱਗੜ ਵਲੋਂ ਇੱਕ ਦਿਨਾ ਮੁਫਤ ਜਨਰਲ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ। ਚੇਅਰਮੈਨ ਉਂਕਾਰ ਸਿੰਘ ਤੱਗੜ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਮ.ਡੀ ਪਰਮਵੀਰ ਜਗਤ ਦੀ ਅਗਵਾਈ ਅਤੇ ਐਚ.ਆਰ ਨਰੇਸ਼ ਕੁਮਾਰ ਦੀ ਦੇਖਰੇਖ ਹੇਠ ਲੱਗੇ ਇਸ ਕੈਂਪ ਦੌਰਾਨ ਹਸਪਤਾਲ ਦੇ ਮਾਹਿਰ ਡਾ: ਸੁਨੀਲ ਕੁਮਾਰ, ਡਾ: ਰਾਹੁਲ ਭਾਰਤੀ, ਡਾ: ਲਵਿਸ, ਡਾ:ਅਸ਼ਮੀ ਚੌਧਰੀ, ਡਾ: ਪਰਚਿਤਾ ਭਾਰਤੀ,ਡਾ: ਕਰਨ ਕੁਮਾਰ ਤੇ ਉਨ ਦੀ ਸਹਿਯੋਗੀ ਟੀਮ ਨੇ 250 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਤੇ ਹਸਪਤਾਲ ਵੱਲੋਂ ਮੁਫਤ ਦਵਾਈਆਂ ਦਿੱਤੀਆਂ ਅਤੇ ਲੋੜਵੰਦਾਂ ਦੇ ਮੁਫਤ ਟੈਸਟ ਵੀ ਕੀਤੇ। ਇਸ ਮੌਕੇ ਦਵਿੰਦਰ ਸਿੰਘ ਤੱਗੜ, ਸੀਨੀਅਰ ਅਕਾਲੀ ਆਗੂ ਗੁਰਮੇਲ ਸਿੰਘ ਸੀਕਰੀ, ਸਰਪੰਚ ਸੇਵਾ ਸਿੰਘ ਸੀਕਰੀ ,ਸਰਪੰਚ ਹਰਜਿੰਦਰ ਸਿੰਘ ਤੱਗੜ, ਨੰਬਰਦਾਰ ਨਛੱਤਰ ਸਿੰਘ,ਦਲਜੀਤ ਸਿੰਘ, ਮਾ: ਕਿਸ਼ਨ ਸਿੰਘ, ਸੁਖਪ੍ਰੀਤ ਕੌਰ, ਸੁਖਵਿੰਦਰ ਕੌਰ, ਨੀਲਮ, ਰੁਪਿੰਦਰ, ਹਰਜੋਤ, ਜਸਵੀਰ ਕੌਰ, ਮੀਨਾ, ਸੁਖਵਿੰਦਰ ਕੌਰ, ਮਨਦੀਪ ਕੌਰ, ਪਰਮਿੰਦਰ ਕੌਰ, ਹਰਪ੍ਰੀਤ ਕੌਰ, ਰਾਜਵੀਰ ਕੌਰ, ਪਰਮਜੀਤ ਸਿੰਘ, ਹਰਭਜਨ ਸਿੰਘ ਤੇ ਹੋਰ ਨਗਰ ਨਿਵਾਸੀ ਮੌਜੂਦ ਸਨ।

# ਮੇਹਰ ਚੰਦ ਪੋਲੀਟੈਕਨਿਕ ਵਿਖੇ ਮੈਂਟਲ ਹੈਲਥ 'ਤੇ ਸੈਮੀਨਾਰ



**ਜਲੰਧਰ (ਸ਼ੈਲੀ ਐਲਬਰਟ)**

ਮੇਹਰ ਚੰਦ ਪੋਲੀਟੈਕਨਿਕ ਕਾਲਜ, ਜਲੰਧਰ ਵਿੱਖੇ ਉੱਘੀ ਮੋਟੀਵੇਸ਼ਨਰ ਸਪੀਕਰ ਤੇ ਫੈਸ਼ਨ ਸਟਾਇਲਿਸਟ ਸਹਰ ਹਾਸ਼ਮੀ ਅਤੇ ਉਸਦੀ ਟੀਮ ਵੱਲੋਂ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਵਿਸ਼ੇ ਤੇ ਸੈਮੀਨਾਰ ਆਯੋਜਿਤ ਕੀਤਾ ਗਿਆ। ਸਹਰ ਹਾਸ਼ਮੀ ਤੇ ਉਸਦੀ ਟੀਮ ਮੋਟਰ ਸਾਇਕਲ ਤੇ ਦਿੱਲੀ ਤੋਂ ਕਸ਼ਮੀਰ ਤੱਕ ਦਾ ਸਫ਼ਰ ਲੋਕਾਂ ਨੂੰ ਮੈਂਟਲ ਹੈਲਥ ਸਬੰਧੀ ਆ ਰਹੀਆਂ ਸਮਸਿਆਵਾਂ ਪ੍ਰਤੀ ਜਾਗਰੂਕ ਕਰਨ ਲਈ ਕਰ ਰਹੀ ਹੈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਉਹਨਾਂ ਦਾ ਸਵਾਗਤ ਫੁੱਲਾਂ ਦੇ ਗੁਲਦਸਤੇ ਨਾਲ ਕੀਤਾ। ਉਹਨਾਂ ਆਰੰਭ ਵਿੱਚ ਦੱਸਿਆ ਕਿ ਸਹਰ ਹਾਸ਼ਮੀ ਖੁਦ ਵੀ ਮੈਂਟਲ ਹੈਲਥ ਨਾਲ ਬਚਪਨ ਤੋਂ ਜੂਝਦੀ ਰਹੀ ਹੈ। ਉਸਨੇ ਲੰਬੀ ਲੜਾਈ ਨਾਲ ਇਸ ਸੱਮਸਿਆ ਤੇ ਨਿਜਾਤ ਪਾਈ ਹੈ ਤੇ ਇਸ ਲਈ ਵਿਦਿਆਰਥੀਆਂ ਨੂੰ ਜਾਗਰੂਕ ਕਰ ਰਹੀ ਹੈ।ਅੱਜ ਕਲ ਆਤਮ ਹੱਤਿਆਵਾਂ ਦੇ ਕੇਸ ਵੱਧ ਰਹੇ ਹਨ, ਜਿਸ ਲਈ ਮੈਂਟਲ ਹੈਲਥ ਤੇ ਗੱਲਬਾਤ ਬਹੁਤ ਹੀ ਮੱਹਤਵ ਰੱਖਦੀ ਹੈ। ਸਹਰ ਹਾਸ਼ਮੀ ਨੇ ਬੋਲਦਿਆ ਕਿਹਾ ਕਿ ਵਿਦਿਆਰਥੀਆਂ ਨੂੰ ਕਿਸੇ ਤਰ੍ਹਾਂ ਦੀ ਝਿਝਕ ਨਹੀਂ ਹੋਣੀ ਚਾਹੀਦੀ। ਮੈਂਟਲ ਹੈਲਥ ਨੂੰ ਪਾਰ ਪਾਉਣਾ ਬੇਹਦ ਜਰੂਰੀ ਹੈ। ਇਸ ਲਈ ਸੰਗੀਤ, ਖੇਡ, ਡਾਂਸ ਜਾ ਗੱਲਬਾਤ ਥਰੈਪੀ ਦਾ ਪ੍ਰਯੋਗ ਕੀਤਾ ਜਾ ਸਕਦਾ ਹੈ। ਚੁੱਪ ਰਹਿਣਾ ਇਲਾਜ਼ ਨਹੀਂ ਹੈ। ਉਹਨਾਂ ਦੀ ਟੀਮ ਨੇ ਵਿਦਿਆਰਥੀਆਂ ਨੂੰ ਬੇਹਤਰ ਢੰਗ ਨਾਲ ਸਮਝਾਉਣ ਲਈ ਪੈਂਫਲੈਂਟ ਵੀ ਵੰਡੇ ਤੇ ਹੈਲਪਲਾਈਨ ਨੰਬਰ ਵੀ ਦੱਸੇ। ਇਸ ਸੈਮੀਨਾਰ ਨੂੰ ਗੁਜਰਾਤ ਤੋਂ ਆਏ ਹੋਏ ਦੇਵ ਦੇਸਾਈ ਨੇ ਵੀ ਸੰਬੋਧਤ ਕੀਤਾ। ਨਾਜਮੀਨ ਸ਼ੇਖ ਨੇ ਹੌਂਸਲੇ ਦਾ ਗੀਤ ਗਾ ਕੇ ਵਿਦਿਆਰਥੀਆਂ ਨੂੰ ਪ੍ਰੇਰਿਆ। ਮੰਚ ਦਾ ਸੰਚਾਲਨ ਮੇਜਰ ਪੰਕਜ ਗੁਪਤਾ ਨੇ ਬਹੁਤ ਹੀ ਰੌਚਕ ਢੰਗ ਨਾਲ ਕੀਤਾ। ਸਮੁੱਚਾ ਪ੍ਰਬੰਧ ਕਾਲਜ ਦੀ ਰੈਡ ਰਿਬਨ ਸੋਸਾਇਟੀ ਵਲੋਂ ਕੀਤਾ ਗਿਆ। ਇਸ ਮੌਕੇ ਡਾ. ਸੰਜੇ ਬਾਂਸਲ, ਮੈਡਮ ਮੀਨਾ ਬਾਂਸਲ, ਸੰਦੀਪ ਕੁਮਾਰ ਪ੍ਰਧਾਨ ਰੈਡ ਰਿਬਨ ਸੋਸਾਇਟੀ, ਮੈਡਮ ਸਵਿਤਾ ਅਤੇ ਅਭਿਸ਼ੇਕ ਕੁਮਾਰ ਵੀ ਹਾਜ਼ਰ ਸਨ।

# ਬਜਾਜ ਆਟੋ ਦੇ ਨਵੇਂ ਬਾਈਕ ਮਾਡਲ ਦਾ ਸਿਰੀਸ਼ ਗੁਪਤਾ ਨੇ ਕੀਤਾ ਉਦਘਾਟਨ



**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲਾਪੁਰੀ)**- ਬਜਾਜ ਆਟੋ ਮੋਬਾਈਲ ਕੰਪਨੀ ਵਿਖੇ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਸਿਰਿਸ਼ ਗੁਪਤਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਬਜਾਜ ਆਟੋ ਕੰਪਨੀ ਵੱਲੋਂ ਲਾਂਚ ਕੀਤੇ ਗਏ ਬਜਾਜ ਪੈਲਾਟੀਨਾ ਮੋਟਰਸਾਈਕਲ ਦੇ ਨਵੇਂ ਮਾਡਲ ਦਾ ਉਦਘਾਟਨ ਕੀਤਾ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਐਮ ਡੀ ਅਮਿਤ ਕੁਮਾਰ ਭਾਰਦਵਾਜ ਅਤੇ ਮਨੋਜ ਕੁਮਾਰ ਨੇ ਕੀਤੀ।ਇਸ ਦੌਰਾਨ ਮੈਨੇਜਰ ਵਿਕਰਮ ਜੀਤ ਸਿੰਘ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਜਾਜ ਆਟੋ ਪੂਰੀ ਦੁਨੀਆ ਵਿੱਚ ਮਸ਼ਹੂਰ ਹੈ ਅਤੇ ਭਾਰਤ ਦੇ ਹਰ ਵਿਅਕਤੀ ਦੇ ਦਿਲ ਵਿੱਚ ਵੱਸਦਾ ਹੈ। ਜਿਸ ਕਾਰਨ ਬਜਾਜ ਨੇ ਇੱਕ ਨਵਾਂ ਮਾਡਲ- ਪੈਲਾਟੀਨਾ - ਬਾਈਕ ਵਿਕਸਤ ਕੀਤੀ ਹੈ ਅਤੇ ਇਸ ਨੂੰ ਬਾਜ਼ਾਰ ਵਿੱਚ ਲਾਂਚ ਕੀਤਾ ਹੈ।ਇਸ ਬਾਈਕ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਇਸ ਮੋਟਰਸਾਈਕਲ ਵਿੱਚ ਕਾਰਬੋਰੇਟਰ ਨਹੀਂ ਹੈ, ਮਾਈਲੇਜ ਵਧੀਆ ਹੈ, ਲੌਕ ਸੀਟ ਹੈ, ਆਰਾਮਦਾਇਕ ਸੀਟ ਹੈ, ਚਾਰਜਰ ਪੁਆਇੰਟ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ, ਸ਼੍ਰੀ ਹਰਭਜਨ ਸਿੰਘ ਬੁੱਡੇਵਾਲ, ਨਿਰਮਲ ਸਿੰਘ, ਮਨਜਿੰਦਰ ਸਿੰਘ, ਕੁਲਵਿੰਦਰ ਸਿੰਘ, ਜਗਤਾਰ ਸਿੰਘ, ਟੈਕਨੀਸ਼ੀਅਨ ਬਲਵਿੰਦਰ ਸਿੰਘ ਆਦਿ ਵੀ ਮੌਜੂਦ ਸਨ।

# ਦਿ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਪੰਜਾਬ ਇੰਡੀਆ ਵੱਲੋਂ ਮੈਡੀਕਲ ਕੈਂਪ



**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**

ਹੁਸ਼ਿਆਰਪੁਰ ਭਰਵਾਈ ਰੋਡ ਸਥਿਤ ਵੈਸ਼ਨੋ ਧਾਮ ਮੰਦਰ ਵਿਖੇ ਫਰੀ ਮੈਗਾ ਮੈਡੀਕਲ ਕੈਂਪ ਏਕਤਾ ਲਹਿਰ ਅਤੇ ਦਿ ਵਰਕਿੰਗ ਰਿਪੋਰਟਰ ਐਸੋਸੀਏਸ਼ਨ (ਰਜਿ:) ਪੰਜਾਬ (ਇੰਡੀਆ) ਦੇ ਸਹਿਯੋਗ ਨਾਲ ਕੌਮੀ ਜਨਰਲ ਸਕੱਤਰ ਵਿਨੋਦ ਕੌਸ਼ਲ, ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ, ਸੂਬਾ ਜਨਰਲ ਸਕੱਤਰ ਅਮਰਜੀਤ ਸਿੰਘ ਜੰਡੂ ਸਿੰਘਾ, ਸੂਬਾ ਵਾਈਸ ਚੇਅਰਮੈਨ ਗੁਰਬਿੰਦਰ ਸਿੰਘ ਪਲਾਹਾ, ਸੂਬਾ ਕੈਸ਼ੀਅਰ ਤਰਸੇਮ ਦੀਵਾਨਾ ਦੀ ਸਾਂਝੀ ਅਗਵਾਈ ਵਿੱਚ ਲਗਾਇਆ ਗਿਆ।ਕੈਂਪ ਦਾ ਉਦਘਾਟਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਲੋਕ ਸਭਾ ਹਲਕਾ ਹੁਸ਼ਿਆਰਪੁਰ ਨੇ ਆਪਣੇ ਕਰ ਕਮਲਾ ਨਾਲ ਕੀਤਾ।ਇਸ ਮੌਕੇ ਸਾਬਕਾ ਕੇਂਦਰੀ ਰਾਜ ਮੰਤਰੀ ਵਿਜੇ ਸਾਂਪਲਾ ਅਤੇ ਸੰਜੀਵ ਤਲਵਾੜ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਦਿ ਵਰਕਿੰਗ ਰਿਪੋਰਟਜ਼ ਐਸੋਸੀਏਸ਼ਨ ਦੇ ਸਮੂਹ ਆਗੂਆਂ ਤੇ ਪੱਤਰਕਾਰਾਂ ਵੱਲੋਂ ਲਗਾਏ ਫਰੀ ਮੈਗਾ ਮੈਡੀਕਲ ਕੈਂਪ ਦੀ ਪ੍ਰਸ਼ੰਸਾ ਕੀਤੀ ਉੱਥੇ ਨਾਲ ਹੀ ਫੋਰਟਿਸ ਤੋਂ ਆਏ ਡਾਕਟਰਾਂ ਦਾ ਵੀ ਧੰਨਵਾਦ ਕੀਤਾ ਅਤੇ ਮਰੀਜ਼ਾਂ ਦੇ ਵੀ ਜਲਦੀ ਤੰਦਰੁਸਤ ਹੋਣ ਦੀ ਕਾਮਨਾ ਕੀਤੀ। ਇਸ ਮੌਕੇ ਵਿਜੇ ਕੁਮਾਰ ਸਾਂਪਲਾ ਅਤੇ ਸੰਜੀਵ ਤਲਵਾੜ ਜੀ ਨੂੰ ਜਥੇਬੰਦੀ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਰਾਜਕੁਮਾਰ ਐਮਪੀ ਹਲਕਾ ਹੁਸ਼ਿਆਰਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਫਰੀ ਮੈਡੀਕਲ ਕੈਂਪ ਵਿੱਚ ਦਿਲ, ਦਿਮਾਗ, ਰੀਡ ਦੀ ਹੱਡੀ, ਦੇ ਰੋਗਾਂ ਦਾ ਮੁਫਤ ਚੈਕ ਅਪ ਕੀਤਾ ਜਾ ਰਿਹਾ ਹੈ।ਇਸ ਮੌਕੇ ਡਾਕਟਰ ਰਾਜਕੁਮਾਰ ਚੱਬੇਵਾਲ ਨੂੰ ਵੀ ਜਥੇਬੰਦੀ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਿਲ ਦੇ ਰੋਗਾਂ ਦੇ ਮਾਹਿਰ ਡਾਕਟਰ ਸੁਧਾਸ਼ ਬੁੱਧਾ ਕੋਟੀ ਅਤੇ ਉਨਾਂ ਦੀ ਟੀਮ, ਦਿਮਾਗ ਦੇ ਰੋਗਾਂ ਦੇ ਮਾਹਿਰ ਡਾਕਟਰ ਐਚ ਐਸ ਬਰਾੜ ਅਤੇ ਉਹਨਾਂ ਦੀ ਟੀਮ, ਪੈਰਾਂ ਅਤੇ ਗਿੱਟੇ ਦੇ ਰੋਗਾਂ ਦੇ ਮਾਹਿਰ ਡਾਕਟਰ ਚੰਦਨ ਨਾਰੰਗ ਅਤੇ ਫਿਜੀਓ ਥਰੈਪਿਸਟ ਡਾ: ਦੀਕਸ਼ਾ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਕਰੀਬ 190 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਅਤੇ ਲੋੜਵੰਦ ਮਰੀਜ਼ਾਂ ਨੂੰ ਫਰੀ ਦਵਾਈਆਂ ਮੁਹਈਆ ਕਰਵਾਈਆਂ ਗਈਆਂ। ਮੈਡੀਕਲ ਕੈਂਪ ਦੇ ਸਮੁੱਚੇ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਦਿ ਵਰਕਿੰਗ ਰਿਪੋਰਟ ਐਸੋਸੀਏਸ਼ਨ ਰਜਿ: ਪੰਜਾਬ, ਇੰਡੀਆ ਦੇ ਜਲੰਧਰ ਯੂਨਿਟ, ਮੁਕੇਰੀਆਂ ਯੂਨਿਟ, ਮੇਹਟੀਆਣਾ ਯੂਨਿਟ, ਆਦਮਪੁਰ ਯੂਨਿਟ ਅਤੇ ਹੁਸ਼ਿਆਰਪੁਰ ਯੂਨਿਟ ਦੇ ਪੱਤਰਕਾਰ ਸਾਥੀ ਮੌਜੂਦ ਸਨ।ਅੰਤ ਵਿੱਚ ਪੰਜਾਬ ਪ੍ਰਧਾਨ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਨੇ ਕੈਂਪ ਦੀ ਸਫਲਤਾ ਲਈ ਸਮੂਹ ਪੱਤਰਕਾਰ ਭਾਈਚਾਰੇ, ਕੈਂਪ ਵਿੱਚ ਸ਼ਮੂਲੀਅਤ ਕਰਨ ਵਾਲੇ ਸਮੂਹ ਮਰੀਜ਼ਾਂ, ਫੋਰਟਿਸ ਤੋਂ ਆਏ ਸਮੂਹ ਡਾਕਟਰ ਤੇ ਉਹਨਾਂ ਦੀਆਂ ਟੀਮਾਂ ਦੇ ਮੈਂਬਰ ਸਾਹਿਬਾਨਾਂ ਦਾ ਧੰਨਵਾਦ ਕੀਤਾ। ਬਲਵੀਰ ਸਿੰਘ ਸੈਣੀ ਨੇ ਕਿਹਾ ਮਨੁੱਖਤਾ ਦੀ ਭਲਾਈ ਲਈ ਅਜਿਹੇ ਕੈਂਪ ਅੱਗੇ ਵਾਸਤੇ ਵੀ ਲਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾਇਆ ਕਰੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਭੁੰਗਰਨੀ, ਜਿਲਾ ਜਨਰਲ ਸਕੱਤਰ ਓ.ਪੀ. ਰਾਣਾ, ਜਸਵੀਰ ਸਿੰਘ ਮੁਖਲਿਆਣਾ ਪ੍ਰਧਾਨ ਮੇਹਟੀਆਣਾ ਯੂਨਿਟ, ਕਰਮਵੀਰ ਆਦਮਪੁਰ, ਚੰਦਰਪਾਲ ਹੈਪੀ ਮਾਨਾ, ਅਸ਼ਵਨੀ ਸ਼ਰਮਾ, ਅਮਰਜੀਤ ਸਿੰਘ, ਮਨਜੀਤ ਸਿੰਘ, ਇੰਦਰਜੀਤ, ਸੁਖਵਿੰਦਰ ਮਹਿਰਾ, ਦਲਬੀਰ ਸਿੰਘ ਚਰਖਾ, ਰਮਨ ਤੰਗਰਾਲੀਆਂ, ਸੰਜੀਵ ਅੱਟੋਵਾਲ, ਹਰਪਾਲ ਲਾਡਾ, ਸਾਬਾ ਤੇ ਮਨਜੀਤ ਕੁਮਾਰ, ਬਲਜਿੰਦਰ ਸਿੰਘ ਆਦਿ ਤੋਂ ਇਲਾਵਾ ਦਾ ਵਰਕਿੰਗ ਰਿਪੋਰਟਰ ਐਸੋਸੀਏਸ਼ਨ (ਰਜਿ:) ਪੰਜਾਬ ਦੀ ਪੂਰੀ ਟੀਮ ਹਾਜ਼ਰ ਹੋਈ।